ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!

ਚੜ੍ਹਦੀਕਲਾ

ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ

ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ

ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ

ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ

ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ



ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

( Tuesday, 22 July, 2025) ਪਟਿਆਲਾ ਮੰਗਲਵਾਰ, 22 ਜੁਲਾਈ, 2025, 7 ਸਾਵਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082


ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 201 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com


## ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ ਸਰਕਾਰ ਪੇਸ਼ ਕਰੇਗੀ 15 ਬਿੱਲ

ਨਵੀਂ ਦਿੱਲੀ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਸੰਸਦ ਦੇ ਮਾਨਸੂਨ ਸੈਸ਼ਨ ਵਿੱਚ ਮੋਦੀ ਸਰਕਾਰ 16 ਬਿੱਲ ਪਾਸ ਕਰਨ ਦੀ ਯੋਜਨਾ ਬਣਾ ਰਹੀ ਹੈ, ਜਿਨ੍ਹਾਂ ਵਿੱਚ ਮਰਚੈਂਟ ਸ਼ਿਪਿੰਗ ਬਿੱਲ, ਇੰਡੀਅਨ ਪੋਰਟਸ ਬਿੱਲ 2025, ਕੋਸਟਲ ਸ਼ਿਪਿੰਗ ਬਿੱਲ, ਨੈਸ਼ਨਲ ਸਪੋਰਟਸ ਗਵਰਨੈਂਸ ਬਿੱਲ, ਨੈਸ਼ਨਲ ਐਂਟੀ-ਡੋਪਿੰਗ ਸੋਧ ਬਿੱਲ, ਮਨੀਪੁਰ ਜੀ.ਐਸ.ਟੀ. ਬਿੱਲ, ਆਈ.ਆਈ.ਐਮ. ਸੋਧ ਬਿੱਲ ਅਤੇ ਟੈਕਸੇਸ਼ਨ ਸੋਧ ਬਿੱਲ ਸ਼ਾਮਲ ਹਨ। ਮਰਚੈਂਟ ਸ਼ਿਪਿੰਗ ਬਿੱਲ ਦੇਸ਼ ਦੇ ਸਮੁੰਦਰੀ ਵਪਾਰ ਅਤੇ (ਬਾਕੀ ਸਫਾ 2 'ਤੇ)

### ਮਾਨ ਵੱਲੋਂ ਲੈਂਡ ਪੂਲਿੰਗ ਸਕੀਮ 'ਤੇ ਵਿਰੋਧੀ ਧਿਰ ਨੂੰ ਰਗੜੇ

# ਸਰਕਾਰ ਦੀ ਸਕੀਮ ਅਗਾਂਹਵਧੂ ਅਤੇ ਕਿਸਾਨ ਪੱਖੀ: ਭਗਵੰਤ ਮਾਨ



ਰਾਜੇਸ਼ਵਰ ਪਿੰਟੂ, ਅਮਨ ਗਰਗ/ ਹਰਕੰਵਲ ਸਿੰਘ ਹੈਪੀ

================

ਧੂਰੀ/ਸੰਗਰੂਰ, 21 ਜੁਲਾਈ : ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਨੂੰ ਕਿਸਾਨ ਪੱਖੀ ਤੇ ਵਿਕਾਸ ਮੁਖੀ ਐਲਾਨਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਅਹਿਮ ਸਕੀਮ ਬਾਰੇ ਵਿਰੋਧੀ ਧਿਰ ਦੇ ਗੁੰਮਰਾਹਕੁਨ ਪ੍ਰਚਾਰ ਤੋਂ ਸੁਚੇਤ ਰਹਿਣ।

ਧੂਰੀ ਵਿਧਾਨ ਸਭਾ ਹਲਕੇ ਦੇ 70 ਪਿੰਡਾਂ ਨੂੰ ਵਿਕਾਸ ਕਾਰਜਾਂ ਲਈ 31.30 ਕਰੋੜ ਰੁਪਏ ਦੀਆਂ ਗਰਾਂਟਾਂ ਵੰਡਣ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਵਿਰੋਧੀ ਧਿਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਹ ਸਿਰਫ਼ ਆਪਣੇ ਸਿਆਸੀ ਹਿੱਤਾਂ ਲਈ ਇਸ ਸਕੀਮ ਬਾਰੇ ਤੱਥਾਂ ਨੂੰ ਤੋੜ-ਮਰੋੜ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਸੂਬੇ ਵਿੱਚ ਇਸ ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਤਹਿਤ ਜ਼ਮੀਨ ਜਬਰੀ ਐਕੁਆਇਰ ਨਹੀਂ ਹੋਵੇਗੀ ਅਤੇ ਇਸ ਦਾ ਸੂਬੇ ਦੇ ਕਿਸਾਨਾਂ ਨੂੰ ਵੱਡਾ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਈ ਮਸਲਿਆਂ ਉੱਤੇ ਪੰਜਾਬੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੇ ਅਜਿਹੇ ਆਗੂਆਂ ਦੇ ਸ਼ੱਕੀ ਕਿਰਦਾਰ ਬਾਰੇ ਪੰਜਾਬ ਦੇ ਲੋਕ ਚੰਗੀ ਤਰ੍ਹਾਂ ਜਾਣੂੰ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਲੈਂਡ ਪੂਲਿੰਗ ਸਕੀਮ ਦਾ ਮੰਤਵ ਕਿਸਾਨਾਂ ਲਈ ਆਮਦਨ ਦੇ ਸਥਾਈ ਸਰੋਤ ਪੈਦਾ ਕਰ ਕੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਤੇ ਖ਼ੁਸ਼ਹਾਲੀ ਵਿੱਚ ਸਰਗਰਮ ਭਾਈਵਾਲ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਜ਼ਮੀਨ ਜਬਰੀ ਐਕੁਆਇਰ ਨਹੀਂ ਕੀਤੀ ਜਾਵੇਗੀ ਅਤੇ ਜਿਹੜੇ ਕਿਸਾਨ ਸਹਿਮਤ ਹੋਣਗੇ, ਉਨ੍ਹਾਂ ਦੀ ਜ਼ਮੀਨ ਹੀ ਇਸ ਨੀਤੀ ਤਹਿਤ ਲਈ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੀਤੀ ਤਹਿਤ ਕਿਸਾਨਾਂ ਨੂੰ ਰਿਹਾਇਸ਼ੀ ਤੇ ਕਮਰਸ਼ੀਅਲ ਪਲਾਟ ਮਿਲਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਲੈਂਡ ਪੂਲਿੰਗ ਸਕੀਮ (ਬਾਕੀ ਸਫਾ 2 'ਤੇ)

### ਮਾਨਸੂਨ ਇਜਲਾਸ ਦਾ ਪਹਿਲਾ ਦਿਨ

# ਸੰਸਦ 'ਚ ਪਹਿਲਗਾਮ ਤੇ ਅਪ੍ਰੇਸ਼ਨ ਸਿੰਦੂਰ 'ਤੇ ਹੰਗਾਮਾ, ਕਾਰਵਾਈ ਮੁਲਤਵੀ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਜੁਲਾਈ :ਸੰਸਦ ਦੇ ਮਾਨਸੂਨ ਸੈਸ਼ਨ ਦੀ ਕਾਰਵਾਈ ਅੱਜ ਸ਼ੁਰੂ ਹੋ ਗਈ, ਜੋ ਅਗਲੇ ਮਹੀਨੇ ਤੱਕ ਜਾਰੀ ਰਹੇਗੀ। ਸੰਸਦ ਦੇ ਦੋਵਾਂ ਸਦਨਾਂ ਵਿੱਚ ਅੱਜ ਦੀ ਕਾਰਵਾਈ ਹੰਗਾਮੇ ਨਾਲ ਸ਼ੁਰੂ ਹੋਈ ਅਤੇ ਹੰਗਾਮੇ ਨਾਲ ਹੀ ਖ਼ਤਮ ਹੋਈ। ਸੈਸ਼ਨ ਦੌਰਾਨ ਵਿਰੋਧੀ ਪਾਰਟੀਆਂ ਨੇ ਪਹਿਲਗਾਮ ਅੱਤਵਾਦੀ ਹਮਲੇ, ਆਪ੍ਰੇਸ਼ਨ ਸਿੰਦੂਰ ਅਤੇ ਬਿਹਾਰ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਤੀਬਰ ਸੋਧ ਦੇ ਮੁੱਦਿਆਂ 'ਤੇ ਚਰਚਾ ਕਰਨ ਦੀ ਮੰਗ ਕਰਦੇ ਹੋਏ ਦੋਵਾਂ ਸਦਨਾਂ ਵਿੱਚ ਹੰਗਾਮਾ ਕੀਤਾ, ਜਿਸ ਕਾਰਨ ਕਾਰਵਾਈ ਵਾਰ-ਵਾਰ ਮੁਲਤਵੀ ਕਰਨੀ ਪਈ। ਇਸ ਦੇ ਤਹਿਤ ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਭਲਕੇ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਹੁਣ ਇਹ ਕਾਰਵਾਈ 22 ਜੁਲਾਈ ਸਵੇਰੇ 11 ਵਜੇ ਸ਼ੁਰੂ ਹੋਵੇਗੀ।

ਦੂਜੇ ਪਾਸੇ ਰਾਜ ਸਭਾ ਦੀ ਕਾਰਵਾਈ ਵੀ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਕਾਰਵਾਈ ਮੁਲਤਵੀ ਹੋਣ ਤੋਂ ਪਹਿਲਾਂ ਰਾਜ ਸਭਾ ਵੱਲੋਂ ਲੈਂਡਿੰਗ ਬਿੱਲ 2025 ਪਾਸ ਕਰ ਦਿੱਤਾ ਗਿਆ ਹੈ। ਇਸ ਦੌਰਾਨ ਚੇਅਰਮੈਨ



ਜਗਦੀਪ ਧਨਖੜ ਨੇ ਇਲਾਹਾਬਾਦ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਨੂੰ ਹਟਾਉਣ ਦੇ ਪ੍ਰਸਤਾਵ ਸਬੰਧੀ ਨੋਟਿਸ ਪ੍ਰਾਪਤ ਹੋਣ ਬਾਰੇ ਜਾਣਕਾਰੀ ਦਿੱਤੀ। ਸਪੀਕਰ ਓਮ ਬਿਰਲਾ ਦੇ ਵਾਰ-ਵਾਰ ਬੇਨਤੀ ਕਰਨ ਦੇ ਬਾਵਜੂਦ ਵਿਰੋਧੀ ਪਾਰਟੀਆਂ ਦੇ ਮੈਂਬਰ ਸਦਨ ਦੇ ਵਿਚਕਾਰ ਆ ਗਏ ਅਤੇ ਹੰਗਾਮਾ ਜਾਰੀ ਰੱਖਿਆ। ਜਦੋਂ ਸਦਨ ਦੀ ਕਾਰਵਾਈ ਦੁਪਹਿਰ 12 ਵਜੇ ਸ਼ੁਰੂ ਹੋਈ, ਤਾਂ ਪ੍ਰੀਜ਼ਾਈਡਿੰਗ ਅਫ਼ਸਰ ਜਗਦੰਬਿਕਾ ਪਾਲ ਨੇ ਵਿਰੋਧੀ ਧਿਰਾਂ ਨੂੰ ਕਾਰਵਾਈ ਜਾਰੀ ਰੱਖਣ ਦੀ ਅਪੀਲ ਕੀਤੀ ਪਰ ਉਹ ਹੰਗਾਮਾ ਕਰਦੇ ਰਹੇ।

ਇਸ ਤੋਂ ਪਹਿਲਾਂ ਸੈਸ਼ਨ ਦੇ ਪਹਿਲੇ ਦਿਨ ਦੀ ਕਾਰਵਾਈ ਰਵਾਇਤੀ ਤੌਰ 'ਤੇ ਰਾਸ਼ਟਰੀ ਗੀਤ ਦੀ ਧੁਨ ਨਾਲ ਸ਼ੁਰੂ ਹੋਈ। ਫਿਰ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਦਨ ਨੂੰ ਸੱਤ ਸਾਬਕਾ ਮੈਂਬਰਾਂ ਕਿਸ਼ਨ ਕਪੂਰ, ਭਗਤ ਰਾਮ, ਕੁਮਾਰੀ ਅਨੰਤਨ, ਗਿਰਿਜਾ ਵਿਆਸ, ਮਿਨਾਤੀ ਸੇਨ, ਸੁਖਦੇਵ ਸਿੰਘ ਢੀਂਡਸਾ ਅਤੇ ਛੋਟੇ ਸਿੰਘ ਯਾਦਵ ਦੇ ਦੇਹਾਂਤ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ, ਉਨ੍ਹਾਂ ਨੇ ਪਹਿਲਗਾਮ ਦਹਿਸ਼ਤੀ ਹਮਲੇ ਅਤੇ ਅਹਿਮਦਾਬਾਦ ਜਹਾਜ਼ ਹਾਦਸੇ ਦਾ ਜ਼ਿਕਰ ਕਰਕੇ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਲੋਕ ਸਭਾ ਸਪੀਕਰ ਨੇ ਹਾਲ ਹੀ ਵਿੱਚ ਦੇਸ਼ ਦੇ ਕਈ ਹਿੱਸਿਆਂ ਵਿੱਚ ਕੁਦਰਤੀ (ਬਾਕੀ ਸਫਾ 2 'ਤੇ)

## ਮੋਦੀ ਵੱਲੋਂ ਸਾਰੇ ਦਲਾਂ ਨੂੰ ਸੈਸ਼ਨ 'ਚ ਵੱਖ-ਵੱਖ ਮੁੱਦਿਆਂ 'ਤੇ ਸਾਰਥਕ ਚਰਚਾ ਦਾ ਸੱਦਾ




ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਜੁਲਾਈ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਸੰਸਦ ਦੇ ਮਾਨਸੂਨ ਸੈਸ਼ਨ ਵਿੱਚ ਵੱਖ-ਵੱਖ ਮੁੱਦਿਆਂ 'ਤੇ ਸਾਰਥਕ ਚਰਚਾ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਸਾਰੀਆਂ ਪਾਰਟੀਆਂ ਦੇ ਵੱਖੋ-ਵੱਖਰੇ ਏਜੰਡੇ ਹੁੰਦੇ ਹਨ ਅਤੇ ਭਾਵੇਂ ਉਨ੍ਹਾਂ ਦੀਆਂ ਵੋਟਾਂ ਪਾਰਟੀ ਹਿੱਤ ਵਿੱਚ ਮੇਲ ਨਹੀਂ ਖਾਂਦੀਆਂ, ਪਰ ਦੇਸ਼ ਦੇ ਹਿੱਤ ਵਿੱਚ ਉਨ੍ਹਾਂ ਦੇ ਮਨ ਜ਼ਰੂਰ ਮੇਲ ਖਾਂਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ ਅੱਜ ਸੰਸਦੀ ਅਹਾਤੇ ਵਿਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੂਰੀ ਦੁਨੀਆਂ ਭਾਰਤ ਦੀ ਫੌਜੀ ਸ਼ਕਤੀ ਨੂੰ (ਬਾਕੀ ਸਫਾ 2 'ਤੇ)

## ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦਾ ਐਲਾਨ



ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 21 ਜੁਲਾਈ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬਾ ਸਰਕਾਰ ਵੱਲੋਂ ਨੌਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦਿੱਤਾ।

ਅੱਜ ਇੱਥੇ ਆਪਣੀ ਸਰਕਾਰੀ ਰਿਹਾਇਸ਼ 'ਤੇ ਸ਼ਹੀਦੀ ਦਿਹਾੜੇ ਮੌਕੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਇਤਿਹਾਸਕ ਮੌਕੇ ਸੂਬਾ ਸਰਕਾਰ ਵਿਆਪਕ ਪੱਧਰ 'ਤੇ ਯਾਦਗਾਰੀ ਸਮਾਗਮ ਕਰਵਾਏਗੀ। ਉਨ੍ਹਾਂ ਕਿਹਾ ਕਿ ਸੂਬਾ ਭਰ ਵਿੱਚ 19 ਨਵੰਬਰ ਤੋਂ 25 ਨਵੰਬਰ, 2025 ਤੱਕ ਬਹੁਤ ਹੀ ਸ਼ਰਧਾ ਅਤੇ (ਬਾਕੀ ਸਫਾ 2 'ਤੇ)

### ਗਨੀਵ ਕੌਰ ਮਜੀਠੀਆ ਵੱਲੋਂ ਸੰਧਵਾਂ ਤੋਂ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਦੀ ਮੰਗ

ਚੰਡੀਗੜ੍ਹ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਅਤੇ ਬਿਕਰਮ ਸਿੰਘ ਮਜੀਠੀਆ ਦੀ ਪਤਨੀ ਗਨੀਵ ਕੌਰ ਨੇ ਚੰਡੀਗੜ੍ਹ (ਯੂ.ਟੀ.) ਦੇ ਐੱਸ.ਐੱਸ.ਪੀ. ਨੂੰ ਲਿੱਖਣ ਤੋਂ ਬਾਅਦ ਹੁਣ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਚਿੱਠੀ ਲਿਖੀ ਹੈ। ਚਿੱਠੀ ਲਿਖ ਕੇ ਪੁਲਿਸ ਮੁਲਾਜ਼ਮਾਂ ਖਿਲਾਫ਼ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਨੇ 25 ਜੂਨ ਨੂੰ ਗੈਰ ਕਾਨੂੰਨੀ ਤਰੀਕੇ ਨਾਲ ਘਰ 'ਚ ਦਾਖਲ ਹੋਣ ਦੇ ਇਲਜ਼ਾਮ ਲਾਏ ਹਨ। ਗਨੀਵ ਕੌਰ ਨੇ ਲਿਖਿਆ ਕਿ 25 ਜੂਨ, 2025 ਨੂੰ ਸਿਵਲ ਕੱਪੜਿਆਂ 'ਚ 20 ਦੇ ਕਰੀਬ ਮੁਲਾਜ਼ਮ ਮੇਰੇ ਘਰ ਵਿੱਚ ਦਾਖਲ ਹੋਏ ਜਿਨਾਂ ਨੇ ਮੌਕੇ 'ਤੇ ਮੌਜੂਦ ਮੇਰੇ ਬਜ਼ੁਰਗ ਅਤੇ ਬਿਮਾਰ ਮਾਤਾ ਜੀ ਨੂੰ ਅਤੇ ਪਰਿਵਾਰ ਦੇ ਸਹਾਇਕ ਮੁਲਾਜ਼ਮਾਂ ਨੂੰ ਤੰਗ ਪਰੇਸ਼ਾਨ ਕੀਤਾ। (ਬਾਕੀ ਸਫਾ 2 'ਤੇ)

## ਸਿਆਸੀ ਦਲ ਸਦਨ 'ਚ ਸੁਚਾਰੂ ਕੰਮਕਾਜ ਅਤੇ ਸਿਹਤਮੰਦ ਗੱਲਬਾਤ 'ਚ ਸਹਿਯੋਗ ਕਰਨ: ਬਿਰਲਾ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਜੁਲਾਈ :ਲੋਕ ਸਭਾ ਦੇ ਸਪੀਕਰ ਓਮ ਬਿਰਲਾ ਨੇ ਸੋਮਵਾਰ ਨੂੰ ਸਾਰੀਆਂ ਸਿਆਸੀ ਪਾਰਟੀਆਂ ਨੂੰ ਸੰਸਦ ਦੇ ਮੌਨਸੂਨ ਇਜਲਾਸ ਦੀ ਸ਼ੁਰੂਆਤ ਤੋਂ ਪਹਿਲਾਂ ਸਦਨ ਦੇ ਸੁਚਾਰੂ ਕੰਮਕਾਜ, ਰਚਨਾਤਮਕ ਚਰਚਾ ਅਤੇ ਸਿਹਤਮੰਦ ਲੋਕਤੰਤਰੀ ਗੱਲਬਾਤ ਵਿੱਚ ਸਹਿਯੋਗ ਕਰਨ ਦਾ ਸੱਦਾ ਦਿੱਤਾ ਹੈ। ਬਿਰਲਾ ਨੇ 'ਐਕਸ' 'ਤੇ ਪੋਸਟ ਕੀਤਾ, "18ਵੀਂ ਲੋਕ ਸਭਾ ਦਾ ਪੰਜਵਾਂ ਸੈਸ਼ਨ (ਮੌਨਸੂਨ ਸੈਸ਼ਨ) ਅੱਜ ਤੋਂ ਸ਼ੁਰੂ ਹੋ ਰਿਹਾ ਹੈ। ਲੋਕਤੰਤਰ ਦੇ ਇਸ ਪਵਿੱਤਰ ਮੰਦਰ ਵਿੱਚ, ਲੋਕਾਂ ਦੀਆਂ ਇੱਛਾਵਾਂ ਦੇ ਪ੍ਰਗਟਾਵੇ ਅਤੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਲਈ ਸਾਡੇ ਸਾਰੇ ਪ੍ਰਤੀਨਿਧੀਆਂ ਦੀ ਸਮੂਹਿਕ ਭੂਮਿਕਾ ਬਹੁਤ ਮਹੱਤਵਪੂਰਨ ਹੈ।" ਉਨ੍ਹਾਂ ਕਿਹਾ,



"ਮੌਨਸੂਨ ਸੈਸ਼ਨ ਤੋਂ ਪਹਿਲਾਂ, ਮੈਂ ਸਾਰੀਆਂ ਪਾਰਟੀਆਂ ਦੇ ਆਗੂਆਂ ਅਤੇ ਮਾਣਯੋਗ ਮੈਂਬਰਾਂ ਨੂੰ ਸਦਨ ਦੇ ਸੁਚਾਰੂ ਕੰਮਕਾਜ, ਰਚਨਾਤਮਕ ਵਿਚਾਰ-ਵਟਾਂਦਰੇ ਅਤੇ ਸਿਹਤਮੰਦ ਲੋਕਤੰਤਰੀ ਸੰਵਾਦ ਵਿੱਚ ਸਹਿਯੋਗ ਕਰਨ ਦੀ ਅਪੀਲ ਕਰਦਾ ਹਾਂ, ਤਾਂ ਜੋ ਅਸੀਂ ਸਮਾਵੇਸ਼ੀ ਵਿਕਾਸ, ਸਮਾਜਿਕ ਨਿਆਂ ਅਤੇ ਆਰਥਿਕ ਤਰੱਕੀ ਲਈ ਠੋਸ ਕਦਮ ਚੁੱਕ ਸਕੀਏ।' ਉਨ੍ਹਾਂ ਉਮੀਦ ਪ੍ਰਗਟਾਈ ਕਿ ਲੋਕਤੰਤਰ ਦੀ ਸ਼ਾਨ, ਸੰਸਦ ਦੀ ਸ਼ਾਨ ਅਤੇ ਜਨਤਕ ਹਿੱਤਾਂ ਦੀ ਤਰਜੀਹ ਵਰਗੀਆਂ ਕਦਰਾਂ-ਕੀਮਤਾਂ ਨੂੰ ਸਮਰਪਿਤ ਇਹ ਮੌਨਸੂਨ ਸੈਸ਼ਨ ਸਾਰਥਕ ਅਤੇ ਸਫਲ ਹੋਵੇਗਾ ਅਤੇ ਇਕੱਠੇ ਮਿਲ ਕੇ ਅਸੀਂ ਲੋਕਤੰਤਰੀ ਚੇਤਨਾ, ਵਿਭਿੰਨਤਾ ਵਿੱਚ ਏਕਤਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਾਰਥਕ ਯੋਗਦਾਨ ਪਾਵਾਂਗੇ।

# ਸੰਸਦ 'ਚ ਵਿਰੋਧੀ ਧਿਰ ਨੂੰ ਬੋਲਣ ਤੋਂ ਰੋਕਿਆ ਗਿਆ: ਰਾਹੁਲ ਗਾਂਧੀ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਜੁਲਾਈ : ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦੋਸ਼ ਲਗਾਇਆ ਕਿ ਉਨ੍ਹਾਂ ਸਮੇਤ ਵਿਰੋਧੀ ਪਾਰਟੀਆਂ ਨੂੰ ਸਦਨ ਵਿੱਚ ਬੋਲਣ ਨਹੀਂ ਦਿੱਤਾ ਗਿਆ। ਲੋਕ ਸਭਾ ਦੁਪਹਿਰ 2 ਵਜੇ ਤੱਕ ਮੁਲਤਵੀ ਕੀਤੇ ਜਾਣ ਤੋਂ ਬਾਅਦ ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਗਾਂਧੀ ਨੇ ਕਿਹਾ, 'ਉਨ੍ਹਾਂ (ਸੱਤਾਧਿਰ) ਦੇ ਲੋਕਾਂ ਨੂੰ ਬੋਲਣ ਦੀ ਇਜਾਜ਼ਤ ਹੈ। ਪਰ ਵਿਰੋਧੀ ਧਿਰ ਦੇ ਮੈਂਬਰਾਂ, ਜਿਨ੍ਹਾਂ ਵਿੱਚ ਮੈਂ ਵੀ ਸ਼ਾਮਲ ਹਾਂ, ਜੋ ਕਿ ਐਲਓਪੀ ਹੈ, ਨੂੰ ਬੋਲਣ ਦੀ ਇਜਾਜ਼ਤ ਨਹੀਂ ਹੈ।' ਉਨ੍ਹਾਂ ਇਸ ਨੂੰ ਸਰਕਾਰ ਦੀ 'ਨਵੀ ਪਹੁੰਚ' ਕਰਾਰ ਦਿੱਤਾ।

### ਏਅਰ ਇੰਡੀਆ ਜਹਾਜ਼ ਹਾਦਸੇ ਦੀ ਜਾਂਚ 'ਚ ਏ.ਏ.ਆਈ.ਬੀ. ਪੂਰੀ ਤਰ੍ਹਾਂ ਨਿਰਪੱਖ: ਨਾਇਡੂ

ਨਵੀਂ ਦਿੱਲੀ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ, ਕਿੰਜਾਰਾਪੂ ਰਾਮ ਮੋਹਨ ਨਾਇਡੂ ਨੇ ਸੋਮਵਾਰ ਨੂੰ ਸੰਸਦ ਵਿੱਚ ਮਾਨਸੂਨ ਸੈਸ਼ਨ ਦੌਰਾਨ ਰਾਜ ਸਭਾ ਨੂੰ ਦੱਸਿਆ ਕਿ ਸਰਕਾਰ ਅਹਿਮਦਾਬਾਦ ਦੇ ਸਭ ਤੋਂ ਘਾਤਕ ਏਅਰ ਇੰਡੀਆ ਜਹਾਜ਼ ਹਾਦਸੇ ਨਾਲ ਸਬੰਧਤ ਅੰਤਿਮ ਰਿਪੋਰਟ ਦੀ ਉਡੀਕ ਕਰ ਰਹੀ ਹੈ, ਜਿਸ ਵਿੱਚ 260 ਤੋਂ ਵੱਧ ਲੋਕਾਂ ਦੀ ਜਾਨ ਚਲੀ (ਬਾਕੀ ਸਫਾ 2 'ਤੇ)

### ਸਕੂਲ ਬੱਸ ਹੇਠਾਂ ਆਉਣ ਕਾਰਨ 4 ਸਾਲਾ ਬੱਚੀ ਦੀ ਮੌਤ

ਆਦਮਪੁਰ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਜਲੰਧਰ



ਦਿਹਾਤੀ ਦੇ ਆਦਮਪੁਰ ਵਿਚ ਸਕੂਲ ਬੱਸ ਤੋਂ ਹੇਠਾਂ ਉਤਰਨ ਲੱਗਿਆਂ 4 ਸਾਲਾ ਬੱਚੀ ਦੀ ਮੌਤ ਹੋ ਗਈ। ਇਹ ਬੱਸ ਐਸ.ਡੀ. ਪਬਲਿਕ ਸਕੂਲ ਦੀ ਦੱਸੀ ਜਾ ਰਹੀ ਹੈ। ਮ੍ਰਿਤਕਾ ਦੀ ਪਛਾਣ ਕੀਰਤ ਧੀ ਇੰਦਰਜੀਤ ਸਿੰਘ ਵਾਸੀ ਉਦੇਸੀਆਂ ਵਜੋਂ ਹੋਈ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਜਦੋਂ ਬੱਚੀ ਸਕੂਲ ਬੱਸ ਤੋਂ ਹੇਠਾਂ ਉਤਰਨ ਲੱਗੀ ਤਾਂ ਵੱਡਾ ਹਾਦਸਾ ਵਾਪਰ ਗਿਆ। ਦੱਸਿਆ ਜਾ ਰਿਹਾ ਹੈ ਕਿ ਬੱਸ ਡਰਾਈਵਰ ਦੀ ਗਲਤੀ ਕਾਰਨ ਬੱਚੀ ਬੱਸ ਦੇ ਹੇਠਾਂ ਆ ਗਈ। ਇਸ ਘਟਨਾ ਵਿਚ ਜ਼ਖ਼ਮੀ ਬੱਚੀ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਬੱਚੀ ਨੂੰ ਮ੍ਰਿਤਕ ਐਲਾਨ ਦਿਤਾ ਹੈ।

## ਬੰਗਲਾਦੇਸ਼ ਜਹਾਜ਼ ਹਾਦਸੇ 'ਚ 16 ਵਿਦਿਆਰਥੀਆਂ ਤੇ ਦੋ ਅਧਿਆਪਕਾਂ ਸਮੇਤ 19 ਮਰੇ,100 ਤੋਂ ਵੱਧ ਜ਼ਖ਼ਮੀ

ਚੜ੍ਹਦੀਕਲਾ ਬਿਊਰੋ

================

ਢਾਕਾ, 21 ਜੁਲਾਈ :ਬੰਗਲਾਦੇਸ਼ ਦੀ ਰਾਜਧਾਨੀ ਢਾਕਾ ਵਿੱਚ ਸੋਮਵਾਰ ਨੂੰ ਇੱਕ ਵੱਡਾ ਜਹਾਜ਼ ਹਾਦਸਾ ਵਾਪਰਿਆ। ਬੰਗਲਾਦੇਸ਼ ਹਵਾਈ ਸੈਨਾ ਦਾ ਇੱਕ ਸਿਖਲਾਈ ਜੈੱਟ, ਐਫ-7 ਬੀ.ਜੀ.ਆਈ., ਰਾਜਧਾਨੀ ਢਾਕਾ ਦੇ ਉੱਤਰਾ ਖੇਤਰ ਵਿੱਚ ਮਾਈਲਸਟੋਨ ਸਕੂਲ ਅਤੇ ਕਾਲਜ ਦੇ ਕੈਂਪਸ ਵਿੱਚ ਹਾਦਸਾਗ੍ਰਸਤ ਹੋ ਗਿਆ।

ਇਸ ਜਹਾਜ਼ ਹਾਦਸੇ ਤੋਂ ਬਾਅਦ ਪੂਰੇ ਇਲਾਕੇ ਵਿੱਚ ਚੀਕ-ਚਿਹਾੜਾ ਮਚ ਗਿਆ। ਜਹਾਜ਼ ਹਾਦਸੇ ਵਿੱਚ ਹੁਣ ਤੱਕ 19 ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਸ ਦੇ ਨਾਲ ਹੀ ਬੱਚਿਆਂ ਸਮੇਤ 100 ਤੋਂ ਵੱਧ ਲੋਕਾਂ ਦੇ ਗੰਭੀਰ ਜ਼ਖ਼ਮੀ ਹੋਣ ਦੀ ਖ਼ਬਰ ਹੈ। ਮ੍ਰਿਤਕਾਂ ਵਿੱਚ ਕਈ



ਅਧਿਆਪਕ ਅਤੇ ਵਿਦਿਆਰਥੀ ਸ਼ਾਮਲ ਹਨ। ਇੱਕ ਨਿਊਜ਼ ਏਜੰਸੀ ਦੇ ਅਨੁਸਾਰ, ਨੈਸ਼ਨਲ ਇੰਸਟੀਚਿਊਟ ਆਫ਼ ਬਰਨ ਐਂਡ ਪਲਾਸਟਿਕ ਸਰਜਰੀ ਦੇ ਇੱਕ ਡਾਕਟਰ ਨੇ ਮੀਡੀਆ ਨਾਲ ਗੱਲ ਕਰਦੇ ਹੋਏ ਕਿਹਾ ਕਿ ਬੱਚਿਆਂ ਅਤੇ ਬਾਲਗਾਂ ਸਮੇਤ 50 ਤੋਂ ਵੱਧ ਲੋਕਾਂ ਨੂੰ ਹਸਪਤਾਲ ਵਿੱਚ ਦਾਖਲ (ਬਾਕੀ ਸਫਾ 2 'ਤੇ)

### ਅੰਬਾਲਾ 'ਚ ਡਿੱਗਿਆ ਫ਼ੌਜ ਦਾ ਡਰੋਨ

ਅੰਬਾਲਾ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਅੰਬਾਲਾ ਦੇ ਏਅਰ ਫੋਰਸ ਸਟੇਸ਼ਨ ਨਾਲ ਲਗਦੇ ਰਿਹਾਇਸ਼ੀ ਇਲਾਕੇ ਧੂਲਕੋਟ ਵਿੱਚ ਇੱਕ ਡਰੋਨ ਅਚਾਨਕ ਡਿੱਗ ਗਿਆ। ਡਰੋਨ ਡਿੱਗਣ ਕਾਰਨ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਦੱਸਿਆ ਜਾ ਰਿਹਾ ਹੈ ਕਿ ਇਹ ਡਰੋਨ ਆਰਮੀ ਦੀ ਯੂਨਿਟ 1812 ਦਾ ਸੀ। ਅਭਿਆਸ ਦੌਰਾਨ ਡਰੋਨ ਰੇਂਜ ਤੋਂ ਬਾਹਰ ਹੋ ਗਿਆ ਸੀ। ਫਿਲਹਾਲ ਭਾਰਤੀ ਫੌਜ ਦੀ ਟੀਮ ਨੇ ਡਰੋਨ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਐਸ.ਐਚ.ਓ. ਬਲਦੇਵ ਨਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਧੂਲਕੋਟ ਪਿੰਡ ਵਿੱਚ ਆਰਮੀ ਯੂਨਿਟ 1812 ਦਾ ਇੱਕ ਡਰੋਨ ਅਭਿਆਸ ਦੌਰਾਨ ਰੇਂਜ ਤੋਂ ਬਾਹਰ ਹੋ ਗਿਆ ਅਤੇ ਧੂਲਕੋਟ ਪਿੰਡ ਵਿੱਚ ਡਿੱਗ ਗਿਆ। ਪਿੰਡ ਵਾਸੀਆਂ ਨੇ ਇਸ ਬਾਰੇ ਪੁਲਿਸ ਕੰਟਰੋਲ ਰੂਮ ਨੂੰ ਸੂਚਿਤ ਕੀਤਾ। ਘਟਨਾ ਦੀ ਜਾਣਕਾਰੀ (ਬਾਕੀ ਸਫਾ 2 'ਤੇ)

## ਹਿਮਾਚਲ ਪ੍ਰਦੇਸ਼ 'ਚ ਭਾਰੀ ਮੀਂਹ ਕਾਰਨ ਹੁਣ ਤੱਕ 121 ਮੌਤਾਂ

### ਸੂਬੇ ਦੇ ਤਿੰਨ ਹਾਈਵੇਅ ਸਮੇਤ 468 ਸੜਕਾਂ ਬੰਦ



ਚੜ੍ਹਦੀਕਲਾ ਬਿਊਰੋ

================

ਸ਼ਿਮਲਾ, 21 ਜੁਲਾਈ : ਹਿਮਾਚਲ ਪ੍ਰਦੇਸ਼ ਵਿੱਚ ਰਾਤ ਤੋਂ ਹੋ ਰਹੀ ਭਾਰੀ ਬਾਰਿਸ਼ ਨੇ ਜਨਜੀਵਨ ਪ੍ਰਭਾਵਿਤ ਕਰ ਦਿੱਤਾ ਹੈ। ਸਾਵਧਾਨੀ ਦੇ ਤੌਰ 'ਤੇ, ਅੱਜ, ਸੋਮਵਾਰ ਨੂੰ ਕਈ ਸਬ-ਡਵੀਜ਼ਨਾਂ ਦੇ ਸਾਰੇ ਵਿਦਿਅਕ ਅਦਾਰਿਆਂ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਚੰਬਾ ਜ਼ਿਲ੍ਹੇ ਵਿੱਚ ਮੀਂਹ ਦੇ ਕਹਿਰ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ ਹੈ, ਜਦੋਂ ਕਿ ਕਈ ਥਾਵਾਂ 'ਤੇ ਜ਼ਮੀਨ ਖਿਸਕਣ ਕਾਰਨ ਸੜਕਾਂ ਬੰਦ ਹੋ ਗਈਆਂ ਹਨ। ਚੰਬਾ ਦੇ ਟੀਸਾ ਵਿੱਚ ਬੱਦਲ ਫਟਣ ਕਾਰਨ ਇੱਕ ਪੁਲ ਅਤੇ ਸੜਕਾਂ ਵਹਿ ਗਈਆਂ ਹਨ। ਮੌਸਮ ਵਿਭਾਗ ਨੇ ਅਗਲੇ 72 ਘੰਟਿਆਂ ਲਈ ਕਈ ਜ਼ਿਲ੍ਹਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਲਈ ਸੰਤਰੀ ਅਲਰਟ ਜਾਰੀ ਕੀਤਾ ਹੈ। ਸੂਬੇ ਦੇ ਮੰਡੀ, (ਬਾਕੀ ਸਫਾ 2 'ਤੇ)

**ਆਮਦਨ ਤੋਂ ਵੱਧ ਜਾਇਦਾਦ ਦਾ ਮਾਮਲਾ**

### ਥਾਰ ਵਾਲੀ ਬਰਖ਼ਾਸਤ ਕਾਂਸਟੇਬਲ ਅਮਨਦੀਪ ਕੌਰ ਦੀ ਜ਼ਮਾਨਤ ਪਟੀਸ਼ਨ ਰੱਦ

ਚੰਡੀਗੜ੍ਹ, 21 ਜੁਲਾਈ (ਚੜ੍ਹਦੀਕਲਾ ਬਿਊਰੋ) : ਬਠਿੰਡਾ ਵਿੱਚ ਥਾਰ ਵਿਚ ਚਿੱਟੇ ਨਾਲ ਫੜੀ ਗਈ ਲੇਡੀ ਕਾਂਸਟੇਬਲ ਅਮਨਦੀਪ ਕੌਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ।ਅਦਾਲਤ ਨੇ ਵਿਜੀਲੈਂਸ ਬਿਊਰੋ ਵੱਲੋਂ ਉਸ ਵਿਰੁੱਧ ਦਰਜ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਦਾਇਰ ਜ਼ਮਾਨਤ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਇਸ ਮਾਮਲੇ ਵਿੱਚ ਮਹਿਲਾ ਕਾਂਸਟੇਬਲ ਨੂੰ ਬਠਿੰਡਾ ਦੇ ਇੱਕ ਪਿੰਡ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲਿਸ ਨੇ ਪਹਿਲਾਂ ਹੀ ਉਸ ਦੀਆਂ ਲਗਭਗ 1.35 ਕਰੋੜ ਰੁਪਏ ਦੀਆਂ ਜਾਇਦਾਦਾਂ ਨੂੰ ਜ਼ਬਤ ਕਰ ਲਿਆ ਹੈ। ਇਸ ਦੇ ਨਾਲ ਹੀ ਹੁਣ ਉਸ ਨੂੰ ਜ਼ਮਾਨਤ (ਬਾਕੀ ਸਫਾ 2 'ਤੇ)

### ਨਾਂਦੇੜ ਦੀ ਸਿੱਖ ਸੰਗਤ ਵੱਲੋਂ ਐਲਾਨ

## ਸਿੱਖ ਕੁੜੀ ਗ਼ੈਰ-ਸਿੱਖ ਪਰਿਵਾਰ 'ਚ ਨਹੀਂ ਕਰਵਾਏਗੀ ਵਿਆਹ !

ਚੜ੍ਹਦੀਕਲਾ ਬਿਊਰੋ

================

ਨਾਂਦੇੜ,21 ਜੁਲਾਈ : ਨਾਂਦੇੜ ਦੀ ਸਿੱਖ ਸੰਗਤ ਵੱਲੋਂ ਵੱਡਾ ਐਲਾਨ ਕੀਤਾ ਗਿਆ ਹੈ ਕਿ ਕੋਈ ਵੀ ਸਿੱਖ ਪਰਿਵਾਰ ਦੀ ਕੁੜੀ ਗੈਰ-ਸਿੱਖ ਪਰਿਵਾਰ ਵਿਚ ਵਿਆਹ ਨਹੀਂ ਕਰਵਾਏਗੀ। ਇਸ ਨੂੰ ਲੈ ਕੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਨੂੰ ਹੁਕਮਨਾਮਾ ਜਾਰੀ ਕਰਨ ਦੀ ਅਪੀਲ ਕੀਤੀ ਗਈ ਹੈ। ਨਾਂਦੇੜ ਸਾਹਿਬ ਦੀ ਸਿੱਖ ਸੰਗਤ ਵੱਲੋਂ ਤਖਤ ਸ੍ਰੀ ਹਜ਼ੂਰ ਸਾਹਿਬ ਨੂੰ ਚਿੱਠੀ ਲਿਖੀ ਗਈ ਤੇ ਚਿੰਤਾ ਵੀ ਪ੍ਰਗਟਾਈ ਗਈ।

ਚਿੱਠੀ ਵਿਚ ਕਿਹਾ ਗਿਆ ਹੈ ਕਿ ਜਦੋਂ ਸਿੱਖ ਪਰਿਵਾਰਾਂ ਦੀਆਂ ਕੁੜੀਆਂ ਵੱਲੋਂ ਗੈਰ-ਸਿੱਖ ਪਰਿਵਾਰਾਂ ਵਿਚ ਵਿਆਹ ਕਰਵਾਇਆ ਜਾਂਦਾ ਹੈ ਤਾਂ ਇਸ ਨਾਲ ਕੌਮ ਦਾ ਨੁਕਸਾਨ ਹੁੰਦਾ ਹੈ। ਚਿੱਠੀ ਵਿਚ ਜਥੇਦਾਰ ਸਾਹਿਬ ਨੂੰ ਇਸ ਫੈਸਲੇ ਸਬੰਧੀ ਹੁਕਮਨਾਮਾ ਜਾਰੀ



ਕਰਨ ਦੀ ਅਪੀਲ ਕੀਤੀ ਗਈ ਹੈ ਹਾਲਾਂਕਿ ਇਸ ਤੋਂ ਪਹਿਲਾਂ ਸਿੱਖ ਪਰਿਵਾਰਾਂ ਵਿਚ ਇੱਕ ਜਾਂ ਦੋ ਬੱਚਿਆਂ ਨੂੰ ਲੈ ਕੇ ਵੀ ਚਿੰਤਾ ਪ੍ਰਗਟਾਈ ਗਈ ਸੀ ਕਿ ਅੱਜਕਲ੍ਹ ਜੋੜਿਆਂ ਵੱਲੋਂ ਇੱਕ-ਇੱਕ ਬੱਚਾ ਕੀਤਾ ਜਾਂਦਾ ਹੈ ਇਸ ਨਾਲ ਵੀ ਕੌਮ ਦਾ ਵੱਡਾ ਨੁਕਸਾਨ ਹੁੰਦਾ ਹੈ ਤੇ ਹੁਣ ਗੈਰ-ਸਿੱਖ ਪਰਿਵਾਰਾਂ ਵਿੱਚ ਵਿਆਹ ਦਾ ਮੁੱਦਾ ਉਠਾਇਆ ਗਿਆ ਹੈ।

### ਸੰਸਦ ਦਾ ਮਾਨਸੂਨ ਸੈਸ਼ਨ ਸ਼ੁਰੂ

# ਦੇਸ਼ ਦੇ ਜਨਤਕ ਮੁੱਦਿਆਂ ਲਈ ਬਹਿਸ ਦੀ ਥਾਂ ਕਿੱਥੇ ਹੈ ?


ਪ੍ਰੋ.ਡਾ. ਕਿਸ਼ਨ ਕੁਮਾਰ ਰੱਤੂ

================

ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

9478730156


ਭਾਰਤੀ ਸੰਸਦ ਦੇ ਮਾਨਸੂਨ ਸੈਸ਼ਨ 20 25 ਦੀ ਅੱਜ ਠੀਕ ਉਸੇ ਤਰ੍ਹਾਂ ਰਵਾਇਤੀ ਢੰਗ ਨਾਲ ਸ਼ੁਰੂਆਤ ਹੋਈ ਅਤੇ ਜਿਵੇਂ ਕਿ ਦੇਖਿਆ ਜਾ ਰਿਹਾ ਸੀ। ਅੱਜ ਵੀ ਪਿਛਲੇ ਕਈ ਵਰ੍ਹਿਆਂ ਦੀ ਪਰੰਪਰਾ ਦੇ ਅਨੁਸਾਰ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰਾਂ ਦੀ ਆਪਸੀ ਤੂੰ-ਤੂੰ, ਮੈਂ-ਮੈਂ ਤੇ ਬਹਿਸਬਾਜ਼ੀ ਦੇ ਕਾਰਨ ਤਿੰਨ ਵਾਰ ਸੰਸਦ ਦੀ ਕਾਰਵਾਈ ਨੂੰ ਮੁਅਤਲ ਕਰਨਾ ਪਿਆ ਅਤੇ ਫ਼ਿਰ ਬਾਅਦ ਵਿੱਚ ਉਹ ਸਾਰੇ ਮਸਲੇ ਜਿਹਨਾਂ ਬਾਰੇ ਕੱਲ ਪਾਰਲੀਮੈਂਟਰੀ ਸਰਬ ਪਾਰਟੀ ਬੈਠਕ ਦੇ ਵਿੱਚ ਸਰਕਾਰ ਚਰਚਾ ਕਰਾਉਣ ਵਾਸਤੇ ਮੰਨੀ ਸੀ ਉਹਨਾਂ ਦਾ ਵਰਣਨ ਕੀਤਾ ਗਿਆ ।

ਹੁਣ ਤੋਂ ਸਭ ਤੋਂ ਵੱਡੀ ਗੱਲ ਇਹ ਹੈ ਕਿ ਸ਼ਾਇਦ ਇਹ ਸੈਸ਼ਨ ਵੀ ਇਸੇ ਤੂੰ-ਤੂੰ ਮੈਂ-ਮੈਂ ਬਹਿਸ ਅਤੇ ਨਕਾਰਾਤਮਕ ਪੱਖ ਤੋਂ ਹੀ ਗਿਣਿਆ ਜਾਵੇਗਾ ਕਿਉਂਕਿ ਕੋਈ ਵੀ ਧਿਰ ਸੰਸਦ ਵਿੱਚ ਜਨਤਾ ਦੇ ਮੌਜੂਦਾ ਸਮੱਸਿਆਵਾਂ ਵਾਲੇ ਮਸਲਿਆਂ 'ਤੇ ਸਾਰਥਕ ਬਹਿਸ ਕਰਨ ਵਿੱਚ ਰੁਚੀ ਨਹੀਂ ਰੱਖਦੀ ਹੈ।ਵਿਰੋਧੀ ਧਿਰ ਦਾ ਕਾਰਨ ਰਾਜਸੀ ਹੋ ਸਕਦਾ ਹੈ ਪ੍ਰੰਤੂ ਸਰਕਾਰ ਦਾ ਪੱਖ ਵੀ ਸੁਣਨਾ ਚਾਹੀਦਾ ਹੈ ਅਤੇ ਇਹ ਸੰਸਦ ਹੀ ਹੈ ਜਿਸ ਵਿੱਚ ਸਰਕਾਰ ਦੇਸ਼ ਦੀਆਂ ਸਮੱਸਿਆਵਾਂ ਤੇ ਦੇਸ਼ ਦੇ ਬਾਰੇ ਆਪਣੀ ਨੀਤੀ ਨੂੰ ਸਪਸ਼ਟ ਕਰਦੀ ਹੈ ਤੇ ਜੇ ਹੁਣ ਹਮੇਸ਼ਾ ਦੀ ਤਰ੍ਹਾਂ



ਰਾਜਨੀਤਿਕ ਪਾਰਟੀਆਂ ਆਪਣਾ ਉਹੀ ਪੁਰਾਣਾ ਰਵਈਆ ਕੰਮ ਰੋਕਣ ਦਾ ਅਤੇ ਸੰਸਦ ਨੂੰ ਮੁਅਤਲ ਕਰਾਉਣ ਦਾ ਹਮੇਸ਼ਾ ਦੀ ਤਰ੍ਹਾਂ ਰੱਖਦੀਆਂ ਹਨ ਤੇ ਲੱਗਦਾ ਹੈ ਕਿ ਮਨਸੂਨ ਸੈਸ਼ਨ ਵਿੱਚ ਵੀ ਕੁਝ ਹੋਣ ਵਾਲਾ ਨਹੀਂ ਹੈ ।

ਫਿਰ ਵੀ ਅੱਜ ਦੇ ਇਸ ਸ਼ੁਰੂਆਤੀ ਸੈਸ਼ਨ ਵਿੱਚ ਸੰਸਦ ਦੇ ਮੌਜੂਦਾ ਸੈਸ਼ਨ ਮਾਨਸੂਨ 2025 ਦੀ ਸ਼ੁਰੂਆਤ ਤੋਂ ਹੀ ਜਿਸ ਤਰੀਕੇ ਨਾਲ ਕਾਰਵਾਈਆਂ ਰੁਕੀਆਂ ਹਨ, ਉਸਨੇ ਸਿਰਫ਼ ਸੰਸਦੀ ਕੰਮਕਾਜ ਨਹੀਂ, ਸਗੋਂ ਭਾਰਤੀ ਲੋਕਤੰਤਰ ਦੀ ਗੰਭੀਰਤਾ ਨੂੰ ਵੀ ਸਵਾਲਾਂ ਦੇ ਘੇਰੇ 'ਚ ਖੜ੍ਹਾ ਕਰ ਦਿੱਤਾ ਹੈ। ਇਸ ਪੂਰੇ ਪ੍ਰਸੰਗ ਵਿੱਚ ਸਭ ਤੋਂ ਵੱਡੀ ਚਿੰਤਾ ਸੰਸਦੀ ਰਾਜਨੀਤਿਕ ਪਾਰਟੀਆਂ ਦੀ ਨਕਾਰਾਤਮਕ ਅਤੇ ਟਕਰਾਉ ਰਵੱਈਏ ਦੀ ਪ੍ਰਵਿਰਤੀ ਹੈ, ਜੋ ਕਿ ਦੇਸ਼ ਦੀ ਨੀਤੀ ਬਣਾਉਣ ਦੀ ਪ੍ਰਕਿਰਿਆ ਵਿੱਚ ਇੱਕ ਦਿੱਕਤ ਬਣ ਰਹੀ ਹੈ। (ਬਾਕੀ ਸਫਾ 2 'ਤੇ)

## ਬਠਿੰਡਾ-ਭੁੱਚੋ ਰੋਡ 'ਤੇ ਟਰੱਕ-ਕਾਰ ਦੀ ਟੱਕਰ 'ਚ 4 ਨੌਜਵਾਨਾਂ ਦੀ ਮੌਤ

ਦੀਪਕ ਸ਼ਰਮਾ

================

ਬਠਿੰਡਾ, 21 ਜੁਲਾਈ : ਸੋਮਵਾਰ ਦੁਪਹਿਰ ਬਠਿੰਡਾ-ਭੁੱਚੋ ਰੋਡ 'ਤੇ ਵਾਪਰੇ ਸੜਕ ਹਾਦਸੇ ਨੇ ਚਾਰ ਘਰਾਂ ਵਿੱਚ ਸਥਰ ਵਿਛਾ ਦਿੱਤੇ। ਇੱਕ ਤੇਜ਼ ਰਫ਼ਤਾਰ ਕਾਰ ਅਤੇ ਟਰੱਕ ਵਿਚਾਲੇ ਹੋਈ ਜ਼ਬਰਦਸਤ ਟੱਕਰ ਦੌਰਾਨ ਚਾਰ ਨੌਜਵਾਨਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਤਿੰਨ ਲੜਕੇ ਅਤੇ ਇੱਕ ਲੜਕੀ ਸ਼ਾਮਲ ਹਨ। ਇਸ ਦਰਦਨਾਕ ਖ਼ਬਰ ਨੇ ਇਲਾਕੇ ਭਰ ਵਿੱਚ ਸੋਗ ਦੀ ਲਹਿਰ ਫੈਲਾ ਦਿੱਤੀ ਹੈ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਦੇ ਪਰਖੱਚੇ ਉੱਡ ਗਏ।

ਜਾਣਕਾਰੀ ਮੁਤਾਬਕ, ਚਾਰੋਂ ਨੌਜਵਾਨ ਸਵਿਫ਼ਟ ਕਾਰ ਵਿੱਚ ਸਵਾਰ ਹੋ ਕੇ ਬਠਿੰਡਾ ਤੋਂ ਰਾਮਪੁਰਾ ਵੱਲ ਜਾ ਰਹੇ ਸਨ। ਦੱਸਿਆ ਜਾ ਰਿਹਾ ਹੈ ਕਿ ਤੇਜ਼ ਰਫ਼ਤਾਰ ਨਾਲ ਜਾ ਰਹੀ ਇਸ ਕਾਰ ਦਾ ਅਚਾਨਕ ਟਾਇਰ ਫਟ ਗਿਆ। ਟਾਇਰ ਫਟਣ ਕਾਰਨ ਕਾਰ ਬੇਕਾਬੂ ਹੋ ਕੇ ਡਿਵਾਈਡਰ ਪਾਰ ਕਰ ਗਈ ਅਤੇ



ਸਾਹਮਣੇ ਤੋਂ ਆ ਰਹੇ ਇੱਕ ਟਰੱਕ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਚਕਨਾਚੂਰ ਹੋ ਗਈ।

ਇਸ ਭਿਆਨਕ ਹਾਦਸੇ ਵਿੱਚ ਕਾਰ ਵਿੱਚ ਸਵਾਰ ਤਿੰਨ ਜਣਿਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਚੌਥੇ ਨੇ ਹਸਪਤਾਲ ਲਿਜਾਂਦੇ ਸਮੇਂ ਰਾਹ ਵਿੱਚ ਦਮ (ਬਾਕੀ ਸਫਾ 2 'ਤੇ)

# ਪਹਿਲੇ ਸਫ਼ੇ ਦੀ ਬਾਕੀ

## ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ

ਸ਼ਿਪਿੰਗ ਨਿਯਮਾਂ ਨੂੰ ਆਧੁਨਿਕ ਬਣਾਉਣ ਲਈ ਪ੍ਰਸਤਾਵਿਤ ਹੈ। ਇੰਡੀਅਨ ਪੋਰਟਸ ਬਿੱਲ-2025 ਦੇਸ਼ ਦੀਆਂ ਬੰਦਰਗਾਹਾਂ ਦੇ ਪ੍ਰਬੰਧਨ ਅਤੇ ਲਾਗੂਕਰਨ ਨੂੰ ਬਿਹਤਰ ਬਣਾਉਣ ਲਈ ਪ੍ਰਸਤਾਵਿਤ ਹੈ।

## ਸੰਸਦ ’ਚ ਪਹਿਲਗਾਮ ਤੇ ਅਪ੍ਰੇਸ਼ਨ ਸਿੰਦੂਰ

ਆਫ਼ਤਾਂ ਕਾਰਨ ਹੋਏ ਜਾਨੀ ਅਤੇ ਮਾਲੀ ਨੁਕਸਾਨ ਦਾ ਵੀ ਜ਼ਿਕਰ ਕੀਤਾ। ਇਸ ਤੋਂ ਬਾਅਦ, ਸਦਨ ਨੇ ਕੁਝ ਸਮੇਂ ਲਈ ਮੌਨ ਰੱਖ ਕੇ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਲੋਕ ਸਭਾ ਸਪੀਕਰ ਬਿਰਲਾ ਨੇ ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦੇ ਸਫਲ ਪੁਲਾੜ ਮਿਸ਼ਨ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਇਸ ਸੈਸ਼ਨ ਵਿੱਚ ਪੁਲਾੜ ਦੇ ਵਿਸ਼ੇ ’ਤੇ ਵਿਸਥਾਰ ਨਾਲ ਚਰਚਾ ਹੋਵੇਗੀ। ਇਸ ਤੋਂ ਬਾਅਦ, ਜਿਵੇਂ ਹੀ ਬਿਰਲਾ ਨੇ ਪ੍ਰਸ਼ਨ ਕਾਲ ਸ਼ੁਰੂ ਕੀਤਾ, ਵਿਰੋਧੀ ਧਿਰ ਦੇ ਮੈਂਬਰਾਂ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

ਉਨ੍ਹਾਂ ਨੇ ਪਹਿਲਗਾਮ ਦਹਿਸ਼ਤੀ ਹਮਲੇ, ਆਪ੍ਰੇਸ਼ਨ ਸਿੰਧੂਰ ਨੂੰ ਰੋਕਣ, ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਵਿਚੋਲਗੀ ਦੇ ਦਾਅਵਿਆਂ ਅਤੇ ਬਿਹਾਰ ਵਿੱਚ ਐਸ.ਆਈ.ਆਰ. ਵਰਗੇ ਮੁੱਦੇ ਉਠਾਉਣ ਦੀ ਕੋਸ਼ਿਸ਼ ਕੀਤੀ। ਉਹ ਕੁਰਸੀ ਦੇ ਨੇੜੇ ਪਹੁੰਚੇ ਅਤੇ ਨਾਅਰੇਬਾਜ਼ੀ ਕੀਤੀ। ਲੋਕ ਸਭਾ ਸਪੀਕਰ ਨੇ ਕਿਹਾ ਕਿ ਉਹ ਪ੍ਰਸ਼ਨ ਕਾਲ ਤੋਂ ਬਾਅਦ ਸਾਰੇ ਮੁੱਦਿਆਂ ’ਤੇ ਚਰਚਾ ਕਰਨ ਲਈ ਤਿਆਰ ਹਨ। ਹੰਗਾਮੇ ਦੇ ਵਿਚਕਾਰ, ਕਾਰਪੋਰੇਟ ਮਾਮਲਿਆਂ ਦੇ ਰਾਜ ਮੰਤਰੀ ਹਰਸ਼ ਮਲਹੋਤਰਾ ਅਤੇ ਖੇਡ ਰਾਜ ਮੰਤਰੀ ਰਕਸ਼ਾ ਖੜਸੇ ਨੇ ਕੁਝ ਪੂਰਕ ਸਵਾਲਾਂ ਦੇ ਜਵਾਬ ਦਿੱਤੇ। ਲੋਕ ਸਭਾ ਸਪੀਕਰ ਨੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਕਈ ਵਾਰ ਆਪਣੀਆਂ ਸੀਟਾਂ ’ਤੇ ਜਾਣ ਅਤੇ ਸਦਨ ਨੂੰ ਚੱਲਣ ਦੇਣ ਦੀ ਅਪੀਲ ਕੀਤੀ। ਜਦੋਂ ਨਾਅਰੇਬਾਜ਼ੀ ਬੰਦ ਨਹੀਂ ਹੋਈ, ਤਾਂ ਉਨ੍ਹਾਂ ਨੇ ਸਦਨ ਦੀ ਕਾਰਵਾਈ ਮੁਲਤਵੀ ਕਰ ਦਿੱਤੀ।

ਇਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਕਾਂਗਰਸ ਦੇ ਕਈ ਸੰਸਦ ਮੈਂਬਰਾਂ ਨੇ ਮੌਨਸੂਨ ਇਜਲਾਸ ਦੇ ਪਹਿਲੇ ਦਿਨ ਪਹਿਲਗਾਮ ਦਹਿਸ਼ਤੀ ਹਮਲੇ ਤੇ ਆਪਰੇਸ਼ਨ ਸਿੰਧੂਰ ਨਾਲ ਜੁੜੇ ਫਿਕਰਾਂ ’ਤੇ ਚਰਚਾ ਦੀ ਮੰਗ ਕਰਦੇ ਹੋਏ ਸੋਮਵਾਰ ਨੂੰ ਦੋਵਾਂ ਸਦਨਾਂ ਦੀ ਕਾਰਵਾਈ ਮੁਲਤਵੀ ਕਰਨ ਦੇ ਨੋਟਿਸ ਦਿੱਤੇ। ਸੰਸਦ ਦਾ ਮੌਨਸੂਨ ਸੈਸ਼ਨ ਸੋਮਵਾਰ (21 ਜੁਲਾਈ) ਤੋਂ ਸ਼ੁਰੂ ਹੋ ਰਿਹਾ ਹੈ ਅਤੇ 21 ਅਗਸਤ ਤੱਕ ਕੁੱਲ 21 ਮੀਟਿੰਗਾਂ ਦਾ ਪ੍ਰਸਤਾਵ ਹੈ।

ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਲੋਕ ਸਭਾ ਵਿੱਚ ਮੁਲਤਵੀ ਨੋਟਿਸ ਦਿੱਤਾ, ਜਿਸ ਵਿੱਚ ਪਹਿਲਗਾਮ ਹਮਲੇ ਵਿੱਚ ‘ਸੁਰੱਖਿਆ ਖਾਮੀਆਂ’ ਅਤੇ ਆਪ੍ਰੇਸ਼ਨ ਸਿੰਧੂਰ ਤੋਂ ਬਾਅਦ ਵਿਦੇਸ਼ ਨੀਤੀ ਦੇ ਮੁੱਦੇ ’ਤੇ ਚਰਚਾ ਦੀ ਮੰਗ ਕੀਤੀ ਗਈ। ਕਾਂਗਰਸ ਦੇ ਲੋਕ ਸਭਾ ਮੈਂਬਰ ਅਮਰ ਸਿੰਘ ਨੇ ਇੱਕ ਨੋਟਿਸ ਦਿੱਤਾ ਹੈ, ਜਿਸ ਵਿੱਚ ਮੰਗ ਕੀਤੀ ਗਈ ਹੈ ਕਿ ਸਦਨ ਵਿੱਚ ਨਿਰਧਾਰਿਤ ਸਾਰੇ ਕੰਮ ਮੁਲਤਵੀ ਕੀਤੇ ਜਾਣ ਅਤੇ ਪਹਿਲਗਾਮ ਦਹਿਸ਼ਤੀ ਹਮਲੇ, ਇਸ ਤੋਂ ਬਾਅਦ ਕੀਤੇ ਗਏ ਆਪ੍ਰੇਸ਼ਨ ਸਿੰਧੂਰ ਅਤੇ ਵਿਦੇਸ਼ ਨੀਤੀ ਦੇ ਮੁੱਦੇ ਨਾਲ ਸਬੰਧਤ ‘ਸੁਰੱਖਿਆ ਖਾਮੀਆਂ’ ’ਤੇ ਚਰਚਾ ਕੀਤੀ ਜਾਵੇ। ਰਾਜ ਸਭਾ ਵਿੱਚ, ਕਾਂਗਰਸ ਮੈਂਬਰ ਰਣਦੀਪ ਸੁਰਜੇਵਾਲਾ ਨੇ ਨਿਯਮ 267 ਤਹਿਤ ਇੱਕ ਨੋਟਿਸ ਦਿੱਤਾ ਅਤੇ ਕਿਹਾ ਕਿ ਸਦਨ ਵਿੱਚ ਸਾਰਾ ਕੰਮਕਾਜ ਬੰਦ ਕਰ ਦਿੱਤਾ ਜਾਣਾ ਚਾਹੀਦਾ ਹੈ ਅਤੇ ਪਹਿਲਗਾਮ ਅੱਤਵਾਦੀ ਹਮਲੇ ਅਤੇ ਆਪ੍ਰੇਸ਼ਨ ਸਿੰਧੂਰ ਨਾਲ ਸਬੰਧਤ ਚਿੰਤਾਵਾਂ ’ਤੇ ਚਰਚਾ ਹੋਣੀ ਚਾਹੀਦੀ ਹੈ।

## ਮੋਦੀ ਵੱਲੋਂ ਸਾਰੇ ਦਲਾਂ ਨੂੰ ਸੈਸ਼ਨ ’ਚ ਵੱਖ-ਵੱਖ

ਦੇਖ ਰਹੀ ਹੈ। ਭਾਰਤੀ ਫੌਜ ਨੇ ਕਰੀਬ 22 ਮਿੰਟਾਂ ਵਿਚ ਹੀ ਦਹਿਸ਼ਤਗਰਦਾਂ ਦੇ ਟਿਕਾਣਿਆਂ ਨੂੰ ਜ਼ਮੀਨਦੋਜ਼ ਕਰ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਸਦ ਦਾ ਮੌਨਸੂਨ ਇਜਲਾਸ ਵਿਜੈ ਉਤਸਵ ਹੈ।

ਨਕਸਲਵਾ ਦਾ ਦਾਇਰਾ ਸੁੰਗੜ ਰਿਹਾ ਹੈ ਅਤੇ ਕੱਲ੍ਹ ਤੱਕ ਜਿਹੜੇ ‘ਰੈੱਡ ਕੋਰੀਡੋਰ’ ਸੀ, ਉਹ ਹੁਣ ਗ੍ਰੀਨ, ਗਰੋਥ ਜ਼ੋਨ’ ਵਿਚ ਤਬਦੀਲ ਹੋ ਰਹੇ ਹਨ। ਭਾਰਤ ਨੇ ਕੌਮਾਂਤਰੀ ਪੁਲਾੜ ਸਟੇਸ਼ਨ ’ਤੇ ਤਿਰੰਗਾ ਲਹਿਰਾਇਆ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਵਿਚ ਮਹਿੰਗਾਈ ਦਰ ਦੋਹਰੇ ਅੰਕੜਿਆਂ ਵਿਚ ਸੀ, ਪਰ ਅੱਜ ਦੋ ਫੀਸਦ ਦੇ ਨੇੜੇ ਤੇੜੇ ਪਹੁੰਚ ਗਈ ਹੈ ਤੇ ਆਮ ਆਦਮੀ ਨੂੰ ਰਾਹਤ ਮਿਲੀ ਹੈ। ਭਾਰਤ ਵਿਸ਼ਵ ਦੀ ਤੀਜਾ ਸਭ ਤੋਂ ਵੱਡਾ ਅਰਥਚਾਰਾ ਬਣਨ ਵੱਲ ਵੱਧ ਰਿਹਾ ਹੈ।

## ਏਅਰ ਇੰਡੀਆ ਜਹਾਜ਼ ਹਾਦਸੇ ਦੀ ਜਾਂਚ ’ਚ ਏ.ਏ.ਆਈ.ਬੀ.

ਗਈ ਸੀ। ਅਸੀਂ ਸੱਚ ਦੇ ਨਾਲ ਖੜ੍ਹੇ ਹੋਣਾ ਚਾਹੁੰਦੇ ਹਾਂ, ਅਸੀਂ ਸਹੀ ਕਾਰਨ ਜਾਣਨਾ ਚਾਹੁੰਦੇ ਹਾਂ, ਸੰਸਦ ਦੇ ਮਾਨਸੂਨ ਸੈਸ਼ਨ 2025 ਦੌਰਾਨ ਰਾਜ ਸਭਾ ਨੂੰ ਆਪਣੇ ਸੰਬੋਧਨ ਵਿੱਚ ਕਿੰਜਾਰਾਪੂ ਰਾਮ ਮੋਹਨ ਨਾਇਡੂ ਨੇ ਕਿਹਾ। ਜਾਂਚ ਦੀ ਪ੍ਰਗਤੀ ਬਾਰੇ ਸਦਨ ਨੂੰ ਜਾਣਕਾਰੀ ਦਿੰਦੇ ਹੋਏ, ਰਾਮ ਮੋਹਨ ਨਾਇਡੂ ਨੇ ਕਿਹਾ, ਘਟਨਾ ਦਾ ਸਹੀ ਕਾਰਨ ਅੰਤਿਮ ਰਿਪੋਰਟ ਪੇਸ਼ ਹੋਣ ਤੋਂ ਬਾਅਦ ਹੀ ਸਾਹਮਣੇ ਆਵੇਗਾ ਅਤੇ ਤਦ ਹੀ ਅਸੀਂ ਲੋੜੀਂਦੇ ਉਪਾਅ ਕਰ ਸਕਦੇ ਹਾਂ। ਅਸੀਂ ਹੁਣ ਤੱਕ ਲੋੜੀਂਦੇ ਸਾਰੇ ਉਪਾਅ ਕੀਤੇ ਹਨ ਅਤੇ ਅਸੀਂ ਵੀ ਉਸੇ ਦੀ ਪਾਲਣਾ ਕਰ ਰਹੇ ਹਾਂ।ਸਾਡੇ ਕੋਲ ਭਾਰਤ ’ਚ ਸਭ ਤੋਂ ਵਧੀਆ ਸੁਰੱਖਿਆ ਵਿਧੀ ਹੈ, ਉਨ੍ਹਾਂ ਕਿਹਾ, ਅਤੇ ਕਿਹਾ ਕਿ ਸਰਕਾਰ ਜਹਾਜ਼ ਹਾਦਸੇ ਦੀਆਂ ਘਟਨਾਵਾਂ ਦੇ ਮਾਮਲੇ ਵਿੱਚ ਇਸਨੂੰ ਜ਼ੀਰੋ ਤੱਕ ਘਟਾਉਣਾ ਚਾਹੁੰਦੀ ਹੈ। ਅਸੀਂ ਸੁਝਾਵਾਂ ਲਈ ਤਿਆਰ ਹਾਂ। ਉਨ੍ਹਾਂ ਅੱਗੇ ਕਿਹਾ ਕਿ ਅੱਜ ਵੀ, ਘਰੇਲੂ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਕ੍ਰਮਵਾਰ 2,999 ਅਤੇ 624 ਉਡਾਨਾਂ ਰਵਾਨਾ ਹੋਈਆਂ। ਇਸੇ ਤਰ੍ਹਾਂ, ਉਨ੍ਹਾਂ ਕਿਹਾ ਕਿ ਹਰ ਰੋਜ਼ 3,500 ਤੋਂ ਵੱਧ ਉਡਾਣਾਂ ਰਵਾਨਾ ਹੋ ਰਹੀਆਂ ਹਨ, ਉਨ੍ਹਾਂ ਕਿਹਾ ਕਿ ਰੋਜ਼ਾਨਾ 5 ਲੱਖ ਤੋਂ ਵੱਧ ਯਾਤਰੀ ਸੁਰੱਖਿਅਤ ਉਡਾਣਾਂ ਲੈ ਰਹੇ ਹਨ।

## ਗਨੀਵ ਕੌਰ ਮਜੀਠੀਆ ਵੱਲੋਂ ਸੰਧਵਾਂ

ਧੀਆਂ ਭੈਣਾਂ ਦੀ ਇੱਜ਼ਤਾਂ ਦੇ ਰਾਖੇ ਅਖਵਾਉਣ ਵਾਲੇ ਪੰਜਾਬੀ ਅੱਜ ਬਜ਼ੁਰਗਾਂ ਮਹਿਲਾ ਨੂੰ ਅਪਮਾਨਿਤ ਕਰ ਰਹੇ ਹਨ। ਸਾਡੇ ਵਕੀਲ ਸਾਬ੍ਹ ਵੱਲੋਂ ਪਛਾਣ ਪੱਤਰ ਮੰਗਣ ’ਤੇ ਸਿਰਫ਼ ਐੱਸ.ਐੱਸ.ਪੀ.ਅਰੁਣ ਸੈਣੀ ਨੇ ਆਪਣੀ ਪਛਾਣ ਦੱਸੀ। ਉਨ੍ਹਾਂ ਦੋਸ਼ ਲਗਾਇਆ ਕਿ ਪੁਲਿਸ ਦੀ ਰੇਡ ਦੌਰਾਨ ਘਰ ਵਿੱਚ ਮੈਂ ਵੀ ਮੌਜੂਦ ਨਹੀਂ ਸੀ ਅਤੇ ਕੋਈ ਮਰਦ ਮੈਂਬਰ ਵੀ ਮੌਜੂਦ ਨਹੀਂ ਸੀ। ਇਸ ਦੇ ਬਾਵਜੂਦ ਪੁਲਿਸ ਨੇ ਘਰ ਵਿੱਚ ਹੁੱਲੜਬਾਜ਼ੀ ਕੀਤੀ ਅਤੇ ਸਮਾਨ ਦੀ ਤਲਾਸ਼ੀ ਲਈ। ਬਿਕਰਮ ਮਜੀਠੀਆ ’ਤੇ ਸਾਰੀ ਕਾਰਵਾਈ ਸਿਰਫ਼ ਇਸ ਕਰਕੇ ਹੋ ਰਹੀ ਹੈ ਕਿ ਉਹ ਪੰਜਾਬ ਦੇ ਖੈਰ-ਖਵਾਹ ਹਨ ਅਤੇ ਪੰਜਾਬੀਆਂ ਦੇ ਮੁੱਦਿਆਂ ’ਤੇ ਹਮੇਸ਼ਾ ਆਵਾਜ਼ ਬੁਲੰਦ ਕਰਦੇ ਹਨ। ਵਿਧਾਇਕ ਗਨੀਵ ਕੌਰ ਮਜੀਠੀਆ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਚਿੱਠੀ ਲਿਖੇ ਕੇ ਮੰਗ ਕੀਤੀ ਕਿ 25 ਜੂਨ ਨੂੰ ਪੁਲਿਸ ਵੱਲੋਂ ਮੇਰੇ ਬੱਚਿਆਂ, ਬਜ਼ੁਰਗ ਮਾਤਾ ਜੀ ਅਤੇ ਪਰਿਵਾਰ ਨਾਲ ਸੰਬੰਧਿਤ ਕਰਮਚਾਰੀਆਂ ਦੇ ਕੀਤੇ ਅਪਮਾਨ ਦਾ ਤੁਰੰਤ ਨੋਟਿਸ ਲਿਆ ਜਾਵੇ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕਰਦੀ ਹਾਂ।

## ਸਰਕਾਰ ਦੀ ਸਕੀਮ ਅਗਾਂਹਵਧੂ

ਤਹਿਤ ਬਣਨ ਵਾਲੀਆਂ ਯੋਜਨਾਬੱਧ ਕਲੋਨੀਆਂ ਵਿੱਚ ਕਮਰਸ਼ੀਅਲ ਜਾਇਦਾਦ ਕਿਸਾਨਾਂ ਲਈ ਆਮਦਨ ਦਾ ਸਥਾਈ ਸਰੋਤ ਬਣੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਸਕੀਮ ਦਾ ਮੰਤਵ ਸੂਬੇ ਦੀ ਸਮੁੱਚੀ ਤਰੱਕੀ ਨੂੰ ਰਫ਼ਤਾਰ ਦੇਣਾ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਸੂਬੇ ਦੇ ਸਮੁੱਚੇ ਵਿਕਾਸ ਨੂੰ ਹੁਲਾਰਾ ਦੇ ਕੇ ਹਰੇਕ ਆਮ ਆਦਮੀ ਨੂੰ ਲਾਭ ਪਹੁੰਚਾਏਗੀ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਜ਼ਮੀਨ ਜਬਰੀ ਐਕੁਆਇਰ ਨਹੀਂ ਹੋਵੇਗੀ ਅਤੇ ਐਕੁਆਇਰ ਕੀਤੀ ਜ਼ਮੀਨ ਉੱਤੇ ਸਮੁੱਚਾ ਵਿਕਾਸ ਪਾਰਦਰਸ਼ੀ ਤੇ ਕਾਨੂੰਨ ਮੁਤਾਬਕ ਹੋਵੇਗਾ।

‘ਯੁੱਧ ਨਸ਼ਿਆਂ ਵਿਰੁੱਧ’ ਸਕੀਮ ਨੂੰ ਸੂਬੇ ਦੇ ਮੱਥੇ ਉੱਤੇ ਲੱਗਿਆ ਦਾਗ ਧੋਣ ਲਈ ਪ੍ਰੇਰਕ ਵਜੋਂ ਕੰਮ ਕਰਨ ਦੀ ਉਮੀਦ ਪ੍ਰਗਟਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਕੀਮ ਤਹਿਤ ਸੂਬਾ ਸਰਕਾਰ ਨੇ ਪਹਿਲਾਂ ਹੀ ਨਸ਼ਾ ਸਪਲਾਈ ਦਾ ਲੱਕ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਕਾਰੋਬਾਰ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਡੱਕਿਆ ਗਿਆ ਹੈ ਅਤੇ ਲੋਕ ਨਾਭਾ ਜੇਲ੍ਹ ਜਾ ਕੇ ਇਨ੍ਹਾਂ ਦਾ ਹਸ਼ਰ ਦੇਖ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਸੂਬੇ ਵਿੱਚੋਂ ਇਸ ਖ਼ਤਰੇ ਦਾ ਮੁਕੰਮਲ ਸਫ਼ਾਇਆ ਨਹੀਂ ਹੋ ਜਾਂਦਾ।

ਮੁੱਖ ਮੰਤਰੀ ਨੇ ਕਿਹਾ ਕਿ ਹਲਕੇ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਪੰਚਾਇਤਾਂ ਨੂੰ ਮਿਲੇ ਪੈਸੇ ਦੀ ਵਰਤੋਂ ਸੋਚ-ਸਮਝ ਕੇ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੈਸਾ ਜਾਰੀ ਕਰਨ ਦੀ ਕਦੇ ਪਰਵਾਹ ਨਹੀਂ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਰਫ਼ਤਾਰ ਦੇਣ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਫੰਡ ਸਿਰਫ਼ ਕਾਗਜ਼ਾਂ ਵਿੱਚ ਦਿੱਤੇ ਜਾਂਦੇ ਸਨ, ਜਿਸ ਕਾਰਨ ਕੰਮ ਵੀ ਸਿਰਫ਼ ਕਾਗਜ਼ਾਂ ਵਿੱਚ ਹੀ ਹੁੰਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਧੂਰੀ ਹਲਕੇ ਦੇ ਸਾਰੇ ਪਿੰਡਾਂ ਨੂੰ ਆਦਰਸ਼ ਪਿੰਡਾਂ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਪੰਚਾਇਤਾਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਵਿਕਾਸ ਕਾਰਜਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਸਾਰੇ ਕੰਮਾਂ ਦੀ ਬਾਕਾਇਦਾ ਨਿਗਰਾਨੀ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਲੋਕਾਂ ਦੀ ਭਲਾਈ ਯਕੀਨੀ ਬਣਾਏ ਅਤੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਵੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜ ਦਰਿਆਵਾਂ ਦੀ ਧਰਤੀ ਪੰਜਾਬ ਵਿੱਚ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਟੇਲਾਂ ਉੱਤੇ ਪੈਂਦੇ ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਕੋਈ ਕੋਸ਼ਿਸ਼ ਨਹੀਂ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ‘ਆਪ’ ਸਰਕਾਰ ਨੇ ਆਪਣਾ ਕਾਰਜਕਾਲ ਸੰਭਾਲਣ ਤੋਂ ਲੈ ਕੇ ਹੁਣ ਤੱਕ ਸੂਬੇ ਵਿੱਚ 15947 ਖ਼ਾਲਾਂ ਤੇ ਕੱਸੀਆਂ ਨੂੰ ਸੁਰਜੀਤ ਕੀਤਾ ਹੈ, ਜਿਸ ਨਾਲ ਦੂਰ-ਦੁਰਾਡੇ ਟੇਲਾਂ ਉੱਤੇ ਪੈਂਦੇ ਪਿੰਡਾਂ ਤੱਕ ਨਹਿਰੀ ਪਾਣੀ ਪੁੱਜਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ 90 ਫੀਸਦੀ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਹੁਣ ਤੱਕ ਤਿੰਨ ਕਰੋੜ ਤੋਂ ਵੱਧ ਮਰੀਜ਼ ਆਪਣਾ ਇਲਾਜ ਕਰਵਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਸੂਬਾ ਸਰਕਾਰ ਨੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉੱਤੇ 55 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਹੁਣ ਤੱਕ 18 ਟੋਲ ਪਲਾਜ਼ਾ ਬੰਦ ਕੀਤੇ ਜਾ ਚੁੱਕੇ ਹਨ, ਜਿਸ ਨਾਲ ਰੋਜ਼ਾਨਾ ਆਮ ਲੋਕਾਂ ਦਾ ਤਕਰੀਬਨ 64 ਲੱਖ ਰੁਪਿਆ ਬਚ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਈਵੇਜ਼ ਉੱਤੇ ਸੁਰੱਖਿਆ ਵਧਾਉਣ ਲਈ ਪੰਜਾਬ ਨੇ ਦੇਸ਼ ਵਿੱਚ ਆਪਣੀ ਤਰ੍ਹਾਂ ਦੀ ਪਹਿਲੀ ‘ਸੜਕ ਸੁਰੱਖਿਆ ਫੋਰਸ’ ਸ਼ੁਰੂ ਕੀਤੀ ਅਤੇ ਇਹ ਮਾਣ ਵਾਲੀ ਗੱਲ ਹੈ ਕਿ ਇਸ ਦੀ ਸ਼ੁਰੂਆਤ ਤੋਂ ਬਾਅਦ ਸੜਕ ਹਾਦਸਿਆਂ ਵਿੱਚ ਮੌਤਾਂ ਦੀ ਦਰ ਵਿੱਚ 48 ਫੀਸਦੀ ਤੋਂ ਵੱਧ ਦੀ ਕਮੀ ਆਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਫੋਰਸ ਲਈ ਵਿਸ਼ੇਸ਼ ਤੌਰ ਉੱਤੇ ਸਿੱਖਿਅਤ ਜਵਾਨਾਂ ਨੂੰ ਭਰਤੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਔਰਤਾਂ ਵੀ ਸ਼ਾਮਲ ਹਨ। ਫੋਰਸ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ 144 ਵਾਹਨ ਮੁਹੱਈਆ ਕੀਤੇ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਫੋਰਸ ਪ੍ਰਭਾਵਸ਼ਾਲੀ ਤਰੀਕੇ ਨਾਲ ਕੰਮ ਕਰ ਰਹੀ ਹੈ ਅਤੇ ਕਈ ਸੂਬਿਆਂ ਤੇ ਇੱਥੋਂ ਤੱਕ ਕੇ ਕੇਂਦਰ ਸਰਕਾਰ ਨੇ ਵੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਹੈ। ਇਕ ਹੋਰ ਵੱਡੀ ਲੋਕ ਭਲਾਈ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇਸ਼ ਵਿੱਚ ਆਪਣੀ ਤਰ੍ਹਾਂ ਦੀ ਪਹਿਲੀ ‘ਮੁੱਖ ਮੰਤਰੀ ਸਿਹਤ ਯੋਜਨਾ’ ਦੀ ਸ਼ੁਰੂਆਤ 2 ਅਕਤੂਬਰ ਤੋਂ ਕਰੇਗੀ, ਜਿਸ ਤਹਿਤ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਹੋਵੇਗਾ। ਭਗਵੰਤ ਸਿੰਘ ਮਾਨ ਨੇ ਮਾਣ ਨਾਲ ਕਿਹਾ ਕਿ ਪੰਜਾਬ ਭਾਰਤ ਦਾ ਪਹਿਲਾ ਅਜਿਹਾ ਸੂਬਾ ਹੈ, ਜੋ ਇੰਨੇ ਵੱਡੇ ਪੱਧਰ ਉੱਤੇ ਸਿਹਤ ਸੰਭਾਲ ਬੀਮਾ ਸ਼ੁਰੂ ਕਰੇਗਾ, ਜਿਸ ਨਾਲ ਲੋਕਾਂ ਦਾ ਵਿੱਤੀ ਬੋਝ ਘਟਣ ਦੇ ਨਾਲ-ਨਾਲ ਉਨ੍ਹਾਂ ਦੀ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਯਕੀਨੀ ਬਣੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਇਕੋ ਤਰ੍ਹਾਂ ਦੀ ਸਿਹਤ ਸੰਭਾਲ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਆਗਾਮੀ ਦਿਨਾਂ ਵਿੱਚ ਵੀ ਅਜਿਹੇ ਹੋਰ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ‘ਪਸ਼ੂਆਂ ਉੱਤੇ ਅੱਤਿਆਚਾਰ ਦੀ ਰੋਕਥਾਮ (ਪੰਜਾਬ ਸੋਧ) ਬਿੱਲ, 2025’ ਪਾਸ ਕੀਤਾ ਹੈ ਤਾਂ ਕਿ ਸੂਬੇ ਵਿੱਚ ਹਰੇਕ ਥਾਂ ਹੋਣ ਵਾਲੀਆਂ ਪੇਂਡੂ ਖੇਡਾਂ ਖ਼ਾਸ ਕਰ ਕੇ ਬੈਲ ਗੱਡੀਆਂ ਦੀਆਂ ਦੌੜਾਂ ਤੇ ਹੋਰ ਖੇਡਾਂ ਨੂੰ ਹੁਲਾਰਾ ਮਿਲੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂ ਸੂਬੇ ਦੇ ਖੇਤੀਬਾੜੀ ਅਰਥਚਾਰੇ ਦਾ ਅਨਿੱਖੜਵਾਂ ਅੰਗ ਹਨ ਅਤੇ ਪੰਜਾਬੀ ਕਿਸਾਨ ਸਦੀਆਂ ਤੋਂ ਪਸ਼ੂਆਂ ਨੂੰ ਆਪਣੇ ਬੱਚਿਆਂ ਵਾਂਗ ਪਾਲਦੇ ਆਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਤੋਂ ਬੈਲ ਗੱਡੀਆਂ ਦੀਆਂ ਦੌੜਾਂ ਨਾਲ ਮੋਹ ਕਰਦੇ ਰਹੇ ਹਨ ਅਤੇ ਕਿਲ੍ਹਾ ਰਾਇਪੁਰ ਵਿਚਲੀ ਬੈਲ ਗੱਡੀਆਂ ਦੀ ਦੌੜ ਵਿਸ਼ਵ ਪ੍ਰਸਿੱਧ ਹੈ। ਉਨ੍ਹਾਂ ਕਿਹਾ ਕਿ ਇਹ ਬਿੱਲ ਆਉਣ ਵਾਲੇ ਸਮੇਂ ਵਿੱਚ ਪਸ਼ੂਆਂ ਨੂੰ ਨੁਕਸਾਨ ਪਹੁੰਚਾਏ ਬਗੈਰ ਸੂਬੇ ਭਰ ਵਿੱਚ ਅਜਿਹੀਆਂ ਖੇਡਾਂ ਨੂੰ ਹੋਰ ਮਕਬੂਲ ਕਰਨ ਵਿੱਚ ਸਹਾਇਕ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂਆਂ ਦੀ ਸੁਰੱਖਿਆ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਅਤੇ ਪਸ਼ੂਆਂ ਉੱਤੇ ਕਿਸੇ ਵੀ ਤਰ੍ਹਾਂ ਦੇ ਅੱਤਿਆਚਾਰ ਦੀ ਇਜਾਜ਼ਤ ਨਹੀਂ ਹੋਵੇਗੀ।

## ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਤੇ.ਗ ਬਹਾਦਰ ਜੀ

ਸਤਿਕਾਰ ਸਹਿਤ ਲੜੀਵਾਰ ਸਮਾਗਮ ਕਰਵਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਸੂਬਾ ਸਰਕਾਰ ਵੱਲੋਂ ਕਰਵਾਏ ਜਾਣ ਵਾਲੇ ਸਮਾਗਮਾਂ ਦਾ ਮੁੱਖ ਕੇਂਦਰ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਦੀਆਂ ਚਾਰ ਦਿਸ਼ਾਵਾਂ ਤੋਂ ਯਾਤਰਾਵਾਂ ਕੱਢੀਆਂ ਜਾਣਗੀਆਂ ਜਿਨ੍ਹਾਂ ਦੀ ਸਮਾਪਤੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਵੇਗੀ। ਮੁੱਖ ਮੰਤਰੀ ਨੇ ਹੋਰ ਵਿਸਥਾਰ ਵਿੱਚ ਦੱਸਿਆ ਕਿ 21 ਨਵੰਬਰ ਤੋਂ ਸ੍ਰੀਨਗਰ (ਜੰਮੂ ਕਸ਼ਮੀਰ) ਦੀ ਇਤਿਹਾਸਕ ਧਰਤੀ ਤੋਂ ਯਾਤਰਾ ਕੱਢੀ ਜਾਵੇਗੀ ਜੋ ਪਠਾਨਕੋਟ ਅਤੇ ਹੁਸ਼ਿਆਰਪੁਰ ਤੋਂ ਗੁਜਰਦੀ ਹੋਈ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗੀ। ਭਗਵੰਤ ਸਿੰਘ ਨੇ ਅੱਗੇ ਦੱਸਿਆ ਕਿ ਦੂਜੀ ਯਾਤਰਾ ਗੁਰਦਾਸਪੁਰ ਤੋਂ ਕੱਢੀ ਜਾਵੇਗੀ ਜੋ ਬਾਬਾ ਬਕਾਲਾ, ਸ੍ਰੀ ਅੰਮ੍ਰਿਤਸਰ ਸਾਹਿਬ, ਤਰਨ ਤਾਰਨ ਅਤੇ ਜਲੰਧਰ ਤੋਂ ਗੁਜ਼ਰਦੀ ਹੋਈ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗੀ ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਕਿਹਾ ਕਿ ਤੀਜੀ ਯਾਤਰਾ ਫਿਰੋਜ਼ਪੁਰ ਤੋਂ ਕੱਢੀ ਜਾਵੇਗੀ ਜੋ ਮੋਗਾ ਅਤੇ ਲੁਧਿਆਣਾ ਤੋਂ ਗੁਜ਼ਰਦੀ ਹੋਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਚੌਥੀ ਯਾਤਰਾ ਵੀ ਫਿਰੋਜ਼ਪੁਰ ਤੋਂ ਕੱਢੀ ਜਾਵੇਗੀ ਜੋ ਫਰੀਦਕੋਟ, ਬਠਿੰਡਾ, ਬਰਨਾਲਾ, ਸੰਗਰੂਰ, ਮਾਨਸਾ ਅਤੇ ਪਟਿਆਲਾ ਦੇ ਇਤਿਹਾਸਕ ਨਗਰਾਂ ਤੋਂ ਹੁੰਦੀ ਹੋਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਪਤ ਹੋਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਜੀਵਨ ਅਤੇ ਫਲਸਫੇ ਦੇ ਪਾਸਾਰ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ ਗੁਰੂ ਸਾਹਿਬ ਦੇ ਜੀਵਨ ਅਤੇ ਲਾਮਿਸਾਲ ਕੁਰਬਾਨੀ ’ਤੇ ਅਧਾਰਿਤ ਲਾਈਟ ਐਂਡ ਸਾਊਂਡ ਸ਼ੋਅ ਅਤੇ ਕਵੀ ਦਰਬਾਰ ਕਰਵਾਏ ਜਾਣਗੇ। ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਸੂਬੇ ਵੀਆਂ ਸਾਰੀਆਂ ਵਿਦਿਅਕ ਸੰਸਥਾਵਾਂ ਵਿੱਚ ਗੁਰੂ ਸਾਹਿਬ ਜੀ ਦੇ ਜੀਵਨ, ਦਰਸ਼ਨ ਅਤੇ ਸ਼ਹਾਦਤ ’ਤੇ ਕੇਂਦਰਿਤ ਵਿਸ਼ੇਸ਼ ਸੈਮੀਨਾਰ ਅਤੇ ਵਿਚਾਰ-ਗੋਸ਼ਟੀਆਂ ਕਰਵਾਈਆਂ ਜਾਣਗੀਆਂ।

ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਮੁੱਖ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ 23 ਨਵੰਬਰ, 2025 ਨੂੰ ਪੂਰਨ ਸ਼ਰਧਾ ਭਾਵਨਾ ਨਾਲ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਹੋਣਗੇ ਅਤੇ 25 ਨਵੰਬਰ, 2025 ਨੂੰ ਸਮਾਪਤੀ ਹੋਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਤਿੰਨ ਦਿਨਾ ਲੜੀਵਾਰ ਸਮਾਗਮਾਂ ਵਿੱਚ ਅੰਤਰ-ਧਰਮ ਸੰਮੇਲਨ (ਇੰਟਰਫੇਥ ਕਾਨਫਰੰਸ) ਵੀ ਕਰਵਾਇਆ ਜਾਵੇਗਾ ਜਿਸ ਦਾ ਮਨੋਰਥ ਵੱਖ-ਵੱਖ ਧਰਮਾਂ ਦਰਮਿਆਨ ਸਦਭਾਵਨਾ ਦਾ ਸੰਦੇਸ਼ ਫੈਲਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰੇਕ ਸ਼ਾਮ ਮਹਾਨ ਕੀਰਤਨ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ ਜਥੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ। ਇਸੇ ਸੰਦਰਭ ਵਿੱਚ ਉਨ੍ਹਾਂ ਕਿਹਾ ਕਿ ਨਿਹੰਗ ਸਿੰਘਾਂ ਦੁਆਰਾ ਰਵਾਇਤੀ ਜੰਗਜੂ ਕਲਾ ਗੱਤਕਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾਵੇਗਾ ਜੋ ਖਾਲਸਾਈ ਪ੍ਰੰਪਰਾ ਦਾ ਪ੍ਰਤੀਕ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਯਾਦਗਾਰੀ ਸਮਾਗਮਾਂ ਦੌਰਾਨ ਸ਼ਹਿਰਾਂ ਦੀ ਸੁੰਦਰਤਾ ਅਤੇ ਸ਼ਰਧਾਲੂਆਂ ਲਈ ਵਿਸ਼ੇਸ਼ ਇੰਤਜ਼ਾਮ ਹੋਣਗੇ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੇ ਸੁਆਗਤ ਅਤੇ ਸਹੂਲਤ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੜਕਾਂ ਦੀ ਮੁਰੰਮਤ, ਇਮਾਰਤਾਂ ਦੀ ਪੇਂਟਿੰਗ ਅਤੇ ਪੂਰੇ ਸ਼ਹਿਰ ਵਿੱਚ ਰੌਸ਼ਨੀ ਕਰਨ ਲਈ ਵਿਸ਼ੇਸ਼ ਬੰਦੋਬਸਤ ਕੀਤੇ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਸਥਾਨਾਂ ਦੀ ਸੰਭਾਲ, ਮੁਰੰਮਤ ਅਤੇ ਨਵੀਨੀਕਰਨ ਲਈ ਸਬੰਧਤ ਵਿਭਾਗਾਂ ਨੂੰ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਉਦੇਸ਼ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਸਾਹਿਬ ਜੀ ਦੀ ਗੌਰਵਮਈ ਵਿਰਾਸਤ ਬਾਰੇ ਜਾਣੂੰ ਕਰਵਾਉਣਾ ਹੈ।

ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ., ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ ਅਤੇ ਹੋਰ ਹਾਜ਼ਰ ਸਨ।

## ਬੰਗਲਾਦੇਸ਼ ਜਹਾਜ਼ ਹਾਦਸੇ ’ਚ 16 ਵਿਦਿਆਰਥੀਆਂ

ਕਰਵਾਇਆ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਢਾਕਾ ਦੇ ਉੱਤਰੀ ਖੇਤਰ ਉੱਤਰਾ ਵਿੱਚ ਮਾਈਲਸਟੋਨ ਸਕੂਲ ਅਤੇ ਕਾਲਜ ਵਿੱਚ ਵਾਪਰੀ। ਇਸ ਹਾਦਸੇ ਨੇ ਲੋਕਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਸ ਦੌਰਾਨ, ਬੰਗਲਾਦੇਸ਼ ਫੌਜ ਦੇ ਲੋਕ ਸੰਪਰਕ ਵਿਭਾਗ ਨੇ ਇੱਕ ਬਿਆਨ ਵਿੱਚ ਕਿਹਾ ਕਿ ਬੰਗਲਾਦੇਸ਼ ਹਵਾਈ ਸੈਨਾ ਦਾ ਐਫ-7 ਬੀ.ਜੀ.ਆਈ. ਸਿਖਲਾਈ ਜਹਾਜ਼ ਉੱਤਰਾ ਵਿੱਚ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਨੇ AC:@F (@G@F GMT) ’ਤੇ ਉਡਾਣ ਭਰੀ। ਬੰਗਲਾਦੇਸ਼ ਹਵਾਈ ਸੈਨਾ ਦਾ ਇੱਕ ਸਿਖਲਾਈ ਜੈੱਟ ਐਫ-7 ਬੀ.ਜੀ.ਆਈ. ਸਕੂਲ ਦੀ ਇਮਾਰਤ ਨਾਲ ਟਕਰਾਉਣ ਤੋਂ ਬਾਅਦ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਦੇ ਕਰੈਸ਼ ਹੋਣ ਤੋਂ ਬਾਅਦ,ਅਸਮਾਨ ਵਿੱਚ ਧੂੰਏਂ ਦਾ ਬੱਦਲ ਦਿਖਾਈ ਦਿੱਤਾ। ਇਸ ਨੂੰ ਦੂਰੋਂ ਦੇਖਿਆ ਜਾ ਸਕਦਾ ਸੀ। ਹਾਦਸੇ ਤੋਂ ਤੁਰੰਤ ਬਾਅਦ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ। ਫਾਇਰਫਾਈਟਰਜ਼ ਨੇ ਜਹਾਜ਼ ਦੇ ਨੁਕਸਾਨੇ ਗਏ ਅਵਸ਼ੇਸ਼ਾਂ ’ਤੇ ਪਾਣੀ ਦਾ ਛਿੜਕਾਅ ਕੀਤਾ। ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਜਾ ਰਿਹਾ ਹੈ। ਇਹ ਧਿਆਨ ਦੇਣ ਯੋਗ ਹੈ ਕਿ ਸੋਮਵਾਰ ਦੁਪਹਿਰ ਨੂੰ, ਬੰਗਲਾਦੇਸ਼ ਹਵਾਈ ਸੈਨਾ ਦਾ ਇੱਕ ਐਫ-7 ਜਹਾਜ਼ ਢਾਕਾ ਦੇ ਮਾਈਲਸਟੋਨ ਸਕੂਲ ਅਤੇ ਕਾਲਜ ਕੈਂਪਸ ਵਿੱਚ ਹਾਦਸਾਗ੍ਰਸਤ ਹੋ ਗਿਆ ਸੀ। ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ, ਬੰਗਲਾਦੇਸ਼ ਫੌਜ ਦੇ ਜਵਾਨਾਂ ਦੇ ਨਾਲ ਫਾਇਰ ਸਰਵਿਸ ਅਤੇ ਸਿਵਲ ਡਿਫੈਂਸ ਦੀਆਂ ਅੱਠ ਇਕਾਈਆਂ ਮੌਕੇ ’ਤੇ ਪਹੁੰਚ ਗਈਆਂ। ਮੌਕੇ ’ਤੇ ਖੋਜ ਅਤੇ ਬਚਾਅ ਕਾਰਜ ਅਜੇ ਵੀ ਜਾਰੀ ਹਨ।

ਮੁਹੰਮਦ ਯੂਨਸ ਨੇ ਦੁੱਖ ਪ੍ਰਗਟ ਕੀਤਾ: ਅੰਤਰਿਮ ਸਰਕਾਰ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਸ ਨੇ ਸੋਮਵਾਰ ਨੂੰ ਰਾਜਧਾਨੀ ਢਾਕਾ ਵਿੱਚ ਵਾਪਰੇ ਜਹਾਜ਼ ਹਾਦਸੇ ਦੀ ਘਟਨਾ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਸਮਾਚਾਰ ਏਜੰਸੀ ਦੇ ਅਨੁਸਾਰ, ਮੁਹੰਮਦ ਯੂਨਸ ਨੇ ਇਸ ਘਟਨਾ ਨੂੰ ਬੰਗਲਾਦੇਸ਼ ਹਵਾਈ ਸੈਨਾ ਅਤੇ ਹੋਰ ਪ੍ਰਭਾਵਿਤ ਲੋਕਾਂ ਲਈ ਇੱਕ ਨਾ ਪੂਰਾ ਹੋਣ ਵਾਲਾ ਨੁਕਸਾਨ ਦੱਸਿਆ। ਮੈਂ ਜ਼ਖਮੀਆਂ ਦੀ ਜਲਦੀ ਸਿਹਤਯਾਬੀ ਲਈ ਪ੍ਰਾਰਥਨਾ ਕਰਦਾ ਹਾਂ ਅਤੇ ਹਸਪਤਾਲਾਂ ਸਮੇਤ ਸਾਰੇ ਸਬੰਧਤ ਅਧਿਕਾਰੀਆਂ ਨੂੰ ਸਥਿਤੀ ਨੂੰ ਸਭ ਤੋਂ ਵੱਧ ਤਰਜੀਹ ਨਾਲ ਹੱਲ ਕਰਨ ਦਾ ਨਿਰਦੇਸ਼ ਦਿੰਦਾ ਹਾਂ। ਸਰਕਾਰ ਹਾਦਸੇ ਦੇ ਕਾਰਨਾਂ ਦੀ ਜਾਂਚ ਕਰਨ ਲਈ ਜ਼ਰੂਰੀ ਕਦਮ ਚੁੱਕੇਗੀ ਅਤੇ ਹਰ ਸੰਭਵ ਸਹਾਇਤਾ ਯਕੀਨੀ ਬਣਾਏਗੀ,ਉਸ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਇੱਕ ਪੋਸਟ ਵਿੱਚ ਲਿਖਿਆ।

## ਅੰਬਾਲਾ ’ਚ ਡਿੱਗਿਆ ਫ਼ੌਜ ਦਾ ਡਰੋਨ

ਮਿਲਣ ਤੋਂ ਬਾਅਦ, ਬਲਦੇਵ ਨਗਰ ਪੁਲਿਸ ਸਟੇਸ਼ਨ ਇੰਚਾਰਜ ਅਤੇ ਆਰਮੀ ਇੰਟੈਲੀਜੈਂਸ 1812 ਯੂਨਿਟ ਅਤੇ ਭਾਰਤੀ ਹਵਾਈ ਸੇਵਾ ਟੀਮ ਨੇ ਮੌਕੇ ’ਤੇ ਪਹੁੰਚ ਕੇ ਡਰੋਨ ਨੂੰ ਕਬਜ਼ੇ ਵਿੱਚ ਲੈ ਲਿਆ ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਇਸ ਦੌਰਾਨ ਇੱਕ ਚਸ਼ਮਦੀਦ ਗਵਾਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਧੂਲਕੋਟ ਪਿੰਡ ਵਿੱਚ ਅਚਾਨਕ ਇੱਕ ਡਰੋਨ ਸੜਕ ’ਤੇ ਡਿੱਗ ਗਿਆ ਸੀ। ਇਸ ਦੌਰਾਨ ਇੱਕ ਮਹਿਲਾ ਵੀ ਵਾਲ-ਵਾਲ ਬਚ ਗਈ। ਇਸ ਬਾਰੇ ਪੁਲਿਸ ਨੂੰ ਸੂਚਨਾ ਦਿੱਤੀ ਗਈ ਅਤੇ ਸੂਚਨਾ ਮਿਲਦੇ ਹੀ ਪੁਲਿਸ ਸੀ ਸਿਟੀ ਵਿੱਚ ਮੌਕੇ ’ਤੇ ਪਹੁੰਚੀ ਅਤੇ ਡਰੋਨ ਨੂੰ ਆਪਣੇ ਨਾਲ ਲੈ ਗਈ।

## ਹਿਮਾਚਲ ਪ੍ਰਦੇਸ਼ ’ਚ ਭਾਰੀ ਮੀਂਹ

ਕਾਂਗੜਾ, ਚੰਬਾ, ਸ਼ਿਮਲਾ, ਸਿਰਮੌਰ, ਸੋਲਨ, ਊਨਾ, ਬਿਲਾਸਪੁਰ, ਹਮੀਰਪੁਰ ਅਤੇ ਕੁੱਲੂ ਜ਼ਿਲ੍ਹਿਆਂ ਵਿੱਚ ਲਗਾਤਾਰ ਭਾਰੀ ਬਾਰਿਸ਼ ਹੋ ਰਹੀ ਹੈ। ਮੰਡੀ ਜ਼ਿਲ੍ਹੇ ਦੇ ਥੁਨਾਗ, ਕੁੱਲੂ ਜ਼ਿਲ੍ਹੇ ਦੇ ਅਨੀ, ਸ਼ਿਮਲਾ ਜ਼ਿਲ੍ਹੇ ਦੇ ਰੋਹੜੂ, ਜੁੱਬਲ, ਕੁਮਾਰਸੈਨ, ਚੌਪਾਲ ਅਤੇ ਸੁੰਨੀ ਦੀ ਜਲੂਗ ਉਪ-ਤਹਿਸੀਲ ਸਮੇਤ ਕਈ ਸਬ-ਡਿਵੀਜ਼ਨਾਂ ਵਿੱਚ ਸਕੂਲ ਅਤੇ ਆਂਗਣਵਾੜੀ ਕੇਂਦਰ ਬੰਦ ਰੱਖੇ ਗਏ ਹਨ। ਥਿਓਗ ਵਿੱਚ ਵੀ ਸੰਪਰਕ ਸੜਕਾਂ ਬੰਦ ਹੋਣ ਕਾਰਨ, ਐਸਡੀਐਮ ਨੇ ਵਿਦਿਅਕ ਸੰਸਥਾਵਾਂ ਵਿੱਚ ਇੱਕ ਦਿਨ ਦੀ ਛੁੱਟੀ ਦਾ ਐਲਾਨ ਕੀਤਾ ਹੈ। ਭਾਰੀ ਮੀਂਹ ਕਾਰਨ ਚੰਬਾ ਦੇ ਮਾਹਲਾ ਵਿੱਚ ਚੜ੍ਹੀ ਪੰਚਾਇਤ ਦੇ ਸੁਤਾਹ ਪਿੰਡ ਵਿੱਚ ਇੱਕ ਨਵ-ਵਿਆਹੇ ਜੋੜੇ ਦੀ ਘਰ ’ਤੇ ਭਾਰੀ ਪੱਥਰ ਡਿੱਗਣ ਨਾਲ ਮੌਤ ਹੋ ਗਈ। ਕੁੜੀ ਆਪਣੇ ਪਤੀ ਨਾਲ ਆਪਣੇ ਮਾਪਿਆਂ ਦੇ ਘਰ ਆਈ ਸੀ ਅਤੇ ਰਾਤ ਨੂੰ ਹੋਏ ਹਾਦਸੇ ਵਿੱਚ ਦੋਵਾਂ ਦੀ ਜਾਨ ਚਲੀ ਗਈ। ਮੰਡੀ-ਕੁੱਲੂ ਰਾਸ਼ਟਰੀ ਰਾਜਮਾਰਗ ’ਤੇ, ਮੀਲ 4 ਅਤੇ ਮੀਲ 9 ਦੇ ਵਿਚਕਾਰ, ਫਿਸਲਣ ਵਾਲੀਆਂ ਸਥਿਤੀਆਂ ਅਤੇ ਪੱਥਰ ਡਿੱਗਣ ਕਾਰਨ ਸਿਰਫ਼ ਇੱਕ ਪਾਸੇ ਦੀ ਆਵਾਜਾਈ ਰੁਕ-ਰੁਕ ਕੇ ਚੱਲ ਰਹੀ ਹੈ। ਪੰਡੋਹ-ਔਟ ਸੜਕ ਵੀ ਬੰਦ ਹੈ, ਜਦੋਂ ਕਿ ਸਿਰਮੌਰ ਜ਼ਿਲ੍ਹੇ ਵਿੱਚ ਐਨਐਚ-707 ਸ਼ਿਲਾਈ-ਲਾਲਧੰਗ ਅਤੇ ਔਟ-ਲੂਹਰੀ ਰਾਸ਼ਟਰੀ ਰਾਜਮਾਰਗ 305 ’ਤੇ ਵੀ ਢਿੱਗਾਂ ਡਿੱਗਣ ਕਾਰਨ ਆਵਾਜਾਈ ਪ੍ਰਭਾਵਿਤ ਹੈ। ਸ਼ਿਮਲਾ ਜ਼ਿਲ੍ਹੇ ਦੇ ਉੱਪਰੀ ਇਲਾਕਿਆਂ ਵਿੱਚ ਕਈ ਸੜਕਾਂ ਵੀ ਜ਼ਮੀਨ ਖਿਸਕਣ ਕਾਰਨ ਬੰਦ ਹਨ। ਸੋਮਵਾਰ ਸਵੇਰ ਤੱਕ, ਮੰਡੀ ਜ਼ਿਲ੍ਹੇ ਵਿੱਚ ਵੱਧ ਤੋਂ ਵੱਧ 310 ਸੜਕਾਂ ਬੰਦ ਹਨ। ਸਿਰਮੌਰ ਵਿੱਚ 52, ਚੰਬਾ ਵਿੱਚ 39 ਅਤੇ ਕੁੱਲੂ ਵਿੱਚ 33 ਸੜਕਾਂ ਬੰਦ ਹਨ। ਮੰਡੀ ਜ਼ਿਲ੍ਹੇ ਵਿੱਚ 390, ਸੋਲਨ ਵਿੱਚ 259, ਚੰਬਾ ਵਿੱਚ 214, ਸਿਰਮੌਰ ਵਿੱਚ 169 ਅਤੇ ਕੁੱਲੂ ਵਿੱਚ 111 ਪਾਵਰ ਟ੍ਰਾਂਸਫਾਰਮਰ ਬੰਦ ਹਨ। ਅਜਿਹੀ ਸਥਿਤੀ ਦੇ ਮੱਦੇਨਜ਼ਰ, ਕਈ ਡੈਮਾਂ ਤੋਂ ਵੀ ਪਾਣੀ ਛੱਡਿਆ ਜਾ ਰਿਹਾ ਹੈ। ਅੱਜ ਸਵੇਰੇ 10 ਵਜੇ ਕੋਲਡਮ ਤੋਂ ਪਾਣੀ ਛੱਡਣਾ ਸ਼ੁਰੂ ਹੋ ਗਿਆ ਹੈ, ਜਿਸ ਕਾਰਨ ਨਦੀ ਦੇ ਪਾਣੀ ਦਾ ਪੱਧਰ 4-5 ਮੀਟਰ ਵਧ ਗਿਆ ਹੈ। ਲਾਰਜੀ ਡੈਮ ਤੋਂ ਵੀ ਪਾਣੀ ਛੱਡਿਆ ਗਿਆ ਹੈ ਅਤੇ ਐਨ.ਜੇ.ਐਚ.ਪੀ.ਐਸ. ਨਾਥਪਾ ਡੈਮ ਤੋਂ ਸਤਲੁਜ ਦਰਿਆ ਵਿੱਚ ਵਾਧੂ ਪਾਣੀ ਵੀ ਛੱਡਿਆ ਜਾ ਰਿਹਾ ਹੈ। ਲੋਕਾਂ ਅਤੇ ਸੈਲਾਨੀਆਂ ਨੂੰ ਨਦੀਆਂ ਅਤੇ ਨਾਲਿਆਂ ਤੋਂ ਦੂਰ ਰਹਿਣ ਦੀ ਸਖ਼ਤ ਚੇਤਾਵਨੀ ਦਿੱਤੀ ਗਈ ਹੈ। ਸਟੇਟ ਐਮਰਜੈਂਸੀ ਆਪ੍ਰੇਸ਼ਨ ਸੈਂਟਰ ਦੇ ਅਨੁਸਾਰ, ਰਾਜ ਵਿੱਚ ਮੀਂਹ ਨਾਲ ਸਬੰਧਤ ਘਟਨਾਵਾਂ ਵਿੱਚ ਹੁਣ ਤੱਕ 121 ਲੋਕਾਂ ਦੀ ਮੌਤ ਹੋ ਗਈ ਹੈ ਅਤੇ 34 ਲਾਪਤਾ ਹਨ, ਜਦੋਂ ਕਿ 215 ਲੋਕ ਜ਼ਖ਼ਮੀ ਹਨ ਅਤੇ 34 ਅਜੇ ਵੀ ਲਾਪਤਾ ਹਨ। ਮੰਡੀ ਵਿੱਚ ਸਭ ਤੋਂ ਵੱਧ 21 ਮੌਤਾਂ ਹੋਈਆਂ ਹਨ ਅਤੇ 27 ਲੋਕ ਲਾਪਤਾ ਹਨ। ਇਸ ਤੋਂ ਇਲਾਵਾ ਕਾਂਗੜਾ ਵਿੱਚ 19, ਕੁੱਲੂ ਵਿੱਚ 15, ਚੰਬਾ ਵਿੱਚ 10, ਊਨਾ, ਸੋਲਨ ਅਤੇ ਹਮੀਰਪੁਰ ਵਿੱਚ 9-9, ਅਤੇ ਸ਼ਿਮਲਾ ਅਤੇ ਬਿਲਾਸਪੁਰ ਵਿੱਚ 8-8 ਲੋਕਾਂ ਦੀ ਮੌਤ ਹੋਈ ਹੈ। ਮੌਸਮ ਵਿਭਾਗ ਨੇ ਅੱਜ ਦੁਪਹਿਰ ਤੱਕ ਸ਼ਿਮਲਾ, ਸਿਰਮੌਰ, ਚੰਬਾ, ਕਾਂਗੜਾ ਅਤੇ ਮੰਡੀ ਜ਼ਿਲ੍ਹਿਆਂ ਵਿੱਚ ਕੁਝ ਥਾਵਾਂ ’ਤੇ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਹੈ। ਮੌਸਮ ਵਿਭਾਗ ਦੀ ਰਿਪੋਰਟ ਅਨੁਸਾਰ, ਕਾਂਗੜਾ ਵਿੱਚ ਸਭ ਤੋਂ ਵੱਧ 147 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ। ਇਸ ਤੋਂ ਇਲਾਵਾ ਕਾਂਗੜਾ ਜ਼ਿਲ੍ਹੇ ਦੇ ਨਗਰੋਟਾ ਸੂਰੀਆਂ ਵਿੱਚ 127 ਮਿਲੀਮੀਟਰ, ਚੰਬਾ ਜ਼ਿਲ੍ਹੇ ਦੇ ਚੁਆੜੀ ਵਿੱਚ 118 ਮਿਲੀਮੀਟਰ, ਮੰਡੀ ਵਿੱਚ 113 ਮਿਲੀਮੀਟਰ, ਜੋਗਿੰਦਰਨਗਰ ਵਿੱਚ 100 ਮਿਲੀਮੀਟਰ, ਨਾਹਨ ਵਿੱਚ 95 ਮਿਲੀਮੀਟਰ, ਪੰਡੋਹ ਵਿੱਚ 86 ਮਿਲੀਮੀਟਰ, ਪਛੜ ਵਿੱਚ 85 ਮਿਲੀਮੀਟਰ, ਕੁੰਭੜਾਂ ਵਿੱਚ 76 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ।

## ਬਠਿੰਡਾ-ਭੁੱਚੋ ਰੋਡ ’ਤੇ ਟਰੱਕ-ਕਾਰ ਦੀ

ਤੋੜ ਦਿੱਤਾ। ਮ੍ਰਿਤਕਾਂ ਦੀ ਪਛਾਣ ਮਨਪ੍ਰੀਤ ਉਰਫ਼ ਮਨੀ, ਜੋਬਨਪ੍ਰੀਤ ਅਤੇ ਹਰਮਨ ਵਾਸੀ ਮੰਡੀ ਕਲਾਂ ਅਤੇ ਰਮਨਪ੍ਰੀਤ ਕੌਰ ਵਾਸੀ ਮਹਿਤਾ ਵਜੋਂ ਹੋਈ ਹੈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਥਾਣਾ ਕੈਂਟ ਦੀ ਪੁਲਿਸ ਮੌਕੇ ’ਤੇ ਪਹੁੰਚ ਗਈ। ਪੁਲਿਸ ਨੇ ਸਮਾਜ ਸੇਵੀ ਸੰਸਥਾਵਾਂ ਦੀ ਮਦਦ ਨਾਲ ਲਾਸ਼ਾਂ ਨੂੰ ਕਾਰ ਵਿੱਚੋਂ ਬਾਹਰ ਕੱਢ ਕੇ ਬਠਿੰਡਾ ਦੇ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਪਹੁੰਚਾ ਦਿੱਤਾ ਹੈ। ਥਾਣਾ ਕੈਂਟ ਦੀ ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਹਾਦਸੇ ਦੇ ਸਹੀ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ।

## ਥਾਰ ਵਾਲੀ ਬਰਖ਼ਾਸਤ ਕਾਂਸਟੇਬਲ ਅਮਨਦੀਪ

ਲਈ ਸੁਪਰੀਮ ਕੋਰਟ ਜਾਣਾ ਪਵੇਗਾ। ਅਮਨਦੀਪ ਕੌਰ ਉਦੋਂ ਸੁਰਖੀਆਂ ਵਿੱਚ ਆਈ ਜਦੋਂ 2 ਅਪ੍ਰੈਲ, 2025 ਨੂੰ ਉਸ ਨੂੰ ਬਠਿੰਡਾ ਵਿੱਚ ਇੱਕ ਕਾਲੇ ਮਹਿੰਦਰਾ ਥਾਰ ਤੋਂ 17.71 ਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਨੂੰ ਉਸੇ ਦਿਨ ਮੁਅੱਤਲ ਅਤੇ ਬਰਖਾਸਤ ਕਰ ਦਿੱਤਾ ਗਿਆ ਸੀ। ਇਹ ਮਾਮਲਾ ਹੌਲੀ-ਹੌਲੀ ਹਾਈ-ਪ੍ਰੋਫਾਈਲ ਹੋ ਗਿਆ। ਇਸ ਤੋਂ ਬਾਅਦ ਅਮਨਦੀਪ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਉਸ ਨੂੰ ਇੱਕ ਸਾਜ਼ਿਸ਼ ਤਹਿਤ ਫਸਾਇਆ ਗਿਆ ਹੈ। ਹਾਲਾਂਕਿ ਅਦਾਲਤ ਦਾ ਪੂਰਾ ਹੁਕਮ ਹੁਣ ਤੱਕ ਸਾਹਮਣੇ ਨਹੀਂ ਆਇਆ ਹੈ, ਪਰ ਜ਼ਮਾਨਤ ਅਰਜ਼ੀ ਰੱਦ ਹੋਣ ਨੂੰ ਇੱਕ ਝਟਕਾ ਮੰਨਿਆ ਜਾ ਰਿਹਾ ਹੈ। ਸਰਕਾਰੀ ਵਕੀਲ ਦਾ ਕਹਿਣਾ ਹੈ ਕਿ ਸਾਰੀ ਕਾਰਵਾਈ ਨਿਯਮਾਂ ਮੁਤਾਬਕ ਕੀਤੀ ਗਈ ਹੈ। ਉਨ੍ਹਾਂ ਨੇ ਅਦਾਲਤ ਵਿੱਚ ਐਫ.ਆਈ.ਆਰ. ਦੀ ਕਾਪੀ ਵੀ ਪੇਸ਼ ਕੀਤੀ। ਦੱਸ ਦੇਈਏ ਕਿ ਅਮਨਦੀਪ ਕੌਰ ਕੋਲੋਂ 2 ਅਪ੍ਰੈਲ, 2025 ਨੂੰ ਥਾਰ ਵਿਚੋਂ 17.71 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ ਤੇ ਉਸ ਨੂੰ ਮੌਕੇ ‘ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਸ ਨੂੰ ਉਸੇ ਦਿਨ ਮੁਅੱਤਲ ਅਤੇ ਬਰਖਾਸਤ ਕਰ ਦਿੱਤਾ ਗਿਆ। 1-2 ਮਈ ਨੂੰ 50,000 ਰੁਪਏ ਦੇ ਨਿੱਜੀ ਮੁਚਲਕੇ ‘ਤੇ ਜ਼ਮਾਨਤ ਉਸ ਨੂੰ ਮਿਲ ਗਈ ਸੀ, ਜਦਕਿ 26 ਮਈ ਨੂੰ ਵਿਜੀਲੈਂਸ ਬਿਊਰੋ ਨੇ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਉਸ ਨੂੰ ਦੁਬਾਰਾ ਗ੍ਰਿਫ਼ਤਾਰ ਕਰ ਲਿਆ ਤੇ ਉਸ ਦੀ 1.35 ਕਰੋੜ ਰੁਪਏ ਦੀ ਕੁੱਲ ਜਾਇਦਾਦ ਜ਼ਬਤ ਕੀਤੀ।

## ਦੇਸ਼ ਦੇ ਜਨਤਕ ਮੁੱਦਿਆਂ ਲਈ

ਅੱਜ ਸੰਸਦ ਵਿਚ ਰਾਜਨੀਤਿਕ ਪਾਰਟੀਆਂ ਦੇ ਰਵਈਏ ਬਾਰੇ ਵਿਸਥਾਰ ਨਾਲ ਚਰਚਾ ਕਰਨ ਉਪਰੰਤ ਇਸ ਨਾਲ ਪੁਰਾਣਾ ਦ੍ਰਿਸ਼ ਹੀ ਦਿਖਾਈ ਦਿੰਦਾ ਹੈ। ਵਿਰੋਧ ਦੀ ਆਵਾਜ਼ ਨਾ ਗੂੰਜੇ — ਇਹ ਰਵੱਈਆ ਸਿਰਫ਼ ਬੁਰਾ ਹੀ ਨਹੀਂ, ਸਗੋਂ ਖਤਰਨਾਕ ਵੀ ਹੈ।

ਅੱਜ ਵਿਰੋਧੀ ਧਿਰ (ਖਾਸ ਕਰਕੇ IN-491 ਬਲਾਕ, ਜਿਸ ਵਿੱਚ Congress, TMC, DMK, AAP ਆਦਿ ਸ਼ਾਮਲ ਹਨ) ਨੇ ਅੱਜ ਵੀ ਜਿਵੇਂ ਹੀ ਸਦਨ ਦੀ ਕਾਰਵਾਈ ਸ਼ੁਰੂ ਹੋਈ, ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਵਾਕਆਉਟ ਕਰ ਦਿੱਤਾ। ਉਹਨਾਂ ਦੀ ਮੰਗ ਸੀ ਕਿ ਸਰਕਾਰ ਪਹਿਲਗਾਮ ਹਮਲੇ ਅਤੇ ਟਰੰਪ ਦੇ ਦਾਅਵਿਆਂ ’ਤੇ ਸਿਧਾ ਪ੍ਰਧਾਨ ਮੰਤਰੀ ਜਵਾਬ ਦੇਣ ਤੇ ਆਪਰੇਸ਼ਨ ਸਿੰਧੂਰ ਦੀ ਪਾਰਦਰਸ਼ੀ ਚਰਚਾ ਹੋਵੇ।

ਅੱਜ ਫਿਰ ਪਾਰਲੀਮੈਂਟ ਵਿੱਚ ਸ਼ੋਰ ਸ਼ਰਾਬਾ ਹੋਇਆ ਅਤੇ, ਹਕੀਕਤ ਇਹ ਵੀ ਹੈ ਕਿ ਇਹ ਮੁੱਦੇ ਚਰਚਾ ਦੀ ਬਜਾਏ ਨਾਅਰਿਆਂ ਅਤੇ ਹੰਗਾਮੇ ਦੀ ਭੇਂਟ ਚੜ੍ਹ ਗਏ। ਇਹ ਸਰਗਰਮ ਸੰਵਾਦ ਦੀ ਥਾਂ ਰੋਕਟੋਕ ਦੀ ਰਣਨੀਤੀ ਬਣ ਚੁੱਕੀ ਹੈ। ਸਰਕਾਰ ਪੱਖੀ ਪਾਰਟੀਆਂ ਦੀ ਚੁਣਿੰਦੀ ਚਰਚਾ ਦੀ ਰਵਾਇਤ ਅਨੁਸਾਰ ਭਾਜਪਾ ਅਤੇ ਉਸਦੇ ਸਹਿਯੋਗੀ ਪੱਖ ਵੱਲੋਂ ਵੀ ਇੱਕ ਤਰ੍ਹਾਂ ਦੀ ਅਹੰਕਾਰੀ ਸਥਿਤੀ ਦੇਖੀ ਗਈ।

ਸਰਕਾਰ ਨੇ ਪਾਰਲੀਮੈਂਟ ਵਿੱਚ ਕਿਹਾ ਕਿ ਸੰਵਿਧਾਨਕ ਪੱਧਰ ’ਤੇ ਸਰਕਾਰ ਚਰਚਾ ਲਈ ਤਿਆਰ ਹੈ, ਪਰ ਠੀਕ ਢੰਗ ਨਾਲ। ਪਰ ਪ੍ਰਧਾਨ ਮੰਤਰੀ ਜਾਂ ਗ੍ਰਹਿ ਮੰਤਰੀ ਵੱਲੋਂ ਕੋਈ ਸਿੱਧਾ ਬਿਆਨ ਨਾ ਆਉਣਾ, ਕਈ ਵਾਰ ਚੁੱਪ ਰਹਿਣ ਦੀ ਰਣਨੀਤੀ ਵੀ ਵਿਰੋਧੀਆਂ ਨੂੰ ਹੋਰ ਉਕਸਾਉਂਦੀ ਨਜ਼ਰ ਆਈ ਹੈ।

÷ਮੈਂ-ਮੈਂ÷ ਅਤੇ ਦਲਾਂ ਦੀ ਸਵੈ-ਕੇਂਦਰਤ ਰਣਨੀਤੀ ਨਾਲ ਸਭ ਤੋਂ ਗੰਭੀਰ ਚਿੰਤਾ ਇਹ ਹੈ ਕਿ ਸੰਸਦ ਵਿੱਚ ਹਾਲੀਆ ਦਿਨਾਂ ’ਚ ਮੈਂ-ਮੈਂ ਦੀ ਰਵਾਇਤ ਵਧੀ ਹੈ, ਜਿਸ ਵਿੱਚ ਪਾਰਟੀਆਂ ਦਾ ਰਵੱਈਆ ਕਾਰ ਆਤਮਕ ਰਿਹਾ ਹੈ ਤੇ ਨਤੀਜਾ ਵਿਰੋਧੀ ਧਿਰ ਦਾ ਕਹਿਣਾ ਕਿ ਸਾਨੂੰ ਨਹੀਂ ਬੋਲਣ ਦਿੱਤਾ ਜਾਂਦਾ ਹੈ ਅਤੇ ਸਦਨ ਦੀ ਕਾਰਵਾਈ ਰੁਕ ਜਾਂਦੀ ਹੈ।

ਸਰਕਾਰ ਕਾਨੂੰਨ ਅਨੁਸਾਰ ਚਲਣਾ ਚਾਹੀਦਾ ਹੈ ਅਤੇ ਸੰਵਾਦ ਦੀ ਥਾਂ ਟਕਰਾਅ ਤੇ ਸਪੀਕਰ ਇੱਕ ਨਿਰਧਾਰਿਤ ਆਰਡਰ ਪੜ੍ਹ ਕੇ ਸੰਸਦ ਨੂੰ ਮੁਲਤਵੀ ਕਰ ਦਿੰਦੇ ਹਨ।

ਭਾਰਤੀ ਸੰਸਦ ਵਿੱਚ ਸਰਗਰਮ ਕੰਮ ਦੀ ਕਮੀ ਹੈ ਅਤੇ ਅੱਜ ਦੀ ਕਾਰਵਾਈ ’ਚ 6 ਮੁੱਖ ਬਿੱਲ ਸੂਚੀਬੱਧ ਸਨ, ਪਰ ਕੋਈ ਵੀ ਪਾਸ ਨਹੀਂ ਹੋਇਆ। ਕਾਰਵਾਈ ਦਿਨ ਵਿੱਚ 3 ਵਾਰੀ ਮੁਲਤਵੀ ਹੋਈ ਤੇ ਨਾ ਹੀ ਕੋਈ ਵਿਤੀ ਵਿਸਥਾਰ, ਨਾ ਕਿਸੇ ਆਮ ਜਨਤਕ ਮੁੱਦੇ ’ਤੇ ਗੰਭੀਰ ਵਾਤਾਵਰਣ ਬਣਿਆ।

ਸੰਸਦ ਦਾ ਇਸ ਤਰ੍ਹਾਂ ਬਾਰ-ਬਾਰ ਮੁਲਤਵੀ ਹੋਣਾ ਤੇ ਜਨਤਕ ਮੁੱਦਿਆਂ ਤੇ ਬਹਿਸ ਲਈ ਸਮਾਂ ਹੀ ਨਾ ਦੇਣਾ ਅਸਲ ਵਿੱਚ ਵਿਚਾਰਕ ਲੋਕਤੰਤਰ ਦੀ ਪ੍ਰਮਾਣਿਕਤਾ ’ਤੇ ਖਤਰਾ ਹੈ।

ਸੰਸਦ ਲੋਕਤੰਤਰ ਦੀ ਸਭ ਤੋਂ ਉੱਚੀ ਪੰਚਾਇਤ ਹੈ। ਪਰ ਜਦੋਂ ਸਰਕਾਰ ਸਿਰਫ਼ ਆਪਣੇ ਬਿਲ ਪਾਸ ਕਰਨ ਲਈ ਸੰਸਦ ਚਲਾਉਂਦੀ ਹੈ ਅਤੇ ਵਿਰੋਧੀ ਸਿਰਫ਼ ਪੂਰਾ ਦਿਨ ਹੰਗਾਮੇ ਅਤੇ ਨਾਅਰੇਬਾਜ਼ੀ ਕਰਦੇ ਹਨ ਤੇ ਸੰਵਿਧਾਨਕ ਚਰਚਾ ਗੁੰਝਲ ਵਿੱਚ ਰਹਿ ਜਾਂਦੀ ਹੈ।

ਸੰਸਦ ਦੇ ਅਸਲ ਉਦੇਸ਼, ਯਾਨੀ ਵਾਤਾਵਰਣ ਰਾਹੀਂ ਨੀਤੀ, ਜਵਾਬਦੇਹੀ ਅਤੇ ਨਿਯਮਤ ਵਿਚਾਰ-ਵਟਾਂਦਰਾ, ਹਾਸਲ ਨਹੀਂ ਹੁੰਦਾ ਹੈ।

ਅਸਲ ਵਿੱਚ ਜਨਤਕ ਮੁੱਦਿਆਂ ਲਈ ਵਿਰੋਧੀ ਧਿਰ ਚਰਚਾ ਲਈ ਦਬਾਅ ਪਾਵੇ, ਪਰ ਹੰਗਾਮੇ ਰਾਹੀਂ ਨਹੀਂ ਤੇ ਸਰਕਾਰ ਪ੍ਰਧਾਨ ਮੰਤਰੀ/ਮੰਤਰੀਆਂ ਰਾਹੀਂ ਸਿੱਧਾ ਅਤੇ ਪਾਰਦਰਸ਼ੀ ਜਵਾਬ ਦੇਵੇ।ਮੀਡੀਆ ਅਤੇ ਜਨਤਾ, ਦੋਹਾਂ, ਸੰਸਦ ਦੇ ਕੰਮਕਾਜ ਦੀ ਮੰਗ ਕਰਦੇ ਵਿਸ਼ੇ ਨੂੰ ਲੋਕ ਬਹਿਸ ਬਨਾਉਣ ਕਿਉਂਕਿ ਭਾਰਤੀ ਸੰਸਦ ਹੀ ਇੱਕ ਅਜਿਹੀ ਜਗ੍ਹਾ ਹੈ, ਜਿੱਥੇ ਜਨਤਕ ਮੁੱਦਿਆਂ ਅਤੇ ਜਨਤਾ ਦੀ ਸਮੱਸਿਆਵਾਂ ਬਾਰੇ ਸਿੱਧੀ ਸਰਕਾਰ ਤੋਂ ਪਾਰਦਰਸ਼ਕ ਢੰਗ ਨਾਲ ਜਵਾਬ ਦੇਹੀ ਦੀ ਮੰਗ ਕੀਤੀ ਜਾ ਸਕਦੀ ਹੈ ਤੇ ਲੱਗਦਾ ਹੈ ਇਹ ਸਾਡੀਆਂ ਵਿਰੋਧੀ ਪਾਰਟੀਆਂ ਇੱਕ ਰਵਾਇਤੀ ਏਜੰਡੇ ਤੇ ਚਲਦੀਆਂ ਹਨ ਕਿ ਬਹਿਸ ਨਾ ਹੋਵੇ । ਸਿਰਫ਼ ਤੇ ਸਿਰਫ਼ ਹੰਗਾਮੇਬਾਜ਼ੀ ਹੋਵੇ ਤਾਂ ਕਿ ਸੁਰਖੀਆਂ ਬਣਨ ।

ਇਹ ਵੋਟਾਂ ਦੀ ਰਾਜਨੀਤੀ ਕਿਤੇ ਨਾ ਕਿਤੇ ਸੰਸਦ ਦੇ ਮਕਸਦ ਨੂੰ ਪੂਰਾ ਨਹੀਂ ਕਰਦੀਆ ਕਿਉਂਕਿ ਭਾਰਤੀ ਲੋਕਤੰਤਰ ਦਾ ਉਹ ਮੰਦਰ ਹੈ, ਜਿਸ ਵਿੱਚ ਲੋਕ ਸ਼ਕਤੀ ਅਤੇ ਲੋਕਾਂ ਦੀ ਆਵਾਜ਼ ਹੈ ਤੇ ਉਹ ਆਵਾਜ਼ ਵਿਰੋਧੀ ਪਾਰਟੀਆਂ ਤੇ ਸਰਕਾਰ ਦੀ ਬਹਿਸ ਨਾਲ ਹੀ ਆ ਸਕਦੀ ਹੈ।ਆਓ ਦੇਖਦੇ ਹਾਂ ਕਿ ਆਉਣ ਵਾਲੇ ਦਿਨਾਂ ਵਿੱਚ ਕਿ ਇਹ ਸੰਸਦ ਕਿਵੇਂ ਜਨਤਕ ਮੁੱਦਿਆਂ ’ਤੇ ਬਹਿਸ ਕਰਦੀ ਹੈ ਅਤੇ ਉਸ ਨਾਲ ਦੇਸ਼ ਦੇ ਵਿਕਾਸ ਦੀ ਕੋਈ ਗੱਲ ਨਵੀਂ ਤਰ੍ਹਾਂ ਸ਼ੁਰੂ ਹੋ ਸਕਦੀ ਹੈ।

### ਧਮਕੀ ਭਰੀਆਂ ਮੇਲਾਂ ਦਾ ਮਾਮਲਾ

# ਸਿਮਰਨਜੀਤ ਸਿੰਘ ਮਾਨ ਨੇ ਪੁਲਿਸ ਤੋਂ ਮੰਗੀ ਸਪੱਸ਼ਟਤਾ



ਅੰਮ੍ਰਿਤਸਰ, 21 ਜੁਲਾਈ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਮਿਲ ਰਹੀਆਂ ਧਮਕੀ ਭਰੀਆਂ ਈਮੇਲਾਂ ਦੇ ਮਾਮਲੇ ’ਚ ਪੰਜਾਬ ਪੁਲਿਸ ਅਤੇ ਪੰਜਾਬ ਤੇ ਕੇਂਦਰ ਸਰਕਾਰ ਤੋਂ ਸਖ਼ਤ ਸਵਾਲ ਪੁੱਛੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਓਫੀਸ਼ਲ ਈਮੇਲ ਆਈ.ਡੀ. ’ਤੇ ਬੰਬ ਧਮਾਕਿਆਂ ਦੀਆਂ ਧਮਕੀਆਂ ਮਿਲ ਰਹੀਆਂ ਹਨ। ਇਸ ਮਾਮਲੇ ਵਿੱਚ ਪੰਜਾਬ ਪੁਲਿਸ ਵੱਲੋਂ ਇੱਕ ਵਿਅਕਤੀ ਸ਼ੁਭਮ ਦੂਬੇ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜੋ ਫਰੀਦਾਬਾਦ (ਉੱਤਰ ਪ੍ਰਦੇਸ਼) ਦਾ ਨਿਵਾਸੀ ਦੱਸਿਆ ਜਾ ਰਿਹਾ ਹੈ। ਪੁਲਿਸ ਅਨੁਸਾਰ, ਇਸ ਵਿਅਕਤੀ ਦੇ ਈਮੇਲਾਂ ਨਾਲ ਸੰਬੰਧ ਹੋਣ ਦੇ ਸਬੂਤ ਮਿਲੇ ਹਨ। ਇਸ ’ਤੇ ਪ੍ਰਤੀਕ੍ਰਿਆ ਦਿੰਦਿਆਂ ਸਿਮਰਨਜੀਤ ਸਿੰਘ ਮਾਨ ਨੇ ਪੁਲਿਸ ਤੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਸਵਾਲਾਂ ਦੇ ਘੇਰੇ ’ਚ ਲੈਂਦੇ ਹੋਏ ਆਖਿਆ ਕਿ ਜੇਕਰ ਸ਼ੁਭਮ ਦੂਬੇ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਤਾਂ ਉਨ੍ਹਾਂ ਨੂੰ ਜਨਤਾ ਸਾਹਮਣੇ ਲਿਆਂਦਾ ਕਿਉਂ ਨਹੀਂ ਜਾ ਰਿਹਾ ? ਕੀ ਉਸਨੂੰ ਕੋਰਟ ਵਿੱਚ ਪੇਸ਼ ਕੀਤਾ ਗਿਆ ਹੈ ਜਾਂ ਨਹੀਂ, ਇਹ ਵੀ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ 1984 ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ’ਤੇ ਹਮਲਾ ਕੀਤਾ ਗਿਆ ਸੀ, ਜਿਸ ਦੀ ਤਿਆਰੀ ਸਹਾਰਨਪੁਰ ਵਿੱਚ ਕੀਤੀ ਗਈ ਸੀ ਅਤੇ ਹੁਣ ਫਿਰ ਸਿੱਖਾਂ ਦੇ ਧਾਰਮਿਕ ਅਸਥਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਸਿਰਫ ਇੱਕ ਵਿਅਕਤੀ ਦੀ ਗ੍ਰਿਫਤਾਰੀ ਨਾਲ ਮੁੱਦਾ ਖਤਮ ਨਹੀਂ ਹੁੰਦਾ, ਕਿਉਂਕਿ ਗ੍ਰਿਫਤਾਰੀ ਤੋਂ ਬਾਅਦ ਵੀ ਧਮਕੀ ਭਰੀਆਂ ਈਮੇਲਾਂ ਆ ਰਹੀਆਂ ਹਨ। ਸਿਮਰਨਜੀਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਸਿੱਖ ਕੌਮ ਦੇ ਹੱਕ ਲੰਮੇ ਸਮੇਂ ਤੋਂ ਖੋਹੇ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਪਿਛਲੇ 14 ਸਾਲਾਂ ਤੋਂ ਨਹੀਂ ਹੋਈਆਂ, ਜੋ ਕੇਂਦਰ ਸਰਕਾਰ ਦੀ ਮੰਨਸਾ ’ਤੇ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਰਥਿਕਤਾ ਵੀ ਨਿਸ਼ਾਨੇ ’ਤੇ ਹੈ, ਇਥੇ ਨਵੀਆਂ ਇੰਡਸਟਰੀਆਂ ਨਹੀਂ ਲਾਈਆਂ ਜਾ ਰਹੀਆਂ, ਜਦਕਿ ਗੁਜਰਾਤ ਵਿੱਚ ਲਗਾਈਆਂ ਜਾ ਰਹੀਆਂ ਹਨ। ਜੇਕਰ ਇੰਡਸਟਰੀਆਂ ਦੀ ਰੋਕ ਇਸ ਕਰਕੇ ਹੈ ਕਿ ਪੰਜਾਬ ਬਾਰਡਰ ਸਟੇਟ ਹੈ ਤੇ ਫਿਰ ਗੁਜਰਾਤ ਵੀ ਤਾਂ ਬਾਰਡਰ ਸਟੇਟ ਹੈ ਆਖ਼ਰ ’ਚ ਉਨ੍ਹਾਂ ਸਪੱਸ਼ਟ ਕਿਹਾ ਕਿ ਦਿੱਲੀ ਦੀ ਸਰਕਾਰ ਅਤੇ ਹਿੰਦੁਤਵਾ ਪੰਜਾਬ ਅਤੇ ਕਸ਼ਮੀਰ ਨੂੰ ਇਵੇਂ ਅੱਖਾਂ ਤੋਂ ਪਰੋਖੇ ਕਰ ਰਹੀ ਹੈ ਜਿਵੇਂ ਉਹਨਾਂ ਨੇ ਸਾਡੇ ਨਾਲ ਨਾ ਹੀ ਰਹਿਣਾ ਹੋਵੇ। ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਿਸ ਨੂੰ ਕਿਹਾ ਕਿ ਜਨਤਕ ਤੌਰ ’ਤੇ ਧਮਕੀ ਭੇਜਣ ਵਾਲੇ ਦੀ ਪੂਰੀ ਜਾਣਕਾਰੀ ਸਾਂਝੀ ਕੀਤੀ ਜਾਵੇ।

# ਅਸੀਮ ਕੁਮਾਰ ਘੋਸ਼ ਨੇ ਹਰਿਆਣਾ ਦੇ ਨਵੇਂ ਰਾਜਪਾਲ ਵਜੋਂ ਹਲਫ਼ ਲਿਆ




ਚੰਡੀਗੜ੍ਹ, 21 ਜੁਲਾਈ (ਚ.ਨ.ਸ.) : ਉੱਘੇ ਸਿਆਸਤਦਾਨ ਤੇ ਪ੍ਰਸ਼ਾਸਕ ਅਸੀਮ ਕੁਮਾਰ ਘੋਸ਼(81) ਨੇ ਸੋਮਵਾਰ ਨੂੰ ਹਰਿਆਣਾ ਦੇ ਨਵੇਂ ਰਾਜਪਾਲ ਵਜੋਂ ਹਲਫ਼ ਲਿਆ। ਉਨ੍ਹਾਂ ਬੰਡਾਰੂ ਦੱਤਾਤ੍ਰੇਅ ਦੀ ਥਾਂ ਲਈ ਹੈ। ਇਥੇ ਰਾਜ ਭਵਨ ਵਿਚ ਰੱਖੇ ਸਮਾਗਮ ਦੌਰਾਨ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ ਨੇ ਘੋਸ਼ ਨੂੰ ਅਹੁਦੇ ਦਾ ਹਲਫ਼ ਦਿਵਾਇਆ।

ਇਸ ਮੌਕੇ ਪੰਜਾਬ ਦੇ ਰਾਜਪਾਲ ਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਸੀਨੀਅਰ ਅਧਿਕਾਰੀ ਤੇ ਪਤਵੰਤੇ ਸੱਜਣ ਮੌਜੂਦ ਸਨ। ਸਹੁੰ ਚੁੱਕ ਸਮਾਗਮ ਵਿਚ ਘੋਸ਼ ਦਾ ਰਵਾਇਤੀ ਸਨਮਾਨ ਨਾਲ ਸਵਾਗਤ ਕੀਤਾ ਗਿਆ। ਉਨ੍ਹਾਂ ਦੇ ਅਹੁਦਾ ਸੰਭਾਲਣ ਦੇ ਨਾਲ, ਹੁਣ ਉਨ੍ਹਾਂ ਤੋਂ ਰਾਜ ਦੇ ਸੰਵਿਧਾਨਕ ਮੁਖੀ ਵਜੋਂ ਪ੍ਰਸ਼ਾਸਨਿਕ ਅਤੇ ਸੰਵਿਧਾਨਕ ਸੰਤੁਲਨ ਬਣਾਈ ਰੱਖਣ ਦੀ ਉਮੀਦ ਕੀਤੀ ਜਾਂਦੀ ਹੈ।

# ਜਸਟਿਸ ਯਸ਼ਵੰਤ ਵਰਮਾ ਵਿਰੁੱਧ ਮਹਾਂਦੋਸ਼ ਦੀ ਪ੍ਰਕਿਰਿਆ ਸ਼ੁਰੂ

**145 ਸਾਂਸਦਾਂ ਨੇ ਲੋਕ ਸਭਾ ਸਪੀਕਰ ਨੂੰ ਸੌਂਪਿਆ ਮੰਗ ਪੱਤਰ**

ਨਵੀਂ ਦਿੱਲੀ, 21 ਜੁਲਾਈ (ਚ.ਨ.ਸ.) : ਇਲਾਹਾਬਾਦ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਵਿਰੁੱਧ ਮਹਾਂਦੋਸ਼ ਦੀ ਪ੍ਰਕਿਰਿਆ ਸੋਮਵਾਰ ਦੁਪਹਿਰ ਨੂੰ ਸ਼ੁਰੂ ਹੋਈ। ਜਸਟਿਸ ਯਸ਼ਵੰਤ ਵਰਮਾ ਦੇ ਘਰ 500 ਰੁਪਏ ਦੇ ਸੜੇ ਹੋਏ ਨੋਟਾਂ ਦੇ ਢੇਰ ਮਿਲੇ, ਜਿਸ ਤੋਂ ਬਾਅਦ ਭਾਰੀ ਹੰਗਾਮਾ ਹੋਇਆ।



ਦਰਅਸਲ, ਸੋਮਵਾਰ ਨੂੰ, ਸੱਤਾਧਾਰੀ ਅਤੇ ਵਿਰੋਧੀ ਪਾਰਟੀਆਂ ਦੇ 145 ਸੰਸਦ ਮੈਂਬਰਾਂ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇੱਕ ਮੰਗ ਪੱਤਰ ਸੌਂਪਿਆ। ਐਨਡੀਟੀਵੀ ਨੇ ਸੂਤਰਾਂ ਦੇ ਹਵਾਲੇ ਨਾਲ ਕਿਹਾ ਕਿ ਕਾਂਗਰਸ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਵਰਗੀਆਂ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਮੰਗ ਪੱਤਰ ’ਤੇ ਦਸਤਖ਼ਤ ਕੀਤੇ ਹਨ।

**ਭਾਜਪਾ ਸੰਸਦ ਮੈਂਬਰਾਂ ਨੇ ਵੀ ਦਸਤਖ਼ਤ ਕੀਤੇ**

ਜਸਟਿਸ ਯਸ਼ਵੰਤ ਵਰਮਾ ਵਿਰੁੱਧ ਮਹਾਂਦੋਸ਼ ਪ੍ਰਸਤਾਵ ਦੀ ਮੰਗ ਕਰਨ ਵਾਲੇ ਮੈਮੋਰੰਡਮ ’ਤੇ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਅਤੇ ਇਸ ਦੇ ਸਹਿਯੋਗੀ ਦਲਾਂ, ਜਿਵੇਂ ਕਿ ਤੇਲਗੂ ਦੇਸ਼ਮ ਪਾਰਟੀ, ਜਨਤਾ ਦਲ ਯੂਨਾਈਟਿਡ ਅਤੇ ਜਨਤਾ ਦਲ ਸੈਕੂਲਰ ਦੇ ਸੰਸਦ ਮੈਂਬਰਾਂ ਨੇ ਵੀ ਦਸਤਖ਼ਤ ਕੀਤੇ ਸਨ।

ਪ੍ਰਾਪਤ ਜਾਣਕਾਰੀ ਅਨੁਸਾਰ, ਹੁਣ ਤੱਕ ਦਸਤਖ਼ਤ ਕਰਨ ਵਾਲਿਆਂ ਵਿੱਚ ਭਾਜਪਾ ਤੋਂ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਠਾਕੁਰ, ਕਾਂਗਰਸ ਦੇ ਰਾਹੁਲ ਗਾਂਧੀ ਅਤੇ ਸ਼ਰਦ ਪਵਾਰ ਦੀ ਅਗਵਾਈ ਵਾਲੀ ਰਾਸ਼ਟਰਵਾਦੀ ਕਾਂਗਰਸ ਪਾਰਟੀ ਦੀ ਸੁਪ੍ਰਿਆ ਸੂਲੇ ਸ਼ਾਮਲ ਹਨ।

**ਪਹਿਲੀ ਵਾਰ, ਕਿਸੇ ਜੱਜ ਵਿਰੁੱਧ ਮਹਾਂਦੋਸ਼ ਲਿਆਂਦਾ ਜਾ ਰਿਹਾ ਹੈ :** ਤੁਹਾਨੂੰ ਦੱਸ ਦੇਈਏ ਕਿ ਆਜ਼ਾਦ ਭਾਰਤ ਵਿੱਚ ਪਹਿਲੀ ਵਾਰ, ਕਿਸੇ ਸੇਵਾਮੁਕਤ ਹਾਈ ਕੋਰਟ ਦੇ ਜੱਜ ਦੇ ਮਹਾਂਦੋਸ਼ ਦੀ ਜਾਂਚ ਹੁਣ ਸੰਸਦ ਦੁਆਰਾ ਸੰਵਿਧਾਨ ਦੇ ਅਨੁਛੇਦ 124, 217 ਅਤੇ 218 ਦੇ ਤਹਿਤ ਕੀਤੀ ਜਾਵੇਗੀ।

### ਈ.ਡੀ. ਦੀਆਂ ਕਾਰਵਾਈਆਂ ’ਤੇ ਸੁਪਰੀਮ ਕੋਰਟ ਦੀ ਸਖ਼ਤ ਟਿੱਪਣੀ

# ਵਕੀਲਾਂ ਨੂੰ ਕਾਨੂੰਨੀ ਸਲਾਹ ਦੇਣ ਲਈ ਸੰਮਨ ਕਰਨਾ ‘ਸਾਰੀਆਂ ਹੱਦਾਂ ਪਾਰ’

ਨਵੀਂ ਦਿੱਲੀ, 21 ਜੁਲਾਈ (ਚ.ਨ.ਸ.) : ਸੁਪਰੀਮ ਕੋਰਟ ਨੇ ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਜਾਂਚ ਦੌਰਾਨ ਕਾਨੂੰਨੀ ਸਲਾਹ ਦੇਣ ਜਾਂ ਮੁਵੱਕੀਲ ਦੀ ਪ੍ਰਤਿਨਿਧਤਾ ਕਰਨ ਵਾਲੇ ਵਕੀਲਾਂ ਨੂੰ ਸੰਮਨ ਜਾਰੀ ਕਰਨ ’ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਇਸ ਸਬੰਧੀ ਸਖ਼ਤ ਟਿੱਪਣੀ ਕਰਦਿਆਂ ਸੁਪਰੀਮ ਕੋਰਟ ਨੇ ਕਿਹਾ ਕਿ ਈਡੀ ‘ਸਾਰੀਆਂ ਹੱਦਾਂ ਪਾਰ ਕਰ ਰਿਹਾ ਹੈ’ ਅਤੇ ਚੀਫ਼ ਜਸਟਿਸ ਬੀਆਰ ਗਵਈ ਅਤੇ ਜਸਟਿਸ ਕੇ. ਵਿਨੋਦ ਚੰਦਰਨ ਦੇ ਬੈਂਚ ਨੇ ਇਹ ਟਿੱਪਣੀਆਂ ਅਦਾਲਤ ਵੱਲੋਂ ਅਜਿਹੀਆਂ ਕਾਰਵਾਈਆਂ ਦੇ ਕਾਨੂੰਨੀ ਪੇਸ਼ੇ ਦੀ ਸੁਤੰਤਰਤਾ ’ਤੇ ਪੈਣ ਵਾਲੇ ਪ੍ਰਭਾਵਾਂ ਨੂੰ ਸੰਬੋਧਿਤ ਕਰਨ ਲਈ ਸ਼ੁਰੂ ਕੀਤੀ ਸੂ ਮੋਟੋ ਸੁਣਵਾਈ ਦੌਰਾਨ ਕੀਤੀਆਂ। ਇਹ ਟਿੱਪਣੀ ਈਡੀ ਵੱਲੋਂ ਸੀਨੀਅਰ ਵਕੀਲਾਂ ਅਰਵਿੰਦ ਦੱਤਾਰ ਅਤੇ ਪ੍ਰਤਾਪ ਵੇਣੂਗੋਪਾਲ ਨੂੰ ਸੰਮਨ ਜਾਰੀ ਕੀਤੇ ਜਾਣ ਤੋਂ ਬਾਅਦ ਆਈ ਹੈ।ਚੀਫ਼ ਜਸਟਿਸ ਨੇ ਕਿਹਾ, “ਇੱਕ ਵਕੀਲ ਅਤੇ ਮੁਵੱਕੀਲ ਵਿਚਕਾਰ ਗੱਲਬਾਤ ਇੱਕ ਵਿਸ਼ੇਸ਼ ਅਧਿਕਾਰ ਵਾਲਾ ਸੰਚਾਰ ਹੈ ਅਤੇ ਉਨ੍ਹਾਂ ਵਿਰੁੱਧ ਨੋਟਿਸ ਕਿਵੇਂ ਜਾਰੀ ਕੀਤੇ ਜਾ ਸਕਦੇ ਹਨ... ਉਹ ਸਾਰੀਆਂ ਹੱਦਾਂ ਪਾਰ ਕਰ ਰਹੇ ਹਨ।” ਸੀਨੀਅਰ ਵਕੀਲ ਦੱਤਾਰ ਵਰਗੇ ਕਾਨੂੰਨੀ ਪੇਸ਼ੇਵਰਾਂ ਨੂੰ ਈਡੀ ਦੇ ਹਾਲ ਹੀ ਦੇ ਨੋਟਿਸਾਂ ਦਾ ਕਾਨੂੰਨ ਦੇ ਅਭਿਆਸ ’ਤੇ ਬੁਰਾ ਪ੍ਰਭਾਵ ਪੈਣ ਦੇ ਮੱਦੇਨਜ਼ਰ ਉਨ੍ਹਾਂ ਨੇ ਇਹ ਵੀ ਕਿਹਾ, “ਦਿਸ਼ਾ-ਨਿਰਦੇਸ਼ ਤਿਆਰ ਕੀਤੇ ਜਾਣੇ ਚਾਹੀਦੇ ਹਨ।’’’

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ ‘ਦਰਦੀ’।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਕੈਬਨਿਟ ਸਬ-ਕਮੇਟੀ ਵੱਲੋਂ ਨਗਰ ਨਿਗਮਾਂ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗ, ਜਾਇਜ਼ ਮੰਗਾਂ ਦੇ ਜਲਦ ਹੱਲ ਦਾ ਦਿੱਤਾ ਭਰੋਸਾ



ਚੰਡੀਗੜ੍ਹ, 21 ਜੁਲਾਈ, (ਚ.ਨ.ਸ.) : ਪੰਜਾਬ ਸਰਕਾਰ ਦੇ ਮੁਲਾਜ਼ਮਾਂ ਦੇ ਮੁੱਦਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਵੱਲੋਂ ਅੱਜ ਨਗਰ ਨਿਗਮਾਂ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਸ ਵਿੱਚ ਉਨ੍ਹਾਂ ਦੀਆਂ ਮੰਗਾਂ ਅਤੇ ਮੁੱਦਿਆਂ ਬਾਰੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਕੈਬਨਿਟ ਸਬ-ਕਮੇਟੀ ਨੇ ਸਥਾਨਕ ਸਰਕਾਰਾਂ ਵਿਭਾਗ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਵਿਵਹਾਰਕ ਹੱਲ ਪੇਸ਼ ਕਰਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਦੀ ਪ੍ਰਧਾਨਗੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਕੀਤੀ। ਉਨ੍ਹਾਂ ਨਾਲ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ, ਸਾਬਕਾ ਮੰਤਰੀ ਅਤੇ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਸਾਬਕਾ ਮੰਤਰੀ ਅਤੇ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰਾਂ ਤੇਜਵੀਰ ਸਿੰਘ ਅਤੇ ਨਗਰ ਨਿਗਮ ਹੁਸ਼ਿਆਰਪੁਰ ਦੇ ਕਮਿਸ਼ਨਰ ਜੋਤੀ ਬਾਲਾ ਮੱਟੂ ਵੀ ਮੌਜੂਦ ਸਨ। ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਅਤੇ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਨੁਮਾਇੰਦਿਆਂ ਨੇ ਸੈਸ਼ਨ ਦੌਰਾਨ ਆਪਣੀਆਂ ਮੰਗਾਂ ਪੇਸ਼ ਕੀਤੀਆਂ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਥਾਨਕ ਸਰਕਾਰਾਂ ਵਿਭਾਗ ਤੋਂ ਪਿਛਲੀ ਮੀਟਿੰਗ ਤੋਂ ਬਾਅਦ ਯੂਨੀਅਨਾਂ ਦੇ ਮੁੱਦਿਆਂ ਨੂੰ ਹੱਲ ਕਰਨ ਦੀ ਦਿਸ਼ਾ ਵਿੱਚ ਹੋਈ ਪ੍ਰਗਤੀ ਬਾਰੇ ਜਾਣਕਾਰੀ ਲਈ ਗਈ। ਉਨ੍ਹਾਂ ਯੂਨੀਅਨ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਹਮਦਰਦੀ ਨਾਲ ਵਿਚਾਰ ਕੀਤਾ ਜਾ ਰਿਹਾ ਹੈ ਅਤੇ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਨਗਰ ਨਿਗਮਾਂ ਦੇ ਮੁਲਾਜ਼ਮਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਮੰਗਾਂ ਤੇ ਮਸਲਿਆਂ ਨੂੰ ਸਮੇਂ ਸਿਰ ਹੱਲ ਕਰਨ ਲਈ ਵਚਨਬੱਧ ਹੈ।

ਇਨ੍ਹਾਂ ਮੀਟਿੰਗਾਂ ਦੌਰਾਨ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੀ ਨੁਮਾਇੰਦਗੀ ਰਮੇਸ਼ ਕੁਮਾਰ (ਕਨਵੀਨਰ), ਕੁਲਵੰਤ ਸਿੰਘ ਸੈਣੀ (ਸਰਪ੍ਰਸਤ), ਗੋਪਾਲ ਥਾਪਰ (ਸਹਿ-ਕਨਵੀਨਰ), ਅਤੇ ਅਸ਼ੋਕ ਤਾਰਵਾਨ (ਸਹਿ-ਕਨਵੀਨਰ) ਨੇ ਕੀਤੀ। ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਦੀ ਨੁਮਾਇੰਦਗੀ ਨਰੇਸ਼ ਕੁਮਾਰ (ਪ੍ਰਧਾਨ), ਜੁਗਿੰਦਰਪਾਲ (ਉਪ ਪ੍ਰਧਾਨ), ਗੋਪਾਲ ਕ੍ਰਿਸ਼ਨ (ਚੇਅਰਮੈਨ), ਰਾਕੇਸ਼ ਅਤੇ ਰਾਜ ਹੰਸ ਨੇ ਕੀਤੀ।

# 'ਯੁੱਧ ਨਸ਼ਿਆਂ ਵਿਰੁੱਧ' ਦਾ 142ਵਾਂ ਦਿਨ : 2.9 ਕਿਲੋਗ੍ਰਾਮ ਹੈਰੋਇਨ ਸਮੇਤ 82 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 21 ਜੁਲਾਈ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਨਸ਼ਿਆਂ ਵਿਰੁੱਧ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ 142 ਦਿਨ ਪੰਜਾਬ ਪੁਲਿਸ ਨੇ 82 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.9 ਕਿਲੋਗ੍ਰਾਮ ਹੈਰੋਇਨ ਅਤੇ 21,530 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ, ਸਿਰਫ਼ 142 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 22,854 ਹੋ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ।

ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 87 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1200 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 180 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 422 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੌਰਾਨ ਰਾਜ ਭਰ ਵਿੱਚ 66 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 457 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ਗਈ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ, ਜਿਸਦੇ ਤਹਿਤ ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 52 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਬਾਲ ਭਿੱਖਿਆ ਵਿਰੁੱਧ ਮੁਹਿੰਮ : 31 ਛਾਪਿਆਂ ਦੌਰਾਨ 47 ਬੱਚੇ ਰੈਸਕਿਉ ਕੀਤੇ : ਡਾ. ਬਲਜੀਤ ਕੌਰ



ਚੰਡੀਗੜ੍ਹ, 21 ਜੁਲਾਈ, (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੂਬੇ ਵਿੱਚ ਬਾਲ ਭਿੱਖਿਆ ਨੂੰ ਜੜ ਤੋਂ ਖ਼ਤਮ ਕਰਨ ਲਈ ਠੋਸ ਅਤੇ ਜ਼ਮੀਨੀ ਪੱਧਰ ਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਅੱਜ ਸੂਬੇ ਭਰ ਵਿੱਚ ਚਲਾਈ ਗਈ ਵਿਸ਼ੇਸ਼ ਮੁਹਿੰਮ ਦੌਰਾਨ 47 ਭੀਖ ਮੰਗਣ ਲਈ ਮਜ਼ਬੂਰ ਕੀਤੇ ਗਏ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਇਹ ਜਾਣਕਾਰੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਦੱਸਿਆ ਕਿ ਜੀਵਨਜੋਤ ਮੁਹਿੰਮ ਤਹਿਤ ਵਿਭਾਗ ਦੀਆਂ ਜ਼ਿਲ੍ਹਾ ਬਾਲ ਸੁਰੱਖਿਆ ਟੀਮਾਂ ਵੱਲੋਂ 31 ਛਾਪੇ ਮਾਰੇ ਗਏ। ਇਹਨਾਂ ਛਾਪਿਆਂ ਦੌਰਾਨ ਜ਼ਿਲ੍ਹਾ ਅੰਮ੍ਰਿਤਸਰ ਵਿੱਚ 1, ਬਰਨਾਲਾ 2, ਬਠਿੰਡਾ 4, ਫਿਰੋਜ਼ਪੁਰ 3, ਫਤਹਿਗੜ੍ਹ ਸਾਹਿਬ 2, ਗੁਰਦਾਸਪੁਰ 9, ਫਾਜ਼ਿਲਕਾ 1, ਹੁਸ਼ਿਆਰਪੁਰ 5, ਮਲੇਰਕੋਟਲਾ 2, ਪਟਿਆਲਾ 9, ਰੂਪਨਗਰ 2 ਅਤੇ ਸ੍ਰੀ ਮੁਕਤਸਰ ਸਾਹਿਬ ਵਿਖੇ 7 ਮਜਬੂਰ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਰੈਸਕਿਊ ਕੀਤੇ 30 ਬੱਚਿਆਂ ਦੀ ਦਸਤਾਵੇਜ਼ੀ ਜਾਂਚ ਉਪਰੰਤ ਉਨ੍ਹਾਂ ਨੂੰ ਉਨ੍ਹਾਂ ਦੇ ਮਾਪਿਆਂ ਦੇ ਸਪੁਰਦ ਕੀਤਾ ਗਿਆ, ਜਦਕਿ 17 ਬੱਚੇ, ਜਿਨ੍ਹਾਂ ਦੇ ਮਾਪਿਆਂ ਦੀ ਪਛਾਣ ਨਹੀਂ ਹੋ ਸਕੀ, ਉਨ੍ਹਾਂ ਨੂੰ ਚਾਈਲਡ ਕੇਅਰ ਇੰਸਟੀਟਿਊਸ਼ਨਾਂ ਵਿੱਚ ਭੇਜਿਆ ਗਿਆ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਜੇਕਰ ਕਿਸੇ ਰੈਸਕਿਊ ਕੀਤੇ ਗਏ ਬੱਚੇ ਦੇ ਮਾਮਲੇ ਵਿੱਚ ਸੰਦਰਭਿਤ ਬਾਲ ਭਲਾਈ ਕਮੇਟੀ ਨੂੰ ਇਹ ਸ਼ੱਕ ਜਾਂ ਸੰਭਾਵਨਾ ਹੋਵੇ ਕਿ ਮਾਮਲਾ ਗੰਭੀਰ ਹੈ ਅਤੇ ਇਸ ਵਿੱਚ ਕਾਨੂੰਨੀ ਜਾਂਚ ਜ਼ਰੂਰੀ ਹੈ, ਤਾਂ ਐਫ.ਆਈ.ਆਰ. ਦਰਜ ਕਰਨ ਜਾਂ ਡੀ.ਐਨ.ਏ. ਟੈਸਟ ਕਰਵਾਉਣ ਵਰਗੀਆਂ ਕਾਰਵਾਈਆਂ ਵੀ ਸਬੰਧਤ ਡਿਪਟੀ ਕਮਿਸ਼ਨਰ ਦੀ ਪ੍ਰਵਾਨਗੀ ਹੇਠ ਸ਼ੁਰੂ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪੜਾਅ ਇਸ ਗੱਲ ਨੂੰ ਯਕੀਨੀ ਬਣਾਉਂਦਾ ਹੈ ਕਿ ਕਿਸੇ ਵੀ ਬੱਚੇ ਨਾਲ ਹੋ ਰਹੀ ਉਲੰਘਣਾ ਜਾਂ ਸ਼ੱਕ ਦੇ ਅਧੀਨ ਹਾਲਾਤ ਨੂੰ ਗੰਭੀਰਤਾ ਨਾਲ ਲੈ ਕੇ ਕਾਨੂੰਨੀ ਅਤੇ ਵਿਗਿਆਨਕ ਪੱਧਰ 'ਤੇ ਨਿਪਟਿਆ ਜਾਵੇ।

ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਵਾਰ ਵਾਰ ਸਮਝਾਉਣ ਦੇ ਬਾਵਜੂਦ ਵੀ ਜੇਕਰ ਮਾਪੇ ਆਪਣੇ ਬੱਚਿਆਂ ਨੂੰ ਭੀਖ ਮੰਗਣ ਲਈ ਮਜ਼ਬੂਰ ਕਰਦੇ ਹਨ, ਤਾਂ ਉਨ੍ਹਾਂ ਨੂੰ ਅਨਫਿਟ ਗਾਰਡੀਅਨ ਘੋਸ਼ਿਤ ਕਰਕੇ ਕਾਨੂੰਨੀ ਤੌਰ 'ਤੇ ਸਖ਼ਤ ਸਜ਼ਾਵਾਂ ਦੇਣ ਲਈ ਕਾਰਵਾਈ ਉਲੀਕੀ ਜਾਵੇਗੀ। ਜੇਕਰ ਇਹ ਸਾਬਤ ਹੁੰਦਾ ਹੈ ਕਿ ਕਿਸੇ ਤਸਕਰੀ ਜਾਂ ਅਪਰਾਧਿਕ ਗਤਿਵਿਧੀ ਨਾਲ ਇਹ ਭਿੱਖ ਮੰਗਵਾਈ ਜਾ ਰਹੀ ਸੀ ਤਾਂ ਐਸੀਆਂ ਸਰਗਰਮੀਆਂ ਵਿੱਚ ਲੱਗੇ ਤੱਤਾਂ ਖਿਲਾਫ਼ ਕਠੋਰ ਕਾਰਵਾਈ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਜੀਵਨਜੋਤ ਪ੍ਰਾਜੈਕਟ 2.0 ਸਿਰਫ਼ ਰੈਸਕਿਊ ਕਾਰਵਾਈ ਹੀ ਨਹੀਂ, ਸਗੋਂ ਬੱਚਿਆਂ ਦੀ ਸੁਰੱਖਿਆ, ਪੁਨਰਵਾਸ ਅਤੇ ਸਰਬਪੱਖੀ ਵਿਕਾਸ ਵੱਲ ਇਕ ਪੂਰਾ ਮਾਡਲ ਹੈ। ਇਹ ਮੁਹਿੰਮ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਸਾਬਤ ਹੋਵੇਗੀ।

ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਭੀਖ ਮੰਗਦੇ ਬੱਚਿਆਂ ਨੂੰ ਭੀਖ ਨਾ ਦਿੱਤੀ ਜਾਵੇ ਅਤੇ ਜੇਕਰ ਅਜਿਹਾ ਕੋਈ ਮਾਮਲਾ ਵੇਖਣ ਨੂੰ ਮਿਲੇ ਤਾਂ ਚਾਈਲਡ ਹੈਲਪ ਲਾਈਨ ਨੰਬਰ 1098 'ਤੇ ਤੁਰੰਤ ਜਾਣਕਾਰੀ ਦਿੱਤੀ ਜਾਵੇ।

# ਲੈਂਡ ਪੂਲਿੰਗ ਸਕੀਮ : ਕਿਸਾਨਾਂ ਨੂੰ ਪਲਾਟ ਮਿਲਣ ਤੱਕ ਸਾਲਾਨਾ ਮਿਲਣਗੇ ਇਕ ਲੱਖ ਰੁਪਏ : ਮੁੰਡੀਆ



ਚੰਡੀਗੜ੍ਹ, 21 ਜੁਲਾਈ, (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੇ ਹਿੱਤ ਵਿੱਚ ਲਿਆ ਜਾ ਰਿਹਾ ਹਰ ਲੋਕ ਪੱਖੀ ਫੈਸਲਾ ਲੋਕਾਂ ਦੀ ਸਲਾਹ ਦੇ ਨਾਲ ਹੀ ਲਾਗੂ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਲੈਂਡ ਪੂਲਿੰਗ ਸਕੀਮ ਬਾਰੇ ਸਬੰਧਤ ਪਿੰਡਾਂ ਦੇ ਵਸਨੀਕਾਂ ਦੀ ਫੀਡਬੈਕ ਲੈਣ ਅਤੇ ਉਨ੍ਹਾਂ ਦੇ ਸ਼ੰਕਿਆਂ ਦੇ ਹੱਲ ਲਈ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਸਥਾਨਕ ਸੈਕਟਰ 35 ਸਥਿਤ ਮਿਉਂਸਪਲ ਭਵਨ ਵਿਖੇ ਇਸ ਸਕੀਮ ਤਹਿਤ ਆਉਣ ਵਾਲੇ 164 ਪਿੰਡਾਂ ਦੇ ਵਾਸੀਆਂ ਨਾਲ ਵਿਚਾਰਾਂ ਕੀਤੀਆਂ ਗਈਆਂ।

ਸ. ਮੁੰਡੀਆ ਨੇ ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਪਿੰਡ ਵਾਸੀਆਂ ਨਾਲ ਹੋਈ ਮੀਟਿੰਗ ਦੌਰਾਨ ਹੋਈ ਗੱਲਬਾਤ ਦੇ ਵੇਰਵੇ ਦਿੰਦਿਆਂ ਦੱਸਿਆ ਕਿ ਲੋਕਾਂ ਵੱਲੋਂ ਕੀਤੇ ਸਵਾਲਾਂ ਦੇ ਮੌਕੇ ਉੱਤੇ ਹੀ ਜਵਾਬ ਦਿੱਤੇ ਗਏ, ਜਿਸ ਤੋਂ ਪਿੰਡ ਵਾਸੀ ਪੂਰੀ ਤਰ੍ਹਾਂ ਸੰਤੁਸ਼ਟ ਹੋਏ। ਉਨ੍ਹਾਂ ਲੋਕਾਂ ਦੇ ਸਵਾਲਾਂ ਦੇ ਹਵਾਲੇ ਨਾਲ ਨੀਤੀ ਦੇ ਵਿਸ਼ੇਸ਼ਤਾਵਾਂ ਦੱਸਦਿਆਂ ਕਿਹਾ ਕਿ ਜਿਸ ਦਿਨ ਐਲ.ਓ.ਆਈ. ਹੋ ਜਾਵੇਗੀ, ਉਸੇ ਦਿਨ ਤੋਂ ਕਿਸਾਨ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਮਿਲੇਗਾ ਅਤੇ ਕਿਸਾਨ ਆਪਣੀ ਜ਼ਮੀਨ ਉੱਪਰ ਖੇਤੀ ਵੀ ਕਰਦਾ ਰਹੇਗਾ। ਜ਼ਮੀਨ ਮਾਲਕ ਵੱਲੋਂ ਅਰਜ਼ੀ ਦੇਣ ਦੇ 21 ਦਿਨਾਂ ਦੇ ਅੰਦਰ ਐਲ.ਓ.ਆਈ. ਅਤੇ 50 ਹਜ਼ਾਰ ਰੁਪਏ ਨਗਦ ਮਿਲੇਗਾ। ਜਿਸ ਦਿਨ ਸਰਕਾਰ ਵੱਲੋਂ ਕਬਜ਼ਾ ਲਿਆ ਜਾਵੇਗਾ, ਉਸੇ ਦਿਨ ਤੋਂ ਇਕ ਲੱਖ ਰੁਪਏ ਪ੍ਰਤੀ ਏਕੜ ਠੇਕਾ ਮਿਲਣਾ ਸ਼ੁਰੂ ਹੋ ਜਾਵੇਗਾ ਅਤੇ ਜੇਕਰ ਸਰਕਾਰ ਵੱਲੋਂ ਦੋ ਜਾਂ ਤਿੰਨ ਸਾਲ ਲੱਗਦੇ ਹਨ ਤਾਂ ਹਰ ਸਾਲ ਠੇਕੇ ਵਿੱਚ 10 ਫੀਸਦੀ ਵਾਧਾ ਕੀਤਾ ਜਾਵੇਗਾ। ਮੁੰਡੀਆਂ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਲੋਕਾਂ ਦੇ ਸ਼ੰਕਿਆਂ ਦਾ ਹੱਲ ਹੋਇਆ ਅਤੇ ਲੋਕਾਂ ਵੱਲੋਂ ਇਸ ਸਕੀਮ ਦੀ ਹਮਾਇਤ ਕੀਤੀ ਗਈ। ਉਨ੍ਹਾਂ ਹੋਰਨਾਂ ਪਿੰਡਾਂ ਦੇ ਵਸਨੀਕਾਂ ਨੂੰ ਵੀ ਵਿਰੋਧੀ ਧਿਰ ਦੇ ਗੁੰਮਰਾਹਕੁਨ ਪ੍ਰਚਾਰ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਭਵਿੱਖ ਵਿੱਚ ਵੀ ਸਰਕਾਰ ਵੱਲੋਂ ਸਬੰਧਤ ਪਿੰਡਾਂ ਦੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ। ਲੈਂਡ ਪੂਲਿੰਗ ਸਕੀਮ ਤਹਿਤ ਕਿਸਾਨਾਂ ਨੂੰ ਰਿਹਾਇਸ਼ੀ ਤੇ ਕਮਰਸ਼ੀਅਲ ਪਲਾਟ ਮਿਲਣਗੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸਿਰਫ ਚੁਣੀਂਦਾ ਲੋਕਾਂ ਨੂੰ ਫਾਇਦਾ ਪਹੁੰਚਾਉਣ ਲਈ ਗੈਰ ਕਾਨੂੰਨੀ ਕਲੋਨੀਆਂ ਨੂੰ ਉਤਸ਼ਾਹਤ ਕੀਤਾ ਗਿਆ। ਜਿਸ ਨਾਲ ਸ਼ਹਿਰਾਂ ਦਾ ਗੈਰ ਯੋਜਨਾਬੱਧ ਵਿਕਾਸ ਹੋਇਆ ਉੱਥੇ ਕਲੋਨੀ ਵਾਸੀ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਰਹੇ। ਨਵੀਂ ਸਕੀਮ ਨਾਲ ਯੋਜਨਾਬੱਧ ਕਲੋਨੀਆਂ ਵਿੱਚ ਕਮਰਸ਼ੀਅਲ ਜਾਇਦਾਦ ਕਿਸਾਨਾਂ ਲਈ ਆਮਦਨ ਦਾ ਸਥਾਈ ਸਰੋਤ ਬਣੇਗੀ।

ਸ. ਮੁੰਡੀਆ ਨੇ ਕਿਹਾ ਕਿ ਯੋਜਨਾਬੱਧ ਵਿਕਾਸ ਨੂੰ ਤਰਜ਼ੀਹ ਦੇਣ ਵਾਲੀ ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਲੋਕ ਪੱਖੀ ਵੀ ਹੈ, ਜਿਸ ਬਾਰੇ ਵਿਰੋਧੀ ਪਾਰਟੀਆਂ ਵੱਲੋਂ ਆਪਣੇ ਸੌੜੇ ਰਾਜਸੀ ਹਿੱਤਾਂ ਨੂੰ ਚਮਕਾਉਣ ਲਈ ਦੁਸ਼ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਸਕੀਮ ਤਹਿਤ ਜ਼ਮੀਨ ਧੱਕੇ ਨਾਲ ਐਕੁਆਇਰ ਨਹੀਂ ਕੀਤੀ ਜਾਵੇਗੀ, ਸਗੋਂ ਕਿਸਾਨਾਂ ਦੀ ਸਹਿਮਤੀ ਨਾਲ ਫੈਸਲਾ ਲਿਆ ਜਾਵੇਗਾ, ਜਿਸ ਦਾ ਸੂਬੇ ਦੇ ਕਿਸਾਨਾਂ ਨੂੰ ਫਾਇਦਾ ਹੋਵੇਗਾ। ਜਿਹੜੇ ਕਿਸਾਨ ਸਹਿਮਤ ਹੋਣਗੇ, ਉਨ੍ਹਾਂ ਦੀ ਜ਼ਮੀਨ ਹੀ ਇਸ ਨੀਤੀ ਤਹਿਤ ਲਈ ਜਾਵੇਗੀ।

# ਕਿਸਾਨਾਂ ਦੀ ਇੱਕ ਇੰਚ ਵੀ ਜ਼ਮੀਨ ਹੜੱਪਣ ਨਹੀਂ ਦਿੱਤੀ ਜਾਵੇਗੀ : ਵੜਿੰਗ

ਮੋਹਾਲੀ, 21 ਜੁਲਾਈ, (ਅੰਮ੍ਰਿਤਪਾਲ ਸਿੰਘ) : ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਦਾ ਸਖ਼ਤ ਵਿਰੋਧ ਜਾਰੀ ਰੱਖਦੇ ਹੋਏ, ਕਾਂਗਰਸ ਨੇ ਅੱਜ ਇੱਥੇ ਗ੍ਰੇਟਰ ਮੋਹਾਲੀ ਡਿਵੈਲਪਮੈਂਟ ਏਰੀਆ (ਗਮਾਡਾ) ਦਫਤਰ ਦੇ ਸਾਹਮਣੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ।

ਇਸ ਮੌਕੇ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਸੀਨੀਅਰ ਆਗੂਆਂ ਸਮੇਤ ਹਜ਼ਾਰਾਂ ਪਾਰਟੀ ਵਰਕਰ ਗਮਾਡਾ ਦਫਤਰ ਦੇ ਬਾਹਰ ਇਕੱਠੇ ਹੋਏ ਅਤੇ ਲੈਂਡ ਪੂਲਿੰਗ ਪਾਲਿਸੀ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਇਸਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।

ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ, ਵੜਿੰਗ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਸਰਕਾਰ ਦੀ ਕਿਸਾਨਾਂ ਤੋਂ ਉਨ੍ਹਾਂ ਦੀ ਕੀਮਤੀ ਜ਼ਮੀਨ ਲੁੱਟਣ ਕੋਝੀ ਚਾਲ ਹੈ। ਇਹ ਲੈਂਡ ਪੂਲਿੰਗ ਨਹੀਂ, ਸਗੋਂ ਜ਼ਮੀਨ ਲੁੱਟਣ ਦੀ ਪਾਲਿਸੀ ਹੈ। ਉਨ੍ਹਾਂ ਸਵਾਲ ਕੀਤਾ ਕਿ ਇੱਕ ਹਜ਼ਾਰ ਗਜ਼ ਦੇ ਬਦਲੇ ਇੱਕ ਏਕੜ ਕੀਮਤੀ ਜ਼ਮੀਨ ਕੌਣ ਦੇਵੇਗਾ?

ਸੂਬਾ ਕਾਂਗਰਸ ਪ੍ਰਧਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਤਜਰਬੇ ਤੋਂ ਸਿੱਖਣਾ ਚਾਹੀਦਾ ਸੀ, ਜਿਨ੍ਹਾਂ ਨੂੰ ਆਖਰਕਾਰ ਕਿਸਾਨਾਂ ਦੇ ਦਬਾਅ ਹੇਠ ਤਿੰਨ ਖੇਤੀ ਕਾਨੂੰਨ ਵਾਪਸ ਲੈਣੇ ਪਏ। ਉਨ੍ਹਾਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਜਦੋਂ ਆਪਣੀ ਜ਼ਮੀਨ ਦੀ ਗੱਲ ਆਉਂਦੀ ਹੈ, ਤਾਂ ਇੱਕ ਕਿਸਾਨ ਉਸਦੀ ਰੱਖਿਆ ਲਈ ਕੁਝ ਵੀ ਕਰ ਸਕਦਾ ਹੈ। ਉਨ੍ਹਾਂ ਨੇ ਨੀਤੀ ਵਿਰੁੱਧ ਲੜਾਈ ਵਿੱਚ ਕਿਸਾਨਾਂ ਨਾਲ ਕਾਂਗਰਸ ਪਾਰਟੀ ਦੀ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।

ਇਸ ਦੌਰਾਨ ਪਾਰਟੀ ਨੇ ਮੁੱਖ ਮੰਤਰੀ ਦੇ ਨਾਂਮ ਇੱਕ ਮੰਗ ਪੱਤਰ ਵੀ ਗਮਾਡਾ ਦੇ ਪ੍ਰਸ਼ਾਸਕ ਨੂੰ ਸੌਂਪਿਆ, ਜਿਸ ਵਿੱਚ ਪਾਲਿਸੀ ਨੂੰ ਤੁਰੰਤ ਵਾਪਿਸ ਲੈਣ ਦੀ ਮੰਗ ਕੀਤੀ ਗਈ। ਇਸ ਵਿੱਚ ਕਿਹਾ ਗਿਆ ਹੈ ਕਿ ਇਹ ਪਾਲਿਸੀ ਪੰਜਾਬ ਲਈ ਵਾਤਾਵਰਣ ਅਤੇ ਆਰਥਿਕ ਤੌਰ 'ਤੇ ਵਿਨਾਸ਼ਕਾਰੀ ਸਿੱਧ ਹੋਵੇਗੀ।

ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ, ਵੜਿੰਗ ਨੇ ਲੈਂਡ ਪੂਲਿੰਗ ਪਾਲਿਸੀ ਪ੍ਰਤੀ ਆਪਣੀ ਪਾਰਟੀ ਦੇ ਵਿਰੋਧ ਨੂੰ ਪੇਸ਼ ਕੀਤਾ ਅਤੇ ਦੁਹਰਾਇਆ ਕਿ ਇਹ ਆਪ ਆਗੂਆਂ ਵੱਲੋਂ ਰਚੀ ਕੀਤੀ ਗਈ ਸਿਰਫ ਇੱਕ ਜ਼ਮੀਨ ਲੁੱਟ ਦੀ ਸਾਜ਼ਿਸ਼ ਹੈ। ਸਵਾਲ ਖੜ੍ਹਾ ਹੁੰਦਾ ਹੈ ਕਿ ਇਹ ਕਿਸ ਮਕਸਦ ਲਈ ਹੈ? ਜਦੋਂ ਕਿ ਕਿਤੇ ਵੀ ਕੋਈ ਮੰਗ ਨਹੀਂ ਹੈ।

ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਅਕਾਲੀ-ਭਾਜਪਾ ਗੱਠਜੋੜ ਦਾ ਸੁਝਾਅ ਦੇਣ ਬਾਰੇ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ, ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਇਹ (ਅਕਾਲੀ ਅਤੇ ਭਾਜਪਾ) ਹਮੇਸ਼ਾ ਇਕੱਠੇ ਹਨ ਅਤੇ ਆਪਸੀ ਨੇੜਤਾ ਰੱਖਦੇ ਹਨ।

ਉਨ੍ਹਾਂ ਕਿਹਾ ਕਿ ਭਾਵੇਂ ਇਹ ਇਕੱਠੇ ਹੋ ਜਾਣ, ਤਾਂ ਵੀ ਉਨ੍ਹਾਂ ਨੂੰ ਕੋਈ ਬਹੁਤਾ ਫ਼ਰਕ ਨਹੀਂ ਪਵੇਗਾ, ਕਿਉਂਕਿ ਦੋਵੇਂ ਪਾਰਟੀਆਂ ਪੰਜਾਬ ਵਿੱਚ ਆਪਣੀ ਜ਼ਮੀਨ ਗੁਆ ਚੁੱਕੀਆਂ ਹਨ। ਉਨ੍ਹਾਂ ਟਿੱਪਣੀ ਕੀਤੀ ਕਿ ਜ਼ੀਰੋ ਜਮ੍ਹਾ ਜ਼ੀਰੋ ਹਮੇਸ਼ਾ ਜ਼ੀਰੋ ਤੱਕ ਹੀ ਸੀਮਿਤ ਰਹੇਗਾ।

ਇਸ ਮੌਕੇ ਮੌਜੂਦ ਲੋਕਾਂ ਵਿੱਚ ਏ.ਆਈ.ਸੀ.ਸੀ. ਸਕੱਤਰ ਰਵਿੰਦਰ ਦਲਵੀ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੁਖਪਾਲ ਸਿੰਘ ਖਹਿਰਾ, ਬਲਬੀਰ ਸਿੰਘ ਸਿੱਧੂ, ਕੈਪਟਨ ਸੰਦੀਪ ਸੰਧੂ, ਨਵਤੇਜ ਚੀਮਾ, ਗੁਰਕੀਰਤ ਕੋਟਲੀ, ਜਸਬੀਰ ਡਿੰਪਾ, ਹਰਮਿੰਦਰ ਗਿੱਲ, ਕੁਲਜੀਤ ਨਾਗਰਾ, ਸਾਧੂ ਸਿੰਘ ਧਰਮਸੋਤ, ਗਗਨਦੀਪ ਸਿੰਘ ਬੌਬੀ, ਗੁਰਸ਼ਰਨ ਕੌਰ ਰੰਧਾਵਾ, ਮੋਹਿਤ ਮਹਿੰਦਰਾ, ਕੁਲਦੀਪ ਵੈਦ, ਕਾਕਾ ਰਣਦੀਪ ਨਾਭਾ, ਰਣਜੀਤ ਸਿੰਘ ਜੀਤੀ ਆਦਿ ਹਾਜ਼ਰ ਸਨ।

# ਵਿਰਾਸਤ ਦਾ ਸਨਮਾਨ : ਪੰਜਾਬ ਦੇ 115 ਸਰਕਾਰੀ ਸਕੂਲਾਂ ਦਾ ਨਾਮ ਉੱਘੀਆਂ ਸ਼ਖ਼ਸੀਅਤਾਂ ਦੇ ਨਾਮ 'ਤੇ ਰੱਖਿਆ : ਬੈਂਸ



ਚੰਡੀਗੜ੍ਹ, 21 ਜੁਲਾਈ, (ਚ.ਨ.ਸ.) : ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਦੀ ਸ਼ਾਨਾਮੱਤੀ ਵਿਰਾਸਤ ਦੇ ਸਨਮਾਨ ਵਜੋਂ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 115 ਸਰਕਾਰੀ ਸਕੂਲਾਂ ਦਾ ਨਾਮ ਆਜ਼ਾਦੀ ਘੁਲਾਟੀਆਂ, ਸ਼ਹੀਦਾਂ ਅਤੇ ਕੌਮਾਂਤਰੀ ਪੱਧਰ 'ਤੇ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਦੇ ਨਾਮ 'ਤੇ ਰੱਖਿਆ ਹੈ।

ਜ਼ਿਕਰਯੋਗ ਹੈ ਕਿ ਸਕੂਲ ਸਿੱਖਿਆ ਵਿਭਾਗ ਨੇ 18 ਜੁਲਾਈ, 2025 ਨੂੰ 25 ਸਰਕਾਰੀ ਸਕੂਲਾਂ ਦਾ ਨਾਮ ਵੱਖ-ਵੱਖ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੇ ਨਾਮ 'ਤੇ ਰੱਖਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਐਲਾਨ ਕੀਤਾ ਸੀ, ਕਿ ਜਲੰਧਰ ਜ਼ਿਲ੍ਹੇ ਦੇ ਬਿਆਸ ਪਿੰਡ ਦੇ ਸਕੂਲ ਦਾ ਨਾਮ ਕੌਮਾਂਤਰੀ ਪੱਧਰ ਉੱਤੇ ਨਾਮਣਾ ਖੱਟਣ ਵਾਲੇ ਉੱਘੇ ਮੈਰਾਥਨ ਦੌੜਾਕ ਸਰਦਾਰ ਫ਼ੌਜਾ ਸਿੰਘ ਦੇ ਨਾਮ 'ਤੇ ਰੱਖਿਆ ਜਾਵੇਗਾ।

ਇਨ੍ਹਾਂ 115 ਸਕੂਲਾਂ ਦਾ ਨਾਮ ਗ਼ਦਰ ਲਹਿਰ ਦੇ ਨਾਇਕਾਂ, ਆਜ਼ਾਦੀ ਘੁਲਾਟੀਆਂ, ਸ਼ਹੀਦਾਂ ਅਤੇ ਪੰਜਾਬ ਦੀਆਂ ਉੱਘੀਆਂ ਸ਼ਖ਼ਸੀਅਤਾਂ ਦੇ ਸਨਮਾਨ ਲਈ ਰੱਖਿਆ ਗਿਆ ਹੈ।

'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਬਾਰੇ ਮੀਡੀਆ ਦੇ ਇੱਕ ਸਵਾਲ ਦੇ ਜਵਾਬ ਵਿੱਚ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਕੂਲ ਸਿੱਖਿਆ ਵਿਭਾਗ ਵੱਲੋਂ ਵਿਸ਼ਾ ਮਾਹਿਰਾਂ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਸੰਵੇਦਨਸ਼ੀਲ ਤੇ ਜਾਗਰੂਕ ਕਰਨ ਲਈ ਇੱਕ ਪਾਠਕ੍ਰਮ ਤਿਆਰ ਕੀਤਾ ਜਾ ਰਿਹਾ ਹੈ, ਜੋ ਨਸ਼ਿਆਂ ਦੀ ਇਸ ਲਾਹਣਤ ਵਿਰੁੱਧ ਇੱਕ ਮਜ਼ਬੂਤ ਨੀਂਹ ਰੱਖੇਗਾ।

ਕੌਮੀ ਪੱਧਰ ਉੱਤੇ ਸਿਲੇਬਸ ਵਿੱਚ ਸਿੱਖ ਇਤਿਹਾਸ ਨੂੰ ਸ਼ਾਮਲ ਕਰਨ ਬਾਰੇ ਉੱਠ ਰਹੀ ਮੰਗ ਸਬੰਧੀ ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਸਿੱਖਿਆ ਮੰਤਰੀ ਨੇ ਇਸ ਕਦਮ ਦਾ ਸਵਾਗਤ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਸਿੱਖ ਇਤਿਹਾਸ ਨੂੰ ਢੁਕਵੇਂ ਢੰਗ ਨਾਲ ਪੇਸ਼ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਤਰੀਕੇ ਨਾਲ ਪੜ੍ਹਾਇਆ ਜਾਣਾ ਚਾਹੀਦਾ ਹੈ ਤਾਂ ਜੋ ਅਸਲ ਮਾਅਨਿਆਂ ਵਿੱਚ ਇਸਦੀ ਮਹੱਤਤਾ ਨੂੰ ਉਜਾਗਰ ਕੀਤਾ ਜਾ ਸਕੇ।

# ਯੁੱਧ ਨਸ਼ਿਆਂ ਵਿਰੁੱਧ... ਨਸ਼ਾ ਮੁਕਤੀ ਯਾਤਰਾ ਦੇ ਨਿਕਲ ਰਹੇ ਹਨ ਸਾਕਾਰਾਤਮਕ ਨਤੀਜੇ : ਕੁਲਵੰਤ ਸਿੰਘ



ਮੋਹਾਲੀ, 21 ਜੁਲਾਈ (ਹਰਬੰਸ ਸਿੰਘ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਭਰ ਵਿੱਚ ਨਸ਼ਾ ਤਸਕਰਾਂ ਦੇ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਵਿੱਚ ਨਸ਼ਿਆਂ ਵਿਰੁੱਧ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਲਈ ਪ੍ਰੋਗਰਾਮ ਕੀਤੇ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਫੇਸ-6 ਵਿਖੇ ਸਾਬਕਾ ਕੌਂਸਲਰ ਆਰ.ਪੀ. ਸ਼ਰਮਾ ਦੀ ਅਗਵਾਈ ਹੇਠ ਜਦਕਿ ਵਾਰਡ ਨੰਬਰ -50 ਵਿਖੇ ਕੌਂਸਲਰ ਗੁਰਮੀਤ ਕੌਰ ਦੀ ਅਗਵਾਈ ਦੇ ਵਿੱਚ ਅਤੇ ਸੈਕਟਰ 57 ਵਿਖੇ ਹਰਪਾਲ ਸਿੰਘ ਬਰਾੜ ਪ੍ਰਧਾਨ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ, ਵਿਜੇ ਡੋਗਰਾ -ਪ੍ਰਧਾਨ ਮੰਦਰ ਕਮੇਟੀ ਵੀ ਮੌਜੂਦ ਰਹੇ, ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦੇ ਤਹਿਤ ਇਹਨਾਂ ਸਮਾਗਮਾਂ ਦੇ ਵਿੱਚ ਪਹੁੰਚੇ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ, ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਚੋਣਾਂ ਦੇ ਦੌਰਾਨ ਲੋਕਾਂ ਦੀ ਕਚਹਿਰੀ ਦੇ ਵਿੱਚ ਇੱਕ ਤੰਦਰੁਸਤ ਪੰਜਾਬ ਦੀ ਸਿਰਜਣਾ ਦਾ ਹੋਕਾ ਦਿੱਤਾ ਸੀ ਅਤੇ ਵੱਡੀ ਗਿਣਤੀ ਦੇ ਵਿੱਚ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਉਣ ਦੇ ਲਈ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕੀਤੇ ਜਾਣ ਦਾ ਭਰੋਸਾ ਵੀ ਦਿਵਾਇਆ ਸੀ, ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪੰਜਾਬ ਦੇ ਲੋਕਾਂ ਵੱਲੋਂ ਵੀ ਪਰਮਾ ਸਹਿਯੋਗ ਮਿਲ ਰਿਹਾ ਹੈ, ਜਿਸ ਦੇ ਚੱਲਦਿਆਂ ਇਸ ਨਸ਼ਾ ਮੁਕਤੀ ਯਾਤਰਾ ਦੇ ਸਾਕਾਰਤਮਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਹਨਾਂ ਪ੍ਰੋਗਰਾਮਾਂ ਦੇ ਵਿੱਚ ਵੱਡੀ ਗਿਣਤੀ ਦੇ ਵਿੱਚ ਨੌਜਵਾਨ ਅਤੇ ਉਹਨਾਂ ਦੇ ਮਾਪਿਆਂ ਦੀ ਹਾਜ਼ਰੀ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਨਾਲ ਨਸ਼ਾ ਰੂਪੀ ਕੋਹੜ ਨੂੰ ਜਲਦੀ ਹੀ ਪੰਜਾਬ ਤੋਂ ਪੱਕੇ ਤੌਰ 'ਤੇ ਦੂਰ ਭਜਾ ਦਿੱਤਾ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਲਗਾਤਾਰ ਪੰਜਾਬ ਦੇ ਵਿਕਾਸ ਲਈ ਵੀ ਸਕੀਮਾਂ ਨੂੰ ਅੰਤਿਮ ਛੋਹ ਦਿੱਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਵਿਕਾਸ ਦੀ ਗਤੀ ਹੋਰ ਤੇਜ਼ ਹੋਵੇਗੀ। ਇਸ ਮੌਕੇ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁੱਲਦੀਪ ਸਿੰਘ ਸਮਾਣਾ, ਹਰਮੀਤ ਸਿੰਘ, ਹਰਵਿੰਦਰ ਸਿੰਘ ਸੈਣੀ ਹਰਮੇਸ਼ ਸਿੰਘ ਕੁੰਬੜਾ, ਇਕਬਾਲ ਸਿੰਘ ਸਰਪੰਚ, ਫੁੱਲਜਿੰਦਰ ਸਿੰਘ, ਹਰਬੰਸ ਸਿੰਘ, ਗਗਨਿੰਦਰ ਸਿੰਘ ਵੀ ਹਾਜ਼ਰ ਸਨ।

# ਰਾਣਾ ਗੁਰਜੀਤ ਸਿੰਘ ਵੱਲੋਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਰਜੁਨ ਖੜਗੇ ਨੂੰ ਜਨਮ ਦਿਨ ਦੀਆਂ ਮੁਬਾਰਕਾਂ





ਕਪੂਰਥਲਾ, 21 ਜੁਲਾਈ, (ਚ.ਨ.ਸ.) : ਕਪੂਰਥਲਾ ਤੋਂ ਸੀਨੀਅਰ ਕਾਂਗਰਸ ਵਿਧਾਇਕ ਅਤੇ ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਮਲਿਕਰਜੁਨ ਖੜਗੇ ਜੀ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਦਿਲੋਂ ਮੁਬਾਰਕਾਂ ਭੇਟ ਕਰਦਿਆਂ ਉਨ੍ਹਾਂ ਦੀ ਚੰਗੀ ਸਿਹਤ, ਲੰਮੀ ਉਮਰ ਅਤੇ ਸੁਚੱਜੀ ਅਗਵਾਈ ਲਈ ਅਰਦਾਸ ਕੀਤੀ ਹੈ।

ਰਾਣਾ ਗੁਰਜੀਤ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸ੍ਰੀ ਮਲਿਕਰਜੁਨ ਖੜਗ ਇਕ ਤਜਰਬੇਕਾਰ, ਨਿਡਰ, ਅਤੇ ਦੂਰਅੰਦੇਸ਼ ਨੇਤਾ ਹਨ, ਜਿਨ੍ਹਾਂ ਨੇ ਹਮੇਸ਼ਾਂ ਸੰਵਿਧਾਨਿਕ ਮੂਲਾਂ ਨੂੰ ਮੱਤਵ ਦੇ ਕੇ ਲੋਕਤੰਤਰ ਦੀ ਰੱਖਿਆ ਲਈ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਨੇ ਦੇਸ਼ ਪੱਧਰ 'ਤੇ ਆਮ ਲੋਕਾਂ ਦੇ ਹਿੱਤਾਂ ਲਈ ਲੋਕ ਭਲਾਈ ਵੱਲ ਨਵੇਂ ਮਾਪਦੰਡ ਸਥਾਪਿਤ ਕੀਤੇ ਹਨ।

ਸ. ਰਾਣਾ ਨੇ ਕਿਹਾ ਕਿ ਸ੍ਰੀ ਮਲਿਕਰਜੁਨ ਖੜਗੇ ਵਰਗੇ ਸਾਫ-ਚਿੱਤ ਅਤੇ ਪ੍ਰਮਾਣਿਕ ਆਗੂ ਦੀ ਅਗਵਾਈ ਸਿਰਫ਼ ਕਾਂਗਰਸ ਪਾਰਟੀ ਲਈ ਹੀ ਨਹੀਂ, ਸਗੋਂ ਸਾਰੇ ਦੇਸ਼ ਲਈ ਇੱਕ ਵੱਡੀ ਦੌਲਤ ਹੈ। ਉਹ ਸਮਾਜ ਦੇ ਹਰ ਵਰਗ ਦੀ ਪ੍ਰਤੀਨਿਧਤਾ ਕਰਦੇ ਹੋਏ ਹਮੇਸ਼ਾਂ ਗਰੀਬ, ਪੱਛੜੇ ਅਤੇ ਬਿਨਾਂ ਆਵਾਜ਼ ਵਾਲੇ ਲੋਕਾਂ ਦੇ ਹੱਕ ਵਿਚ ਡਟ ਕੇ ਖੜ੍ਹੇ ਰਹਿੰਦੇ ਹਨ। ਖੜਗੇ ਦੀ ਲੰਮੀ ਉਮਰ ਅਤੇ ਚੜ੍ਹਦੀਕਲਾ ਲਈ ਰਾਣਾ ਗੁਰਜੀਤ ਸਿੰਘ ਨੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਅਤੇ ਆਸ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਹਮੇਸ਼ਾ ਦੇਸ਼ ਦੀ ਏਕਤਾ, ਅਖੰਡਤਾ ਅਤੇ ਵਿਕਾਸ ਲਈ ਕੰਮ ਕਰਦੀ ਰਹੇਗੀ।

# 'ਸੇਫ਼ ਪੰਜਾਬ' ਨਸ਼ਾ ਵਿਰੋਧੀ ਹੈਲਪਲਾਈਨ ਦੇ 30 ਫੀਸਦੀ ਟਿਪ ਕਨਵਰਜਨ ਰੇਟ ਸਦਕਾ 1 ਮਾਰਚ ਤੋਂ ਹੁਣ ਤੱਕ ਹੋਈਆਂ 4872 ਗ੍ਰਿਫ਼ਤਾਰੀਆਂ



ਚੰਡੀਗੜ੍ਹ/ਫਿਲੌਰ, 21 ਜੁਲਾਈ, (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਨਾਲ-ਨਾਲ ਪੰਜਾਬ ਦੇ 'ਸੇਫ ਪੰਜਾਬ' ਵਟਸਐਪ ਚੈਟਬੋਟ ਪੋਰਟਲ—9779100200— ਨੇ ਸਫਲਤਾਪੂਰਵਕ 30 ਫੀਸਦ ਟਿਪ ਕਨਵਰਜਨ ਰੇਟ ਹਾਸਲ ਕੀਤਾ ਹੈ। ਲੋਕਾਂ ਤੋਂ ਪ੍ਰਾਪਤ ਹੋਈ ਜਾਣਕਾਰੀ ਨਾਲ 1 ਮਾਰਚ, 2025 ਤੋਂ ਹੁਣ ਤੱਕ 3671 ਐਫਆਈਆਰਜ਼ ਦਰਜ ਕੀਤੀਆਂ ਗਈਆਂ ਅਤੇ 4872 ਗ੍ਰਿਫ਼ਤਾਰੀਆਂ ਹੋਈਆਂ ਹਨ। ਇਹ ਜਾਣਕਾਰੀ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਜ਼ਿਕਰਯੋਗ ਹੈ ਕਿ 'ਸੇਫ਼ ਪੰਜਾਬ' ਨਸ਼ਾ ਵਿਰੋਧੀ ਹੈਲਪਲਾਈਨ 97791-00200 ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਪਹਿਲਕਦਮੀ ਹੈ, ਜਿਸਦਾ ਉਦੇਸ਼ ਨਸ਼ਿਆਂ ਨਾਲ ਸਬੰਧਤ ਮਸਲਿਆਂ ਨਾਲ ਜੂਝ ਰਹੇ ਵਿਅਕਤੀਆਂ ਨੂੰ ਗੁਪਤ, ਆਸਾਨੀ ਨਾਲ ਉਪਲੱਬਧ ਅਤੇ ਭਰੋਸੇਯੋਗ ਸਹਾਇਤਾ ਪ੍ਰਦਾਨ ਕਰਨਾ ਹੈ। ਡੀਜੀਪੀ ਨੇ ਕਿਹਾ ਕਿ 'ਸੇਫ਼ ਪੰਜਾਬ' ਚੈਟਬੋਟ ਇੱਕ ਮਹੱਤਵਪੂਰਨ ਉਪਰਾਲੇ ਵਜੋਂ ਉੱਭਰੀ ਹੈ ਕਿਉਂਕਿ ਇਸਨੂੰ ਆਪਣੀ ਗੁਪਤਤਾ ਵਾਲੀ ਵਿਸ਼ੇਸ਼ਤਾ ਲਈ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ, ਇਹ ਲੋਕਾਂ ਨੂੰ ਤਸਕਰਾਂ, ਨਸ਼ਾ ਪੀੜਤਾਂ ਦੀ ਰਿਪੋਰਟ ਕਰਨ ਅਤੇ ਸੁਝਾਅ ਦੇਣ ਲਈ ਉਤਸ਼ਾਹਿਤ ਕਰਦੀ ਹੈ। ਲੋਕਾਂ ਨੂੰ ਇਸ ਚੈਟਬੋਟ 'ਤੇ ਬਿਨਾਂ ਕਿਸੇ ਡਰ ਤੋਂ ਗੁਪਤ ਰੂਪ ਵਿੱਚ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਪ੍ਰੇਰਿਆ ਜਾ ਰਿਹਾ ਹੈ।

ਡੀਜੀਪੀ ਪੰਜਾਬ, ਮਹਾਰਾਜਾ ਰਣਜੀਤ ਸਿੰਘ-ਪੰਜਾਬ ਪੁਲਿਸ ਅਕੈਡਮੀ (ਐਮਆਰਐਸ-ਪੀਪੀਏ), ਫਿਲੌਰ ਵਿਖੇ ਸਾਰੇ ਰੇਂਜ ਡੀਆਈਜੀ, ਐਸਐਸਪੀ ਅਤੇ ਸੀ.ਪੀ. ਨਾਲ ਰਾਜ ਪੱਧਰੀ ਕਾਨੂੰਨ ਵਿਵਸਥਾ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ, ਜਿਸ ਵਿੱਚ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਡਰੱਗ ਕਾਨੂੰਨ ਲਾਗੂ ਕਰਨ, ਰਾਜ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ ਅੰਦਰੂਨੀ ਸੁਰੱਖਿਆ ਦੀ ਸਮੀਖਿਆ ਕੀਤੀ ਗਈ। ਵਿਸ਼ੇਸ਼ ਡੀਜੀਪੀ ਕਾਨੂੰਨ ਵਿਵਸਥਾ ਅਰਪਿਤ ਸ਼ੁਕਲਾ, ਵਿਸ਼ੇਸ਼ ਡੀਜੀਪੀ (ਇੰਟੈਲੀਜੈਂਸ) ਪ੍ਰਵੀਨ ਸਿਨਹਾ, ਡਾਇਰੈਕਟਰ (ਪੀਪੀਏ) ਫਿਲੌਰ ਅਨੀਤਾ ਪੁੰਜ, ਏਡੀਜੀਪੀ (ਏਐਨਟੀਐਫ) ਨੀਲਭ ਕਿਸ਼ੋਰ, ਏਡੀਜੀਪੀ (ਏ.ਜੀ.ਟੀ.ਐਫ.) ਪ੍ਰਮੋਦ ਬਾਨ ਅਤੇ ਏਡੀਜੀਪੀ ਕਾਊਂਟਰ ਇੰਟੈਲੀਜੈਂਸ (ਸੀਆਈ) ਅਮਿਤ ਪ੍ਰਸਾਦ ਅਤੇ ਆਈਜੀਪੀ (ਹੈੱਡਕੁਆਟਰ) ਡਾ. ਸੁਖਚੈਨ ਸਿੰਘ ਗਿੱਲ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 14,281 ਐਫਆਈਆਰਜ਼ ਦਰਜ ਕਰਕੇ 22,772 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 940 ਕਿਲੋ ਹੈਰੋਇਨ, 337 ਕਿਲੋ ਅਫੀਮ, 18 ਟਨ ਭੁੱਕੀ, 14 ਕਿਲੋ ਚਰਸ, 325 ਕਿਲੋ ਗਾਂਜਾ, 6 ਕਿਲੋ ਆਈਸੀਈ, 3.3 ਕਿਲੋ ਕੋਕੀਨ, 29.63 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 11.84 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਮੁਹਿੰਮ ਦੌਰਾਨ ਕਾਨੂੰਨੀ ਨਿਯਮਾਂ ਅਨੁਸਾਰ ਨਸ਼ਾ ਤਸਕਰਾਂ ਦੀਆਂ 162 (ਗੈਰ-ਕਾਨੂੰਨੀ ਢੰਗ ਨਾਲ ਬਣਾਈਆਂ) ਜਾਇਦਾਦਾਂ ਨੂੰ ਢਹਿ-ਢੇਰੀ ਕਰ ਦਿੱਤਾ ਗਿਆ ਹੈ।

ਇਸ ਮੌਕੇ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ, ਵਿਸ਼ੇਸ਼ ਡੀਜੀਪੀ ਇੰਟੈਲੀਜੈਂਸ ਪ੍ਰਵੀਨ ਸਿਨਹਾ, ਏਡੀਜੀਪੀ (ਏਐਨਟੀਐਫ) ਨੀਲਭ ਕਿਸ਼ੋਰ, ਏਡੀਜੀਪੀ (ਏਜੀਟੀਐਫ) ਪ੍ਰਮੋਦ ਬਾਨ ਅਤੇ ਏਡੀਜੀਪੀ (ਸੀਆਈ) ਅਮਿਤ ਪ੍ਰਸਾਦ ਨੇ ਫੀਲਡ ਅਧਿਕਾਰੀਆਂ ਨੂੰ ਨਸ਼ਾ ਤਸਕਰੀ, ਪਾਕਿ-ਅਧਾਰਤ ਅੱਤਵਾਦ, ਸੰਗਠਿਤ ਅਪਰਾਧ ਅਤੇ ਰਾਜ ਵਿੱਚ ਕਾਨੂੰਨ ਵਿਵਸਥਾ ਨੂੰ ਪ੍ਰਭਾਵਿਤ ਕਰਨ ਵਾਲੇ ਮਹੱਤਵਪੂਰਨ ਮੁੱਦਿਆਂ ਦੇ ਨਵੀਨਤਮ ਰੁਝਾਨਾਂ ਤੋਂ ਜਾਣੂ ਕਰਵਾਇਆ।

ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ !
ਚੜ੍ਹਦੀਕਲਾ ਵਿੱਚ ਰਹੋ !!

# ਮੋਹਾਲੀ ਵਿਖੇ ਮਾਲਵੇਅਰ ਵਿਸ਼ਲੇਸ਼ਣ ਲਈ ਸਾਈਬਰ ਕਿਓਸਕ ਦਾ ਉਦਘਾਟਨ

ਚੰਡੀਗੜ੍ਹ/ਮੋਹਾਲੀ, 21 ਜੁਲਾਈ, (ਚ.ਨ.ਸ.) : ਜਨਤਕ ਸਾਈਬਰ ਸੁਰੱਖਿਆ ਨੂੰ ਵਧਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਪੰਜਾਬ ਪੁਲਿਸ ਨੇ ਸੋਮਵਾਰ ਨੂੰ ਮੋਹਾਲੀ ਦੇ ਸਟੇਟ ਸਾਈਬਰ ਕ੍ਰਾਈਮ ਦਫਤਰ ਵਿਖੇ ਮੋਬਾਈਲ ਡਿਵਾਈਸਾਂ ਦੇ ਮਾਲਵੇਅਰ ਵਿਸ਼ਲੇਸ਼ਣ ਲਈ ਸਾਈਬਰ ਕਿਓਸਕ ਮਸ਼ੀਨ ਦਾ ਉਦਘਾਟਨ ਕੀਤਾ। ਰਾਜ ਵਿੱਚ ਆਪਣੀ ਕਿਸਮ ਦੀ ਪਹਿਲੀ ਸਾਈਬਰ ਕਿਓਸਕ, ਇਹ ਮਸ਼ੀਨ ਨਾਗਰਿਕ ਡਿਜੀਟਲ ਸੁਰੱਖਿਆ ਵੱਲ ਮਹੱਤਵਪੂਰਨ ਤਕਨੀਕੀ ਤਰੱਕੀ ਹੈ।

ਸੈਲਫ-ਸਰਵਿਸ ਕਿਓਸਕ ਨੁਕਸਾਨਦੇਹ, ਪਾਬੰਦੀਸ਼ੁਦਾ ਜਾਂ ਅਸੁਰੱਖਿਅਤ ਐਪਲੀਕੇਸ਼ਨਾਂ ਅਤੇ ਫਾਈਲਾਂ ਤੋਂ ਐਂਡਰਾਇਡ ਅਤੇ ਆਈਓਐਸ ਮੋਬਾਈਲ ਡਿਵਾਈਸਾਂ ਦੇ ਨਾਲ-ਨਾਲ ਯੂਐਸਬੀ ਡਰਾਈਵਾਂ ਅਤੇ ਬਾਹਰੀ ਸਟੋਰੇਜ ਨੂੰ ਸਕੈਨ ਅਤੇ ਸੈਨੀਟਾਈਜ਼ ਕਰਨ ਲਈ ਤਿਆਰ ਕੀਤਾ ਗਿਆ ਹੈ।

ਮੋਹਾਲੀ ਦੇ ਫੇਜ਼ 4 ਵਿਖੇ ਸਟੇਟ ਸਾਈਬਰ ਕ੍ਰਾਈਮ ਦਫ਼ਤਰ ਵਿਖੇ ਸਾਈਬਰ ਕਿਓਸਕ ਦਾ ਉਦਘਾਟਨ ਕਰਦਿਆਂ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ, ਸਾਈਬਰ ਕ੍ਰਾਈਮ ਵੀ ਨੀਰਜਾ ਨੇ ਕਿਹਾ ਕਿ ਸਾਈਬਰ ਕਿਓਸਕ ਨਾਗਰਿਕਾਂ ਲਈ ਇੱਕ ਜਨਤਕ ਪਹਿਲ ਹੈ ਅਤੇ ਇਸਨੂੰ ਸ਼ੁਰੂ ਵਿੱਚ ਚਾਰ ਥਾਵਾਂ- ਮੋਹਾਲੀ, ਸੀਪੀ ਦਫ਼ਤਰ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਵਿਖੇ ਸਥਾਪਿਤ ਕੀਤਾ ਗਿਆ ਹੈ, ਜਿਸ ਉਪਰੰਤ ਇਸਨੂੰ ਹੋਰ ਜ਼ਿਲ੍ਹਿਆਂ ਵਿੱਚ ਵੀ ਸਥਾਪਤ ਕੀਤਾ ਜਾਵੇਗਾ।

ਲੋਕ ਭਲਾਈ ਅਤੇ ਉਦਯੋਗ ਸੰਗਠਨਾਂ ਦੇ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਦਿਆਂ ਸਪੈਸ਼ਲ ਡੀਜੀਪੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕਿਓਸਕ 24 ਘੰਟੇ ਤੇਜ਼, ਸੁਰੱਖਿਅਤ ਅਤੇ ਮੁਫ਼ਤ ਸੇਵਾਵਾਂ ਪ੍ਰਦਾਨ ਕਰਦਾ ਹੈ, ਜਿਸ ਵਿੱਚ ਹਰੇਕ ਸਕੈਨ ਵਿੱਚ ਸਿਰਫ਼ 2-5 ਮਿੰਟ ਲੱਗਦੇ ਹਨ। ਉਹਨਾਂ ਭਰੋਸਾ ਦਿੱਤਾ ਕਿ ਡੇਟਾ ਲੀਕ ਹੋਣ ਦਾ ਕੋਈ ਖ਼ਤਰਾ ਨਹੀਂ ਹੈ—ਨਾਗਰਿਕ ਮਾਲਵੇਅਰ ਲਈ ਆਪਣੇ ਡਿਵਾਈਸਾਂ ਦੀ ਸੁਰੱਖਿਅਤ ਢੰਗ ਨਾਲ ਜਾਂਚ ਕਰ ਸਕਦੇ ਹਨ ਅਤੇ ਸੰਭਾਵੀ ਜੋਖਮਾਂ ਨੂੰ ਤੁਰੰਤ ਹਟਾ ਸਕਦੇ ਹਨ।

ਉਹਨਾਂ ਨੇ ਜਨਤਾ ਨੂੰ ਸਾਈਬਰ ਅਪਰਾਧਾਂ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ ਅਤੇ ਸਾਈਬਰ ਅਪਰਾਧ ਹੈਲਪਲਾਈਨ - 1930 ਜਾਂ cybercrime.punjabpolice.gov.in 'ਤੇ 'ਸਾਈਬਰ-ਮਿੱਤਰ' ਚੈਟਬੋਟ ਰਾਹੀਂ ਤੁਰੰਤ ਰਿਪੋਰਟ ਕਰਨ ਲਈ ਕਿਹਾ।

ਲੋਕ ਨੁਮਾਇੰਦਿਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸਾਈਬਰ ਅਪਰਾਧ ਦੇ ਐਸਪੀ, ਜਸ਼ਨਦੀਪ ਸਿੰਘ ਗਿੱਲ ਨੇ ਕਿਹਾ ਕਿ ਕਿਓਸਕ ਆਈਐਮਈਆਈ ਵੇਰਵਿਆਂ ਤੇ ਸਿਮ ਸਬੰਧੀ ਜਾਣਕਾਰੀ ਦੀ ਪਛਾਣ ਕਰਦਾ ਹੈ ਅਤੇ ਐਪਲੀਕੇਸ਼ਨਾਂ ਤੇ ਅੰਦਰੂਨੀ ਸਟੋਰੇਜ ਦਾ ਤੇਜ਼ੀ ਅਤੇ ਡੂੰਘਾਈ ਨਾਲ ਸਕੈਨ ਕਰਦਾ ਹੈ। ਉਹਨਾਂ ਅੱਗੇ ਦੱਸਿਆ ਕਿ ਉਪਭੋਗਤਾ ਸੰਕਰਮਿਤ ਐਪਸ ਨੂੰ ਅਣਇੰਸਟਾਲ ਕਰ ਸਕਦੇ ਹਨ, ਨੁਕਸਾਨਦੇਹ ਫਾਈਲਾਂ ਨੂੰ ਹਟਾ ਸਕਦੇ ਹਨ ਅਤੇ ਸਕੈਨ ਰਿਪੋਰਟਾਂ ਤੁਰੰਤ ਤਿਆਰ ਕਰ ਸਕਦੇ ਹਨ। ਰਿਪੋਰਟ ਉਪਭੋਗਤਾ ਦੇ ਈਮੇਲ 'ਤੇ ਭੇਜੀ ਜਾ ਸਕਦੀ ਹੈ ਜਾਂ ਯੂਐਸਬੀ ਡਿਵਾਈਸ 'ਤੇ ਸਟੋਰ ਕੀਤੀ ਜਾ ਸਕਦੀ ਹੈ। ਸਿਸਟਮ ਉਪਭੋਗਤਾ-ਅਨੁਕੂਲ ਤੇ ਸੁਰੱਖਿਅਤ ਹੋਣ ਦੇ ਨਾਲ-ਨਾਲ ਵਨ ਟੱਚ ਸਕ੍ਰੀਨ ਇੰਟਰਫੇਸ ਜ਼ਰੀਏ ਕੰਮ ਕਰਦਾ ਹੈ।

ਨੈਸ਼ਨਲ ਫੋਰੈਂਸਿਕ ਸਾਇੰਸਜ਼ ਯੂਨੀਵਰਸਿਟੀ (ਐਨਐਫਐਸਯੂ) ਦੁਆਰਾ ਅਰਿਸ਼ਟੀ ਇਨਫੋ ਲੈਬਜ਼ ਦੇ ਸਹਿਯੋਗ ਨਾਲ ਵਿਕਸਤ ਕੀਤਾ ਗਿਆ ਇਹ ਕਿਓਸਕ ਮਾਲਵੇਅਰ ਵਿਸ਼ਲੇਸ਼ਣ ਆਧੁਨਿਕ ਤਕਨੀਕੀ ਹੁਨਰਾਂ ਦੀ ਲੋੜ ਦੇ ਬਿਨਾਂ ਸਿੱਧੇ ਜਨਤਕ ਖੇਤਰ ਵਿੱਚ ਲਿਆਂਦਾ ਗਿਆ ਹੈ। ਮੋਹਾਲੀ ਸਾਈਬਰ ਕਿਓਸਕ ਨੂੰ ਉਨ੍ਹਾਂ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਸਹੂਲਤ ਦੇ ਹਿੱਸੇ ਵਜੋਂ ਓਮੈਕਸ ਦੇ ਸਹਿਯੋਗ ਨਾਲ ਸਥਾਪਤ ਕੀਤਾ ਗਿਆ ਹੈ।

ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ, ਮੋਹਾਲੀ, ਲਾਇਨਜ਼ ਕਲੱਬ ਮੋਹਾਲੀ, ਰੈੱਡ ਕਰਾਸ ਮੋਹਾਲੀ, ਰੋਟਰੀ ਕਲੱਬ ਮੋਹਾਲੀ ਅਤੇ ਮੋਹਾਲੀ ਇੰਡਸਟਰੀਜ਼ ਐਸੋਸੀਏਸ਼ਨ ਦੇ ਨੁਮਾਇੰਦੇ ਸ਼ਾਮਲ ਸਨ।

## ਜਨਮ ਦਿਨ ਮੁਬਾਰਕ



ਪ੍ਰੀਦੀ ਵਿਸ਼ਵਾਕਰਮਾ



ਸ਼ਿਵਾਂਸ਼

## ਸੰਪਾਦਕੀ

# ਭਾਰਤ ਦਾ ਸਾਥ ਦੇਣ ਦੀ ਲੋੜ

ਦ ਰੇਸਿਸਟੈਂਸ ਫਰੰਟ ਇੱਕ ਅੱਤਵਾਦੀ ਜਥੇਬੰਦੀ ਹੈ, ਅਮਰੀਕਾ ਨੇ ਆਖਰਕਾਰ ਉਸ ਸੱਚ ਨੂੰ ਸਵੀਕਾਰ ਕਰ ਲਿਆ ਹੈ ਅਤੇ ਭਾਰਤ ਪਹਿਲਾਂ ਹੀ ਦੁਨੀਆ ਦੇ ਸਾਹਮਣੇ ਉਜਾਗਰ ਕਰ ਰਿਹਾ ਸੀ। ਅਮਰੀਕਾ ਨੇ ਹੁਣ ਪਾਕਿਸਤਾਨ ਦੇ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ ਦੀ ਇੱਕ ਫਰੰਟ ਯੂਨਿਟ ਦਿ ਰੇਸਿਸਟੈਂਸ ਫਰੰਟ (ਟੀਆਰਐਫ) ਨੂੰ ਇੱਕ ਗਲੋਬਲ ਅੱਤਵਾਦੀ ਸੰਗਠਨ ਐਲਾਨ ਦਿੱਤਾ ਹੈ। ਇਹ ਉਹੀ ਅੱਤਵਾਦੀ ਸੰਗਠਨ ਹੈ, ਜਿਸਨੇ ਪਹਿਲਗਾਮ ਵਿੱਚ ਮਾਸੂਮ ਲੋਕਾਂ ਦਾ ਖੂਨ ਵਹਾਇਆ ਸੀ। ਅਮਰੀਕਾ ਦੇ ਇਸ ਕਦਮ ਨੂੰ ਭਾਰਤ ਲਈ ਇੱਕ ਕੂਟਨੀਤਕ ਜਿੱਤ ਵਜੋਂ ਦੇਖਿਆ ਜਾ ਰਿਹਾ ਹੈ। ਇਹ ਇਸ ਗੱਲ ਦਾ ਵੀ ਸੰਕੇਤ ਹੈ ਕਿ ਅੱਤਵਾਦ ਨਾਲ ਲੜਨ ਦੇ ਮੋਰਚੇ 'ਤੇ ਭਾਰਤ ਦੀਆਂ ਕੋਸ਼ਿਸ਼ਾਂ ਸਫਲ ਹੋ ਰਹੀਆਂ ਹਨ। ਇਸ ਫੈਸਲੇ ਨੇ ਨਾ ਸਿਰਫ ਟੀਆਰਐਫ ਦੇ ਅੱਤਵਾਦੀ ਚਿਹਰੇ ਤੋਂ ਪਰਦਾ ਹਟਾ ਦਿੱਤਾ ਹੈ, ਸਗੋਂ ਪਾਕਿਸਤਾਨ ਦੀਆਂ ਨਾਪਾਕ ਗਤੀਵਿਧੀਆਂ ਨੂੰ ਵੀ ਬੇਨਕਾਬ ਕਰ ਦਿੱਤਾ ਹੈ, ਜਿਸਨੂੰ ਉਹ ਆਪਣੇ ਆਪ ਨੂੰ ਅੱਤਵਾਦ ਦਾ ਸ਼ਿਕਾਰ ਦੱਸ ਕੇ ਛੁਪਾ ਰਿਹਾ ਹੈ। ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਇਸਨੂੰ ਭਾਰਤ ਅਤੇ ਅਮਰੀਕਾ ਵਿਚਕਾਰ ਮਜ਼ਬੂਤ ਅੱਤਵਾਦ ਵਿਰੋਧੀ ਸਹਿਯੋਗ ਦਾ ਸਬੂਤ ਦੱਸਿਆ ਹੈ ਅਤੇ ਅੱਤਵਾਦ ਵਿਰੁੱਧ ਲੜਾਈ ਵਿੱਚ ਵਿਸ਼ਵਵਿਆਪੀ ਸਹਿਯੋਗ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਹੈ। ਟੀਆਰਐਫ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਜ਼ਿੰਮੇਵਾਰੀ ਲਈ ਸੀ, ਪਰ ਬਾਅਦ ਵਿੱਚ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਵਧਣ 'ਤੇ ਆਪਣਾ ਬਿਆਨ ਵਾਪਸ ਲੈ ਲਿਆ। ਇਹ ਕੋਈ ਨਵਾਂ ਅੱਤਵਾਦੀ ਸੰਗਠਨ ਨਹੀਂ ਹੈ, ਸਗੋਂ ਲਸ਼ਕਰ-ਏ-ਤੋਇਬਾ ਅਤੇ ਇਸਦੇ ਨੇਤਾ ਹਾਫਿਜ਼ ਸਈਦ ਦੀ ਪੁਰਾਣੀ ਸਾਜ਼ਿਸ਼ ਦਾ ਇੱਕ ਨਵਾਂ ਚਿਹਰਾ ਹੈ। ਪਾਕਿਸਤਾਨ ਨੇ ਇਸਨੂੰ ਇਸ ਤਰ੍ਹਾਂ ਪੇਸ਼ ਕੀਤਾ ਜਿਵੇਂ ਇਹ ਕਸ਼ਮੀਰ ਦਾ ਇੱਕ ਸਥਾਨਕ ਸੰਗਠਨ ਹੋਵੇ ਤਾਂ ਜੋ ਇਹ ਦੁਨੀਆ ਨੂੰ ਆਪਣੀ ਸਾਫ਼-ਸੁਥਰੀ ਛਵੀ ਦਿਖਾ ਸਕੇ। ਇਹ ਕੋਈ ਗੁਪਤ ਗੱਲ ਨਹੀਂ ਹੈ ਕਿ ਪਾਕਿਸਤਾਨ ਦੀ ਧਰਤੀ ਤੋਂ ਕਈ ਵੱਡੇ ਅੱਤਵਾਦੀ ਸੰਗਠਨ ਚਲਾਏ ਜਾ ਰਹੇ ਹਨ। ਲਸ਼ਕਰ-ਏ-ਤੋਇਬਾ, ਜੈਸ਼-ਏ-ਮੁਹੰਮਦ ਅਤੇ ਹਿਜ਼ਬੁਲ ਮੁਜਾਹਿਦੀਨ ਇਨ੍ਹਾਂ ਵਿੱਚੋਂ ਪ੍ਰਮੁੱਖ ਹਨ। ਇਹ ਸਵਾਲ ਅੰਤਰਰਾਸ਼ਟਰੀ ਮੰਚਾਂ 'ਤੇ ਵੀ ਕਈ ਵਾਰ ਉਠਾਏ ਗਏ ਹਨ, ਜਿਸਦਾ ਨਤੀਜਾ ਇਹ ਹੋਇਆ ਕਿ ਪਾਕਿਸਤਾਨ ਨੇ ਆਪਣੀ ਰਣਨੀਤੀ ਬਦਲ ਲਈ ਅਤੇ ਅੱਤਵਾਦੀ ਸੰਗਠਨਾਂ ਦੇ ਨਾਮ ਬਦਲਣੇ ਸ਼ੁਰੂ ਕਰ ਦਿੱਤੇ। ਟੀਆਰਐਫ ਇਸਦੀ ਇੱਕ ਉਦਾਹਰਣ ਹੈ। ਪਰ, ਅਮਰੀਕਾ ਦੁਆਰਾ ਇਸਨੂੰ ਇੱਕ ਗਲੋਬਲ ਅੱਤਵਾਦੀ ਸੰਗਠਨ ਘੋਸ਼ਿਤ ਕਰਨਾ ਇਸ ਤੱਥ ਦਾ ਸਬੂਤ ਹੈ ਕਿ ਅੱਤਵਾਦੀਆਂ ਨੂੰ ਹਥਿਆਰਾਂ ਵਜੋਂ ਵਰਤਣ ਦੇ ਇਰਾਦਿਆਂ ਨੂੰ ਇੱਕ ਉਪਨਾਮ ਦੇ ਪਿੱਛੇ ਛੁਪਾਇਆ ਨਹੀਂ ਜਾ ਸਕਦਾ। ਇਸਨੂੰ ਭਾਰਤ ਦੀ ਕੂਟਨੀਤਕ ਤਾਕਤ ਕਿਹਾ ਜਾਵੇਗਾ ਕਿ ਇਸਨੇ ਨਾ ਸਿਰਫ ਟੀਆਰਐਫ ਦਾ ਪਰਦਾਫਾਸ਼ ਕੀਤਾ, ਸਗੋਂ ਦੁਨੀਆ ਨੂੰ ਇਹ ਵੀ ਦਿਖਾਇਆ ਕਿ ਅੱਤਵਾਦ ਵਿਰੁੱਧ ਉਸਦਾ ਸਟੈਂਡ ਕਿੰਨਾ ਮਜ਼ਬੂਤ ਹੈ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੇ ਕੂਟਨੀਤਕ ਪੱਧਰ 'ਤੇ ਅੱਤਵਾਦ ਵਿਰੁੱਧ ਵੱਖ-ਵੱਖ ਦੇਸ਼ਾਂ ਨੂੰ ਇੱਕਜੁੱਟ ਕਰਨ ਦੀਆਂ ਆਪਣੀਆਂ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਹਨ। ਅਜਿਹੀ ਸਥਿਤੀ ਵਿੱਚ ਅਮਰੀਕਾ 'ਤੇ ਦਬਾਅ ਸੀ ਕਿ ਉਹ ਇਹ ਸਾਬਤ ਕਰੇ ਕਿ ਉਹ ਅੱਤਵਾਦ ਵਿਰੁੱਧ ਦੋਹਰੇ ਮਾਪਦੰਡ ਨਹੀਂ ਅਪਣਾਉਂਦਾ। ਦੋਹਰੇ ਮਾਪਦੰਡਾਂ ਦਾ ਮੁੱਦਾ ਮਹੱਤਵਪੂਰਨ ਹੈ ਕਿਉਂਕਿ ਇੱਕ ਪਾਸੇ ਅਮਰੀਕਾ ਅੱਤਵਾਦ ਵਿਰੁੱਧ ਭਾਰਤ ਦੇ ਨਾਲ ਖੜ੍ਹਾ ਹੋਣ ਦਾ ਦਾਅਵਾ ਕਰਦਾ ਹੈ, ਦੂਜੇ ਪਾਸੇ ਪਾਕਿਸਤਾਨ ਨੂੰ ਅੰਤਰਰਾਸ਼ਟਰੀ ਮੁਦਰਾ ਫੰਡ ਅਤੇ ਵਿਸ਼ਵ ਬੈਂਕ ਤੋਂ ਕਰਜ਼ੇ ਦੇ ਰੂਪ ਵਿੱਚ ਵੱਡੀ ਰਕਮ ਦਿੱਤੀ ਜਾਂਦੀ ਹੈ। ਸਵਾਲ ਇਹ ਹੈ ਕਿ ਜਦੋਂ ਅਮਰੀਕਾ ਮੰਨਦਾ ਹੈ ਕਿ ਪਾਕਿਸਤਾਨ ਅੱਤਵਾਦੀਆਂ ਨੂੰ ਪਾਲ ਰਿਹਾ ਹੈ ਤਾਂ ਉਹ ਵਿਸ਼ਵ ਸੰਸਥਾਵਾਂ ਤੋਂ ਉਸ ਨੂੰ ਵਿੱਤੀ ਸਹਾਇਤਾ ਬੰਦ ਕਰਨ ਦੀ ਵਕਾਲਤ ਕਿਉਂ ਨਹੀਂ ਕਰਦਾ? ਹਾਲਾਂਕਿ, ਭਾਰਤ ਅੱਤਵਾਦ ਨੂੰ ਬਿਲਕੁਲ ਬਰਦਾਸ਼ਤ ਨਾ ਕਰਨ ਦੀ ਨੀਤੀ 'ਤੇ ਚੱਲ ਰਿਹਾ ਹੈ ਅਤੇ ਹੁਣ ਸਮਾਂ ਆ ਗਿਆ ਹੈ ਕਿ ਦੁਨੀਆ ਦੇ ਸਾਰੇ ਦੇਸ਼ ਇਸ ਲੜਾਈ ਵਿੱਚ ਭਾਰਤ ਦਾ ਸਾਥ ਦੇਣ ਅਤੇ ਦੋਹਰੇ ਮਾਪਦੰਡਾਂ ਨੂੰ ਛੱਡ ਕੇ ਅੱਤਵਾਦ ਦੀਆਂ ਜੜ੍ਹਾਂ 'ਤੇ ਹਮਲਾ ਕਰਨ।

-ਜਗਜੀਤ ਸਿੰਘ ਦਰਦੀ

## 2027 ਪੰਜਾਬ ਚੋਣਾਂ ਲਈ ਨਵੇਂ ਏਜੰਡੇ ਦੀ ਤਲਾਸ਼

# ਪੰਜਾਬ ਦੀ ਸਿਆਸਤ ਤੇ ਦਲਾਂ ਦੀ ਅੰਦਰੂਨੀ ਹਫੜਾ-ਦਫੜੀ ਅਤੇ ਨਵੇਂ ਪੰਜਾਬ ਏਜੰਡੇ ਦੀ ਖ਼ੋਜ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਦੀ ਰਾਜਨੀਤੀ ਵਿੱਚ ਹੁਣ ਜਿਸ ਤਰ੍ਹਾਂ ਦਾ ਮਾਹੌਲ ਹੈ, ਉਸਨੇ ਹੁਣ ਤੋਂ ਹੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਗਹਿਮਾ ਗਹਿਮੀ ਪੈਦਾ ਕਰ ਦਿੱਤੀ ਕਿਉਂਕਿ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦਾ ਕੋਈ ਵਿਸ਼ਵਾਸ ਤੇ ਭਰੋਸੇਯੋਗਤਾ ਦਾ ਆਧਾਰ ਹੀ ਨਹੀਂ ਰਿਹਾ ਹੈ।

ਅੱਜ ਪੰਜਾਬੀ ਲੋਕਾਂ ਦਾ ਸਾਰੀਆਂ ਪਾਰਟੀਆਂ ਤੋਂ ਭਰੋਸਾ ਟੁੱਟ ਚੁੱਕਾ ਹੈ, ਵਿਸ਼ੇਸ਼ਕਰ ਪਾਰਟੀਆਂ ਦੇ ਅੰਦਰ ਲੋਕਤੰਤਰ ਦੀ ਲੋੜ ਅਤੇ ਆਪ ਹੁਦਰਾਪਣ ਨੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦੇ ਅੰਦਰੂਨੀ ਸਥਿਤੀ ਨੂੰ ਖੋਖਲਾ ਕਰ ਦਿੱਤਾ ਹੈ ਤੇ ਇਹਨਾਂ ਸਵਾਲਾਂ ਦੇ ਜਵਾਬ ਵਿੱਚ ਕੱਲ੍ਹ ਆਪ ਸੱਤਾਧਾਰੀ ਪਾਰਟੀ ਦੇ ਸਾਬਕਾ ਮੰਤਰੀ ਤੇ ਐਮਐਲਏ ਅਨਮੋਲ ਗਗਨ ਮਾਨ ਨੇ ਜਿਸ ਤਰ੍ਹਾਂ ਯੂ ਟਰਨ ਲਿਆ ਹੈ, ਉਸ ਨਾਲ ਪਾਰਟੀਆਂ ਦੇ ਅੰਦਰ ਕੀ ਚੱਲ ਰਿਹਾ ਹੈ, ਉਸ ਦੀ ਵੀ ਇੱਕ ਝਲਕ ਦਿਖਾਈ ਦਿੰਦੀ ਹੈ।

ਅਨਮੋਲ ਗਗਨ ਮਾਨ, ਆਮ ਆਦਮੀ ਪਾਰਟੀ (ਆਪ) ਦੀ ਖਰੜ ਸੀਟ ਤੋਂ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਨੇ 19 ਜੁਲਾਈ 2025 ਨੂੰ ਆਪਣੇ ਵਿਧਾਇਕ ਅਹੁਦੇ ਤੋਂ ਅਸਤੀਫਾ ਦੇਣ ਦਾ ਐਲਾਨ ਕਰਕੇ ਸਿਆਸਤ ਛੱਡਣ ਦੀ ਗੱਲ ਕੀਤੀ ਸੀ। ਉਨ੍ਹਾਂ ਨੇ ਫੇਸਬੁੱਕ 'ਤੇ ਇੱਕ ਪੋਸਟ ਸਾਂਝੀ ਕਰਦਿਆਂ ਵਿਧਾਨ ਸਭਾ ਦੇ ਸਪੀਕਰ ਨੂੰ ਅਸਤੀਫ਼ਾ ਸਵੀਕਾਰ ਕਰਨ ਦੀ ਅਪੀਲ ਕੀਤੀ ਅਤੇ ਪਾਰਟੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੇ ਅਸਤੀਫ਼ੇ ਦੀ ਖ਼ਬਰ ਨੇ ਪੰਜਾਬ ਦੀ ਸਿਆਸਤ ਵਿੱਚ ਹਲਚਲ ਮਚਾ ਦਿੱਤੀ ਅਤੇ ਕਈਆਂ ਨੇ ਅੰਦਾਜ਼ਾ ਲਗਾਇਆ ਕਿ ਉਹ ਸੰਗੀਤ ਜਗਤ ਵਿੱਚ ਵਾਪਸੀ ਕਰ ਸਕਦੀ ਹੈ।ਪਰ, ਅਗਲੇ ਦਿਨ 20 ਜੁਲਾਈ 2025 ਨੂੰ ਅਨਮੋਲ ਗਗਨ ਮਾਨ ਦੀ ਪੰਜਾਬ ਦੇ ਸਹਿ-ਪ੍ਰਧਾਨ ਅਮਨ ਅਰੋੜਾ ਨਾਲ ਮੁਲਾਕਾਤ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਉਨ੍ਹਾਂ ਦਾ ਅਸਤੀਫਾ ਨਾਮਨਜ਼ੂਰ ਕਰ ਦਿੱਤਾ ਹੈ। ਇਸ ਯੂ-ਟਰਨ ਨੇ ਸਿਆਸੀ ਹਲਕਿਆਂ ਵਿੱਚ ਚਰਚਾ ਨੂੰ ਹੋਰ ਤੇਜ਼ ਕਰ ਦਿੱਤਾ ਹੈ।

ਕੁੱਝ ਸੂਤਰਾਂ ਅਨੁਸਾਰ ਅਜਿਹੀਆਂ ਅਟਕਲਾਂ ਵੀ ਸਨ ਕਿ ਅਸਤੀਫੇ ਦਾ ਫੈਸਲਾ ਪਾਰਟੀ ਦੀ ਅੰਦਰੂਨੀ ਸਿਆਸਤ ਜਾਂ ਅਨਮੋਲ ਗਗਨ ਦੀ ਨਾਰਾਜ਼ਗੀ ਨਾਲ ਜੁੜਿਆ ਹੋ ਸਕਦਾ ਹੈ, ਪਰ ਪਾਰਟੀ ਨੇ ਸਪੱਸ਼ਟ ਕੀਤਾ ਕਿ ਉਹ ਅਨਮੋਲ ਨੂੰ ਪਾਰਟੀ ਵਿੱਚ ਹੀ ਰੱਖਣਾ ਚਾਹੁੰਦੀ ਹੈ। ਅਨਮੋਲ ਗਗਨ ਮਾਨ ਦੇ ਅਸਤੀਫੇ ਅਤੇ ਯੂ-ਟਰਨ ਨੇ ਪੰਜਾਬ ਦੀ ਸਿਆਸਤ ਵਿੱਚ ਕਈ ਸਵਾਲ ਖੜ੍ਹੇ ਕੀਤੇ ਹਨ। ਆਮ ਆਦਮੀ ਪਾਰਟੀ, ਜਿਸ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ 117 ਵਿੱਚੋਂ 92 ਸੀਟਾਂ ਜਿੱਤ ਕੇ ਸਰਕਾਰ ਬਣਾਈ ਸੀ, ਨੂੰ ਅੰਦਰੂਨੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਨਮੋਲ ਗਗਨ ਵਰਗੇ ਪ੍ਰਮੁੱਖ ਚਿਹਰਿਆਂ ਦੀ ਨਰਾਜ਼ਗੀ ਜਾਂ ਅਸਤੀਫੇ ਦੀਆਂ ਖ਼ਬਰਾਂ ਪਾਰਟੀ ਦੀ ਏਕਤਾ 'ਤੇ ਸਵਾਲ ਉਠਾਉਂਦੀਆਂ ਹਨ। ਇਸ ਤੋਂ ਪਹਿਲਾਂ ਵੀ 2018 ਵਿੱਚ ਸੁਖਪਾਲ ਖਹਿਰਾ ਵਰਗੇ ਆਗੂਆਂ ਦੀ ਪਾਰਟੀ ਤੋਂ ਅਲਹਿਦਗੀ ਨੇ ਆਪ ਦੀ ਅੰਦਰੂਨੀ ਸਥਿਤੀ ਨੂੰ ਚਰਚਾ ਦਾ ਵਿਸ਼ਾ ਬਣਾਇਆ ਸੀ।

ਇਸ ਘਟਨਾ ਨੇ ਵਿਰੋਧੀ ਧਿਰਾਂ, ਜਿਵੇਂ ਕਿ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ, ਨੂੰ ਸਰਕਾਰ 'ਤੇ ਨਿਸ਼ਾਨਾ ਸਾਧਣ ਦਾ ਮੌਕਾ ਦਿੱਤਾ ਹੈ। ਵਿਰੋਧੀਆਂ ਨੇ ਦਾਅਵਾ ਕੀਤਾ ਕਿ ਆਪ ਸਰਕਾਰ ਅਮਨ-ਕਾਨੂੰਨ ਅਤੇ ਵਿਕਾਸ ਦੇ ਮੁੱਦਿਆਂ 'ਤੇ ਨਕਾਰਾ ਸਾਬਤ ਹੋ ਰਹੀ ਹੈ, ਜਿਸ ਕਾਰਨ ਪਾਰਟੀ ਦੇ ਅੰਦਰ ਵੀ ਅਸੰਤੁਸ਼ਟੀ ਵੱਧ ਰਹੀ ਹੈ। ਅਨਮੋਲ ਗਗਨ ਮਾਨ ਦਾ ਪਿਛੋਕੜ ਅਨਮੋਲ ਗਗਨ ਮਾਨ ਨੇ 2022 ਦੀਆਂ ਚੋਣਾਂ ਵਿੱਚ ਖਰੜ ਸੀਟ ਤੋਂ ਜਿੱਤ ਹਾਸਲ ਕੀਤੀ ਸੀ। ਉਨ੍ਹਾਂ ਨੂੰ ਭਗਵੰਤ ਮਾਨ ਸਰਕਾਰ ਵਿੱਚ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦਾ ਮੰਤਰੀ ਬਣਾਇਆ ਗਿਆ ਸੀ ਹਾਲਾਂਕਿ, ਬਾਅਦ ਵਿੱਚ ਮੰਤਰੀ ਮੰਡਲ ਤੋਂ ਹਟਾਏ ਜਾਣ ਨਾਲ ਉਨ੍ਹਾਂ ਦੀ ਨਾਰਾਜ਼ਗੀ ਦੀਆਂ ਅਟਕਲਾਂ ਸ਼ੁਰੂ ਹੋਈਆਂ ਸਨ ਤੇ ਹੁਣ ਉਨ੍ਹਾਂ ਦਾ ਅਸਤੀਫਾ ਅਤੇ ਵਾਪਸੀ ਪੰਜਾਬ ਦੀ ਸਿਆਸਤ ਵਿੱਚ ਆਪ ਦੀ ਅੰਦਰੂਨੀ ਗਤੀਵਿਧੀਆਂ ਦਾ ਸੰਕੇਤ ਮੰਨੀ ਜਾ ਰਹੀ ਹੈ ਪਰ ਪਾਰਟੀ ਦੁਆਰਾ ਅਸਤੀਫਾ ਨਾਮਨਜ਼ੂਰ ਕਰਨ ਨਾਲ ਇਹ ਸੰਭਾਵਨਾ ਫ਼ਿਲਹਾਲ ਟਲਦੀ ਨਜ਼ਰ ਆਉਂਦੀ ਹੈ। ਇਹ ਅਸਤੀਫ਼ਾ ਅਤੇ ਯੂ-ਟਰਨ ਪੰਜਾਬ ਦੀ ਸਿਆਸਤ ਵਿੱਚ ਆਪ ਦੀ ਅੰਦਰੂਨੀ ਗਤੀਸ਼ੀਲਤਾ ਅਤੇ ਚੁਣੌਤੀਆਂ ਨੂੰ ਦਰਸਾਉਂਦਾ ਹੈ। ਇਹ ਘਟਨਾ ਪਾਰਟੀ ਦੀ ਏਕਤਾ ਅਤੇ ਲੀਡਰਸ਼ਿਪ ਦੀ ਸਥਿਰਤਾ 'ਤੇ ਸਵਾਲ ਉਠਾਉਂਦੀ ਹੈ। ਨਾਲ ਹੀ, ਇਹ ਵਿਰੋਧੀ ਧਿਰਾਂ ਲਈ ਸਰਕਾਰ ਨੂੰ ਘੇਰਨ ਦਾ ਮੌਕਾ ਵੀ ਬਣ ਸਕਦੀ ਹੈ। ਅਨਮੋਲ ਗਗਨ ਦੀ ਸਿਆਸੀ ਯਾਤਰਾ ਅਤੇ ਭਵਿੱਖ ਦੇ ਫੈਸਲੇ ਪੰਜਾਬ ਦੀ ਸਿਆਸਤ ਵਿੱਚ ਚਰਚਾ ਦਾ ਵਿਸ਼ਾ ਬਣੇ ਰਹਿਣਗੇ।

ਹੁਣ ਪੰਜਾਬ ਦੀ ਰਾਜਨੀਤੀ ਵਿੱਚ ਪਿਛਲੇ ਕੁੱਝ ਸਾਲਾਂ ਤੋਂ ਇੱਕ ਅਜਿਹਾ ਮਾਹੌਲ ਬਣਿਆ ਹੋਇਆ ਹੈ, ਜਿੱਥੇ ਰਾਜਨੀਤਿਕ ਪਾਰਟੀਆਂ ਦੀ ਅੰਦਰੂਨੀ ਟੁੱਟ-ਭੱਜ ਅਤੇ ਆਪਹੁਦਰੇਪਣ ਨੇ ਰਾਜ ਦੇ ਸਿਆਸੀ ਨਕਸ਼ੇ ਨੂੰ ਕਾਫੀ ਪ੍ਰਭਾਵਿਤ ਕੀਤਾ ਹੈ।

ਭਾਰਤੀ ਰਾਸ਼ਟਰੀ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ (ਆਪ) ਵਰਗੀਆਂ ਪ੍ਰਮੁੱਖ ਪਾਰਟੀਆਂ ਅੰਦਰੂਨੀ ਕਲੇਸ਼, ਨੇਤਾਵਾਂ ਦੀ ਦਲ-ਬਦਲੀ ਅਤੇ ਸੱਤਾ ਦੀ ਲਾਲਸਾ ਵਿੱਚ ਫਸੀਆਂ ਨਜ਼ਰ ਆ ਰਹੀਆਂ ਹਨ। 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਵੱਡੀ ਜਿੱਤ ਨੇ ਪੰਜਾਬ ਦੀ ਸਿਆਸਤ ਨੂੰ ਨਵਾਂ ਮੋੜ ਦਿੱਤਾ, ਪਰ ਸਵਾਲ ਇਹ ਹੈ ਕਿ ਕੀ ਇਹ ਪਾਰਟੀਆਂ ਹੁਣ ਪੰਜਾਬ ਦੇ ਵਿਕਾਸ ਅਤੇ ਰਾਸ਼ਟਰੀ ਪੱਧਰ 'ਤੇ ਇੱਕ ਨਵੇਂ ਏਜੰਡੇ ਨੂੰ ਅੱਗੇ ਵਧਾਉਣ ਦੀ ਸਮਰੱਥਾ ਰੱਖਦੀਆਂ ਹਨ, ਜਾਂ ਸਿਰਫ਼ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਵਿੱਚ ਹੀ ਉਲਝੀਆਂ ਰਹਿਣਗੀਆਂ? ਪੰਜਾਬ ਵਿੱਚ ਇਹ ਪਾਰਟੀਆਂ ਅੰਦਰੂਨੀ ਟੁੱਟ-ਭੱਜ ਅਤੇ ਆਪਹੁਦਰੇਪਣ ਦਾ ਸ਼ਿਕਾਰ ਹਨ। ਕਾਂਗਰਸ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਵਿੱਚ ਅੰਦਰੂਨੀ ਕਲੇਸ਼ ਅਤੇ ਨੇਤਾਵਾਂ ਦੀ ਆਪਹੁਦਰੀ ਸਿਆਸਤ ਨੇ ਪੰਜਾਬ ਦੀ ਰਾਜਨੀਤੀ ਨੂੰ ਇੱਕ ਅਸਥਿਰ ਦੌਰ ਵਿੱਚ ਧੱਕ ਦਿੱਤਾ ਹੈ। ਕਾਂਗਰਸ ਪੰਜਾਬ ਵਿੱਚ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ 77 ਸੀਟਾਂ ਜਿੱਤਣ ਤੋਂ ਬਾਅਦ ਸੱਤਾ ਵਿੱਚ ਵਾਪਸੀ ਹੋਈ, ਪਰ ਅੰਦਰੂਨੀ ਖੇਮੇਬਾਜ਼ੀ ਅਤੇ ਨੇਤਾਵਾਂ ਦੀ ਆਪਸੀ ਲੜਾਈ ਨੇ ਪਾਰਟੀ ਨੂੰ ਕਮਜ਼ੋਰ ਕਰ ਦਿੱਤਾ। ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਵਿਚਕਾਰ ਚੱਲੀ ਸੱਤਾ ਦੀ ਜੰਗ ਨੇ ਪਾਰਟੀ ਦੀ ਏਕਤਾ ਨੂੰ ਖੰਡਿਤ ਕਰ ਦਿੱਤਾ ਹੈ।

2021 ਵਿੱਚ ਅਮਰਿੰਦਰ ਸਿੰਘ ਦੇ ਅਸਤੀਫੇ ਅਤੇ ਬਾਅਦ ਵਿੱਚ ਉਨ੍ਹਾਂ ਦੀ ਨਵੀਂ ਪਾਰਟੀ ਬਣਾਉਣ ਦੀ ਕੋਸ਼ਿਸ਼ ਨੇ ਕਾਂਗਰਸ ਨੂੰ ਹੋਰ ਨੁਕਸਾਨ ਪਹੁੰਚਾਇਆ। 2022 ਦੀਆਂ ਚੋਣਾਂ ਵਿੱਚ ਕਾਂਗਰਸ ਸਿਰਫ਼ 17 ਸੀਟਾਂ 'ਤੇ ਸਿਮਟ ਗਈ, ਜੋ ਇਸ ਦੀ ਅੰਦਰੂਨੀ ਕਮਜ਼ੋਰੀ ਦਾ ਸਪੱਸ਼ਟ ਸੰਕੇਤ ਸੀ।


ਉਧਰ ਸ਼੍ਰੋਮਣੀ ਅਕਾਲੀ ਦਲ ਦੀ ਸਥਿਤੀ ਵੀ ਕੋਈ ਬਿਹਤਰ ਨਹੀਂ ਹੈ। 2020 ਵਿੱਚ ਕਿਸਾਨ ਅੰਦੋਲਨ ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਨਾਲ ਗਠਜੋੜ ਟੁੱਟਣ ਤੋਂ ਬਾਅਦ ਅਕਾਲੀ ਦਲ ਦੀ ਸਿਆਸੀ ਜ਼ਮੀਨ ਹਿੱਲ ਗਈ। ਸੁਖਬੀਰ ਸਿੰਘ ਬਾਦਲ ਦੀ ਅਗਵਾਈ ਨੂੰ ਪਾਰਟੀ ਦੇ ਸੀਨੀਅਰ ਨੇਤਾਵਾਂ ਨੇ ਚੁਣੌਤੀ ਦਿੱਤੀ, ਜਿਸ ਕਾਰਨ ਕਈ ਨੇਤਾਵਾਂ ਨੇ ਪਾਰਟੀ ਛੱਡ ਕੇ ਨਵੇਂ ਗਰੁੱਪ ਜਾਂ ਪਾਰਟੀਆਂ ਬਣਾ ਲਈਆਂ।ਉਧਰ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਨੂੰ ਸਿਰਫ਼ 3 ਸੀਟਾਂ ਮਿਲੀਆਂ, ਜੋ ਇਸ ਦੀ ਇਤਿਹਾਸਕ ਹਾਰ ਸੀ। ਹਾਲ ਹੀ ਵਿੱਚ 2025 ਵਿੱਚ ਵੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦੀਆਂ ਖ਼ਬਰਾਂ ਨੇ ਪਾਰਟੀ ਦੀ ਅੰਦਰੂਨੀ ਅਸਥਿਰਤਾ ਨੂੰ ਹੋਰ ਉਜਾਗਰ ਕੀਤਾ। ਪੰਜਾਬ ਵਿੱਚ ਆਮ ਆਦਮੀ ਪਾਰਟੀ ਨੇ 2022 ਵਿੱਚ 92 ਸੀਟਾਂ ਜਿੱਤ ਕੇ ਇਤਿਹਾਸ ਰਚਿਆ ਸੀ, ਪਰ ਇਸ ਦੀ ਅੰਦਰੂਨੀ ਸਿਆਸਤ ਵੀ ਸਥਿਰ ਨਹੀਂ ਰਹੀ। ਪਾਰਟੀ ਦੀ ਲੀਡਰਸ਼ਿਪ ਵਿੱਚ ਅਨਿਸ਼ਚਿਤਤਾ ਅਤੇ ਨੇਤਾਵਾਂ ਦੀ ਦਲ-ਬਦਲੀ ਨੇ ਇਸ ਦੀ ਵਿਸ਼ਵਸਨੀਯਤਾ 'ਤੇ ਸਵਾਲ ਉਠਾਏ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਆਪ ਦੇ ਦੋ ਵਿਧਾਇਕਾਂ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਰਫ਼ 3 ਸੀਟਾਂ ਜਿੱਤਣ ਨੇ ਪਾਰਟੀ ਦੀਆਂ ਅੰਦਰੂਨੀ ਸਮੱਸਿਆਵਾਂ ਨੂੰ ਸਾਹਮਣੇ ਲਿਆਂਦਾ।ਇਹ ਤਾਂ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਦੇ ਵਿੱਚ ਪੰਜਾਬ ਦੀ ਰਾਜਨੀਤੀ ਹੈ। ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦੀ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਅਕਸਰ ਇਹ ਸਵਾਲ ਉੱਠਦਾ ਹੈ ਕਿ ਕੀ ਇਹ ਪਾਰਟੀਆਂ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਸਮਾਂ ਦੇ ਸਕਦੀਆਂ ਹਨ ਜਾਂ ਸਿਰਫ਼ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਵਿੱਚ ਲੱਗੀਆਂ ਹੋਈਆਂ ਹਨ?

ਅੱਜ ਕਾਂਗਰਸ ਦਾ ਅੰਦਰੂਨੀ ਕਲੇਸ਼, ਜਿਵੇਂ ਕਿ ਬਰਗਾੜੀ ਮਾਮਲੇ ਵਿੱਚ ਦੋਸ਼ੀਆਂ ਨੂੰ ਸਜ਼ਾ ਨਾ ਦੇਣਾ ਅਤੇ ਵਾਅਦੇ ਪੂਰੇ ਨਾ ਕਰਨਾ, ਨੇ ਲੋਕਾਂ ਦਾ ਵਿਸ਼ਵਾਸ ਘਟਾਇਆ ਹੈ। ਅਕਾਲੀ ਦਲ ਦੀ ਲੀਡਰਸ਼ਿਪ ਨੂੰ ਵੀ ਵੋਟਰਾਂ ਦਾ ਭਰੋਸਾ ਪ੍ਰਾਪਤ ਨਹੀਂ ਰਿਹਾ, ਜਿਸ ਦਾ ਸਬੂਤ 2007 ਤੋਂ ਬਾਅਦ ਦੀਆਂ ਚੋਣਾਂ ਵਿੱਚ ਉਨ੍ਹਾਂ ਦੀ ਮੱਠੀ ਗਤੀ ਹੈ।ਆਮ ਆਦਮੀ ਪਾਰਟੀ ਨੇ 2022 ਵਿੱਚ ਲੋਕ ਪੱਖੀ ਵਾਅਦਿਆਂ ਨਾਲ ਸੱਤਾ ਹਾਸਲ ਕੀਤੀ, ਪਰ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉੱਠ ਰਹੇ ਹਨ। ਸਿੱਖਿਆ, ਸਿਹਤ ਅਤੇ ਬੇਰੁਜ਼ਗਾਰੀ ਵਰਗੇ ਮੁੱਦਿਆਂ 'ਤੇ ਆਪ ਦੀ ਪ੍ਰਗਤੀ ਨੂੰ ਲੈ ਕੇ ਵੋਟਰਾਂ ਵਿੱਚ ਅਸੰਤੋਸ਼ ਵੱਧ ਰਿਹਾ ਹੈ। ਪਾਰਟੀ ਦੀਆਂ ਨੀਤੀਆਂ ਅਤੇ ਉਮੀਦਵਾਰਾਂ ਦੀ ਚੋਣ ਵਿੱਚ ਵੀ ਅਕਸਰ ਬਦਲਾਅ ਦੇਖਣ ਨੂੰ ਮਿਲਦੇ ਹਨ। 2022 ਦੀਆਂ ਚੋਣਾਂ ਅਤੇ ਨਵੇਂ ਏਜੰਡੇ ਦੀ ਗੱਲ 2022 ਦੀਆਂ ਵਿਧਾਨ ਸਭਾ ਚੋਣਾਂ ਨੇ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਅਧਿਆਇ ਸ਼ੁਰੂ ਕੀਤਾ ਸੀ। ਆਮ ਆਦਮੀ ਪਾਰਟੀ ਦੀ 92 ਸੀਟਾਂ ਦੀ ਜਿੱਤ ਨੇ ਸਪੱਸ਼ਟ ਕੀਤਾ ਕਿ ਵੋਟਰਾਂ ਨੇ ਪਰੰਪਰਾਗਤ ਪਾਰਟੀਆਂ (ਕਾਂਗਰਸ ਅਤੇ ਅਕਾਲੀ ਦਲ) ਨੂੰ ਨਕਾਰ ਦਿੱਤਾ। ਪਰ ਸਵਾਲ ਇਹ ਹੈ ਕਿ ਕੀ ਇਹ ਪਾਰਟੀਆਂ 2022 ਦੀਆਂ ਚੋਣਾਂ ਦੇ ਨਤੀਜਿਆਂ ਨੂੰ ਅਧਾਰ ਬਣਾ ਕੇ ਪੰਜਾਬ ਨੂੰ ਇੱਕ ਨਵੇਂ ਰਾਸ਼ਟਰੀ ਏਜੰਡੇ ਵੱਲ ਲੈ ਜਾ ਸਕਦੀਆਂ ਸਨ?

ਅੱਜ ਪੰਜਾਬ ਦੀਆਂ ਮੁੱਖ ਸਮੱਸਿਆਵਾਂ ਜਿਵੇਂ ਕਿ ਖੇਤੀਬਾੜੀ ਸੰਕਟ, ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ ਅਤੇ ਸਿੱਖਿਆ-ਸਿਹਤ ਸੇਵਾਵਾਂ ਦੀ ਘਾਟ ਨੂੰ ਹੱਲ ਕਰਨ ਲਈ ਇੱਕ ਵਿਆਪਕ ਅਤੇ ਦੂਰਦਰਸ਼ੀ ਏਜੰਡੇ ਦੀ ਲੋੜ ਹੈ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੇ 7 ਸੀਟਾਂ ਜਿੱਤ ਕੇ ਵਾਪਸੀ ਦੇ ਸੰਕੇਤ ਦਿੱਤੇ, ਪਰ ਇਸ ਦੀ ਅੰਦਰੂਨੀ ਅਸਥਿਰਤਾ ਅਤੇ ਲੀਡਰਸ਼ਿਪ ਸੰਕਟ ਨੇ ਇਸ ਦੀ ਸਮਰੱਥਾ 'ਤੇ ਸਵਾਲ ਖੜ੍ਹੇ ਕੀਤੇ।ਹੁਣ ਅਕਾਲੀ ਦਲ ਦੀ ਪੰਥਕ ਸਿਆਸਤ ਅਤੇ ਖੇਤਰੀ ਪਛਾਣ ਨੂੰ ਮੁੜ ਸਥਾਪਤ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ, ਪਰ ਪਾਰਟੀ ਦੀ ਅੰਦਰੂਨੀ ਫੁੱਟ ਅਤੇ ਨੇਤਾਵਾਂ ਦੀ ਦਲ-ਬਦਲੀ ਨੇ ਇਸ ਨੂੰ ਕਮਜ਼ੋਰ ਕੀਤਾ ਹੈ ਤੇ ਆਮ ਆਦਮੀ ਪਾਰਟੀ, ਜੋ 2022 ਵਿੱਚ ਲੋਕ ਪੱਖੀ ਨੀਤੀਆਂ ਦੇ ਦਮ 'ਤੇ ਸੱਤਾ ਵਿੱਚ ਆਈ, ਨੂੰ ਹੁਣ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਦੀ ਵੱਡੀ ਚੁਣੌਤੀ ਹੈ। ਪਾਰਟੀ ਨੇ ਸਿੱਖਿਆ ਅਤੇ ਸਿਹਤ ਵਰਗੇ ਮੁੱਦਿਆਂ 'ਤੇ ਕੁਝ ਕੰਮ ਸ਼ੁਰੂ ਕੀਤਾ, ਪਰ ਇਸ ਦੀ ਕੇਂਦਰੀਕ੍ਰਿਤ ਲੀਡਰਸ਼ਿਪ ਅਤੇ ਸਥਾਨਕ ਮੁੱਦਿਆਂ ਨੂੰ ਪੂਰੀ ਤਰ੍ਹਾਂ ਸਮਝਣ ਵਿੱਚ ਕਮੀ ਨੇ ਵੋਟਰਾਂ ਦੀਆਂ ਉਮੀਦਾਂ 'ਤੇ ਪੂਰੀ ਨਹੀਂ ਉਤਰੀ ਹੈ।

ਅੱਜ ਪੰਜਾਬ ਦੀਆਂ ਭਵਿੱਖ ਦੀਆਂ ਚੋਣਾਂ ਲਈ ਨਵਾਂ ਪੰਜਾਬ ਏਜੰਡਾ ਸੰਭਵ ਹੈ ਅਤੇ ਹੁਣ ਪੰਜਾਬ ਨੂੰ ਇੱਕ ਨਵੇਂ ਪੰਜਾਬ ਏਜੰਡੇ ਦੀ ਲੋੜ ਹੈ, ਜੋ ਨਾ ਸਿਰਫ਼ ਸਥਾਨਕ ਮੁੱਦਿਆਂ ਨੂੰ ਹੱਲ ਕਰੇ, ਸਗੋਂ ਰਾਸ਼ਟਰੀ ਪੱਧਰ 'ਤੇ ਵੀ ਪੰਜਾਬ ਦੀ ਆਵਾਜ਼ ਨੂੰ ਮਜ਼ਬੂਤ ਕਰੇ। ਇਸ ਏਜੰਡੇ ਵਿੱਚ ਸ਼ਾਮਲ ਹੋ ਸਕਦੇ ਹਨ। ਖੇਤੀਬਾੜੀ ਸੁਧਾਰਾਂ ਨਾਲ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਫਸਲ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਅਤੇ ਨਸ਼ਿਆਂ ਵਿਰੁੱਧ ਮੁਹਿੰਮਾਂ ਵਿਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਖ਼ਤ ਕਾਨੂੰਨੀ ਅਤੇ ਸਮਾਜਿਕ ਸਿੱਖਿਆ ਨਾਲ ਰੁਜ਼ਗਾਰ ਸਿਰਜਣ ਲਈ ਸਨਅਤੀ ਵਿਕਾਸ ਅਤੇ ਸਟਾਰਟਅੱਪ ਸੱਭਿਆਚਾਰ ਨੂੰ ਉਤਸ਼ਾਹਿਤ ਕਰਕੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਅਤੇ ਸਿੱਖਿਆ ਅਤੇ ਸਿਹਤ ਲਈ ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਕਿਹਾ ਗਿਆ ਹੈ।ਹੁਣ ਇਹਨਾਂ ਮੁੱਦਿਆਂ ਨੂੰ ਹੱਲ ਕਰਨ ਲਈ ਪਾਰਟੀਆਂ ਨੂੰ ਆਪਣੀ ਅੰਦਰੂਨੀ ਸਿਆਸਤ ਨੂੰ ਸੁਧਾਰਨ ਅਤੇ ਲੋਕ ਪੱਖੀ ਨੀਤੀਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ। ਮੌਜੂਦਾ ਸਮੇਂ ਵਿੱਚ ਜਦੋਂ ਪਾਰਟੀਆਂ ਅੰਦਰੂਨੀ ਲੜਾਈ ਅਤੇ ਦਲ-ਬਦਲੀ ਵਿੱਚ ਉਲਝੀਆਂ ਹੋਈਆਂ ਹਨ, ਇੱਕ ਮਜ਼ਬੂਤ ਅਤੇ ਏਕਤਾਬੱਧ ਰਾਸ਼ਟਰੀ ਏਜੰਡਾ ਬਣਾਉਣ ਦੀ ਸੰਭਾਵਨਾ ਘੱਟ ਨਜ਼ਰ ਆਉਂਦੀ ਹੈ।ਅੱਜ ਪੰਜਾਬ ਦੀ ਸਿਆਸਤ ਮੌਜੂਦਾ ਸਮੇਂ ਵਿੱਚ ਇੱਕ ਅਜਿਹੇ ਦੌਰ ਵਿੱਚੋਂ ਗੁਜ਼ਰ ਰਹੀ ਹੈ, ਜਿੱਥੇ ਅੰਦਰੂਨੀ ਕਲੇਸ਼ ਅਤੇ ਸੱਤਾ ਦੀ ਲਾਲਸਾ ਨੇ ਰਾਜਨੀਤਿਕ ਪਾਰਟੀਆਂ ਦੀ ਵਿਸ਼ਵਸਨੀਯਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। 2022 ਦੀਆਂ ਚੋਣਾਂ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੇ ਵੋਟਰ ਨਵੀਂ ਸੋਚ ਅਤੇ ਲੋਕ ਪੱਖੀ ਨੀਤੀਆਂ ਦੀ ਖੋਜ ਵਿੱਚ ਹਨ। ਅੱਜ ਜੇਕਰ ਕਾਂਗਰਸ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਆਪਣੀ ਅੰਦਰੂਨੀ ਸਿਆਸਤ ਨੂੰ ਸੁਧਾਰ ਕੇ ਪੰਜਾਬ ਦੀਆਂ ਮੁੱਖ ਸਮੱਸਿਆਵਾਂ 'ਤੇ ਧਿਆਨ ਦਿੰਦੀਆਂ ਹਨ, ਤਾਂ ਹੀ ਉਹ ਇੱਕ ਨਵਾਂ ਰਾਸ਼ਟਰੀ ਏਜੰਡਾ ਤਿਆਰ ਕਰ ਸਕਦੀਆਂ ਹਨ, ਨਹੀਂ ਤਾਂ, ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਦੀ ਦੌੜ ਵਿੱਚ ਪੰਜਾਬ ਦਾ ਵਿਕਾਸ ਪਿੱਛੇ ਰਹਿ ਜਾਵੇਗਾ।

# ਸੰਸਦ ਦੇ ਮੌਨਸੂਨ ਸੈਸ਼ਨ ਤੋਂ ਪਹਿਲਾਂ ਹਾਕਮ ਤੇ ਵਿਰੋਧੀ ਇੱਕ ਸੁਰ



ਕਮਲਜੀਤ ਸਿੰਘ ਬਨਵੈਤ
98147 34035

ਮੁਲਕ ਦੀ ਪਾਰਲੀਮੈਂਟ ਦੇ ਮੌਨਸੂਨ ਸੈਸ਼ਨ ਦੀ ਚੰਗੀ ਸ਼ੁਰੂਆਤ ਹੋਈ ਹੈ। ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਇੰਡੀਆ ਗੱਠਜੋੜ ਦੀ ਮੰਗ 'ਤੇ ਅਪਰੇਸ਼ਨ ਸਿੰਦੂਰ ਸਮੇਤ ਹੋਰ ਕਈ ਅਹਿਮ ਮੁੱਦਿਆਂ ਉੱਤੇ ਚਰਚਾ ਕਰਨੀ ਮੰਨ ਲਈ ਹੈ। ਸੈਸ਼ਨ ਤੋਂ ਇੱਕ ਦਿਨ ਪਹਿਲਾਂ ਭਾਜਪਾ ਦੇ ਕੌਮੀ ਪ੍ਰਧਾਨ ਅਤੇ ਕੇਂਦਰੀ ਮੰਤਰੀ ਜੇਪੀ ਨੱਡਾ ਦੀ ਅਗਵਾਈ ਹੇਠ ਸਰਬ ਭਾਰਤੀ ਮੀਟਿੰਗ ਹੋਈ, ਜਿਸ ਵਿੱਚ ਸੰਸਦ ਸੁਚਾਰੂ ਢੰਗ ਨਾਲ ਚਲਾਉਣ ਉੱਤੇ ਸਹਿਮਤੀ ਬਣੀ ਹੈ।

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਨਵੇਂ ਬਿਆਨ ਤੋਂ ਬਾਅਦ ਅਪਰੇਸ਼ਨ ਸਿੰਦੂਰ ਉੱਤੇ ਚਰਚਾ ਕਰਨੀ ਹੋਰ ਵੀ ਜ਼ਰੂਰੀ ਹੋ ਗਈ ਸੀ। ਟਰੰਪ ਨੇ ਇੱਕ ਨਵੀਂ ਸ਼ੁਰਲੀ ਛੱਡੀ ਹੈ ਕਿ ਭਾਰਤ ਅਤੇ ਪਾਕਿਸਤਾਨ ਦਰਮਿਆਨ ਚੱਲੀ ਅਣ-ਐਲਾਨੀ ਜੰਗ ਦੌਰਾਨ ਪੰਜ ਜੈਟ ਡੇਗ ਲਏ ਗਏ ਸਨ। ਉਂਝ ਟਰੰਪ ਨੇ ਸਪੱਸ਼ਟ ਨਹੀਂ ਕੀਤਾ ਕਿ ਇਹ ਜੈਟ ਦੋਵੇਂ ਮੁਲਕਾਂ ਵਿੱਚੋਂ ਕਿਸੇ ਦੇ ਸਨ। ਰਿਪਬਲਿਕਨ ਸੈਨਟਰਾਂ ਨੂੰ ਵਾਈਟ ਹਾਊਸ ਦੇ ਦਿੱਤੇ ਰਾਤ ਦੇ ਭੋਜਨ ਦੌਰਾਨ ਟਰੰਪ ਨੇ ਆਪਣੇ ਸੰਬੋਧਨ ਵੇਲੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦਰਮਿਆਨ ਜੋ ਹੋ ਰਿਹਾ ਸੀ ਉਹ ਗੰਭੀਰ ਸੀ। ਜਹਾਜ਼ ਹਵਾ ਵਿੱਚ ਢੂੰਡੇ ਜਾ ਰਹੇ ਸਨ। ਉਹਨਾਂ ਦਾ ਮੰਨਣਾ ਹੈ ਕਿ ਪੰਜ ਜੈਟਾਂ ਨੂੰ ਅਸਲ ਵਿੱਚ ਡੇਗ ਲਿਆ ਗਿਆ ਸੀ। ਭਾਰਤ ਅਤੇ ਪਾਕਿਸਤਾਨ ਆਹਮੋ ਸਾਹਮਣੇ ਸਨ ਅਤੇ ਇਹ ਟਕਰਾਅ ਵੱਧਦਾ ਜਾ ਰਿਹਾ ਸੀ। ਦੋਵੇਂ ਪਰਮਾਣੂ ਹਥਿਆਰਾਂ ਨਾਲ ਲੈਸ ਮੁਲਕ ਹਨ ਅਤੇ ਇਹ ਇੱਕ ਦੂਜੇ 'ਤੇ ਜ਼ੋਰਦਾਰ ਹਮਲੇ ਕਰ ਰਹੇ ਸਨ। ਇਸ ਕਰਕੇ ਦੋਵੇਂ ਮੁਲਕਾਂ ਵਿਚਾਲੇ ਟਕਰਾਅ ਨੂੰ ਰੋਕਿਆ ਜਾਣਾ ਬਣਦਾ ਸੀ। ਟਰੰਪ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਜੇ ਦੋਵੇਂ ਦੇਸ਼ ਪਰਮਾਣੂ ਹਥਿਆਰਾਂ ਦੀ ਵੀ ਵਰਤੋਂ ਕਰਨਗੇ ਤਾਂ ਵਪਾਰਕ ਸਮਝੌਤਾ ਨਹੀਂ ਕੀਤਾ ਜਾਵੇਗਾ। ਟਰੰਪ ਨੇ ਕਈ ਜੰਗਾਂ ਰੋਕਣ ਦਾ ਦਾਅਵਾ ਕਰਦਿਆਂ ਕਿਹਾ ਕਿ ਇਸ ਉੱਤੇ ਉਹਨਾਂ ਨੂੰ ਮਾਣ ਹੈ। ਚੇਤੇ ਕਰਾਇਆ ਜਾਂਦਾ ਹੈ ਕਿ 10 ਮਈ ਤੋਂ ਬਾਅਦ ਟਰੰਪ ਨੇ ਕਈ ਵਾਰ ਦਾਅਵੇ ਕੀਤੇ ਹਨ ਕਿ ਉਨ੍ਹਾਂ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਖਤਮ ਕਰਨ ਵਿੱਚ ਸਹਾਇਤਾ ਕੀਤੀ ਸੀ। ਭਾਰਤ ਤੇ ਪਾਕਿਸਤਾਨ ਦਰਮਿਆਨ ਤਿੰਨ ਤੋਂ ਚਾਰ ਦਿਨਾਂ ਲਈ ਅਣ-ਐਲਾਨੀ ਜੰਗ ਚੱਲੀ ਸੀ


ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਹਨਾਂ ਦਾਅਵਿਆਂ ਤੋਂ ਬਾਅਦ ਕਾਂਗਰਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਸੰਸਦ ਵਿੱਚ ਸਪੱਸ਼ਟਤਾ ਮੰਗਣੀ ਸ਼ੁਰੂ ਕਰ ਦਿੱਤੀ ਹੈ। ਕਾਂਗਰਸ ਦਾ ਕਹਿਣਾ ਹੈ ਕਿ ਟਰੰਪ ਨੇ ਨਵਾਂ ਖੁਲਾਸਾ ਕੀਤਾ ਜਿਸ ਵਿੱਚ ਕਿਹਾ ਗਿਆ ਹੈ ਕਿ ਪੰਜ ਜੈਟਾਂ ਨੂੰ ਡੇਗ ਲਿਆ ਗਿਆ ਸੀ।

ਇਸ ਤੋਂ ਪਹਿਲਾਂ ਉਹ ਭਾਰਤ ਅਤੇ ਪਾਕਿਸਤਾਨ ਦਰਮਿਆਨ ਜੰਗ ਬੰਦ ਕਰਾਉਣ ਦਾ ਸਿਹਰਾ ਆਪਣੇ ਸਿਰ ਲੈਂਦੇ ਰਹੇ ਹਨ, ਜਿਸ ਨੂੰ ਲੈ ਕੇ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹੁੰਗਾਰਾ ਭਰਨ ਦੀ ਲੋੜ ਨਹੀਂ ਸੀ ਸਮਝੀ। ਕੇਂਦਰ ਸਰਕਾਰ ਨੇ ਮੌਨਸੂਨ ਸੈਸ਼ਨ ਵਿੱਚ ਅਪਰੇਸ਼ਨ ਸਿੰਦੂਰ ਵਰਗੇ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕਰਨ ਲਈ ਹਾਮੀ ਭਰੀ ਹੈ। ਸਰਬਪਾਰਟੀ ਮੀਟਿੰਗ ਵਿੱਚ 51 ਪਾਰਟੀਆਂ ਦੇ 54 ਮੈਂਬਰਾਂ ਨੇ ਹਿੱਸਾ ਲਿਆ। 40 ਸੰਸਦ ਮੈਂਬਰਾਂ ਨੇ ਆਪਣੀਆਂ ਪਾਰਟੀਆਂ ਵੱਲੋਂ ਰਾਏ ਰੱਖੀ। ਕਾਂਗਰਸ ਆਗੂਆਂ ਦਾ ਕਹਿਣਾ ਸੀ ਕਿ ਪਾਰਟੀ ਜੰਗਬੰਦੀ ਬਾਰੇ ਟਰੰਪ ਦੇ ਦਾਅਵਿਆਂ ਪਹਿਲਗਾਮ ਹਮਲੇ ਦੀਆਂ ਖਾਮੀਆਂ ਅਤੇ ਬਿਹਾਰ ਵਿੱਚ ਵੋਟਰ ਸੂਚੀ ਸੋਧ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੱਖ ਜਾਨਣਾ ਚਾਹੁੰਦੀ ਹੈ। ਮੀਟਿੰਗ ਦੌਰਾਨ ਭਾਜਪਾ ਦੇ ਸਹਿਯੋਗੀਆਂ ਨੇ ਭਾਰਤ ਪਾਕਿਸਤਾਨ ਟਕਰਾਅ ਤੋਂ ਬਾਅਦ ਬਹੁਤ ਪਾਰਟੀ ਵਫਦਾਂ ਦੇ ਵਿਦੇਸ਼ੀ ਦੌਰਿਆਂ 'ਤੇ ਚਰਚਾ ਦੀ ਵਕਾਲਤ ਕੀਤੀ।

ਸੈਸ਼ਨ ਵਿਧਾਨ ਸਭਾ ਦਾ ਹੋਵੇ ਜਾਂ ਪਾਰਲੀਮੈਂਟ ਦਾ, ਲੋਕ ਮੁੱਦਿਆਂ ਉੱਤੇ ਖੁੱਲ੍ਹ ਕੇ ਚਰਚਾ ਹੋਣੀ ਚਾਹੀਦੀ ਹੈ। ਵਿਰੋਧੀ ਧਿਰ ਸਮੇਤ ਲੋਕਾਂ ਨੂੰ ਮੁਲਕ ਅੰਦਰ ਜੋ ਵਾਪਰ ਰਿਹਾ ਹੈ, ਉਹ ਜਾਣਨ ਦਾ ਪੂਰਾ ਹੱਕ ਹੁੰਦਾ ਹੈ। ਪਹਿਲਗਾਮ ਵਿੱਚ ਸੈਲਾਨੀਆਂ ਉੱਤੇ ਹੋਏ ਹਮਲੇ ਦੇ ਦੋਸ਼ੀਆਂ ਨੂੰ ਫੜਿਆ ਗਿਆ ਕਿ ਨਹੀਂ, ਜੇ ਨਹੀਂ ਫੜੇ ਗਏ ਤਾਂ ਸਰਕਾਰ ਨੇ ਪਾਕਿਸਤਾਨ ਦੇ ਅੱਤਵਾਦੀ ਅੱਡੇ ਕਿਸ ਮਕਸਦ ਦੇ ਨਾਲ ਤਬਾਹ ਕੀਤੇ ਸਨ, ਬਾਰੇ ਵਿਰੋਧੀ ਧਿਰ ਨੂੰ ਜਾਣਨ ਦਾ ਪੂਰਾ ਹੱਕ ਹੈ ਅਤੇ ਲੋਕ ਵੀ ਇਹ ਜਾਣਕਾਰੀ ਲੈਣ ਦਾ ਅਧਿਕਾਰ ਰੱਖਦੇ ਹਨ। ਦੂਜੇ ਬੰਨੇ ਭਾਰਤ ਨੇ ਇਸ ਜੰਗ ਦੌਰਾਨ ਇਹ ਦਾਅਵਾ ਕੀਤਾ ਸੀ ਕਿ ਉਹਨਾਂ ਨੇ ਪਾਕਿਸਤਾਨ ਦੇ ਹਵਾਈ ਜਾਂ ਸਿਵਲ ਟਿਕਾਣਿਆਂ ਉੱਤੇ ਹਮਲੇ ਨਹੀਂ ਕੀਤੇ ਸਗੋਂ ਅੱਤਵਾਦੀਆਂ ਦੇ ਨੌਂ ਬੰਕਰ ਤਬਾਹ ਕੀਤੇ ਸਨ। ਉਸ ਬਾਰੇ ਵੀ ਸਰਕਾਰ ਦੀ ਜਾਣਕਾਰੀ ਦੇਣ ਦੀ ਜ਼ਿੰਮੇਵਾਰੀ ਬਣਦੀ ਹੈ। ਇੱਕ ਹੋਰ ਜਾਣਕਾਰੀ ਤੋਂ ਪਤਾ ਲੱਗਾ ਹੈ ਕਿ ਪਾਕਿਸਤਾਨ ਸਰਕਾਰ ਨੇ ਭਾਰਤ ਵੱਲੋਂ ਤਬਾਹ ਕੀਤੇ ਨੌਂ ਅੱਤਵਾਦੀ ਟਿਕਾਣਿਆਂ ਨੂੰ ਮੁੜ ਤੋਂ ਪੈਰਾਂ ਸਿਰ ਕਰਨ ਲਈ ਇਕ ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ।

ਕੁਝ ਦਿਨਾਂ ਲਈ ਚੱਲੀ ਭਾਰਤ ਪਾਕਿਸਤਾਨ ਜੰਗ ਤੋਂ ਬਾਅਦ ਭਾਰਤੀ ਫੌਜ ਨੇ ਇਹ ਦਾਅਵਾ ਕੀਤਾ ਸੀ ਕਿ ਦੁਸ਼ਮਣ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਨ ਦੀ ਤਾਕ ਵਿੱਚ ਸੀ, ਜਿਸ ਨੂੰ ਅਸਫਲ ਬਣਾ ਦਿੱਤਾ ਗਿਆ ਹੈ। ਫੌਜ ਦਾ ਇਹ ਵੀ ਦਾਅਵਾ ਸੀ ਕਿ ਸ੍ਰੀ ਦਰਬਾਰ ਸਾਹਿਬ ਦੁਆਲੇ ਫੌਜ ਪੂਰੀ ਤਰ੍ਹਾਂ ਅਲਰਟ ਸੀ ਅਤੇ ਪਾਕਿਸਤਾਨ ਵੱਲੋਂ ਦਾਗੀਆਂ ਮਿਜਾਈਲਾਂ ਨੂੰ ਹਵਾ ਵਿੱਚ ਹੀ ਡਿਫੂਜ਼ ਕਰ ਦਿੱਤਾ ਗਿਆ ਸੀ। ਦੂਜੇ ਬੰਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਦਾਅਵਾ ਸੀ ਕਿ ਉਹਨਾਂ ਨੂੰ ਇਸ ਤਰ੍ਹਾਂ ਦੀ ਕੋਈ ਸੂਚਨਾ ਨਹੀਂ ਹੈ ਅਤੇ ਨਾ ਹੀ ਭਾਰਤੀ ਫੌਜ ਨੇ ਕੋਈ ਜਾਣਕਾਰੀ ਦਿੱਤੀ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਕੀਲ ਹਰਜਿੰਦਰ ਸਿੰਘ ਧਾਮੀ ਦਾ ਕਹਿਣਾ ਸੀ ਕਿ ਸ੍ਰੀ ਦਰਬਾਰ ਸਾਹਿਬ ਅੰਦਰ ਕੇਵਲ ਬਲੈਕ ਆਊਟ ਦੇ ਸਮੇਂ ਲਈ ਹੀ ਲਾਈਟਾਂ ਬੰਦ ਕੀਤੀਆਂ ਗਈਆਂ ਸਨ ਉਹ ਵੀ ਉੱਥੋਂ ਦੇ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਉੱਤੇ। ਉਸ ਤੋਂ ਬਾਅਦ ਕੇਂਦਰ ਸਰਕਾਰ ਨੂੰ ਭਾਰਤੀ ਫੌਜ ਦੇ ਦਾਅਵੇ ਵਿੱਚ ਸੋਧ ਕਰਨੀ ਪਈ ਸੀ। ਸੰਸਦ ਦੇ ਸੈਸ਼ਨ ਦੌਰਾਨ ਲੋੜ ਸ੍ਰੀ ਹਰਿਮੰਦਰ ਸਾਹਿਬ ਨੂੰ ਲੈ ਕੇ ਭਾਰਤੀ ਫੌਜ ਵੱਲੋਂ ਕੀਤੀ ਪ੍ਰੈਸ ਕਾਨਫਰੰਸ 'ਤੇ ਚਰਚਾ ਕਰਨ ਦੀ ਵੀ ਹੈ। ਇਹ ਇਸ ਕਰਕੇ ਵੀ ਵਧੇਰੇ ਜ਼ਰੂਰੀ ਹੋ ਗਈ ਹੈ ਕਿਉਂਕਿ ਪਿਛਲੇ ਸਮੇਂ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਨੂੰ ਆਰਡੀਐਕਸ ਨਾਲ ਉਡਾਉਣ ਦੀਆਂ ਧਮਕੀਆਂ ਮਿਲਣ ਲੱਗੀਆਂ ਹਨ। ਧਮਕੀਆਂ ਇੱਥੇ ਹੀ ਨਹੀਂ ਰੁਕੀਆਂ ਸਗੋਂ ਦੋ ਦਿਨ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰਦੁਆਰਾ ਨਾਨਕ ਝੀਰਾ ਨੂੰ ਵੀ ਉਸੇ ਤਰ੍ਹਾਂ ਦੀ ਮੇਲ ਭੇਜੀ ਗਈ ਹੈ। ਦੇਖਣਾ ਬਣਦਾ ਹੈ ਕਿ ਕੀ ਪੰਜਾਬ ਨਾਲ ਸਬੰਧਤ ਮੈਂਬਰ ਪਾਰਲੀਮੈਂਟ ਕੇਂਦਰ ਸਰਕਾਰ ਨੂੰ ਆਪਣਾ ਪੱਖ ਦੱਸਣ ਲਈ ਮਜਬੂਰ ਕਰਨਗੇ।

ਆਮ ਕਰਕੇ ਸੰਸਦ ਦੇ ਸੈਸ਼ਨ ਦੌਰਾਨ ਸੱਤਾਧਾਰੀ ਅਤੇ ਵਿਰੋਧੀ ਪਾਰਟੀਆਂ ਇੱਕ ਦੂਜੇ ਨੂੰ ਠਿੱਬੀ ਲਾਉਣ ਦੀ ਕੋਸ਼ਿਸ਼ ਕਰਦੀਆਂ ਹਨ। ਅਸਲ ਮੁੱਦਿਆਂ ਨੂੰ ਲਾਂਭੇ ਰੱਖਿਆ ਜਾਂਦਾ ਹੈ। ਪਰ ਇਸ ਵਾਰ ਇੰਡੀਆ ਗੱਠਜੋੜ ਵੱਲੋਂ ਰੱਖੇ ਮੁੱਦਿਆਂ ਉੱਤੇ ਚਰਚਾ ਕਰਨ ਲਈ ਸਹਿਮਤੀ ਦੇਣ ਨਾਲ ਕੇਂਦਰ ਸਰਕਾਰ ਵਿਸ਼ੇਸ਼ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਕੱਦ ਉੱਚਾ ਹੋਇਆ ਹੈ। ਲੋੜ ਇਹ ਵੀ ਹੈ ਕਿ ਸੈਸ਼ਨ ਦੌਰਾਨ ਚਰਚਾ ਕਰਦਿਆਂ ਸੰਜਮ ਬਣਾ ਕੇ ਰੱਖਿਆ ਜਾਵੇ ਅਤੇ ਜ਼ਾਬਤੇ ਵਿੱਚ ਰਹਿ ਕੇ ਆਪਣੀ ਗੱਲ ਰੱਖੀ ਜਾਵੇ। ਪਿਛਲੇ ਸਮੇਂ ਦੌਰਾਨ ਦੇਖਣ ਨੂੰ ਮਿਲਦਾ ਰਿਹਾ ਹੈ ਕਿ ਸੰਸਦ ਮੈਂਬਰ ਜਾਂ ਵਿਧਾਇਕ ਇੱਕ ਦੂਜੇ ਦੇ ਗਲਮੇ ਨੂੰ ਹੱਥ ਪਾਉਣ ਤੱਕ ਜਾਂਦੇ ਹਨ। ਬੜੀ ਵਾਰ ਸੰਸਦ ਨੂੰ ਮੱਛੀ ਬਜ਼ਾਰ ਬਣਦਾ ਦੇਖਿਆ ਗਿਆ ਹੈ। ਉਮੀਦ ਕਰਨੀ ਬਣਦੀ ਹੈ ਕਿ ਇਸ ਵਾਰ ਦੋਵੇਂ ਧਿਰਾਂ ਉਸਾਰੂ ਬਹਿਸ ਕਰਨਗੀਆਂ ਅਤੇ ਪਾਰਲੀਮੈਂਟ ਦੇ ਮੈਂਬਰ ਆਪਣੀ ਪਰਫਾਰਮੈਂਸ ਸ਼ੋਅ ਕਰਨਗੇ। ਸੰਸਦ ਜਾਂ ਵਿਧਾਨ ਸਭਾ ਉਹ ਮੰਚ ਹੁੰਦਾ ਹੈ ਜਿੱਥੇ ਸਾਲ ਵਿੱਚ ਤਿੰਨ ਵਾਰ ਲੋਕ ਮਸਲੇ ਵਿਚਾਰੇ ਜਾਂਦੇ ਹਨ ਅਤੇ ਚੁਣੇ ਹੋਏ ਨੁਮਾਇੰਦਿਆਂ ਦੀ ਕਾਰਗੁਜ਼ਾਰੀ ਦੀ ਚੀਰਫਾੜ ਕੀਤੀ ਜਾਂਦੀ ਹੈ। ਸਿਆਸੀ ਪਾਰਟੀਆਂ ਵੱਲੋਂ ਅਕਸਰ ਸੈਸ਼ਨ ਵਿਧਾਨ ਸਭਾ ਦੇ ਹੋਣ ਜਾਂ ਪਾਰਲੀਮੈਂਟ ਦੇ ਸੁੰਗੜਨ ਦੇ ਦੋਸ਼ ਲੱਗਦੇ ਰਹੇ ਹਨ। ਲੋੜ ਲੋਕ ਮੁੱਦਿਆਂ ਉੱਤੇ ਉਸਾਰੂ ਬਹਿਸ ਕਰਨ ਲਈ ਸੈਸ਼ਨ ਦੀ ਮਿਆਦ ਲੋੜ ਅਨੁਸਾਰ ਵਧਾਏ ਜਾਣ ਦੀ ਹੈ। ਪੰਜਾਬ ਸਰਕਾਰ ਨੇ ਪਿੱਛੇ ਜਿਹੇ ਸੱਦੇ ਵਿਸ਼ੇਸ਼ ਸੈਸ਼ਨ ਵੀ ਵਿਰੋਧੀ ਧਿਰ ਦੀ ਮੰਗ ਉੱਤੇ ਦੋ ਦਿਨ ਲਈ ਵਧਾ ਦਿੱਤਾ ਸੀ। ਇਹ ਵੱਖਰੀ ਗੱਲ ਹੈ ਕਿ ਸੈਸ਼ਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਹੁਰਮਤੀ ਬਿਲ ਜਾਂ ਨਸ਼ਿਆਂ ਸਮੇਤ ਹੋਰ ਮੁੱਦਿਆਂ ਉੱਤੇ ਉਸਾਰੂ ਚਰਚਾ ਹੋਣ ਤੋਂ ਰਹਿ ਗਈ ਸੀ। ਦੋਵੇਂ ਤਰ੍ਹਾਂ ਇੱਕ ਦੂਜੇ ਉੱਤੇ ਚਿੱਕੜ ਸੁੱਟਣ ਵਿੱਚ ਉਲਝੀਆਂ ਰਹੀਆਂ ਅਤੇ ਸੱਤਾਧਾਰੀ ਪਾਰਟੀ ਆਪਣੇ ਪਿੱਠ ਥਾਪੜ ਕੇ ਖ਼ੁਸ਼ ਹੁੰਦੀ ਰਹੀ।



ਬਘੇਲ ਸਿੰਘ ਧਾਲੀਵਾਲ
99142-58142

# ਕੁਦਰਤੀ, ਗ਼ੈਰ ਕੁਦਰਤੀ ਅਤੇ ਅਜ਼ਾਦੀ, ਗੁਲਾਮੀ ਦੀ ਕਸ਼ਮਕਸ਼ 'ਚੋਂ ਪੈਦਾ ਹੋਈ ਹਲੇਮੀ ਰਾਜ ਦੀ ਤਾਂਘ

ਕੁਦਰਤ ਨੇ ਸਰਿਸ਼ਟੀ ਦੀ ਰਚਨਾ ਅਜਿਹੇ ਢੰਗ ਨਾਲ ਕੀਤੀ ਹੈ, ਕਿ ਹਰ ਜੀਵ ਦੇ ਜੀਵਨ ਨਿਰਬਾਹ ਦਾ ਕੋਈ ਨਾ ਕੋਈ ਹੀਲਾ ਵਸੀਲਾ ਬਣਾਇਆ ਗਿਆ ਹੈ। 84 ਲੱਖ ਜੂਨ ਦੀ ਮਿੱਥ ਵਾਲੀ ਸਰਿਸ਼ਟੀ 'ਤੇ ਮਨੁੱਖ ਸਭ ਤੋਂ ਉੱਤਮ ਨਸਲ ਦਾ ਜੀਵ ਹੈ। ਬਾਕੀ 84 ਲੱਖ ਜੂਨਾਂ ਦੇ ਮੁਕਾਬਲੇ ਮਨੁੱਖੀ ਸਮਝ ਸਭ ਤੋਂ ਬਿਹਤਰ ਮੰਨੀ ਗਈ ਹੈ,ਪਰ ਮਨੁੱਖ ਨੇ ਇਸ ਕੁਦਰਤੀ ਦਾਤ ਦਾ ਬੇਹੱਦ ਨਜਾਇਜ਼ ਫਾਇਦਾ ਉਠਾਇਆ ਹੈ।ਇਹ ਸ਼ਰਮਨਾਕ ਸਚਾਈ ਹੈ ਕਿ ਸਿਵਾਏ ਮਨੁੱਖ ਤੋਂ ਹੋਰ ਕੋਈ ਵੀ ਜੀਵ, ਪ੍ਰਾਣੀ ਆਪਣੀ ਨਸਲ ਦਾ ਨੁਕਸਾਨ ਆਪ ਖੁਦ ਨਹੀ ਕਰਦਾ,ਜਦੋਂਕਿ ਅਜਿਹਾ ਗੈਰ ਕੁਦਰਤੀ ਵਰਤਾਰਾ ਸਭ ਤੋਂ ਉੱਤਮ ਅਤੇ ਸਿਆਣੀ ਸਮਝੀ ਜਾਣ ਵਾਲੀ ਮਨੁੱਖੀ ਨਸਲ ਦੇ ਹਿੱਸੇ ਹੀ ਆਇਆ ਹੈ। ਪਸ਼ੂ, ਪੰਛੀਆਂ ਅਤੇ ਜਾਨਵਰਾਂ ਨੂੰ ਪਾਲਤੂ ਬਣਾ ਕੇ ਰੱਖਣ ਦੀ ਲਾਲਸਾ ਨੇ ਮਨੁੱਖ ਦੇ ਅੰਦਰ ਪਲ਼ਦੀ ਭੈੜੀ ਸੋਚ ਨੂੰ ਇਸ ਹੱਦ ਤੱਕ ਵਧਾ ਦਿੱਤਾ ਕਿ ਇਹ ਵਰਤਾਰਾ ਮਨੁੱਖ ਤੋਂ ਮਨੁੱਖ ਤੱਕ ਹੁੰਦਾ ਹੋਇਆ ਕੌਮਾਂ ਦੀ ਗੁਲਾਮੀ ਤੱਕ ਅਪੜ ਗਿਆ। ਮਨੁੱਖ ਦੀ ਫਿਰਕੂ ਤੰਗਦਿਲੀ ਨੇ ਜਿੱਥੇ ਕੁਦਰਤੀ ਅਸੂਲਾਂ ਨੂੰ ਛਿੱਕੇ ਟੰਗਿਆ ਹੈ, ਓਥੇ ਦੁਨਿਆਵੀ ਕਦਰਾਂ ਕੀਮਤਾਂ ਦਾ ਘਾਣ ਵੀ ਕੀਤਾ ਹੈ।ਕੋਈ ਵੀ ਧਰਮ ਨਫਰਤ ਦਾ ਪਾਠ ਨਹੀਂ ਪੜਾਉਂਦਾ, ਪਰ ਮਨੁੱਖ ਨੇ ਧਰਮ ਦੀ ਵਿਆਖਿਆ ਹੀ ਅਜਿਹੇ ਢੰਗ ਨਾਲ ਕੀਤੀ ਹੈ ਕਿ ਨਫਰਤ ਸਿਰ ਚੜ੍ਹਕੇ ਬੋਲਣ ਲੱਗੀ ਹੈ। ਜਿਸ ਦੇ ਫਲ ਸਰੂਪ ਮੌਜੂਦਾ ਗੈਰ ਕੁਦਰਤੀ ਬਿਰਤਾਂਤ ਸਿਰਜਣ ਵਾਲੇ ਰਾਜ ਪਰਬੰਧ ਹੋਂਦ ਵਿੱਚ ਆ ਰਹੇ ਹਨ। ਅਜ਼ਾਦੀ ਨਾਲ ਜਿਉਣਾ ਮਨੁੱਖ ਦਾ ਮੁੱਢਲਾ ਅਧਿਕਾਰ ਹੈ।ਪਰ ਇਸ ਅਜ਼ਾਦੀ ਨੂੰ ਤਸਲੀਮ ਅਤੇ ਤਕਸੀਮ ਕਿਵੇਂ ਕਰਨਾ ਹੈ, ਇਹ ਰਾਜ ਪ੍ਰਬੰਧ ਚਲਾ ਰਹੇ ਹਾਕਮ ਨੇ ਤਹਿ ਕਰਨਾ ਹੈ। ਸੋ ਅਜਿਹੇ ਨਫਰਤੀ ਵਰਤਾਰੇ ਵਾਲੇ ਸਿਸਟਮ ਵਿੱਚ ਸੁਖ ਚੈਨ ਨਾਲ ਦੋ ਕਿਸਮ ਦੇ ਲੋਕ ਹੀ ਜ਼ਿੰਦਗੀ ਬਸਰ ਕਰ ਸਕਦੇ ਹਨ। ਇੱਕ ਤਾਂ ਉਹ ਲੋਕ ਜਿੰਨਾ ਕੋਲ ਆਪਣਾ ਮੁਲਕ ਅਤੇ ਆਪਣਾ ਰਾਜ ਭਾਗ ਹੋਵੇ, ਉਹਨਾਂ ਦਾ ਚੈਨ ਖੋਹਣ ਦੀ ਛੇੜੀ ਕੀਤੇ ਕੋਈ ਹਿੰਮਤ ਨਹੀ ਕਰ ਸਕਦਾ, ਕਿਉਂਕਿ ਉਹਨਾਂ ਦੇ ਪਿੱਛੇ ਸਮੁੱਚਾ ਰਾਜ ਪ੍ਰਬੰਧ ਹੁੰਦਾ ਹੈ, ਇੱਕ ਮੁਲਕ ਦੀ ਤਾਕਤ ਖੜੀ ਹੁੰਦੀ ਹੈ। ਉਹਨਾਂ ਲੋਕਾਂ ਦੇ ਮਨ ਦੇ ਅੰਦਰ ਸਵੈ-ਮਾਣ ਦਾ ਸਕੂਨ ਹੁੰਦਾ ਹੈ, ਕਿਉਂਕਿ ਉਹ ਆਪਣੇ ਰਾਜ ਪ੍ਰਬੰਧ ਵਾਲੇ ਮੁਲਕ ਦੇ ਵਾਸੀ ਹੁੰਦੇ ਹਨ। ਉਹਨਾਂ ਨੂੰ ਗੁਲਾਮ ਜਾਂ ਗੁਲਾਮੀ ਸ਼ਬਦ ਦੇ ਮਾਇਨੇ ਵੀ ਪਤਾ ਨਹੀ ਹੁੰਦੇ। ਪਰ ਉਹ ਆਪਣੀਆਂ ਲੋੜਾਂ ਗੁਲਾਮ ਲੋਕਾਂ ਤੋਂ ਪੂਰੀਆਂ ਕਰਨ ਦੇ ਪੂਰੀ ਤਰ੍ਹਾਂ ਸਮਰੱਥ ਅਤੇ ਅਜ਼ਾਦ ਹੁੰਦੇ ਹਨ। ਉਹਨਾਂ ਲੋਕਾਂ ਨੂੰ ਕੋਈ ਵੀ ਕਨੂੰਨ ਗੁਲਾਮ ਲੋਕਾਂ ਦੀ ਕੀਤੀ ਲੁੱਟ ਮਾਰ, ਔਰਤਾਂ ਦੀ ਬੇਪਤੀ ਅਤੇ ਕਤਲੇਆਮ ਕਰਨ 'ਤੇ ਸਜ਼ਾ ਦੇਣ ਦੇ ਸਮਰੱਥ ਨਹੀ ਹੁੰਦਾ ਅਤੇ ਦੂਜੀ ਕਿਸਮ ਦੇ ਉਹ ਗੁਲਾਮ ਲੋਕ ਹੁੰਦੇ ਹਨ, ਜਿਨ੍ਹਾਂ ਕੋਲ ਅਣਖ ਗੈਰਤ ਨਾਮ ਦੀ ਕੋਈ ਚੀਜ਼ ਨਹੀਂ ਹੁੰਦੀ।

ਉਹਨਾਂ ਨੂੰ ਇੱਜ਼ਤ ਜਾਂ ਬੇ-ਇੱਜ਼ਤ ਹੋਣ ਨਾਲ ਕੋਈ ਬਹੁਤਾ ਫਰਕ ਵੀ ਨਹੀ ਪੈਂਦਾ। ਉਹਨਾਂ ਨੂੰ ਸੁੱਖ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ, ਉਹਨਾਂ ਨੂੰ ਮਾਇਆ ਦੇ ਭੰਡਾਰ ਮਿਲਣੇ ਚਾਹੀਦੇ ਹਨ, ਉਹਨਾਂ ਦੇ ਕਾਰੋਬਾਰ ਚੱਲਣੇ ਚਾਹੀਦੇ ਹਨ, ਉਹਨਾਂ ਨੂੰ ਰਾਜ ਪ੍ਰਬੰਧ ਵਿੱਚ ਝੂਠ ਮੂਠ ਦੀ ਗੁਲਾਮ ਮਾਨਸਿਕਤਾ ਵਾਲੀ ਹਿੱਸੇਦਾਰੀ ਮਿਲਣੀ ਚਾਹੀਦੀ ਹੈ ਅਤੇ ਪੜ੍ਹੇ ਲਿਖਿਆਂ ਨੂੰ ਨੌਕਰਸ਼ਾਹੀ ਵਿੱਚ ਠਾਠ ਬਾਠ ਦੀ ਕੁਰਸੀ ਚਾਹੀਦੀ ਹੈ, ਜਿਸ ਦੇ ਇਵਜ਼ ਵਿੱਚ ਉਹ ਕੁੱਝ ਵੀ ਕਰਨ ਲਈ ਤਿਆਰ ਹੋ ਜਾਂਦੇ ਹਨ। ਉਹ ਅਜਿਹੀ ਬੇ ਗੈਰਤੀ ਸ਼ਾਨ ਨੂੰ ਬਹਾਲ ਰੱਖਣ ਖਾਤਰ ਇੱਥੋਂ ਤੱਕ ਵੀ ਗਰਕ ਜਾਂਦੇ ਹਨ ਕਿ ਉਹ ਆਪਣੇ ਗੈਰਤਮੰਦ ਲੋਕਾਂ ਦੇ ਦੁਸ਼ਮਣ ਬਣ ਬੈਠਦੇ ਹਨ ਅਤੇ ਝੂਠੀ ਤਾਕਤ ਦੇ ਨਸ਼ੇ ਵਿੱਚ ਆਪਣੇ ਹੀ ਭਰਾਵਾਂ ਦਾ ਸ਼ਿਕਾਰ ਖੇਡਦੇ ਹਨ। ਉਹਨਾਂ ਨੂੰ ਆਪਣੇ ਲੋਕ ਆਪਣੇ ਨਹੀਂ ਲੱਗਦੇ ਕਿਉਂਕਿ ਉਹ ਹਕੂਮਤੀ ਤਾਜਦਾਰਾਂ ਦੇ ਕਰਿੰਦੇ ਬਣ ਕੇ ਆਪਣਿਆਂ 'ਤੇ ਜ਼ੁਲਮ ਕਰਦੇ ਹਨ। ਇਸ ਦੇ ਬਦਲੇ ਵਿੱਚ ਤਾਜਦਾਰ, ਵਫਾਦਾਰੀ ਦੇ ਇਨਾਮ ਵਜੋਂ ਗੁਲਾਮ ਕੌਮਾਂ ਦੇ ਸੂਬੇਦਾਰਾਂ ਨੂੰ ਪੱਕੀ ਸੱਤਾ ਦਾ ਭਰੋਸਾ ਅਤੇ ਨੌਕਰਸ਼ਾਹਾਂ ਨੂੰ ਤਰੱਕੀਆਂ ਦਿੰਦੇ ਹਨ, ਉਹਨਾਂ ਦੀਆਂ ਗਲਤੀਆਂ 'ਤੇ ਪਰਦੇ ਪਾਉਂਦੇ ਹਨ। ਇਸ ਤੋਂ ਇਲਾਵਾ ਹੋਰ ਬਹੁਤ ਸਾਰੀਆਂ ਛੋਟਾਂ ਪ੍ਰਦਾਨ ਕਰਦੇ ਹਨ, ਜਿਵੇਂ ਕਿ ਉਹਨਾਂ ਨੂੰ ਆਪਣੇ ਹੀ ਲੋਕਾਂ ਵਿੱਚ ਨਸ਼ਿਆਂ ਦਾ ਵਪਾਰ ਕਰਨ ਦੀ ਖੁੱਲ੍ਹ ਹੁੰਦੀ ਹੈ।

ਇਹ ਸਿਲਸਿਲਾ ਆਮ ਤੌਰ 'ਤੇ ਹਰ ਉਸ ਮੁਲਕ ਵਿੱਚ ਚੱਲਦਾ ਹੈ, ਜਿੱਥੇ ਰਾਜ ਕਰਦੀ ਸ੍ਰੇਣੀ ਆਪਣੇ ਪਰਾਏ ਵਾਲੀ ਤੰਗ ਦਿਲ ਨਫ਼ਰਤੀ ਸੋਚ ਦਾ ਸ਼ਿਕਾਰ ਹੁੰਦੀ ਹੈ, ਜਿਸਤਰ੍ਹਾਂ ਭਾਰਤ ਵਿੱਚ ਆਮ ਤੌਰ 'ਤੇ ਦੇਖਿਆ ਜਾ ਰਿਹਾ ਹੈ।ਜਿੱਥੇ ਦਲਿਤਾਂ ਨਾਲ ਅਣ-ਮਨੁੱਖੀ ਵਿਹਾਰ ਅਤੇ ਘੱਟ ਗਿਣਤੀਆਂ ਨੂੰ ਮੁੱਢਲੇ ਮਨੁੱਖੀ ਅਧਿਕਾਰਾਂ ਤੋਂ ਵਾਂਝੇ ਰੱਖਿਆ ਜਾਣਾ ਆਮ ਵਰਤਾਰਾ ਹੈ। ਅਜਿਹਾ ਜੰਮੂ ਕਸ਼ਮੀਰ ਤੋਂ ਬਾਅਦ ਪੰਜਾਬ ਵਿੱਚ ਸਪੱਸ਼ਟ ਦੇਖਿਆ ਜਾ ਸਕਦਾ ਹੈ, ਜਿੱਥੇ ਆਪਣੇ ਹੀ ਲੋਕ ਆਪਣਿਆਂ ਦਾ ਸ਼ਿਕਾਰ ਖੇਡ ਰਹੇ ਹਨ।ਇਹ ਵਰਤਾਰਾ ਗੁਲਾਮ ਕੌਮਾਂ ਵਿੱਚ ਕੌਮ ਧਰੋਹੀ ਅਤੇ ਗਦਾਰ ਕਿਸਮ ਦੇ ਚੌਧਰ ਦੇ ਲਾਲਚੀ ਲੋਕ ਪੈਦਾ ਕਰਦੇ ਹਨ, ਜਿਸ ਦੀ ਵਜ੍ਹਾ ਨਾਲ ਗੁਲਾਮ ਕੌਮਾਂ ਵਿੱਚ ਬੇ ਗੈਰਤੀ ਲੋਕਾਂ ਦੀ ਬਹੁਤਾਤ ਹੋ ਜਾਂਦੀ ਹੈ, ਜਿਹੜੀ ਉੱਪਰ ਦਰਸਾਈ ਗਈ ਹੈ। ਇਸ ਤੋਂ ਇਲਾਵਾ ਇੱਕ ਤੀਜੀ ਕਿਸਮ ਦੇ ਉਹ ਲੋਕ ਵੀ ਹੁੰਦੇ ਹਨ, ਜਿਨ੍ਹਾਂ ਦੇ ਮਨਾਂ 'ਚ ਹਮੇਸ਼ਾ ਗੁਲਾਮੀ ਦਾ ਜੂਲਾ ਲਾਹ ਸੁੱਟਣ ਦੀ ਤਾਂਘ ਹੁੰਦੀ ਹੈ। ਉਹਨਾਂ ਦੇ ਅੰਦਰ ਰਾਜ ਭਾਗ ਪ੍ਰਾਪਤੀ ਦੀ ਭਾਵਨਾ ਤੀਬਰਤਾ ਨਾਲ ਪ੍ਰਬਲ ਰਹਿੰਦੀ ਹੈ। ਉਹ ਬਗੈਰ ਅੰਜਾਮ ਦੀ ਪ੍ਰਵਾਹ ਕੀਤਿਆਂ ਆਪਣੇ ਨਿਸ਼ਾਨੇ ਦੀ ਪੂਰਤੀ ਲਈ ਜੱਦੋ ਜਹਿਦ ਕਰਦੇ ਰਹਿੰਦੇ ਹਨ।

ਉਹਨਾਂ ਲਈ ਹਕੂਮਤਾਂ ਦੇ ਜ਼ੁਲਮ ਅਤੇ ਸ਼ਹਾਦਤਾਂ ਧਰਮ ਤੋਂ ਕੁਰਬਾਨ ਹੋਣ ਵਾਲਾ ਪੁੰਨ ਦਾ ਕੰਮ ਹੋ ਨਿੱਬੜਦੇ ਹਨ। ਉਹ ਗਾਹੇ ਬ ਗਾਹੇ ਹਕੂਮਤਾਂ ਨੂੰ ਇਹ ਦੱਸਣ ਦਾ ਯਤਨ ਕਰਨ ਵਿੱਚ ਸਫਲ ਵੀ ਹੁੰਦੇ ਰਹਿੰਦੇ ਹਨ ਕਿ ਉਹਨਾਂ ਦੇ ਅੰਦਰਲੀ ਅਣਖ ਗੈਰਤ ਹਕੂਮਤੀ ਜ਼ੁਲਮਾਂ ਦੇ ਬਾਵਜੂਦ ਵੀ ਮਰੀ ਨਹੀਂ ਹੈ। ਮੁੱਠੀ ਭਰ ਕੌਮ ਧਰੋਹੀਆਂ ਦੁਆਰਾ ਹਕੂਮਤਾਂ ਤੋਂ ਕੌਮ ਦੀ ਗੁਲਾਮੀ ਦੇ ਬਦਲੇ ਵਿੱਚ ਲਈਆਂ ਸੂਬੇਦਾਰੀਆਂ ਦੇ ਨਸ਼ੇ ਵਿੱਚ ਕੀਤੇ ਜਬਰ ਜ਼ੁਲਮ ਸਮੁੱਚੀ ਕੌਮ 'ਚੋਂ ਗੈਰਤ ਦਾ ਬੀਜ ਨਾਸ ਨਹੀਂ ਕਰ ਸਕਦੇ। ਹੁਣ ਇੱਕ ਪਾਸੇ ਆਪਣੇ ਰਾਜ ਪ੍ਰਬੰਧ ਵਾਲੇ ਤਾਕਤਵਰ ਲੋਕ ਅਤੇ ਗੁਲਾਮ ਕੌਮਾਂ 'ਚੋਂ ਆਏ ਗੈਰਤ ਵਿਹੂਣੇ ਸਰਮਾਏਦਾਰ ਕੌਮ ਧਰੋਹੀ ਲੋਕ ਹਨ ਹੈ, ਜਿਹੜੇ ਤਾਜਦਾਰਾਂ ਦੀ ਵਫਾਦਾਰੀ ਦੇ ਸਿਰ 'ਤੇ ਸੁੱਖ ਸਹੂਲਤਾਂ ਮਾਣਦੇ ਹਨ ਜਦੋਂਕਿ ਦੂਜੇ ਪਾਸੇ ਉਹ ਗੈਰਤਮੰਦ ਗੁਲਾਮ ਲੋਕ ਜਿਹੜੇ ਹਕੂਮਤੀ ਤਾਕਤਾਂ ਅਤੇ ਕੌਮ ਧਰੋਹੀਆਂ ਦੇ ਦੂਹਰੇ ਜਬਰ ਜ਼ੁਲਮ ਦਾ ਟਾਕਰਾ ਕਰਦੇ ਹੋਏ ਵੀ ਚੜ੍ਹਦੀਕਲਾ ਵਿੱਚ ਰਹਿੰਦੇ ਹਨ। ਪਰੰਤੂ ਇਹ ਚੜ੍ਹਦੀਕਲਾ ਦਾ ਸੰਕਲਪ ਹੀ ਰਾਜ ਕਰਦੀਆਂ ਤਾਕਤਾਂ ਲਈ ਖਤਰੇ ਦੀ ਘੰਟੀ ਹੁੰਦਾ ਹੈ।ਲਿਹਾਜ਼ਾ ਗੁਲਾਮ ਕੌਮਾਂ ਹਮੇਸ਼ਾ ਜਬਰ ਜ਼ੁਲਮ ਦਾ ਸ਼ਿਕਾਰ ਹੁੰਦੀਆਂ ਰਹਿੰਦੀਆਂ ਹਨ।ਅਜਿਹੇ ਜਬਰ ਜ਼ੁਲਮ ਹੀ ਗੁਲਾਮ ਕੌਮਾਂ ਦੇ ਮਨਾਂ ਅੰਦਰ ਅਜ਼ਾਦੀ ਦੀ ਤਾਂਘ ਪੈਦਾ ਕਰਦੇ ਹਨ।ਉਹਨਾਂ ਦੇ ਮਨਾਂ ਅੰਦਰ ਬੇ-ਘਰ ਹੋਣ ਦਾ ਅਹਿਸਾਸ ਪੈਦਾ ਕਰਦੇ ਹਨ। ਭਾਰਤ ਅੰਦਰ ਅਜਿਹੇ ਸਰਾਪ ਦਾ ਸ਼ਿਕਾਰ ਘੱਟ ਗਿਣਤੀਆਂ ਕੌਮਾਂ ਹੋ ਰਹੀਆਂ ਹਨ,ਜਿਨ੍ਹਾਂ ਵਿੱਚ ਬਹਾਦਰ ਸਿੱਖ ਕੌਮ ਵੀ ਸ਼ਾਮਲ ਹਨ। ਸਿੱਖ ਕੌਮ ਦੇ ਰਹਿਬਰਾਂ ਨੇ ਇਸ ਕੌਮ ਨੂੰ ਜਨਮ ਸਮੇਂ ਹੀ ਅਜ਼ਾਦੀ ਦੀ ਗੁੜਤੀ ਅਤੇ ਤਾਜਾਂ ਤਖਤਾਂ ਦੀ ਬਖਸ਼ਿਸ਼ ਕਰਕੇ ਸਾਜਿਆ ਹੈ।ਹਰ ਤਰ੍ਹਾਂ ਦੇ ਜਬਰ ਦਾ ਮੁਕਾਬਲਾ ਸਬਰ ਨਾਲ ਕਰਨ ਦੇ ਨਾਲ ਨਾਲ ਲੋੜ ਪੈਣ 'ਤੇ ਯੁੱਧ ਕਰਨ ਲਈ ਤਿਆਰ ਬਰ ਤਿਆਰ ਰਹਿਣ ਦੀ ਸਿੱਖਿਆ ਵੀ ਦਿੱਤੀ ਗਈ ਹੈ, ਮਜਲੂਮ ਦੀ ਰਾਖੀ ਖਾਤਰ ਆਪਾ ਤੱਕ ਕੁਰਬਾਨ ਕਰਨ ਦੀ ਜਾਚ ਸਿਖਾਈ ਗਈ ਹੈ। ਪਰੰਤੂ ਕਿਸੇ ਨਾਲ ਵੀ ਵੈਰ ਵਿਰੋਧ ਰੱਖਣ ਦੀ ਪੂਰਨ ਮਨਾਹੀ ਕੀਤੀ ਗਈ ਹੈ। ਸਰਬੱਤ ਦੇ ਭਲੇ ਅਤੇ ਵੰਡ ਛੱਕਣ ਦਾ ਸਿਧਾਂਤ ਵੀ ਸਿੱਖ ਪੁਰਖਿਆਂ ਨੇ ਆਪਣੀ ਕੌਮ ਨੂੰ ਬਖਸ਼ਿਆ ਹੈ, ਜਿਹੜਾ ਸਿੱਖਾਂ ਨੂੰ ਮਾਨਸਿਕ ਤੌਰ 'ਤੇ ਤਕੜੇ ਹੋਣ ਦਾ ਬਲ ਵੀ ਬਖਸ਼ਦਾ ਹੈ।ਸਿੱਖੀ ਦੀ ਵੱਖਰੀ ਪਛਾਣ ਅਤੇ ਗੁਰਮਤਿ ਦੇ ਸਿਧਾਂਤ ਇਸ ਕੌਮ ਨੂੰ ਬਾਕੀ ਦੁਨੀਆਂ ਤੋਂ ਬਿਲਕੁਲ ਵੱਖਰਾ, ਨਿਆਰਾ ਅਤੇ ਵਿਲੱਖਣ ਬਣਾਉਂਦੇ ਹਨ। ਦਮਦਾਰ ਸਿੱਖ ਵਿਚਾਰਧਾਰਾ ਦੇ ਸਿਧਾਂਤਾਂ ਦੀ ਬਦੌਲਤ ਸਿੱਖ ਪੁਰਖਿਆਂ ਨੂੰ ਵਿਸ਼ਾਲ ਮਿਸਾਲੀ ਰਾਜ ਪ੍ਰਬੰਧ ਕਾਇਮ ਕਰਨ ਦਾ ਮਾਣ ਹਾਸਲ ਹੈ, ਜਿਹੜਾ ਕਿਸੇ ਬਹਾਦਰ ਕੌਮ ਦੇ ਭਵਿੱਖ ਲਈ ਪ੍ਰੇਰਨਾ ਸਰੋਤ ਬਣਦਾ ਹੈ। ਸੋ ਸਿੱਖਾਂ ਦਾ ਮਹਿਜ਼ ਪੌਣੇ ਕੁ ਦੋ ਸਦੀਆਂ ਪਹਿਲਾਂ ਖੁੱਸਿਆ ਰਾਜ ਪ੍ਰਬੰਧ ਅਤੇ ਗੁਰੂ ਸਾਹਿਬਾਨ ਦੇ ਸਿਧਾਂਤ ਸਿੱਖ ਮਨਾਂ 'ਚ ਆਪਣੇ ਵੱਖਰੇ ਰਾਜ ਭਾਗ ਦੀ ਚਿਣਗ ਨੂੰ ਬੁਝਣ ਨਾ ਦੇਣ ਦੇ ਪ੍ਰਮੁੱਖ ਸੋਮੇ ਹਨ। ਉਹਨਾਂ ਦੀ ਹਰ ਸਵੇਰ ਰਾਜ ਭਾਗ ਦੀ ਪ੍ਰਾਪਤੀ ਦੇ ਸੰਕਲਪ ਨਾਲ ਸ਼ੁਰੂ ਹੁੰਦੀ ਹੈ।

ਉਹਨਾਂ ਦੀ ਦੋ ਵੇਲਿਆਂ ਦੀ ਅਰਦਾਸ ਆਪਣੇ ਗੁਰੂ 'ਤੇ ਅਟੁੱਟ ਭਰੋਸੇ ਦਾ ਪ੍ਰਤੀਕ ਹੈ।ਇਸ ਲਈ ਸਿੱਖ ਕੌਮ ਦਾ ਦਸ ਗੁਰੂ ਸਾਹਿਬਾਨਾਂ ਦੀ ਜਾਗਤ ਜੋਤ, ਹਾਜ਼ਰ ਨਾਜ਼ਰ, ਧੰਨ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਅਤੇ ਅਕਾਲ ਪੁਰਖ 'ਤੇ ਇਹ ਦ੍ਰਿੜ ਵਿਸ਼ਵਾਸ ਹੈ ਕਿ ਇੱਕ ਨਾ ਇੱਕ ਦਿਨ ਉਹ ਗੁਰੂ ਸਾਹਿਬ ਦੇ ਓਟ ਆਸਰੇ ਨਾਲ ਆਪਣੇ ਟੀਚੇ ਨੂੰ ਜ਼ਰੂਰ ਪੂਰਾ ਕਰਨਗੇ। ਸਿੱਖਾਂ ਦਾ ਇਹ ਭਰੋਸਾ ਹੈ ਕਿ ਉਹ ਇੱਕ ਦਿਨ ਆਪਣਾ ਖੁੱਸਿਆ ਰਾਜ ਪ੍ਰਾਪਤ ਕਰਨ ਵਿੱਚ ਸਫਲ ਹੋਣਗੇ ਅਤੇ ਮੁੜ ਗੁਰੂ ਆਸ਼ੇ ਅਨੁਸਾਰੀ ਸਬਰ ਸਾਂਝੀਵਾਲਤਾ ਵਾਲਾ ਹਲੇਮੀ ਰਾਜ ਸਥਾਪਤ ਹੋਵੇਗਾ, ਜਿਹੜਾ ਸਮੁੱਚੀ ਕਾਇਨਾਤ ਨੂੰ ਕਲਾਵੇ 'ਚ ਲੈਣ ਦੇ ਸਮਰੱਥ ਹੋਵੇਗਾ।




# ਸਰਹੱਦੀ ਲੋਕਾਂ ਦੀ ਚੌਕਸੀ ਤੇ ਪੁਲਿਸ ਦੀ ਸਖ਼ਤੀ ਕਾਰਨ ਸਰਹੱਦ ਪਾਰੋਂ ਹੈਰੋਇਨ ਦੀ ਸਪਲਾਈ ਵਿੱਚ ਆਈ ਗਿਰਾਵਟ : ਧਾਲੀਵਾਲ




ਅਜਨਾਲਾ, 21 ਜੁਲਾਈ, (ਸੁਖਦੇਵ ਸਿੰਘ ਖਾਲਸਾ) : ਅੱਜ ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕੌਮਾਂਤਰੀ ਸਰਹੱਦੀ ਪਿੰਡਾਂ ਥੋਬਾ, ਕੋਟਲੀ ਜਮੀਤ ਸਿੰਘ, ਦਿਆਲਪੁਰਾ ਤੇ ਨਾਸਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾਵਾਂ ਦੌਰਾਨ ਹੋਈਆਂ ਪ੍ਰਭਾਵਸ਼ਾਲੀ ਜਨਤਕ ਰੈਲੀਆਂ ਨੂੰ ਸੰਬੋਧਨ ਕਰਦਿਆਂ ਭਾਰਤ-ਪਾਕਿ ਕੌਮਾਂਤਰੀ ਸਰਹੱਦ ਦੇ ਨੇੜੇ ਵੱਸੇ ਪਿੰਡਾਂ ਦੇ ਲੋਕਾਂ ਨੂੰ ਦੂਸਰੀ ਕਤਾਰ ਦੀ ਸੁਰੱਖਿਆ ਪੰਕਤੀ ਕਰਾਰ ਦਿੱਤਾ ਅਤੇ ਕਿਹਾ ਕਿ ਸਰਹੱਦ 'ਤੇ ਤਾਇਨਾਤ ਬੀਐਸਐਫ, ਚੌਕਸ ਸਰਹੱਦੀ ਲੋਕਾਂ ਅਤੇ ਪੰਜਾਬ ਪੁਲਿਸ ਦੀ ਸਖਤੀ ਸਦਕਾ ਸਰਹੱਦ ਪਾਰ ਪਾਕਿਸਤਾਨ ਤੋਂ ਆਉਣ ਵਾਲੇ ਮਾਰੂ ਨਸ਼ੇ ਹੈਰੋਇਨ ਦੀ ਸਪਲਾਈ ਵਿੱਚ ਭਾਰੀ ਗਿਰਾਵਟ ਆਈ ਹੈ ਅਤੇ ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਅਤੇ ਭਾਰਤ ਵਿਰੋਧੀ ਘੁਸਪੈਠ 'ਚ ਵੀ ਖੜੋਤ ਆਈ ਹੈ। ਉਨ੍ਹਾਂ ਨੇ ਕਿਹਾ ਕਿ ਪਿੰਡਾਂ 'ਚ ਖੇਤਾਂ ਦੀ ਹਰਿਆਲੀ, ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ ਦੀ ਖੁਸ਼ਹਾਲੀ, ਨੌਜੁਆਨਾਂ ਦੇ ਸਿਹਤਮੰਦ ਜੁੱਸਿਆਂ ਦੀ ਭਲਵਾਨੀ ਤੇ ਫ਼ੌਜ 'ਚ ਦੇਸ਼ ਦੀ ਰੱਖਵਾਲੀ, ਇਹੋ ਖੂਬੀਆਂ ਰੰਗਲੇ ਪੰਜਾਬ ਦੀ ਪਛਾਣ ਰਹੀਆਂ ਹਨ। ਪਰ ਖੇਤੀ ਸੂਬੇ ਦਾ ਵਿਸ਼ਾ ਹੋਣ ਦੇ ਬਾਵਜੂਦ ਖੇਤੀ ਨੂੰ ਆਪਣੇ ਹੱਥਾਂ 'ਚ ਰੱਖ ਕੇ ਸਾਬਕਾ ਕੇਂਦਰੀ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਅਤੇ ਪੰਜਾਬ ਦੀ ਸੱਤਾ 'ਤੇ ਕਾਬਜ਼ ਰਹੀਆਂ ਕਾਂਗਰਸ ਤੇ ਅਕਾਲੀ- ਭਾਜਪਾ ਸਰਕਾਰਾਂ ਨੇ ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਤੇ ਨਸ਼ਿਆਂ ਦੇ ਅੰਬਾਰ ਲਗਾ ਕੇ ਸੋਨੇ ਦੀ ਚਿੜੀ ਦੇ ਖੁਸ਼ਹਾਲੀ ਦੀ ਉਡਾਰੀ ਲਾਉਣ ਵਾਲੇ ਖੰਭ ਖੋਹ ਸੁੱਟੇ ਤੇ ਰੰਗਲੇ ਪੰਜਾਬ ਨੂੰ ਗੰਧਲਾ ਪੰਜਾਬ ਬਣਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ। ਨਸ਼ਾ ਮੁਕਤੀ ਯਾਤਰਾਵਾਂ ਦੇ ਆਗਾਜ਼ 'ਤੇ ਵਿਧਾਇਕ ਤੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਯਾਤਰਾਵਾਂ 'ਚ ਸ਼ਾਮਲ ਸਿਵਲ ਤੇ ਪੁਲਿਸ ਪ੍ਰਸ਼ਾਸਨਿਕ ਅਧਿਕਾਰੀਆਂ ਸਣੇ ਸਮੂਹ ਹਾਜਰੀਨ ਨੂੰ ਨਸ਼ਾ ਮੁਕਤੀ ਦੇ ਸਮੂਹਿਕ ਹਲਫ ਦਿਵਾਏ।

# ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਇੱਕ ਕਿਲੋ ਹੈਰੋਇਨ ਅਤੇ 2 ਪਿਸਤੌਲਾਂ ਸਮੇਤ ਦੋ ਗ੍ਰਿਫ਼ਤਾਰ




ਜਲੰਧਰ, 21 ਜੁਲਾਈ, (ਸੰਦੀਪ ਕੌਲ) : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਸੀ.ਆਈ.ਏ ਸਟਾਫ ਟੀਮ ਨੇ ਇੱਕ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ।

ਮਨਪ੍ਰੀਤ ਸਿੰਘ ਢਿੱਲੋਂ, ਡੀਸੀਪੀ (ਜਾਂਚ), ਜਯੰਤ ਪੁਰੀ ਏਡੀਸੀਪੀ (ਜਾਂਚ) ਅਤੇ ਪਰਮਜੀਤ ਸਿੰਘ ਏਡੀਸੀਪੀ ਦੀ ਅਗਵਾਈ ਹੇਠ ਇੰਸਪੈਕਟਰ ਸੁਰਿੰਦਰ ਕੁਮਾਰ ਇੰਚਾਰਜ ਸੀਆਈਏ ਸਟਾਫ ਸਮੇਤ ਪੁਲਿਸ ਟੀਮ ਵਲੋਂ ਦੋ ਮੁਲਜ਼ਮਾਂ ਨੂੰ 1 ਕਿਲੋ ਹੈਰੋਇਨ ਸਮੇਤ 2 ਗੈਰ-ਕਾਨੂੰਨੀ ਪਿਸਤੌਲ .32 ਬੋਰ, 2 ਜ਼ਿੰਦਾ ਕਾਰਤੂਸਾਂ ਨਾਲ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੁਲਿਸ ਕਮਿਸ਼ਨਰ ਜਲੰਧਰ ਨੇ ਵੇਰਵਾ ਸਾਂਝਾ ਕਰਦਿਆਂ ਹੋਇਆਂ ਕਿਹਾ ਕਿ 18 ਜੁਲਾਈ ਨੂੰ ਸੀ.ਆਈ.ਏ ਸਟਾਫ ਦੀ ਪੁਲਿਸ ਟੀਮ ਲਿੰਕ ਰੋਡ, ਕੋਟ ਕਾਲਾ, ਨੇੜੇ ਬੋਹੜਵਾਲਾ ਚੌਕ ਵਿਖੇ ਇੱਕ ਨਾਕਾਬੰਦੀ (ਚੈੱਕਪੁਆਇੰਟ) ਦੀ ਕਾਰਵਾਈ ਕਰ ਰਹੀ ਸੀ। ਕਾਰਵਾਈ ਦੌਰਾਨ, ਪੁਲਿਸ ਨੇ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸਦੇ ਕਬਜ਼ੇ ਵਿੱਚੋਂ 1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਦੋਸ਼ੀ ਦੀ ਪਛਾਣ ਵਿਨੇ ਕੁਮਾਰ ਉਰਫ਼ ਮਿੱਠੂ ਪੁੱਤਰ ਆਸ਼ੀਸ਼ ਪਾਲ ਵਾਸੀ ਮਕਾਨ ਨੰਬਰ 9, ਗਲੀ ਨੰਬਰ 8, ਗੁਰੂ ਨਾਨਕ ਨਗਰ, ਨੇੜੇ ਨਾਗਰਾ ਰੇਲਵੇ ਫਾਟਕ, ਜਲੰਧਰ ਵਜੋਂ ਹੋਈ ਹੈ।

ਉਹਨਾਂ ਨੇ ਅੱਗੇ ਕਿਹਾ ਕਿ ਜਾਂਚ ਦੌਰਾਨ, ਇੱਕ ਹੋਰ ਦੋਸ਼ੀ ਮੇਜਰ ਸਿੰਘ ਉਰਫ਼ ਮੇਜਰ ਪੁੱਤਰ ਜਸਵਿੰਦਰ ਸਿੰਘ ਵਾਸੀ ਮਕਾਨ ਨੰ. 357/6, ਸ਼ਹੀਦ ਬਾਬੂ ਲਾਭ ਸਿੰਘ ਨਗਰ, ਬਸਤੀ ਬਾਵਾ ਖੇਲ, ਜਲੰਧਰ ਦੀ ਸ਼ਮੂਲੀਅਤ ਦਾ ਖੁਲਾਸਾ ਹੋਇਆ। ਉਸਨੂੰ 19 ਜੁਲਾਈ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਸ ਤੋਂ ਪੁਲਿਸ ਨੇ ਦੋ ਗੈਰ-ਕਾਨੂੰਨੀ ਪਿਸਤੌਲ (.32 ਬੋਰ) ਦੇ ਨਾਲ-ਨਾਲ ਦੋ ਜ਼ਿੰਦਾ ਕਾਰਤੂਸ ਬਰਾਮਦ ਕੀਤੇ।

# ਡਿਪਟੀ ਕਮਿਸ਼ਨਰ ਵੱਲੋਂ ਸ਼ਹਿਰ ਦੀ ਲੌਜਿਸਟਿਕਸ ਪਲੈਨ ਬਣਾਉਣ ਲਈ ਵਿਆਪਕ ਯੋਜਨਾਬੰਦੀ ਉਲੀਕਣ ਦੀ ਹਦਾਇਤ

ਅੰਮ੍ਰਿਤਸਰ, 21 ਜੁਲਾਈ, (ਬਬਲੂ ਮਹਾਜਨ) : ਸ਼ਹਿਰੀ ਆਵਾਜਾਈ ਅਤੇ ਸਪਲਾਈ ਚੇਨ ਨੂੰ ਸ਼ਹਿਰ ਦੀਆਂ ਲੋੜਾਂ ਅਨੁਸਾਰ ਬਿਹਤਰ ਬਣਾਉਣ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਨੇ 'ਲੌਜਿਸਟਿਕ ਪਲੈਨ' ਬਨਾਉਣ ਲਈ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਕਿ ਇਸ ਲਈ ਅਜਿਹੀ ਯੋਜਨਾਬੰਦੀ ਕੀਤੀ ਜਾਵੇ, ਜਿਸ ਦਾ ਉਦੇਸ਼ ਸਮਾਨ ਦੀ ਆਵਾਜਾਈ ਨੂੰ ਅਨੁਕੂਲ ਬਣਾਉਣਾ, ਆਵਾਜਾਈ ਦੀ ਭੀੜ ਨੂੰ ਘਟਾਉਣਾ ਅਤੇ ਵਾਤਾਵਰਣ ਉਤੇ ਪੈਣ ਵਾਲੇ ਨਾਂਹ ਪੱਖੀ ਪ੍ਰਭਾਵਾਂ ਨੂੰ ਘੱਟ ਕਰਨਾ ਸ਼ਾਮਲ ਹੋਵੇ।

ਉਹਨਾਂ ਕਿਹਾ ਕਿ ਇਸ ਨਵੀਂ ਯੋਜਨਾਬੰਦੀ ਲਈ ਲੌਜਿਸਟਿਕਸ ਮਾਹਰਾਂ, ਸਥਾਨਕ ਕਾਰੋਬਾਰੀਆਂ, ਡਰਾਈਵਰਾਂ, ਆਵਾਜਾਈ ਅਧਿਕਾਰੀਆਂ, ਟਰੈਫਿਕ ਪੁਲਿਸ, ਹੋਟਲ ਐਸੋਸੀਏਸ਼ਨ, ਰੇਲਵੇ ਅਤੇ ਵਾਤਾਵਰਨ ਯੋਜਨਾਕਾਰਾਂ ਨਾਲ ਸਲਾਹ-ਮਸ਼ਵਰਾ ਕੀਤਾ ਜਾਵੇ। ਉਹਨਾਂ ਕਿਹਾ ਕਿ ਸ਼ਹਿਰ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਵਧੀਆ ਲੌਜਿਸਟਿਕ ਯੋਜਨਾਬੰਦੀ ਬੇਹੱਦ ਜਰੂਰੀ ਹੈ ਅਤੇ ਇਸ ਲਈ



ਅਜਿਹੇ ਪ੍ਰਬੰਧ ਕੀਤੇ ਜਾਣ ਕੇ ਘੱਟ ਤੋਂ ਘੱਟ ਸਮੇਂ ਵਿੱਚ ਸਪਲਾਈ ਚੇਨ ਤੱਕ ਮਾਲ ਪਹੁੰਚਦਾ ਰਹੇ। ਉਹਨਾਂ ਕਿਹਾ ਕਿ ਇਸਦਾ ਉਦੇਸ਼ ਟ੍ਰੈਫਿਕ ਭੀੜ, ਪ੍ਰਦੂਸ਼ਣ ਅਤੇ ਅਨਿਯੰਤ੍ਰਿਤ ਮਾਲ ਢੋਆ-ਢੁਆਈ ਕਾਰਨ ਹੋਣ ਵਾਲੀਆਂ ਡਿਲਿਵਰੀ ਅਕੁਸ਼ਲਤਾਵਾਂ ਨੂੰ ਘਟਾਉਣਾ ਹੈ। ਉਹਨਾਂ ਇਸ ਲਈ ਮਾਲ ਰੂਟਾਂ ਦਾ ਨਕਸ਼ਾ ਬਣਾਉਣ, ਭੀੜ ਵਾਲੇ ਸਥਾਨਾਂ ਦੀ ਪਛਾਣ ਕਰਨ, ਟਰੱਕ ਟਰਮੀਨਲ, ਲੋਡਿੰਗ ਬੇਅ ਵਰਗੇ ਬੁਨਿਆਦੀ ਢਾਂਚੇ ਦਾ ਵਿਕਾਸ ਕਰਨ, ਸਾਫ਼ ਵਾਹਨਾਂ ਨੂੰ ਉਤਸ਼ਾਹਿਤ ਕਰਨ, ਡਿਲਿਵਰੀ ਸਮਾਂ ਵਿੰਡੋਜ਼ ਸੈੱਟ ਕਰਨ ਦੀ ਹਦਾਇਤ ਕੀਤੀ ਤਾਂ ਜੋ ਸਮਾਂ, ਪੈਸਾ ਬਚੇ ਅਤੇ ਹਾਦਸਿਆਂ ਤੋਂ ਬਚਿਆ ਜਾ ਸਕੇ।

ਦੱਸਣ ਯੋਗ ਹੈ ਕਿ ਸ਼ਹਿਰੀ ਲੌਜਿਸਟਿਕ ਯੋਜਨਾਬੰਦੀ ਲਈ ਜੋ ਕਮੇਟੀ ਗਠਿਤ ਕੀਤੀ ਗਈ ਹੈ, ਉਸ ਵਿੱਚ ਡਿਪਟੀ ਕਮਿਸ਼ਨਰ ਨੂੰ ਚੇਅਰਪਰਸਨ ਅਤੇ ਕਮੇਟੀ ਮੈਂਬਰਾਂ ਵਜੋਂ ਪੁਲਿਸ ਕਮਿਸ਼ਨਰ, ਵਧੀਕ ਕਮਿਸ਼ਨਰ ਕਾਰਪੋਰੇਸ਼ਨ, ਏਡੀਸੀ ਸ਼ਹਿਰੀ ਵਿਕਾਸ, ਡਿਪਟੀ ਕਮਿਸ਼ਨਰ ਸਟੇਟ ਟੈਕਸ, ਚੀਫ ਇੰਜੀਨੀਅਰ ਪ੍ਰਦੂਸ਼ਣ ਕੰਟਰੋਲ ਬੋਰਡ, ਸੈਕਟਰੀ ਆਰਟੀਏ, ਜਨਰਲ ਮੈਨੇਜਰ ਡੀਆਈਸੀ, ਡਿਸਟ੍ਰਿਕਟ ਟਾਊਨ ਪਲੈਨਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨੂੰ ਬਤੌਰ ਮੈਂਬਰ ਲੈ ਕੇ 17 ਮੈਂਬਰੀ ਕਮੇਟੀ ਬਣਾਈ ਗਈ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਵਧੀਕ ਕਮਿਸ਼ਨਰ ਸ੍ਰੀ ਸੁਰਿੰਦਰ ਸਿੰਘ, ਸੈਕਟਰੀ ਆਰ ਟੀ ਏ ਸ੍ਰੀ ਖੁਸ਼ਦਿਲ ਸਿੰਘ, ਜੀਐਮ ਜੀਐਮ ਇੰਡਸਟਰੀ ਸ੍ਰੀ ਮਾਨਵਪ੍ਰੀਤ ਸਿੰਘ, ਡੀਐਫਐਸਸੀ ਅਮਨਜੀਤ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਭਗਤ ਪੂਰਨ ਸਿੰਘ ਦੀ 33ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸ਼ੁਰੂਆਤ



ਅੰਮ੍ਰਿਤਸਰ, 21 ਜੁਲਾਈ, (ਗੁਰਦਿਆਲ ਸਿੰਘ) : ਅੱਜ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.) ਅੰਮ੍ਰਿਤਸਰ ਦੇ ਮੁੱਖ ਦਫ਼ਤਰ ਵਿਖੇ ਭਗਤ ਪੂਰਨ ਸਿੰਘ ਜੀ ਦੀ 33ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸ਼ੁਰੂਆਤ ਸ੍ਰੀ ਸਹਿਜ ਪਾਠ ਦੀ ਆਰੰਭਤਾ ਨਾਲ ਹੋਈ। ਸਵੇਰੇ ਪਿੰਗਲਵਾੜਾ ਸੰਸਥਾ ਵਿੱਚ ਪਲ-ਪੜ੍ਹ ਰਹੇ ਬੱਚੇ-ਬੱਚੀਆਂ ਵੱਲੋਂ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕਰਨ ਉਪਰੰਤ ਪਾਠ ਦੀ ਆਰੰਭਤਾ ਹੋਈ। ਇਸ ਮੌਕੇ ਸੰਸਥਾ ਦੇ ਮੀਤ ਪ੍ਰਧਾਨ ਡਾ. ਜਗਦੀਪਕ ਸਿੰਘ ਅਤੇ ਸੋਸਾਇਟੀ ਮੈਂਬਰ ਰਾਜਬੀਰ ਸਿੰਘ ਨੇ ਦੱਸਿਆ ਕਿ ਪਿੰਗਲਵਾੜਾ ਸੰਸਥਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸ਼ੁਰੂਆਤ ਅੱਜ ਸ੍ਰੀ ਸਹਿਜ ਪਾਠ ਦੇ ਆਰੰਭ ਨਾਲ ਹੋ ਗਈ ਅਤੇ ਆਉਂਦੇ ਦਿਨਾਂ ਵਿਚ 5 ਅਗਸਤ ਤੱਕ ਪ੍ਰੋਗਰਾਮ ਚੱਲਦੇ ਰਹਿਣਗੇ। ਉਨ੍ਹਾਂ ਕਿਹਾ ਕਿ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਪਿੰਗਲਵਾੜਾ ਸੰਸਥਾ ਦੀ ਯੋਗ ਅਗਵਾਈ ਵਿੱਚ 1 ਅਗਸਤ ਨੂੰ ਸੰਸਥਾ ਦੇ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਅਤੇ ਵਸਨੀਕਾਂ ਵੱਲੋਂ ਸੱਭਿਆਚਾਰਿਕ ਪ੍ਰੋਗਰਾਮ, 2 ਅਗਸਤ ਨੂੰ ਖੂਨਦਾਨ ਕੈਂਪ, 3 ਅਗਸਤ ਨੂੰ ਪਿੰਗਲਵਾੜੇ ਦੇ ਸਾਰੇ ਵਿੱਦਿਅਕ ਅਦਾਰਿਆਂ ਦਾ ਸਾਲਾਨਾ ਪ੍ਰੋਗਰਾਮ, 04 ਅਗਸਤ ਨੂੰ ਸੱਭਿਆਚਾਰ ਅਤੇ ਆਚਰਣ ਵਿਸ਼ੇ ਤੇ ਡੂੰਘੀਆਂ ਵਿਚਾਰਾਂ 'ਤੇ ਸੈਮੀਨਾਰ ਅਤੇ 05 ਅਗਸਤ ਨੂੰ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਜਾਣਗੇ। ਇਨ੍ਹਾਂ ਮੌਕਿਆਂ ਤੇ ਬੱਚਿਆਂ ਵੱਲੋਂ ਬਣਾਈਆਂ ਕਲਾ-ਕ੍ਰਿਤੀਆਂ ਅਤੇ ਪਿੰਗਲਵਾੜਾ ਸੰਸਥਾ ਦੀਆਂ ਗਤੀਵਿਧੀਆਂ ਨੂੰ ਦਰਸਾਉਂਦੀ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ। ਇਸ ਮੌਕੇ ਪਰਮਿੰਦਰਜੀਤ ਸਿੰਘ ਭੱਟੀ ਮੁੱਖ ਪ੍ਰਸ਼ਾਸਕ ਪਿੰਗਲਵਾੜਾ, ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ, ਡਾ. ਨਿਰਮਲ ਸਿੰਘ, ਡਾ. ਇੰਦਰਜੀਤ ਕੌਰ (ਰੇਨੂੰ), ਸ੍ਰ. ਗੁਰਨਾਇਬ ਸਿੰਘ, ਸ਼੍ਰੀ ਤਿਲਕ ਰਾਜ ਜਰਨਲ ਮੈਨੇਜਰ, ਸ੍ਰ. ਹਰਪਾਲ ਸਿੰਘ ਕੇਅਰ ਟੇਕਰ, ਸ਼੍ਰੀ ਗੁਲਸ਼ਨ ਰੰਜਨ ਮੈਡੀਕਲ ਸੋਸ਼ਲ ਵਰਕਰ, ਮੈਡਮ ਰਾਜਵਿੰਦਰ ਕੌਰ, ਸਾਬਕਾ ਪੁਲਿਸ ਇੰਸਪੈਕਟਰ, ਪ੍ਰਿੰ. ਨਰੇਸ਼ ਕਾਲੀਆ, ਪ੍ਰਿੰ. ਲਖਵਿੰਦਰ ਕੌਰ, ਪ੍ਰਿੰ. ਅਨੀਤਾ ਬੱਤਰਾ, ਪ੍ਰਿੰ. ਦਲਜੀਤ ਕੌਰ, ਮੈਡਮ ਸੁਨੀਤਾ ਨਈਅਰ, ਸਮੂਹ ਵਿੱਦਿਅਕ ਅਦਾਰਿਆਂ ਦਾ ਸਟਾਫ਼, ਬੱਚੇ, ਵੱਖ- ਵੱਖ ਵਾਰਡਾਂ ਅਤੇ ਵਿਭਾਗਾਂ ਦੇ ਇੰਚਾਰਜ ਅਤੇ ਸੇਵਾਦਾਰ ਆਦਿ ਹਾਜ਼ਰ ਸਨ।

# ਸਿੱਖ ਸੰਸਥਾਵਾਂ ਤੇ ਗੁਰਦੁਆਰਿਆਂ ਦੇ ਪ੍ਰਬੰਧਕ ਮੈਂਬਰ ਲਾਜ਼ਮੀ ਅੰਮ੍ਰਿਤਧਾਰੀ ਹੋਣ : ਬਾਬਾ ਬਲਬੀਰ ਸਿੰਘ




ਅੰਮ੍ਰਿਤਸਰ, 21 ਜੁਲਾਈ, (ਗੁਰਦਿਆਲ ਸਿੰਘ) : ਗੁਰਦੁਆਰਾ ਸਾਹਿਬ ਦੀਆਂ ਲੋਕਲ ਕਮੇਟੀਆਂ ਦੇ ਪ੍ਰਬੰਧਕ, ਸਮੂਹ ਸਿੱਖ ਸੰਸਥਾਵਾਂ/ਸੰਪਰਦਾਵਾਂ ਦੇ ਆਹੁਦੇਦਾਰ ਮੈਂਬਰਾਂ ਬਾਰੇ ਨਿਹੰਗ ਸਿੰਘਾਂ ਦੀ ਮੁੱਖ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਬੋਲਦਿਆਂ ਕਿਹਾ ਕਿ ਸਾਰੇ ਅੰਮ੍ਰਿਤਧਾਰੀ ਹੋ ਕੇ ਗੁਰੂ ਗੋਬਿੰਦ ਸਿੰਘ ਜੀ ਦੀ ਮਰਿਯਾਦਾ ਦੇ ਧਾਰਨੀ ਬਣਨ। ਉਨ੍ਹਾਂ ਚੀਫ ਖਾਲਸਾ ਦੀਵਾਨ ਦੀ ਇਕ ਧਾਰਮਿਕ ਸਟੇਜ 'ਤੇ ਬੋਲਦਿਆਂ ਕਿਹਾ ਕਿ ਸੰਗਤਾਂ ਵਿਚ ਇਸ ਗੱਲ ਦਾ ਭਾਰੀ ਰੋਸ ਪਾਇਆ ਜਾਂਦਾ ਹੈ, ਕਿ ਧਾਰਮਿਕ ਸੰਸਥਾਵਾਂ ਦੇ ਪ੍ਰਬੰਧਕ ਤੇ ਮੁਲਾਜਮ ਹੀ ਅੰਮ੍ਰਿਤਧਾਰੀ ਨਹੀਂ ਹਨ, ਜਿਸ ਕਾਰਨ ਇਨ੍ਹਾਂ ਅਸਥਾਨਾਂ ਤੋਂ ਦਿੱਤਾ ਜਾਣ ਵਾਲਾ ਉਪਦੇਸ਼ ਆਮ ਸੰਗਤ ਗ੍ਰਹਿਣ ਨਹੀਂ ਕਰਦੀ। ਉਨ੍ਹਾਂ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਚੰਗਾ ਹੋਵੇ, ਜਿਨ੍ਹਾਂ ਪ੍ਰਬੰਧਕਾਂ ਮੈਂਬਰਾਂ ਨੇ ਗੁਰੂ ਮਹਾਰਾਜ ਦਾ ਖੰਡੇ ਬਾਟੇ ਦਾ ਅੰਮ੍ਰਿਤਪਾਨ ਨਹੀਂ ਕੀਤਾ ਉਹ ਬਾਣੀ-ਬਾਣੇ ਦੇ ਧਾਰਨੀ ਹੋ ਕੇ ਗੁਰ ਮਰਿਯਾਦਾ 'ਚ ਰਹਿ ਕੇ ਸੰਜਮ ਭਰਿਆ ਜੀਵਨ ਬਤੀਤ ਕਰਨ। ਉਨ੍ਹਾਂ ਕਿਹਾ ਨਿਜਵਾਦ ਵਾਸਤੇ ਧਾਰਮਿਕ ਅਸਥਾਨਾਂ ਦੀ ਦੁਰਵਰਤੋਂ ਨਹੀਂ ਹੋਣੀ ਚਾਹੀਦੀ। ਨਾ ਹੀ ਕਿਸੇ ਨੂੰ ਇਹ ਅਧਿਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਧਾਰਮਿਕ ਅਸਥਾਨਾਂ ਨੂੰ ਆ ਰਹੀਆਂ ਫਰਜੀ ਧਮਕੀਆਂ ਬਾਰੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਅਤੇ ਸਿੱਖ ਧਾਰਮਿਕ ਅਸਥਾਨਾਂ ਵੱਲ ਜਿਸ ਨੇ ਭੈੜੀ ਅੱਖ ਨਾਲ ਤੱਕਿਆ ਖਾਲਸਾ ਪੰਥ ਦੇ ਸ਼ੇਰ ਦੂਲਿਆਂ ਨੇ ਹਰ ਹੀਲੇ ਉਸ ਨੂੰ ਸਜ਼ਾ ਦਿੱਤੀ ਹੈ। ਹਮਲਾਵਰਾਂ ਦੀਆਂ ਪੁਸ਼ਤਾਂ ਤੀਕ ਬਰਬਾਦ ਹੋ ਗਈਆਂ ਹੁਣ ਵੀ ਈਮੇਲ ਕਰਨ ਵਾਲੇ ਦੁਸ਼ਟ ਬਚਣਗੇ ਨਹੀਂ, ਉਨ੍ਹਾਂ ਦੀਆਂ ਕੁਲਾਂ ਦਾ ਨਾਸ਼ ਹੋ ਜਾਵੇਗਾ। ਉਨ੍ਹਾਂ ਕਿਹਾ ਸਮੁੱਚੇ ਨਿਹੰਗ ਸਿੰਘ ਦਲਪੰਥ ਸੁਰੱਖਿਆ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ ਨਾਲ ਹਨ, ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਦੇ ਮੁਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਨਾਲ ਵੀ ਮੁਲਾਕਾਤ ਕੀਤੀ ਅਤੇ ਮੌਜੂਦਾ ਹਾਲਾਤਾਂ 'ਤੇ ਵਿਚਾਰ ਵਟਾਂਦਰਾਂ ਕੀਤਾ। ਇਸ ਤੋਂ ਪਹਿਲਾਂ ਉਹ ਆਪਣੇ ਜਥੇ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।

# ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ



ਅੰਮ੍ਰਿਤਸਰ, 21 ਜੁਲਾਈ, (ਬਬਲੂ ਮਹਾਜਨ) : ਬੀਬੀ ਧਰਮ ਕੌਰ ਦੀ ਕੁੱਖੋਂ ਜਨਮੇ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੰਗਤ ਰੂਪੀ ਸ੍ਰੀ ਜਪੁਜੀ ਸਾਹਿਬ, ਸ੍ਰੀ ਚੌਪਈ ਸਾਹਿਬ ਪਾਠਾਂ ਦੀਆਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ, ਉਪਰੰਤ ਭਾਈ ਹਰਵਿੰਦਰਪਾਲ ਸਿੰਘ ਲਿਟਲ ਅਤੇ ਭਾਈ ਗੁਰਇਕਬਾਲ ਸਿੰਘ ਨੇ ਕਥਾ ਕੀਰਤਨ ਰਾਹੀਂ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਮੌਕੇ ਭਾਈ ਸਾਹਿਬ ਨੇ ਦੱਸਿਆ ਜ਼ਾਲਮ ਜ਼ਕਰੀਆ ਖ਼ਾਨ ਵੱਲੋਂ ਸ਼ਹੀਦ ਭਾਈ ਤਾਰੂ ਸਿੰਘ ਜੀ ਦੀ ਖੋਪਰੀ ਕੇਸਾਂ ਸਣੇ ਉਤਾਰ ਦਿੱਤੀ ਸੀ। ਪਰ ਸ਼ਹੀਦ ਭਾਈ ਤਾਰੂ ਸਿੰਘ ਜੀ ਅਤੇ ਗੁਰਬਾਣੀ ਦੀ ਬਖਸ਼ਿਸ਼ ਸਦਕਾ 22 ਦਿਨ ਬਿਨਾਂ ਖੋਪੜੀ ਤੋਂ ਜੀਵਤ ਰਹੇ ਅਤੇ ਕੀਤਾ ਬਚਨ ਜ਼ਕਰੀਆ ਖ਼ਾਨ ਤੈਨੂੰ ਜੁੱਤੀਆਂ ਮਾਰ ਕੇ ਪਹਿਲਾਂ ਤੋਰਾਂਗੇ, ਫੇਰ ਅਸੀਂ ਸ਼ਹੀਦੀ ਪਾਵਾਂਗੇ ਅਤੇ ਜ਼ਾਲਮ ਜ਼ਕਰੀਆ ਖ਼ਾਨ ਦੇ ਮਰਨ ਤੋਂ ਬਾਅਦ ਭਾਈ ਤਾਰੂ ਸਿੰਘ ਜੀ ਨੇ ਸ਼ਹੀਦੀ ਪਾਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਜਿੱਥੇ ਆਸਟ੍ਰੇਲੀਆ, ਕੈਨੇਡਾ ਅਤੇ ਦਿੱਲੀ ਦੀਆਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ, ਉੱਥੇ ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਨੇ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਹਾਜ਼ਰੀਆਂ ਭਰੀਆਂ।

# ਐਗਰੀ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮਟਿਡ ਔਜਲਾ ਢੱਕ ਵਿਖੇ ਕਿਸਾਨਾਂ ਨੇ ਲਗਾਇਆ ਧਰਨਾ



ਫਿਲੌਰ, 21ਜੁਲਾਈ (ਅਜੇ ਸਿੰਘ ਨਾਗੀ): ਦੀ ਔਜਲਾ ਢੱਕ -ਕੋ ਆਪ ਐਗਰੀ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮਟਿਡ ਔਜਲਾ ਢੱਕ ਵਿਖੇ ਅੱਜ ਔਜਲਾ ਢੱਕ, ਮਸਾਣੀ, ਕਟਾਣਾ, ਲਿੱਦੜ ਖੁਰਦ ਤੇ ਕਿਸਾਨਾਂ ਨੇ ਇਕੱਠ ਕਰਕੇ ਰੋਸ ਜਾਹਰ ਕਰਦਿਆਂ ਕਿਹਾ, ਕਿ 28 ਜੂਨ ਨੂੰ ਖਾਦ ਦੀ ਗੱਡੀ ਜਿਸ ਵਿੱਚ 350 ਯੂਰੀਆ ਖਾਦ ਦੇ ਬੋਰੇ ਸਨ, ਜੋ ਦੀ ਔਜਲਾ ਢੱਕ-ਕੋ ਆਪ ਐਗਰੀ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮਟਿਡ ਔਜਲਾ ਢੱਕ ਨਹੀਂ ਆਏ ਤੇ ਜਦੋਂ ਇਲਾਕੇ ਦੇ ਕਿਸਾਨਾਂ ਨੂੰ ਪਤਾ ਲੱਗਾ ਉਨ੍ਹਾਂ ਨੇ ਧਰਨਾ ਲਾਇਆ। ਮੌਕੇ 'ਤੇ ਸਹਿਕਾਰੀ ਸਭਾਵਾਂ ਇੰਸਪੈਕਟਰ ਗੁਰਪ੍ਰੀਤ ਸਿੰਘ ਪਹੁੰਚੇ ਤੇ ਕਿਸਾਨਾਂ ਨਾਲ ਮਸਲੇ ਨੂੰ ਲੈ ਕੇ ਗੱਲਬਾਤ ਕੀਤੀ ਤੇ ਉਹਨਾਂ ਨੇ ਕਿਹਾ ਸੁਸਾਇਟੀ ਦੇ ਪ੍ਰਧਾਨ ਰੇਸਮ ਸਿੰਘ ਨੇ ਖਾਦ ਦਾ ਟਰੱਕ ਲਾਹਿਆ ਲਿਆ ਹੈ। ਜਦੋਂ ਇਸ ਸਬੰਧੀ ਸੇਲਮੈਨ ਤਰਨ ਔਜਲਾ ਨੇ ਦੱਸਿਆ ਕਿ ਪ੍ਰਧਾਨ ਰੇਸਮ ਸਿੰਘ ਸੁਸਾਇਟੀ ਤੇ ਮੇਰੇ ਕੋਲ ਧੱਕਾ ਨਾਲ ਪਹੁੰਚ ਤੇ ਸਾਈਨ ਕਰਕੇ ਲੈ ਗਿਆ ਤੇ ਖਾਦ ਸੁਸਾਇਟੀ 'ਚ ਨਹੀਂ ਆਈ ਤੇ ਉਸਨੇ ਖਾਦ ਬਾਹਰ ਹੀ ਰੱਖ ਲਈ। ਸਹਿਕਾਰੀ ਸਭਾਵਾਂ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਮਾਮਲੇ ਦੀ ਜਾਚ ਕਰ ਰਹੇ ਹਾ, ਜੋ ਵੀ ਆਰੋਪੀ ਪਾਇਆ ਗਿਆ, ਉਸਦੇ ਖਿਲਾਫ ਬਣਦੀ ਵਿਭਾਗੀ ਕਾਰਵਾਈ ਜਾਵੇਗੀ ਤੇ ਕਿਸਾਨਾਂ ਨੇ ਸੁਸਾਇਟੀ ਮੈਂਬਰਾਂ ਨੇ ਇੰਸਪੈਕਟਰ ਗੁਰਪ੍ਰੀਤ ਨੂੰ ਲਿਖਤੀ ਰੂਪ 'ਚ ਸ਼ਿਕਾਇਤ ਕੀਤੀ। ਜਦੋਂ ਇਸ ਸਬੰਧੀ ਇਸ ਮੌਕੇ ਪ੍ਰਧਾਨ ਰੇਸਮ ਸਿੰਘ ਨਾਲ ਸਪੰਰਕ ਕੀਤਾ ਉਹਨਾਂ ਨੇ ਕਿਹਾ ਕਿ ਸੁਸਾਇਟੀ ਦੇ ਸੇਲਮੈਨ ਤਰਨ ਔਜਲਾ ਕਿਹਾ ਗੱਡੀ ਆਈ ਹੈ ਚਾਬੀ ਮੇਰੇ ਕੋਲ ਨਹੀਂ ਹੈ ਜਿਨ੍ਹਾਂ ਕਿਸਾਨਾਂ ਦੀ ਮੰਗ ਹੈ, ਉਹਨਾਂ ਨੂੰ ਖਾਦ ਦਿੱਤੀ ਹੈ, ਸੁਸਾਇਟੀ ਕੋਲ ਮੈਂਬਰਾਂ ਨੇ ਚੈੱਕ ਜਮ੍ਹਾਂ ਕਰਵਾਏ ਦਿੱਤੇ ਹਨ। ਇਸ ਮੌਕੇ ਗੁਦਵਾਰ ਸਿੰਘ ਮਸਾਣੀ, ਬਲਦੇਵ ਸਿੰਘ ਔਜਲਾ, ਦੀਦਾਰ ਸਿੰਘ, ਨਛੱਤਰ ਸਿੰਘ, ਨਿਰਮਲ ਸਿੰਘ, ਅਮਰਜੀਤ ਸਿੰਘ ਕਟਾਣਾ, ਮੱਖਣ ਸਿੰਘ, ਜਸਵਿੰਦਰ ਸਿੰਘ ਔਜਲਾ, ਇਲਾਕੇ ਤੇ ਕਿਸਾਨ ਮਜਦੂਰ ਭਾਰੀ ਗਿਣਤੀ 'ਚ ਸ਼ਾਮਲ ਸਨ।

# ਅਕਾਲੀ ਦਲ ਨੂੰ ਲੱਗਾ ਵੱਡਾ ਝਟਕਾ, ਰਾਜਾਸਾਂਸੀ ਹਲਕੇ ਦੇ ਪਿੰਡ ਡੱਲੇਕੇ ਦੀ ਪੰਚਾਇਤ 'ਆਪ' 'ਚ ਸ਼ਾਮਿਲ



ਅੰਮ੍ਰਿਤਸਰ, 21 ਜੁਲਾਈ, (ਬਬਲੂ ਮਹਾਜਨ) : ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਡੱਲੇਕੇ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦ ਮੌਜੂਦਾ ਸਰਪੰਚ ਸਿਮਰਜੀਤ ਕੌਰ ਅਤੇ ਸਾਬਕਾ ਸਰਪੰਚ ਦਵਿੰਦਰ ਸਿੰਘ, ਪੰਚ ਸੁਰਿੰਦਰ ਕੌਰ, ਪੰਚ ਬਲਵਿੰਦਰ ਸਿੰਘ, ਪੰਚ ਜੱਸਾ ਸਿੰਘ, ਨੰਬਰਦਾਰ ਗੁਰਮਨਜੀਤ ਸਿੰਘ, ਬਾਜ ਸਿੰਘ, ਗੁਰਸੇਵਕ ਸਿੰਘ, ਗੁਰਲਾਲ ਸਿੰਘ ਆਦਿ ਸਮੁੱਚੀ ਪੰਚਾਇਤ ਸਮੇਤ ਆਮ ਆਦਮੀ ਪਾਰਟੀ ਹਲਕਾ ਰਾਜਾਸਾਂਸੀ ਦੇ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਆਪ ਵਿੱਚ ਸ਼ਾਮਲ ਹੋਏ। ਇਸ ਮੌਕੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਸ਼ਾਮਲ ਹੋਏ ਵਿਅਕਤੀਆਂ ਨੂੰ ਪਾਰਟੀ ਦੇ ਮਫਰਲ ਪਾ ਕੇ ਸਨਮਾਨਿਤ ਕੀਤਾ ਤੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਉਹਨਾਂ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਮੈਡਮ ਸੋਨੀਆ ਮਾਨ ਨੇ ਕਿਹਾ ਕਿ ਆਮ ਆਦਮੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।

## ਪਿਤਾ ਨੇ ਇਨਸਾਫ ਲਈ ਲਗਾਈ ਗੁਹਾਰ

# 2022 'ਚ ਪੁੱਤ ਦੀ ਮੌਤ ਦੇ ਮੁਲਜ਼ਮ ਅੱਜ ਤੱਕ ਵੀ ਨਹੀਂ ਕੀਤੇ ਗ੍ਰਿਫ਼ਤਾਰ



ਤਰਸਿੱਕਾ, 21 ਜੁਲਾਈ, (ਦਵਿੰਦਰ ਸਿੰਘ ਤਰਸਿੱਕਾ) : ਸੂਬਾ ਸਰਕਾਰ ਵੱਲੋਂ ਹਰ ਇੱਕ ਵਿਅਕਤੀ ਨੂੰ ਇਨਸਾਫ ਦਵਾਉਣ ਲਈ ਕੀਤੀਆਂ ਗਈਆਂ ਸਖਤ ਹਦਾਇਤਾਂ ਅਨੁਸਾਰ ਅਜੇ ਵੀ ਪੁਲਿਸ ਵੱਲੋਂ ਕੁਝ ਅਜਿਹੇ ਮਸਲੇ ਹਨ ਜਿਨ੍ਹਾਂ ਦੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ, ਅਜਿਹਾ ਹੀ ਮਾਮਲਾ ਪਿੰਡ ਅਨਾਇਤਪੁਰਾ ਦੇ ਬਜ਼ੁਰਗ ਜਸਵੰਤ ਸਿੰਘ ਪੁੱਤਰ ਕਿਰਪਾਲ ਸਿੰਘ ਨੇ ਦੱਸਿਆ ਕਿ ਮੈਂ ਆਪਣੀ ਜੱਦੀ ਜ਼ਮੀਨ ਛੇ ਏਕੜ ਵੇਚ ਕੇ ਹੋਰ ਕਿਸੇ ਜਗ੍ਹਾ ਜ਼ਮੀਨ ਖਰੀਦਣਾ ਚਾਹੁੰਦਾ ਸੀ। ਪਰ ਮੇਰੇ ਕੋਲੋਂ ਧੋਖਾਧੜੀ ਤਹਿਤ ਲੱਖਾਂ ਰੁਪਏ ਕੁੱਝ ਵਿਅਕਤੀਆਂ ਵੱਲੋਂ ਲੈ ਲਏ ਗਏ। ਪਰ ਉਨ੍ਹਾਂ ਵਿਅਕਤੀ ਨੇ ਨਾ ਤਾਂ ਸਾਨੂੰ ਜ਼ਮੀਨ ਦੀ ਰਜਿਸਟਰੀ ਕਰਵਾਕੇ ਦਿੱਤੀ ਸਗੋਂ ਸਾਡੇ ਪੈਸੇ ਵੀ ਹੜੱਪ ਕਰ ਗਏ ਤੇ ਮੇਰਾ ਪੁੱਤਰ ਪਰਨਾਮ ਸਿੰਘ ਨੇ ਬਹੁਤ ਦਿਨ ਉਨ੍ਹਾਂ ਵਿਅਕਤੀਆਂ ਦੇ ਤਰਲੇ ਮਿਨਤਾਂ ਕੀਤੀਆਂ। ਪਰ ਉਹਨਾਂ ਸਾਨੂੰ ਰਜਿਸਟਰੀ ਕਰਨ ਤੋਂ ਨਾ ਕਰ ਦਿੱਤੀ। ਜਿਸ 'ਤੇ ਮੇਰੇ ਨੌਜਵਾਨ ਲੜਕੇ ਨੇ ਆਤਮਹੱਤਿਆ ਕਰ ਲਈ, ਜਿਸ 'ਤੇ ਉਨ੍ਹਾਂ ਵਿਅਕਤੀਆਂ, ਜਿਨ੍ਹਾਂ ਵਿੱਚ ਮਨਜਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ, ਗੁਰਮੇਲ ਸਿੰਘ ਪੁੱਤਰ ਮਨਜਿੰਦਰ ਸਿੰਘ, ਅਰਸ਼ਦੀਪ ਸਿੰਘ ਪੁੱਤਰ ਗੁਰਿੰਦਰ ਸਿੰਘ ਵਾਸੀਆਨ ਛਾਪਾ ਰਾਮ ਸਿੰਘ, ਸੁਖਮਨਦੀਪ ਸਿੰਘ ਪੁੱਤਰ ਗੁਰਿੰਦਰ ਸਿੰਘ ਵਾਸੀ ਛਾਪਾ ਰਾਮ ਸਿੰਘ ਅਤੇ ਗੁਰਦੇਵ ਸਿੰਘ ਭੁੱਲਰ ਪੁੱਤਰ ਤੇਜਾ ਸਿੰਘ ਵਾਸੀ 32 ਐਵਨਿਊ ਅੰਮ੍ਰਿਤਸਰ ਸ਼ਾਮਲ ਸਨ, ਵਿਰੁੱਧ ਪੁਲਿਸ ਥਾਣਾ ਮਜੀਠਾ ਵਿਖੇ ਐਫਆਈਆਰ 0149, ਤਾਰਾ 306 ਅਧੀਨ ਪਰਚਾ ਦਰਜ ਕੀਤਾ ਗਿਆ, ਜਿਸ 'ਤੇ ਬੀਤੇ ਦਿਨੀਂ ਇੱਕ ਵਿਅਕਤੀ ਗੁਰਦੇਵ ਸਿੰਘ ਭੁੱਲਰ ਪੁੱਤਰ ਤੇਜਾ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਬਾਕੀ ਦੋਸ਼ੀਆਂ ਨੂੰ ਅਜੇ ਪੁਲਿਸ ਨਹੀਂ ਫੜ ਰਹੀ, ਜਿਨ੍ਹਾਂ ਵਿੱਚੋਂ ਸੁਖਮਨਦੀਪ ਕੌਰ ਜਿਸ ਨੂੰ ਐਫਆਈਆਰ ਵਿੱਚ ਗਲਤੀ ਨਾਲ ਸੁਖਮਨਦੀਪ ਸਿੰਘ ਲਿਖਿਆ ਗਿਆ ਹੈ ਉਹ ਕੈਨੇਡਾ ਵਿਦੇਸ਼ਾਂ ਵਿੱਚ ਅਤੇ ਗੁਰਸ਼ੇਰ ਸਿੰਘ ਪੁੱਤਰ ਮਨਜਿੰਦਰ ਸਿੰਘ ਅਮਰੀਕਾ ਚਲੇ ਗਏ ਹਨ। ਉਹ ਭਾਰਤ ਆਉਂਦੇ ਜਾਂਦੇ ਰਹਿੰਦੇ ਹਨ। ਪਰ ਪੁਲਿਸ ਵੱਲੋਂ ਉਕਤ ਵਿਅਕਤੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ 10 ਰੋਜ਼ਾ ਲੋਕਨਾਚ ਭੰਗੜਾ ਕੈਂਪ ਸੰਪੰਨ



ਜਲੰਧਰ, 21 ਜੁਲਾਈ, (ਸੰਦੀਪ ਕੌਲ) : ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ ਪੰਜਾਬੀ ਲੋਕਨਾਚ ਭੰਗੜੇ ਨੂੰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ 10 ਤੋਂ 19 ਜੁਲਾਈ ਤੱਕ ਦੱਸ ਰੋਜ਼ਾ ਲੋਕਨਾਚ ਭੰਗੜਾ ਟ੍ਰੇਨਿੰਗ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਤਿੰਨ ਸਾਲ ਤੋਂ ਲੈ ਕੇ 70 ਸਾਲ ਤੱਕ ਦੀ ਉਮਰ ਦੇ 425 ਤੋਂ ਵੱਧ ਭੰਗੜਾ ਪ੍ਰੇਮੀਆਂ ਨੇ ਭਾਗ ਲਿਆ। ਲੋਕਨਾਚ ਭੰਗੜਾ ਕੈਂਪ ਦੇ ਅੰਤਿਮ ਦਿਨ ਕਾਲਜ ਦੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ, ਜਿਨ੍ਹਾਂ ਦਾ ਸੁਆਗਤ ਕੈਂਪ ਦੀ ਪ੍ਰਬੰਧਕੀ ਕਮੇਟੀ ਦੁਆਰਾ ਫੁੱਲਾਂ ਦਾ ਗੁਲਦਸਤਾ ਦੇ ਕੇ ਕੀਤਾ ਗਿਆ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਦੱਸਿਆਂ ਕਿ ਲੋਕਾਂ ਨੂੰ ਸਭਿਆਚਾਰ ਨਾਲ ਜੋੜਨਾਂ, ਸਿਹਤ ਅਤੇ ਕਾਲਜ ਦਾ ਸਮਾਜਿਕ ਯੋਗਦਾਨ ਇਸ ਕੈਂਪ ਦੇ ਮੁੱਖ ਉਦੇਸ਼ ਸਨ। ਇਸ ਮੌਕੇ ਡਾ. ਪਲਵਿੰਦਰ ਸਿੰਘ, ਡੀਨ ਕਲਚਰਲ ਅਫੇਅਰਜ਼ ਨੇ ਕਿਹਾ ਕਿ ਇਹ ਕੈਂਪ ਪਿਛਲੇ 8 ਸਾਲਾਂ ਤੋਂ ਲਗਾਤਾਰ ਹਰ ਸਾਲ ਲਗਾਇਆ ਜਾਂਦਾ ਹੈ। ਇਸ ਮੌਕੇ ਸਿਖਿਆਰਥੀਆਂ, ਭੰਗੜੇ ਦੇ ਪੁਰਾਣੇ ਅਤੇ ਮੌਜੂਦਾ ਵਿਦਿਆਰਥੀਆਂ ਅਤੇ ਸਟਾਫ ਦੀ ਟੀਮ ਵਲੋਂ ਪ੍ਰਿੰਸੀਪਲ ਡਾ. ਸੁਮਨ ਚੋਪੜਾ ਦੀ ਅਗਵਾਈ ਹੇਠ ਭੰਗੜੇ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਵਲੋਂ ਸਾਰੇ ਸਿਖਾਂਦਰੂ ਭੰਗੜਾ ਪ੍ਰੇਮੀਆਂ ਨੂੰ ਸਰਟੀਫਿਕੇਟ, ਮੈਡਲ ਅਤੇ ਸਨਮਾਨਚਿੰਨ੍ਹ ਤਕਸੀਮ ਕੀਤੇ ਗਏ। ਇਸ ਮੌਕੇ ਮੰਚ ਸੰਚਾਲਨ ਪ੍ਰੋ. ਸਤਪਾਲ ਸਿੰਘ ਵੱਲੋਂ ਕੀਤਾ ਗਿਆ। ਕੈਂਪ ਦੇ ਅਖੀਰ ਵਿਚ ਡਾ. ਪਲਵਿੰਦਰ ਸਿੰਘ ਬੋਲੀਨਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਸਮਾਪਨ ਸਮਾਰੋਹ ਵਿਚ ਵਾਈਸ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ, ਡਾ. ਗਗਨਦੀਪ ਕੌਰ, ਡਾ. ਸੰਜੀਵ ਕੁਮਾਰ ਆਨੰਦ, ਡਾ. ਰਜਨੀਸ਼ ਮੋਡਗਿਲ, ਡਾ. ਹਰਜਿੰਦਰ ਸਿੰਘ ਸੇਖੋਂ ਡਾ. ਅਜੀਤਪਾਲ ਸਿੰਘ, ਡਾ. ਕਰਨਬੀਰ ਸਿੰਘ, ਪ੍ਰੋ. ਮਨੀਸ਼ ਗੋਇਲ, ਡਾ. ਰਵਨੀਤ ਕੌਰ, ਡਾ. ਹਰਜਿੰਦਰ ਕੌਰ, ਪ੍ਰੋ. ਸਰਬਜੀਤ ਸਿੰਘ, ਪ੍ਰੋ. ਸੋਨੂੰ ਗੁਪਤਾ, ਪ੍ਰੋ. ਓਂਕਾਰ ਪ੍ਰੋ. ਸੰਦੀਪ ਚੀਮਾ, ਪ੍ਰੋ. ਵਿਨੀਤ ਕੁਮਾਰ ਗੁਪਤਾ, ਪ੍ਰੋ. ਜਸਦੀਪ ਸਿੰਘ, ਪ੍ਰੋ. ਰਾਖੀ ਤਲਵਾਰ ਵੀ ਹਾਜ਼ਰ ਸਨ।

# ਚੀਫ਼ ਖ਼ਾਲਸਾ ਦੀਵਾਨ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਪੁਰਬ ਸਬੰਧ ਵਿੱਚ ਕਰਵਾਇਆ ਕੀਰਤਨ ਦਰਬਾਰ



ਅੰਮ੍ਰਿਤਸਰ, 21 ਜੁਲਾਈ, (ਬਬਲੂ ਮਹਾਜਨ) : ਸਿੱਖ ਪੰਥ ਦੀ ਸਿਰਮੌਰ ਸੰਸਥਾ ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਚੱਲ ਰਹੇ ਸਮੂਹ ਅਦਾਰਿਆਂ ਵੱਲੋਂ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਪੁਰਬ ਦੇ ਸੰਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਅੰਮ੍ਰਿਤਸਰ ਵਿਖੇ ਅਲੌਕਿਕ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਸਿੱਖੀ ਰਿਵਾਇਤਾਂ ਅਤੇ ਪਰੰਪਰਾਵਾਂ ਅਨੁਸਾਰ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ: ਇੰਦਰਬੀਰ ਸਿੰਘ ਨਿੱਜਰ ਵੱਲੋਂ ਫੁੱਲਾਂ ਦੀ ਵਰਖਾ, ਸਕੂਲ ਬੈਂਡ ਅਤੇ ਨਰਸਿੰਘੇ ਦੀ ਗੂੰਜ ਵਿੱਚ ਵਾਤਾਨੁਕੂਲਿਤ ਦੀਵਾਨ ਵਿੱਚ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਸੁਸ਼ੋਭਿਤ ਕੀਤਾ ਗਿਆ।

ਕੀਰਤਨ ਦਰਬਾਰ ਦੀ ਅਰੰਭਤਾ ਭਾਈ ਗੁਰਦੀਪ ਸਿੰਘ ਸਲੂਜਾ ਦੇ ਕੀਰਤਨੀ ਜੱਥੇ ਵੱਲੋਂ ਰਸਭਿੰਨੇ ਸ਼ਬਦ ਨਾਲ ਕੀਤੀ ਗਈ। ਉਪਰੰਤ ਭਾਈ ਸਤਨਾਮ ਸਿੰਘ ਜੀ ਭੂਰਾ ਸੈਂਟਰਲ ਖ਼ਾਲਸਾ ਯਤੀਮਖਾਨਾ ਦੇ ਰਾਗੀ ਜੱਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀ.ਟੀ.ਰੋਡ, ਬਸੰਤ ਐਵੀਨਿਊ, ਪਰਾਗਦਾਸ ਅਤੇ ਸ਼ੁਭਮ ਇਨਕਲੇਵ ਦੀਆਂ ਕੀਰਤਨੀ ਟੀਮਾਂ ਵੱਲੋਂ ਬੀਬੀ ਪ੍ਰਭਜੋਤ ਕੌਰ ਅਤੇ ਹਰਕਮਲ ਸਿੰਘ ਦੀ ਅਗਵਾਈ ਵਿੱਚ ਜਦਕਿ ਰਣਜੀਤ ਐਵੀਨਿਊ, ਮਜੀਠਾ ਬਾਈਪਾਸ, ਲਿੰਕ ਰੋਡ ਅਤੇ ਭਗਤਾਂਵਾਲਾ ਸਕੂਲ ਦੀਆਂ ਟੀਮਾਂ ਵੱਲੋਂ ਸ਼੍ਰੀਮਤੀ ਸੁਮੀਨ ਕੌਰ ਅਤੇ ਸ਼੍ਰੀਮਤੀ ਜਸਮੀਨ ਕੌਰ ਦੀ ਅਗਵਾਈ ਵਿੱਚ ਕੀਰਤਨ ਰਾਹੀਂ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ ਗਈ। ਇਸ ਅਲੌਕਿਕ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਜੀ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਬੁੱਢਾ ਦਲ, ਅਤੇ ਪ੍ਰੋ. ਕਰਮਜੀਤ ਸਿੰਘ ਜੀ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਗਿਆਨੀ ਸੁਰਜੀਤ ਸਿੰਘ ਜੀ ਸਬਰਾ ਹੈੱਡ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਤੋਂ ਜਥੇ ਦੇ ਸਿੰਘਾਂ ਨੂੰ ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਨਮਾਨਿਤ ਕੀਤਾ ਗਿਆ। ਇਹਨਾਂ ਦੇ ਨਾਲ ਦੀਵਾਨ ਦੇ ਸੀਨੀਅਰ ਮੈਂਬਰਜ਼ ਸ੍ਰ. ਦਰਸ਼ਨ ਸਿੰਘ ਜੀ ਨਿੱਜਰ, ਸ੍ਰ. ਧੰਨਰਾਜ ਸਿੰਘ, ਸ੍ਰ. ਉਜਾਗਰ ਸਿੰਘ ਜੀ ਕਾਨਪੁਰੀ ਅਤੇ ਸਵਰਗਵਾਸੀ ਡਾ: ਸੁਖਵਿੰਦਰ ਸਿੰਘ ਜੀ ਵਾਲੀਆ ਦੇ ਪਰਿਵਾਰ ਨੂੰ ਲੰਬੇ ਸਮੇਂ ਤੋਂ ਦੀਵਾਨ ਪ੍ਰਤੀ ਦਿੱਤੇ ਯੋਗਦਾਨ ਨੂੰ ਮੁੱਖ ਰਖਦਿਆਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਬੀਬੀ ਕੌਲਾਂ ਜੀ ਭਲਾਈ ਕੇਂਦਰ, ਭਾਈ ਰਵਿੰਦਰ ਸਿੰਘ ਜੀ ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਗਗਨਦੀਪ ਸਿੰਘ ਜੀ ਗੰਗਾਨਗਰ ਵਾਲਿਆਂ ਦੇ ਜਥਿਆਂ ਨੇ ਅੰਮ੍ਰਿਤਮਈ ਰੱਬੀ ਗੁਰਬਾਣੀ ਦੀ ਛਹਿਬਰ ਲਗਾਉਂਦਿਆਂ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਨੂੰ ਨਿਹਾਲ ਕੀਤਾ।

ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ: ਇੰਦਰਬੀਰ ਸਿੰਘ ਨਿੱਜਰ ਜੀ ਨੇ ਗੁਰਪੁਰਬ ਦੀ ਵਧਾਈ ਦਿੰਦਿਆਂ ਹਾਜ਼ਰ ਹੋਈਆਂ ਸੰਗਤਾਂ ਨੂੰ 'ਜੀ ਆਇਆਂ' ਆਖਿਆ। ਪ੍ਰੋ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੀਆ ਸਿਖਿਆਵਾਂ ਤੇ ਚਲਦਿਆਂ ਜੀਵਨ ਨੂੰ ਉੱਚ ਆਦਰਸ਼ਾਂ ਵੱਲ ਲਿਜਾਉਣ ਦਾ ਸੰਦੇਸ਼ ਦਿੱਤਾ। ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਬੁੱਢਾ ਦਲ ਨੇ ਸੰਗਤਾਂ ਨੂੰ ਨਸ਼ੇ ਤਿਆਗ ਕੇ ਸਿੱਖੀ ਜੀਵਨ ਜਾਚ ਅਪਨਾਉਂਦਿਆਂ ਗੁਰੂ ਵਾਲੇ ਬਨਣ ਲਈ ਪ੍ਰੇਰਿਤ ਕੀਤਾ। ਕੀਰਤਨ ਦਰਬਾਰ ਦੇ ਪਾਵਨ ਮੌਕੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ ਲੰਗਰ ਦੀ ਅਤੁੱਟ ਸੇਵਾ ਨਿਭਾਈ ਗਈ। ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਸੱਕਤਰ ਰਮਣੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ ਅਤੇ ਐਡੀ. ਆਨਰੇਰੀ ਸਕੱਤਰ/ਮੈਂਬਰ ਇੰਚਾਰਜ ਮੁੱਖ ਦਫ਼ਤਰ ਹਰਵਿੰਦਰ ਪਾਲ ਸਿੰਘ ਚੁੱਘ ਨੇ ਕੀਰਤਨ ਦਰਬਾਰ ਵਿੱਚ ਸ਼ਾਮਲ ਸਮੂਹ ਅਦਾਰੇ, ਸੰਗਤਾਂ, ਵਾਹਿਗੁਰੂ ਸਿਮਰਨ ਸੇਵਾ ਸੁਸਾਇਟੀ, ਸ੍ਰੀ ਅੰਮ੍ਰਿਤਸਰ ਸੇਵਕ ਸਭਾ, ਸੁਖਮਨੀ ਸੇਵਾ ਸੁਸਾਇਟੀ ਅਤੇ ਹੋਰ ਧਾਰਮਿਕ ਸਭਾ ਸੁਸਾਇਟੀਆਂ, ਸ਼ਹਿਰ ਦੀ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ। ਕੀਰਤਨ ਦਰਬਾਰ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸੱਕਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੈਂਬਰ ਇੰਚਾਰਜ ਮੁੱਖ ਦਫ਼ਤਰ ਹਰਵਿੰਦਰ ਪਾਲ ਸਿੰਘ ਚੁੱਘ, ਐਡੀ. ਆਨਰੇਰੀ ਸਕੱਤਰ ਹਰਿੰਦਰਪਾਲ ਸਿੰਘ ਸੇਠੀ, ਜਾਇੰਟ ਸਕੱਤਰ ਇੰਜੀ. ਜਸਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਦੀਵਾਨ ਮੈਂਬਰਜ਼, ਸਟਾਫ ਅਤੇ ਸੰਗਤਾਂ ਹਾਜਰ ਸਨ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੰਜਾਬ ਹਰਿਆਣਾ ਹਾਈਕੋਰਟ ਦੇ ਜੱਜ ਐਚ ਐਸ ਗਰੇਵਾਲ ਮੱਥਾ ਟੇਕਣ ਲਈ ਪੁੱਜੇ ਇਸ ਮੌਕੇ ਉਹਨਾਂ ਨੇ ਕੀਰਤਨ ਸੁਣਿਆ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸੂਚਨਾ ਕੇਂਦਰ ਵਿਖੇ ਸੂਚਨਾ ਅਧਿਕਾਰੀ ਜਤਿੰਦਰ ਪਾਲ ਸਿੰਘ ਨੇ ਉਹਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸੀ ਜੇ ਐਮ ਸੁਪ੍ਰੀਤ ਕੌਰ ਵੀ ਨਾਲ ਸਨ। (ਫੋਟੋ ਵੇਰਵਾ : ਬਬਲੂ ਮਹਾਜਨ)

# ਮੁਲਾਜ਼ਮ ਆਗੂ ਢਿੱਲੋਂ ਦੀ ਪਹਿਲੀ ਬਰਸੀ ਮਨਾਈ



ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਵੱਲੋਂ ਲਗਭਗ ਛੇ ਦਹਾਕੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲੈਕੇ ਸੰਘਰਸ਼ਸ਼ੀਲ ਰਹੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ ਅੱਜ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਮਨਾਇਆ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਆਗੂ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ , ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਕਲਾਸ ਫੌਰ ਇੰਪਲਾਈਜ਼ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਜਸਵਿੰਦਰ ਪਾਲ ਉਘੀ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਮਨਜੀਤ ਸਿੰਘ ਗਿੱਲ, ਪਰਵੀਨ ਕੁਮਾਰ ਲੁਧਿਆਣਾ, ਸੀਨੀਅਰ ਏਟਕ ਆਗੂ ਡੀ.ਪੀ.ਮੌੜ, ਨਵੀਨ ਕੁਮਾਰ ਸੱਚਦੇਵਾ, ਰਣਦੀਪ ਸਿੰਘ ਫ਼ਤਹਿਗੜ੍ਹ ਸਾਹਿਬ, ਜਿੰਦਰ ਪਾਇਲਟ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਕਿਹਾ ਕਿ ਸਾਥੀ ਰਣਬੀਰ ਸਿੰਘ ਢਿੱਲੋਂ ਨੇ ਆਪਣੇ ਜੀਵਨ ਕਾਲ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਹੁਕਮਰਾਨ ਸਰਕਾਰਾਂ ਵੱਲੋਂ ਵੱਖ ਵੱਖ ਤਰ੍ਹਾਂ ਦੀਆਂ ਕੀਤੀਆਂ ਗਈਆਂ ਵਿਕਟੇਮਾਈਜੇਸ਼ਨਾਂ ਦਾ ਵੀ ਸਾਹਮਣਾ ਕਰਨਾ ਪਿਆ । ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਸੰਧੂ, ਪਰਮਿੰਦਰ ਪਾਲ ਸਿੰਘ ਕਾਲੀਆ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਸੁਰਿੰਦਰ ਸਿੰਘ ਬੈਂਸ, ਵਿਨੋਦ ਕੁਮਾਰ, ਮਨੀਸ਼ ਸ਼ਰਮਾ, ਸੰਜੀਵ ਸ਼ਰਮਾ, ਜਗਦੀਸ਼ ਰਾਏ, ਤ੍ਰਿਲੋਚਨ ਸਿੰਘ, ਜਗਜੀਤ ਸਿੰਘ ਰੰਧਾਵਾ, ਲੈਕ. ਅਸ਼ੋਕ ਸ਼ਰਮਾ, ਗੁਰਪਾਲ ਜੀਰਵੀ, ਹਰੀ ਦੇਵ, ਕੇਵਲ ਸਿੰਘ ਬਨਵੈਤ, ਕੁਲਵੰਤ ਸਿੰਘ ਚਾਨੀ, ਹਰਜਿੰਦਰ ਸਿੰਘ ਸੀਲੋਆਨੀ , ਬਾਜ਼ ਸਿੰਘ ਭੁੱਲਰ, ਕੁਲਦੀਪ ਸਿੰਘ ਸਹਿਦੇਵ, ਸੋਮ ਨਾਥ ਅਰੋੜਾ ਅਤੇ ਬਲਵੀਰ ਸਿੰਘ ਆਦਿ ਹਾਜ਼ਰ ਸਨ।

# 'ਆਦਿ ਗੁਰੂ ਗ੍ਰੰਥ ਸਾਹਿਬ'ਪੁਸਤਕ ਗੁਰਦੁਆਰਾ ਖ਼ਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ ਵਿਖੇ ਰਿਲੀਜ਼

ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਗੁਰਦੁਆਰਾ ਖਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ (ਕੈਨੇਡਾ) ਵਿਖੇ ਰਿਲੀਜ਼ ਕਰਨ ਦੀ ਰਸਮ ਗੁਰਦੁਆਰਾ ਕਮੇਟੀ ਦੇ ਅਹੁਦੇਦਾਰਾਂ ਨੂੰ ਪੁਸਤਕ ਭੇਟ ਕਰਕੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਬਾਬਾ ਬੰਦਾ ਸਿੰਘ ਬਹਾਦਰ ਚੈਰੀਟੇਬਲ ਟਰੱਸਟ ਦੇ ਟਰੱਸਟੀ ਹਰਬੰਤ ਸਿੰਘ ਦਿਓਲ (ਹੈਪੀ), ਬਿੰਦਰ ਗਰੇਵਾਲ (ਬੀਹਲਾ), ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਜਨਰਲ ਸਕੱਤਰ ਪ੍ਰੀਤਮ ਸਿੰਘ ਗਰੇਵਾਲ, ਸਮਾਜਸੇਵੀ ਗੁਰਮੇਲ ਸਿੰਘ ਢੁੱਡੀਕੇ, ਸ਼ਿੰਦੀ ਹਸਨਪੁਰ ਅਤੇ ਸੰਦੀਪ ਸਿੰਘ ਡੋਡ ਨੇ ਨਿਭਾਈ।

ਇਸ ਤੋਂ ਬਾਅਦ ਬਾਵਾ ਇੰਡੋ-ਕੈਨੇਡੀਅਨ ਸੀਨੀਅਰ ਸੋਸਾਇਟੀ ਸਰੀ ਡੈਲਟਾ ਪਹੁੰਚੇ, ਜਿੱਥੇ ਸੀਨੀਅਰ ਸਿਟੀਜਨ ਨਾਲ ਵਿਚਾਰਾਂ ਕੀਤੀਆਂ ਤੇ ਉਪਰੋਕਤ ਪੁਸਤਕ ਭੇਟ ਕੀਤੀ। ਇਸ ਸਮੇਂ ਬਾਵਾ ਨੇ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਦੀ ਜ਼ਿੰਦਗੀ ਦੇ ਤਜਰਬੇ ਦੇ ਫਾਇਦੇ ਸਮਾਜ ਅਤੇ ਪਰਿਵਾਰਾਂ ਨੂੰ ਉਠਾਉਣੇ ਚਾਹੀਦੇ ਹਨ ਕਿਉਂਕਿ ਹਰ ਮਾਂ ਬਾਪ ਆਪਣੀ ਜ਼ਿੰਦਗੀ ਦਾ ਹਰ ਪਲ ਆਪਣੀ ਔਲਾਦ ਦੀ ਬੇਹਤਰੀ ਤਰੱਕੀ (ਚੜ੍ਹਦੀ ਕਲਾ) ਲਈ ਲਗਾਉਂਦਾ ਹੈ। ਇਸ ਸਮੇਂ ਮਾਸਟਰ ਗੁਰਦਿਆਲ ਸਿੰਘ ਮੰਡਿਆਣੀ ਨੇ ਵੀ ਵਿਚਾਰ ਪੇਸ਼ ਕੀਤੇ।

# ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਹਿੰਦੀ ਓਲੰਪਿਆਡ 'ਚ ਸ਼ਾਨਦਾਰ ਪ੍ਰਾਪਤੀ ਦਾ ਜਸ਼ਨ



ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਡਾਬਾ ਲੋਹਾਰਾ ਰੋਡ, ਗੁਰੂ ਗੋਬਿੰਦ ਸਿੰਘ ਨਗਰ, ਸ਼ਿਮਲਾਪੁਰੀ, ਲੁਧਿਆਣਾ ਵੱਲੋਂ ਆਪਣੇ ਵਿਦਿਆਰਥਣ ਤਮੰਨਾ (ਕਲਾਸ 7) ਦੀ Science Olympiad Foundation (SOF) ਵੱਲੋਂ 2024-2025 ਅਕਾਦਮਿਕ ਸਾਲ ਦੌਰਾਨ ਕਰਵਾਈ ਗਈ ਅੰਤਰਰਾਸ਼ਟਰੀ ਹਿੰਦੀ ਓਲੰਪਿਆਡ (IHO) ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਤ ਕੀਤਾ ਗਿਆ। ਤਮੰਨਾ ਨੇ ਆਪਣੀ ਸ਼ਾਨਦਾਰ ਭਾਸ਼ਾਈ ਸਮਝ ਤੇ ਮਿਹਨਤ ਨਾਲ ਅੰਤਰਰਾਸ਼ਟਰੀ ਰੈਂਕ 5 ਹਾਸਲ ਕੀਤਾ ਹੈ ਅਤੇ ਪੰਜਾਬ/ਚੰਡੀਗੜ੍ਹ ਜ਼ੋਨ ਵਿਚੋਂ ਸਿਖਰਲਾ ਜ਼ੋਨਲ ਰੈਂਕ ਹਾਸਲ ਕਰਕੇ ਜ਼ੋਨਲ ਐਕਸੀਲੈਂਸ ਸਰਟੀਫਿਕੇਟ ਵੀ ਪ੍ਰਾਪਤ ਕੀਤਾ ਹੈ। ਇਸ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਤਮੰਨਾ ਨੂੰ ਸੋਨੇ ਦਾ ਤਮਗਾ ਅਤੇ ਨਕਦ ਇਨਾਮ ਵੀ ਮਿਲਣਗੇ ਜੋ ਕਿ SOF ਵੱਲੋਂ ਉਤਕ੍ਰਿਸ਼ਟ ਵਿਦਿਆਰਥੀਆਂ ਲਈ ਦਿੱਤੇ ਜਾਂਦੇ ਹਨ। ਮਿਸਟਰ ਸੁਰਿੰਦਰਪਾਲ ਗਰਗ, ਚੇਅਰਮੈਨ, ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਨੇ ਕਿਹਾ, "ਸਾਨੂੰ ਤਮੰਨਾ ਦੀ ਇਸ ਪ੍ਰਾਪਤੀ 'ਤੇ ਬਹੁਤ ਮਾਣ ਹੈ। ਉਸ ਦੀ ਮਿਹਨਤ ਅਤੇ ਲਗਨ ਨੇ ਇਹ ਕਾਮਯਾਬੀ ਸੰਭਵ ਬਣਾਈ।" ਸਕੂਲ ਦੇ ਪ੍ਰਿੰਸੀਪਲ ਨੇ ਕਿਹਾ, "ਉਸ ਦੀ ਇਹ ਸਫਲਤਾ ਸਿਰਫ ਸਕੂਲ ਲਈ ਮਾਣ ਦੀ ਗੱਲ ਨਹੀਂ, ਸਗੋਂ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਵੀ ਹੈ। SOF ਅੰਤਰਰਾਸ਼ਟਰੀ ਹਿੰਦੀ ਓਲੰਪਿਆਡ ਵਿਦਿਆਰਥੀਆਂ ਵਿੱਚ ਹਿੰਦੀ ਭਾਸ਼ਾ ਅਤੇ ਸਾਹਿਤ ਲਈ ਰੁਚੀ ਤੇ ਕਾਬਲੀਅਤ ਨੂੰ ਉਭਾਰਨ ਦਾ ਉਦੇਸ਼ ਰੱਖਦੀ ਹੈ। ਤਮੰਨਾ ਦੀ ਇਹ ਪ੍ਰਾਪਤੀ ਉਸ ਦੀ ਹਿੰਦੀ ਭਾਸ਼ਾ 'ਚ ਡੂੰਘੀ ਸਮਝ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਉਤਕ੍ਰਿਸ਼ਟਤਾ ਨੂੰ ਦਰਸਾਉਂਦੀ ਹੈ।

# ਸੰਤ ਸੀਚੇਵਾਲ ਨੇ ਚਾਰ ਪਿੰਡਾਂ ਨੂੰ ਅਖ਼ਤਿਆਰੀ ਫੰਡ 'ਚੋਂ ਦਿੱਤੇ ਵੈਕਿਊਮ ਟੈਂਕਰ



ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) : ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੇ ਅਖਤਿਆਰੀ ਫੰਡ ਵਿੱਚੋਂ ਲੁਧਿਆਣੇ ਦੇ ਚਾਰ ਪਿੰਡਾਂ ਨੂੰ ਵੈਕਿਊਮ ਟੈਂਕਰ ਦਿੱਤੇ। ਇਨ੍ਹਾਂ ਚਾਰ ਟੈਂਕਰਾਂ ਲਈ ਜਿਹੜੇ ਚਾਰ ਪਿੰਡਾਂ ਨੂੰ 15 ਲੱਖ ਦੀ ਗਰਾਂਟ ਦਿੱਤੀ ਗਈ ਹੈ, ਉਨ੍ਹਾਂ ਵਿੱਚ ਭੂਖੜੀ ਖੁਰਦ, ਭਾਮੀਆ ਖੁਰਦ, ਅਮਰ ਕਲੋਨੀ ਅਤੇ ਗੁਰੂ ਰਾਮਦਾਸ ਕਲੋਨੀ ਸ਼ਾਮਿਲ ਹਨ। ਅੱਜ ਇਨ੍ਹਾਂ ਟੈਂਕਰਾਂ ਨੂੰ ਪਿੰਡਾਂ ਦੇ ਸਰਪੰਚ ਦੇ ਹਵਾਲੇ ਕਰਨ ਦੀ ਰਸਮ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਖੰਡ ਮਿੱਲ ਬੁੱਢੇਵਾਲ ਦੇ ਚੇਅਰਮੈਨ ਜ਼ੋਰਾ ਸਿੰਘ ਮੁੰਡੀਆਂ ਅਤੇ ਮੇਅਰ ਇੰਦਰਜੀਤ ਕੌਰ ਗਿੱਲ ਨੇ ਸਾਂਝੇ ਤੌਰ 'ਤੇ ਕੀਤੀ। ਇੰਨ੍ਹਾਂ ਪਿੰਡਾਂ ਦੀਆਂ ਡੇਅਰੀਆਂ ਦਾ ਗੰਦਾ ਪਾਣੀ ਤੇ ਗੋਹਾ ਬੁੱਢੇ ਦਰਿਆ ਵਿੱਚ ਜਾ ਰਿਹਾ ਸੀ। ਇਹ ਵੈਕਿਊਮ ਟੈਂਕਰਾਂ ਨਾਲ ਦਰਿਆ ਵਿੱਚ ਜਾਣ ਵਾਲਾ ਗੰਦਾ ਪਾਣੀ ਇੱਕਠਾ ਕਰ ਲਿਆ ਜਾਵੇਗਾ ਤੇ ਖੁੱਲ੍ਹੇ ਖੇਤਾਂ ਵਿੱਚ ਛੱਡਿਆ ਜਾਵੇਗਾ। ਭੂਖੜੀ ਖੁਰਦ ਦੇ ਸਰਪੰਚ ਸਤਪਾਲ ਸਿੰਘ, ਗੁਰੂ ਰਾਮਦਾਸ ਨਗਰ ਕਲੋਨੀ ਦੇ ਸਰਪੰਚ ਬਲਵਿੰਦਰ ਸਿੰਘ ਵਿਰਕ, ਭਾਮੀਆ ਖੁਰਦ ਦੇ ਸਰਪੰਚ ਕੁਲਵੰਤ ਸਿੰਘ ਅਤੇ ਅਮਰ ਕਲੋਨੀ ਦੇ ਸਰਪੰਚ ਰਜਿੰਦਰ ਸਿੰਘ ਹੁੰਦਲ ਨੇ ਸਾਂਝੇ ਤੌਰ 'ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕੀਤਾ। ਇਨ੍ਹਾਂ ਸਰਪੰਚਾਂ ਦਾ ਕਹਿਣਾ ਸੀ ਕਿ ਇਹ ਵੈਕਿਊਮ ਟੈਂਕਰ ਬੁੱਢੇ ਦਰਿਆ ਨੂੰ ਸਾਫ ਰੱਖਣ ਵਿੱਚ ਇੱਕ ਇਨਕਲਾਬੀ ਕਦਮ ਹੈ। ਸਰਪੰਚਾਂ ਨੇ ਹੋਰ ਪਿੰਡਾਂ ਦੇ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡ ਦਾ ਗੰਦਾ ਪਾਣੀ ਬੁੱਢੇ ਦਰਿਆ ਵਿੱਚ ਨਾ ਪਾਉਣ ਉਨ੍ਹਾਂ ਦੀ ਮੱਦਦ ਲਈ, ਇਹ ਵੈਕਿਊਮ ਟੈਂਕਰ ਸਦਾ ਹਾਜ਼ਰ ਰਹਿਣਗੇ। ਸਰਪੰਚਾਂ ਨੇ ਕਿਹਾ ਕਿ ਸੰਤ ਬਲਬੀਰ ਸਿੰਘ ਸੀਚੇਵਾਲ ਆਪਣੇ ਸੇਵਾਦਾਰਾਂ ਨੂੰ ਨਾਲ ਲੈਕੇ ਪਿਛਲੇ 7 ਮਹੀਨਿਆਂ ਤੋਂ ਬੁੱਢੇ ਦਰਿਆ ਵਿੱਚ ਗੰਦੇ ਪਾਣੀ ਰੋਕਨ ਲਈ ਦਿਨ ਰਾਤ ਲੱਗੇ ਹੋਏ ਹਨ। ਇਹ ਦਰਿਆ ਸਾਫ ਵਗਣ ਨਾਲ ਇਲਾਕੇ ਭਰ ਦੇ ਲੋਕਾਂ ਨੂੰ ਜਿੱਥੇ ਪ੍ਰਦੂਸ਼ਣ ਤੋਂ ਨਿਜਾਤ ਮਿਲੇਗੀ, ਉੱਥੇ ਉਨ੍ਹਾਂ ਦੀ ਸਿਹਤ ਵੀ ਤੰਦਰੁਸਤ ਰਹੇਗੀ।

# ਬਾਲਾ ਪ੍ਰੀਤਮ ਅੱਠਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਆਲਮਗੀਰ ਸਾਹਿਬ ਵਿਖੇ ਖ਼ੂਨਦਾਨ ਕੈਂਪ




ਲੁਧਿਆਣਾ, 21 ਜੁਲਾਈ (ਕਰਨੈਲ ਸਿੰਘ ਐੱਮ.ਏ.) : ਦਸ਼ਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਚਰਨ-ਛੋਹ ਪ੍ਰਾਪਤ ਇਤਿਹਾਸਕ ਧਰਤੀ 'ਤੇ ਸੁਸ਼ੋਭਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ, ਆਲਮਗੀਰ ਸਾਹਿਬ ਵਿਖੇ ਬਾਲਾ ਪ੍ਰੀਤਮ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਵੱਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 819ਵਾਂ ਮਹਾਨ ਖ਼ੂਨਦਾਨ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਹਰਦੀਪ ਸਿੰਘ ਗਿੱਲ ਦੇ ਪੂਰਨ ਸਹਿਯੋਗ ਨਾਲ ਲਾਇਆ। ਇਸ ਸਮੇਂ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜੱਥੇਦਾਰ ਚਰਨ ਸਿੰਘ ਆਲਮਗੀਰ ਨੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਤੇ ਸਾਥੀਆਂ ਵੱਲੋਂ ਨਿਭਾਈਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਸਰਬੱਤ ਦੇ ਦੁੱਖ ਹਰਨ ਵਾਲੇ, ਅੱਠਵੇਂ ਗੁਰੂ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਗੁਰਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੰਦਿਆਂ ਦੱਸਿਆ ਕਿ ਨਿੱਕੀ ਉਮਰੇ ਗੁਰਿਆਈ ਦੀ ਸੇਵਾ ਸੰਭਾਲਣ ਵਾਲੇ ਬਾਲਾ ਪ੍ਰੀਤਮ ਪਾਤਸ਼ਾਹ ਨੇ ਜਿਸ ਸੂਝ-ਬੂਝ ਅਤੇ ਦ੍ਰਿੜ੍ਹ ਇਰਾਦੇ ਨਾਲ ਸਿੱਖ ਕੌਮ ਦੀ ਅਗਵਾਈ ਕੀਤੀ, ਉਹ ਅਦੁੱਤੀ ਅਤੇ ਲਾਮਿਸਾਲ ਹੈ। ਇਸ ਮੌਕੇ ਤੇ ਐਸ.ਜੀ.ਪੀ.ਸੀ ਮੈਂਬਰ ਜੱਥੇਦਾਰ ਚਰਨ ਸਿੰਘ ਆਲਮਗੀਰ ਅਤੇ ਮਨਿੰਦਰ ਸਿੰਘ ਆਹੂਜਾ ਪ੍ਰਧਾਨ ਸਿੱਖ ਨੌਜਵਾਨ ਸੁਸਾਇਟੀ ਨੇ ਗਿਆਨੀ ਕੁਲਦੀਪ ਸਿੰਘ ਰੂਪਨਿਸ਼ਾਨ, ਗਿਆਨੀ ਨਵਰੂਪ ਸਿੰਘ ਸਰਹਾਲੀ, ਬਹਾਦਰ ਸਿੰਘ ਢਿੱਲੋਂ, ਸੁਖਪਾਲ ਬੀਰ ਸਿੰਘ ਪਾਸੀ ਸਮੇਤ ਖ਼ੂਨਦਾਨ ਕਰਨ ਵਾਲੇ ਨੂੰ ਸਰਟੀਫ਼ਿਕੇਟ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।

# ਏ.ਬੀ.ਵੀ.ਪੀ. ਨੇ ਵਾਤਾਵਰਣ ਸੁਰੱਖਿਆ ਲਈ ਪੌਦੇ ਲਗਾਏ



ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏਬੀਵੀਪੀ) ਵੱਲੋਂ ਹਰੇ ਭਾਰਤ ਅਤੇ ਵਾਤਾਵਰਨ ਸੁਰੱਖਿਆ ਵੱਲ ਇਕ ਵੱਡਾ ਕਦਮ ਚੁੱਕਦਿਆਂ ਅੱਜ ਮਤੇਵਾੜਾ ਜੰਗਲ ਵਿਚ ਵਿਸ਼ਾਲ ਪੌਦਾ ਲਗਾਓ ਮੁਹਿੰਮ ਚਲਾਈ ਗਈ। ਇਸ ਕਾਰਜਕ੍ਰਮ ਵਿੱਚ ਵੱਡੀ ਗਿਣਤੀ ਵਿੱਚ ਸੇਵਾਦਾਰਾਂ, ਵਿਦਿਆਰਥੀਆਂ, ਸਥਾਨਕ ਨਾਗਰਿਕਾਂ ਅਤੇ ਮਾਣਯੋਗ ਮਹਿਮਾਨਾਂ ਨੇ ਭਾਗ ਲਿਆ। ਇਹ ਪ੍ਰੋਗਰਾਮ ਪ੍ਰਾ. ਯਸ਼ਵੰਤ ਰਾਓ ਕੇਲਕਰ ਦੀ 100ਵੀਂ ਜਯੰਤੀ ਨੂੰ ਸਮਰਪਿਤ ਸੀ।

ਇਸ ਮੌਕੇ 'ਤੇ ਏਬੀਵੀਪੀ ਵੱਲੋਂ ਇਹ ਸੰਕਲਪ ਲਿਆ ਗਿਆ ਕਿ ਇਹ ਭਵਿੱਖ ਦੀ ਪੀੜ੍ਹੀ ਨੂੰ ਇੱਕ ਹਰਾ ਤੇ ਸੁਰੱਖਿਅਤ ਭਵਿੱਖ ਦੇਣ ਦੀ ਪ੍ਰੇਰਣਾ ਹੈ. ਮੁੱਖ ਮਹਿਮਾਨ ਏਬੀਵੀਪੀ ਉੱਤਰੀ ਖੇਤਰੀ ਸੰਗਠਨ ਮੰਤਰੀ ਗੌਰਵ ਅਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ, ਪੌਦੇ ਲਗਾਉਣਾ ਸਿਰਫ਼ ਇਕ ਕੰਮ ਨਹੀਂ, ਸਗੋਂ ਰਾਸ਼ਟਰ ਅਤੇ ਕੁਦਰਤ ਪ੍ਰਤੀ ਸਾਡੀ ਜ਼ਿੰਮੇਵਾਰੀ ਹੈ। ਯਸ਼ਵੰਤ ਰਾਓ ਦੇ ਵਿਚਾਰਾਂ ਤੋਂ ਪ੍ਰੇਰਿਤ ਹੋਕੇ ਅਸੀਂ ਹਰ ਪੌਦੇ ਵਿਚ ਉਹਨਾਂ ਦੀ ਛਾਂ ਵੇਖ ਸਕਦੇ ਹਾਂ। ਵਿਸ਼ੇਸ਼ ਮਹਿਮਾਨ ਵਨ ਵਿਭਾਗ ਦੇ ਡਿਪਟੀ ਰੇਂਜ ਅਧਿਕਾਰੀ ਮੋਹਨ ਸਿੰਘ ਨੇ ਕਿਹਾ ਕਿ ਜੰਗਲਾਂ ਅਤੇ ਰੁੱਖਾਂ ਦੀ ਰੱਖਿਆ ਵਾਤਾਵਰਨ ਦੀ ਸਥਿਰਤਾ ਲਈ ਬਹੁਤ ਜ਼ਰੂਰੀ ਹੈ। ਇਨ੍ਹਾਂ ਜਿਹੀਆਂ ਕੋਸ਼ਿਸ਼ਾਂ ਨਾਲ ਨਾ ਸਿਰਫ ਹਰੀਅਲੀ ਵਧਦੀ ਹੈ, ਸਗੋਂ ਲੋਕਾਂ ਵਿੱਚ ਜਾਗਰੂਕਤਾ ਵੀ ਆਉਂਦੀ ਹੈ।

ਇਸ ਮੌਕੇ ਪੌਦਿਆਂ ਦੀ ਸੰਭਾਲ ਲਈ ਵੱਖ-ਵੱਖ ਸੇਵਾਦਾਰਾਂ ਨੂੰ ਜ਼ਿੰਮੇਵਾਰੀਆਂ ਵੀ ਸੌਂਪੀ ਗਈ। ਅੰਤ 'ਚ ਏਬੀਵੀਪੀ ਵੱਲੋਂ ਸਾਰੇ ਵਿਦਿਆਰਥੀਆਂ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਮੁਹਿੰਮ ਵਿੱਚ ਭਾਗੀਦਾਰ ਬਣਨ ਅਤੇ ਆਪਣੇ ਜੀਵਨ ਵਿੱਚ ਘੱਟੋ-ਘੱਟ ਇਕ ਰੁੱਖ ਲਗਾਉਣ ਦਾ ਸੰਕਲਪ ਲੈਣ। ਇਸ ਮੌਕੇ 'ਤੇ ਏਬੀਵੀਪੀ ਦੇ ਸ਼ਮਸ਼ੇਰ ਸਿੰਘ, ਮਨਮੀਤ ਸੋਹਲ,ਅਨੁਭਵ ਜੈਨ, ਸਾਕੇਤ ਸ਼ਰਮਾ, ਹਿਤਿਕ ਪੂਰੀ, ਵਿਸ਼ਵਾਸ ਵੈਦ, ਮਹਾਨਗਰ ਸਹ ਮੰਤਰੀ ਓਮਸੀ ਸ਼ਰਮਾ, ਅਮਰੇਂਦਰ ਕੁਮਾਰ, ਬਲਾਕ ਅਧਿਕਾਰੀ ਪਰਮਜੀਤ ਸਿੰਘ ਆਦਿ ਹਾਜ਼ਰ ਰਹੇ।

# ਗੁਰਦੁਆਰਾ ਸ਼ਹੀਦਾਂ ਫੇਰੂਮਾਨ ਵਿਖੇ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਸ਼ਰਨ ਸਿੰਘ ਅਤੇ ਭਾਈ ਪਰਮਵੀਰ ਸਿੰਘ ਨੇ ਗੁਰੂ ਕੀ ਬਾਣੀ ਰਾਹੀਂ ਸੰਗਤਾਂ ਨੂੰ ਨਾਮ ਰਸ ਨਾਲ ਜੋੜਿਆ।

ਇਸ ਮੌਕੇ ਗਿਆਨੀ ਮਨਪ੍ਰੀਤ ਸਿੰਘ ਅਤੇ ਮੁੱਖ ਗ੍ਰੰਥੀ ਗਿਆਨੀ ਸੁਖਦੇਵ ਸਿੰਘ ਨੇ ਅੱਜ ਦੇ ਇਤਿਹਾਸਕ ਦਿਹਾੜੇ ਦੀ ਮਹਾਨਤਾ ਬਾਰੇ ਗੁਰੂ ਘਰ ਨਤਮਸਤਕ ਹੋਈਆਂ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਆਪ ਜੀ ਨੂੰ ਪੰਜ ਸਾਲ ਦੀ ਉਮਰ ਵਿੱਚ ਗੁਰਿਆਈ ਮਿਲੀ ਅਤੇ ਅੱਠ ਸਾਲ ਦੀ ਉਮਰ ਵਿੱਚ ਜੋਤੀ ਜੋਤ ਸਮਾ ਗਏ। ਆਪ ਜੀ ਨੇ ਆਪਣੀ ਬਾਲ ਗੁਰਿਆਈ ਦੇ ਤਿੰਨ ਸਾਲ ਦੇ ਸਮੇਂ ਵਿੱਚ ਜਿਸ ਸੂਝ, ਸਿਆਣਪ, ਦ੍ਰਿੜਤਾ ਅਤੇ ਦਲੇਰੀ ਨਾਲ ਸਿੱਖ ਪੰਥ ਦੀ ਅਗਵਾਈ ਕੀਤੀ ਉਹ ਆਪਣੀ ਮਿਸਾਲ ਆਪ ਸੀ ਤੇ ਉਨ੍ਹਾਂ ਨੇ ਦਰਸਾਅ ਦਿੱਤਾ ਕਿ ਉਮਰ, ਬੁਧੀਮਾਨਤਾ ਤੇ ਆਤਮ ਗਿਆਨ ਵਿੱਚ ਕੋਈ ਬਾਧਾ ਨਹੀਂ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਵੀ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਤਰਲੋਚਨ ਸਿੰਘ ਬੱਬਰ, ਤਜਿੰਦਰ ਸਿੰਘ ਡੰਗ, ਇੰਦਰਜੀਤ ਸਿੰਘ ਮੱਕੜ, ਮੋਹਨ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਅਰਜਨ ਸਿੰਘ ਚੀਮਾ, ਬਲਜੀਤ ਸਿੰਘ ਦੁਖੀਆ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਸਵਰਨ ਸਿੰਘ ਮਹੌਲੀ, ਦਵਿੰਦਰ ਸਿੰਘ ਸਿੱਬਲ, ਸੁਰਿੰਦਰ ਸਿੰਘ ਨਾਰੰਗ, ਜਸਵੀਰ ਸਿੰਘ ਗੋਗੀਆ ਵੀ ਗੁਰੂ ਘਰ ਨਤਮਸਤਕ ਹੋਏ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਵਿਧਾਇਕ ਪਰਾਸ਼ਰ ਨੇ ਨਵੇਂ ਲਗਾਏ ਟਿਊਬਵੈੱਲ ਦਾ ਉਦਘਾਟਨ ਕੀਤਾ



ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) : ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਦੇ ਉਦੇਸ਼ ਨਾਲ, ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਸੋਮਵਾਰ ਨੂੰ ਵਾਰਡ ਨੰਬਰ 75 ਦੇ ਉੱਚਾ ਟਿੱਬਾ ਇਲਾਕੇ ਵਿੱਚ ਇੱਕ ਨਵੇਂ ਲਗਾਏ ਗਏ ਟਿਊਬਵੈੱਲ ਦਾ ਉਦਘਾਟਨ ਕੀਤਾ। ਇਲਾਕੇ ਵਿੱਚ ਲਗਭਗ 5.61 ਲੱਖ ਰੁਪਏ ਦੀ ਲਾਗਤ ਨਾਲ 12.5 ਐਚ.ਪੀ ਦਾ ਟਿਊਬਵੈੱਲ ਲਗਾਇਆ ਗਿਆ ਹੈ। ਇਲਾਕਾ ਕੌਂਸਲਰ ਸਿਮਰਨਪ੍ਰੀਤ ਕੌਰ ਅਤੇ ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ (ਰਾਜੂ ਬਾਬਾ) ਦੇ ਨਾਲ, ਵਿਧਾਇਕ ਪਰਾਸ਼ਰ ਨੇ ਕਿਹਾ ਕਿ ਵਸਨੀਕਾਂ ਦੀ ਮੰਗ ਨੂੰ ਪੂਰਾ ਕਰਦੇ ਹੋਏ, ਟਿਊਬਵੈੱਲ ਦਾ ਉਦਘਾਟਨ ਕੀਤਾ ਗਿਆ ਹੈ ਅਤੇ ਇਸ ਨਾਲ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸੁਚਾਰੂ ਹੋਵੇਗੀ। ਵਿਧਾਇਕ ਪਰਾਸ਼ਰ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਲੁਧਿਆਣਾ ਕੇਂਦਰੀ ਹਲਕੇ ਵਿੱਚ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਅਤੇ ਵਸਨੀਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਵੱਡੀ ਗਿਣਤੀ ਵਿੱਚ ਵਿਕਾਸ ਪ੍ਰੋਜੈਕਟ ਕੀਤੇ ਜਾ ਰਹੇ ਹਨ।

# ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਕੀਰਤਨੀ ਜੱਥਿਆਂ ਨੇ ਗੁਰਬਾਣੀ ਦਾ ਅਨੰਦਮਈ ਕੀਰਤਨ ਕਰਕੇ ਸੰਗਤਾਂ ਨੂੰ ਕੀਤਾ ਨਿਹਾਲ



ਲੁਧਿਆਣਾ, 21 ਜੁਲਾਈ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ -1, ਦੁੱਗਰੀ, ਲੁਧਿਆਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਹਫਤਾਵਾਰੀ ਗੁਰਮਤਿ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਜਸਵੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਤੇ ਭਾਈ ਭੁਪਿੰਦਰ ਸਿੰਘ ਖ਼ਾਲਸਾ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥਿਆਂ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ । ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆਂ ਭਾਈ ਭੁਪਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸ਼ਬਦ ਗੁਰੂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਜਿੱਥੇ ਸਾਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ, ਉੱਥੇ ਨਾਲ ਹੀ ਅਕਾਲ ਪੁਰਖ ਦੀ ਬੰਦਗੀ ਕਰਨ ਦਾ ਸੰਦੇਸ਼ ਵੀ ਦੇਂਦੀ ਹੈ। ਉਹਨਾਂ ਨੇ ਕਿਹਾ ਕਿ ਮੌਜੂਦਾ ਸਮੇਂ ਅੰਦਰ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਆਪਣੇ ਅੰਦਰ ਗੁਰਸਿੱਖੀ ਵਾਲਾ ਜਜ਼ਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ । ਇਸ ਦੌਰਾਨ ਉਨ੍ਹਾਂ ਨੇ ਸੰਗਤਾਂ ਨੂੰ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਸਮਾਗਮ ਦੌਰਾਨ ਸੰਗਤਾਂ ਦੇ ਨਾਲ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸ੍ਰ: ਕੁਲਵਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸੰਗਤਾਂ ਨੂੰ ਗੁਰਬਾਣੀ ਕੀਰਤਨ, ਕਥਾ ਤੇ ਨਾਮ ਸਿਮਰਨ ਅਭਿਆਸ ਨਾਲ ਜੋੜਨ ਦੇ ਲਈ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨਿਰੰਤਰ ਯਤਨਸ਼ੀਲ ਹੈ। ਇਸੇ ਮਿਸ਼ਨ ਦੀ ਪ੍ਰਾਪਤੀ ਲਈ ਧਰਮ ਪ੍ਰਚਾਰ ਦੀ ਮੁਹਿੰਮ ਨੂੰ ਆਉਣ ਵਾਲੇ ਸਮੇਂ ਅੰਦਰ ਹੋਰ ਪ੍ਰਚੰਡ ਕੀਤਾ ਜਾਵੇਗਾ।

# ਬਿਜਲੀ ਮੁਲਾਜ਼ਮ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਕੋਠੀ ਦਾ ਘਿਰਾਓ ਕਰਨਗੇ : ਟੀ.ਐਸ.ਯੂ. ਆਗੂ



ਜਗਰਾਓਂ, 21 ਜੁਲਾਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ/ਅੰਕੁਸ਼ ਸਹਿਜਪਾਲ) : ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਟੈਕਨੀਕਲ ਸਰਵਿਸ ਯੂਨੀਅਨ ਸਬਅਰਬਨ ਸਰਕਲ ਲੁਧਿਆਣਾ ਦੀ ਮੀਟਿੰਗ ਜਗਰਾਉਂ ਮੰਡਲ ਵਿਖੇ ਹੋਈ। ਜਿਸ ਵਿੱਚ ਸਬਅਰਬਨ ਸਰਕਲ ਅਤੇ ਡਵੀਜ਼ਨ ਕਮੇਟੀਆਂ ਦੇ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਟੀ.ਐਸ.ਯੂ. ਦੇ ਜ਼ੋਨ ਪ੍ਰਧਾਨ ਦਲਜੀਤ ਸਿੰਘ ਜੱਸੋਵਾਲ ਅਤੇ ਸਰਕਲ ਪ੍ਰਧਾਨ ਅਵਤਾਰ ਸਿੰਘ ਬੱਸੀਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਅਤੇ ਪਾਵਰ ਕਾਮ ਦੀ ਮੈਨੇਜਮੈਂਟ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਉਹਨਾਂ ਦੱਸਿਆ ਕਿ ਮਿਤੀ 2 ਜੂਨ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਹਾਜ਼ਰੀ ਵਿੱਚ ਪਾਵਰਕਾਮ ਦੇ ਗੈਸਟ ਹਾਊਸ ਮੁਹਾਲੀ ਵਿਖੇ ਬਿਜਲੀ ਵਿਭਾਗ ਦੀ ਮੈਨੇਜਮੈਂਟ ਤੇ ਅਧਿਕਾਰੀਆਂ ਨਾਲ ਗੱਲਬਾਤ ਹੋਈ ਸੀ ਅਤੇ ਇਸ ਦੌਰਾਨ ਕਈ ਮੰਗਾਂ 'ਤੇ ਸਹਿਮਤੀਆਂ ਵੀ ਬਣੀਆਂ ਸਨ। ਜਿਨ੍ਹਾਂ ਨੂੰ ਲਾਗੂ ਕਰਨ ਲਈ ਪਾਵਰਕਾਮ ਮੈਨੇਜਮੈਂਟ ਵੱਲੋਂ ਦਸ ਕੁ ਦਿਨਾਂ ਦਾ ਸਮਾਂ ਮੰਗਿਆ ਗਿਆ ਸੀ, ਪ੍ਰੰਤੂ ਦੋ ਮਹੀਨੇ ਦੇ ਲਗਭਗ ਸਮਾਂ ਬੀਤ ਜਾਣ 'ਤੇ ਵੀ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ। ਜਿਸ ਕਾਰਨ ਸਮੁੱਚੇ ਬਿਜਲੀ ਮੁਲਾਜ਼ਮਾਂ ਅੰਦਰ ਭਾਰੀ ਬੇਚੈਨੀ ਅਤੇ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਉਹਨਾਂ ਆਖਿਆ ਕਿ ਜੇਕਰ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਗਈਆਂ, ਤਾਂ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਅੰਮ੍ਰਿਤਸਰ ਵਿਖੇ ਸੂਬਾ ਪੱਧਰੀ ਰੋਹ ਭਰਪੂਰ ਧਰਨਾ ਦਿੱਤਾ ਜਾਵੇਗਾ।

# ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਲੋੜਵੰਦ ਮਰੀਜ਼ਾਂ ਲਈ ਵਰਦਾਨ ਸਾਬਤ ਹੋਇਆ : ਭਾਈ ਪ੍ਰੇਮ ਸਿੰਘ



ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਅੱਜ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਹਰਨਾਮ ਨਗਰ ਵਿਖੇ ਲੋੜਵੰਦ ਮਰੀਜ਼ਾਂ ਲਈ ਚੱਲ ਰਹੀਆਂ ਆਧੁਨਿਕ ਸਿਹਤ ਸੁਵਿਧਾਵਾਂ ਤੇ ਸਹੂਲਤਾਂ ਨੂੰ ਦੇਖਣ ਲਈ ਉਚੇਚੇ ਤੌਰ 'ਤੇ ਪੁੱਜੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਮੁੱਖ ਅਰਦਾਸੀਏ ਸਿੰਘ ਭਾਈ ਪ੍ਰੇਮ ਸਿੰਘ ਨੇ ਕਿਹਾ ਕਿ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਦੇ ਨਾਲ ਨਾਲ ਮਨੁੱਖੀ ਸੇਵਾ ਕਾਰਜਾਂ ਵਿੱਚ ਵੀ ਆਪਣਾ ਵੱਡਮੁੱਲਾ ਯੋਗਦਾਨ ਪਾ ਰਿਹਾ ਲੁਧਿਆਣੇ ਸ਼ਹਿਰ ਦਾ ਪ੍ਰਮੁੱਖ ਧਾਰਮਿਕ ਅਸਥਾਨ ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਹਰਨਾਮ ਨਗਰ ਦੀ ਪ੍ਰਬੰਧਕੀ ਕਮੇਟੀ ਦੀ ਸੁਹਿਰਦ ਸੋਚ ਵਾਲੀ ਅਗਵਾਈ ਹੇਠ ਸੰਗਤਾਂ ਦੇ ਨਿੱਘੇ ਸਹਿਯੋਗ ਨਾਲ ਚੱਲ ਰਿਹਾ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਇਲਾਕੇ ਦੇ ਲੋੜਵੰਦ ਮਰੀਜ਼ਾਂ ਲਈ ਵਰਦਾਨ ਬਣ ਚੁੱਕਾ ਹੈ। । ਇਸ ਮੌਕੇ ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਹਰਨਾਮ ਨਗਰ ਨੇ ਮੁੱਖ ਸੇਵਾਦਾਰ ਗੁਰਮੀਤ ਸਿੰਘ ਸਲੂਜਾ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਮੁੱਖ ਅਰਦਾਸੀਏ ਸਿੰਘ ਭਾਈ ਪ੍ਰੇਮ ਸਿੰਘ ਨੂੰ ਹਸਪਤਾਲ ਦਾ ਮੁਆਇਨਾ ਕਰਵਾਉਂਦਿਆਂ ਹੋਇਆ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੱਤੀ ਕਿ ਆਉਣ ਵਾਲੇ ਸਮੇਂ ਵਿੱਚ ਸੰਗਤਾਂ ਨੂੰ ਸਾਰੀਆਂ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ ਨਾਲ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਦਾ ਸਮੁੱਚੇ ਰੂਪ ਵਿੱਚ ਸੁੰਦਰੀਕਰਨ ਕਰਕੇ ਏ.ਸੀ ਹਾਲ ਬਣਾਉਣ ਦਾ ਪ੍ਰੋਜੈਕਟ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ । ਇਸ ਦੌਰਾਨ ਉਨ੍ਹਾਂ ਦੇ ਨਾਲ ਗੁਰਦੁਆਰਾ ਸਾਹਿਬ ਦੇ ਚੇਅਰਮੈਨ ਬਲਦੇਵ ਸਿੰਘ, ਗੁਰਚਰਨ ਸਿੰਘ ਚੰਨ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਟੋਨੀ ਮੱਕੜ, ਕੁਲਵਿੰਦਰ ਸਿੰਘ ਲਾਡੀ ਦਿਲਜੰਗ ਸਿੰਘ, ਅਮਰਜੀਤ ਸਿੰਘ ਪਰੂਥੀ, ਜਗਤਾਰ ਸਿੰਘ ਸੋਨੀ, ਮਹਿੰਦਰਪਾਲ ਸਿੰਘ ਗਲਹੋਤਰਾ, ਕੁਲਦੀਪ ਸਿੰਘ ਦੀਪਾ, ਭੁਪਿੰਦਰ ਸਿੰਘ ਸਲੂਜਾ, ਰਜਿੰਦਰ ਸਿੰਘ ਸਲੂਜਾ, ਸੁਰਿੰਦਰਪਾਲ ਸਿੰਘ ਜਸਬੀਰ ਸਿੰਘ ਜੇ ਸੰਨਜ਼, ਹਰਕ੍ਰਿਸ਼ਨ ਸਿੰਘ ਮੱਕੜ,ਹਰਮਨਦੀਪ ਸਿੰਘ, ਭੁਪਿੰਦਰ ਸਿੰਘ ਛਾਬੜਾ, ਕਵੰਲਜੀਤ ਸਿੰਘ ਛਾਬੜਾ, ਮਨੋਹਰ ਸਿੰਘ ਮਕੱੜ, ਮਹਿੰਦਰ ਸਿੰਘ ਕੰਡਾ, ਭਾਈ ਉਮਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਆਰ.ਟੀ.ਆਈ. ਐਕਟੀਵਿਸਟ ਬਲੈਕਮੇਲਿੰਗ ਦੇ ਕੇਸ 'ਚ ਨਾਮਜ਼ਦ



ਲੁਧਿਆਣਾ, 21 ਜੁਲਾਈ (ਰਵਿੰਦਰ ਸਿੰਘ ਨਿੱਝਰ) : ਐਡਵੋਕੇਟ ਗਗਨਪ੍ਰੀਤ ਸਿੰਘ ਤੇ ਐਲੀਸਿਆਂਨ ਇਨਫਰਾ ਦੇ ਮਾਲਕ ਇੰਦਰਜੀਤ ਸਿੰਘ ਦਿਓਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇੱਕ ਮਸ਼ਹੂਰ ਆਰ.ਟੀ.ਆਈ. ਐਕਟੀਵਿਸਟ ਅਤੇ ਹੋਰਾਂ ਖਿਲਾਫ ਐਸ.ਐਸ.ਪੀ. ਜਗਰਾਉਂ ਨੂੰ ਦਰਖਾਸਤ ਦਿੱਤੀ ਗਈ ਸੀ। ਦਰਖਾਸਤ ਦੀ ਪੜਤਾਲ ਕਰਨ ਤੋਂ ਬਾਅਦ ਐਸ.ਐਸ.ਪੀ. ਜਗਰਾਉਂ ਦੀਆਂ ਹਦਾਇਤਾਂ 'ਤੇ ਸਿਟੀ ਜਗਰਾਉਂ, ਲੁਧਿਆਣਾ ਦਿਹਾਤੀ ਵੱਲੋਂ ਆਰ. ਟੀ. ਆਈ. ਐਕਟੀਵਿਸਟ ਅਤੇ ਉਸ ਦੇ ਕੁਝ ਸਾਥੀਆਂ ਵੱਲੋਂ ਐਲੀਸਿਆਂਨ ਇਨਫਰਾ (Elysian Infra) ਦੇ ਮਾਲਕ ਇੰਦਰਜੀਤ ਸਿੰਘ ਦਿਉਲ ਨੂੰ ਬਲੈਕਮੇਲ ਕਰਨ, ਉਸ ਤੋਂ ਪੈਸਿਆਂ ਦੀ ਮੰਗ ਕਰਨ ਅਤੇ ਜਾਅਲਸਾਜ਼ੀ ਤਹਿਤ ਮੁਕੱਦਮਾ ਨੰਬਰ-163 ਜੇਰੇ ਧਾਰਾ 308(2), 308(6), 318(4), 338, 336(3), 340(2), 61(2) ਬੀ ਐਨ ਐਸ ਦਰਜ ਕੀਤਾ ਗਿਆ ਹੈ। ਐਲੀਸਿਆਂਨ ਇਨਫਰਾ (Elysian Infra) ਦੇ ਮਾਲਕ ਇੰਦਰਜੀਤ ਸਿੰਘ ਦਿਉਲ ਨੇ ਦੱਸਿਆ ਹੈ ਕਿ ਕਥਿਤ ਦੋਸ਼ੀ ਉਹਨਾਂ ਦੀਆਂ ਕਲੋਨੀਆਂ ਦੀਆਂ ਨਜਾਇਜ਼ ਝੂਠੀਆਂ ਦਰਖਾਸਤਾਂ ਕਰਕੇ ਉਹਨਾਂ ਤੋਂ ਪੈਸੇ ਦੀ ਮੰਗ ਕਰ ਰਿਹਾ ਸੀ। ਉਹਨਾਂ ਐਸ.ਐਸ. ਪੀ. ਜਗਰਾਉਂ ਦੇ ਫੈਸਲੇ ਦਾ ਸਵਾਗਤ ਕੀਤਾ ਅਤੇ ਮੰਗ ਕੀਤੀ ਕਿ ਅਜਿਹੇ ਆਰ. ਟੀ.ਆਈ. ਐਕਟਿਵਿਸਟਾਂ ਉੱਪਰ ਨਕੇਲ ਕੱਸੀ ਜਾਵੇ ਅਤੇ ਜਿਹੜੇ ਲੋਕ ਵੀ ਬਲੈਕਮੇਲਿੰਗ ਨੂੰ ਆਪਣਾ ਧੰਦਾ ਬਣਾ ਕੇ ਲੋਕਾਂ ਨੂੰ ਤੰਗ-ਪਰੇਸ਼ਾਨ ਕਰਦੇ ਹਨ, ਉਹਨਾਂ ਉਪਰ ਸਖਤ ਕਾਨੂੰਨੀ ਕਾਰਵਾਈ ਹੋਵੇ ਤਾਂ ਜੋ ਵਪਾਰੀ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨ।

# ਸੀ.ਟੀ.ਯੂ. ਨੇ ਡਾ. ਸਿਮਰਨਜੀਤ ਕੌਰ ਗਿੱਲ ਨੂੰ ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਤ ਕੀਤਾ



ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) : ਪੰਜਾਬ ਭਰ ਤੋਂ 430 ਨਾਮਜ਼ਦਗੀਆਂ ਵਿਚੋਂ ਚੁਣੀ ਗਈ ਡਾ. ਗਿੱਲ ਸਸਤੇਨੀਬਿਲਟੀ ਅਤੇ ਸਿੱਖਿਆ ਵਿੱਚ ਨਵਾਪਰਾਲਿਆਂ ਲਈ ਮਿਲਿਆ ਇਨਾਮ ਇਹ ਇਨਾਮ ਨੈਸ਼ਨਲ ਏਜੂਟਰੱਸਟ ਆਫ ਇੰਡੀਆ ਵੱਲੋਂ ਚਿਤਕਾਰਾ ਯੂਨੀਵਰਸਿਟੀ ਵਿਖੇ ਹੋਏ ਸਮਾਰੋਹ ਦੌਰਾਨ ਦਿੱਤਾ ਗਿਆ। ਸੀਟੀਯੂ ਨੂੰ ਇਹ ਐਲਾਨ ਕਰਦਿਆਂ ਬੇਹੱਦ ਮਾਣ ਮਹਿਸੂਸ ਹੋ ਰਿਹਾ ਹੈ ਕਿ ਡੀਨ ਅਕੈਡਮਿਕਸ ਡਾ. ਸਿਮਰਨਜੀਤ ਕੌਰ ਗਿੱਲ ਨੂੰ "ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਪ੍ਰਸਿੱਧ ਇਨਾਮ ਨੈਸ਼ਨਲ ਏਜੂਟਰੱਸਟ ਆਫ ਇੰਡੀਆ ਵੱਲੋਂ ਦਿੱਤਾ ਗਿਆ ਜੋ ਕਿ ਭਾਰਤ ਸਰਕਾਰ ਦੇ ਐਮ.ਐੱਸ.ਐੱਮ.ਈ. ਮੰਤਰਾਲੇ ਹੇਠ ਰਜਿਸਟਰਡ ਸੰਸਥਾ ਹੈ। ਇਹ ਸਨਮਾਨ ਚਿਤਕਾਰਾ ਯੂਨੀਵਰਸਿਟੀ, ਪੰਜਾਬ ਵਿਖੇ ਹੋਏ ਸਸਤੇਨੀਬਿਲਟੀ ਐਕਸੀਲੈਂਸ ਐਵਾਰਡਸ ਸਮਾਰੋਹ ਦੌਰਾਨ ਦਿੱਤਾ ਗਿਆ, ਜਿੱਥੇ 13 ਪ੍ਰਿੰਸੀਪਲਾਂ ਅਤੇ 6 ਨੋਡਲ ਅਧਿਕਾਰੀਆਂ ਨੂੰ ਸਿੱਖਿਆ ਵਿੱਚ ਨਵੀਂ ਸੋਚ ਅਤੇ ਵਾਤਾਵਰਣਕ ਲੀਡਰਸ਼ਿਪ ਲਈ ਸਨਮਾਨਿਤ ਕੀਤਾ ਗਿਆ। ਸਮਾਰੋਹ ਦੇ ਮੁੱਖ ਮਹਿਮਾਨ ਸਨ ਜਿਤ ਕੁਮਾਰ ਗੁਪਤਾ, ਜੋ ਕਿ ਸਸਤੇਨੀਬਲ ਵਿਕਾਸ, ਸਮਾਰਟ ਸਿਟੀ ਅਤੇ ਗ੍ਰੀਨ ਇੰਫਰਾਸਟਰਕਚਰ ਦੇ ਖੇਤਰ ਵਿੱਚ 55 ਸਾਲਾਂ ਦਾ ਤਜਰਬਾ ਰੱਖਦੇ ਹਨ। 430 ਤੋਂ ਵੱਧ ਉਮੀਦਵਾਰਾਂ ਵਿਚੋਂ ਡਾ. ਗਿੱਲ ਨੂੰ ਉਨ੍ਹਾਂ ਦੀ ਅਗੇਵਧ ਅਕੈਡਮਿਕ ਲੀਡਰਸ਼ਿਪ, ਸਸਤੇਨੀਬਿਲਟੀ ਪ੍ਰਤੀ ਸਮਰਪਣ ਅਤੇ ਉੱਚ ਸਿੱਖਿਆ ਵਿੱਚ ਬਦਲਾਅ ਲਿਆਂਦਾ ਕੰਮ ਕਰਨ ਲਈ ਚੁਣਿਆ ਗਿਆ। ਇਹ ਸਨਮਾਨ ਸੀ.ਟੀ. ਯੂਨੀਵਰਸਿਟੀ ਦੀ ਉਹ ਦ੍ਰਿੜ ਨੀਤੀ ਨੂੰ ਦਰਸਾਉਂਦਾ ਹੈ, ਜਿਸ ਅਧੀਨ ਉਹ ਸਮਾਜਿਕ ਅਤੇ ਵਾਤਾਵਰਣਕ ਜ਼ਿੰਮੇਵਾਰੀ ਵਾਲੇ ਭਵਿੱਖ ਦੇ ਲੀਡਰ ਤਿਆਰ ਕਰ ਰਹੀ ਹੈ। ਨੈਸ਼ਨਲ ਏਜੂਟਰੱਸਟ ਆਫ ਇੰਡੀਆ ਦੇ ਸੀ.ਈ.ਓ. ਸਮਰਥ ਸ਼ਰਮਾ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਇਹ ਐਵਾਰਡ ਉਹਨਾਂ ਸਿੱਖਿਆਕਾਰਾਂ ਨੂੰ ਦਿੱਤਾ ਗਿਆ ਹੈ ਜੋ ਅਸਲ ਵਿੱਚ ਪ੍ਰਗਤੀਸ਼ੀਲ ਸਿੱਖਿਆ ਦੀ ਰੂਹ ਨੂੰ ਅੱਗੇ ਵਧਾ ਰਹੇ ਹਨ। ਉਹ ਸਿਰਫ਼ ਸੰਸਥਾਵਾਂ ਨੂੰ ਨਹੀਂ, ਸਗੋਂ ਪੂਰੇ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਸ਼ਕਤ ਕਰ ਰਹੇ ਹਨ।

# ਵੈਟਰਨਰੀ ਯੂਨੀਵਰਸਿਟੀ ਇਨਕਿਊਬੇਸ਼ਨ ਕੇਂਦਰ ਨੇ ਵਿਦਿਆਰਥੀਆਂ ਦੇ ਰੁਜ਼ਗਾਰ ਨੂੰ ਦਿੱਤਾ ਹੁਲਾਰਾ



ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) : ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਵਿਖੇ ਕਾਰਜਸ਼ੀਲ ਵੈਟਨਰੀ ਲਾਈਵਸਟਾਕ ਇਨੋਵੇਸ਼ਨ ਅਤੇ ਇਨਕਿਊਬੇਸ਼ਨ ਫਾਊਂਡੇਸ਼ਨ, ਸੈਕਸ਼ਨ 8 ਕੰਪਨੀ ਨੇ ਫਾਰਚੂਨਰ ਫਾਰਮਰਜ਼ ਪ੍ਰਾ. ਲਿਮ. ਨੂੰ ਇਸ ਇਨਕਿਊਬੇਸ਼ਨ ਕੇਂਦਰ ਨਾਲ ਜੋੜਿਆ ਹੈ। ਇਸ ਸੁਮੇਲ 'ਚੋਂ ਉਸ ਵੇਲੇ ਵੱਡੀ ਪ੍ਰਾਪਤੀ ਪੈਦਾ ਹੋਈ ਜਦੋਂ ਫਾਰਚੂਨਰ ਫਾਰਮਰਜ਼ ਪ੍ਰਾ. ਲਿਮ. ਨੇ ਯੂਨੀਵਰਸਿਟੀ ਦੇ ਤਿੰਨ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕੀਤਾ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਜਾਣਕਾਰੀ ਦਿੱਤੀ ਕਿ ਇਹ ਕੇਂਦਰ ਖੋਜ ਆਧਾਰਿਤ ਸੰਕਲਪ ਨੂੰ ਉਦਮੀਪਨ ਵਿੱਚ ਬਦਲਣ ਲਈ ਅਹਿਮ ਮੰਚ ਸਾਬਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕੰਪਨੀ ਵੱਲੋਂ ਵਿਦਿਆਰਥੀਆਂ ਨੂੰ ਰੁਜ਼ਗਾਰ ਦੇਣ ਨਾਲ ਉਦਮੀਪਨ ਦੀਆਂ ਹੋਰ ਸੰਭਾਵਨਾਵਾਂ ਪ੍ਰਗਟ ਹੋਣਗੀਆਂ। ਕੰਪਨੀ ਵੱਲੋਂ ਸ਼੍ਰੀ ਸਾਹਿਲ ਸ਼ਰਮਾ ਨੂੰ ਬਤੌਰ ਮੈਨੇਜਰ, ਹਰਸ਼ਦੀਪ ਕੌਰ ਨੂੰ ਉਤਪਾਦ ਵਿਕਾਸ ਪ੍ਰਯੋਗਸ਼ਾਲਾ ਵਿੱਚ ਅਤੇ ਡਾ. ਸਿਮਰਨਦੀਪ ਸਿੰਘ ਨੂੰ ਵੈਟਰਨਰੀ ਸਲਾਹਕਾਰੀ ਅਤੇ ਖੋਜ ਦੇ ਸੰਯੋਜਨ ਸੰਬੰਧੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਡਾ. ਪ੍ਰਕਾਸ਼ ਸਿੰਘ ਬਰਾੜ, ਨਿਰਦੇਸ਼ਕ ਖੋਜ ਅਤੇ ਇਸ ਕੇਂਦਰ ਦੇ ਨਿਰਦੇਸ਼ਕ ਨੇ ਪੂਰੀ ਟੀਮ ਨੂੰ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਉਨ੍ਹਾਂ ਦੇ ਯਤਨਾਂ ਨਾਲ ਖੋਜ ਅਤੇ ਰੁਜ਼ਗਾਰ ਸੰਬੰਧੀ ਉਚੇਚਾ ਕਾਰਜ ਹੋ ਰਿਹਾ ਹੈ ਜੋ ਹੋਰ ਵਿਦਿਆਰਥੀਆਂ ਨੂੰ ਵੀ ਉਤਸ਼ਾਹਿਤ ਕਰੇਗਾ। ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਅਤੇ ਇਸ ਕੇਂਦਰ ਦੇ ਦੂਸਰੇ ਨਿਰਦੇਸ਼ਕ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਯੂਨੀਵਰਸਿਟੀਆਂ ਵਿੱਚ ਅਜਿਹੇ ਕੇਂਦਰ ਸਥਾਪਿਤ ਕਰਨ ਨਾਲ ਅਸੀਂ ਕੌਸ਼ਲ ਮੁਹਾਰਤ, ਨਵੇਂ ਉਪਰਾਲਿਆਂ ਅਤੇ ਰੁਜ਼ਗਾਰਮੁਖੀ ਮਾਹੌਲ ਪੈਦਾ ਕਰ ਸਕਾਂਗੇ। ਡਾ. ਰਾਮ ਸਰਨ ਸੇਠੀ, ਵਧੀਕ ਨਿਰਦੇਸ਼ਕ ਖੋਜ ਅਤੇ ਕੇਂਦਰ ਦੇ ਨਿਰਦੇਸ਼ਕ ਨੇ ਕਿਹਾ ਕਿ ਇਸ ਕੇਂਦਰ ਰਾਹੀਂ ਅਸੀਂ ਵਿਦਿਅਕ ਨਿਵੇਕਲੇਪਨ ਨੂੰ ਉਦਮੀਪਨ ਵਿੱਚ ਤਬਦੀਲ ਕਰ ਰਹੇ ਹਾਂ।

# ਨੋਵੇਲਟੀ ਵ੍ਹੀਲਜ਼ ਮਹਿੰਦਰਾ XUV 3XO RevX ਦੀ ਸ਼ੁਰੂਆਤ

ਲੁਧਿਆਣਾ 21 ਜੁਲਾਈ (ਕਰਨੈਲ ਸਿੰਘ ਐੱਮ.ਏ.) : ਨੋਵੇਲਟੀ ਵ੍ਹੀਲਜ਼ ਮਹਿੰਦਰਾ ਨੇ ਲੁਧਿਆਣਾ ਦੇ ਕੈਨਾਲ ਰੋਡ 'ਤੇ ਸਥਿਤ ਆਪਣੇ ਅਤਿ-ਆਧੁਨਿਕ ਸ਼ੋਅਰੂਮ ਵਿਖੇ ਬਹੁਤ-ਉਡੀਕ ਕੀਤੀ ਜਾ ਰਹੀ ਮਹਿੰਦਰਾ XUV 3XO RevX ਦਾ ਮਾਣ ਨਾਲ ਉਦਘਾਟਨ ਕੀਤਾ। ਇਹ ਸ਼ਾਨਦਾਰ ਲਾਂਚ ਸਮਾਰੋਹ ਕੰਪਨੀ ਦੇ ਡਾਇਰੈਕਟਰਾਂ - ਸ਼੍ਰੀ ਅਮਿਤੇਸ਼ ਸਿੰਘ ਸਚਦੇਵ, ਸ਼੍ਰੀ ਲਵਤੇਸ਼ ਸਿੰਘ ਸਚਦੇਵ, ਅਤੇ ਸ਼੍ਰੀ ਜਤਿੰਦਰ ਸਿੰਘ ਸਚਦੇਵ ਦੀ ਮਾਣਯੋਗ ਮੌਜੂਦਗੀ ਵਿੱਚ ਹੋਇਆ - ਜਿਨ੍ਹਾਂ ਨੇ ਇਸ ਖੇਤਰ ਵਿੱਚ ਆਟੋਮੋਟਿਵ ਖੇਤਰ ਵਿੱਚ ਨਵੀਨਤਮ ਨਵੀਨਤਾਵਾਂ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਸ ਮੌਕੇ 'ਤੇ ਮਹਿੰਦਰਾ ਐਂਡ ਮਹਿੰਦਰਾ ਲਿਮਟਿਡ ਦੇ ਖੇਤਰੀ ਵਿਕਰੀ ਪ੍ਰਬੰਧਕ ਸ਼੍ਰੀ ਰਾਹੁਲ ਵੈਦਿਆ ਨੇ ਮੁੱਖ ਮਹਿਮਾਨ ਵਜੋਂ ਸੇਵਾ ਨਿਭਾਈ। ਸ਼੍ਰੀ ਵੈਦਿਆ ਨੇ ਪੰਜਾਬ ਵਿੱਚ ਲਗਾਤਾਰ ਸ਼ਾਨਦਾਰ ਗਾਹਕ ਸੇਵਾ ਪ੍ਰਦਾਨ ਕਰਨ ਅਤੇ ਮਹਿੰਦਰਾ ਬ੍ਰਾਂਡ ਨੂੰ ਮਜ਼ਬੂਤ ਕਰਨ ਵਿੱਚ ਨੋਵੇਲਟੀ ਵਹੀਲਜ਼ ਮਹਿੰਦਰਾ ਦੇ ਯਤਨਾਂ ਦੀ ਸ਼ਲਾਘਾ ਕੀਤੀ। ਨਵੀਂ ਲਾਂਚ ਕੀਤੀ ਗਈ XUV 3XO RevX ਕੰਪੈਕਟ SUV ਸੈਗਮੈਂਟ ਵਿੱਚ ਇੱਕ ਦਲੇਰਾਨਾ ਕਦਮ ਹੈ, ਜੋ ਕਿ ਉੱਨਤ ਤਕਨਾਲੋਜੀ, ਸਪੋਰਟੀ ਪ੍ਰਦਰਸ਼ਨ ਅਤੇ ਪ੍ਰੀਮੀਅਮ ਆਰਾਮ ਦੀ ਪੇਸ਼ਕਸ਼ ਕਰਦੀ ਹੈ, ਜੋ ਇਸਨੂੰ ਨਵੇਂ ਯੁੱਗ ਦੇ ਗਾਹਕਾਂ ਲਈ ਇੱਕ ਆਦਰਸ਼ ਵਿਕਲਪ ਬਣਾਉਂਦੀ ਹੈ।

# ਬੈਂਕ ਆਫ਼ ਇੰਡੀਆ ਨੇ ਰਾਸ਼ਟਰੀਕਰਨ ਦਿਵਸ ਨੂੰ ਕਿਸਾਨ ਦਿਵਸ ਵਜੋਂ ਮਨਾਇਆ



ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) : ਬੈਂਕ ਆਫ਼ ਇੰਡੀਆ, ਜੋ ਕਿ ਜਨਤਕ ਖੇਤਰ ਦਾ ਮੋਹਰੀ ਬੈਂਕ ਹੈ, ਦੇ ਲੁਧਿਆਣਾ ਜ਼ੋਨ ਨੇ ਬੈਂਕ ਦੇ ਰਾਸ਼ਟਰੀਕਰਨ ਦਿਵਸ ਨੂੰ ਕਿਸਾਨ ਦਿਵਸ ਵਜੋਂ ਮਨਾਇਆ ਜਿਸਦੀ ਪ੍ਰਧਾਨਗੀ ਦੀਪਕ ਕੁਮਾਰ ਗੁਪਤਾ, ਜਨਰਲ ਮੈਨੇਜਰ, ਮੁੱਖ ਦਫ਼ਤਰ ਮੁੰਬਈ ਅਤੇ ਵੈਭਵ ਆਨੰਦ, ਜ਼ੋਨਲ ਮੈਨੇਜਰ, ਲੁਧਿਆਣਾ ਜ਼ੋਨ ਨੇ ਕੀਤੀ। ਪੰਜਾਬ ਭਰ ਤੋਂ 50 ਤੋਂ ਵੱਧ ਅਗਾਂਹਵਧੂ ਕਿਸਾਨਾਂ ਅਤੇ ਡੇਅਰੀ ਵਿਕਾਸ ਬੋਰਡ ਦੇ ਅਧਿਕਾਰੀਆਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਬੈਂਕ ਦੇ ਖੇਤੀਬਾੜੀ ਨਾਲ ਸਬੰਧਤ ਉਤਪਾਦਾਂ ਜਿਵੇਂ ਕਿ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਯੋਜਨਾ, ਕਿਸਾਨ ਘਰ, ਪੋਲਟਰੀ, ਕੋਲਡ ਸਟੋਰੇਜ, ਭੋਜਨ ਅਤੇ ਖੇਤੀਬਾੜੀ, ਡੇਅਰੀ ਆਦਿ ਬਾਰੇ ਦੱਸਿਆ ਗਿਆ ਅਤੇ ਅਧਿਕਾਰੀਆਂ ਨੇ ਕਿਸਾਨਾਂ ਦੀਆਂ ਸ਼ਿਕਾਇਤਾਂ/ਸੁਝਾਅ ਸੁਣੇ ਅਤੇ ਉਨ੍ਹਾਂ ਨੂੰ ਨੀਤੀ ਪੱਧਰ 'ਤੇ ਸ਼ਾਮਲ ਕਰਨ ਦਾ ਭਰੋਸਾ ਦਿੱਤਾ। ਇਸ ਸਮੇਂ ਦੌਰਾਨ, ਖੇਤੀਬਾੜੀ ਮਸ਼ੀਨੀਕਰਨ, ਕੇ.ਸੀ.ਸੀ., ਖੇਤੀਬਾੜੀ ਸਹਾਇਕ ਗਤੀਵਿਧੀਆਂ, ਖੁਰਾਕ ਅਤੇ ਖੇਤੀਬਾੜੀ ਅਤੇ ਕੋਲਡ ਸਟੋਰੇਜ ਦੇ ਤਹਿਤ ਪ੍ਰਗਤੀਸ਼ੀਲ ਕਿਸਾਨਾਂ ਨੂੰ 82 ਕਰੋੜ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਗਏ ਅਤੇ ਸ਼ਾਖਾਵਾਂ ਨੇ ਵੱਖ-ਵੱਖ ਖੇਤੀਬਾੜੀ ਯੋਜਨਾਵਾਂ ਦੇ ਤਹਿਤ ਕਿਸਾਨਾਂ ਨੂੰ ਸਮੂਹਿਕ ਤੌਰ 'ਤੇ 30 ਕਰੋੜ ਰੁਪਏ ਦੀ ਰਕਮ ਵੰਡੀ।

# ਚੀਨ ਵੱਲੋਂ ਬ੍ਰਹਮਪੁੱਤਰ ਨਦੀ 'ਤੇ ਦੁਨੀਆਂ ਦੇ ਸਭ ਤੋਂ ਵੱਡੇ ਸੁਪਰ ਡੈਮ ਦੇ ਨਿਰਮਾਣ ਦੀ ਸ਼ੁਰੂਆਤ

ਅੰਮ੍ਰਿਤਸਰ, 21 ਜੁਲਾਈ (ਚ.ਨ.ਸ.): ਭਾਰਤ ਤੇ ਬੰਗਲਾਦੇਸ਼ ਦੇ ਵਿਰੋਧ ਦੇ ਬਾਵਜੂਦ ਚੀਨ ਵੱਲੋਂ ਦੱਖਣ-ਪੂਰਬੀ ਤਿੱਬਤ ਦੇ ਮੇਰੰਗ ਖੇਤਰ 'ਚ ਬ੍ਰਹਮਪੁੱਤਰ ਨਦੀ 'ਤੇ ਦੁਨੀਆ ਦੇ ਸਭ ਤੋਂ ਵੱਡੇ ਸੁਪਰ ਡੈਮ ਦਾ ਨਿਰਮਾਣ ਸ਼ੁਰੂ ਕੀਤਾ ਜਾ ਰਿਹਾ ਹੈ। ਕੌਮਾਂਤਰੀ ਮਾਮਲਿਆਂ ਦੇ ਇਕ ਵਿਦੇਸ਼ੀ ਰਸਾਲੇ ਨੇ ਆਪਣੀ ਹਾਲੀਆ ਰਿਪੋਰਟ 'ਚ ਚਿਤਾਵਨੀ ਦਿੱਤੀ ਕਿ ਭਾਰਤ ਦੁਆਰਾ ਪਾਕਿਸਤਾਨ ਨਾਲ ਤਣਾਅ ਦੌਰਾਨ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਦਾ ਲਿਆ ਫੈਸਲਾ ਨਵੀਂ ਦਿੱਲੀ 'ਤੇ ਉਲਟਾ ਅਸਰ ਵਿਖਾ ਸਕਦਾ ਹੈ। ਉਕਤ ਰਿਪੋਰਟ ਅਨੁਸਾਰ ਭਾਰਤ ਦੁਆਰਾ ਸਿੰਧੂ ਜਲ ਸੰਧੀ ਨੂੰ ਰੱਦ ਕਰਨ ਦਾ ਕਦਮ ਪਾਕਿਸਤਾਨ ਦੇ ਮਿੱਤਰ ਦੇਸ਼ ਚੀਨ ਨੂੰ ਬ੍ਰਹਮਪੁੱਤਰ ਦੇ ਪਾਣੀਆਂ ਨੂੰ ਸੀਮਤ ਕਰਕੇ ਬਦਲਾ ਲੈਣ ਲਈ ਉਕਸਾ ਸਕਦਾ ਹੈ। ਚੀਨ ਪਹਿਲਾਂ ਹੀ ਬ੍ਰਹਮਪੁੱਤਰ 'ਤੇ ਜੰਗਮੂ ਪਣਬਿਜਲੀ ਸਟੇਸ਼ਨ ਵਰਗੇ ਕਈ ਵੱਡੇ ਡੈਮ ਬਣਾ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਬ੍ਰਹਮਪੁੱਤਰ ਭਾਰਤ ਲਈ ਇਕ ਜ਼ਰੂਰੀ ਸਰੋਤ ਹੈ, ਜੋ ਦੇਸ਼ ਨੂੰ 30 ਫ਼ੀਸਦੀ ਤਾਜ਼ੇ ਪਾਣੀ ਦੀ ਸਪਲਾਈ



ਕਰਦਾ ਹੈ ਅਤੇ ਦੇਸ਼ ਦੀ ਕੁੱਲ ਪਣਬਿਜਲੀ ਸਮਰੱਥਾ 'ਚ 44 ਫ਼ੀਸਦੀ ਤੱਕ ਯੋਗਦਾਨ ਪਾਉਂਦਾ ਹੈ। ਦੂਜੇ ਪਾਸੇ ਚੀਨ ਦਾ ਦਾਅਵਾ ਹੈ ਕਿ ਉਹ ਬ੍ਰਹਮਪੁੱਤਰ ਨਦੀ 'ਤੇ ਬਣਨ ਵਾਲੇ ਇਸ ਡੈਮ ਤੋਂ ਹਰ ਸਾਲ 300 ਅਰਬ ਕਿਲੋਵਾਟ ਬਿਜਲੀ ਪੈਦਾ ਕਰੇਗਾ ਅਤੇ ਇਹ ਡੈਮ ਤਿੱਬਤ 'ਚ ਬਿਜਲੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ। ਇਸ ਪ੍ਰੋਜੈਕਟ 'ਤੇ ਕੁੱਲ 12 ਖਰਬ ਯੁਆਨ (167 ਅਰਬ ਡਾਲਰ/ ਲਗਭਗ 14 ਲੱਖ ਕਰੋੜ ਰੁਪਏ) ਦੇ ਨਿਵੇਸ਼ ਦੀ ਯੋਜਨਾ ਹੈ। ਮਾਹਿਰਾਂ ਅਨੁਸਾਰ ਚੀਨ ਬ੍ਰਹਮਪੁੱਤਰ ਨਦੀ ਦੇ ਪਾਣੀ ਨੂੰ ਭਾਰਤ ਵਿਰੁੱਧ ਹਥਿਆਰ ਵਜੋਂ ਵਰਤ ਸਕਦਾ ਹੈ। ਭਾਰਤ ਤੇ ਬੰਗਲਾਦੇਸ਼ ਵੱਲੋਂ ਚੀਨ ਦੇ ਇਸ ਪ੍ਰਾਜੈਕਟ ਦਾ ਵਿਰੋਧ ਕੀਤੇ ਜਾਣ ਦੇ ਬਾਵਜੂਦ ਚੀਨ ਨੇ ਇਸ ਪ੍ਰਾਜੈਕਟ ਨੂੰ ਪੂਰੀ ਤਾਕਤ ਨਾਲ ਸ਼ੁਰੂ ਕਰਨ ਫ਼ੈਸਲਾ ਕੀਤਾ ਹੈ। ਚੀਨੀ ਪ੍ਰਧਾਨ ਮੰਤਰੀ ਲੀ ਕਿਆਂਗ ਵੱਲੋਂ ਬ੍ਰਹਮਪੁੱਤਰ ਨਦੀ 'ਤੇ ਡੈਮ ਦੀ ਉਸਾਰੀ ਦੀ ਸ਼ੁਰੂਆਤ ਦੇ ਐਲਾਨ ਦੇ ਨਾਲ ਹੀ ਚਾਈਨਾ ਯਾਜਿਆਂਗ ਗਰੁੱਪ ਨਾਂਅ ਦੀ ਇਕ ਨਵੀਂ ਕੰਪਨੀ ਦਾ ਵੀ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ ਗਿਆ ਹੈ। ਇਹ ਕੰਪਨੀ ਤਿੱਬਤ ਦੇ ਨਿੰਗਚੀ ਸ਼ਹਿਰ 'ਚ ਸਥਿਤ 5 ਵਾਟਰਫਾਲ ਡੈਮਾਂ ਵਾਲੇ ਇਸ ਪਣ-ਬਿਜਲੀ ਪ੍ਰਾਜੈਕਟ ਦੇ ਨਿਰਮਾਣ ਲਈ ਜ਼ਿੰਮੇਵਾਰ ਹੋਵੇਗੀ। ਇਸ ਬ੍ਰਹਮਪੁੱਤਰ ਨਦੀ ਨੂੰ ਤਿੱਬਤ 'ਚ ਯਾਰਲੁੰਗ ਜ਼ਾਂਗਬੋ ਵਜੋਂ ਜਾਣਿਆ ਜਾਂਦਾ ਹੈ। ਪ੍ਰਾਜੈਕਟ ਲਈ ਡੈਮ ਦਾ ਨਿਰਮਾਣ ਹਿਮਾਲਿਆ ਦੇ ਨੇੜੇ ਇਕ ਵਿਸ਼ਾਲ ਘਾਟੀ 'ਚ ਕੀਤਾ ਜਾਵੇਗਾ। ਇਸ ਜਗ੍ਹਾ ਤੋਂ ਬ੍ਰਹਮਪੁੱਤਰ ਨਦੀ ਅਰੁਣਾਚਲ ਪ੍ਰਦੇਸ਼ ਤੇ ਫਿਰ ਬੰਗਲਾਦੇਸ਼ ਵੱਲ ਮੁੜਦੀ ਹੈ। ਚੀਨ ਦਾ ਦਾਅਵਾ ਹੈ ਕਿ ਇਸ ਦਾ ਹੇਠਲੇ ਖੇਤਰਾਂ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਪਵੇਗਾ। ਹਾਲਾਂਕਿ, ਮਾਹਿਰਾਂ ਅਨੁਸਾਰ ਚੀਨ ਬ੍ਰਹਮਪੁੱਤਰ ਨਦੀ ਦੇ ਪਾਣੀ ਨੂੰ ਭਾਰਤ ਵਿਰੁੱਧ ਹਥਿਆਰ ਵਜੋਂ ਵਰਤ ਸਕਦਾ ਹੈ। ਜੇਕਰ ਲੋੜ ਪਈ ਤਾਂ ਉਹ ਬਿਨਾਂ ਕਿਸੇ ਅਗਾਊਂ ਸੂਚਨਾ ਦੇ ਤਿੱਬਤ 'ਚ ਡੈਮ 'ਚ ਜਮਾਂ ਕੀਤੇ ਪਾਣੀ ਨੂੰ ਛੱਡ ਸਕਦਾ ਹੈ। ਇਸ ਨਾਲ ਅਰੁਣਾਚਲ ਪ੍ਰਦੇਸ਼ ਤੇ ਅਸਾਮ ਦੇ ਹੇਠਲੇ ਖੇਤਰਾਂ 'ਚ ਹੜ੍ਹ ਆ ਸਕਦੇ ਹਨ ਤੇ ਸਥਿਤੀ ਹੋਰ ਵਿਗੜ ਸਕਦੀ ਹੈ। ਵੱਡੇ ਡੈਮ ਦਾ ਨਿਰਮਾਣ ਨਾ ਸਿਰਫ਼ ਰਿਹਾਇਸ਼ੀ ਖੇਤਰਾਂ ਨੂੰ ਹੀ ਸਗੋਂ ਜੰਗਲਾਂ ਤੇ ਜੰਗਲੀ ਜਾਨਵਰਾਂ ਨੂੰ ਵੀ ਪ੍ਰਭਾਵਿਤ ਕਰੇਗਾ।

# ਭੋਜਨ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਰਹੇ ਘੱਟੋ-ਘੱਟ 85 ਲੋਕਾਂ ਦੀ ਮੌਤ, ਲੋਕਾਂ ਨੂੰ ਕੱਢਣ ਦੀ ਚੇਤਾਵਨੀ

ਦੀਰ ਅਲ ਬਲਾਹ (ਗਾਜ਼ਾ ਪੱਟੀ), 21 ਜੁਲਾਈ (ਚ.ਨ.ਸ): ਗਾਜ਼ਾ 'ਚ ਐਤਵਾਰ ਨੂੰ ਵੱਖ-ਵੱਖ ਥਾਵਾਂ ਉੱਤੇ ਭੋਜਨ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਰਹੇ ਘੱਟੋ-ਘੱਟ 85 ਲੋਕਾਂ ਦੀ ਮੌਤ ਹੋ ਗਈ ਹੈ। ਫ਼ਲਸਤੀਨੀ ਖੇਤਰ ਦੇ ਸਿਹਤ ਮੰਤਰੀ ਨੇ ਇਹ ਜਾਣਕਾਰੀ ਦਿੱਤੀ। ਮੰਤਰਾਲੇ ਅਤੇ ਸਥਾਨਕ ਹਸਪਤਾਲਾਂ ਮੁਤਾਬਕ ਸੱਭ ਤੋਂ ਵੱਧ ਮੌਤਾਂ ਉੱਤਰੀ ਗਾਜ਼ਾ 'ਚ ਹੋਈਆਂ ਜਿੱਥੇ ਇਜ਼ਰਾਈਲ ਨਾਲ ਲਗਦੀ ਜ਼ਿਕਿਮ ਕਰਾਸਿੰਗ ਰਾਹੀਂ ਉੱਤਰੀ ਗਾਜ਼ਾ 'ਚ ਦਾਖਲ ਹੋ ਕੇ ਮਦਦ ਤਕ ਪਹੁੰਚਾਉਣ ਦੀ ਕੋਸ਼ਿਸ਼ 'ਚ ਘੱਟੋ-ਘੱਟ 79 ਫਲਸਤੀਨੀ ਮਾਰੇ ਗਏ। ਹਸਪਤਾਲਾਂ ਨੇ ਦੱਸਿਆ ਕਿ 150 ਤੋਂ ਵੱਧ ਲੋਕ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿਚੋਂ ਕੁੱਝ ਦੀ ਹਾਲਤ ਗੰਭੀਰ ਹੈ। ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਉਨ੍ਹਾਂ ਨੂੰ ਇਜ਼ਰਾਈਲੀ ਫ਼ੌਜ ਨੇ ਮਾਰਿਆ ਹੈ ਜਾਂ ਹਥਿਆਰਬੰਦ ਗਿਰੋਹਾਂ ਨੇ ਜਾਂ ਦੋਹਾਂ ਨੇ। ਪਰ ਕੁੱਝ ਚਸ਼ਮਦੀਦਾਂ ਨੇ ਕਿਹਾ ਕਿ ਇਜ਼ਰਾਈਲੀ ਫੌਜ ਨੇ ਭੀੜ ਉੱਤੇ ਗੋਲੀ ਚਲਾਈ। ਉੱਤਰੀ ਗਾਜ਼ਾ ਵਿਚ ਇਹ ਹੱਤਿਆਵਾਂ ਗਾਜ਼ਾ ਮਨੁੱਖਤਾਵਾਦੀ ਫਾਊਂਡੇਸ਼ਨ ਜਾਂ ਜੀ.ਐਚ.ਐਫ.



ਨਾਲ ਜੁੜੇ ਸਹਾਇਤਾ ਵੰਡ ਕੇਂਦਰਾਂ ਦੇ ਨੇੜੇ ਨਹੀਂ ਹੋਈਆਂ। ਜੀ.ਐਚ.ਐਫ. ਅਮਰੀਕਾ ਅਤੇ ਇਜ਼ਰਾਈਲ ਸਮਰਥਿਤ ਸਮੂਹ ਹੈ ਜੋ ਫਿਲਸਤੀਨੀਆਂ ਨੂੰ ਭੋਜਨ ਦੇ ਪੈਕੇਟ ਦਿੰਦਾ ਹੈ। ਚਸ਼ਮਦੀਦਾਂ ਅਤੇ ਸਿਹਤ ਕਰਮਚਾਰੀਆਂ ਦਾ ਕਹਿਣਾ ਹੈ ਕਿ ਸਮੂਹ ਦੇ ਵੰਡ ਸਥਾਨਾਂ ਤਕ ਪਹੁੰਚਣ ਦੀ ਕੋਸ਼ਿਸ਼ ਦੌਰਾਨ ਇਜ਼ਰਾਈਲੀ ਗੋਲੀਬਾਰੀ ਵਿਚ ਸੈਂਕੜੇ ਲੋਕ ਮਾਰੇ ਗਏ ਹਨ। ਹਾਲਾਂਕਿ ਇਜ਼ਰਾਈਲੀ ਫੌਜ ਨੇ ਐਤਵਾਰ ਨੂੰ ਹੋਈਆਂ ਹੱਤਿਆਵਾਂ ਉੱਤੇ ਤੁਰੰਤ ਕੋਈ ਟਿਪਣੀ ਨਹੀਂ ਕੀਤੀ। ਇਸ ਦੌਰਾਨ, ਇਜ਼ਰਾਈਲੀ ਫੌਜ ਨੇ ਐਤਵਾਰ ਨੂੰ ਮੱਧ ਗਾਜ਼ਾ ਦੇ ਖੇਤਰਾਂ ਵਿਚ ਲੋਕਾਂ ਨੂੰ ਕੱਢਣ ਦੀ ਨਵੀਂ ਚੇਤਾਵਨੀ ਪ੍ਰਕਾਸ਼ਤ ਕੀਤੀ, ਜੋ ਉਨ੍ਹਾਂ ਕੁੱਝ ਖੇਤਰਾਂ 'ਚੋਂ ਇਕ ਹੈ, ਜਿੱਥੇ ਫੌਜ ਨੇ ਜ਼ਮੀਨੀ ਫ਼ੌਜੀਆਂ ਨਾਲ ਬਹੁਤ ਘੱਟ ਕੰਮ ਕੀਤਾ ਹੈ। ਲੋਕਾਂ ਨੂੰ ਕੱਢਣ ਨਾਲ ਦੇਰ ਅਲ-ਬਲਾਹ ਸ਼ਹਿਰ ਅਤੇ ਦੱਖਣੀ ਸ਼ਹਿਰਾਂ ਰਫਾਹ ਅਤੇ ਖਾਨ ਯੂਨਿਸ ਵਿਚਾਲੇ ਸੰਪਰਕ ਟੁੱਟ ਜਾਵੇਗਾ। ਇਹ ਐਲਾਨ ਅਜਿਹੇ ਸਮੇਂ ਕੀਤਾ ਗਿਆ ਹੈ ਜਦੋਂ ਇਜ਼ਰਾਈਲ ਅਤੇ ਹਮਾਸ ਕਤਰ ਵਿਚ ਜੰਗਬੰਦੀ ਗੱਲਬਾਤ ਕਰ ਰਹੇ ਹਨ ਪਰ ਕੌਮਾਂਤਰੀ ਵਿਚੋਲਿਆਂ ਦਾ ਕਹਿਣਾ ਹੈ ਕਿ ਕੋਈ ਸਫਲਤਾ ਨਹੀਂ ਮਿਲੀ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਵਾਰ-ਵਾਰ ਜ਼ੋਰ ਦੇ ਕੇ ਕਿਹਾ ਹੈ ਕਿ ਗਾਜ਼ਾ ਵਿਚ ਇਜ਼ਰਾਈਲ ਦੇ ਫ਼ੌਜੀ ਅਭਿਆਨ ਦਾ ਵਿਸਥਾਰ ਕਰਨ ਨਾਲ ਹਮਾਸ ਉਤੇ ਗੱਲਬਾਤ ਕਰਨ ਲਈ ਦਬਾਅ ਪਵੇਗਾ ਪਰ ਗੱਲਬਾਤ ਕਈ ਮਹੀਨਿਆਂ ਤੋਂ ਰੁਕੀ ਹੋਈ ਹੈ। ਇਸ ਮਹੀਨੇ ਦੀ ਸ਼ੁਰੂਆਤ 'ਚ ਇਜ਼ਰਾਈਲੀ ਫੌਜ ਨੇ ਕਿਹਾ ਸੀ ਕਿ ਉਸ ਨੇ ਗਾਜ਼ਾ ਪੱਟੀ ਦੇ 65 ਫੀਸਦੀ ਤੋਂ ਜ਼ਿਆਦਾ ਹਿੱਸੇ ਉਤੇ ਕਬਜ਼ਾ ਕਰ ਲਿਆ ਹੈ।

# 2015 'ਚ ਹੋਈਆਂ ਬੇਅਦਬੀ ਘਟਨਾਵਾਂ ਦਾ ਬਾਦਲ ਪਰਿਵਾਰ ਦੇਵੇ ਜਵਾਬ: ਪੰਨੂੰ

ਚੰਡੀਗੜ੍ਹ, 21 ਜੁਲਾਈ (ਚ.ਨ.ਸ): ਬਲਤੇਜ ਪੰਨੂ ਨੇ ਦੱਸਿਆ ਕਿ ਕੱਲ੍ਹ ਅਕਾਲੀ ਦਲ ਦੇ ਮੁਖੀ ਸੁਖਬੀਰ ਬਾਦਲ ਨੇ ਕਿਹਾ ਸੀ ਕਿ 2015 ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਵਿੱਚ ਅਰਵਿੰਦ ਕੇਜਰੀਵਾਲ ਵਿਰੁੱਧ ਕੇਸ ਦਰਜ ਕੀਤਾ ਜਾਣਾ ਚਾਹੀਦਾ ਹੈ। ਬਿਹਤਰ ਹੁੰਦਾ ਜੇਕਰ ਸੁਖਬੀਰ ਬਾਦਲ 2015 ਤੋਂ ਪਹਿਲਾਂ ਵਾਪਰੀਆਂ ਘਟਨਾਵਾਂ ਦਾ ਜ਼ਿਕਰ ਕਰਦੇ ਅਤੇ ਮੁਆਫ਼ੀ ਮੰਗਦੇ ਜੋ ਉਨ੍ਹਾਂ ਨੇ ਨਹੀਂ ਕੀਤੀਆਂ, ਪਰ ਹੱਦ ਤਾਂ ਇਹ ਹੈ ਕਿ ਉਨ੍ਹਾਂ ਨੇ ਆਪਣੇ 'ਤੇ ਲੱਗੇ ਦੋਸ਼ਾਂ ਦਾ ਜਵਾਬ ਦੇਣ ਦੀ ਬਜਾਏ ਇਹ ਕਹਿ ਕੇ ਇਸਨੂੰ ਬਦਲਣ ਦੀ ਕੋਸ਼ਿਸ਼ ਕੀਤੀ ਕਿ ਘਟਨਾਵਾਂ ਉਦੋਂ ਤੋਂ ਹੀ ਵਾਪਰਨੀਆਂ ਹਨ ਜਦੋਂ 'ਆਪ' ਪੰਜਾਬ ਵਿੱਚ ਆਈ ਸੀ। ਪੰਨੂ ਨੇ ਕਿਹਾ ਕਿ 1986 ਵਿੱਚ ਨਕੋਦਰ ਵਿੱਚ ਬੇਅਦਬੀ ਹੋਈ ਸੀ, ਜਿੱਥੇ 'ਆਪ' ਪਾਰਟੀ ਨਹੀਂ ਸੀ, ਜਿਸ ਵਿੱਚ 4 ਨੌਜਵਾਨ ਮਾਰੇ ਗਏ ਸਨ, ਜਿਸਦੀ ਜਾਂਚ ਜਸਟਿਸ ਗੁਰਨਾਮ ਸਿੰਘ ਨੇ ਕੀਤੀ ਸੀ, ਜਿਸਦੀ ਰਿਪੋਰਟ ਬਾਦਲ ਸਰਕਾਰ ਦੌਰਾਨ ਗਾਇਬ ਕਰ ਦਿੱਤੀ ਗਈ ਸੀ। ਜਦੋਂ ਇਹ ਨਕੋਦਰ ਗੋਲੀਬਾਰੀ ਦੀ ਘਟਨਾ ਵਾਪਰੀ ਸੀ ਤਾਂ ਦਰਬਾਰਾ ਸਿੰਘ ਗੁਰੂ ਮੁਹੰਮਦ ਇਜ਼ਹਾਰ ਆਲਮ ਇਸ ਵਿੱਚ ਅਧਿਕਾਰੀ ਸਨ, ਜਿਨ੍ਹਾਂ ਨੂੰ ਬਾਅਦ ਵਿੱਚ



ਅਕਾਲੀ ਦਲ ਸਰਕਾਰ ਦੌਰਾਨ ਤਰੱਕੀ ਮਿਲੀ ਅਤੇ ਉਨ੍ਹਾਂ ਨੂੰ ਅਕਾਲੀ ਦਲ ਵਿੱਚ ਵੀ ਸ਼ਾਮਲ ਕੀਤਾ ਗਿਆ। 2007 ਵਿੱਚ ਇਹ ਡਰਾਮਾ ਵਿੱਚ ਹੋਇਆ, ਫਿਰ ਇੱਕ ਕੇਸ ਦਰਜ ਕੀਤਾ ਗਿਆ ਅਤੇ ਸ਼ਿਕਾਇਤ ਵਾਪਸ ਲੈ ਲਈ ਗਈ, ਜਿਸ ਵਿੱਚ ਬਾਅਦ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕੀਤੀ ਗਈ, ਜਿਸ ਵਿੱਚ ਸਵਾਲ ਇਹ ਹੈ ਕਿ ਜਦੋਂ ਬੁਰਜ ਜਵਾਹਰ ਸਿੰਘ ਵਾਲਾ ਤੋਂ ਸਰੂਪ ਚੋਰੀ ਹੋਇਆ ਸੀ, ਤਾਂ ਸੁਖਬੀਰ ਬਾਦਲ ਗ੍ਰਹਿ ਮੰਤਰੀ ਸਨ, ਉਸ ਤੋਂ ਬਾਅਦ ਪੋਸਟਰ ਵੀ ਲਗਾਏ ਗਏ ਸਨ। ਪੰਨੂ ਨੇ ਕਿਹਾ ਕਿ ਚੋਰੀ 1 ਜੂਨ 2015 ਨੂੰ ਹੋਈ ਸੀ, ਉਸ ਤੋਂ ਬਾਅਦ ਪੋਸਟਰ 24. 09. 2015 ਨੂੰ ਲਗਾਏ ਗਏ ਸਨ, ਉਸ ਸਮੇਂ ਬਾਦਲ ਇੰਚਾਰਜ ਸਨ, ਜਦੋਂ ਕਿ ਜਾਂਚ ਵੀ ਨਹੀਂ ਹੋਈ ਸੀ, ਜਦੋਂ ਕਿ ਚਰਨਜੀਤ ਸ਼ਰਮਾ ਉੱਥੇ ਐਸਐਸਪੀ ਸਨ, ਜਦੋਂ ਕਿ ਲੋਕਾਂ ਦੁਆਰਾ ਦਿੱਤੀ ਗਈ ਜਾਣਕਾਰੀ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ, ਉਸੇ ਸਮੇਂ ਬੁਰਜ ਜਵਾਹਰ ਸਿੰਘ ਵਾਲਾ ਵਿੱਚ ਇੱਕ ਡੇਰਾ ਪ੍ਰੇਮੀ ਦਾ ਕਤਲ ਕਰ ਦਿੱਤਾ ਗਿਆ ਸੀ, ਉਸ ਤੋਂ ਬਾਅਦ ਉਸਦੀ ਪਤਨੀ ਨੂੰ ਪੁਲਿਸ ਵਿੱਚ ਨੌਕਰੀ ਦੇ ਦਿੱਤੀ ਗਈ ਸੀ, ਇਸ ਲਈ ਇਹ ਸਮਝ ਨਹੀਂ ਆਉਂਦਾ ਕਿ 'ਆਪ' ਪਾਰਟੀ ਕਿਸ ਮੂੰਹ ਨਾਲ ਜ਼ਿੰਮੇਵਾਰ ਹੈ। ਵਿਵਾਦਪੂਰਨ ਮੁਆਫ਼ੀ ਕਿਸ ਦੇ ਹੁਕਮਾਂ 'ਤੇ ਦਿੱਤੀ ਗਈ ਸੀ? ਮੁਆਫ਼ੀ ਦੇ ਇਸ਼ਤਿਹਾਰ ਕਿਸਨੇ ਦਿੱਤੇ ਜੋ ਗੁਰੂ ਦੀ ਗੋਲਕ ਤੋਂ ਸਨ। ਇਹ ਘਟਨਾਵਾਂ 12 ਅਕਤੂਬਰ 2015 ਨੂੰ ਸ਼ੁਰੂ ਹੋਈਆਂ ਸਨ, ਜਿਸ ਵਿੱਚ ਗੁਰੂ ਗ੍ਰੰਥ ਸਾਹਿਬ ਦੇ ਅੰਗਾਂ ਦੀ ਭੰਨਤੋੜ ਕੀਤੀ ਗਈ ਸੀ। ਉਸ ਸਮੇਂ ਜਿਨ੍ਹਾਂ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਸੁਖਬੀਰ ਬਾਦਲ ਨੇ ਉਨ੍ਹਾਂ ਬਾਰੇ ਇੱਕ ਪ੍ਰੈਸ ਕਾਨਫਰੰਸ ਕੀਤੀ ਸੀ, ਜਿਸ ਵਿੱਚ ਦਬਾਅ ਪਾਉਣ ਤੋਂ ਬਾਅਦ ਨੌਜਵਾਨਾਂ ਨੂੰ ਰਿਹਾਅ ਕਰਨਾ ਪਿਆ ਸੀ। ਪੰਨੂ ਨੇ ਕਿਹਾ ਕਿ ਜਿੰਨੇ ਜ਼ਿਆਦਾ ਸਵਾਲ ਸਾਡੇ ਤੋਂ ਪੁੱਛੇ ਜਾਣਗੇ, ਓਨੇ ਹੀ ਜ਼ਿਆਦਾ ਸਵਾਲ ਸਾਹਮਣੇ ਆਉਣਗੇ।

# ਪੰਥਕ ਸਿਧਾਂਤਾਂ, ਰਵਾਇਤਾਂ ਤੇ ਪੰਜਾਬ ਨੂੰ ਸਮਰਪਿਤ ਹੋਵੇਗਾ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ: ਢੀਂਡਸਾ

ਸੰਗਰੂਰ, 21 ਜੁਲਾਈ (ਚ.ਨ.ਸ): ਸਾਬਕਾ ਵਿੱਤ ਮੰਤਰੀ ਤੇ ਅਕਾਲੀ ਆਗੂ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਹੈ ਕਿ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ 21 ਤੋਂ 30 ਜੁਲਾਈ ਤੱਕ ਮੀਟਿੰਗਾਂ ਕਰ ਕੇ ਜ਼ਿਲ੍ਹਾ ਅਤੇ ਸਟੇਟ ਡੈਲੀਗੇਟਾਂ ਦੀ ਚੋਣ ਕੀਤੀ ਜਾਵੇਗੀ। ਇਸ ਤੋਂ ਬਾਅਦ 11 ਅਗਸਤ ਨੂੰ ਅੰਮ੍ਰਿਤਸਰ ਵਿੱਚ ਹੋਣ ਵਾਲੇ ਜਨਰਲ ਇਜਲਾਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਚੋਣ ਹੋਵੇਗੀ ਅਤੇ ਨਵਾਂ ਪ੍ਰਧਾਨ ਪੰਥਕ ਸਿਧਾਂਤਾਂ, ਰਵਾਇਤਾਂ ਅਤੇ ਪੰਜਾਬ ਨੂੰ ਸਮਰਪਿਤ ਹੋਵੇਗਾ। ਅੱਜ ਪਰਮਿੰਦਰ ਸਿੰਘ ਢੀਂਡਸਾ ਨੇ ਅਕਾਲੀ ਸੋਚ ਨੂੰ ਪ੍ਰਫੁੱਲਤ ਕਰਨ ਦਾ ਇਰਾਦਾ ਰੱਖਣ ਵਾਲੇ ਆਗੂਆਂ ਅਤੇ ਵਰਕਰਾਂ ਨੂੰ ਡੈਲੀਗੇਟ ਇਜਲਾਸਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪੁੱਜਣ ਦੀ ਅਪੀਲ ਕਰਦਿਆਂ ਕਿਹਾ ਕਿ ਅਕਾਲੀ ਸੋਚ ਨੂੰ ਪਿਆਰ ਕਰਨ ਵਾਲੇ ਸਮੂਹ ਮੈਂਬਰਾਂ ਦੀ



ਰਾਇ ਸਦਕਾ ਪੰਥਕ ਸਿਧਾਂਤਾਂ, ਰਵਾਇਤਾਂ ਤੇ ਪੰਜਾਬ ਨੂੰ ਸਮਰਪਿਤ ਯੋਗ ਪ੍ਰਧਾਨ ਬਣੇਗਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸੁਰਜੀਤੀ ਲਈ ਬਣਾਈ ਗਈ ਭਰਤੀ ਕਮੇਟੀ ਵੱਲੋਂ ਮੈਂਬਰਸ਼ਿਪ ਮੁਕੰਮਲ ਕਰ ਲਈ ਗਈ ਹੈ ਅਤੇ ਹੁਣ 21 ਤੋਂ 30 ਜੁਲਾਈ ਤੱਕ ਸੂਬੇ ਭਰ ਵਿੱਚ ਮੀਟਿੰਗਾਂ ਕਰ ਕੇ ਜ਼ਿਲ੍ਹਾ ਅਤੇ ਸੂਬਾ ਡੈਲੀਗੇਟ ਚੁਣੇ ਜਾਣਗੇ ਜਿਸ ਤੋਂ ਬਾਅਦ 11 ਅਗਸਤ ਨੂੰ ਹੋਣ ਵਾਲੇ ਜਨਰਲ ਇਜਲਾਸ ਵਿੱਚ ਨਵੇਂ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਹੋਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰਦਿਆਂ ਸਮੁੱਚੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ। ਸ੍ਰੀ ਢੀਂਡਸਾ ਨੇ ਦੱਸਿਆ ਕਿ ਪੰਜ ਮੈਂਬਰੀ ਭਰਤੀ ਕਮੇਟੀ ਦੀਆਂ ਹਦਾਇਤਾਂ ਅਨੁਸਾਰ 21 ਜੁਲਾਈ ਨੂੰ ਹਲਕਾ ਅਮਰਗੜ੍ਹ ਵਿੱਚ ਅਤੇ ਹਲਕਾ ਮਾਲੇਰਕੋਟਲਾ ਵਿੱਚ, 22 ਜੁਲਾਈ ਨੂੰ ਹਲਕਾ ਧੂਰੀ, ਹਲਕਾ ਸੁਨਾਮ ਅਤੇ ਹਲਕਾ ਸੰਗਰੂਰ ਵਿੱਚ ਅਤੇ 23 ਜੁਲਾਈ ਨੂੰ ਹਲਕਾ ਦਿੜ੍ਹਬਾ ਅਤੇ ਹਲਕਾ ਮੂਨਕ ਵਿੱਚ ਡੈਲੀਗੇਟ ਇਜਲਾਸ ਹੋ ਰਹੇ ਹਨ। ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ 'ਤੇ ਅਕਾਲੀ ਦਲ ਦੀ ਸੁਰਜੀਤੀ ਲਈ ਹੋਣ ਵਾਲੇ ਡੈਲੀਗੇਟ ਇਜਲਾਸਾਂ ਵਿੱਚ ਸਹਿਯੋਗ ਦਿੱਤਾ ਜਾਵੇ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਬਣ ਕੇ ਸਾਹਮਣੇ ਆਵੇ।

# ਈਰਾਨ ਦੀ ਸਭ ਤੋਂ ਵੱਡੀ ਤੇਲ ਰਿਫਾਇਨਰੀ 'ਚ ਲੱਗੀ ਅੱਗ

ਤਹਿਰਾਨ, 21 ਜੁਲਾਈ (ਚ.ਨ.ਸ.): ਇਰਾਨ ਦੇ ਦੱਖਣ-ਪੱਛਮੀ ਹਿੱਸੇ 'ਚ ਮੁਲਕ ਦੀ ਸਭ ਤੋਂ ਪੁਰਾਣੀ ਤੇ ਵੱਡੀ ਤੇਲ ਰਿਫਾਇਨਰੀ ਵਿੱਚ ਅੱਗ ਲੱਗਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ।



ਜਾਣਕਾਰੀ ਅਨੁਸਾਰ ਅਬਦਾਨ ਰਿਫਾਇਨਰੀ 'ਚ ਇੱਕ ਲੀਕ ਹੋਏ ਪੰਪ ਦੀ ਮੁਰੰਮਤ ਦੌਰਾਨ ਅੱਗ ਲੱਗੀ ਦੱਸੀ ਜਾ ਰਹੀ ਹੈ। ਇਸ ਹਾਦਸੇ 'ਚ ਰਿਫਾਇਨਰੀ ਦੇ ਇੱਕ ਕਾਮੇ ਦੀ ਮੌਤ ਹੋ ਗਈ ਹੈ। ਅੱਗ ਬੁਝਾਊ ਦਸਤਿਆਂ ਨੇ ਦੋ ਘੰਟਿਆਂ 'ਚ ਅੱਗ 'ਤੇ ਕਾਬੂ ਪਾ ਲਿਆ। ਈਰਾਨ ਦੀ ਸੰਸਦ ਦੇ ਡਿਪਟੀ ਸਪੀਕਰ ਅਲੀ ਨਿਕਜ਼ਾਦ ਨੇ ਕੁਝ ਮਜ਼ਦੂਰਾਂ ਦੇ ਜ਼ਖ਼ਮੀ ਹੋਣ ਦਾ ਵੀ ਪ੍ਰਗਟਾਵਾ ਕੀਤਾ ਹੈ। ਅਬਦਾਨ ਰਿਫਾਇਨਰੀ ਈਰਾਨ ਦੀ ਰਾਜਧਾਨੀ ਤਹਿਰਾਨ ਤੋਂ 670 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ। ਇਹ ਰਾਜ ਦੀ ਸਭ ਤੋਂ ਵੱਡੀ ਰਿਫਾਇਨਰੀ ਹੈ ਜੋ ਮੁਲਕ ਦੇ 25 ਫ਼ੀਸਦ ਤੇਲ ਦਾ ਉਤਪਾਦਨ ਕਰਦੀ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਸ਼ਾ ਮੁਕਤ ਸਮਾਜ ਦੀ ਸਿਰਜਣਾ 'ਚ ਅਹਿਮ ਯੋਗਦਾਨ ਪਾਵੇਗੀ: ਗੈਰੀ ਬੜਿੰਗ



ਅਮਲੋਹ, 21 ਜੁਲਾਈ (ਜਸਵੰਤ ਸਿੰਘ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਤਹਿਤ ਅਮਲੋਹ ਦੇ ਵਾਰਡ ਨੰਬਰ 8 ਵਿਖੇ ਜਾਗਰੂਕਤਾ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਨਸ਼ਾ ਮੁਕਤੀ ਯਾਤਰਾ ਅਧੀਨ ਵਾਰਡਾਂ ਵਿੱਚ ਕਾਰਜਸ਼ੀਲ ਕਮੇਟੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਲਈ ਇਕਜੁੱਟ ਕਰਨਾ ਹੈ। ਉਨ੍ਹਾਂ ਕਿਹਾ ਕਿ ਗਲਤ ਸੰਗਤ ਵਿੱਚ ਪੈ ਕੇ ਨਸ਼ਿਆਂ ਦਾ ਸ਼ਿਕਾਰ ਹੋਏ ਵਿਅਕਤੀਆਂ ਨੂੰ ਤੰਦਰੁਸਤ ਕਰਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਵੀ ਸਰਗਰਮ ਪੱਧਰ ਉੱਤੇ ਉਪਰਾਲੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਿਲਾਫ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਵਾਰਡ ਵਾਸੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਵੀ ਦਿਵਾਇਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸਿਕੰਦਰ ਸਿੰਘ ਗੋਗੀ, ਕੌਂਸਲਰ ਲਵਪ੍ਰੀਤ ਸਿੰਘ ਲਵੀ, ਕੌਂਸਲਰ ਜਗਤਾਰ ਸਿੰਘ, ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਭੁਪਿੰਦਰ ਸਿੰਘ ਮਿੰਟੂ, ਰਣਜੀਤ ਸਿੰਘ ਪਨਾਗ, ਇਕਬਾਲ ਰਾਏ ਅੰਨ੍ਹੀਆਂ, ਮੋਨੀ ਪੰਡਤ, ਸੰਨੀ ਮਾਹੀ, ਪਾਲੀ ਅਰੋੜਾ, ਰਣਧੀਰ ਸਿੰਘ ਨਰਾਇਣਗੜ੍ਹ, ਅਮਰਜੀਤ ਸਿੰਘ ਧੀਮਾਨ, ਜਗਦੇਵ ਸਿੰਘ ਤੇ ਗਗਨਦੀਪ ਸਿੰਘ ਆਦਿ ਨੇ ਵੀ ਵਿਚਾਰ ਪੇਸ਼ ਕੀਤੇ।

# ਨਸ਼ਿਆਂ ਦਾ ਤਿਆਗ ਕਰ ਰਹੇ ਲੋਕਾਂ ਨੂੰ ਸਵੈ-ਰੁਜ਼ਗਾਰ ਦੇ ਸਮਰੱਥ ਬਣਾਉਣ ਲਈ ਕਿੱਤਾ ਮੁਖੀ ਕੋਰਸ ਦੀ ਸਿਖਲਾਈ ਦਿੱਤੀ

ਮੰਡੀ ਗੋਬਿੰਦਗੜ੍ਹ, 21 ਜੁਲਾਈ (ਸੂਦ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਿੱਥੇ ਨਸ਼ਾ ਤਸਕਰਾਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਨਸ਼ਿਆਂ ਦਾ ਤਿਆਗ ਕਰਨ ਵਾਲਿਆਂ ਨੂੰ ਸਮਾਜ



ਅੰਦਰ ਮੁੜ ਤੋਂ ਬਿਹਤਰ ਜ਼ਿੰਦਗੀ ਬਤੀਤ ਕਰਨ ਦਾ ਮੌਕਾ ਦੇਣ ਲਈ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਸਰਕਾਰੀ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਬ੍ਰਾਹਮਣ ਮਾਜਰਾ ਸਰਹਿੰਦ ਵਿਖੇ ਨਸ਼ੇ ਦਾ ਤਿਆਗ ਕਰਨ ਵਾਲਿਆਂ ਨੂੰ ਕਿੱਤਾ ਮੁਖੀ ਕੋਰਸ ਦੇ ਸਰਟੀਫਿਕੇਟ ਵੰਡਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਅਗਵਾਈ ਹੇਠ ਬ੍ਰਾਹਮਣ ਮਾਜਰਾ ਦੇ ਮੁੜ ਵਸੇਬਾ ਕੇਂਦਰ ਵਿਖੇ ਸਟੇਟ ਬੈਂਕ ਆਫ ਇੰਡੀਆ ਦੀ ਦਿਹਾਤੀ ਸਵੈ-ਰੋਜ਼ਗਾਰ ਸਿਖਲਾਈ ਸੰਸਥਾ ਆਰਸੇਟੀ ਵੱਲੋਂ 'ਫਾਸਟ ਫੂਡ ਸਟਾਲ ਆਪਰੇਟਰ' ਨਾਮਕ ਵਿਸ਼ੇਸ਼ ਹੁਨਰ ਸਿਖਲਾਈ ਕੋਰਸ ਚਲਾਇਆ ਗਿਆ। ਇਹ ਸਿਖਲਾਈ ਕੋਰਸ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਪੰਜਾਬ ਹੁਨਰ ਵਿਕਾਸ ਮਿਸ਼ਨ ਅਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਚਲਾਇਆ ਗਿਆ ਜਿਸ ਵਿੱਚ ਇਨ੍ਹਾਂ ਨੂੰ 12 ਦਿਨਾਂ ਸਿਖਲਾਈ ਦਿੱਤੀ ਗਈ। ਸ੍ਰੀ ਧਾਲੀਵਾਲ ਨੇ ਦੱਸਿਆ ਕਿ ਇਸ ਕੋਰਸ ਦਾ ਉਦੇਸ਼, ਨਸ਼ਾ ਪੀੜਤਾਂ ਨੂੰ ਜੀਵਨ ਵਿਚ ਨਵੀਂ ਸ਼ੁਰੂਆਤ ਲਈ ਤਿਆਰ ਕਰਨਾ ਅਤੇ ਰੋਜ਼ਗਾਰ ਯੋਗ ਬਣਾਉਣਾ ਸੀ। ਉਨ੍ਹਾਂ ਸਿਖਿਆਰਥੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਸਰਟੀਫਿਕੇਟ ਵੰਡੇ। ਉਨ੍ਹਾਂ ਜ਼ੇਰੇ ਇਲਾਜ ਨੂੰ ਤੰਦਰੁਸਤ ਹੋਣ ਮਗਰੋਂ ਸਰਕਾਰੀ ਸਕੀਮਾਂ ਦਾ ਲਾਭ ਲੈਂਦੇ ਹੋਏ ਜੀਵਨ ਵਿੱਚ ਨਵਾਂ ਅਧਿਆਇ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਰੋਜ਼ਗਾਰ ਅਫਸਰ ਹਰਪ੍ਰੀਤ ਸਿੰਘ ਸਿੱਧੂ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਮੁਕੇਸ਼ ਕੁਮਾਰ ਸੈਣੀ, ਜ਼ਿਲ੍ਹਾ ਪਲੇਸਮੈਂਟ ਅਫਸਰ ਜਸਵਿੰਦਰ ਸਿੰਘ, ਕੈਰੀਅਰ ਕੌਂਸਲਰ ਹਰਮਨਦੀਪ ਸਿੰਘ, ਜ਼ਿਲ੍ਹਾ ਹੁਨਰ ਵਿਕਾਸ ਮੈਨੇਜਰ ਮੁਕੇਸ਼ ਕੁਮਾਰ ਅਤੇ ਜ਼ਿਲ੍ਹਾ ਥੀਮੈਟਿਕ ਐਕਸਪਰਟ ਅਮਰਿੰਦਰ ਸਿੰਘ ਆਦਿ ਹਾਜ਼ਰ ਸਨ।

# ਚੋਰਾਂ ਨੇ ਡਾਕਟਰ ਦੇ ਕਲੀਨਿਕ ਨੂੰ ਬਣਾਇਆ ਨਿਸ਼ਾਨਾ, 50 ਹਜ਼ਾਰ ਦੀ ਨਗਦੀ ਲੈਕੇ ਹੋਏ ਫਰਾਰ

ਮੱਲਾਂ ਵਾਲਾ, 21 ਜੁਲਾਈ (ਹਰਪਾਲ ਸਿੰਘ ਖਾਲਸਾ/ਇੰਦਰਜੀਤ ਸਿੰਘ ਸੰਧੂ): ਸਥਾਨਕ ਕਸਬੇ 'ਚ ਚੋਰਾਂ





ਨੇ ਇਕ ਡਾਕਟਰ ਦੇ ਕਲੀਨਿਕ ਦੀ ਦੁਕਾਨ ਦਾ ਸ਼ਟਰ ਤੋੜ ਕੇ ਉਸ 'ਚੋਂ 50 ਹਜ਼ਾਰ ਨਕਦੀ ਚੋਰੀ ਕਰ ਲਈ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਡਾ. ਦੀਪਕ ਅਰੋੜਾ ਨੇ ਦੱਸਿਆ ਕਿ ਬੀਤੀ ਰਾਤ ਚੋਰਾਂ ਨੇ ਉਸ ਦੀ ਦੁਕਾਨ ਦਾ ਸ਼ਟਰ ਤੋੜ ਦੁਕਾਨ ਅੰਦਰ ਦਾਖਲ ਹੋ ਗਏ ਸਨ ਤੇ ਦੁਕਾਨ ਦੇ ਅੰਦਰੋਂ ਦਰਾਜ ਵਿੱਚੋਂ 50 ਹਜ਼ਾਰ ਨਗਦੀ ਚੋਰੀ ਕਰਕੇ ਫਰਾਰ ਹੋ ਗਏ ਹਨ। ਜਿਸਦੀ ਪੂਰੀ ਵਾਰਦਾਤ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ ਹੈ। ਉਨ੍ਹਾਂ ਨੇ ਥਾਣਾ ਮੱਲਾਂ ਵਾਲਾ ਵਿਖੇ ਦਰਖ਼ਾਸਤ ਦੇ ਕੇ ਚੋਰਾਂ ਦੀ ਭਾਲ ਕਰਨ ਦੀ ਮੰਗ ਕੀਤੀ ਹੈ ਕਿ ਚੋਰਾਂ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ ਅਤੇ ਬਣਦੀ ਕਾਰਵਾਈ ਕੀਤੀ ਜਾਵੇ। ਉਧਰ ਚੋਰੀ ਦੀ ਘਟਨਾ ਸਬੰਧੀ ਸੂਚਨਾ ਮਿਲਦਿਆਂ ਹੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਕਾਮਯਾਬ ਕਰਨਾ ਤੇ ਸੂਬੇ ਦਾ ਚਹੁੰਪੱਖੀ ਵਿਕਾਸ ਕਰਨਾ ਸਰਕਾਰ ਦਾ ਪਹਿਲਾ ਟੀਚਾ: ਪ੍ਰੋ. ਜੀ.ਐੱਸ. ਮੁਲਤਾਨੀ



ਮੁਕੇਰੀਆਂ, 21 ਜੁਲਾਈ (ਧਰਮ ਚੰਦ): ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਆ ਕੇ ਆਤਮ ਨਿਰਭਰ, ਖੁਸ਼ਹਾਲ ਬਣਾਉਣ ਅਤੇ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸਰਕਾਰ ਵੱਲੋਂ ਛੇੜੀ ਮੁਹਿੰਮ ਨੂੰ ਕਾਮਯਾਬ ਬਣਾਉਣਾ ਭਗਵੰਤ ਸਰਕਾਰ ਦਾ ਪਹਿਲਾ ਟੀਚਾ ਹੈ। ਉਕਤ ਗੱਲਾਂ ਦਾ ਪ੍ਰਗਟਾਵਾ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰੋਫੈਸਰ ਜੀ. ਐਸ ਮੁਲਤਾਨੀ ਨੇ ਉਪ ਮੰਡਲ ਦੇ ਪਿੰਡ ਰਾਜਪੁਰ ਗੜੀ ਵਿਖੇ ਪਿੰਡ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਇਸ ਤੋਂ ਪਹਿਲਾਂ ਪਿੰਡ ਪਹੁੰਚਣ 'ਤੇ ਪਿੰਡ ਦੀ ਸਰਪੰਚ ਅੰਜੂ ਬਾਲਾ, ਮਲਕੀਤ ਸਿੰਘ, ਨੰਬਰਦਾਰ ਸੁਖਦੇਵ ਸਿੰਘ, ਸ਼ੋਭਾ ਰਾਣੀ, ਬਲਜਿੰਦਰ ਕੌਰ, ਹਰਪ੍ਰੀਤ ਸਿੰਘ ਮੈਂਬਰ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਆਪ ਸਰਕਾਰ ਵੱਲੋਂ ਨਸ਼ਾ ਵਿਰੋਧੀ ਛੇੜੀ ਗਈ ਮੁਹਿੰਮ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ। ਇਸ ਤੋਂ ਬਾਅਦ ਆਪਣੇ ਸੰਬੋਧਨ ਵਿੱਚ ਪ੍ਰੋਫੈਸਰ ਮੁਲਤਾਨੀ ਨੇ ਕਿਹਾ ਕਿ ਸੂਬੇ ਦਾ ਕੋਈ ਵੀ ਕੰਮ ਉੱਥੋਂ ਦੇ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਪੂਰਾ ਨਹੀਂ ਹੋ ਸਕਦਾ। ਭਾਵੇਂ ਉਹ ਵਿਕਾਸ ਦਾ ਹੋਵੇ, ਸਮਾਜ ਅੰਦਰ ਫੈਲੀਆਂ ਕੁਰੀਤੀਆਂ ਨੂੰ ਦੂਰ ਕਰਨ ਜਾਂ ਫਿਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨਾ ਹੋਵੇ, ਇਸ ਤੋਂ ਇਹ ਸਾਫ ਹੋ ਗਿਆ ਹੈ ਕਿ ਲੋਕ ਸਾਫ ਸੁਥਰੀ ਸਰਕਾਰ ਅਤੇ ਖੁਸ਼ਹਾਲ ਸਮਾਜ ਦੇ ਨਾਲ ਨਾਲ ਸੂਬੇ ਦਾ ਵਿਕਾਸ ਵੀ ਚਾਹੁੰਦੇ ਹਨ। ਜੋ ਕਿ ਭਗਵੰਤ ਸਰਕਾਰ ਦਾ ਪਹਿਲਾ ਸੁਪਨਾ ਹੈ। ਸਰਕਾਰ ਵੱਲੋਂ ਜੋ ਵੀ ਵਾਅਦਾ ਕੀਤਾ ਗਿਆ ਸੀ ਸਰਕਾਰ ਪੂਰੀ ਤਰ੍ਹਾਂ ਨਾਲ ਉਸ ਉਪਰ ਖਰੀ ਉਤਰੀ ਹੈ ਅਤੇ ਇਸ ਕੰਮ ਵਿੱਚ ਕਿਸੇ ਪ੍ਰਕਾਰ ਦਾ ਕੋਈ ਵੀ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਕੇ ਹੀ ਦਮ ਲਵੇਗੀ।

# 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਇੱਕ ਨਵੀਂ ਪਹਿਲ ਸ਼ੁਰੂ

ਹੁਸ਼ਿਆਰਪੁਰ, 21 ਜੁਲਾਈ (ਪਰਮਿੰਦਰ ਘੁੰਮਣ): ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਤੇ ਰੈੱਡ ਕ੍ਰਾਸ ਸੁਸਾਇਟੀ ਨੇ ਮਾਤਾ ਚਿੰਤਪੁਰਨੀ ਮੇਲੇ ਨੂੰ ਵਾਤਾਵਰਨ ਦੇ ਅਨੁਕੂਲ ਤੇ 100 ਫੀਸਦੀ ਪਲਾਸਟਿਕ ਮੁਕਤ ਬਣਾਉਣ ਲਈ 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਇਕ ਨਵੀਂ ਪਹਿਲ ਸ਼ੁਰੂ ਕੀਤੀ ਹੈ। ਇਹ ਮੇਲਾ 25 ਜੁਲਾਈ ਤੋਂ 4 ਅਗਸਤ 2025 ਤੱਕ ਆਯੋਜਿਤ ਹੋਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਮੁਹਿੰਮ ਦਾ ਐਲਾਨ ਕਰਦਿਆਂ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼, ਸਮਾਜ ਸੇਵਕਾਂ ਅਤੇ ਵਿਅਕਤੀਗਤ ਚੇਂਜਮੇਕਰਸ ਤੋਂ ਇਸ ਪਵਿੱਤਰ ਮੇਲੇ ਨੂੰ ਵਾਤਾਵਰਨ ਸੁਰੱਖਿਆ ਦਾ ਪ੍ਰਤੀਕ ਬਣਾਉਣ ਵਿਚ ਸਹਿਯੋਗ ਕਰਨ ਦੀ ਅਪੀਲ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਮਾਤਾ ਚਿੰਤਪੁਰਨੀ ਮੇਲਾ ਸਾਡੀ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਦਾ ਅਨਿੱਖੜਵਾਂ ਅੰਗ ਹੈ। ਇਸ ਵਾਰ 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਮੇਲੇ ਨੂੰ ਪਲਾਸਟਿਕ ਪ੍ਰਦੂਸ਼ਣ ਤੋਂ ਮੁਕਤ ਕਰਨ ਦਾ ਸੰਕਲਪ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਸ ਮੇਲੇ ਨੂੰ ਨਾ ਸਿਰਫ਼ ਅਧਿਆਤਮਿਕ ਤੌਰ 'ਤੇ ਪਵਿੱਤਰ ਬਣਾਉਣਾ ਹੈ, ਸਗੋਂ ਵਾਤਾਵਰਨ ਦੇ ਦ੍ਰਿਸ਼ਟੀਕੋਣ ਤੋਂ ਵੀ ਇਸ ਨੂੰ ਸਾਫ਼ ਅਤੇ ਸ਼ੁੱਧ ਰੱਖਣਾ ਹੈ। ਇਸ ਮੁਹਿੰਮ ਵਿਚ ਸਾਰੇ ਗੈਰ-ਸਰਕਾਰੀ ਸੰਗਠਨਾਂ, ਵਲੰਟੀਅਰਾਂ ਅਤੇ ਸਮਾਜ ਦੇ ਜਾਗਰੂਕ ਨਾਗਰਿਕਾਂ ਤੋਂ ਸਰਗਰਮ ਸਹਿਯੋਗ ਦੀ ਉਮੀਦ ਹੈ। ਉਨ੍ਹਾਂ ਨੂੰ ਸ਼ਿਫਟਾਂ ਦੇ ਹਿਸਾਬ ਨਾਲ ਆਦਮਵਾਲ ਤੋਂ ਲੈ ਕੇ ਹੁਸ਼ਿਆਰਪੁਰ ਸਰਹੱਦ ਤੱਕ ਲੰਗਰਾਂ ਵਿਚ ਨਿਯੁਕਤ ਕੀਤਾ ਜਾਵੇਗਾ। ਇਹ ਵਲੰਟੀਅਰ ਇਸ ਦੌਰਾਨ ਸਟਾਲਾਂ ਅਤੇ ਲੰਗਰ ਪੰਡਾਲਾਂ ਦੀ ਨਿਯਮਿਤ ਸਫ਼ਾਈ ਦੀ ਨਿਗਰਾਨੀ, 100 ਫੀਸਦੀ ਪਲਾਸਟਿਕ-ਮੁਕਤ ਪੰਡਾਲ ਯਕੀਨੀ ਬਣਾਉਣ, ਸ਼ਰਧਾਲੂਆਂ ਨੂੰ ਨੋ-ਪਲਾਸਟਿਕ ਨੀਤੀ ਦੇ ਪ੍ਰਤੀ ਜਾਗਰੂਕ ਕਰਨ, ਕਚਰਾ ਪ੍ਰਬੰਧਨ ਵਿਚ ਸਹਿਯੋਗ ਕਰਨ ਅਤੇ 10 ਦਿਨਾਂ ਤੱਕ ਸਭ ਤੋਂ ਵਧੀਆ ਸਟਾਲਾਂ ਦੀ ਨਿਯਮਿਤ ਰਿਪੋਰਟਿੰਗ ਕਰਨਗੇ।

# ਰਿਮਟ ਯੂਨੀਵਰਸਿਟੀ ਵਿਖੇ ਮੂਡਲ 'ਤੇ ਫੈਕਲਟੀ ਵਿਕਾਸ ਪ੍ਰੋਗਰਾਮ ਸ਼ੁਰੂ

ਮੰਡੀ ਗੋਬਿੰਦਗੜ੍ਹ, 21 ਜੁਲਾਈ (ਸੂਦ): ਰਿਮਟ ਯੂਨੀਵਰਸਿਟੀ ਦੇ ਇੰਜੀਨੀਅਰਿੰਗ ਅਤੇ ਤਕਨਾਲੋਜੀ ਸਕੂਲ ਨੇ ਰਿਮਟ ਯੂਨੀਵਰਸਿਟੀ ਦੇ ਇੰਟਰਨਲ ਕੁਆਲਿਟੀ ਅਸ਼ੋਰੈਂਸ ਸੈੱਲ ਦੇ ਸਹਿਯੋਗ ਨਾਲ 'ਮੂਡਲ: ਦ ਲਰਨਿੰਗ ਮੈਨੇਜਮੈਂਟ ਸਿਸਟਮ' 'ਤੇ ਦੋ-ਹਫ਼ਤੇ ਦਾ ਫ਼ੈਕਲਟੀ ਪ੍ਰੋਗਰਾਮ ਸੁਰੂ ਹੋ ਗਿਆ, ਜਿਸ ਦਾ ਉਦਘਾਟਨ ਅਤੇ ਓਰੀਐਂਟੇਸ਼ਨ ਸੈਸ਼ਨ ਸ਼੍ਰੀ ਤਨਵੀਰ ਸਿੰਘ ਸਪੋਕਨ ਟਿਊਟੋਰੀਅਲ ਪ੍ਰੋਜੈਕਟ, ਆਈਆਈਟੀ ਮੁੰਬਈ ਦੇ ਪ੍ਰੋਜੈਕਟ ਮੈਨੇਜਰ ਦੁਆਰਾ ਸੰਚਾਲਿਤ ਕੀਤਾ ਗਿਆ। ਸ਼੍ਰੀ ਸਿੰਘ ਨੇ ਅੱਜ ਦੀ ਸਿੱਖਿਆ ਪ੍ਰਣਾਲੀ ਵਿੱਚ ਮੂਡਲ ਦੀ ਮਹੱਤਤਾ ਬਾਰੇ ਦੱਸਿਆ ਅਤੇ ਇਹ ਉਜਾਗਰ ਕੀਤਾ ਕਿ ਇਹ ਕਿਵੇਂ ਇੱਕ ਸ਼ਕਤੀਸ਼ਾਲੀ ਲਰਨਿੰਗ ਮੈਨੇਜਮੈਂਟ ਸਿਸਟਮ ਵਜੋਂ ਕੰਮ ਕਰਦਾ ਹੈ ਜੋ ਅਧਿਆਪਕਾਂ ਨੂੰ ਸਮੱਗਰੀ ਪ੍ਰਦਾਨ ਕਰਨ, ਉਨ੍ਹਾਂ ਦਾ ਮੁਲਾਂਕਣ ਕਰਨ, ਪ੍ਰਗਤੀ ਨੂੰ ਟਰੈਕ ਕਰਨ ਅਤੇ ਡਿਜੀਟਲ ਵਾਤਾਵਰਣ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਸੰਚਾਰ ਕਰਨ ਵਿੱਚ ਮਦਦ ਕਰਦਾ ਹੈ। ਉਨ੍ਹਾਂ ਦੱਸਿਆ ਕਿ ਮਿਸ਼ਰਤ ਸਿੱਖਿਆ ਨੂੰ ਸਮਰਥਨ ਦੇਣ ਲਈ ਮੂਡਲ ਦੀ ਵਰਤੋਂ



ਦੁਨੀਆ ਭਰ ਵਿੱਚ ਵਿਆਪਕ ਤੌਰ 'ਤੇ ਕੀਤੀ ਜਾਂਦੀ ਹੈ। ਇਸ ਰਾਹੀਂ ਫੈਕਲਟੀ ਅਧਿਐਨ ਸਮੱਗਰੀ ਅਪਲੋਡ ਕਰ ਸਕਦੀ ਹੈ, ਕਵਿਜ਼ ਕਰ ਸਕਦੀ ਹੈ, ਅਸਾਈਨਮੈਂਟਾਂ ਦਾ ਪ੍ਰਬੰਧਨ ਕਰ ਸਕਦੀ ਹੈ ਅਤੇ ਔਨਲਾਈਨ ਸ਼ਮੂਲੀਅਤ ਕਰ ਸਕਦੀ ਹੈ, ਜਿਸ ਨਾਲ ਸਿੱਖਿਆ-ਸਿਖਲਾਈ ਪ੍ਰਕਿਰਿਆ ਵਧੇਰੇ ਪਹੁੰਚਯੋਗ ਤੇ ਵਿਦਿਆਰਥੀ-ਕੇਂਦ੍ਰਿਤ ਹੋ ਸਕਦੀ ਹੈ। ਇਹ ਪ੍ਰੋਗਰਾਮ ਯੂਨੀਵਰਸਿਟੀ ਦੇ ਤਕਨੀਕੀ-ਏਕੀਕ੍ਰਿਤ ਸਿੱਖਿਆ ਸ਼ਾਸਤਰ ਵਿੱਚ ਫੈਕਲਟੀ ਯੋਗਤਾ ਨੂੰ ਬਣਾਉਣ ਤੇ ਅਕਾਦਮਿਕ ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ ਚੱਲ ਰਹੇ ਗੁਣਵੱਤਾ ਵਧਾਉਣ ਦੇ ਉਪਰਾਲਿਆਂ ਦੇ ਹਿੱਸੇ ਵਜੋਂ ਡਾ. ਸਤੀਸ਼ ਸੈਣੀ ਡਾਇਰੈਕਟਰ ਆਈ.ਕਿਊ.ਏ.ਸੀ. ਤੇ ਡੀਨ ਇੰਜੀਨੀਅਰਿੰਗ ਵਲੋਂ ਕਰਵਾਇਆ ਜਾ ਰਿਹਾ ਹੈ। ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੀ ਇੱਕ ਪਹਿਲ ਸਪੋਕਨ ਟਿਊਟੋਰਿਅਲਸ, ਆਈਆਈਟੀ ਬੰਬੇ ਦੇ ਸਹਿਯੋਗ ਨਾਲ ਆਯੋਜਿਤ ਐਫਡੀਪੀ ਇੱਕ ਔਨਲਾਈਨ ਪ੍ਰੀਖਿਆ ਦੇ ਨਾਲ ਸਮਾਪਤ ਹੋਵੇਗਾ ਤੇ ਸਫ਼ਲ ਭਾਗੀਦਾਰਾਂ ਨੂੰ ਆਈਆਈਟੀ ਮੁੰਬਈ ਤੋਂ ਪ੍ਰਮਾਣੀਕਰਣ ਮਿਲੇਗਾ। ਡਾ. ਸਤੀਸ਼ ਸੈਣੀ ਨੇ ਯੂਨੀਵਰਸਿਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਚਾਂਸਲਰ ਡਾ. ਬੀ.ਐਸ. ਭਾਟੀਆ, ਉਪ ਕੁਲਪਤੀ ਡਾ. ਬੀ.ਐਸ. ਬਰਾੜ, ਪ੍ਰੋ. ਉਪ ਕੁਲਪਤੀ ਡਾ. ਐਸ.ਸੀ. ਸ਼ਰਮਾ, ਰਜਿਸਟਰਾਰ ਰਾਕੇਸ਼ ਮੋਹਨ ਅਤੇ ਡੀਨ ਅਕਾਦਮਿਕ ਡਾ. ਜੀਵਨਾਨੰਦ ਮਿਸ਼ਰਾ ਆਦਿ ਮੌਜੂਦ ਸਨ।

# ਇਸ਼ਾਨ ਜੁਨੇਜਾ ਕੈਂਸਰ ਕੇਅਰ ਫਾਊਡੇਸ਼ਨ ਵੱਲੋਂ ਇਸ਼ਾਨ ਜੁਨੇਜਾ ਦੀ ਯਾਦ 'ਚ ਦੂਜਾ ਅੱਖਾਂ ਦਾ ਮੁਫ਼ਤ ਜਾਂਚ ਕੈਂਪ



ਜ਼ੀਰਾ, 21 ਜੁਲਾਈ (ਦੀਪਕ ਭਾਰਗੋ): ਜ਼ੀਰਾ ਸ਼ਹਿਰ ਦਾ ਸਮਾਜਸੇਵੀ ਪਰਵਾਰ ਜੁਨੇਜਾ ਪਰਿਵਾਰ, ਜਿਨ੍ਹਾਂ ਵਲੋਂ ਸਮੇਂ ਸਮੇਂ 'ਤੇ ਲੋਕਾਂ ਦੇ ਭਲਾਈ ਦੇ ਕੰਮ ਕੀਤੇ ਜਾਂਦੇ ਹਨ ਤੇ ਆਪਣੇ ਨੌਜਵਾਨ ਬੇਟੇ ਇਸ਼ਾਨ ਦੇ ਇਸ ਫਾਨੀ ਦੁਨੀਆਂ ਤੋਂ ਅਚਾਨਕ ਚਲੇ ਜਾਣ ਕਰਕੇ ਤਰ੍ਹਾਂ ਤਰ੍ਹਾਂ ਦੇ ਕੈਂਪ ਲਗਾਏ ਜਾਂਦੇ ਹਨ, ਜਿਸ ਨਾਲ ਲੋਕਾਂ ਨੂੰ ਲਾਹਾ ਮਿਲ ਸਕੇ। ਇਸੇ ਤਰ੍ਹਾਂ ਇਸ਼ਾਨ ਕੈਂਸਰ ਕੇਅਰ ਫਾਊਡੇਸ਼ਨ ਵੱਲੋਂ ਇਸ਼ਾਨ ਜੁਨੇਜਾ ਦੀ ਯਾਦ ਵਿੱਚ ਦੂਜਾ ਅੱਖਾਂ ਦਾ ਮੁਫਤ ਜਾਂਚ ਕੈਂਪ ਏਕ ਜਰੀਆ ਐੱਨਜੀਓ ਅਨਮੋਲ ਕਵਾਤਰਾ ਦੇ ਸਹਿਯੋਗ ਅਤੇ ਚੇਅਰਮੈਨ ਹਰਜੀਤ ਸਿੰਘ ਸਿੱਧੂ, ਅਮਰਜੀਤ ਕੌਰ ਸਿੱਧੂ ਦੀ ਦੇਖ - ਰੇਖ ਹੇਠ ਪੈਰਾਡਾਈਜ਼ ਪਬਲਿਕ ਸਕੂਲ ਜ਼ੀਰਾ ਵਿਖੇ ਲਗਾਇਆ ਗਿਆ। ਇਸ ਮੌਕੇ ਉੱਘੇ ਸਮਾਜ ਸੇਵੀ ਅਨਮੋਲ ਕਵਾਤਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਆਪ ਦੇ ਯੂਥ ਆਗੂ ਸ਼ੰਕਰ ਕਟਾਰੀਆ, ਚੇਅਰਮੈਨ ਸ਼ਮਿੰਦਰ ਸਿੰਘ ਖਿੰਡਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਇਸ਼ਾਨ ਜੁਨੇਜਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਰਜਿੰਦਰਾ ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰ ਰਜਿੰਦਰ ਸਿੰਘ, ਡਾਕਟਰ ਸੁਖਬੀਰ ਕੌਰ ਗੁਰੂ ਰਾਮਦਾਸ ਹਸਪਤਾਲ, ਇਸ ਮੌਕੇ ਰਜਿੰਦਰਾ ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰ ਰਜਿੰਦਰ ਸਿੰਘ ਡਾਕਟਰ ਸੁਖਬੀਰ ਕੌਰ ਗੁਰੂ ਰਾਮਦਾਸ ਜ਼ੀਰਾ ਦੇ ਡਾਕਟਰ ਗੋਬਿੰਦ ਸਿੰਘ ਡਾਕਟਰ ਸੁਖਜੀਤਵਨ ਸਿੰਘ ਅਤੇ ਪਰਮਿੰਦਰ ਸਿੰਘ ਵੱਲੋਂ ਵੱਖ-ਵੱਖ ਸ਼ਹਿਰਾਂ ਤੋਂ ਆਏ 1200 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਮੁਫਤ ਜਾਂਚ ਕੀਤੀ।

# ਸਿਲਵਰ ਓਕਸ ਸਕੂਲ ਸੇਵੇਵਾਲਾ 'ਚ ਸ਼ੂਟਿੰਗ ਰੇਂਜ ਦਾ ਉਦਘਾਟਨ

ਜੈਤੋ, 21 ਜੁਲਾਈ (ਸੰਜੀਵ ਗੋਇਲ/ ਵਿਪਨ ਗੋਇਲ): ਸਿਲਵਰ ਓਕਸ ਸਕੂਲ ਸੇਵੇਵਾਲਾ, ਜੈਤੋ ਨੇ ਵਿਦਿਆਰਥੀਆਂ ਵਿੱਚ ਹੁਨਰ ਵਿਕਾਸ, ਧਿਆਨ ਕੇਂਦਰਿਤ ਕਰਨ ਅਤੇ ਅਨੁਸ਼ਾਸਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਨਵੀਂ ਸਥਾਪਿਤ ਸ਼ੂਟਿੰਗ ਰੇਂਜ ਦੇ ਸ਼ਾਨਦਾਰ ਉਦਘਾਟਨ ਨਾਲ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ।



ਉਦਘਾਟਨ ਸਮਾਰੋਹ ਵਿੱਚ ਸਕੂਲ ਪ੍ਰਬੰਧਨ ਕਮੇਟੀ ਦੇ ਪ੍ਰਧਾਨ ਸਰੂਪ ਚੰਦ ਸਿੰਗਲਾ, ਸਕੂਲ ਦੇ ਡਾਇਰੈਕਟਰ ਬਰਨਿੰਦਰ ਪਾਲ ਸੇਖੋਂ, ਸਕੂਲ ਦੇ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਅਤੇ ਸਿਲਵਰ ਓਕਸ ਸਕੂਲ ਸਪੋਰਟਸ ਅਕੈਡਮੀ ਦੇ ਮੁਖੀ ਨਵਦੀਪ ਸਿੰਘ ਖੇਡ ਕੁਆਰਡੀਨੇਟਰ ਸ਼ਾਮਲ ਹੋਏ। ਇਸ ਦੇ ਨਾਲ ਸਰੂਪ ਚੰਦ ਸਿੰਗਲਾ ਨੇ ਨਵੀਂ ਬਣਾਈ ਇਮਾਰਤ ਦਾ ਵੀ ਉਦਘਾਟਨ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸਰੂਪ ਚੰਦ ਸਿੰਗਲਾ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਜਿਹੀਆਂ ਸਹੂਲਤਾਂ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸ਼ੂਟਿੰਗ ਰੇਂਜ ਨਾ ਸਿਰਫ ਵਿਦਿਆਰਥੀਆਂ ਦੀ ਸਰੀਰਕ ਅਤੇ ਮਾਨਸਿਕ ਤਾਕਤ ਨੂੰ ਵਧਾਏਗੀ ਬਲਕਿ ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਆਪਣੇ ਸਕੂਲ ਅਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਦੇ ਮੌਕੇ ਵੀ ਪ੍ਰਦਾਨ ਕਰੇਗੀ। ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਸਕੂਲ ਦੀ ਤਰੱਕੀ ਅਤੇ ਇੱਕਵੀਂ ਸਦੀ ਦੀ ਸਿੱਖਿਆ ਦੀਆਂ ਵਿਕਸਿਤ ਹੋ ਰਹੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਾਲੇ ਆਧੁਨਿਕ ਬੁਨਿਆਦੀ ਢਾਂਚੇ ਨੂੰ ਪ੍ਰਦਾਨ ਕਰਨ ਦੀ ਵਚਨ ਬੱਧਤਾ'ਤੇ ਮਾਣ ਪ੍ਰਗਟ ਕੀਤਾ; ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਪ੍ਰਿਅੰਕਾ ਮਹਿਤਾ ਨੇ ਬੜੇ ਮਾਣ ਨਾਲ ਕਿਹਾ ਕਿ ਸਿਲਵਰ ਓਕਸ ਸਕੂਲ ਇਲਾਕੇ ਦਾ ਪਹਿਲਾ ਅਜਿਹਾ ਸਕੂਲ ਹੈ ਜਿਸ ਵਿੱਚ ਸ਼ੂਟਿੰਗ ਰੇਂਜ ਸਥਾਪਿਤ ਕੀਤੀ ਗਈ ਹੈ, ਜੋ ਵਿਦਿਆਰਥੀਆਂ ਨੂੰ ਸ਼ੂਟਿੰਗ ਰੇਂਜ ਵਿੱਚ ਭਾਗ ਲੈਣ ਲਈ ਮੌਕਾ ਪ੍ਰਦਾਨ ਕਰਨ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਰਾਈਫਲ ਸ਼ੂਟਿੰਗ ਸਿੱਖਣ ਦਾ ਅਹਿਮ ਮੌਕਾ ਮਿਲ ਰਿਹਾ ਹੈ।

# ਸਮੁਦਾਇਕ ਸਿਹਤ ਕੇਂਦਰ ਦੇ ਆਯੁਰ ਬਾ.ਗ 'ਚ ਬੂਟੇ ਲਗਾਏ

ਬਾਜਾਖਾਨਾ, 21 ਜੁਲਾਈ (ਅਵਤਾਰ ਸਿੰਘ ਮੱਲਾ): ਮਾਨਯੋਗ ਸਿਹਤ ਮੰਤਰੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੇ ਹੁਕਮਾਂ ਅਧੀਨ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਵਰਿੰਦਰ ਕੁਮਾਰ ਅਤੇ ਪ੍ਰਬੰਧਕੀ ਸੀਨੀਅਰ ਮੈਡੀਕਲ ਅਫ਼ਸਰ ਡਾ. ਪਾਲਕ ਦੀ ਰਹਿਨੁਮਾਈ ਅਧੀਨ ਵਣ ਮਹਾਂਉਤਸਵ ਨੂੰ ਧਿਆਨ ਵਿੱਚ ਰੱਖਦੇ ਹੋਏ ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਦੇ ਆਯੂਰ ਬਾਗ ਵਿੱਚ ਵੱਖ-ਵੱਖ ਰੋਗ ਪ੍ਰਤੀਰੋਧੀ ਗੁਣਾਂ ਵਾਲੇ ਬੂਟੇ ਲਗਾਏ ਗਏ। ਆਈ.ਈ.ਸੀ. ਗਤੀਵਿਧੀਆਂ ਦੇ ਬਲਾਕ ਨੋਡਲ ਅਫ਼ਸਰ ਅਤੇ ਬਲਾਕ ਪ੍ਰਸਾਰ ਸਿੱਖਿਅਕ ਸੋਨਦੀਪ ਸਿੰਘ ਸੰਧੂ ਅਤੇ ਫਲੈਗ ਚਾਵਲਾ ਨੇ ਦੱਸਿਆ ਕਿ ਬਹੁ ਮੰਤਵੀ ਸਿਹਤ ਕਰਮਚਾਰੀ ਚਮਕੌਰ ਸਿੰਘ ਸੇਖੋਂ ਦੇ ਵਿਸ਼ੇਸ਼ ਯਤਨਾਂ ਦੁਆਰਾ ਵੱਖ ਵੱਖ ਪ੍ਰਕਾਰ ਦੇ ਸਿਹਤ ਵਰਧਕ ਗੁਣਾਂ ਵਾਲੇ ਬੂਟੇ ਅੱਜ



ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਵਿੱਚ ਲਗਾਏ ਗਏ। ਇਹਨਾਂ ਵਿੱਚ ਸੁਹੰਜਣਾ, ਸੁਖਚੈਨ, ਗੁਲਾਬ, ਅਰਜੁਨ, ਕੜੀ ਪੱਤਾ, ਜਾਮਣ ਅਤੇ ਆਂਵਲਾ ਆਦਿ ਦਵਾਗੁਣਾਂ ਵਾਲੇ ਰੁੱਖ ਸ਼ਾਮਲ ਹਨ। ਬਹੁਮੰਤਵੀ ਸਿਹਤ ਨਿਰੀਖਕ ਜਗਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਇਹਨਾਂ ਬੂਟਿਆਂ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ ਤਾਂ ਜੋ ਇਹ ਬੂਟੇ ਆਉਣ ਵਾਲੇ ਸਮੇਂ ਵਿੱਚ ਇਸ ਬਾ.ਗ ਦੇ ਸੁਹੱਪਣ ਵਿੱਚ ਵਾਧਾ ਕਰ ਸਕਣ ਅਤੇ ਵਾਤਾਵਰਣ ਦੀ ਸ਼ੁੱਧਤਾ ਲਈ ਯੋਗਦਾਨ ਦੇਣ ਦੇ ਕਾਬਲ ਹੋ ਜਾਣ। ਇਸ ਮੌਕੇ ਪ੍ਰਬੰਧਕੀ ਸੀਨੀਅਰ ਮੈਡੀਕਲ ਅਫ਼ਸਰ ਡਾ. ਪਲਕ ਨੇ ਸਟਾਫ਼ ਮੈਂਬਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਵਿੱਚ ਇਸ ਤਰ੍ਹਾਂ ਦੇ ਦਵਾਗੁਣਾਂ ਵਾਲੇ ਰੁੱਖਾਂ ਦਾ ਮਹੱਤਵ ਬਹੁਤ ਜ਼ਿਆਦਾ ਹੈ ਅਤੇ ਹਰ ਇਕ ਸੰਸਥਾ ਅਤੇ ਘਰਾਂ ਵਿੱਚ ਇਸ ਤਰ੍ਹਾਂ ਦੇ ਰੁੱਖ ਲਗਾਏ ਜਾਣ ਦੀ ਲੋੜ ਹੈ। ਇਸ ਮੌਕੇ ਚੀਫ਼ ਫਾਰਮੇਸੀ ਅਫ਼ਸਰ ਗੋਪਾਲ ਕ੍ਰਿਸ਼ਨ, ਸੀਨੀਅਰ ਸਹਾਇਕ ਮਨੋਹਰ ਸਿੰਘ ਬਰਾੜ, ਜੂਨੀਅਰ ਸਹਾਇਕ ਬਲਕਾਰ ਸਿੰਘ, ਬਰੀਡ ਚੈੱਕਰ ਜਸਵੰਤ ਸਿੰਘ ਅਤੇ ਮਲਕੀਤ ਸਿੰਘ ਆਦਿ ਮੌਜੂਦ ਰਹੇ।

## ਪੰਜਾਬੀ ਭਾਸ਼ਾ ਤੇ ਸੱਭਿਆਚਾਰ ਦੀ ਉਨਤੀ ਲਈ ਨਵੰਬਰ 'ਚ ਤਿੰਨ ਰੋਜ਼ਾ ਰਾਸ਼ਟਰੀ ਪੰਜਾਬੀ ਕਾਨਫਰੰਸ ਕਰਵਾਈ ਜਾਵੇਗੀ

ਸਿਰਸਾ, 21 ਜੁਲਾਈ (ਚ.ਨ.ਸ.): ਹਰਿਆਣਾ ਸਾਹਿਤ ਤੇ ਸੰਸਕ੍ਰਿਤੀ ਅਕਾਦਮੀ ਦੇ ਪੰਜਾਬੀ ਵਿਭਾਗ ਤੇ ਡਾਇਰੈਕਟਰ ਹਰਪਾਲ ਸਿੰਘ ਗਿੱਲ ਤੇ ਅਕਾਦਮੀ ਦੇ ਕਾਰਜਕਾਰੀ ਉਪ-ਚੇਅਰਮੈਨ ਪ੍ਰੋਫੈਸਰ ਕੁਲਦੀਪ ਚੰਦ, ਉਰਦੂ ਸੈੱਲ ਦੇ ਡਾ. ਚੰਦਰ ਤ੍ਰਿਖਾ ਤੇ ਮੈਂਬਰ ਸਕੱਤਰ ਮਨਜੀਤ ਸਿੰਘ ਸਲਾਹਕਾਰ ਕਮੇਟੀ ਮੈਂਬਰ ਡਾ. ਰਤਨ ਸਿੰਘ ਢਿੱਲੋਂ, ਡਾ. ਸੁਦਰਸ਼ਨ ਗਾਸੋ, ਡਾ. ਸਾਹਿਬ ਸਿੰਘ ਅਰਸ਼ੀ, ਪ੍ਰਿੰਸੀਪਲ ਬ੍ਰਿਜ ਭੂਸ਼ਣ ਸ਼ਰਮਾ ਡਾ. ਚਰਨਜੀਤ ਕੌਰ ਤੇ ਲਖਵਿੰਦਰ ਪਾਲ ਸਿੰਘ ਗਰੇਵਾਲ ਸਮੇਤ ਸਾਰੇ ਮੈਂਬਰਾਂ ਵੱਲੋਂ ਫੈਸਲਾ ਲਿਆ ਗਿਆ ਕਿ ਹਰਿਆਣਾ 'ਚ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਦੀ ਉਨਤੀ ਲਈ ਇਸ ਸਾਲ ਨਵੰਬਰ ਮਹੀਨੇ ਵਿੱਚ ਤਿੰਨ ਰੋਜ਼ਾ ਰਾਸ਼ਟਰੀ ਪੰਜਾਬੀ ਕਾਨਫਰੰਸ ਕਰਵਾਈ ਜਾਵੇਗੀ। ਜਿਸ ਵਿੱਚ ਹਰਿਆਣਾ ਤੋਂ ਇਲਾਵਾ ਹੋਰਨਾਂ ਰਾਜਾਂ ਦੀਆਂ ਯੂਨੀਵਰਸਿਟੀਆਂ, ਕਾਲਜਾਂ ਤੇ ਸਾਹਿਤ ਅਕਾਦਮੀਆਂ ਤੋਂ ਬੁੱਧੀਜੀਵੀਆਂ ਤੇ ਵਿਦਵਾਨਾਂ ਦੀ ਰਜਿਸਟ੍ਰੇਸ਼ਨ ਕੀਤੀ ਜਾਵੇਗੀ। ਅਕਾਦਮੀ ਦੇ ਡਾਇਰੈਕਟਰ ਹਰਪਾਲ ਸਿੰਘ ਗਿੱਲ ਨੇ ਕਿਹਾ ਕਿ ਇਸ ਕਾਨਫਰੰਸ ਦਾ ਵਿਸ਼ਾ ਸਾਹਿਤ ਵਿਸ਼ਾ ਪੰਜਾਬੀ ਭਾਸ਼ਾ ਸੱਭਿਆਚਾਰ ਤੇ ਇਤਿਹਾਸ ਹੋਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਸਾਹਿਤ ਅਕਾਦਮੀ ਦੀ ਇਹ ਪੰਜਾਬੀ ਕਾਨਫਰੰਸ ਇਕ ਮੀਲ ਪੱਥਰ ਸਾਬਤ ਹੋਵੇਗੀ। ਇਸ ਮੀਟਿੰਗ ਵਿੱਚ ਪੰਜਾਬੀ ਦੀਆਂ ਉਪ-ਭਾਸ਼ਾਵਾਂ ਪੁਆਧੀ, ਸਰਾਇਕੀ ਆਦਿ ਦੀਆਂ ਰਚਨਾਵਾਂ ਨੂੰ ਸ਼ਬਦ ਬੂੰਦ ਪੱਤਰਕਾ ਵਿੱਚ ਛਾਪਣ ਹਿੱਤ ਸਾਹਿਤਕਾਰਾਂ ਨੂੰ ਆਪਣੀਆਂ ਰਚਨਾਵਾਂ ਭੇਜਣ ਲਈ ਉਤਸ਼ਾਹਿਤ ਕੀਤਾ ਜਾਵੇਗਾ।

## ਪੰਜਾਬ 'ਚ ਪਾਸਪੋਰਟਾਂ ਦੀ ਹਨੇਰੀ ਨੂੰ ਠੱਲ, ਵਿਦੇਸ਼ ਮੰਤਰਾਲੇ ਵੱਲੋਂ ਤਾਜ਼ਾ ਅੰਕੜੇ ਜਾਰੀ

ਚੰਡੀਗੜ੍ਹ, 21 ਜੁਲਾਈ (ਚ.ਨ.ਸ.): ਕੈਨੇਡਾ ਨੇ 'ਸਟੱਡੀ ਵੀਜ਼ਾ' ਦੇਣ ਤੋਂ ਬ੍ਰੇਕ ਭੇਜ ਲਏ ਹਨ, ਜਿਸ ਕਾਰਨ ਪੰਜਾਬ 'ਚ ਪਾਸਪੋਰਟ ਬਣਾਉਣ ਦਾ ਜਨੂੰਨ ਯਕਦਮ ਮੱਠਾ ਪੈ ਗਿਆ ਹੈ। ਲੰਘੇ ਵਰ੍ਹਿਆਂ 'ਚ ਪੰਜਾਬ ਦੇ ਲੋਕਾਂ ਨੇ ਲੱਕ ਬੰਨ੍ਹ ਕੇ ਪਾਸਪੋਰਟ ਬਣਾਏ ਤੇ ਹੁਣ ਪੁਰਾਣਾ ਜੋਸ਼ ਗਾਇਬ ਹੈ। ਖ਼ਾਸ ਕਰਕੇ ਕੈਨੇਡਾ ਸਰਕਾਰ ਵੱਲੋਂ ਦਿਖਾਈ ਸਖ਼ਤੀ ਨੇ ਪੰਜਾਬੀਆਂ ਦੇ ਉਤਸ਼ਾਹ ਨੂੰ ਸੱਟ ਮਾਰੀ ਹੈ। ਕੇਂਦਰੀ ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਤਾਜ਼ਾ ਅੰਕੜੇ ਗਵਾਹੀ ਭਰਦੇ ਹਨ ਕਿ ਜਨਵਰੀ 2025 ਤੋਂ ਜੂਨ 2025 ਦੇ ਛੇ ਮਹੀਨਿਆਂ ਦੌਰਾਨ ਪੰਜਾਬ 'ਚ ਔਸਤਨ ਪ੍ਰਤੀ ਦਿਨ 1978 ਪਾਸਪੋਰਟ ਬਣੇ ਹਨ, ਜਦੋਂ ਕਿ ਸਾਲ 2024 'ਚ ਇਹੋ ਔਸਤ ਪ੍ਰਤੀ ਦਿਨ 2906 ਪਾਸਪੋਰਟਾਂ ਦੀ ਸੀ। ਪੰਜਾਬ ਸਰਕਾਰ ਵੱਲੋਂ 'ਵਤਨ ਵਾਪਸੀ' ਦਾ ਨਾਅਰਾ ਦਿੱਤਾ ਗਿਆ ਸੀ ਤੇ ਹੁਣ 'ਆਪ' ਸਰਕਾਰ ਵਿਦੇਸ਼ ਜਾਣ ਦੇ ਰੁਝਾਨ ਨੂੰ ਠੱਲ੍ਹਣ ਨੂੰ ਆਪਣੀ ਪ੍ਰਾਪਤੀ ਵਜੋਂ ਵੀ ਪੇਸ਼ ਕਰ ਰਹੀ ਹੈ। ਹਕੀਕਤ ਇਹ ਹੈ ਕਿ ਕੈਨੇਡਾ ਸਰਕਾਰ ਸਖ਼ਤੀ ਦੇ ਰਾਹ ਪਈ ਹੈ, ਜਦੋਂ ਕਿ ਪੰਜਾਬ 'ਚੋਂ ਜ਼ਿਆਦਾਤਰ ਵਿਦਿਆਰਥੀ ਕੈਨੇਡਾ ਹੀ ਪੜ੍ਹਨ ਜਾ ਰਹੇ ਸਨ। ਇਸ ਸਾਲ ਦੇ ਪਹਿਲੇ ਛੇ ਮਹੀਨਿਆਂ ਦੌਰਾਨ 3.60 ਲੱਖ ਪਾਸਪੋਰਟ ਹੀ ਬਣੇ ਹਨ ਤੇ ਸਾਲ 2024 ਵਿੱਚ ਇਹ ਅੰਕੜਾ 10.60 ਲੱਖ ਪਾਸਪੋਰਟਾਂ ਦਾ ਸੀ। ਸਾਲ 2023 ਵਿਚ



ਤਾਂ ਇਸ ਰੁਝਾਨ ਦਾ ਸਿਖਰ ਸੀ ਜਦੋਂ ਕਿ ਪ੍ਰਤੀ ਦਿਨ ਔਸਤਨ 3271 ਪਾਸਪੋਰਟ ਬਣੇ ਸਨ। 2023 'ਚ 11.94 ਲੱਖ ਪਾਸਪੋਰਟ ਬਣੇ ਸਨ। ਪੰਜਾਬ 'ਚ ਸਾਲ 2014 ਤੋਂ ਜੂਨ 2025 ਤੱਕ 95.41 ਲੱਖ ਪਾਸਪੋਰਟ ਬਣੇ ਹਨ, ਜਦੋਂ ਕਿ ਪੰਜਾਬ ਦੇ ਘਰਾਂ ਦੀ ਗਿਣਤੀ 65 ਲੱਖ ਹੈ। ਮਤਲਬ ਕਿ ਹਰ ਦੋ ਘਰਾਂ ਪਿੱਛੇ ਤਿੰਨ ਪਾਸਪੋਰਟ ਬਣੇ ਹਨ। ਉਂਝ ਆਬਾਦੀ ਦੇ ਲਿਹਾਜ਼ ਨਾਲ ਹਰ ਤੀਜਾ ਪੰਜਾਬੀ ਪਾਸਪੋਰਟ ਹੋਲਡਰ ਹੈ। ਵਰ੍ਹਾ 2020 ਵਿੱਚ ਪ੍ਰਤੀ ਦਿਨ ਔਸਤਨ 1321 ਪਾਸਪੋਰਟ ਬਣੇ ਸਨ ਤੇ ਸਾਲ 2023 ਵਿੱਚ ਇਹ ਦਰ ਢਾਈ ਗੁਣਾ ਵਾਧੇ ਨੂੰ ਪਾਰ ਕਰ ਗਈ ਸੀ। ਕੈਨੇਡਾ ਵਾਸੀ ਕਮਲਜੀਤ ਸਿੰਘ ਸਿੱਧੂ ਆਖਦੇ ਹਨ ਕਿ ਮੁੱਖ ਦੋ ਕਾਰਨ ਇਸ ਲਈ ਜ਼ਿੰਮੇਵਾਰ ਹਨ। ਪਹਿਲਾ, ਕੈਨੇਡਾ ਸਰਕਾਰ ਵੱਲੋਂ ਕਾਨੂੰਨਾਂ 'ਚ ਸਖ਼ਤੀ ਕਰਨਾ ਤੇ ਦੂਜਾ ਕੈਨੇਡਾ ਵਿੱਚ ਮਹਿੰਗਾਈ ਦਾ ਦੌਰ ਹੋਣ ਕਰਕੇ ਵਿਦਿਆਰਥੀਆਂ ਵੱਲੋਂ ਰੁਜ਼ਗਾਰ ਦੀ ਵੱਡੀ ਸਮੱਸਿਆ ਦਾ ਸਾਹਮਣਾ ਕਰਨਾ। ਵਿਦੇਸ਼ ਤੋਂ ਪਰਤੇ ਵਿਦਿਆਰਥੀ ਇਸ਼ਾਨ ਗਰਗ ਦਾ ਕਹਿਣਾ ਸੀ ਕਿ ਪ੍ਰੋਫ਼ੈਸ਼ਨਲ ਮੁਹਾਰਤ ਵਾਲੇ ਵਿਦਿਆਰਥੀ ਵੀ ਕੈਨੇਡਾ 'ਚ ਸੰਕਟ ਵਿੱਚੋਂ ਗੁਜ਼ਰ ਰਹੇ ਹਨ। ਦੇਖਿਆ ਜਾਵੇ ਤਾਂ ਪੰਜਾਬ 'ਚ ਆਈਲੈਟਸ ਕੇਂਦਰ ਵੀ ਵੱਡੇ ਪੱਧਰ 'ਤੇ ਬੰਦ ਹੋ ਗਏ ਹਨ ਤੇ ਪੇਂਡੂ ਬੱਚਿਆਂ ਲਈ ਜਹਾਜ਼ ਦੀ ਤਾਕੀ ਨੂੰ ਹੱਥ ਪਾਉਣਾ ਕਾਫ਼ੀ ਔਖਾ ਹੋ ਗਿਆ ਹੈ। ਜੀਆਈਸੀ ਫ਼ੀਸ ਹੁਣ ਦੁੱਗਣੀ ਤੋਂ ਵੀ ਵਧਾ ਦਿੱਤੀ ਗਈ ਹੈ ਤੇ ਵਿਦਿਆਰਥੀਆਂ ਲਈ ਫ਼ੰਡਜ਼ ਵੀ ਛੇ ਮਹੀਨੇ ਪੁਰਾਣੇ ਹੋਣ ਦੀ ਸ਼ਰਤ ਲਾਗੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਵੀ ਵੀਜ਼ੇ ਦੇਣੇ ਕਾਫ਼ੀ ਘੱਟ ਕਰ ਦਿੱਤੇ ਹਨ। ਚੰਗਾ ਪੱਖ ਇਹ ਹੈ ਕਿ ਕੈਨੇਡਾ ਦੀ ਸਖ਼ਤੀ ਮਗਰੋਂ ਪੰਜਾਬ ਦੇ ਵਿੱਦਿਅਕ ਅਦਾਰਿਆਂ 'ਚ ਰੌਣਕ ਪਰਤਣ ਲੱਗੀ ਹੈ। ਪੰਜਾਬ 'ਚ ਸਟੱਡੀ ਵੀਜ਼ੇ ਦਾ ਰੁਝਾਨ ਸਾਲ 2016-17 ਵਿੱਚ ਸ਼ੁਰੂ ਹੋਇਆ ਸੀ। ਮੁੱਢਲੇ ਪੜਾਅ 'ਤੇ ਵਿਦਿਆਰਥੀਆਂ 'ਚ ਪਿਆਰ ਹੋਣ ਵਾਲੇ ਵਿਦਿਆਰਥੀਆਂ ਦੇ ਮਾਪੇ ਵੀ ਵਿਦੇਸ਼ ਜਾਣ 'ਚ ਸਫਲ ਹੋ ਗਏ ਤਾਂ ਸਭ ਜਿਸ ਕਰਕੇ ਪਾਸਪੋਰਟਾਂ ਦਾ ਅੰਕੜਾ ਵਧਿਆ ਸੀ। ਉੱਤਰੀ ਭਾਰਤ 'ਚੋਂ ਪੰਜਾਬ ਇਸ ਮਾਮਲੇ 'ਚ ਪਹਿਲੇ ਨੰਬਰ 'ਤੇ ਰਿਹਾ ਹੈ। ਹਰਿਆਣਾ 'ਚ ਵੀ ਇਸ ਵਰ੍ਹੇ ਦੇ ਛੇ ਮਹੀਨਿਆਂ 'ਚ 2.12 ਲੱਖ ਪਾਸਪੋਰਟ ਬਣੇ ਹਨ, ਜਦੋਂ ਕਿ ਸਾਲ 2024 ਵਿੱਚ 5.49 ਲੱਖ ਪਾਸਪੋਰਟ ਬਣੇ ਸਨ।

## ਐੱਮ.ਪੀ.ਏ. ਬਣਾਏ ਜਾਣ ਵਾਲੇ ਗੁਰਪਾਲ ਸਿੰਘ ਅਫਰੀਦੀ ਦੂਜੇ ਪਾਕਿਸਤਾਨੀ ਸਿੱਖ ਨੇ



ਅੰਮ੍ਰਿਤਸਰ, 21 ਜੁਲਾਈ (ਚ.ਨ.ਸ.): ਪਿਸ਼ਾਵਰ ਹਾਈ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਅੱਜ ਗਵਰਨਰ ਹਾਊਸ ਵਿਖੇ ਖ਼ੈਬਰ ਪਖ਼ਤੂਨਖ਼ਵਾ ਅਸੈਂਬਲੀ 'ਚ ਰਾਖਵੀਆਂ ਸੀਟਾਂ 'ਤੇ 25 ਮੈਂਬਰਾਂ ਨੂੰ ਸਹੁੰ ਚੁਕਾਈ ਗਈ। ਘੱਟ ਗਿਣਤੀ ਦੀਆਂ ਰਾਖਵੀਆਂ ਸੀਟਾਂ 'ਤੇ ਸਹੁੰ ਚੁੱਕਣ ਵਾਲਿਆਂ 'ਚ ਪਿਸ਼ਾਵਰੀ ਸਿੱਖ ਆਗੂ ਗੁਰਪਾਲ ਸਿੰਘ ਅਫਰੀਦੀ, ਸੁਰੇਸ਼ ਕੁਮਾਰ, ਵਿਹਾਰੀ ਲਾਲ ਤੇ ਅਸਕਰ ਪਰਵੇਜ਼ ਸ਼ਾਮਲ ਸਨ। ਹਾਲਾਂਕਿ, ਪਾਕਿਸਤਾਨ ਤਹਿਰੀਕ-ਏ-ਇਨਸਾਫ ਪਾਰਟੀ ਵੱਲੋਂ ਸੂਬੇ ਦੀਆਂ 14 ਖ਼ਾਲੀ ਸੈਨੇਟ ਸੀਟਾਂ ਲਈ ਚੋਣ ਪ੍ਰਕਿਰਿਆ 'ਚ ਰੁਕਾਵਟ ਪਾਉਣ ਕਰਕੇ ਸੈਸ਼ਨ ਨੂੰ 24 ਜੁਲਾਈ ਤੱਕ ਮੁਲਤਵੀ ਕਰ ਦਿੱਤਾ ਗਿਆ। ਪਿਸ਼ਾਵਰ ਹਾਈ ਕੋਰਟ ਦੇ ਚੀਫ਼ ਜਸਟਿਸ ਐੱਸ.ਐੱਮ. ਅਤੀਕ ਸ਼ਾਹ ਵੱਲੋਂ ਸਹੁੰ ਚੁੱਕ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਗਵਰਨਰ ਫੈਸਲ ਕਰੀਮ ਕੁੰਡੀ ਨੂੰ ਨਾਮਜ਼ਦ ਕੀਤੇ ਜਾਣ ਤੋਂ ਬਾਅਦ ਉਨ੍ਹਾਂ ਨੇ ਪਿਸ਼ਾਵਰ 'ਚ ਸਮਾਰੋਹ ਦੌਰਾਨ ਨਵੀਆਂ ਚੁਣੀਆਂ ਗਈਆਂ ਔਰਤਾਂ ਤੇ ਸੂਬਾਈ ਵਿਧਾਨ ਸਭਾ ਦੇ ਘੱਟ ਗਿਣਤੀ ਮੈਂਬਰਾਂ ਨੂੰ ਸਹੁੰ ਚੁਕਾਈ। ਪਿਸ਼ਾਵਰ ਤੋਂ ਇਸ ਬਾਰੇ 'ਚ ਜਾਣਕਾਰੀ ਸਾਂਝੀ ਕਰਦਿਆਂ ਨਵੇਂ ਨਿਯੁਕਤ ਕੀਤੇ ਗਏ ਐੱਮ.ਪੀ.ਏ. (ਮੈਂਬਰ ਪ੍ਰੋਵਿਨਸ਼ਲ ਅਸੈਂਬਲੀ) ਗੁਰਪਾਲ ਸਿੰਘ ਅਫਰੀਦੀ ਪੁੱਤਰ ਸੁਜਾਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਜ਼ਮੀਅਤ ਉਲੇਮਾ-ਏ-ਇਸਲਾਮ ਪਾਕਿਸਤਾਨ ਪਾਰਟੀ ਵੱਲੋਂ ਨਿਯੁਕਤ ਕੀਤਾ ਗਿਆ ਹੈ। ਸ਼ਾਹਬਾਜ਼ ਸ਼ਰੀਫ਼ ਦੀ ਅਗਵਾਈ ਵਾਲੀ ਗਠਜੋੜ ਸਰਕਾਰ ਦੇ ਕਾਰਜਕਾਲ ਦੌਰਾਨ ਗੁਰਪਾਲ ਸਿੰਘ ਦੂਜੇ ਪਾਕਿਸਤਾਨੀ ਸਿੱਖ ਹਨ, ਉਨ੍ਹਾਂ ਤੋਂ ਪਹਿਲਾਂ ਲਹਿੰਦੇ ਪੰਜਾਬ ਦੀ ਸੂਬਾਈ ਸਰਕਾਰ ਵੱਲੋਂ ਰਮੇਸ਼ ਸਿੰਘ ਅਰੋੜਾ ਨੂੰ ਐੱਮ.ਪੀ.ਏ. ਨਿਯੁਕਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਘੱਟ-ਗਿਣਤੀ ਮਾਮਲਿਆਂ ਬਾਰੇ ਸੂਬਾਈ ਮੰਤਰੀ ਦੀ ਵੀ ਜ਼ਿੰਮੇਵਾਰੀ ਸੌਂਪੀ ਗਈ ਹੈ।

## ਮਹਾਨ ਦੇਸ਼ ਭਗਤਾਂ, ਸੁਤੰਤਰਤਾ ਸੰਗਰਾਮੀਆਂ ਦੀ ਯਾਦ ਨੂੰ ਸਮਰਪਿਤ ਸੂਬੇ ਦੇ 25 ਸਕੂਲਾਂ ਦੇ ਨਾਂ ਬਦਲਣ ਦੀ ਪ੍ਰਕਿਰਿਆ ਨੂੰ ਮਨਜ਼ੂਰੀ

ਚੰਡੀਗੜ੍ਹ, 21 ਜੁਲਾਈ (ਚ.ਨ.ਸ.): ਦੇਸ਼ ਦੀ ਆਜ਼ਾਦੀ ਲਈ ਪੰਜਾਬ ਦੇ ਯੋਧਿਆਂ ਵੱਲੋਂ ਪਾਏ ਯੋਗਦਾਨ ਨੂੰ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਯਾਦ ਕੀਤਾ ਜਾਂਦਾ ਰਿਹਾ ਹੈ। ਇਸੇ ਲੜੀ ਨੂੰ ਅੱਗੇ ਤੋਰਦਿਆਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੇਸ਼ ਦੀ ਆਜ਼ਾਦੀ ਲਈ ਅਹਿਮ ਯੋਗਦਾਨ ਪਾਉਣ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆਂ ਦੀ ਯਾਦ ਨੂੰ ਸਮਰਪਿਤ ਸੂਬੇ ਦੇ 25 ਸਕੂਲਾਂ ਦੇ ਨਾਂ ਬਦਲਣ ਦੀ ਪ੍ਰਕਿਰਿਆ ਨੂੰ ਮਨਜ਼ੂਰੀ ਦਿੱਤੀ ਗਈ ਹੈ। ਬੀਤੇ ਦਿਨ ਸਕੱਤਰ ਸਕੂਲ ਸਿੱਖਿਆ ਨੂੰ ਵਿਭਾਗ ਵੱਲੋਂ ਨੋਟੀਫੀਕੇਸ਼ਨ ਜਾਰੀ ਕਰਦਿਆਂ ਸੂਬੇ ਦੇ 25 ਸਰਕਾਰੀ ਸਕੂਲਾਂ ਦੇ ਨਾਂ ਆਜ਼ਾਦੀ ਘੁਲਾਟੀਆਂ ਤੇ ਸ਼ਹੀਦ ਫ਼ੌਜੀਆਂ ਦੇ ਨਾਮ 'ਤੇ ਰੱਖੇ ਗਏ ਹਨ ਜਿਸ ਵਿਚ ਪਟਿਆਲਾ ਦੇ ਤਿੰਨ ਸਕੂਲ ਮੁਕਤਸਰ ਸਾਹਿਬ, ਪਠਾਨਕੋਟ, ਮਾਨਸਾ, ਫ਼ਤਹਿਗੜ੍ਹ ਸਾਹਿਬ, ਹੁਸ਼ਿਆਰਪੁਰ, ਫ਼ਰੀਦਕੋਟ, ਅੰਮ੍ਰਿਤਸਰ ਸਾਹਿਬ, ਮਲੇਰਕੋਟਲਾ, ਫ਼ਾਜ਼ਿਲਕਾ, ਬਰਨਾਲਾ, ਬਠਿੰਡਾ ਜ਼ਿਲ੍ਹੇ ਦੇ ਸਰਕਾਰੀ ਐਲੀਮੈਂਟਰੀ ਤੇ ਸਰਕਾਰੀ ਹਾਈ ਸਕੂਲ ਸ਼ਾਮਲ ਹਨ। ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ ਨੂੰ ਵਿਰਾਸਤ ਵਜੋਂ ਸੰਭਾਲ ਕੇ ਰੱਖਣ ਲਈ ਪੰਜਾਬ ਸਰਕਾਰ ਦੇ ਫ਼ਰੀਡਮ ਫਾਈਟਰ ਵਿਭਾਗ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ. ਨੰ 234 ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬ ਦੇ ਯੋਧਿਆਂ ਨੇ ਦਿੱਤੀਆਂ ਹਨ। ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਸਾਰੇ ਆਜ਼ਾਦੀ ਦਾ ਨਿੱਘ ਮਾਣ ਰਹੇ ਹਨ। ਸੁਤੰਤਰਤਾ ਸੰਗਰਾਮੀਆਂ ਦੀ ਜੀਵਨੀ ਤੋਂ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਪ੍ਰੇਰਨਾ ਮਿਲਦੀ ਰਹੇਗੀ। ਦੇਸ਼ ਦੀ ਦੇਸ਼ ਦੀ ਤਰੱਕੀ ਲਈ ਅੱਗੇ ਆਉਣ ਦਾ ਹੌਸਲਾ ਮਿਲੇਗਾ। ਜ਼ਿਕਰਯੋਗ ਹੈ ਕਿ ਫ਼ਰੀਡਮ ਫਾਈਟਰ ਜਥੇਬੰਦੀ ਦੀ ਮੰਗ 'ਤੇ ਦੇਸ਼ ਭਗਤਾਂ ਦੇ ਮਾਣ-ਸਨਮਾਨ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਦੀ ਪਾਲਿਸੀ ਅਧੀਨ ਉਘੀਆਂ ਸ਼ਖ਼ਸੀਅਤਾਂ ਵੱਲੋਂ ਪਾਏ ਯੋਗਦਾਨ ਬਦਲੇ ਪੰਜਾਬ ਦੇ ਸਰਕਾਰੀ ਸਕੂਲਾਂ, ਸੜਕਾਂ, ਹਸਪਤਾਲਾਂ ਦੇ ਨਾਂ ਬਦਲਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਸੂਬਾ ਜਥੇਬੰਦੀ ਨੇ ਫ਼ਰੀਡਮ ਫਾਈਟਰ ਪਰਿਵਾਰਾਂ ਦੀਆਂ ਲੰਬਿਤ ਪਈਆਂ ਸਨਮਾਨ ਸਹੂਲਤਾਂ ਸਬੰਧੀ ਮੁੱਖ ਮੰਤਰੀ ਨਾਲ ਮੀਟਿੰਗ ਦੀ ਮੰਗ ਕੀਤੀ।



## ਗਊਆਂ ਨੂੰ ਮਾਰਨ ਤੇ ਉਨ੍ਹਾਂ ਦਾ ਮਾਸ ਵੇਚਣ ਵਾਲੇ ਗਿਰੋਹ ਦੇ ਪੰਜ ਮੈਂਬਰਾਂ ਨੂੰ ਨਿਆਂਇਕ ਹਿਰਾਸਤ 'ਤੇ ਭੇਜਿਆ

ਅੰਮ੍ਰਿਤਸਰ, 21 ਜੁਲਾਈ (ਚ.ਨ.ਸ.): ਚਾਟੀਵਿੰਡ ਦੇ ਚੱਬਾ ਰੋਡ



ਇਲਾਕੇ 'ਚ ਗਊਆਂ ਨੂੰ ਮਾਰਨ ਤੇ ਉਨ੍ਹਾਂ ਦਾ ਮਾਸ ਵੇਚਣ ਵਾਲੇ ਗਿਰੋਹ ਦੇ ਪੰਜ ਮੈਂਬਰਾਂ ਨੂੰ ਅਦਾਲਤ 'ਚ ਐਤਵਾਰ ਨੂੰ ਪੇਸ਼ ਕੀਤਾ ਗਿਆ। ਅਦਾਲਤ ਨੇ ਸਾਰੇ ਮੁਲਜ਼ਮਾਂ ਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਹੈ। ਦੂਜੇ ਪਾਸੇ ਇੰਸਪੈਕਟਰ ਹਰਸਿਮਰਨਜੀਤ ਕੌਰ ਨੇ ਕਿਹਾ ਕਿ ਫੈਕਟਰੀ ਮਾਲਕ ਤੇ ਪੰਜ ਔਰਤਾਂ ਦੀ ਭਾਲ ਅਜੇ ਵੀ ਜਾਰੀ ਹੈ। ਜਿਵੇਂ ਹੀ ਮੁਲਜ਼ਮਾਂ ਦੀ ਪੇਸ਼ੀ ਬਾਰੇ ਪਤਾ ਲੱਗਿਆ ਤਾਂ ਹਿੰਦੂ ਸੰਗਠਨ ਵੀ ਅਦਾਲਤੀ ਕੰਪਲੈਕਸ 'ਚ ਪਹੁੰਚ ਗਏ। ਮੁਲਜ਼ਮਾਂ ਵਿਰੁੱਧ ਕਾਫ਼ੀ ਨਾਅਰੇਬਾਜ਼ੀ ਕੀਤੀ ਗਈ। ਪੁਲਿਸ ਨੂੰ ਫੈਕਟਰੀ ਮਾਲਕ ਤੇ ਉਸ ਦੇ ਹੋਰ ਸਾਥੀਆਂ ਨੂੰ ਜਲਦੀ ਲੱਭਣ ਤੇ ਗ੍ਰਿਫ਼ਤਾਰ ਕਰਨ ਲਈ ਕਿਹਾ ਗਿਆ ਹੈ। ਦੱਸਣਯੋਗ ਹੈ ਕਿ ਚਾਟੀਵਿੰਡ ਥਾਣੇ ਦੀ ਪੁਲਿਸ ਨੇ ਯੂਪੀ ਦੇ ਕੁਸ਼ੀ ਨਗਰ ਵਾਸੀ ਨਸੀਮ ਅੰਸਾਰੀ, ਲਖਨਊ ਦੇ ਸਲਾਹਗੰਜ ਪਿੰਡ ਦੇ ਵਾਸੀ ਸ਼ਾਨੂ, ਮੇਰਠ ਦੇ ਸ਼ਿਆਮ ਨਗਰ ਵਾਸੀ ਇਮਰਾਨ, ਮੇਰਠ ਦੇ ਇਸਲਾਮਨਗਰ ਦੇ ਗੋਕੁਲਪੁਰ ਵਾਸੀ ਹਸੀਨ ਮੁਕੰਦ ਨੂੰ ਗ੍ਰਿਫ਼ਤਾਰ ਕੀਤਾ ਸੀ।

## ਦੇਸ਼ 'ਚ ਰੀਅਲ ਅਸਟੇਟ ਕੰਪਨੀਆਂ ਲਗਜ਼ਰੀ ਤੇ ਪ੍ਰੀਮੀਅਮ ਮਕਾਨਾਂ ਨੂੰ ਜ਼ਿਆਦਾ ਤਰਜੀਹ ਦੇ ਰਹੀਆਂ ਨੇ

ਨਵੀਂ ਦਿੱਲੀ, 21 ਜੁਲਾਈ (ਚ.ਨ.ਸ.): ਦੇਸ਼ ਵਿਚ ਰੀਅਲ ਅਸਟੇਟ ਕੰਪਨੀਆਂ ਲਗਜ਼ਰੀ ਤੇ ਪ੍ਰੀਮੀਅਮ ਮਕਾਨਾਂ ਨੂੰ ਜ਼ਿਆਦਾ ਤਰਜੀਹ ਦੇ ਰਹੀਆਂ ਹਨ। ਇਸ ਦਾ ਕਾਰਨ ਜਿਥੇ ਜ਼ਮੀਨ ਦੀ ਕੀਮਤ ਜ਼ਿਆਦਾ ਹੋਣ ਨਾਲ ਮੱਧ ਆਮਦਨ ਤੇ ਸਸਤੀ ਸ਼੍ਰੇਣੀ ਦੇ ਮਕਾਨਾਂ ਵਿਚ ਕੀਮਤ ਨੂੰ ਇੱਕ ਘੇਰੇ ਵਿਚ ਰੱਖਣ ਨੂੰ ਲੈ ਕੇ ਚੁਣੌਤੀ ਹੈ, ਉਥੇ ਹੀ ਲਗਜ਼ਰੀ ਸੈਕਟਰ ਵਿੱਚ ਮਾਰਜਨ ਜ਼ਿਆਦਾ ਹੋਣ ਦੇ ਨਾਲ-ਨਾਲ ਮੰਗ ਵੀ ਚੰਗੀ ਹੈ। ਰੀਅਲ ਅਸਟੇਟ ਖੇਤਰ ਦੇ ਮਾਹਿਰਾਂ ਨੇ ਦੱਸਿਆ ਕਿ ਸਰਕਾਰ ਸ਼ਹਿਰੀ ਤੇ ਮੱਧ ਆਮਦਨ ਵਰਗ ਦੇ ਪਰਿਵਾਰਾਂ ਲਈ ਪੀਐੱਮਏਵਾਈ (ਪ੍ਰਧਾਨ ਮੰਤਰੀ ਆਵਾਸ ਯੋਜਨਾ) ਵਰਗੇ ਪ੍ਰੋਗਰਾਮਾਂ ਦੇ ਮੁੜ ਸੁਰਜੀਤੀ ਤੇ ਵਿਸਥਾਰ ਨਾਲ ਨੀਤੀਗਤ ਸਮਰਥਨ ਤੇ ਵਿੱਤੀ ਇਨਸੈਂਟਿਵ ਰਾਹੀਂ ਮੱਧ ਆਮਦਨ ਵਰਗ ਦੀਆਂ ਰਿਹਾਇਸ਼ੀ ਜ਼ਰੂਰਤਾਂ ਨੂੰ ਪੂਰਾ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀ ਹੈ। ਸੀਬੀਆਰਈ ਐਸੋਚੈਮ ਦੀ ਹਾਲ ਵਿਚ ਜਾਰੀ ਰਿਪੋਰਟ ਅਨੁਸਾਰ ਦੇਸ਼ ਦੇ 7 ਪ੍ਰਮੁੱਖ ਸ਼ਹਿਰਾਂ ਵਿਚ ਲਗਜ਼ਰੀ ਮਕਾਨਾਂ ਦੀ ਵਿਕਰੀ ਇਸ ਸਾਲ ਦੀ ਪਹਿਲੀ ਛਿਮਾਹੀ ਵਿਚ 85 ਫੀਸਦੀ ਵੱਧ ਕੇ ਲਗਭਗ 7000 ਇਕਾਈਆਂ ਰਹੀਆਂ। ਇਸ ਵਿਚ ਦਿੱਲੀ ਐੱਨਸੀਆਰ ਦੀ ਹਿੱਸੇਦਾਰੀ ਸਭ ਤੋਂ ਜ਼ਿਆਦਾ 57 ਫੀਸਦੀ, ਜਦੋਂ ਕਿ ਮੁੰਬਈ ਦੀ 29 ਫੀਸਦੀ ਰਹੀ। ਦੇਸ਼ ਦੇ ਪ੍ਰਮੁੱਖ ਸ਼ਹਿਰਾਂ ਦੇ ਨਾਲ-ਨਾਲ ਲਖਨਊ, ਜੈਪੁਰ ਤੇ ਕੋਚੀ ਵਰਗੇ ਹੋਰ ਮਝੋਲੇ ਤੇ ਛੋਟੇ ਸ਼ਹਿਰਾਂ ਵਿਚ ਹੀ ਹੁਣ ਲਗਜ਼ਰੀ ਘਰ ਦੀ ਮੰਗ ਤੇਜ਼ੀ ਨਾਲ ਵੱਧ ਰਹੀ ਹੈ। ਰਿਹਾਇਸ਼ੀ ਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲਾ ਅਨੁਸਾਰ ਆਉਣ ਵਾਲਾ ਰੀਅਲ ਸਟੇਟ ਅਸਟੇਟ ਖੇਤਰ ਦੀ ਟਾਪ ਬਾਡੀ ਨਾਰਡੇਕੋ ਨੈਸ਼ਨਲ ਰੀਅਲ ਅਸਟੇਟ ਡਿਵੈਲਪਮੈਂਟ ਕਾਊਂਸਲ ਦੇ ਰਾਸ਼ਟਰੀ ਪ੍ਰਧਾਨ ਹਰੀ ਬਾਬੂ ਨੇ ਕਿਹਾ ਕਿ ਪਿਛਲੀ ਕੁਝ ਤਿਮਾਹੀਆਂ ਤੋਂ ਕੰਪਨੀਆਂ ਦਾ ਰੁਝਾਨ ਲਗਜ਼ਰੀ ਤੇ ਪ੍ਰੀਮੀਅਮ ਮਕਾਨਾਂ ਵੱਲ ਵਧਿਆ ਹੈ। ਇਸ ਬਦਲਾਅ ਦੇ ਪਿਛੇ ਕਈ ਕਾਰਨ ਹਨ। ਸਭ ਤੋਂ ਪਹਿਲਾ ਕਾਰਨ ਹੈ ਕਿ ਮਹਾਂਮਾਰੀ ਤੋਂ ਬਾਅਦ ਉਚ ਸ਼੍ਰੇਣੀ ਦੇ ਘਰਾਂ ਦੀ ਮੰਗ ਤੇਜ਼ੀ ਨਾਲ ਵਧੀ ਹੈ। ਮਕਾਨ ਖਰੀਦਦਾਰ ਵਿਸ਼ੇਸ਼ ਤੌਰ 'ਤੇ ਉਚ ਕਮਾਈ ਵਾਲੇ ਲੋਕ ਐੱਚਐੱਨਆਈ ਪ੍ਰਵਾਸੀ ਭਾਰਤੀ ਤੇ ਮਹਾਨਗਰਾਂ ਵਿਚ ਕੰਮ ਕਰਨ ਵਾਲੇ ਪੇਸ਼ੇਵਰ ਹੁਣ ਵੱਡੇ ਘਰਾਂ ਦੇ ਨਾਲ ਬਿਹਤਰ ਸਹੂਲਤਾਂ ਤੇ ਜੀਵਨਸ਼ੈਲੀ ਦੀ ਤਲਾਸ਼ ਵਿਚ ਹਨ।



## ਇੱਕ ਸਰਪੰਚ ਤੇ 32 ਪੰਚਾਂ ਦੀਆਂ ਅਸਾਮੀਆਂ ਲਈ ਸਰਬਸੰਮਤੀ, 6 ਪਿੰਡਾਂ 'ਚ ਪੈਣਗੀਆਂ ਵੋਟਾਂ: ਅਵਨੀਤ ਕੌਰ

### ☛27 ਨੂੰ ਵੋਟਾਂ ਤੋਂ ਤੁਰੰਤ ਬਾਅਦ ਹੋਵੇਗੀ ਗਿਣਤੀ

ਸ਼ਹੀਦ ਭਗਤ ਸਿੰਘ ਨਗਰ, 21 ਜੁਲਾਈ (ਸੁਖਦੇਵ ਸਿੰਘ ਉੜਾਪੜ): ਜ਼ਿਲ੍ਹੇ ਵਿੱਚ ਇੱਕ ਸਰਪੰਚ ਤੇ 39 ਪੰਚਾਂ ਦੀਆਂ ਖਾਲੀ ਅਸਾਮੀਆਂ ਲਈ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ 27 ਜੁਲਾਈ ਨੂੰ ਵੋਟਾਂ ਪੈਣੀਆਂ ਨਿਰਧਾਰਿਤ ਕੀਤੀਆਂ ਗਈਆਂ ਹਨ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਤੇ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਅਵਨੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਕ ਸਰਪੰਚ ਦੀ ਅਸਾਮੀ ਤੇ 32 ਪੰਚਾਂ ਦੀਆਂ ਅਸਾਮੀਆਂ ਲਈ ਪਿੰਡ ਵਾਸੀਆਂ ਵੱਲੋਂ ਸਰਬਸੰਮਤੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਭਾਨੇਵਾਲ ਵਿਖੇ ਪੰਚ ਦੀ ਅਸਾਮੀ ਲਈ ਕੋਈ ਨਾਮਜ਼ਦਗੀ ਪੱਤਰ ਪ੍ਰਾਪਤ ਨਹੀਂ ਹੋਇਆ, ਜਿਸ ਦੇ ਸਿੱਟੇ ਵਜੋਂ ਹੁਣ 33 ਥਾਵਾਂ 'ਤੇ ਸਰਬਸੰਮਤੀ ਉਪਰੰਤ 6 ਥਾਵਾਂ 'ਤੇ ਵੋਟਾਂ ਪੈਣਗੀਆਂ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪਿੰਡਾਂ ਵਿੱਚ ਵੋਟਾਂ ਪੈਣੀਆਂ ਹਨ, ਉਨ੍ਹਾਂ ਵਿੱਚ ਨਵਾਂਸ਼ਹਿਰ ਬਲਾਕ ਦੇ ਪਿੰਡ ਕਰੀਆਮ ਤੇ ਦੁਰਗਾਪੁਰ, ਬਲਾਚੌਰ ਬਲਾਕ ਦੇ ਪਿੰਡ ਡੁੱਗਰੀ ਬੇਟ ਤੇ ਨਿਊ ਮਝੋਟ, ਬੰਗਾ ਬਲਾਕ ਦੇ ਪਿੰਡ ਲਧਾਣਾ ਝਿੱਕਾ ਤੇ ਘੁੰਮਣ ਸ਼ਾਮਲ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਵੋਟਾਂ ਲਈ ਢੁੱਕਵੇਂ ਪ੍ਰਬੰਧ ਅਮਲ ਵਿੱਚ ਲਿਆਂਦੇ ਜਾ ਰਹੇ ਹਨ ਤਾਂ ਜੋ ਨਿਰਪੱਖ, ਸ਼ਾਂਤਮਈ ਤੇ ਆਜ਼ਾਦਾਨਾ ਢੰਗ ਨਾਲ ਵੋਟਾਂ ਦੀ ਪ੍ਰਕਿਰਿਆ ਨੂੰ ਅਮਲ ਵਿੱਚ ਲਿਆਂਦਾ ਜਾ ਸਕੇ।



## ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਪਲਾਈਵੁੱਡ ਫੈਕਟਰੀ 'ਤੇ ਛਾਪੇਮਾਰੀ

### ☛ਖੇਤੀਬਾੜੀ ਨੀਮ ਕੋਟਡ ਯੂਰੀਆ ਦੇ 4 ਬੈਗ ਬ੍ਰਾਮਦ, ਮਾਮਲਾ ਦਰਜ



ਸ਼ਹੀਦ ਭਗਤ ਸਿੰਘ ਨਗਰ, 21 ਜੁਲਾਈ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਕਿਸਾਨਾਂ ਦੀ ਸਹੂਲਤ ਲਈ ਚੁੱਕੇ ਜਾਂਦੇ ਕਦਮਾਂ ਤਹਿਤ ਸਥਾਨਕ ਚੰਡੀਗੜ੍ਹ ਰੋਡ 'ਤੇ ਸਥਿਤ ਪਲਾਈਵੁੱਡ ਫੈਕਟਰੀ ਵਿਖੇ ਛਾਪੇਮਾਰੀ ਕੀਤੀ ਗਈ, ਜਿੱਥੋਂ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਬ੍ਰਾਮਦ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੀਆਂ ਮੁੱਖ ਖੇਤੀਬਾੜੀ ਅਫਸਰ ਰਕੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਵਿਭਾਗ ਦੇ ਪ੍ਰਬੰਧਕੀ ਸਕੱਤਰ ਬਸੰਤ ਗਰਗ ਤੇ ਡਾਇਰੈਕਟਰ ਖੇਤੀਬਾੜੀ ਜਸਵੰਤ ਸਿੰਘ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਵਿੱਚ ਵੱਖ-ਵੱਖ ਸਮੇਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ, ਜਿਸ ਤਹਿਤ ਚੰਡੀਗੜ੍ਹ ਰੋਡ ਟੰਡੋਹ ਵਿਖੇ ਗਾਂਧੀ ਪਲਾਈਵੁੱਡ ਇੰਡਸਟਰੀ ਵਿਖੇ ਛਾਪੇਮਾਰੀ ਦੌਰਾਨ 4 ਬੈਗ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਦੇ ਪਾਏ ਗਏ। ਉਨ੍ਹਾਂ ਦੱਸਿਆ ਕਿ ਪਲਾਈਵੁੱਡ ਫੈਕਟਰੀ ਵਿੱਚ ਵਰਤੀ ਜਾ ਰਹੀ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਫਰਟੀਲਾਈਜ਼ਰ ਕੰਟਰੋਲ ਆਰਡਰ 1985 ਦੀ ਉਲੰਘਣਾ ਹੈ। ਉਨ੍ਹਾਂ ਦੱਸਿਆ ਕਿ ਛਾਪੇਮਾਰੀ ਦੌਰਾਨ 4 ਬੈਗ ਭਰੇ ਤੇ 230 ਬੈਗ ਵਰਤੇ ਹੋਏ ਖਾਲੀ ਪਾਏ ਗਏ, ਜਿਸ 'ਤੇ ਥਾਣਾ ਕਾਠਗੜ੍ਹ ਦੀ ਪੁਲਿਸ ਨੂੰ ਸੂਚਿਤ ਕਰਕੇ ਮੌਕੇ 'ਤੇ ਪੁਲਿਸ ਪਾਰਟੀ ਬੁਲਾਈ ਗਈ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਮੌਕੇ 'ਤੇ ਹੀ ਕਾਰਵਾਈ ਕਰਦਿਆਂ ਖੇਤੀਬਾੜੀ ਵਿਕਾਸ ਅਫਸਰ-ਕਮ-ਖਾਦ ਇੰਸਪੈਕਟਰ ਹਰਪ੍ਰੀਤ ਸਿੰਘ ਵੱਲੋਂ ਫੈਕਟਰੀ ਤੇ ਫਰਟੀਲਾਈਜ਼ਰ ਆਰਡਰ 1985 ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਗਰੇਡ ਲਈ ਵਰਤੀ ਜਾਂਦੀ ਨੀਮ ਕੋਟਡ ਯੂਰੀਆ ਜੇਕਰ ਉਦਯੋਗਿਕ ਵਰਤੋਂ ਲਈ ਵਰਤੀ ਜਾਂਦੀ ਹੈ ਤਾਂ ਇਹ ਕੰਟਰੋਲ ਆਰਡਰ ਦੀ ਉਲੰਘਣਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਜ਼ਿਲ੍ਹੇ ਵਿੱਚ ਅਜਿਹਾ ਕੋਈ ਵੀ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਪੰਜਾਬ ਸਰਕਾਰ ਤੇ ਖੇਤੀਬਾੜੀ ਕਿਸਾਨ ਭਲਾਈ ਵਿਭਾਗ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਵਿਜੇ ਮਹੇਸ਼ੀ, ਜਸਵਿੰਦਰ ਕੁਮਾਰ, ਏ.ਈ.ਓ., ਰਾਜ ਕੁਮਾਰ ਆਦਿ ਮੌਜੂਦ ਸਨ।

## ਪੰਜਾਬੀਆਂ ਨੇ ਅਫਗਾਨੀ ਧਾੜਵੀ ਰੋਕ ਲਏ, ਹੁਣ 'ਨਸ਼ਿਆਂ ਵਿਰੁੱਧ ਯੁੱਧ' 'ਚ ਲੋੜ ਹੈ ਤੁਹਾਡੇ ਸਾਥ ਦੀ: ਵਿਧਾਇਕ ਕਲਸੀ

ਬਟਾਲਾ, 21 ਜੁਲਾਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਇਲਾਕੇ ਵਿੱਚੋਂ ਨਸ਼ਾ ਖਤਮ ਕਰਨ ਲਈ ਲੋਕਾਂ ਕੋਲੋਂ ਸਾਥ ਮੰਗਦਿਆਂ ਕਿਹਾ ਕਿ ਨਸ਼ਾ ਖਤਮ ਕਰਨਾ ਸਾਡੀਆਂ ਨਸਲਾਂ ਦੇ ਭਵਿੱਖ ਲਈ ਜ਼ਰੂਰੀ ਹੈ, ਇਸ ਲਈ ਤੁਸੀਂ ਸਾਰੇ ਸਾਡਾ ਸਾਥ ਦਿਓ ਤਾਂ ਜੋ ਅਸੀਂ ਇਸ ਕੋਹੜ ਨੂੰ ਗਲੋਂ ਲਾਹ ਸਕੀਏ। ਉਨ੍ਹਾਂ ਕਿਹਾ ਕਿ ਆਪਾਂ ਅਫਗਾਨੀ ਧਾੜਵੀ ਰੋਕ ਲਏ, ਅੰਗਰੇਜ਼ਾਂ ਨੂੰ ਦੇਸ਼ 'ਚੋਂ ਕੱਢ ਲਿਆ, ਗੁਆਂਢੀ ਦੇਸ਼ਾਂ ਨਾਲ ਜੰਗਾਂ ਜਿੱਤ ਲਈਆਂ, ਅੱਤਵਾਦ ਉੱਤੇ ਫਤਿਹ ਪਾ ਲਈ ਤੇ ਹੁਣ ਵੇਲਾ ਨਸ਼ਿਆਂ ਵਿਰੁੱਧ ਯੁੱਧ ਦਾ ਹੈ ਤੇ ਇਸ ਵਿੱਚ ਵੀ ਜਿੱਤ ਆਪਣੀ ਹੋਣੀ ਹੈ, ਬਸ ਲੋੜ ਤੁਹਾਡੇ ਸਾਥ ਦੀ ਹੈ। ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਬਹਿਬਲ ਚੱਕ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਨਸ਼ੇ ਦੇ ਪਸਾਰੇ ਲਈ ਪਿਛਲੀਆਂ ਸਰਕਾਰਾਂ ਨੂੰ ਕਟਹਿਰੇ 'ਚ ਖੜ੍ਹਾ ਕਰਦਿਆਂ ਕਿਹਾ ਕਿ ਇਨ੍ਹਾਂ ਸਰਕਾਰਾਂ ਦੇ ਅਣਦੇਖੀ ਕਾਰਨ ਨਸ਼ੇ ਵਰਗੀ ਅਲਾਮਤ ਨੇ ਕਰੂਪ ਧਾਰਨ ਲਿਆ, ਜਦੋਂਕਿ ਮੁੱਖ ਮੰਤਰੀ ਮਾਨ ਵੱਲੋਂ ਨਸ਼ਿਆਂ ਦਾ ਖਾਤਮਾ ਕਰਨ ਲਈ ਪੁਲਿਸ ਨੂੰ ਖੁੱਲ੍ਹੀ ਛੋਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਖਤਮ ਕਰਨ ਲਈ ਸਮੂਹਿਕ ਸਹਿਯੋਗ ਦੀ ਲੋੜ ਹੈ ਤੇ ਸਾਰਿਆਂ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਜ਼ਰੂਰ ਜੜ੍ਹੋਂ ਖਤਮ ਕੀਤਾ ਜਾਵੇਗਾ। ਉਨ੍ਹਾਂ ਨੇ ਇਸ ਮੌਕੇ 'ਤੇ ਮੌਜੂਦ ਅਧਿਕਾਰੀਆਂ ਸਣੇ ਪੰਚਾਇਤਾਂ, ਨੰਬਰਦਾਰਾਂ, ਡਿਫੈਂਸ ਕਮੇਟੀਆਂ ਨੂੰ ਸਮੂਹਿਕ ਤੌਰ 'ਤੇ ਨਸ਼ਿਆਂ ਵਿਰੁੱਧ ਹਲਫ ਦਿਵਾਉਂਦਿਆਂ ਦਾਅਵਾ ਕੀਤਾ ਕਿ ਸੂਬਾ ਸਰਕਾਰ ਤੁਹਾਡੇ ਸਹਿਯੋਗ ਨਾਲ ਇਸ ਯੁੱਧ ਵਿੱਚ ਵੀ ਫਤਿਹ ਹਾਸਲ ਕਰਨ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਨਸ਼ਾ ਮੁਕਤੀ ਯਾਤਰਾ ਰੈਲੀ 'ਚ ਔਰਤਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ। ਇਸ ਮੌਕੇ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ, ਮਾਸਟਰ ਤਿਲਕ ਰਾਜ, ਵਾਈਸ ਕੋਆਰਡੀਨੇਟਰ ਮਨਜੀਤ ਸਿੰਘ ਬੰਮਰਾਹ, ਭੁਪਿੰਦਰ ਸਿੰਘ, ਵੀਨੂੰ ਕਾਹਲੋਂ, ਸਰਪੰਚ ਅੰਗਰੇਜ਼ ਸਿੰਘ ਤੇ ਪਿੰਡ ਵਾਸੀ ਮੌਜੂਦ ਸਨ।



## ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐੱਚ.ਡਬਲਿਊ.ਸੀ. ਸੈਂਟਰ ਮਲੋਵਾਲੀ ਘੁਮਾਣ ਵਿਖੇ ਆਸ਼ਾ ਵਰਕਰਾਂ ਨੂੰ ਦਿੱਤੀ ਜਾਣਕਾਰੀ



ਘੁਮਾਣ ਸ੍ਰੀ/ਹਰਗੋਬਿੰਦਪੁਰ ਸਾਹਿਬ, 21 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਡਾ. ਜਸਵਿੰਦਰ ਸਿੰਘ ਸਿਵਲ ਸਰਜਨ ਗੁਰਦਾਸਪੁਰ ਤੇ ਗੁਰਪ੍ਰੀਤ ਕੌਰ ਐਪੀਡੇਮੀਓਲੋਜਿਸਟ ਦੇ ਨਿਰਦੇਸ਼ਕ ਅਨੁਸਾਰ ਐੱਮ.ਐੱਮ.ਓ. ਡਾ. ਨਰੇਸ਼ ਕੁਮਾਰ ਘੁਮਾਣ ਦੀ ਅਗਵਾਈ ਹੇਠ ਅੱਜ ਹੈਲਥ ਇੰਸਪੈਕਟਰ ਗੁਰਬਿੰਦਰ ਸਿੰਘ, ਹਰਪਿੰਦਰ ਸਿੰਘ ਨੇ ਐੱਚ.ਡਬਲਿਊ.ਸੀ. ਸੈਂਟਰ ਉਪਰ ਆਸ਼ਾ ਵਰਕਰਾਂ ਨੂੰ ਡੇਂਗੂ ਤੇ ਮਲੇਰੀਆ ਦੀ ਬਰੀਡਿੰਗ ਦੀ ਪੈਦਾਇਸ਼ ਰੋਕਣ ਸਬੰਧੀ ਜਾਣਕਾਰੀ ਦਿੱਤੀ ਗਈ ਜਿਵੇਂ ਕਿ ਡੇਂਗੂ ਦਾ ਲਾਰਵਾ ਸਾਫ਼ ਪਾਣੀ ਵਿੱਚ ਹੀ ਪੈਦਾ ਹੁੰਦਾ, ਇਸ ਲਈ ਸਾਨੂੰ ਸਰਕਾਰ ਵੱਲੋਂ ਇਕ ਨਾਅਰਾ ਦਿੱਤਾ ਗਿਆ 'ਹਰ ਸ਼ੁੱਕਰਵਾਰ ਡੇਂਗੂ ਉਪਰ ਵਾਰ' ਤਹਿਤ ਸ਼ੁੱਕਰਵਾਰ ਵਾਲੇ ਦਿਨ ਕੂਲਰਾਂ ਵਿੱਚੋਂ ਪਾਣੀ ਕੱਢ ਕੇ ਸੁੱਕਾ ਲੈਣਾ ਚਾਹੀਦਾ ਹੈ, ਜੇਕਰ ਮਕਾਨ ਉਪਰ ਜਾਂ ਘਰ ਵਿੱਚ ਵਾਧੂ ਬਰਤਨ, ਟਾਇਰ ਹੋਰ ਥਾਵਾਂ ਉਪਰ ਕੋਈ ਖ਼ਾਲੀ ਬਰਤਨ ਪਏ ਹੁੰਦੇ ਤਾਂ ਉਨ੍ਹਾਂ ਨੂੰ ਸੰਭਾਲ ਕੇ ਰੱਖਣਾ ਚਾਹੀਦਾ ਹੈ। ਇਸ ਸਬੰਧੀ ਇੰਸਪੈਕਟਰ ਹਰਪਿੰਦਰ ਸਿੰਘ ਜਾਣਕਾਰੀ ਦਿੰਦੇ ਹੋਏ ਦੱਸਿਆ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸ਼ੁੱਕਰਵਾਰ ਪਿੰਡਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਤਾਂ ਕਿ ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਵਰਗੀਆਂ ਨਾ ਮੁਰਾਦ ਬਿਮਾਰੀਆਂ ਤੋਂ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਡੇਂਗੂ ਦਾ ਟੈਸਟ ਸਾਰੇ ਹਸਪਤਾਲ ਵਿੱਚ ਫ੍ਰੀ ਕੀਤਾ ਜਾਂਦਾ ਹੈ, ਇਸ ਦਾ ਪ੍ਰਚਾਰ ਕਰਕੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਗੁਰਪ੍ਰੀਤ ਕੌਰ ਸੀ.ਐੱਚ.ਸੀ. ਕੁਲਵਿੰਦਰ ਕੌਰ ਏ.ਐੱਨ.ਐੱਮ. ਅਮਰਜੀਤ ਕੌਰ ਪਰਮਜੀਤ ਕੌਰ ਫੈਸਿਲੀਟੇਟਰ ਆਸ਼ਾ ਵਰਕਰਾਂ ਹਾਜ਼ਰ ਸਨ।

## ਪ੍ਰਗਤੀਸ਼ੀਲ ਲੇਖਕ ਸੰਘ ਨੇ ਲਏ ਅਹਿਮ ਫ਼ੈਸਲੇ

### ☛ਤਲਵਿੰਦਰ ਸ਼ੇਰਗਿੱਲ ਜਨਰਲ ਸਕੱਤਰ ਤੇ ਪ੍ਰੋ. ਬਲਵੀਰ ਕੌਰ ਰੀਹਲ ਸਕੱਤਰ ਚੁਣੇ



ਬੰਗਾ, 21 ਜੁਲਾਈ (ਪ੍ਰਭਜੋਤ ਸਿੰਘ): ਪ੍ਰਗਤੀਸ਼ੀਲ ਲੇਖਕ ਸੰਘ ਜ਼ਿਲ੍ਹਾ ਇਕਾਈ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮਿਲਣੀ ਸ਼ਹੀਦ ਭਗਤ ਸਿੰਘ ਯਾਦਗਾਰੀ ਮਿਊਜ਼ਿਅਮ ਖਟਕੜ ਕਲਾਂ ਵਿਖੇ ਜ਼ਿਲ੍ਹਾ ਪ੍ਰਧਾਨ ਪ੍ਰਿੰ. ਗੁਰਜੰਟ ਸਿੰਘ ਹੋਰਾਂ ਦੀ ਪ੍ਰਧਾਨਗੀ ਵਿਚ ਕੀਤੀ ਗਈ। ਇਸ ਮੀਟਿੰਗ ਵਿਚ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਪ੍ਰਧਾਨ ਪ੍ਰੋ. ਸੁਰਜੀਤ ਜੱਜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਜ਼ਿਲ੍ਹਾ ਇਕਾਈ ਦੇ ਪ੍ਰਬੰਧ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਨੌਜਵਾਨ ਕਵੀ ਤਲਵਿੰਦਰ ਸ਼ੇਰਗਿੱਲ ਨੂੰ ਉਨ੍ਹਾਂ ਦੀਆਂ ਸੰਘ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਜਨਰਲ ਸਕੱਤਰ ਤੇ ਪ੍ਰੋ.ਡਾ ਬਲਵੀਰ ਕੌਰ ਰੀਹਲ ਨੂੰ ਸਕੱਤਰ ਵਜੋਂ ਸੇਵਾਵਾਂ ਦੇਣ ਲਈ ਪ੍ਰਧਾਨ ਵੱਲੋਂ ਮਤਾ ਪੇਸ਼ ਕੀਤਾ ਗਿਆ। ਜਿਸ ਨੂੰ ਹਾਜ਼ਰ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਲਿਆ ਗਿਆ। ਚੁਣੇ ਗਏ ਦੋਵਾਂ ਅਹੁਦੇਦਾਰਾਂ ਨੇ ਇਕਾਈ ਲਈ ਬਿਹਤਰ ਕੰਮ ਕਰਨ ਦਾ ਅਹਿਦ ਲਿਆ। ਇਸ ਮੌਕੇ ਇਕਾਈ ਵੱਲੋਂ ਕਹਾਣੀ ਵਿਧਾ ਨੂੰ ਮੁੱਖ ਰੱਖ ਕੇ ਇਕ ਵਿਸ਼ੇਸ਼ ਸਾਹਿਤਕ ਸੈਮੀਨਾਰ ਆਯੋਜਿਤ ਕਰਨ ਉੱਤੇ ਸਹਿਮਤੀ ਬਣੀ। ਇਹ ਸਮਾਗਮ 10 ਅਗਸਤ ਨੂੰ ਆਰ ਕੇ ਆਰੀਆ ਕਾਲਜ ਨਵਾਂਸ਼ਹਿਰ ਵਿਖੇ ਕਰਵਾਇਆ ਜਾਵੇਗਾ। ਜਿਸ ਵਿਚ ਪੰਜਾਬੀ ਦੇ ਬਿਹਤਰੀਨ ਕਹਾਣੀਕਾਰ ਤੇ ਆਲੋਚਕ ਕਹਾਣੀ ਵਿਧਾ ਬਾਰੇ ਉਸਾਰੂ ਚਰਚਾ ਕਰਨਗੇ। ਸਮਾਗਮ ਦੀ ਹੋਰ ਵਿਸਥਾਰਪੂਰਵਕ ਜਾਣਕਾਰੀ ਅਗਲੀ ਮੀਟਿੰਗ ਦੌਰਾਨ ਸਾਂਝੀ ਕੀਤੀ ਜਾਵੇਗੀ। ਮੀਟਿੰਗ ਦੌਰਾਨ ਹਾਜ਼ਰ ਮੈਂਬਰਾਂ ਦੀਆਂ ਰਚਨਾਵਾਂ ਉੱਤੇ ਚਰਚਾ ਵੀ ਕੀਤੀ ਗਈ। ਅੰਤ ਵਿਚ ਸਾਰੇ ਮੈਂਬਰਾਂ ਵੱਲੋਂ ਤਲਵਿੰਦਰ ਸ਼ੇਰਗਿੱਲ ਤੇ ਪ੍ਰੋ.ਬਲਵੀਰ ਕੌਰ ਰੀਹਲ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਮੀਟਿੰਗ ਦੌਰਾਨ ਦੀਪ ਕਲੇਰ, ਐਡ. ਪਰਮਜੀਤ ਚਾਹਲ, ਜਸਵੰਤ ਖਟਕੜ, ਬੂਟਾ ਸਿੰਘ ਮਹਿਮੂਦਪੁਰ, ਧਰਮਿੰਦਰ ਮਸਾਣੀ, ਸ਼ਿੰਗਾਰਾ ਲੰਗੇਰੀ, ਖੁਸ਼ੀ ਰਾਮ ਗੁਣਾਚੌਰ, ਦੇਵ ਰਾਜ, ਪ੍ਰੋ. ਕੁਲਵਿੰਦਰ ਸਿੰਘ, ਨਿਤਿਨ ਮੁਕੰਦਪੁਰ, ਲਖਵੀਰ ਬੀਸਲਾ, ਮਨਦੀਪ ਮੂਸਾਪੁਰ ਤੇ ਹੋਰ ਸਾਥੀ ਹਾਜ਼ਰ ਰਹੇ। ਜ਼ਿਕਰਯੋਗ ਹੈ ਕਿ ਇਕਾਈ ਦੀ ਅਗਲੀ ਮੀਟਿੰਗ 26 ਅਗਸਤ ਦਿਨ ਸ਼ਨੀਵਾਰ ਸ਼ਾਮ 4 ਵਜੇ ਸ਼ਹੀਦ ਭਗਤ ਸਿੰਘ ਯਾਦਗਾਰੀ ਮਿਊਜ਼ਿਅਮ ਖਟਕੜ ਕਲਾਂ ਵਿਖੇ ਕੀਤੀ ਜਾਵੇਗੀ।

## ਕੋਈ ਵੀ ਰਿਸ਼ਵਤ ਲੈਂਦਾ ਫੜਿਆ ਗਿਆ ਤਾਂ ਬਖਸ਼ਿਆ ਨਹੀਂ ਜਾਵੇਗਾ: ਰਾਜੀਵ ਸ਼ਰਮਾ

ਫਤਹਿਗੜ੍ਹ ਚੂੜੀਆਂ, 21 ਜੁਲਾਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਵਿੱਚ ਫਿਰ ਤੋਂ ਪੰਜਾਬ ਸਰਕਾਰ ਦਾ ਇੱਕ ਵੱਡਾ ਐਕਸ਼ਨ ਵੇਖਣ ਨੂੰ ਮਿਲਿਆ। ਕੁਝ ਦਿਨ ਪਹਿਲਾਂ ਤਹਿਸੀਲ ਫਤਹਿਗੜ੍ਹ ਚੂੜੀਆਂ ਇੱਕ ਕਲਰਕ ਨੂੰ ਸਸਪੈਂਡ ਕੀਤਾ ਗਿਆ ਸੀ ਤੇ ਹੁਣ ਫਤਹਿਗੜ੍ਹ ਚੂੜੀਆਂ ਦੀ ਨਾਇਬ ਤਹਿਸੀਲ ਜਿਸ ਦੀ ਸੋਸ਼ਲ ਮੀਡੀਆ ਦੇ ਉੱਪਰ ਇੱਕ ਪਟਵਾਰੀ ਦੇ ਹੱਥੋਂ ਰਿਸ਼ਵਤ ਲੈਂਦਿਆਂ ਵੀਡੀਓ ਵਾਇਰਲ ਹੋਣ ਉੱਪਰ ਪੰਜਾਬ ਸਰਕਾਰ ਵੱਲੋਂ ਉਸ ਨੂੰ ਸਸਪੈਂਡ ਕੀਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਤੇ ਲੋਕ ਸਭਾ ਇੰਚਾਰਜ ਰਾਜੀਵ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦੇ ਲਈ ਛੇੜੀ ਗਈ ਮੁਹਿੰਮ ਤਹਿਤ ਫਤਹਿਗੜ੍ਹ ਚੂੜੀਆਂ ਦੀ ਨਾਇਬ-ਤਹਿਸੀਲਦਾਰ ਜਸਵੀਰ ਕੌਰ ਨੂੰ ਸਸਪੈਂਡ ਕੀਤਾ ਗਿਆ ਹੈ। ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਗਿਆ ਕਿ ਭ੍ਰਿਸ਼ਟ ਅਫਸਰਾਂ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਤਰ੍ਹਾਂ ਕਿਸੇ ਵੀ ਅਫਸਰ ਵੱਲੋਂ ਹਰਕਤ ਕੀਤੀ ਗਈ ਤਾਂ ਉਹ ਨਹੀਂ ਬਖਸ਼ਿਆ ਜਾਵੇਗਾ।



## ਮੂੰਹ ਢੱਕ ਕੇ ਪੈਦਲ ਚੱਲਣ ਜਾਂ ਵਾਹਨ ਚਲਾਉਣ 'ਤੇ ਪਾਬੰਦੀ

ਗੁਰਦਾਸਪੁਰ, 21 ਜੁਲਾਈ (ਜਗੀਰ ਸਿੰਘ ਮੰਡ): ਜ਼ਿਲ੍ਹਾ ਗੁਰਦਾਸਪੁਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਵੱਧ ਰਹੇ ਅਪਰਾਧਾਂ ਨੂੰ ਠੱਲ੍ਹ ਪਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਅਹਿਮ ਫੈਸਲਾ ਲਿਆ ਗਿਆ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਹਰਜਿੰਦਰ ਸਿੰਘ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿੱਚ ਕਿਸੇ ਵੀ ਵਿਅਕਤੀ ਵੱਲੋਂ ਆਪਣੇ ਮੂੰਹ ਨੂੰ ਕੱਪੜੇ ਨਾਲ ਢੱਕ ਕੇ ਪੈਦਲ ਚੱਲਣ ਜਾਂ ਦੋ-ਪਹੀਆ ਵਾਹਨ ਚਲਾਉਣ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਮਨਾਹੀ ਦੇ ਇਹ ਹੁਕਮ ਜਾਰੀ ਕਰਦਿਆਂ ਕਿਹਾ ਕਿ ਇਹ ਫੈਸਲਾ ਸ਼ਹਿਰਾਂ ਅਤੇ ਵੱਖ-ਵੱਖ ਇਲਾਕਿਆਂ ਵਿੱਚ ਲਗਾਤਾਰ ਵੱਧ ਰਹੀਆਂ ਲੁੱਟ-ਖੋਹਾਂ, ਕਤਲਾਂ, ਡਕੈਤੀਆਂ ਅਤੇ ਚੇਨ ਸਨੈਚਿੰਗ ਵਰਗੀਆਂ ਵਾਰਦਾਤਾਂ ਦੇ ਮੱਦੇਨਜ਼ਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਜਦੋਂ ਵੀ ਸੀ.ਸੀ.ਟੀ.ਵੀ. ਫੁਟੇਜ ਦੀ ਜਾਂਚ ਕੀਤੀ ਜਾਂਦੀ ਹੈ ਤਾਂ ਅਪਰਾਧੀਆਂ ਦੇ ਮੂੰਹ ਕੱਪੜੇ ਜਾਂ ਮਾਸਕ ਨਾਲ ਪੂਰੀ ਤਰ੍ਹਾਂ ਢੱਕੇ ਹੁੰਦੇ ਹਨ, ਜਿਸ ਕਾਰਨ ਉਨ੍ਹਾਂ ਦੀ ਪਛਾਣ ਕਰਨਾ ਮੁਸ਼ਕਿਲ ਹੋ ਜਾਂਦਾ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਕੋਈ ਵੀ ਵਿਅਕਤੀ ਆਪਣੇ ਮੂੰਹ ਨੂੰ ਕੱਪੜੇ ਨਾਲ ਢੱਕ ਕੇ ਪੈਦਲ ਚੱਲਣ ਜਾਂ ਦੋ-ਪਹੀਆ ਵਾਹਨ ਨਹੀਂ ਚਲਾਏਗਾ। ਜੇਕਰ ਕਿਸੇ ਵਿਅਕਤੀ ਨੇ ਇਨ੍ਹਾਂ ਹੁਕਮਾਂ ਦੀ ਉਲੰਘਣਾ ਕੀਤੀ ਤਾਂ ਉਨ੍ਹਾਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮਨਾਹੀ ਦਾ ਇਹ ਇਹ ਹੁਕਮ 18 ਜੁਲਾਈ 2025 ਤੋਂ ਮਿਤੀ 17 ਅਕਤੂਬਰ 2025 ਤੱਕ ਲਾਗੂ ਰਹੇਗਾ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕੀਤਾ ਗਿਆ ਹੈ ਅਤੇ ਸਮੂਹ ਜਨਤਾ ਨੂੰ ਸੰਬੋਧਨ ਕੀਤਾ ਗਿਆ ਹੈ।



## ਬੀ.ਡੀ.ਪੀ.ਓ. ਸ੍ਰੀ ਹਰਗੋਬਿੰਦਪੁਰ ਸਾਹਿਬ ਦਾ ਨਰਿੰਦਰ ਸਿੰਘ ਖਹਿਰਾ ਨੇ ਸੰਭਾਲਿਆ ਅਹੁਦਾ

### ☛ਗੋਲਡੀ, ਸੋਢੀ, ਘੁਮਾਣ ਵੱਲੋਂ ਨਵ-ਨਿਯੁਕਤ ਬੀ.ਡੀ.ਪੀ.ਓ. ਦਾ ਸਨਮਾਨ

ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 21 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਬੀ.ਡੀ.ਪੀ.ਓ. ਸ੍ਰੀ ਹਰਗੋਬਿੰਦਪੁਰ ਸਾਹਿਬ ਦਾ ਨਰਿੰਦਰ ਸਿੰਘ ਖਹਿਰਾ ਨੇ ਅਹੁਦਾ ਸੰਭਾਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀ.ਡੀ.ਪੀ.ਓ. ਨਰਿੰਦਰ ਸਿੰਘ ਖਹਿਰਾ ਨੇ ਆਖਿਆ ਕਿ ਉਹ ਆਪਣੇ-ਆਪ ਨੂੰ ਬਹੁਤ ਭਾਗਸ਼ਾਲੀ ਸਮਝਦੇ ਹਨ। ਜਿਨ੍ਹਾਂ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਵਿਖੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਆਖਿਆ ਕਿ ਬੀ.ਡੀ.ਪੀ.ਓ. ਦਫ਼ਤਰ ਆਉਣ 'ਤੇ ਹਰ ਵਿਅਕਤੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਇਸ ਮੌਕੇ ਬੀ.ਡੀ.ਪੀ.ਓ. ਨਰਿੰਦਰ ਸਿੰਘ ਖਹਿਰਾ ਦੇ ਅਹੁਦਾ ਸੰਭਾਲਣ ਉਪਰੰਤ ਹਲਕਾ ਵਿਧਾਇਕ ਸ੍ਰੀ ਹਰਗੋਬਿੰਦਪੁਰ ਸਾਹਿਬ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਭਰਾਤਾ ਅਮਰੀਕ ਸਿੰਘ ਗੋਲਡੀ, ਗੁਰਪ੍ਰੀਤ ਸਿੰਘ ਸੋਢੀ ਸੰਗਠਨ ਇੰਚਾਰਜ ਸ੍ਰੀ ਹਰਗੋਬਿੰਦਪੁਰ ਸਾਹਿਬ, ਜ਼ਿਲ੍ਹਾ ਸੋਸ਼ਲ ਮੀਡੀਆ ਸਕੱਤਰ ਜੋਨੀ ਘੁਮਾਣ, ਸੀਨੀਅਰ ਆਗੂ ਹਨੀ ਦਿਓਲ, ਚੇਅਰਮੈਨ ਡਾ. ਨਰਿੰਦਰ ਸਿੰਘ ਬੱਬੂ, ਸਾਬ ਸਿੰਘ ਪੱਡਾ, ਗੁਰਦੀਪ ਸਿੰਘ ਖਹਿਰਾ ਨੇ ਨਵ-ਨਿਯੁਕਤ ਬੀ.ਡੀ.ਪੀ.ਓ. ਨਰਿੰਦਰ ਸਿੰਘ ਖਹਿਰਾ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



## ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਨ ਨੂੰ ਸਮਰਪਤ ਰਾਜ ਪੱਧਰੀ ਸਮਾਗਮ 23 ਨੂੰ

ਬਟਾਲਾ, 21 ਜੁਲਾਈ (ਬਲਵਿੰਦਰ ਸਿੰਘ ਪੰਜਗਰਾਈ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ 89ਵੇਂ ਜਨਮ ਦਿਵਸ ਨੂੰ ਸਮਰਪਿਤ 'ਰਾਜ ਪੱਧਰੀ ਸਮਾਗਮ' 23 ਜੁਲਾਈ ਨੂੰ ਬਟਾਲਾ ਵਿਖੇ ਕਰਵਾਇਆ ਜਾਵੇਗਾ, ਜਿਸ ਸਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਪ੍ਰੋਫੈਸਰ ਰਾਜ ਕੁਮਾਰ ਸ਼ਰਮਾ, ਜਨਰਲ ਸੈਕਟਰੀ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਹੈਰੀਟੇਜ ਤੇ ਵਣ ਮੰਡਲ ਗੁਰਦਾਸਪੁਰ ਵੱਲੋਂ ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਬਟਾਲਵੀ ਦਾ ਜਨਮ ਦਿਨ ਪੂਰੇ ਉਤਸ਼ਾਹ ਨਾਲ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ, ਜਲੰਧਰ ਰੋਡ ਬਟਾਲਾ ਵਿਖੇ 23 ਜੁਲਾਈ ਨੂੰ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਵਣ ਤੇ ਜੰਗਲੀ ਜੀਵ ਵਿਭਾਗ, ਖੁਰਾਕ ਸਪਲਾਈ ਤੇ ਖਪਤਕਾਰ ਮਾਮਲੇ ਪੰਜਾਬ ਮੁੱਖ ਮਹਿਮਾਨ ਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।



# ਸਿਰਲੇਖਵਾਰ ਇਸ਼ਤਿਹਾਰ /Classified Advertiseament

(U/o 5 Rule 20 CPC)
**In the Court of Ms. Sumukhi Additional Civil Judge (Senior Division), Malout**
CNR No.:- PBSMB0-000372-2025
Next Date: 01.08.2025
Sapna
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.08.2025** at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 06-05-2025
**Sd/- Additional Civil Judge (Senior Division), Malout**

(U/o 5 Rule 20 CPC)
**In the Court of Ms. Minakshi Mahajan Additional Civil Judge (Senior Division), Payal**
CNR No.PBLDD0-000403-2023
Next Date: 08.10.2025
Bank of India
Versus
Ms Jai Gurdev Gram Udyog Samiti
Notice to: 7. Balwant Singh S/o Puran Singh (Vice Chairman) R/o H.No. 788, Agar Nagar, Near Stadium, Malerkotla
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **08.10.2025** at 10:00 A.M.
For details logon to https://highcourtchd.gov.in/?trs=district_notice&district=ludhiana
Dated, this day of 08-07-2025
**Sd/- Additional Civil Judge (Senior Division), Payal**

(U/o 5 Rule 20 CPC)
**In the Court of Ms. Tushar Kaur Thind Civil Judge (Junior Division), Sbs Nagar**
CNR No.PBSB02-001019-2024
Next Date: 14.08.2025
Rajwinder Kaur
Versus
Gurdeep Singh
Notice to: 1. Gurdeep Singh S/o Gurbachan Singh S/o Ram Kishan R/o Village Karnana, P.S. Banga, Tehsil Banga, District SBS Nagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **14.08.2025** at 10:00 A.M.
For details logon to https://highcourtchd.gov.in/?trs=district_notice&district=sbsnagar
Dated, this day of 11-07-2025
**Sd/- Civil Judge (Junior Division),**

(U/o 5 Rule 20 CPC)
**In the Court of Sh. Harpreet Singh Additional Civil Judge Senior Division-2, Fazilka**
CNR No.PBFZC1-001437-2024
Next Date: 06.08.2025
Santosh Rani
Versus
General Public
From: Santosh Rani W/o Parma Nand S/o lakhmi Chand R/o Village Chak Banwala Tehsil and District Fazilka
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **06.08.2025** at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 19-07-2025
**Sd/- Additional Civil Judge Senior Division-2, Fazilka**

(U/o 5 Rule 20 CPC)
**In the Court of Dr. Gurpreet Kaur Additional District and Sessions Judge, Ludhiana**
CNR No.PBLD01-026915-2024
Next Date: 18.08.2025
CA/1129/2024
Sumitra
Versus
Sanjay Singh
Notice to: Sanjay Singh Father:- Rameshwar Singh Son of S. Ram Singh R/o Street No. 8, Daba Lohara Road, Giaspura Ludhiana 2nd Address - House No. 283, Street No. 1, Nirankari Mohalla, Miller Ganj, Ludhiana- 141003
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.08.2025** at 10:00 A.M.
For details logon to https://highcourtchd.gov.in/?trs=district_notice&district=ludhiana
Dated, this day 17-07-2025
**Sd/- Additional District and Sessions Judge, Ludhiana**

(U/o 5 Rule 20 CPC)
**In the Court of Sh. Manav Additional District and Sessions Judge, Ludhiana**
CNR No.PBLD01-025131-2022
Next Date: 11.08.2025
Maninder Singh
Versus
Harbans Singh
Notice to: 5. Ranjit Kaur Spouse:- Maninder Singh Resident of Kothi No. 4, New Garden Colony, Lawrance Road, Amritsar
In above titled Case the defendant(s)/respondent(s) could not be served. It is ordered that defendant(s)/respondent(s) should appear in person or through counsel on **11.08.2025** at 10:00 A.M.
For details logon to https://highcourtchd.gov.in/?trs=district_notice&district=ludhiana
Dated, this day 18-07-2025
**Sd/- Additional District and Sessions Judge, Ludhiana**

**ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।**

(U/o 5 Rule 20 CPC) (Under Guardian and Ward Act)
**In the Court of Sh. Jarnail Singh Principal Judge Family Court, Mohali**
CNR No.PBSA01-006270-2025
Next Date: 19.08.2025
Rupinder Kaur
Versus
General Public
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19.08.2025** at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 19-07-2025
**Sd/- Principal Judge Family Court, SAS Nagar**

(U/o 5 Rule 20 CPC)
**In the Court of Ms. Rachna Bhari Civil Judge (Junior Division), Jalandhar**
CNR No.PBJL02-002163-2024
Next Date: 19.08.2025
Punjab National Bank
Versus
Super Engg. works
Suit for grant of decree for recovery of Rs. 984177 alongwith interest as prayed for.
Notice to: 01 Asha Gupta W/o Vinod Gupta 02 Chetan Gupta S/o Vinod Gupta All R/ol H.No. 04, Mohalla No. 13, Jalandhar Cantt
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19.08.2025** at 10:00 A.M.
For details logon to https://highcourtchd.gov.in/?trs=district_notice&district=Jalandhar
Dated, this day of 16-07-2025
**Sd/- Civil Judge (Junior Division), Jalandhar**

(U/o 5 Rule 20 CPC)
**In the Court of Sh. Gurpartap Singh Additional Principal Judge Family Court, Ludhiana**
CNR No.PBLD01-017897-2024
Next Date: 13.08.2025
Komal Sharma
Versus
Parveen Kumar Sharma
Notice to: Parveen Kumar Sharma S/o Father:- Kewal Krishan Sharma R/o H.NO. 1439, Ground Floor, Sector - 29, Housing Board Colony, Near Gate No. 2, Faridabad (Haryana), Mobile NO. 78387-93870.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **14.08.2025** at 10:00 A.M.
For details logon to https://highcourtchd.gov.in/?trs=district_notice&district=ludhiana
Dated, this day of 11-07-2025
**Sd/- Additional Principal Judge Family Court, Ludhiana**

(U/o 5 Rule 20 CPC)
**In the Court of Ms. Sakshi Chaudhary Civil Judge (Junior Division), Jagraon**
CNR No.PBLDB0-000983-2022
Next Date: 11.08.2025
Sonia Devi
Versus
Mohinder Singh
Notice to: 4. Mindo Bai D/o Jeet Singh S/o Beer Singh R/o Vill. Salempura, Tehsil Jagraon, Distt. Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **11.08.2025** at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 15-07-2025
**Sd/- Civil Judge (Junior Division), Jagraon**

(U/o 5 Rule 20 CPC)
**In the Court of Ms. Ekta Sahota Additional Civil Judge Senior Division-1, Patiala**
CNR No.PBPT02-002205-2025
Next Date: 05.08.2025
Hashkaran Kharoud alias Haskaran Kharoud
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **05.08.2025** at 10:00 A.M.
For details logon to https://highcourtchd.gov.in/?mod=district_notice&district=Patiala
Dated, this day of 15-07-2025
**Sd/- Additional Civil Judge Senior Division-1, Patiala**

(U/o 5 Rule 20 CPC)
**In the Court of Additional District and Sessions Judge, Rupnagar**
CNR No.PBRO01-002996-2025
Next Date: 07.08.2025
MHA/01/26-05-2025
Sukhwinder Singh Son Of Late Nasib Singh Elder Brother Of Balwinder Singh Resident Of Village Bara Pind P.O. Bharatgarh District Rupnagar, Punjab
Versus
General Public & Anrs.
Petition U/S 50,52,53,54 Of The Mental Health Act 1987 For The Appointment Of The Petitioner As A "Guardian/Manager" Of Balwinder Singh Son Of Late Nasib Singh Age About 54 Years Presently Residing At Village Bara Pind, P.O. Bharatgarh, District Rupnagar,Punjab To Allow The Petitioner To Apply And Withdraw The Family Pension Through Petitioner For The Welfare Of Balwinder Singh
Notice to: NO. 1 General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.08.2025** at 10:00 A.M.
For details logon to https://highcourtchd.gov.in/?trs=district_notice&district=Rupnagar
Dated, this day of 07-07-2025
**Sd/- District and Sessions Judge, Rupnagar**

(U/o 5 Rule 20 CPC)
**In the Court of Dr. Ambika Sharma Civil Judge Jr. Div., Chandigarh**
CNR No.CHCH02-001925-2020
Next Date: 02.09.2025
Mirage Touhhened Glasses PVT Limited
Versus
Vishavkarma Hardware Store
Notice to: 1) Vishavkarma Hardware Store:- Plot NO.1523 New Premnagar Saggu Chowk Near Hotel Las Vegas, Ludhiana Thru Its prop Prikshit Garg 2) Prikshit Garg:- Plot NO.1523 New prem Nagar, Saggu Chowk Near Hotel Las Vegas Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **02.09.2025** at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 18-07-2025
**Sd/- Civil Judge Jr. Div., Chandigarh**

**IN THE COURT OF DR. KHUSHPREET KAUR, DANICS SUB-DIVISIONAL MAGISTRATE (EAST)-CUM-MARRIAGE OFFICER, U.T. CHANDIGARH.**
Md. Sahwaz S/o Nawab Ahmad, Permanent & Temporary R/o 1015 Vikas Nagar Mauli Jagran Chandigarh 160102
AND
Lalita Thakur D/o Sh. Mangal, Permanent & Temporary R/o House No. 1041, Sector-45 Burail Chandigarh 160047 have given Notice u/s 5 of the Special Marriage Act, 1954, for Solemnization of marriage to be registered within three calendar months, under the Special Marriage Act, 1954.
Whereas, the above named parties have filed a petition for the solemnization of their marriage in this court, notice is, therefore, issued through this publication to the general public that in case there is any objection to it, the same be filed in this court on or before 15.08.2025 failing which the marriage shall be solemnized under the Special Marriage Act, 1954 in accordance with law.
Given under my hand and seal of the Court on 16.07.2025.
**S.D.M (EAST)-cum-MARRIAGE OFFICER U.T., CHANDIGARH**

**अदालती सूचना**
**न्यायालय श्री अर्पित संगल, मैन्टीनैंस ट्रिब्यूनल डबवाली**
**( दी मैन्टीनैंस एण्ड वैलफेयर आफ पेयरैन्टस एंड सीनियर सिटीजन एक्ट 2007 )**
**मनप्रीत कौर बनाम सहजदीप**
केस नंबर ....
पटीशन जेर धारा 23 आफ दी मैन्टीनैंस एंड वैलफेयर आफ पेयरैन्टस एंड सीनियर सिटीजन एक्ट 2007
बनाम-उतरवादी सहजदीप नाबालग पुत्र सतनाम सिंह पुत्र मेजर सिंह नाबालग बजरिऐ हकीकी माता सुखपाल कौर विधवा सतनाम सिंह पुत्र मेजर सिंह निवासी गांव नीलांवाली, तहसील डबवाली, जिला सिरसा
--उतरवादी
प्रार्थीया ने पटीशन जेर धारा 23 आफ दी मैन्टीनैंस एण्ड वेलफियर आफ पेयरैन्टस एण्ड सीनियर सिटीजन एक्ट 2007 इस न्यायालय में दायर की है, जिसकी तामिल साधारण ढंग से ना हो रही है, इसलिए इस इश्तहार नोटिस से सूचित किया जाता है कि इस उक्त पटीशन के अनुसार प्रार्थीया को उतरवादी से मुबलिग 20,000/- रुपए प्रतिमाह के हिसाब से खर्चा गुजारा दिलाने बारे या रद्द वा मन्सूख किए जाने पारिवारिक हस्तांतरण वसीका नंबर 2770 दिनांक 04.08.2021 वा प्रार्थीया को अराजी वा तफसील खेवट नंबर 275 मिन, खाता नंबर 386 मिन, किते 6, रकबा तादादी 35 कनाल 13 मरले का 95/713 भाग बकदर 4 कनाल 15 मरले तथा खेवट नंबर 350, खाता नंबर 510, किते 4, रकबा तादादी 31 कनाल 08 मरले का 1/9 भाग बकदर 3 कनाल 9 मरले 7 सरसाई तथा खेवट नंबर 351, खाता नंबर 511, किते 6, रकबा तादादी 37 कनाल 16 मरले का 151/1134 भाग बकदर 5 कनाल 0 मरले 6 सरसाई तथा खेवट नंबर 352, खाता नंबर 512, मुरबा नंबर 65, किला नंबर 15/2 रकबा तादादी 0 कनाल 8 मरले का 1/8 भाग बकदर 0 कनाल 1 मरला, कुल रकबा 13 कनाल 6 मरले 4 सरसाई, बरुये जमाबंदी साल 2016-17 मय इन्तकाल नंबर 2596 वा बकदर नंबर 3, वाका गांव नीलांवाली, तहसील डबवाली, जिला सिरसा का मालिक वा काबिज घोशित किया जाकर रिकार्ड माल में इस हद तक दरुस्ती करने का आदेश पास कर दिया जाएगा अगर उपरोक्त अनुसार किसी व्यक्ति का कोई एतराज या उजर हो तो वह दिनांक 29-7-25 को मेरे न्यायालय में असालतन या वकालतन हाजिर होकर अपना दावा व उजर पेश कर सकता है अन्यथा बाद गुजरने मियाद कोई भी एतराज काबिले गौर ना होगा।
आज यह इश्तहार दिनांक 15-07-25 को न्यायालय मोहर व मेरे हस्ताक्षरों से जारी हुआ।
हस्ता/-
मैन्टीनैंस ट्रिब्यूनल डबवाली

**ਕੋਰਟ ਨੋਟਿਸ**
ਬਾ ਅਦਾਲਤ ਸ੍ਰੀ ਕਰਿਸ਼ਨ ਪਾਲ ਰਾਜਪੂਤ ਆਈ.ਏ.ਐਸ, ਕੁਲੈਕਟਰ ਅਬੋਹਰ।
ਕੇਸ ਨੰਬਰ 13/ ਪੇਸੀ 23/07/2025
ਦਾਇਰੀ ਮਿਤੀ 4/7/2025
ਅਨੁਵਾਨ ਕੇਸ
ਹਰੀ ਰਾਮ,ਹਰਚੰਦ ਬੇਟੇ ਹਰਭਜ ਵਾਸੀ ਪਿੰਡ ਸਰਦਾਰ ਪੁਰਾ ਤਹਿ ਅਬੋਹਰ।.......ਫਰੀਕ ਅਵਲ
ਬਨਾਮ
ਠਾਕਰ ਰਾਮ,ਬੋਘਾ ਰਾਮ ਬੇਟੇ ਹਰਦਾਸ,ਮਨਸਾ,ਬੋਘੀ ਵਿਧਵਾ ਹਰਦਾਸ,ਸੋਹਨ ਲਾਲ,ਸੁਰਜਾ ਰਾਮ,ਅਸੀ ਲਾਲ ਪਿਸਰਾਨ ਠਾਕਰ,ਕਿਰਸਨ ਵਲਦ ਬੋਘਾ,ਸੀਲੋਵੰਤੀ ਪਤਨੀ ਕਰਿਸ਼ਨ, ਬੰਤੀ ਪਤਨੀ ਬੋਘਾ, ਵਾਸੀ ਪਿੰਡ ਸਰਦਾਰ ਪੁਰਾ ਤਹਿ ਅਬੋਹਰ,ਸੁਰਜਮਲ ਵਲਦ ਰੂੜ ਮਲ,ਔਸਵਾਲ ਗੋਲਛਾ ਅਬੋਹਰ,ਨਿਆਮਤ ਰਾਏ ਵਲਦ ਸੰਕਰ ਮਲ,ਜੱਟੀ ਬਾਈ ਬੇਵਾ ਸੁਦੰਰਮਲ,ਸੋਹਨ ਲਾਲ, ਠਾਕਰ ਦਾਸ,ਮਥਰਾ ਦਾਸ ਇਦੰਰਜੀਤ,ਕਿਰਸਨ ਚੰਦਰ,ਹਰਮੋਹਨ ਦਾਸ,ਇਦੰਰ ਮੋਹਨ ਪਿਸਰਾਨ ਨਿਆਮਤ ਰਾਏ ਵਲ ਸੁਦੰਰ ਮਲ,ਸੁਨੀਲ ਕੁਮਾਰ ਨਾਬਾਲਗ ਵਲਦ ਸੋਹਨ ਲਾਲ ਬਰ ਖਲਾਫਤ ਸੋਹਨ ਲਾਲ ਵਾ ਲਾਲਚੰਦ,ਅਸੋਕ ਅਰੋੜਾ ਵਾਸੀ ਫਾਜਿਲਕਾ, ਮਾਮਰਾਜ ਵਲਦ ਹਰਜੀ ਵਾਸੀ ਸਰਦਾਰ ਪੁਰਾ,ਬਗੜਾਵਤ ਵਲਦ ਹਰਭਜ ਵਾਸੀ ਸਰਦਾਰ ਪੁਰਾ ਤਹਿ. ਫਾਜਿਲਕਾ।
ਫਰੀਕ ਸਾਨੀ
ਦਾਵਾ ਫਾਰਮ ਕਿਉ
ਮੁਕਦੱਮਾ ਉਪਰੋਕਤ ਵਿਚ ਇਸ ਨੋਟਿਸ ਰਾਹੀ ਆਮ ਤੇ ਖਾਸ ਨੂੰ ਇਤਲਾਹ ਦਿਤੀ ਜਾਂਦੀ ਹੈ ਕਿ ਜੇਕਰ ਇਸ ਬਾਰੇ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ ਤਰੀਖ ਪੇਸੀ ਮਿਤੀ 23/07/2025 ਪਰ ਅਸਾਲਤਨ ਜਾਂ ਵਕਾਲਤਨ ਹਾਜਰ ਅਦਾਲਤ ਹੋ ਕਰ ਇਤਰਾਜ ਪੇਸ਼ ਕਰੇ ਵਰਨਾ ਹੁਕਮ ਮੁਨਾਸਿਬ ਕਰ ਦਿਤਾ ਜਾਵੇਗਾ।
ਅਜ ਮਿਤੀ 21/7/2025 ਨੂੰ ਮੇਰੇ ਦਸਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ
ਕੁਲੈਕਟਰ ਅਬੋਹਰ,

**ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ**
(ਰਜਿਸਟਰਡ ਦਫ਼ਤਰ : ਪੰ.ਰਾ.ਬਿ.ਬੋ. ਹੈੱਡ ਆਫਿਸ, ਦੀ ਮਾਲ ਪਟਿਆਲਾ-147001)
ਕਾਰਪੋਰੇਟ ਆਈਡੈਂਟਿਟੀ ਨੰ. U40109PB2010SGC033813, Website : www.pspcl.in
ਦਫ਼ਤਰ : ਸਥਾਨਿਕ ਇੰਜੀਨੀਅਰ/ਜਨਰੇਸ਼ਨ ਮੰਡਲ, ਏ.ਐਸ.ਐਚ.ਪੀ., ਅਨੰਦਪੁਰ ਸਾਹਿਬ
(ਫੋਨ : 01887-232076, 96461-19094, ਫੈਕਸ : 232117, ਈਮੇਲ : reashp@gmail.com)
ਟੈਂਡਰ ਇਨਕੁਆਇਰੀ ਨੰ. 04/RE/ASHP/2025-26 ਮਿਤੀ : 18.07.2025
ਸਥਾਨਿਕ ਇੰਜੀਨੀਅਰ, ਜਨਰੇਸ਼ਨ ਮੰਡਲ, ਏ.ਐਸ.ਐਚ.ਪੀ.ਪੀ.ਐਸ.ਪੀ.ਸੀ.ਐਲ. ਸ੍ਰੀ ਅਨੰਦਪੁਰ ਸਾਹਿਬ ਜੀ ਵੱਲੋਂ ਸਾਲ 2025-26 ਲਈ ਏ.ਐਸ.ਐਚ.ਪੀ. ਅਧੀਨ ਪਾਵਰ ਹਾਊਸ ਨੰ. 1 ਗੰਗੂਵਾਲ ਵਿਖੇ ਸਰਵਿਸ ਏਅਰ ਕੰਪਰੈਸਰ 25t2 ਅਤੇ ਯੂਨਿਟ ਏਅਰ ਕੰਪਰੈਸਰ 15t2 ਦੀ ਰਿਪੇਅਰ ਲਈ ਲੋੜੀਂਦੇ ਸਮਾਨ ਖ਼ਰੀਦ ਕਰਨ ਸਬੰਧੀ ਓਪਨ ਟੈਂਡਰ ਨੋਟਿਸ ਸੱਦਿਆ ਜਾਂਦਾ ਹੈ। ਡਿਟੇਲ ਐਨ.ਆਈ.ਟੀ. ਦੀ ਜਾਣਕਾਰੀ ਅਤੇ ਟੈਂਡਰ ਡਾਕੂਮੈਂਟ ਵਿਭਾਗ ਦੀ ਵੈੱਬਸਾਈਟ https://pspcl.in ਤੇ ਡਾਊਨਲੋਡ ਕੀਤਾ ਜਾ ਸਕਦਾ ਹੈ। ਇਸ ਦੀ ਕਾਪੀ ਉਪਰੋਕਤ ਦਫ਼ਤਰ ਤੋਂ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ। ਟੈਂਡਰ ਭਰਨ ਦੀ ਆਖ਼ਰੀ ਮਿਤੀ 05.08.2025 ਸਮਾਂ 11.00 ਵਜੇ ਸਵੇਰੇ ਤੱਕ ਹੋਵੇਗੀ।
ਨੋਟ : ਟੈਂਡਰ ਦੀਆਂ ਸਪੈਸੀਫਿਕੇਸ਼ਨ ਅਤੇ ਸ਼ਰਤਾਂ ਵਿਭਾਗ ਦੀ ਵੈੱਬਸਾਈਟ https://pspcl.in ਤੋਂ ਡਾਊਨਲੋਡ ਕੀਤੀਆਂ ਜਾ ਸਕਦੀਆਂ ਹਨ। ਜੇਕਰ ਕੋਈ ਕੋਰੀਜੈਂਡਮ ਹੋਇਆ ਤਾਂ ਉਪ ਅਖ਼ਬਾਰ ਵਿੱਚ ਪ੍ਰਕਾਸ਼ਿਤ ਨਹੀਂ ਕੀਤਾ ਜਾਵੇਗਾ। ਕਿਸੇ ਵੀ ਤਰ੍ਹਾਂ ਦੀ ਅੱਪਡੇਟ ਲਈ ਪੀ.ਐਸ.ਪਈ.ਸੀ.ਐਲ. ਦੀ ਸਾਈਟ ਨੂੰ ਲਗਾਤਾਰ ਦੇਖਿਆ ਜਾਵੇ।
C 510 / 25
**Ro No. PR-Advt. No. 1079 / 12 / 2025-26 / 1397 / Dated CHD : 21.07.2025**

**ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ**
PSPCL
(ਰਜਿ. ਦਫ਼ਤਰ ਪੀ.ਐਸ.ਈ.ਬੀ. ਹੈੱਡ ਆਫ਼ਿਸ ਦੀ ਮਾਲ ਪਟਿਆਲਾ - 147001)
Corporate Identification Number : U40109PB2010SGC033813
(Contact No. 96461-23955)

| | |
|---|---|
| ਟੈਂਡਰ ਨੋਟਿਸ ਬਾਬਤ | ਸਹਾਇਕ ਕਾਰਜਕਾਰੀ ਇੰਜੀਨੀਅਰ ਟੀ ਐਲ ਉਪ ਮੰਡਲ ਪਟਿਆਲਾ ਲਈ ਇੱਕ ਨੰਬਰ ਆਊਟਸੋਰਸ ਗੱਡੀ ਕਿਰਾਏ ਤੇ ਲੈਣ ਲਈ (Mahindra Genius / Bolero / Tata - 207/408 or equivalent in price (Double Door) ਨਵੀਂ "ਕਾਰਪੋਰੇਟ ਟ੍ਰਾਂਸਪੋਰਟ ਪਾਲਿਸੀ ਆਫ਼ ਪੀ.ਐਸ.ਪੀ.ਸੀ.ਐਲ." ਅਨੁਸਾਰ। |
| ਟੈਂਡਰ ਇਨਕੁਆਇਰੀ ਨੰ. 15 / TL Div. PTA / 2025-26 | |
| ਟੈਂਡਰ ਦਸਤਾਵੇਜ਼ ਪ੍ਰਾਪਤ ਕਰਨ ਦੀ ਕੀਮਤ 1180/- | ਬਿਆਨਾ ਰਕਮ 2% ਟੈਂਡਰ ਕੀਮਤ ਉਚੇਰੀ ਤਰਫ਼ ਤੋਂ ਗੁਣਾ ਕਰਕੇ 10 ਰੁਪਏ ਤੱਕ ਰਾਊਂਡ ਆਫ਼ ਕਰਨੀ ਹੈ। |
| ਟੈਂਡਰ ਦਸਤਾਵੇਜ਼ ਜਾਰੀ ਹੋਣ ਦੀ ਮਿਤੀ | 22/07/2025 ਸਵੇਰੇ 9.00 ਵਜੇ ਤੋਂ ਸ਼ੁਰੂ |
| ਦਸਤਾਵੇਜ਼ ਜਮ੍ਹਾਂ ਕਰਵਾਉਣ ਦੀ ਆਖ਼ਰੀ ਮਿਤੀ ਅਤੇ ਸਮਾਂ | 18/08/2025 ਦੁਪਹਿਰ ਬਾਅਦ 12.15 ਵਜੇ ਤੱਕ |
| ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ | 20.08.2025 ਦੁਪਹਿਰ ਬਾਅਦ 03.00 ਵਜੇ |

ਨੋਟ : ਸੋਧ ਸੰਬੰਧੀ ਵੇਰਵੇ, ਆਫ਼ਿਸਰ ਫਲੈਟ ਨੰ. 24 ਸੀਨੀਅਰ ਕਾਰਜਕਾਰੀ ਇੰਜੀਨੀਅਰ ਟੀ.ਐਲ. ਮੰਡਲ ਪੀ.ਐਸ.ਪੀ.ਸੀ.ਐਲ. ਪਟਿਆਲਾ ਦੇ ਦਫ਼ਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। C 516/25
**Ro No. PR-Advt. No. 1079 / 12 / 2025-26 / 1403 / Dated CHD : 21.07.2025**

**ਇੰਡੀਅਨ ਓਵਰਸੀਜ਼ ਬੈਂਕ**
ਬੰਗਾ ਸ਼ਾਖਾ:-
78 ਮੇਨ ਰੋਡ, ਵਾਰਡ ਨੰ. 8, ਬਾਂਗਾ, ਪੰਜਾਬ-144505
M: 89259-52066, E-mail: iob2066@iob.in
**(ਅੰਤਿਕਾ4) ਕਬਜ਼ਾ ਸੂਚਨਾ (ਅਚੱਲ ਸੰਪੱਤੀ ਲਈ ) [(ਨਿਯਮ 8 (1)]**
ਜਿਵੇਂ ਕਿ **ਇੰਡੀਅਨ ਓਵਰਸੀਜ਼ ਬੈਂਕ** ਦੇ ਅਧਿਕਾਰਤ ਅਧਿਕਾਰੀ, ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਹੇਠ ਹਸਤਾਖਰ ਕੀਤੇ ਵਿਅਕਤੀ ਨੇ **ਮਿਤੀ 08.05.2025** ਨੂੰ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ ਜਿਸ ਵਿੱਚ **ਕਰਜ਼ਦਾਰਾਂ /ਗਿਰਵੀਕਾਰਾਂ/ਜ਼ਾਮਨਾਂ - ਸ਼੍ਰੀ ਅਵਿਨਾਸ਼ ਕੁਮਾਰ ਪੁੱਤਰ ਨਿਰਮਲ ਕੁਮਾਰ (ਕਰਜ਼ਦਾਰ /ਗਿਰਵੀਕਾਰ) 1/160, ਸੋਤਰਾਂ ਰੋਡ, ਮੁਹੱਲਾ ਲਾਲਾ ਵਾਲਾ ਪੀਰ, ਬੰਗਾ, ਐਸਬੀਐਸ ਨਗਰ, ਪੰਜਾਬ - 144505 ਅਤੇ ਸ਼੍ਰੀਮਤੀ ਰਜਨੀ (ਕਰਜ਼ਦਾਰ) 1/160, ਸੋਤਰਾਂ ਰੋਡ, ਮੁਹੱਲਾ ਲਾਲਾ ਵਾਲਾ ਪੀਰ, ਬੰਗਾ, ਐਸਬੀਐਸ ਨਗਰ, ਪੰਜਾਬ 144505 ਨੂੰ ਨੋਟਿਸ ਵਿੱਚ ਦੱਸੀ ਗਈ ਰਕਮ 06.05.2025 ਨੂੰ ਰੁ. 18,54,552.62 (ਰੁ. ਅਠਾਰਾਂ ਲੱਖ ਚੁਰੰਜਾ ਹਜ਼ਾਰ ਪੰਜ ਸੌ ਬਵੰਜਾ ਅਤੇ ਬਾਹਠ ਪੈਸੇ ਕੇਵਲ)** ਦੀ ਅਦਾਇਗੀ ਕਰਨ ਲਈ ਕਿਹਾ ਗਿਆ ਹੈ।
ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਸੂਲੀ ਦੀ ਮਿਤੀ ਤੱਕ ਇਕਰਾਰਨਾਮੇ ਦੀਆਂ ਦਰਾਂ ਅਤੇ ਬਾਕੀ, ਚਾਰਜ ਆਦਿ 'ਤੇ ਹੋਰ ਵਿਆਜ ਸਮੇਤ।
(1) ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **19 ਜੁਲਾਈ, ਸਾਲ 2025** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਦਿੱਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।
(2) ਖਾਸ ਕਰਕੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਨਾਲ ਨਜਿੱਠਣ ਨਾ ਕਰਨ ਅਤੇ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਭਾਰਤੀ ਓਵਰਸੀਜ਼ ਬੈਂਕ ਦੇ ਰੁਪਏ ਦੀ ਰਕਮ ਦੇ ਚਾਰਜ ਦੇ ਅਧੀਨ ਹੋਵੇਗਾ। **ਰੁ. 18,54,552.62 (ਰੁ. ਅਠਾਰਾਂ ਲੱਖ ਚੁਰੰਜਾ ਹਜ਼ਾਰ ਪੰਜ ਸੌ ਬਵੰਜਾ ਅਤੇ ਬਾਹਠ ਪੈਸੇ ਕੇਵਲ) ਅਨੁਸਾਰ** 06.05.2025 ਨੂੰ ਇਕਰਾਰਨਾਮੇ ਦੀਆਂ ਦਰਾਂ 'ਤੇ ਵਿਆਜ ਸਮੇਤ ਅਤੇ ਸਹਿਮਤੀ ਅਨੁਸਾਰ ਬਾਕੀ, ਚਾਰਜ ਆਦਿ, ਡਿਮਾਂਡ ਨੋਟਿਸ ਵਿੱਚ ਦੱਸੀ ਗਈ ਉਪਰੋਕਤ ਮਿਤੀ ਤੋਂ ਡਿਮਾਂਡ ਨੋਟਿਸ ਜਾਰੀ ਹੋਣ ਤੋਂ ਬਾਅਦ ਕੀਤੀ ਗਈ ਅਦਾਇਗੀ, ਜੇਕਰ ਕੋਈ ਹੋਵੇ, ਨੂੰ ਘਟਾ ਕੇ। ਕਬਜ਼ਾ ਲੈਣ ਦੀ ਮਿਤੀ 'ਤੇ ਦੇਣਯੋਗ ਬਕਾਇਆ **ਰੁ. 18,54,552.62 (ਰੁ. ਅਠਾਰਾਂ ਲੱਖ ਚੁਰੰਜਾ ਹਜ਼ਾਰ ਪੰਜ ਸੌ ਬਵੰਜਾ ਅਤੇ ਬਾਹਠ ਪੈਸੇ ਕੇਵਲ)** ਹੈ ਜੋ ਕਿ ਭੁਗਤਾਨ ਦੀ ਮਿਤੀ ਤੱਕ ਇਕਰਾਰਨਾਮੇ ਦੀਆਂ ਦਰਾਂ ਅਤੇ ਬਾਕੀ, ਚਾਰਜ ਆਦਿ 'ਤੇ ਹੋਰ ਵਿਆਜ ਸਮੇਤ ਭੁਗਤਾਨਯੋਗ ਹੈ।
(3) ਕਰਜ਼ਦਾਰਾਂ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਜੋ ਉਹਨਾਂ ਨੂੰ ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ ਉਪਲਬਧ ਸਮੇਂ ਦੇ ਸੰਬੰਧ ਵਿੱਚ ਹਨ।
**ਅਚੱਲ ਜਾਇਦਾਦ ਦਾ ਵੇਰਵਾ**
01 ਕਨਾਲ ਦੀ ਜ਼ਮੀਨ ਦੇ ਸਾਰੇ ਹਿੱਸੇ ਯਾਨੀ 20/114 ਹਿੱਸੇ ਵਾਲੀ 05 ਕਨਾਲ 14 ਮਰਲੇ ਜ਼ਮੀਨ ਵਿੱਚ ਖਾਤਾ ਨੰਬਰ 739/806 ਖਸਰਾ ਨੰਬਰ 28//2 (5-14) ਸ਼ਾਮਲ ਹੈ ਜੋ ਕਿ ਸਾਲ 2017-2018 ਲਈ ਜਮ੍ਹਾਂਬੰਦੀ ਵਿੱਚ ਦਰਜ ਕੀਤੀ ਗਈ ਸੀ, ਜੋ ਕਿ ਪਿੰਡ ਗੁਣਾਚੌਰ, ਤਹਿਸੀਲ ਬੰਗਾ, ਜ਼ਿਲ੍ਹਾ ਐਸਬੀਐਸ ਨਗਰ ਵਿਖੇ ਅਵਿਨਾਸ਼ ਕੁਮਾਰ ਦੇ ਨਾਮ 'ਤੇ ਸਥਿਤ ਹੈ।
ਮਿਤੀ: 21.07.2025 ਸਥਾਨ: ਬੰਗਾ ਅਧਿਕਾਰਤ ਅਧਿਕਾਰੀ

# ਪਿਊਸ਼ ਗੋਇਲ ਨੇ ਖੋਜ ਅਤੇ ਵਿਕਾਸ ਕੇਂਦਰਾਂ ਲਈ ਨਵੀਨਤਮ ਉਪਕਰਨਾਂ ਦਾ ਵਾਅਦਾ ਕੀਤਾ : ਮੰਤਰੀ ਅਰੋੜਾ

ਲੁਧਿਆਣਾ, 21 ਜੁਲਾਈ (ਵਿਸ਼ਾਲ ਸ਼ਰਮਾ) ਉਦਯੋਗ ਅਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਪੰਜਾਬ ਮੰਤਰੀ ਸੰਜੀਵ ਅਰੋੜਾ ਨੇ ਸੋਮਵਾਰ ਨੂੰ ਨਵੀਂ ਦਿੱਲੀ ਵਿੱਚ ਕੇਂਦਰੀ ਉਦਯੋਗ ਅਤੇ ਵਣਜ ਮੰਤਰੀ ਪਿਊਸ਼ ਗੋਇਲ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਰਾਜ ਦੇ ਉਦਯੋਗ ਨਾਲ ਸਬੰਧਤ ਮੁੱਦੇ ਉਠਾਏ। ਅੱਜ ਇੱਥੇ ਇੱਕ ਬਿਆਨ ਵਿੱਚ, ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਬੇਨਤੀ 'ਤੇ, ਕੇਂਦਰੀ ਮੰਤਰੀ ਨੇ ਪੰਜਾਬ ਭਰ ਦੇ ਸਾਰੇ ਸਰਕਾਰੀ ਖੋਜ ਅਤੇ ਵਿਕਾਸ ਕੇਂਦਰਾਂ ਵਿੱਚ ਨਵੀਨਤਮ ਅਤਿ-ਆਧੁਨਿਕ ਉਪਕਰਣ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੰਤਰੀ ਨੇ ਭਰੋਸਾ ਦਿੱਤਾ ਕਿ ਇਹ ਉਪਕਰਣ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ (ਬੀਆਈਐਸ) ਸਕੀਮ ਅਧੀਨ ਦਿੱਤੇ ਜਾਣਗੇ। ਪਿਊਸ਼ ਗੋਇਲ ਨੇ ਇਹ ਵਾਅਦਾ ਅਰੋੜਾ ਵੱਲੋਂ ਇੰਡੀਅਨ ਐਸੋਸੀਏਸ਼ਨ ਆਫ਼ ਹੈਂਡ ਟੂਲਜ਼ (ਆਈਏਐਚਟੀ), ਲੁਧਿਆਣਾ ਲਈ 100 ਕਰੋੜ ਰੁਪਏ ਦੀ ਗ੍ਰਾਂਟ ਦੀ ਬੇਨਤੀ ਕਰਨ ਵਾਲਾ ਪੱਤਰ ਪੇਸ਼ ਕਰਨ ਤੋਂ ਬਾਅਦ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਈਏਐਚਟੀ, ਲੁਧਿਆਣਾ ਵਿਖੇ ਇੱਕ ਮਹੱਤਵਪੂਰਨ ਬੁਨਿਆਦੀ ਢਾਂਚੇ ਦੀ ਲੋੜ ਹੈ, ਜੋ ਕਿ ਇੱਕ ਮਹੱਤਵਪੂਰਨ ਨਿਰਮਾਣ ਅਤੇ ਨਿਰਯਾਤ ਕੇਂਦਰ ਹੈ ਪਰ ਆਧੁਨਿਕ ਟੈਸਟਿੰਗ ਅਤੇ ਪ੍ਰਮਾਣਿਤ ਲੈਬ ਸਹੂਲਤਾਂ ਦੀ ਅਣਹੋਂਦ ਇਸਦੀ ਵਿਸ਼ਵਵਿਆਪੀ ਮੁਕਾਬਲੇਬਾਜ਼ੀ ਨੂੰ ਸੀਮਤ ਕਰਦੀ ਹੈ। ਅਰੋੜਾ ਨੇ ਕਿਹਾ ਕਿ ਇਹ ਨਵੀਨਤਮ ਟੂਲ ਰੂਮ, ਡਿਜ਼ਾਈਨ ਵਿਕਾਸ ਅਤੇ ਰਿਵਰਸ ਇੰਜੀਨੀਅਰਿੰਗ ਸਹੂਲਤਾਂ ਸਥਾਪਤ ਕਰਨ ਵਿੱਚ ਮਦਦ ਕਰੇਗਾ। ਹੋਰ



ਵਿਸਥਾਰ ਵਿੱਚ, ਉਨ੍ਹਾਂ ਕਿਹਾ ਕਿ ਟਿਕਾਊਤਾ ਨੂੰ ਬਿਹਤਰ ਬਣਾਉਣ ਲਈ ਅੰਤਰਰਾਸ਼ਟਰੀ ਗੁਣਵੱਤਾ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਟੈਸਟਿੰਗ ਅਤੇ ਮੁਲਾਂਕਣ, ਅਤੇ ਮੈਟਰੋਲੋਜੀ ਲੈਬਾਂ ਦੀ ਲੋੜ ਹੈ। ਉਨ੍ਹਾਂ ਨੇ ਇੱਕ ਐਡਵਾਂਸਡ ਵੈਲਡਿੰਗ ਸਿਖਲਾਈ ਵਰਕਸ਼ਾਪ ਦੀ ਸਥਾਪਨਾ ਦੀ ਜ਼ਰੂਰਤ ਬਾਰੇ ਵੀ ਚਾਨਣਾ ਪਾਇਆ, ਜਿਸ ਵਿੱਚ ਕੋਰਸ ਸਮੱਗਰੀ ਡਿਜ਼ਾਈਨ ਕਰਨ ਲਈ ਸਲਾਹਕਾਰ ਫੀਸ ਅਤੇ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਸਾਰ ਢਾਂਚਿਆਂ ਦਾ ਮੁਲਾਂਕਣ ਸ਼ਾਮਲ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜੇਕਰ ਇਹ ਉਪਕਰਣ ਅਲਾਟ ਕੀਤੇ ਜਾਂਦੇ ਹਨ ਤਾਂ ਇਹ ਨਿਰਯਾਤ, ਨਵੀਨਤਾ ਅਤੇ ਰੁਜ਼ਗਾਰ-ਅੱਗੇ ਵਧਾਉਣ ਵਾਲੇ ਪੰਜਾਬ ਦੀ ਨਿਰਮਾਣ ਸ਼ਕਤੀ ਨੂੰ ਹੁਲਾਰਾ ਦੇਵੇਗਾ। ਅਰੋੜਾ ਨੇ ਪੰਜਾਬ ਵਿੱਚ ਰਣਨੀਤਕ ਬੁਨਿਆਦੀ ਢਾਂਚਾ ਸਹਾਇਤਾ ਲਈ ਕੇਂਦਰੀ ਮੰਤਰੀ ਨੂੰ ਇੱਕ ਹੋਰ ਪੱਤਰ ਵੀ ਪੇਸ਼ ਕੀਤਾ।

**ਇੰਡੀਅਨ ਬੈਂਕ** Indian Bank
ਇਲਾਹਾਬਾਦ ALLAHABAD
ਜ਼ੋਨਲ ਦਫ਼ਤਰ: ਐਸਸੀਓ 96, ਜ਼ਿਲ੍ਹਾ ਸ਼ਾਪਿੰਗ ਸੈਂਟਰ, ਚੌਥੀ ਮੰਜ਼ਿਲ ਰਣਜੀਤ ਐਵਿਨਿਊ, ਅੰਮ੍ਰਿਤਸਰ-143001
Ph.: 0183-2830600; Fax: 0183-2500108,
E-mail: zoamritsar@indianbank.co.in
**ਕਬਜ਼ਾ ਸੂਚਨਾ (ਅਚੱਲ ਸੰਪੱਤੀ ਲਈ)**
ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਇੰਡੀਅਨ ਬੈਂਕ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (ਾਂ) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਦਰਸਾਈ ਮਿਤੀ ਨੂੰ **ਕਰਜ਼ਦਾਰ (ਾਂ)/ਜ਼ਾਮਨ (ਾਂ)** ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
**ਕਰਜ਼ਦਾਰ (ਾਂ)/ਸਹਿ-ਕਰਜ਼ਦਾਰ/ਜ਼ਾਮਨ (ਾਂ)/ਗਿਰਵੀਕਾਰ (ਾਂ)** ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ **ਕਰਜ਼ਦਾਰ (ਾਂ)/ਸਹਿ-ਕਰਜ਼ਦਾਰ/ਜ਼ਾਮਨ (ਾਂ)/ਗਿਰਵੀਕਾਰ (ਾਂ)** ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
**ਕਰਜ਼ਦਾਰ (ਾਂ)/ਸਹਿ-ਕਰਜ਼ਦਾਰ/ਜ਼ਾਮਨ (ਾਂ)/ਗਿਰਵੀਕਾਰ (ਾਂ)** ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਅਤੇ ਇਸ 'ਤੇ ਭਾਵੀ ਵਿਆਜ ਅਤੇ ਫੀਸਾਂ ਸਮੇਤ ਰਕਮ ਦੇ ਲਈ **ਇੰਡੀਅਨ ਬੈਂਕ** ਦੇ ਚਾਰਜ ਨਾਲ ਸਬੰਧਤ ਹੋਵੇਗੀ।
***"ਅਸੀਂ ਤੁਹਾਡਾ ਧਿਆਨ ਜ਼ਾਮਨੀਆਂ ਉਪਰ ਪੁਨਰ ਪ੍ਰਾਪਤੀ ਦੇ ਤੁਹਾਡੇ ਅਧਿਕਾਰਾਂ ਨਾਲ ਸਬੰਧਤ ਸਰਫਾਇਸੀ ਐਕਟ ਅਤੇ ਇਸ ਦੇ ਅਧੀਨ ਗਠਿਤ ਨਿਯਮਾਂ ਦੀ ਧਾਰਾ 13 (8) ਦੀਆਂ ਵਿਵਸਥਾਵਾਂ ਵੱਲ ਦੁਆਉਂਦੇ ਹਾਂ।"***

| ਸ਼ਾਖਾ/ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਨਾਮ | ਅਚੱਲ ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਰਕਮ | ਕਬਜ਼ੇ ਦੀ ਮਿਤੀ |
|---|---|---|---|
| **ਬ੍ਰਾਂਚ ਦਫ਼ਤਰ ਮਜੀਠਾ** ਕਰਜ਼ਦਾਰ(ਾਂ) ਗਿਰਵੀਕਾਰ(ਾਂ):-ਸ਼੍ਰੀ ਰਵੀ ਸ਼ਰਮਾ ਪੁੱਤਰ ਸ਼੍ਰੀ ਓਂਕਾਰ ਨਾਥ, ਵਾਸੀ ਮਕਾਨ ਨੰ: 215/12, ਕਟੜਾ ਪਰਜਾ ਅੰਦਰ, ਹਾਥੀ ਗੇਟ, ਅੰਮ੍ਰਿਤਸਰ, ਪੰਜਾਬ -143001। ਸਹਿ-ਕਰਜ਼ਦਾਰ (ਾਂ): ਸ਼੍ਰੀਮਤੀ ਪੂਜਾ ਸ਼ਰਮਾ ਪਤਨੀ ਸ਼੍ਰੀ ਰਵੀ ਸ਼ਰਮਾ, ਮਕਾਨ ਨੰ: 215, ਕਟੜਾ ਪਰਜਾ ਅੰਦਰ, ਹਾਥੀ ਗੇਟ, ਅੰਮ੍ਰਿਤਸਰ, ਪੰਜਾਬ-143001 | ਗਿਰਵੀ ਸੰਪੱਤੀਆਂ :- ਵਿਕਰੀ ਡੀਡ ਮਿਤੀ 23.03.2021, ਕਿਤਾਬ ਨੰਬਰ 1, ਦਸਤਾਵੇਜ਼ ਨੰਬਰ 2020-21/93/1/14754 ਸ਼੍ਰੀ ਰਵੀ ਸ਼ਰਮਾ ਪੁੱਤਰ ਸ਼੍ਰੀ ਓਂਕਾਰਨਾਥ ਅਤੇ ਸ਼੍ਰੀਮਤੀ ਪੂਜਾ ਸ਼ਰਮਾ ਪਤਨੀ ਸ਼੍ਰੀ ਰਵੀ ਸ਼ਰਮਾ ਦੇ ਨਾਮ 'ਤੇ ਪਲਾਟ ਪ੍ਰਾਈਵੇਟ ਨੰਬਰ 70 ਅਧੀਨ ਖਸਰਾ ਨੰਬਰ 145, 146, 2191/169, 142, 2189/168 ਸਾਰੇ ਮਿਨ, ਖਾਤਾ ਖਤੌਨੀ ਨੰ.504/806 ਤੋਂ 809 'ਤੇ 86.50 ਵਰਗ ਗਜ਼ ਦੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ ਜਮ੍ਹਾਂਬੰਦੀ ਸਾਲ 2017-18 ਦੇ ਅਨੁਸਾਰ ਰਕਬਾਤੁੰਗਪਾਈ, ਸਬ-ਅਰਬਨ, ਆਬਾਦੀ ਮੁਸਤਫਾਬਾਦ, ਗ੍ਰੀਨ ਵੈਲੀ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਹੈ, ਜੋ ਕਿ ਸਬ-ਰਜਿਸਟਰਾਰ, ਅੰਮ੍ਰਿਤਸਰ-1 ਦੇ ਦਫ਼ਤਰ ਵਿੱਚ ਰਜਿਸਟਰਡ ਹੈ। ਜਾਇਦਾਦ ਦੀ ਹੱਦਬੰਦੀ ਇਸ ਤਰ੍ਹਾਂ ਹੈ:- ਉੱਤਰ: ਪਲਾਟ ਨੰ. 62; ਦੱਖਣ: ਪਲਾਟ ਨੰ. 9; ਪੂਰਬ: ਪਲਾਟ ਨੰ. 69; ਪੱਛਮ: ਗਲੀ 20 ਫੁੱਟ ਚੌੜੀ। | 10.02.2025 Rs. 9,43,974/- 18.07.2025 ਅਤੇ ਵਿਆਜ, ਹੋਰ ਖਰਚਿਆਂ ਸਮੇਤ। | 19.07.2025 |

ਮਿਤੀ : 21.07.2025 ਸਥਾਨ : ਅੰਮ੍ਰਿਤਸਰ ਅਧਿਕਾਰਤ ਅਧਿਕਾਰੀ

**ਅਦਿਤਯ ਬਿਰਲਾ ਕੈਪੀਟਲ ਲਿਮਟਿਡ**
ADITYA BIRLA CAPITAL — PROTECTING INVESTING FINANCING ADVISING
**ਪੰਜੀਕ੍ਰਿਤ ਦਫਤਰ :** ਇੰਡੀਅਨ ਰੇਆਨ ਕੰਪਾਊਂਡ, ਵੇਰਾਵਲ, ਗੁਜਰਾਤ-362266
**ਸ਼ਾਖਾ ਦਫ਼ਤਰ :** 12ਵੀਂ ਮੰਜ਼ਿਲ, ਆਰ ਟੈਕ ਪਾਰਕ, ਨਿਰਲੋਨ ਕੰਪਲੈਕਸ, ਨੇੜੇ ਹੱਬ ਮਾਲ, ਗੋਰੇਗਾਓਂ (ਪੂਰਬ), ਮੁੰਬਈ-400 063, ਮਾਹਾਰਾਸ਼ਟਰਾ
**ਕਬਜ਼ਾ ਸੂਚਨਾ [ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8(1) ਦੇ ਅਧੀਨ]**
24.03.2025 ਨੂੰ ਰਾਸ਼ਟਰੀ ਕੰਪਨੀ ਲਾਅ ਟ੍ਰਿਬਿਊਨਲ-ਅਹਿਮਾਦਾਬਾਦ ਵੱਲੋਂ ਪਾਸ ਕੀਤੇ ਗਏ ਆਦੇਸ਼ ਦੇ ਰਿਕਾਰਡ ਅਨੁਸਾਰ ਏਕੀਕਰਨ ਮਿਤੀ 11.03.2024 ਦੇ ਅਧੀਨ ਆਦਿਤਯ ਬਿਰਲਾ ਫਾਇਨਾਂਸ ਲਿਮਟਿਡ ਅਤੇ ਆਦਿਤਯ ਬਿਰਲਾ ਕੈਪੀਟਲ ਲਿਮਟਿਡ ਦੇ ਵਿਚਕਾਰ ਹੋਏ ਏਕੀਕਰਨ ਦੇ ਅਨੁਸਾਰ ਨਿਮਨ ਸੂਚੀ ਏ ਵਿਚ ਦਰਸਾਈ ਗਿਰਵੀ ਸੰਪੱਤੀ ਦੇ ਸਬੰਧ ਵਿਚ ਆਦਿਤਯ ਬਿਰਲਾ ਫਾਇਨਾਂਸ ਲਿਮਟਿਡ ਵੱਲੋਂ ਸ਼ੁਰੂ ਕੀਤੀ ਗਈ ਸਮੁੱਚੀ ਸਰਫਾਇਸੀ ਕਾਰਵਾਈ ਆਦਿਤਯ ਬਿਰਲਾ ਕੈਪੀਟਲ ਲਿਮਟਿਡ ਦੇ ਨਾਲ ਤਬਦੀਲ ਕੀਤੀ ਗਈ ਜੋ ਕਿ ਏਕੀਕਰਨ ਕੰਪਨੀ ਹੈ।
ਇਸ ਅਨੁਸਾਰ ਨਿਮਨ ਹਸਤਾਖ਼ਰੀ ਨੇ **ਅਦਿਤਯ ਬਿਰਲਾ ਕੈਪੀਟਲ ਲਿਮਟਿਡ (ਏਬੀਸੀਐਲ)** ਦੇ **ਅਧਿਕਾਰਤ ਅਧਿਕਾਰੀ** ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ **60 ਦਿਨਾਂ ਦੇ ਅੰਦਰ** ਵਿਆਜ ਅਤੇ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਕਰਜ਼ਦਾਰਾਂ (ਨਿਮਨ ਦਰਸਾਏ ਨਾਮ ਅਤੇ ਪਤੇ) ਨੂੰ ਸੱਦਾ ਦਿੰਦੇ ਹੋਏ ਦਰਸਾਏ ਕਾਨੂੰਨ ਦੀ ਧਾਰਾ 13 (2) ਅਧੀਨ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਨਿਮਨ ਦਰਸਾਏ ਕਰਜ਼ਦਾਰਾਂ ਰਕਮ ਅਦਾ ਕਰਨ ਵਿਚ ਅਸਫਲ ਰਹੇ ਹਨ, ਇਸ ਦੁਆਰਾ ਨਿਮਨ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ। ਨਿਮਨ ਦਰਸਾਏ ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਅਤੇ ਵਿਆਜ ਦੇ ਲਈ **ਅਦਿਤਯ ਬਿਰਲਾ ਕੈਪੀਟਲ ਲਿਮਟਿਡ (ਏਬੀਸੀਐਲ)** ਦੇ ਚਾਰਜ ਨਾਲ ਸਬੰਧਤ ਹੋਵੇਗੀ। ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ- ਧਾਰਾ 8 ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਲ. ਨੰ. | ਕਰਜ਼ਦਾਰ (ਾਂ) ਦਾ ਨਾਮ | ਮੰਗ ਸੂਚਨਾ ਦੀ ਮਿਤੀ ਅਤੇ ਬਕਾਇਆ ਰਕਮ | ਅਚੱਲ ਸੰਪੱਤੀ (ਗਿਰਵੀ ਸੰਪੱਤੀਆਂ) ਦਾ ਵੇਰਵਾ | ਕਬਜ਼ੇ ਦੀ ਮਿਤੀ |
|---|---|---|---|---|
| 1. | 1. **ਸ਼੍ਰੀ ਲਖਵੀਰ ਸਿੰਘ,** ਸਪੁੱਤਰ ਗੁਰਦੇਵ ਸਿੰਘ 2. **ਸ਼੍ਰੀਮਤੀ ਮਨਪ੍ਰੀਤ ਕੌਰ** ਸੁਪਤਨੀ ਸ੍ਰੀ ਲਖਵੀਰ ਸਿੰਘ, ਸਪੁੱਤਰੀ ਹਮੀਰ ਸਿੰਘ ABBHASTS000000864764 | **ਡੀਐਨ ਮਿਤੀ :** 12.05.2025 Rs. 57,13,893/- as on 08.05.2025 | ਇਹ ਸਾਰੀ ਜ਼ਮੀਨ ਲਗਭਗ 01 ਕਨਾਲ 00 ਮਰਲੇ ਮਾਪੀ ਜਾਂਦੀ ਹੈ, ਜੋ ਕਿ 02 ਕਨਾਲ 16 ਮਰਲੇ ਮਾਪੀ ਜਾਣ ਵਾਲੀ ਜ਼ਮੀਨ ਦਾ 5/14 ਹਿੱਸਾ ਹੈ, ਖਸਰਾ ਨੰਬਰ 295/14/1/1/2 (2-8) 295/14/1/1/1 (0-8) ਖੇਵਟ /ਖਤੌਨੀ ਨੰਬਰ 1093/1521, 1522 ਵਿੱਚ ਸ਼ਾਮਲ ਹੈ ਜੋ ਸਹਿਣਾ ਸੀ, ਤਹਿਸੀਲ ਭਦੌੜ, ਜ਼ਿਲ੍ਹਾ ਬਰਨਾਲਾ ਦੀ ਮਾਲੀਆ ਸੀਮਾ ਦੀ ਸੀਮਾ ਦੇ ਅੰਦਰ ਸਥਿਤ ਹੈ ਅਤੇ ਹੱਦਬੰਦੀ ਪੂਰਬ 52'10 ਲਿੰਕ ਰੋਡ, ਪੱਛਮ - 52'10 ਅਵਤਾਰ ਸਿੰਘ ਪੁੱਤਰ ਮੁਖਤਿਆਰ ਸਿੰਘ, ਉੱਤਰ - 103 ਜਸਵੰਤ ਸਿੰਘ ਪੁੱਤਰ ਕੇਹਰ ਸਿੰਘ, ਦੱਖਣ - 103 ਗਲੀ। | 19.07.2025 (**ਸੰਕੇਤਕ ਕਬਜ਼ਾ**) |

ਸਥਾਨ : ਬਰਨਾਲਾ, ਪੰਜਾਬ
ਮਿਤੀ : 22.07.2025
ਸਹੀ/-
ਅਧਿਕਾਰਤ ਅਧਿਕਾਰੀ
ਅਦਿਤਯ ਬਿਰਲਾ ਕੈਪੀਟਲ ਲਿਮਟਿਡ

**ਯੂਨੀਅਨ ਬੈਂਕ** ਆਫ ਇੰਡੀਆ ਭਾਰਤ ਸਰਕਾਰ ਦੀ ਅਦਾਰਾ — Union Bank of India, A Goverment Of India Undertaking
ਖੇਤਰੀ ਦਫਤਰ : ਬਠਿੰਡਾ, ਐਸਸੀਐਫ-136-137, ਰੋਜ਼ ਗਾਰਡਨ ਕੰਪਲੈਕਸ, ਨੇੜੇ ਮਿੱਤਲ ਮਾਲ, ਗੋਨਿਆਣਾ ਰੋਡ, ਬਠਿੰਡਾ-151001
Email : crld.robathinda@unionbankofindia.bank
**[ਨਿਯਮ 8 (1)] ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**
ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਯੂਨੀਅਨ ਬੈਂਕ ਆਫ ਇੰਡੀਆ, ਮੁਕਤਸਰ ਸ਼ਾਖਾ** (35490), **ਐਸਸੀਐਫ 58-59, ਐਨਜੀਐਮ, ਸ੍ਰੀ ਮੁਕਤਸਰ ਸਾਹਿਬ**-152026 ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਦੂਜਾ) **ਕਾਨੂੰਨ**, 2002 (2002 **ਦਾ ਐਕਟ** ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) **ਨਿਯਮਾਂਵਲੀ**, 2002 ਦੇ **ਨਿਯਮ** 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਖਾਤੇ ਅਧੀਨ ਦਰਸਾਈਆਂ ਅਤੇ ਇਸ ਉਪਰੰਤ ਦਰਸਾਈਆਂ ਮਿਤੀਆਂ ਨੂੰ ਨਿਮਨ ਦਰਸਾਏ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13(4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨਲਿਖਤ ਰਕਮ ਅਤੇ ਵਿਆਜ ਦੇ ਲਈ **ਯੂਨੀਅਨ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ/ਜ਼ਾਮਨ ਦਾ ਧਿਆਨ ਸੁਰੱਖਿਅਤ ਸੰਪੱਤੀ (ਆਂ) ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਲ. ਨੰ. | ਕਰਜ਼ਦਾਰਾਂ/ਸ਼ਾਖਾ ਦਾ ਨਾਮ | ਅਚੱਲ/ਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ਾ ਦੀ ਮਿਤੀ | ਮੰਗ ਸੂਚਨਾ ਅਨੁਸਾਰ ਰਕਮ (ਾਂ) |
|---|---|---|---|---|---|
| 1 | ਮੁਕਤਸਰ — **ਕਰਜ਼ਦਾਰ(ਾਂ) 1(ਏ) ਸ੍ਰੀ ਡਿਪਟੀ ਸਰੂਪ ਸ਼ਰਮਾ ਪੁੱਤਰ ਮੰਗਤ ਰਾਏ ਸ਼ਰਮਾ**, ਵਾਸੀ #110002, ਭਗਤ ਸਿੰਘ ਨਗਰ, ਗਲੀ ਨੰਬਰ 1, ਮੁਕਤਸਰ, ਪੰਜਾਬ-152026, **1(ਬੀ) ਸ੍ਰੀਮਤੀ। ਕਮਲੇਸ਼ ਰਾਣੀ ਪਤਨੀ ਸ੍ਰੀ ਮੰਗਤ ਰਾਏ**, ਵਾਸੀ ਗਲੀ ਨੰ. 4, ਹਰਗੋਬਿੰਦ ਨਗਰ, ਮੁਕਤਸਰ, ਪੰਜਾਬ-152026 ਅਤੇ ਜ਼ਾਮਨ (ਾਂ) ਸ੍ਰੀ ਗੋਪਾਲ ਕ੍ਰਿਸ਼ਨ ਪੁੱਤਰ ਰਮੇਸ਼ ਕੁਮਾਰ, ਵਾਸੀ ਮੇਨ ਗਲੀ, ਤਿਲਕ ਨਗਰ, ਮੁਕਤਸਰ, ਪੰਜਾਬ | ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ 5-1/2 ਮਰਲੇ 11/2400 60 ਕਨਾਲ 0 ਮਰਲੇ ਦੇ ਹਿੱਸੇ ਵਿਚੋਂ ਖੇਵਟ ਨੰ. 1104 ਖਤੌਨੀ ਨੰ. 1883 ਖਸਰਾ ਨੰ. 1925 (60-0) ਸਾਲ 2005-06 ਲਈ ਜਮ੍ਹਾਂਬੰਦੀ (ਜਮਾਬੰਦੀ ਸਾਲ 2010-11-ਖੇਵਟ ਨੰ. 1186 ਖਤੌਣੀ ਨੰ. 1962 ਅਨੁਸਾਰ) ਵਸੀਕਾ ਨੰਬਰ 3663 ਮਿਤੀ 16.02.2010, ਮੁਕਤਸਰ-2 ਦੇ ਖੇਤਰ ਵਿਚ ਤਹਿਸੀਲ ਅਤੇ ਜ਼ਿਲ੍ਹਾ ਮੁਕਤਸਰ ਸਾਹਿਬ ਵਿਖੇ ਸਥਿਤ, ਹੱਦਬਸਤ ਨੰ: 54, ਮਕਾਨ ਨੰ: 10105, ਗਲੀ ਨੰ: 4, ਹਰਗੋਬਿੰਦ ਨਗਰ ਥਾਂਦੇ ਵਾਲਾ ਰੋਡ, ਮੁਕਤਸਰ ਸਾਹਿਬ ਸ਼੍ਰੀਮਤੀ ਕਮਲੇਸ਼ ਰਾਣੀ ਪਤਨੀ ਸਵਰਗੀ ਸ੍ਰੀ ਮੰਗਤ ਰਾਏ ਸ਼ਰਮਾ ਨਾਲ ਸਬੰਧਤ ਹੈ। ਹੱਦਬੰਦੀ: ਪੂਰਬ- ਰਿਹਾਇਸ਼ੀ ਮਕਾਨ 56-3, ਪੱਛਮੀ- ਰਿਹਾਇਸ਼ੀ ਮਕਾਨ 56-3, ਉੱਤਰੀ-ਗਲੀ 27-0, ਦੱਖਣੀ-ਪਲਾਟ 27-0 | 01.03.2025 | 18.07.2025 | Rs. 2,35,297.56 ਅਤੇ ਵਿਆਜ ਸਮੇਤ |

ਮਿਤੀ : 18.07.2025 ਸਥਾਨ : ਮੁਕਤਸਰ ਅਧਿਕਾਰਤ ਅਧਿਕਾਰੀ

**ਪੰਜਾਬ ਨੈਸ਼ਨਲ ਬੈਂਕ** pnb
.... ਭਰੋਸੇ ਦਾ ਪ੍ਰਤੀਕ
**ਸ਼ਾਖਾ ਦਫ਼ਤਰ : ਤਲਵੰਡੀ**
**ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**
ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਪੰਜਾਬ ਨੈਸ਼ਨਲ ਬੈਂਕ** ਦੇ **"ਅਧਿਕਾਰਤ ਅਧਿਕਾਰੀ"** ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ **ਕਾਨੂੰਨ**, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) **ਨਿਯਮਾਂਵਲੀ**, 2002 ਦੇ **ਨਿਯਮ** 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਨਿਮਨਲਿਖਤ **ਕਰਜ਼ਦਾਰ (ਾਂ)/ਜ਼ਾਮਨ (ਾਂ)** ਨੂੰ ਸੱਦਾ ਦਿੰਦੇ ਹੋਏ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ (ਾਂ)/ਜ਼ਾਮਨ (ਾਂ)/ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਸੁਰੱਖਿਆ ਵਿਆਜ ਲਾਗੂਕਰਨ ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
**ਕਰਜ਼ਦਾਰ (ਾਂ)/ਜ਼ਾਮਨ (ਾਂ)** ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਸੌਦੇਬਾਜ਼ੀ ਨਿਮਨ ਦਰਸਾਏ ਵੇਰਵਿਆਂ ਅਧੀਨ ਰਕਮ ਦੇ ਲਈ **ਪੰਜਾਬ ਨੈਸ਼ਨਲ ਬੈਂਕ** ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਧਿਆਨ ਸੁਰੱਖਿਅਤ ਅਸਾਸਿਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ (ਾਂ)/ਜ਼ਾਮਨ (ਾਂ)/ ਗਿਰਵੀਕਾਰ (ਾਂ) ਦਾ ਨਾਮ | ਗਿਰਵੀ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਕਰਜ਼ਦਾਰ : 1. ਨਿਊਗਲੋਬਲ ਆਈਸਬਰਗ ਪ੍ਰਾਈਵੇਟ ਲਿਮਟਿਡ 2. ਕਰਨੈਲ ਸਿੰਘ ਸਪੁੱਤਰ ਭਾਲਾ ਸਿੰਘ ਸਿੰਘ, ਮਕਾਨ ਨੰ: 134, ਗੁਰਦੁਆਰਾ ਸਾਹਿਬ ਨੇੜੇ, ਪਿੰਡ ਤੇ ਡਾਕਖਾਨਾ. ਤੁੰਬੜਭਾਨ, ਤਹਿਸੀਲ ਅਤੇ ਜ਼ਿਲ੍ਹਾਫਿਰੋਜ਼ਪੁਰ 142050। 3. ਅਮਨਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ, ਪਿੰਡ ਤੇ ਡਾਕਖਾਨਾ ਤੁੰਬੜਭਾਨ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ - 142050, 4. ਜਸਵਿੰਦਰ ਕੌਰ ਸੁਪਤਨੀ ਕਰਨੈਲ ਸਿੰਘ ਪਿੰਡ ਤੇ ਡਾਕਖਾਨਾ ਤੁੰਬੜਭਾਨ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ - 142050। 5. ਕੁਲਬੀਰ ਸਿੰਘ ਪੁੱਤਰ ਸਵਰਨ ਸਿੰਘ, ਸਕੂਲ ਨੇੜੇ, ਪਿੰਡ ਜੀਤ ਸਿੰਘ ਵਾਲਾ, ਲੋਹਾਮ, ਜ਼ਿਲ੍ਹਾ ਫਿਰੋਜ਼ਪੁਰ-142060। | 9 ਮਰਲੇ ਦੇ ਰਿਹਾਇਸ਼ੀ ਘਰ ਦਾ ਸਾਰਾ ਹਿੱਸਾ ਅਤੇ ਪਾਰਸਲ 9/142 ਹਿੱਸਾ 7 ਕਨਾਲ 2 ਮਰਲੇ ਜ਼ਮੀਨ ਦਾ ਹੈ, ਜੋ ਕਿ ਖੇਵਟ ਨੰਬਰ 2, ਖਤੌਣੀ ਨੰਬਰ 23, ਖਸਰਾ ਨੰਬਰ 95 (7-2) ਵਿੱਚ ਸ਼ਾਮਲ ਹੈ, ਸਾਲ 2017-18 ਦੀ ਜਮਾਂਬੰਦੀ ਦੇ ਅਨੁਸਾਰ, ਜੀਤ ਸਿੰਘ ਵਾਲਾ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ- ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਰਸਤਾ, ਪੱਛਮ: ਟਰਾਂਸਫਰ ਖੁਦ, ਉੱਤਰ: ਦਰਸ਼ਨ ਸਿੰਘ, ਦੱਖਣ: ਰਸਤਾ। ਟਰਾਂਸਫਰ ਡੀਡ ਵਾਲੇ ਵਸੀਕਾ ਨੰਬਰ 1182 ਮਿਤੀ 18.03.2016 ਦੇ ਅਨੁਸਾਰ, ਸੰਯੁਕਤ ਸਬ-ਰਜਿਸਟਰਾਰ, ਤਲਵੰਡੀ ਭਾਈ ਦੇ ਦਫ਼ਤਰ ਵਿੱਚ ਰਜਿਸਟਰਡ। | 22.04.2025 | 19.07.2025 | 14,83,434.60 ਰੁਪਏ (ਚੌਦਾਂ ਲੱਖ ਤਰਾਸੀ ਹਜ਼ਾਰ ਚਾਰ ਸੌ ਚੌਂਤੀ ਅਤੇ ਸੱਠ ਪੈਸੇ ਕੇਵਲ) ਜਮ੍ਹਾਂ 01.04.2025 ਤੋਂ ਪ੍ਰਭਾਵੀ ਵਿਆਜ + ਫੀਸਾਂ (ਮਨਫੀ ਵਸੂਲੀ, ਜੇਕਰ ਕੋਈ ਹੋਵੇ)। |

ਮਿਤੀ : 21.07.2025 ਸਥਾਨ : ਤਲਵੰਡੀ ਅਧਿਕਾਰਤ ਅਧਿਕਾਰੀ

**ਯੂਨੀਅਨ ਬੈਂਕ** ਆਫ ਇੰਡੀਆ ਭਾਰਤ ਸਰਕਾਰ ਦਾ ਅਦਾਰਾ — Union Bank of India, A Goverment Of India Undertaking
ਰਿਜ਼ਨਲ ਦਫਤਰ :ਐਸਸੀਓ 113-114, ਦੂਜੀ ਅਤੇ ਤੀਜੀ ਮੰਜ਼ਿਲ, ਅਰਬਨ ਅਸਟੇਟ, ਫੇਜ਼, ਜਲੰਧਰ
E.Mail: crld.rojalandhar@unionbankofindia.bank
**ਕਬਜ਼ਾ ਸੂਚਨਾ**
**[ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ-8 (1) ਦੇ ਅਧੀਨ]**
ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਯੂਨੀਅਨ ਬੈਂਕ ਆਫ ਇੰਡੀਆ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ ਐਕਟ ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਖਾਤੇ ਅਧੀਨ ਦਰਸਾਈਆਂ ਅਤੇ ਇਸ ਉਪਰੰਤ ਦਰਸਾਈਆਂ ਮਿਤੀਆਂ ਨੂੰ ਨਿਮਨ ਦਰਸਾਏ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ /ਜ਼ਾਮਨ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13(4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ/ਜ਼ਾਮਨ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਸੰਪੱਤੀਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ **ਯੂਨੀਅਨ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ/ਜ਼ਾਮਨ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਲ. ਨੰ. | ਕਰਜ਼ਦਾਰਾਂ/ਸ਼ਾਖਾ ਦਾ ਨਾਮ | ਅਚੱਲ/ਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ਾ ਦੀ ਮਿਤੀ | ਮੰਗ ਸੂਚਨਾ ਅਨੁਸਾਰ ਰਕਮ (ਾਂ) |
|---|---|---|---|---|---|
| 1 | ਓਵਰਸੀਜ਼ ਸ਼ਾਖਾ — **ਕਰਜ਼ਦਾਰ ਮੈਸ. ਸ੍ਰੀ ਸ਼ਿਆਮ ਆਇਲ ਇੰਡਸਟ੍ਰੀਜ਼ ਪ੍ਰੋਪਰਾਈਟਰ ਸ੍ਰੀ ਰਾਜੀਵ ਕੁਮਾਰ ਪੁੱਤਰ ਸ੍ਰੀ ਪਵਨ ਕੁਮਾਰ ( ਜ਼ਾਮਨ ਵੀ)** | ਸ੍ਰੀ ਰਾਜੀਵ ਕੁਮਾਰ ਪੁੱਤਰ ਪਵਨ ਕੁਮਾਰ ਦੇ ਨਾਮ 'ਤੇ ਪਿੰਡ ਮੁਬਾਰਕਪੁਰ ਅਤੇ ਜ਼ਿਲ੍ਹਾ ਜਲੰਧਰ ਵਿਖੇ ਵਪਾਰਕ ਜਾਇਦਾਦ, ਸਾਲ 2017-18 ਦੀ ਜਮ੍ਹਾਂਬੰਦੀ ਅਨੁਸਾਰ 17 ਮਰਲੇ ਅਤੇ 41 ਵਰਗ ਫੁੱਟ, ਖੇਵਟ/ਖਤੌਣੀ ਨੰ. 96/112-113-114 ਖਸਰਾ ਨੰ. 24//19,22,31//2,18,19,20/1,31//9,31//12, 13, ਵਿਕਰੀ ਡੀਡ ਨੰ. 2021-22/186/1/10742 ਮਿਤੀ 04.01.2022 ਅਨੁਸਾਰ। ਹੇਠ ਲਿਖੇ ਅਨੁਸਾਰ ਹੱਦਬੰਦੀ: ਉੱਤਰ: ਪਲਾਟ ਨੰ. 11", ਦੱਖਣ: ਪਲਾਟ ਨੰ. 7, ਪੂਰਬ: ਸੜਕ, ਪੱਛਮ: ਰੇਲਵੇ ਲਾਈਨ | 03.04.2025 | 19.07.2025 | Rs. 2,27,47,852.25/- (ਰੁ. ਦੋ ਕਰੋੜ ਸਤਾਈ ਲੱਖ ਸੰਤਾਲੀ ਹਜ਼ਾਰ ਅੱਠ ਸੌ ਬਵੰਜਾ ਅਤੇ ਪੱਚੀ ਪੈਸੇ ਕੇਵਲ) 03.04.2025 ਅਨੁਸਾਰ ਅਗਲੇਰੇ ਵਿਆਜ ਅਤੇ 04.04.2025 ਤੋਂ ਅਚਨਚੇਤੀ ਖਰਚਿਆਂ ਸਮੇਤ |

ਮਿਤੀ : 19.07.2025 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ

**ਬੈਂਕ ਆਫ ਬੜੌਦਾ** Bank of Baroda
ਫੋਕਲ ਪੁਆਇੰਟ ਲੁਧਿਆਣਾ ਸ਼ਾਖਾ
BXXX 1626-C, ਸ਼ੇਰਪੁਰ ਰੋਡ,
ਲੁਧਿਆਣਾ, ਪੰਜਾਬ-141010
E-mail: vjfoca@bankofbaroda.co.in
**ਮੰਗ ਨੋਟਿਸ**
(**ਸਰਫਾਇਸੀ ਐਕਟ**, 2002 **ਦੀ ਧਾਰਾ 13 ਦੀ ਉਪ-ਧਾਰਾ (2) ਦੇ ਤਹਿਤ**)
ਤੁਹਾਡੇ ਸਾਰਿਆਂ ਨੂੰ ਹੇਠ ਲਿਖੀਆਂ ਧਿਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਆਫ਼ ਬੜੌਦਾ ਨੇ ਤੁਹਾਡੇ ਵਿੱਚੋਂ ਹਰੇਕ ਦੇ ਵਿਰੁੱਧ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਲਾਗੂ ਕਰਨ ਐਕਟ, 2002 (**ਸਰਫਾਇਸੀ ਐਕਟ**) ਦੇ ਤਹਿਤ ਕਾਰਵਾਈ ਸ਼ੁਰੂ ਕੀਤੀ ਹੈ, ਕਿ ਐਕਟ ਦੀ ਧਾਰਾ 13(2) ਦੇ ਤਹਿਤ ਨੋਟਿਸ ਜੋ ਤੁਹਾਨੂੰ ਹਰੇਕ ਨੂੰ ਰਜਿਸਟਰਡ ਪੋਸਟ ਦੁਆਰਾ ਵੱਖਰੇ ਤੌਰ 'ਤੇ ਭੇਜਿਆ ਗਿਆ ਸੀ ਪਰ ਕਰਜ਼ਦਾਰ/ਜ਼ਾਮਨ/ਰਸੀਦ ਦੁਆਰਾ ਪ੍ਰਾਪਤ ਨਹੀਂ ਹੋਇਆ ਹੈ, ਬਿਨਾਂ ਕਿਸੇ ਕਾਰਵਾਈ ਦੇ ਵਾਪਸ ਕਰ ਦਿੱਤਾ ਗਿਆ ਹੈ। ਇਸ ਲਈ ਇਹ ਪ੍ਰਕਾਸ਼ਨ ਤੁਹਾਡੇ ਵਿੱਚੋਂ ਹਰੇਕ ਲਈ ਬਣਾਇਆ ਗਿਆ ਹੈ ਅਤੇ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਅਤੇ ਵਿਆਜ ਅਤੇ ਲਾਗਤਾਂ ਦਾ ਸਾਂਝੇ ਤੌਰ 'ਤੇ ਭੁਗਤਾਨ ਕਰਨ ਲਈ ਨੋਟਿਸ ਲੈਣ ਲਈ ਕਿਹਾ ਜਾਂਦਾ ਹੈ, ਨਹੀਂ ਤਾਂ ਬੈਂਕ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਕਾਰਵਾਈ ਕਰੇਗਾ ਅਤੇ ਉਸ ਤੋਂ ਬਾਅਦ ਉਨ੍ਹਾਂ ਨੂੰ ਵੇਚਣ ਲਈ ਕਿਹਾ ਜਾਵੇਗਾ ਤਾਂ ਜੋ ਉਕਤ ਐਕਟ ਦੇ ਤਹਿਤ ਵਿਚਾਰੇ ਗਏ ਭਵਿੱਖ ਦੇ ਵਿਆਜ, ਲਾਗਤਾਂ ਅਤੇ ਹੋਰ ਇਤਫਾਕਿਕ ਖਰਚਿਆਂ ਦੇ ਨਾਲ ਇਸਦੇ ਬਕਾਏ ਪ੍ਰਾਪਤ ਕੀਤੇ ਜਾ ਸਕਣ। ਇਹ ਦੱਸਣ ਦੀ ਲੋੜ ਨਹੀਂ ਕਿ ਇਹ ਨੋਟਿਸ ਤੁਹਾਨੂੰ ਸੰਬੋਧਿਤ ਕੀਤਾ ਗਿਆ ਹੈ, ਬੈਂਕ ਕੋਲ ਉਪਲਬਧ ਕਿਸੇ ਵੀ ਹੋਰ ਉਪਾਅ ਨਾਲ ਕੋਈ ਪੱਖਪਾਤ ਕੀਤੇ ਬਿਨਾਂ।

| ਕਰਜ਼ਦਾਰ/ਜ਼ਾਮਨਾਂ ਦਾ ਨਾਮ | ਐਨਪੀਏ ਦੀ ਮਿਤੀ | ਮੰਗ ਸੂਚਨਾ ਦੀ ਮਿਤੀ ਧਾਰਾ 13(2) ਅਧੀਨ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| ਮੈਸਰਜ਼ ਰੱਬਾਨੀ ਕਾਟਨ ਪ੍ਰੋਪ. ਸ਼੍ਰੀ ਮੁਹੰਮਦ ਰੱਬਾਨੀ (ਕਰਜ਼ਦਾਰ) ਫੁੱਲੇਵਾਲ, ਬਾਬੂ ਪ੍ਰਾਪਰਟੀ ਡੀਲਰ ਦੇ ਨੇੜੇ, ਸਾਹਮਣੇ ਮੋਤੀ ਬਾਗ ਕਲੋਨੀ, ਲੁਧਿਆਣਾ, ਪੰਜਾਬ-141013, ਫੋਨ: 6280994027. ਸ੍ਰੀ ਮੁਹੰਮਦ ਰੱਬਾਨੀ ਪੁੱਤਰ ਮੁਹੰਮਦ ਬੱਚਾ ਬਾਬੂ (ਕਰਜ਼ਦਾਰ) ਫੁੱਲੇਵਾਲ, ਲੁਧਿਆਣਾ, ਪੰਜਾਬ-141013, ਫੋਨ: 6280994027. ਸ੍ਰੀ ਬੱਚਾ ਮੀਆਂ ਸਪੁੱਤਰ ਇਬਰਾਹਿਮ ਮੀਆਂ (ਸਹਿ-ਕਰਜ਼ਦਾਰ) ਫੁੱਲੇਵਾਲ, ਲੁਧਿਆਣਾ, ਪੰਜਾਬ-141013, ਫੋਨ: 6280994027. | 10.05.2024 | 22.01.2025 | Rs. 17,50,899.84 22.01.2025 ਦੇ ਅਨੁਸਾਰ (10.05.2024 ਤੱਕ ਵਿਆਜ ਸਮੇਤ) (ਜਮ੍ਹਾਂ ਅਗਲੇਰਾ ਗੈਰ ਲਾਗੂ ਵਿਆਜ ਜਮ੍ਹਾਂ ਕਾਨੂੰਨੀ ਅਤੇ ਹੋਰ ਫੀਸਾਂ) |
| ਸ੍ਰੀ ਮੁਹੰਮਦ ਰੱਬਾਨੀ ਪੁੱਤਰ ਮੁਹੰਮਦ ਬੱਚਾ ਬਾਬੂ (ਕਰਜ਼ਦਾਰ) ਫੁੱਲੇਵਾਲ, ਲੁਧਿਆਣਾ, ਪੰਜਾਬ-141013, ਫੋਨ: 6280994027, ਸ੍ਰੀ ਬੱਚਾ ਮੀਆਂ ਪੁੱਤਰ ਇਬਰਾਹਿਮ ਮੀਆਂ (ਸਹਿ-ਕਰਜ਼ਦਾਰ) ਫੁੱਲੇਵਾਲ, ਲੁਧਿਆਣਾ, ਪੰਜਾਬ-141013, ਫੋਨ: 6280994027, ਸ੍ਰੀ ਆਮਿਰ ਖਾਨ ਪੁੱਤਰ ਮੋਸੀਬਤ ਖਾਨ (ਜ਼ਾਮਨ) ਮਕਾਨ ਨੰਬਰ 143, ਗਲੀ ਨੰਬਰ 04, ਆਨੰਦ ਵਿਹਾਰ, ਲੁਧਿਆਣਾ, ਪੰਜਾਬ-141001 | 10.05.2024 | 22.01.2025 | Rs. 72,259.29 22.01.2025 ਦੇ ਅਨੁਸਾਰ (10.05.2024 ਤੱਕ ਵਿਆਜ ਸਮੇਤ) (ਜਮ੍ਹਾਂ ਅਗਲੇਰਾ ਗੈਰ ਲਾਗੂ ਵਿਆਜ ਜਮ੍ਹਾਂ ਕਾਨੂੰਨੀ ਅਤੇ ਹੋਰ ਫੀਸਾਂ) |

**ਗਿਰਵੀ ਰੱਖੀ ਜਾਇਦਾਦ/ਸੁਰੱਖਿਆ ਦਾ ਵੇਰਵਾ**
ਵਸੀਕਾ ਨੰਬਰ 6196 ਮਿਤੀ 01.09.2017 ਦੇ ਅਨੁਸਾਰ 2012-13 ਲਈ ਜਮ੍ਹਾਂਬੰਦੀ ਅਨੁਸਾਰ ਪਿੰਡ ਫੁੱਲਾਂਵਾਲਾ, ਹੱਦਬਸਤ ਨੰਬਰ 278, ਆਬਾਦੀ, ਜਿਸਨੂੰ ਪਾਸੀ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ, ਖਸਰਾ ਨੰਬਰ 19//2/1, ਖਾਤਾ ਨੰਬਰ 719/736 ਵਿੱਚ ਸ਼ਾਮਲ 28.88 ਵਰਗ ਗਜ਼ ਦੀ ਜਾਇਦਾਦ ਦੀ ਈਐਮਡੀਟੀਡੀ।
**ਤੁਹਾਨੂੰ ਸਾਰਿਆਂ ਨੂੰ ਇਹ ਵੀ ਧਿਆਨ ਵਿੱਚ ਰੱਖਣ ਦੀ ਸਲਾਹ ਦਿੱਤੀ ਜਾਂਦੀ ਹੈ ਕਿ ਉਕਤ ਐਕਟ ਦੀ ਧਾਰਾ 13(3) ਦੇ ਅਨੁਸਾਰ, ਤੁਹਾਨੂੰ ਉਪਰੋਕਤ ਸੁਰੱਖਿਆ ਦਾ ਨਿਪਟਾਰਾ/ਕਾਰੋਬਾਰ ਕਰਨ ਜਾਂ ਵਿਕਰੀ/ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਉਪਰੋਕਤ ਸੁਰੱਖਿਅਤ ਸੰਪਤੀਆਂ ਨੂੰ ਟ੍ਰਾਂਸਫਰ ਕਰਨ ਤੋਂ ਰੋਕਿਆ/ਮਨਾਹੀ ਕੀਤੀ ਜਾਂਦੀ ਹੈ।**
ਮਿਤੀ: 21.07.2025 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ

**ਜ਼ਰੂਰੀ ਸੂਚਨਾ**
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।



# ਖੇਤੀਬਾੜੀ



## ਸਾਉਣੀ ਦੀਆਂ ਫ਼ਸਲਾਂ ਲਈ ਅਪਣਾਓ ਸੰਯੁਕਤ ਖਾਦ ਪ੍ਰਬੰਧਨ
### ਮਿੱਟੀ ਦੀ ਸਿਹਤ ਰਹੇਗੀ ਬਰਕਰਾਰ - ਕਿਸਾਨਾਂ ਨੂੰ ਮਿਲੇਗਾ ਵੱਧ ਝਾੜ

ਗਗਨਦੀਪ ਧਵਨ
ਮਨਜੀਤ ਕੌਰ
ਗੁਰਮੀਤ ਸਿੰਘ ਢੇਰੀ

ਆਧੁਨਿਕ ਖੇਤੀ ਵਿੱਚ ਫ਼ਸਲਾਂ ਦੀ ਉੱਚ ਪੈਦਾਵਾਰ ਲਈ ਖਾਦਾਂ ਦੀ ਅਹਿਮ ਭੂਮਿਕਾ ਹੈ ਪਰ ਇਸ ਨਾਲ ਖੇਤੀ ਦੀ ਲਾਗਤ ਦਾ ਇੱਕ ਵੱਡਾ ਹਿੱਸਾ ਵੀ ਖਾਦਾਂ ਉੱਤੇ ਖਰਚ ਹੁੰਦਾ ਹੈ। ਖਾਦਾਂ ਦੀਆਂ ਲਗਾਤਾਰ ਵਧਦੀਆਂ ਕੀਮਤਾਂ ਅਤੇ ਉਨ੍ਹਾਂ ਦੀ ਬੇਲੋੜੀ ਵਰਤੋਂ ਨਾ ਸਿਰਫ ਫਸਲਾਂ ਦੇ ਉਤਪਾਦਨ ਦੀ ਲਾਗਤ ਵਿੱਚ ਵਾਧਾ ਕਰਦੀ ਹੈ ਬਲਕਿ ਮਿੱਟੀ ਅਤੇ ਵਾਤਾਵਰਣ ਦੀ ਸਿਹਤ ਨੂੰ ਵੀ ਪ੍ਰਭਾਵਿਤ ਕਰਦੀ ਹੈ। ਇਸ ਲਈ ਇਹ ਜਰੂਰੀ ਹੈ ਕਿ ਖਾਦਾਂ ਦੀ ਵਰਤੋਂ ਸੰਜਮ ਨਾਲ ਅਤੇ ਫ਼ਸਲ ਦੀ ਲੋੜ ਅਨੁਸਾਰ ਕੀਤੀ ਜਾਵੇ, ਤਾਂ ਜੋ ਖੇਤੀ ਖਰਚ ਨੂੰ ਘਟਾਇਆ ਜਾ ਸਕੇ ਅਤੇ ਵਾਤਾਵਰਣ ਦੀ ਸੁਰੱਖਿਆ ਕਰਦਿਆਂ, ਫ਼ਸਲਾਂ ਤੋਂ ਵਧੀਆ ਝਾੜ ਪ੍ਰਾਪਤ ਕੀਤਾ ਜਾ ਸਕੇ। ਫ਼ਸਲਾਂ ਦੇ ਵਿਕਾਸ ਅਤੇ ਵਧੇਰੇ ਝਾੜ ਲਈ 17 ਖੁਰਾਕੀ ਤੱਤਾਂ ਦੀ ਲੋੜ ਹੁੰਦੀ ਹੈ, ਜਿਨ੍ਹਾਂ ਵਿੱਚੋਂ ਕਾਰਬਨ, ਹਾਈਡ੍ਰੋਜਨ ਅਤੇ ਆਕਸੀਜਨ ਹਵਾ ਅਤੇ ਪਾਣੀ ਤੋਂ ਪ੍ਰਾਪਤ ਹੁੰਦੇ ਹਨ, ਜਦਕਿ ਬਾਕੀ 14 ਤੱਤ ਮਿੱਟੀ ਤੋਂ ਲਏ ਜਾਂਦੇ ਹਨ। ਮੁੱਖ ਤੱਤਾਂ ਵਿੱਚ ਨਾਈਟ੍ਰੋਜਨ, ਫਾਸਫੋਰਸ, ਪੋਟਾਸ਼, ਕੈਲਸ਼ੀਅਮ, ਮੈਗਨੀਸ਼ੀਅਮ ਅਤੇ ਗੰਧਕ ਸ਼ਾਮਿਲ ਹਨ, ਜਦਕਿ ਸੂਖਮ ਤੱਤਾਂ ਵਿੱਚ ਲੋਹਾ, ਮੈਗਨੀਜ਼, ਜ਼ਿੰਕ, ਤਾਂਬਾ, ਮੋਲੀਬਡੇਨਮ, ਬੋਰੋਨ, ਕਲੋਰੀਨ ਅਤੇ ਨਿਕਲ ਆਉਂਦੇ ਹਨ। ਹਾਲਾਂਕਿ ਸੂਖਮ ਤੱਤਾਂ ਦੀ ਲੋੜ ਮੁੱਖ ਤੱਤਾਂ ਨਾਲੋਂ ਘੱਟ ਹੁੰਦੀ ਹੈ, ਪਰ ਫ਼ਸਲਾਂ ਦੇ ਵਿਕਾਸ ਅਤੇ ਉੱਚ ਪੈਦਾਵਾਰ ਲਈ ਇਹਨਾਂ ਦੀ ਭੂਮਿਕਾ ਵੀ ਬਹੁਤ ਜਰੂਰੀ ਹੈ। ਰਸਾਇਣਕ, ਜੈਵਿਕ ਅਤੇ ਜੀਵਾਣੂੰ ਖਾਦਾਂ ਦੀ ਮਿਲੀ-ਜੁਲੀ ਵਰਤੋਂ, ਫ਼ਸਲ ਅਨੁਸਾਰ ਖਾਦਾਂ ਦੀ ਮਾਤਰਾ ਅਤੇ ਸਹੀ ਸਮੇਂ 'ਤੇ ਖਾਦਾਂ ਦੀ ਵਰਤੋਂ ਦੇ ਨਾਲ ਖੇਤੀ ਦੇ ਖਰਚ ਨੂੰ ਘਟਾ ਕੇ ਵਧੇਰੇ ਪੈਦਾਵਾਰ ਅਤੇ ਵਾਤਾਵਰਣ ਦੀ ਸੁਰੱਖਿਆ ਕੀਤੀ ਜਾ ਸਕਦੀ ਹੈ।

### ਖੇਤੀ ਵਿੱਚ ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਵਧੇਰੀ ਪੈਦਾਵਾਰ ਲਈ ਸੁਝਾਅ

ਫ਼ਸਲਾਂ ਦੇ ਚੰਗੇ ਝਾੜ ਅਤੇ ਜ਼ਮੀਨ ਦੀ ਸਿਹਤ ਨੂੰ ਸੁਰੱਖਿਅਤ ਰੱਖਣ ਲਈ, ਰਸਾਇਣਕ ਅਤੇ ਜੈਵਿਕ ਖਾਦਾਂ ਦੀ ਰਲਵੀ ਅਤੇ ਸੰਤੁਲਿਤ ਵਰਤੋਂ ਬਹੁਤ ਜਰੂਰੀ ਹੈ।ਹੇਠਾਂ ਕੁਝ ਸੁਝਾਅ ਦਿੱਤੇ ਗਏ ਹਨ, ਜਿਨ੍ਹਾਂ ਨਾਲ ਤੁਸੀ ਫ਼ਸਲਾਂ ਦੀ ਚੰਗੀ ਪੈਦਾਵਾਰ ਪ੍ਰਾਪਤ ਕਰ ਸਕਦੇ ਹੋ:

**ਝੋਨਾ:** ਝੋਨੇ-ਕਣਕ ਫਸਲੀ ਚੱਕਰ ਵਿੱਚ ਕਣਕ ਦੀ ਵਾਢੀ ਤੋਂ ਬਾਅਦ ਅਤੇ ਝੋਨੇ ਦੀ ਲਵਾਈ ਲਈ ਖੇਤ ਤਿਆਰ ਕਰਨ ਤੋਂ ਪਹਿਲਾਂ ਜੈਵਿਕ ਖਾਦ ਖੇਤ ਵਿੱਚ ਪਾਉਣ ਲਈ ਸੱਭ ਤੋਂ ਢੁਕਵਾਂ ਸਮਾਂ ਹੁੰਦਾ ਹੈ।ਜੈਵਿਕ ਖਾਦਾਂ ਜਿਵੇਂ ਕਿ ਰੂੜੀ ਦੀ ਖਾਦ, ਪ੍ਰੈਸਮੱਡ, ਗੋਬਰ ਗੈਸ ਪਲਾਂਟ ਵਿਚੋਂ ਨਿਕਲੀ ਹੋਈ ਸੱਲਰੀ (ਸੁੱਕੀ ) ਅਤੇ ਮੁਰਗੀਆਂ ਦੀ ਖਾਦ ਆਦਿ ਵਿੱਚੋਂ ਜੋ ਵੀ ਅਸਾਨੀ ਨਾਲ ਉਪਲਬਧ ਹੋਵੇ ਕਿਸਾਨ ਵੀਰ ਖੇਤਾਂ ਵਿੱਚ ਪਾ ਸਕਦੇ ਹਨ।6 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਈ ਰੂੜੀ ਖਾਦ ਜਾਂ ਗੋਬਰ ਗੈਸ ਪਲਾਂਟ ਵਿਚੋਂ ਨਿਕਲੀ ਹੋਈ ਸੱਲਰੀ (ਸੁੱਕੀ) ਨਾਲ 35 ਕਿਲੋ ਯੂਰੀਆ ਅਤੇ 6 ਟਨ ਪ੍ਰੈਸਮੱਡ ਖਾਦ ਜਾਂ 2.5 ਟਨ ਮੁਰਗੀਆਂ ਦੀ ਖਾਦ ਪ੍ਰਤੀ ਏਕੜ ਪਾਉਣ ਨਾਲ 55 ਕਿਲੋ ਯੂਰੀਆ ਖਾਦ ਦੀ ਬੱਚਤ ਕੀਤੀ ਜਾ ਸਕਦੀ ਹੈ।ਝੋਨੇ ਦੀ ਲਵਾਈ ਤੋਂ ਪਹਿਲਾਂ ਹਰੀ ਖਾਦ ਜਿਵੇਂ ਕਿ ਜੰਤਰ ਜਾਂ ਸਣ ਖੇਤ ਵਿੱਚ ਦਬਾਉਣ ਨਾਲ ਝੋਨੇ ਵਿਚ ਲੋਹੇ ਦੀ ਘਾਟ ਘੱਟ ਆਉਂਦੀ ਹੈ ਅਤੇ 55 ਕਿਲੋ ਯੂਰੀਆ ਖਾਦ ਦੀ ਵੀ ਬੱਚਤ ਹੁੰਦੀ ਹੈ।

**ਮੱਕੀ:** ਸਾਉਣੀ ਰੁੱਤ ਦੀ ਮੱਕੀ ਦਾ ਚੰਗਾ ਝਾੜ ਪ੍ਰਾਪਤ ਕਰਨ ਲਈ 50 ਦਿਨ ਦੀ ਹਰੀ ਖਾਦ ਜਿਵੇਂ ਕਿ ਸਣ/ਜੰਤਰ ਜਾਂ ਰਵਾਂਹ ਮੱਕੀ ਦੀ ਬਿਜਾਈ ਤੋਂ 10 ਦਿਨ ਪਹਿਲਾਂ ਖੇਤ ਵਿੱਚ ਦਬਾਓ।ਜਿਸ ਖੇਤ ਵਿੱਚ ਗਰਮ ਰੁੱਤ ਦੀ ਮੂੰਗੀ ਬੀਜੀ ਹੋਵੇ ਤਾਂ ਫ਼ਲੀਆਂ ਤੋੜਨ ਪਿੱਛੋਂ ਮੂੰਗੀ ਦਾ ਟਾਂਗਰ ਮੱਕੀ ਦੀ ਬਿਜਾਈ ਤੋਂ ਪਹਿਲਾਂ ਖੇਤ ਵਿੱਚ ਦੱਬ ਦਿਉ।ਜੇਕਰ ਕਿਸਾਨ ਵੀਰ ਹਰੀ ਖਾਦ ਨਾ ਕਰ ਸਕਣ ਤਾਂ ਮੱਕੀ ਵਿਚ 6 ਟਨ ਪ੍ਰਤੀ ਏਕੜ ਦੇਸੀ ਰੂੜੀ ਦੀ ਖਾਦ ਪਾ ਸਕਦੇ ਹਨ ਜਿਸ ਨਾਲ ਬਿਜਾਈ ਵੇਲੇ ਨਾਈਟ੍ਰੋਜਨ ਖਾਦ ਪਾਉਣ ਦੀ ਲੋੜ ਨਹੀ ਰਹਿੰਦੀ ਅਤੇ ਫਾਸਫੋਰਸ ਘਾਟ ਵਾਲੀਆਂ ਜ਼ਮੀਨਾਂ ਵਿਚ ਵੀ ਬਿਨਾਂ ਫਾਸਫੋਰਸ ਪਾਏ ਪੂਰਾ ਝਾੜ ਮਿਲ ਜਾਂਦਾ ਹੈ।

**ਕਮਾਦ:** ਕਮਾਦ ਵਿੱਚ ਸੰਯੁਕਤ ਖਾਦ ਪ੍ਰਬੰਧਨ ਨਾਲ ਪੂਰਾ ਝਾੜ ਲੈਣ ਲਈ ਬਿਜਾਈ ਤੋਂ 15 ਦਿਨ ਪਹਿਲਾਂ 8 ਟਨ ਰੂੜੀ ਦੇ ਨਾਲ 90 ਕਿਲੋ ਯੂਰੀਆ/ਏਕੜ ਪਾਓ। ਜੇਕਰ ਰੂੜੀ ਦੇ ਨਾਲ ਸਿਫਾਰਿਸ਼ ਕੀਤੀ ਯੂਰੀਏ ਦੀ ਪੂਰੀ ਮਾਤਰਾ (130 ਕਿਲੋ ਯੂਰੀਆ/ਏਕੜ) ਪਾਈ ਜਾਵੇ ਤਾਂ 10 ਫੀਸਦੀ ਵਧੇਰੇ ਝਾੜ ਮਿਲ ਸਕਦਾ ਹੈ।

ਸੋਇਆਬੀਨ: ਸੋਇਆਬੀਨ ਦੀ ਬਿਜਾਈ ਤੋਂ 5 ਤੋਂ 7 ਦਿਨ ਪਹਿਲਾਂ 40-45 ਦਿਨਾਂ ਦੀ ਸਣ ਦੀ ਹਰੀ ਖਾਦ ਦੀ ਫਸਲ ਨੂੰ ਖੇਤ ਵਿੱਚ ਦੱਬ ਦਿਉ ਅਤੇ ਨਾਈਟ੍ਰੋਜਨ ਖਾਦ ਦੀ ਪੂਰੀ ਮਾਤਰਾ ਪਾਓ ਜਿਸ ਨਾਲ ਸੋਇਆਬੀਨ ਦਾ ਪੂਰਾ ਝਾੜ ਪ੍ਰਾਪਤ ਕੀਤਾ ਜਾ ਸਕਦਾ ਹੈ। ਸੋਇਆਬੀਨ ਤੋਂ ਵਧੇਰੇ ਝਾੜ ਪ੍ਰਾਪਤ ਕਰਨ ਲਈ ਬਿਜਾਈ ਤੋਂ ਪਹਿਲਾਂ 4 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਰੂੜੀ ਦੀ ਖਾਦ ਦੀ ਵਰਤੋਂ ਕਰੋ।

**ਜੀਵਾਣੂੰ ਖਾਦਾਂ:** ਸਾਉਣੀ ਦੀਆਂ ਫ਼ਸਲਾਂ ਵਿੱਚ ਕੁਝ ਖ਼ਾਸ ਜੀਵਾਣੂਆਂ ਦੀ ਵਰਤੋਂ ਨਾਲ ਨਾ ਸਿਰਫ਼ ਝਾੜ ਵਿੱਚ ਵਾਧਾ ਹੁੰਦਾ ਹੈ, ਬਲਕਿ ਜ਼ਮੀਨ ਦੀ ਸਿਹਤ ਵਿੱਚ ਵੀ ਸੁਧਾਰ ਆਉਂਦਾ ਹੈ। ਇਹ ਜੀਵਾਣੂ ਟੀਕਾ ਮਾਈਕ੍ਰੋਬਾਇਓਲੋਜੀ ਵਿਭਾਗ, ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਦੀ ਬੀਜਾਂ ਵਾਲੀ ਦੁਕਾਨ (ਗੇਟ ਨੰਬਰ 1) ਤੋਂ ਮਿਲਦਾ ਹੈ, ਅਤੇ ਇਹ ਵੱਖ-ਵੱਖ ਜ਼ਿਲ੍ਹਿਆਂ ਦੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਅਤੇ ਫਾਰਮ ਸਲਾਹਕਾਰ ਕੇਂਦਰਾਂ ਉੱਤੇ ਵੀ ਉਪਲਬਧ ਹੈ।ਹੇਠਾਂ ਸਾਉਣੀ ਦੀਆਂ ਮੁੱਖ ਫ਼ਸਲਾਂ ਲਈ ਸ਼ਿਫਾਰਸ਼ ਜੀਵਾਣੂੰ ਖਾਦਾਂ ਬਾਰੇ ਦਸਿਆ ਗਿਆ ਹੈ।

### ਸਾਉਣੀ ਦੀਆਂ ਫ਼ਸਲਾਂ ਲਈ ਮਿੱਟੀ ਪਰਖ ਦੇ ਆਧਾਰ ਤੇ ਖਾਦਾਂ ਦੀ ਵਰਤੋਂ

ਆਮ ਤੌਰ 'ਤੇ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਖਾਦਾਂ ਦੀ ਵਰਤੋਂ ਮਿੱਟੀ ਪਰਖ ਦੇ ਆਧਾਰ 'ਤੇ ਕੀਤੀ ਜਾਵੇ, ਤਾਂ ਜੋ ਇਨ੍ਹਾਂ ਤੋਂ ਪੂਰਾ ਲਾਭ ਲਿਆ ਜਾ ਸਕੇ। ਜੇਕਰ ਮਿੱਟੀ ਪਰਖ ਨਾ ਕਰਵਾਈ ਹੋਈ ਹੋਵੇ, ਤਾਂ ਖਾਦਾਂ ਦੀ ਮਾਤਰਾ ਮਿੱਟੀ ਦੀ ਦਰਮਿਆਨੀ ਉਪਜਾਊ ਸ਼ਕਤੀ ਦੇ ਆਧਾਰ 'ਤੇ ਨਿਰਧਾਰਤ ਕੀਤੀ ਜਾਂਦੀ ਹੈ। ਮਿੱਟੀ ਪਰਖ ਦੇ ਨਤੀਜਿਆਂ ਅਨੁਸਾਰ, ਜ਼ਮੀਨ ਵਿੱਚ ਪੋਸ਼ਕ ਤੱਤਾਂ ਦੀ ਉਪਲੱਬਧਤਾ ਦੇ ਆਧਾਰ 'ਤੇ ਖਾਦਾਂ ਦੀ ਮਾਤਰਾ ਘਟਾਈ ਜਾਂ ਵਧਾਈ ਜਾ ਸਕਦੀ ਹੈ। ਜੇਕਰ ਕਿਸੇ ਤੱਤ ਦੀ ਉਪਲਬਧਤਾ ਘਾਟ ਵਾਲੀ ਸ਼੍ਰੇਣੀ ਵਿੱਚ ਹੋਵੇ, ਤਾਂ ਉਸ ਤੱਤ ਵਾਲੀ ਖਾਦ ਦੀ ਮਾਤਰਾ 25 ਫੀਸਦੀ ਵਧਾ ਕੇ ਪਾਉਣੀ ਚਾਹੀਦੀ ਹੈ। ਦੂਜੇ ਪਾਸੇ, ਜੇ ਉਪਲੱਬਧਤਾ ਜ਼ਿਆਦਾ ਵਾਲੀ ਸ਼੍ਰੇਣੀ ਵਿੱਚ ਹੋਵੇ, ਤਾਂ ਉਸ ਤੱਤ ਦੀ ਖਾਦ 25 ਫੀਸਦੀ ਘਟਾ ਕੇ ਪਾਈ ਜਾਂਦੀ ਹੈ।

### ਖਾਦਾਂ ਦੀ ਵਰਤੋਂ ਬਾਰੇ ਵਿਸ਼ੇਸ਼ ਹਦਾਇਤਾਂ

ਜੇਕਰ 27 ਕਿਲੋ ਡੀਏਪੀ ਪ੍ਰਤੀ ਏਕੜ ਪਾਈ ਗਈ ਹੋਵੇ, ਤਾਂ ਯੂਰੀਆ ਦੀ ਮਾਤਰਾ 10 ਕਿਲੋ ਘਟਾ ਦੇਵੋ।ਜੇਕਰ 55 ਕਿਲੋ ਡੀਏਪੀ ਵਰਤੀ ਗਈ ਹੋਵੇ, ਤਾਂ ਯੂਰੀਆ 20 ਕਿਲੋ ਘਟਾ ਦੇਣੀ ਚਾਹੀਦੀ ਹੈ। ਜੇ ਝੋਨੇ, ਬਾਸਮਤੀ, ਮੱਕੀ, ਨਰਮਾ ਜਾਂ ਮੂੰਗਫਲੀ ਤੋਂ ਪਹਿਲਾਂ ਕਣਕ ਦੀ ਫਸਲ ਵਿੱਚ ਸਿਫਾਰਸ਼ੀ ਮਾਤਰਾ ਵਿੱਚ ਫਾਸਫੋਰਸ ਪਾਇਆ ਗਿਆ ਹੋਵੇ, ਤਾਂ ਇਨ੍ਹਾਂ ਫ਼ਸਲਾਂ ਨੂੰ ਫਾਸਫੋਰਸ ਪਾਉਣ ਦੀ ਲੋੜ ਨਹੀ। ਪਰ ਜੇ ਸੋਇਆਬੀਨ ਦੀ ਫਸਲ ਲਗਾਈ ਜਾ ਰਹੀ ਹੋਵੇ, ਤਾਂ 200 ਕਿਲੋ ਸਿੰਗਲ ਸੁਪਰਫਾਸਫੇਟ ਦੀ ਥਾਂ ਸਿਰਫ਼ 150 ਕਿਲੋ ਪ੍ਰਤੀ ਏਕੜ ਹੀ ਪਾਓ (ਜੇਕਰ ਕਣਕ ਵਿਚ ਪਹਿਲਾਂ ਹੀ ਸਿਫਾਰਸ਼ੀ ਮਾਤਰਾ ਅਨੁਸਾਰ ਫਾਸਫੋਰਸ ਪਾਇਆ ਹੋਵੇ)। ਜੇ ਜੰਤਰ ਜਾਂ ਸਣ ਦੀ 45-55 ਦਿਨਾਂ ਦੀ ਹਰੀ ਖਾਦ ਖੇਤ ਵਿੱਚ ਦੱਬੀ ਹੋਈ ਹੋਵੇ ਜਾਂ ਗਰਮੀ ਰੁੱਤ ਵਿੱਚ ਮੂੰਗੀ ਦੀਆਂ ਫਲੀਆਂ ਤੋੜ ਕੇ ਉਸ ਦੇ ਹਰੇ ਟਾਂਗਰ ਨੂੰ ਖੇਤ ਵਿੱਚ ਦੱਬਿਆ ਗਿਆ ਹੋਵੇ, ਤਾਂ ਬਾਸਮਤੀ ਦੀ ਫ਼ਸਲ ਲਈ ਯੂਰੀਆ ਖਾਦ ਪਾਉਣ ਦੀ ਲੋੜ ਨਹੀ ਰਹਿੰਦੀ। ਪੋਟਾਸ਼ ਦੀ ਖਾਦ ਸਿਰਫ਼ ਉਨ੍ਹਾਂ ਜ਼ਮੀਨਾਂ ਵਿੱਚ ਪਾਓ ਜਿੱਥੇ ਉਪਲੱਬਧ ਪੋਟਾਸ਼ 55 ਕਿਲੋ ਪ੍ਰਤੀ ਏਕੜ ਤੋਂ ਘੱਟ ਹੋਵੇ। ਜੇ ਜ਼ਮੀਨ ਵਿਚ ਗੰਧਕ ਦੀ ਘਾਟ ਹੋਵੇ, ਤਾਂ ਡੀਏਪੀ ਦੀ ਥਾਂ ਸਿੰਗਲ ਸੁਪਰਫਾਸਫੇਟ ਵਰਤਣਾ ਵਧੀਆ ਰਹੇਗਾ। ਜੇ ਇਹ ਉਪਲੱਬਧ ਨਾ ਹੋਵੇ, ਤਾਂ ਮੂੰਗਫਲੀ ਦੀ ਬਿਜਾਈ ਵੇਲੇ 50 ਕਿਲੋ ਜਿਪਸਮ ਪ੍ਰਤੀ ਏਕੜ ਪਾਓ।

### ਖਾਦ ਪਾਉਣ ਦਾ ਸਮਾਂ

ਸਾਰੀਆਂ ਫ਼ਸਲਾਂ ਨੂੰ ਸਿਫਾਰਿਸ਼ ਕੀਤੀ ਸਾਰੀ ਫਾਸਫੋਰਸ ਅਤੇ ਪੋਟਾਸ਼ ਬਿਜਾਈ ਵੇਲੇ ਹੀ ਪਾਓ। ਝੋਨੇ ਦੀ ਫ਼ਸਲ ਨੂੰ ਯੂਰੀਆ ਖਾਦ ਤਿੰਨ ਬਰਾਬਰ ਹਿੱਸਿਆਂ ਵਿੱਚ ਪਾਓ। ਪਹਿਲੀ ਕਿਸ਼ਤ ਲਵਾਈ ਤੋਂ 7-10 ਦਿਨਾਂ ਬਾਅਦ, ਦੂਜੀ ਕਿਸ਼ਤ 21 ਦਿਨਾਂ ਬਾਅਦ ਅਤੇ ਤੀਜੀ ਕਿਸ਼ਤ ਪੀ ਆਰ 126 ਕਿਸਮ ਵਿੱਚ 35 ਦਿਨਾਂ 'ਚ ਤੇ ਹੋਰ ਕਿਸਮਾਂ ਵਿੱਚ 42 ਦਿਨਾਂ ਵਿੱਚ ਪਾਓ। ਬਾਸਮਤੀ ਵਿੱਚ ਯੂਰੀਆ ਦੀ ਸਿਫਾਰਿਸ਼ੀ ਮਾਤਰਾ ਦੋ ਬਰਾਬਰ ਹਿੱਸਿਆਂ ਵਿੱਚ ਪਨੀਰੀ ਲਾਉਣ ਤੋਂ 3 ਅਤੇ 6 ਹਫ਼ਤਿਆਂ ਬਾਅਦ ਪਾਓ। ਜੇ ਬਾਸਮਤੀ ਦੀ ਸਿੱਧੀ ਬਿਜਾਈ ਹੋਈ ਹੋਵੇ ਤਾਂ ਯੂਰੀਆ ਤਿੰਨ ਹਿੱਸਿਆਂ ਵਿੱਚ-ਬਿਜਾਈ ਤੋਂ 3, 6 ਅਤੇ 9 ਹਫ਼ਤਿਆਂ ਬਾਅਦ ਪਾਓ। ਮੱਕੀ ਨੂੰ ਯੂਰੀਆ ਤਿੰਨ ਬਰਾਬਰ ਹਿੱਸਿਆਂ ਵਿੱਚ-ਬਿਜਾਈ ਸਮੇਂ, ਗੋਡਿਆਂ ਬਰਾਬਰ ਹੋਣ 'ਤੇ ਅਤੇ ਬੂਰ ਪੈਣ 'ਤੇ ਪਾਓ। ਨਰਮੇ ਨੂੰ ਯੂਰੀਆ ਖਾਦ ਦੋ ਬਰਾਬਰ ਕਿਸ਼ਤਾਂ ਵਿੱਚ, ਅੱਧੀ ਯੂਰੀਆ ਬੂਟੇ ਵਿਰਲੇ ਕਰਨ ਵੇਲੇ ਅਤੇ ਬਾਕੀ ਅੱਧੀ ਫੁੱਲ ਨਿਕਲਣ ਸਮੇਂ ਪਾਓ। ਚੰਗੀ ਪੈਦਾਵਾਰ ਲਈ ਫੁੱਲ ਪੈਣ 'ਤੇ ਬੀ.ਟੀ. ਨਰਮੇ 'ਚ 2% ਪੋਟਾਸ਼ੀਅਮ ਨਾਈਟ੍ਰੇਟ ਦੇ 4 ਛਿੜਕਾਅ ਹਫ਼ਤੇ-ਹਫ਼ਤੇ ਦੇ ਅੰਤਰ ਨਾਲ ਕਰੋ। ਜੇ ਫੁੱਲ ਪੈਣ 'ਤੇ ਪੱਤੇ ਲਾਲ ਹੋਣ, ਤਾਂ 1% ਮੈਗਨੀਸ਼ੀਅਮ ਸਲਫੇਟ ਦੇ 2 ਛਿੜਕਾਅ 15 ਦਿਨ ਦੇ ਵਕਫ਼ੇ 'ਤੇ ਕਰੋ। ਮੂੰਗੀ, ਮਾਂਹ, ਸੋਇਆਬੀਨ ਅਤੇ ਮੂੰਗਫਲੀ ਨੂੰ ਸਿਫਾਰਿਸ਼ ਕੀਤੀਆਂ ਸਾਰੀਆਂ ਖਾਦਾਂ ਬਿਜਾਈ ਸਮੇਂ ਹੀ ਪਾ ਦਿਉ। ਕਮਾਦ ਨੂੰ ਯੂਰੀਆ ਖਾਦ ਦਾ ਅੱਧਾ ਹਿੱਸਾ ਕਮਾਦ ਜੰਮਣ ਤੋਂ ਬਾਅਦ ਪਹਿਲੇ ਪਾਣੀ ਦੇ ਨਾਲ ਲਾਈਨਾਂ ਨੇੜੇ ਪਾ ਦਿਉ ਅਤੇ ਬਾਕੀ ਅੱਧਾ ਮਈ-ਜੂਨ ਵਿੱਚ ਪਾਓ। ਪੱਤਝੜ ਰੁੱਤ ਦੀ ਕਮਾਦ ਵਿੱਚ ਯੂਰੀਆ ਤਿੰਨ ਬਰਾਬਰ ਹਿੱਸਿਆਂ ਵਿੱਚ-ਬਿਜਾਈ ਵੇਲੇ, ਮਾਰਚ ਅਤੇ ਅਪ੍ਰੈਲ 'ਚ ਪਾਓ। ਮੂਢੇ ਕਮਾਦ ਵਿੱਚ ਯੂਰੀਆ ਤਿੰਨ ਹਿੱਸਿਆਂ ਵਿੱਚ-ਫਰਵਰੀ, ਅਪ੍ਰੈਲ ਅਤੇ ਮਈ ਦੇ ਸ਼ੁਰੂ ਵਿੱਚ ਪਾਓ। ਫਾਸਫੋਰਸ ਘਾਟ ਵਾਲੀਆਂ ਜ਼ਮੀਨਾਂ ਵਿੱਚ ਫਾਸਫੋਰਸ ਖਾਦ ਨੂੰ ਮਾਰਚ ਮਹੀਨੇ ਵਿੱਚ ਲਾਈਨਾਂ ਦੇ ਨਾਲ ਡਰਿਲ ਰਾਹੀ ਪਾਓ।

### ਛੋਟੇ ਤੱਤਾਂ ਬਾਰੇ ਸਿਫਾਰਿਸ਼ਾਂ

**ਜ਼ਿੰਕ:** ਝੋਨੇ ਵਿੱਚ 25 ਕਿਲੋ ਜ਼ਿੰਕ ਸਲਫੇਟ ਹੈਪਟਾਹਾਈਡ੍ਰੇਟ (21%) ਜਾਂ 16 ਕਿਲੋ ਜ਼ਿੰਕ ਸਲਫੇਟ ਮੋਨੋਹਾਈਡ੍ਰੇਟ (33%) ਪ੍ਰਤੀ ਏਕੜ ਦੇ ਹਿਸਾਬ ਨਾਲ ਕੱਦੂ ਕਰਨ ਵੇਲੇ ਪਾਓ।ਨਰਮਾ ਅਤੇ ਮੱਕੀ ਵਿੱਚ 10 ਕਿਲੋ ਜ਼ਿੰਕ ਸਲਫੇਟ ਹੈਪਟਾਹਾਈਡ੍ਰੇਟ (21%) ਜਾਂ 6.5 ਕਿਲੋ ਜ਼ਿੰਕ ਸਲਫੇਟ ਮੋਨੋਹਾਈਡ੍ਰੇਟ (33%) ਪ੍ਰਤੀ ਏਕੜ ਦੇ ਹਿਸਾਬ ਨਾਲ ਬਿਜਾਈ ਵੇਲੇ ਪਾਓ।ਜੇ ਮੱਕੀ ਵਿਚ ਜ਼ਿੰਕ ਦੀ ਘਾਟ ਦਾ ਪਤਾ ਉਸ ਵੇਲੇ ਲੱਗੇ ਜਦੋਂ ਗੋਡੀ ਕਰਨੀ ਔਖੀ ਹੋਵੇ, ਤਾਂ ਜ਼ਿੰਕ ਸਲਫੇਟ ਦਾ ਛਿੜਕਾਅ ਵੀ ਕੀਤਾ ਜਾ ਸਕਦਾ ਹੈ।ਇੱਕ ਏਕੜ ਲਈ 1200 ਗ੍ਰਾਮ ਜ਼ਿੰਕ ਸਲਫੇਟ (ਹੈਪਟਾਹਾਈਡ੍ਰੇਟ; 21%), 600 ਗ੍ਰਾਮ ਅਣਬੁਝਿਆ ਚੂਨਾ ਜਾਂ 750 ਗ੍ਰਾਮ ਜ਼ਿੰਕ ਸਲਫੇਟ (ਮੋਨੋਹਾਈਡ੍ਰੇਟ; 33%), 375 ਗ੍ਰਾਮ ਅਣਬੁਝਿਆ ਚੂਨਾ ਅਤੇ 200 ਲੀਟਰ ਪਾਣੀ ਦੀ ਵਰਤੋਂ ਕਰੋ।

**ਲੋਹਾ:** ਹਲਕੀਆਂ ਜ਼ਮੀਨਾਂ ਵਿੱਚ ਝੋਨੇ ਅਤੇ ਕਮਾਦ ਵਿੱਚ ਲੋਹੇ ਦੀ ਘਾਟ ਆ ਸਕਦੀ ਹੈ।ਇਸ ਘਾਟ ਵਿੱਚ ਨਵੇਂ ਨਿਕਲਦੇ ਪੱਤੇ ਨਾੜਾਂ ਵਿਚਕਾਰ ਪੀਲੇ ਹੋ ਜਾਂਦੇ ਹਨ ਅਤੇ ਜ਼ਿਆਦਾ ਘਾਟ ਹੋਣ 'ਤੇ ਨਵੇਂ ਪੱਤੇ ਚਿੱਟੇ ਨਿਕਲਦੇ ਹਨ।ਇਹ ਘਾਟ ਪੂਰੀ ਕਰਨ ਲਈ ਇੱਕ ਕਿਲੋ ਫੈਰਸ ਸਲਫੇਟ ਨੂੰ 100 ਲੀਟਰ ਪਾਣੀ ਵਿੱਚ ਮਿਲਾ ਕੇ ਫਸਲ ਉੱਤੇ ਛਿੜਕਾਅ ਕਰੋ।ਹਫਤੇ-ਹਫਤੇ ਦੇ ਵਕਫੇ ਨਾਲ 2-3 ਛਿੜਕਾਅ ਕਰਨਾ ਲਾਭਦਾਇਕ ਹੈ।ਜੇ ਝੋਨੇ ਦੀ ਪਨੀਰੀ ਦੇ ਉਪਰਲੇ ਪੱਤੇ ਪੀਲੇ ਦਿਸਣ, ਤਾਂ 0.5-1.0 ਫੀਸਦੀ ਫੈਰਸ ਸਲਫੇਟ ਦਾ ਸਪਰੇਅ ਕਰੋ।ਇਸ ਲਈ 0.5-1.0 ਕਿਲੋ ਫੈਰਸ ਸਲਫੇਟ, ਕ੍ਰਮਵਾਰ ਨੂੰ 100 ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ।

## ਸਾਉਣੀ ਰੁੱਤ ਦੀ ਮੱਕੀ ਤੋਂ ਵਧੇਰੇ ਮੁਨਾਫੇ ਲਈ ਸੁਚੱਜਾ ਕੀਟ ਪ੍ਰਬੰਧਨ

ਮਨਦੀਪ ਪਠਾਨੀਆਂ
ਕੇ ਕੇ ਸ਼ਰਮਾ
ਬਲਵਿੰਦਰ ਸਿੰਘ ਢਿੱਲੋਂ

ਆਮ ਤੌਰ 'ਤੇ ਮੱਕੀ ਦੀ ਫ਼ਸਲ 'ਤੇ ਬਿਜਾਈ ਤੋਂ ਲੈ ਕੇ ਵਾਢੀ ਤੱਕ ਵੱਖ-ਵੱਖ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦਾ ਹਮਲਾ ਹੁਮਦਾ ਹੈ, ਜਿਨ੍ਹਾਂ ਦੀ ਸਮੇਂ-ਸਿਰ ਰੋਕਥਾਮ ਨਾ ਕੀਤੀ ਜਾਵੇ ਤਾ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋ ਜਾਂਦਾ ਹੈ। ਹਾਲਾਂਕਿ, ਨੁਕਸਾਨ ਦੇ ਲੱਛਣਾਂ ਦੀ ਸਹੀ ਜਾਣਕਾਰੀ, ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਸਹੀ ਪਛਾਣ ਅਤੇ ਸਮੇਂ ਸਿਰ ਇਨ੍ਹਾਂ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਰੋਕਥਾਮ ਕਰਕੇ ਅਸੀ ਫਸਲ ਤੋਂ ਚੰਗਾ ਝਾੜ ਲੈ ਸਕਦੇ ਹਾਂ। ਇਸ ਲਈ ਇਹ ਲੇਖ ਮੱਕੀ ਦੀ ਫਸਲ ਦੇ ਮੁੱਖ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੇ ਸਹੀ ਪਛਾਣ, ਲੱਛਣਾਂ ਦੀ ਸਹੀ ਜਾਣਕਾਰੀ ਅਤੇ ਸੰਯੁਕਤ ਪ੍ਰਬਧ 'ਤੇ ਅਧਾਰਿਤ ਹੈ।

### ਮੱਕੀ ਦੀ ਫਸਲ ਨੂੰ ਨੁਕਸਾਨ ਪਹੁੰਚਾਉਣ ਵਾਲੇ ਮੁੱਖ ਕੀੜੇ

**ਮੱਕੀ ਦਾ ਗੜੂੰਆਂ:** ਇਹ ਮੱਕੀ ਦਾ ਮੁੱਖ ਕੀੜਾ ਹੈ ਅਤੇ ਜੂਨ ਤੋਂ ਸਤੰਬਰ ਤੱਕ ਫ਼ਸਲ ਦਾ ਨੁਕਸਾਨ ਕਰਦਾ ਹੈ। ਇਸ ਕੀੜੇ ਦੀਆਂ ਸੁੰਡੀਆਂ ਪਹਿਲਾਂ ਬੂਟੇ ਦੇ ਪੱਤਿਆਂ ਉੱਪਰ ਝਰੀਟਾਂ ਪਾ ਦਿੰਦੀਆਂ ਹਨ ਅਤੇ ਗੋਭ ਰਾਹੀ ਤਣੇ ਵਿੱਚ ਮੋਰੀਆਂ ਕਰ ਦਿੰਦੀਆਂ ਹਨ। ਗੋਭ ਦਾ ਵਿਚਕਾਰਲਾ ਪੱਤਾ ਛਾਣਨੀ-ਛਾਣਨੀ ਹੋ ਜਾਂਦਾ ਹੈ। ਛੋਟੇ ਬੂਟਿਆਂ ਦੀਆਂ ਗੋਭਾਂ ਸੁੱਕ ਜਾਂਦੀਆਂ ਹਨ।

**ਇਸ ਕੀੜੇ ਦੀ ਰੋਕਥਾਮ ਲਈ ਹੇਠ ਲਿਖੇ ਉਪਰਾਲੇ ਕਰੋ:**

ਮੱਕੀ ਦੇ ਮੁੱਢਾਂ, ਟਾਂਡਿਆਂ ਤੇ ਗੁੱਲਾਂ ਵਿੱਚ ਲੁਕੇ ਹੋਏ ਗੜੂੰਏਂ ਨੂੰ ਖਤਮ ਕਰੋ। ਮੱਕੀ ਵੱਢਣ ਤੋਂ ਤੁਰੰਤ ਬਾਅਦ ਖੇਤਾਂ ਨੂੰ ਵਾਹ ਦਿਉ ਤੇ ਮੁੱਢਾਂ ਨੂੰ ਇਕੱਠੇ ਕਰਕੇ ਨਸ਼ਟ ਕਰ ਦਿਉ। ਟਾਂਡੇ, ਛੱਲੀਆਂ ਤੇ ਗੁੱਲਾਂ ਨੂੰ ਅਖੀਰ ਫ਼ਰਵਰੀ ਤੱਕ ਵਰਤ ਲਉ ਤੇ ਬਚੇ ਹੋਏ ਟਾਂਡਿਆਂ ਨੂੰ ਵਰਤਣ ਲਈ ਕੁਤਰ ਲਉ। ਬੀਜ ਲਈ ਉਹੀ ਛੱਲੀਆਂ ਰੱਖੋ ਜਿਨ੍ਹਾਂ ਤੇ ਗੜੂੰਏਂ ਦਾ ਹਮਲਾ ਨਾ ਹੋਇਆ ਹੋਵੇ। ਗੋਡੀ ਕਰਦੇ ਸਮੇਂ ਗੜੂੰਏਂ ਦੇ ਸਖਤ ਹਮਲੇ ਵਾਲੇ ਬੂਟੇ ਪੁੱਟ ਕੇ ਨਸ਼ਟ ਕਰ ਦਿਉ। ਟਰਾਈਕੋਗਰਾਮਾ (ਮਿੱਤਰ ਕੀੜਾ) ਰਾਹੀ ਪ੍ਰਜੀਵੀ ਕਿਰਿਆ ਕੀਤੇ ਹੋਏ ਕੋਰਸਾਇਰਾ ਦੇ 40,000 ਆਂਡੇ ਪ੍ਰਤੀ ਏਕੜ ਦੇ ਹਿਸਾਬ ਨਾਲ ਦੋ ਵਾਰੀ-ਪਹਿਲੀ ਵਾਰ 10 ਦਿਨਾਂ ਦੀ ਫ਼ਸਲ ਅਤੇ ਦੂਜੀ ਵਾਰ ਇੱਕ ਹਫ਼ਤੇ ਬਾਅਦ ਵਰਤੋ। ਇਹ ਆਂਡੇ ਗੂੰਦ ਨਾਲ ਟਰਾਈਕੋਕਾਰਡਾਂ ਉਪਰ ਚਿਪਕਾਏ ਹੋਏ ਹੁੰਦੇ ਹਨ। ਇਨ੍ਹਾਂ ਕਾਰਡਾਂ ਨੂੰ 40 ਬਰਾਬਰ ਹਿੱਸਿਆਂ ਵਿੱਚ ਇਸ ਤਰ੍ਹਾਂ ਕੱਟੋ ਕਿ ਹਰ ਹਿੱਸੇ ਉੱਪਰ 1000 ਆਂਡੇ ਹੋਣ। ਇਨ੍ਹਾਂ ਹਿੱਸਿਆਂ ਨੂੰ ਗੋਭ ਦੇ ਪੱਤਿਆਂ ਦੇ ਹੇਠਲੇ ਪਾਸੇ ਸ਼ਾਮ ਦੇ ਸਮੇਂ ਖੇਤ ਵਿੱਚ ਇਕਸਾਰ ਦੂਰੀ ਤੇ ਪਿੰਨ ਨਾਲ ਨੱਥੀ ਕਰੋ। ਇਹ ਕਾਰਡ ਮੀਹ ਵਾਲੇ ਦਿਨ ਨਹੀ ਵਰਤਣੇ ਚਾਹੀਦੇ। ਬਿਜਾਈ ਤੋਂ 2-3 ਹਫ਼ਤੇ ਪਿੱਛੋ ਜਿਸ ਵੇਲੇ ਪੱਤਿਆਂ ਉੱਪਰ ਇਸ ਕੀੜੇ ਦਾ ਹਮਲਾ ਦਿੱਸੇ ਤਾਂ 30 ਮਿਲੀਲਿਟਰ ਕੋਰਾਜਨ 18.5 ਐਸ ਸੀ (ਕਲੋਰਐਂਟਰਾਨੀਲੀਪਰੋਲ) ਨੂੰ 60 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨੈਪਸੈਕ ਪੰਪ ਨਾਲ ਛਿੜਕਾਅ ਕਰੋਂ।

**ਫ਼ਾਲ ਆਰਮੀਵਰਮ:** ਇਹ ਕੀੜਾ ਅਮਰੀਕਨ ਦੇਸ਼ਾਂ ਵਿੱਚ ਪਾਇਆ ਜਾਣ ਵਾਲਾ ਇੱਕ ਬਹੁਤ ਹੀ ਵਿਨਾਸ਼ਕਾਰੀ ਕੀਟ ਹੈ ਜੋ ਕਿ ਪਿਛਲੇ 1-2 ਸਾਲਾਂ ਮਗਰੋ ਭਾਰਤ ਦੇ ਪੰਜਾਬ ਅਤੇ ਹੋਰ ਰਾਜਾਂ ਵਿੱਚ ਮੱਕੀ ਦੀ ਫਸਲ ਦਾ ਮੁੱਖ ਕੀੜਾ ਬਣ ਗਿਆ ਹੈ। ਇਸ ਕੀੜੇ ਦੀਆਂ ਛੋਟੀਆਂ ਸੁੰਡੀਆਂ ਪੱਤਿਆਂ ਨੂੰ ਖੁਰਚ ਕੇ ਖਾਂਦੀਆਂ ਹਨ। ਵੱਡੀਆਂ ਸੁੰਡੀਆਂ ਗੋਭ ਦੇ ਪੱਤੇ ਵਿੱਚ ਗੋਲ ਤੋਂ ਅੰਡਾਕਾਰ ਮੋਰੀਆਂ ਬਣਾਉਂਦੀਆਂ ਹਨ। ਸੁੰਡੀਆਂ ਗੋਭ ਨੂੰ ਲਗਭਗ ਪੂਰੀ ਤਰ੍ਹਾਂ ਖਾ ਕੇ ਭਾਰੀ ਮਾਤਰਾ ਵਿੱਚ ਵਿੱਠਾਂ ਕਰਦੀਆਂ ਹਨ। ਇਸ ਸੁੰਡੀ ਦੀ ਪਛਾਣ ਇਸ ਦੇ ਸਿਰ ਵਾਲੇ ਪਾਸੇ ਚਿੱਟੇ ਰੰਗ ਦੇ ਅੰਗਰੇਜ਼ੀ ਦੇ ਅੱਖਰ' ਦੇ ਉਲਟੇ ਨਿਸ਼ਾਨ ਅਤੇ ਪਿਛਲੇ ਸਿਰੇ ਦੇ ਲਾਗੇ ਚੌਰਸਾਕਾਰ ਚਾਰ ਬਿੰਦੂਆਂ ਤੋਂ ਹੁੰਦੀ ਹੈ। ਇਸ ਦੀ ਰੋਕਥਾਮ ਲਈ ਹੇਠ ਲਿਖੇ ਨੁਕਤੇ ਅਪਨਾਉ:

### ਕਾਸ਼ਤਕਾਰੀ ਉਪਰਾਲੇ

ਇਸ ਕੀੜੇ ਦੇ ਵਾਧੇ ਅਤੇ ਫਲਾਅ ਨੂੰ ਸੀਮਿਤ ਕਰਨ ਲਈ ਮੱਕੀ ਦੀ ਬਿਜਾਈ ਸਿਰਫ ਸ਼ਿਫ਼ਾਰਸ਼ ਸਮੇਂ 25 ਮਈ ਤੋਂ 30 ਜੂਨ ਵਿੱਚ ਹੀ ਕਰੋ। ਨਾਲ ਵਾਲੇ ਖੇਤਾਂ ਵਿੱਚ ਮੱਕੀ ਦੀ ਬਿਜਾਈ ਥੋੜ੍ਹੇ-ਥੋੜ੍ਹੇ ਵਕਫ਼ੇ ਤੇ ਨਾ ਕਰੋ ਤਾਂ ਜੋ ਕੀੜੇ ਦਾ ਫਲਾਅ ਘਟਾਇਆ ਜਾ ਸਕੇ।



ਚਾਰੇ ਲਈ ਸਿਫ਼ਾਰਸ਼ ਕੀਤੀ ਬੀਜ ਦੀ ਮਾਤਰਾ (30 ਕਿੱਲੋ ਪ੍ਰਤੀ ਏਕੜ) ਨਾਲ ਕਤਾਰਾਂ ਵਿੱਚ ਬਿਜਾਈ ਕਰੋ। ਚਾਰੇ ਵਾਲੀ ਮੱਕੀ ਵਿੱਚ ਬਾਜਰਾ/ਰਵਾਂਹ/ਜੁਆਰ ਰਲਾ ਕੇ ਬੀਜਣ ਨੂੰ ਤਰਜੀਹ ਦਿਉ। ਸਹੀ ਮਿਕਦਾਰ ਵਿੱਚ ਖਾਦਾਂ ਅਤੇ ਪਾਣੀ ਦੀ ਵਰਤੋਂ ਕਰੋ। ਪੱਤੇ ਤੇ ਦਿੱਤੇ ਆਂਡਿਆਂ ਨੂੰ ਨਸ਼ਟ ਕਰ ਦਿਉ। ਆਂਡਿਆਂ ਦੇ ਝੁੰਡ ਲੂਈ ਨਾਲ ਢਕੇ ਹੁੰਦੇ ਹਨ ਅਤੇ ਅਸਾਨੀ ਨਾਲ ਹੀ ਪੱਤੇ ਦੀ ਸਤਿਹ ਤੇ ਦਿੱਖ ਜਾਂਦੇ ਹਨ।

### ਕੀਟਨਾਸ਼ਕਾਂ ਰਾਹੀਂ ਰੋਕਥਾਮ

ਇਸ ਕੀੜੇ ਦੀ ਰੋਕਥਾਮ ਲਈ 0.4 ਮਿਲੀਲਿਟਰ ਕੋਰਾਜਨ 18.5 ਐਸ ਸੀ (ਕਲੋਰਐਂਟਰਾਨਿਲੀਪਰੋਲ) ਜਾਂ 0.5 ਮਿਲੀਲਿਟਰ ਡੈਲੀਗੇਟ 11.7 ਐਸ ਸੀ (ਸਪਾਈਨਟੋਰਮ) ਜਾਂ 0.4 ਗ੍ਰਾਮ ਮਿਜ਼ਾਈਲ 5 ਐਸ ਜੀ (ਐਮਾਮੈਕਟਿਨ ਬੈਂਜ਼ੋਏਟ) ਪ੍ਰਤੀ ਲਿਟਰ ਪਾਣੀ 'ਚ ਘੋਲ ਕੇ ਛਿੜਕਾਅ ਕਰੋ। 20 ਦਿਨਾਂ ਤੱਕ ਦੀ ਫ਼ਸਲ ਲਈ 120 ਲਿਟਰ ਪਾਣੀ ਪ੍ਰਤੀ ਏਕੜ ਵਰਤੋ। ਇਸ ਤੋਂ ਬਾਅਦ, ਫ਼ਸਲ ਦੇ ਵਾਧੇ ਅਨੁਸਾਰ ਪਾਣੀ ਦੀ ਮਾਤਰਾ 200 ਲਿਟਰ ਪ੍ਰਤੀ ਏਕੜ ਤੱਕ ਵਧਾਉ ਪਰ ਧਿਆਨ ਰੱਖੋ ਕਿ ਪਾਣੀ ਦੇ ਨਾਲ-ਨਾਲ ਉੱਪਰ ਦੱਸੇ ਕੀਟਨਾਸ਼ਕਾਂ ਦੀ ਮਾਤਰਾ ਵੀ ਉਸੇ ਅਨੁਪਾਤ ਵਿੱਚ ਵਧਾਉ। ਕੀੜੇ ਦੀ ਕਾਰਗਰ ਰੋਕਥਾਮ ਲਈ ਛਿੜਕਾਅ ਮੱਕੀ ਦੀ ਗੋਭ ਵੱਲ ਨੂੰ ਕਰਨਾ ਜ਼ਰੂਰੀ ਹੈ। ਜੇ ਹਮਲਾ ਧੌੜੀਆਂ ਵਿੱਚ ਹੋਵੇ ਜਾਂ ਫ਼ਸਲ 40 ਦਿਨਾਂ ਤੋਂ ਵੱਡੀ ਹੋਵੇ ਅਤੇ ਛਿੜਕਾਅ ਵਿੱਚ ਮੁਸ਼ਕਿਲ ਹੋਵੇ ਤਾਂ ਮਿੱਟੀ ਅਤੇ ਕੀਟਨਾਸ਼ਕ/ਜੈਵਿਕ ਕੀਟਨਾਸ਼ਕ ਦੇ ਮਿਸ਼ਰਣ (ਲਗਭਗ ਅੱਧਾ ਗ੍ਰਾਮ) ਨੂੰ ਹਮਲੇ ਵਾਲੀਆਂ ਗੋਭਾਂ ਵਿੱਚ ਪਾ ਕੇ ਫ਼ਾਲ ਆਰਮੀਵਰਮ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਮਿਸ਼ਰਣ ਬਣਾਉਣ ਲਈ 5 ਮਿਲੀਲਿਟਰ ਕੋਰਾਜਨ 18.5 ਐਸ ਸੀ (ਕਲੋਰਐਂਟਰਾਨਿਲੀਪਰੋਲ) ਜਾਂ ਡੈਲੀਗੇਟ 11.7 ਐਸ ਸੀ (ਸਪਾਈਨਟੋਰਮ) ਜਾਂ 5 ਗ੍ਰਾਮ ਮਿਜ਼ਾਈਲ 5 ਐਸ ਜੀ (ਐਮਾਮੈਕਟਿਨ ਬੈਂਜ਼ੋਏਟ) ਜਾਂ 25 ਗ੍ਰਾਮ ਡੇਲਫਿਨ ਡਬਲਯੂ ਜੀ (ਬੈਸੀਲਸ ਥੁਰੀਨਜਿਐਨਸਿਸ ਕੁਰਸਟਾਕੀ) ਜਾਂ 25 ਮਿਲੀਲਿਟਰ ਡਾਈਪਲ 8 ਐੱਲ (ਬੈਸੀਲਸ ਥੁਰੀਨਜਿਐਨਸਿਸ ਕੁਰਸਟਾਕੀ) ਨੂੰ 10 ਮਿਲੀਲਿਟਰ ਪਾਣੀ ਵਿੱਚ ਘੋਲ ਕੇ ਇੱਕ ਕਿਲੋ ਮਿੱਟੀ ਵਿੱਚ ਚੰਗੀ ਤਰ੍ਹਾਂ ਮਿਲਾਓ। ਚਾਰੇ ਵਾਲੀ ਫ਼ਸਲ ਤੇ ਕੋਰਾਜਨ 18.5 ਐੱਸ ਸੀ ਨੂੰ 0.4 ਮਿਲੀਲਿਟਰ ਪ੍ਰਤੀ ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕਰੋ। ਛਿੜਕਾਅ ਉਪਰੰਤ ਮੱਕੀ ਨੂੰ 21ਦਿਨ ਤੱਕ ਪਸ਼ੂਆਂ ਲਈ ਬਿਲਕੁਲ ਨਾ ਵਰਤੋ।

### ਮੱਕੀ ਦੀ ਫਸਲ ਦੀਆਂ ਮੁੱਖ ਬਿਮਾਰੀਆਂ

**ਬੀਜ ਸੜਨਾ ਤੇ ਪੌਦਾ ਝੁਲਸਣਾ:** ਇਸ ਬਿਮਾਰੀ ਦੇ ਹਮਲੇ ਕਰਕੇ ਬੀਜ ਘੱਟ ਉੱਗਦਾ ਹੈ। ਬਿਮਾਰੀ ਨਾਲ ਪ੍ਰਭਾਵਿਤ ਬੂਟਿਆਂ ਦਾ ਵਾਧਾ ਰੁੱਕ ਜਾਂਦਾ ਹੈ ਅਤੇ ਛੋਟੇ ਪੌਦੇ ਮਰਨੇ ਸ਼ੁਰੂ ਹੋ ਜਾਂਦੇ ਹਨ।

**ਭੂਰੀ ਜਾਲੇਦਾਰ ਉੱਲੀ:** ਬਿਮਾਰੀ ਦੇ ਹਮਲੇ ਨਾਲ ਪੱਤਿਆਂ ਦੀਆਂ ਨਾੜੀਆਂ ਦੇ ਵਿਚਕਾਰਲੇ ਹਿੱਸੇ ਵਿੱਚ ਨੇੜੇ-ਨੇੜੇ ਭੂਰੀਆਂ ਧਾਰੀਆਂ ਪੈ ਜਾਂਦੀਆਂ ਹਨ। ਧਿਆਨ ਨਾਲ ਵੇਖਣ ਤੇ ਧਾਰੀਆਂ ਦੇ ਥੱਲੇ ਪੱਤੇ ਦੇ ਦੂਜੇ ਪਾਸੇ ਚਿੱਟੀ ਉੱਲੀ ਵੀ ਨਜ਼ਰ ਆਉਦੀ ਹੈ। ਇਸ ਬਿਮਾਰੀ ਦੀ ਉਲੀ ਤੱਕੜੀ ਘਾਹ ਤੇ ਪਲਦੀ ਹੈ।

**ਟਾਂਡੇ ਗਲਣਾ:** ਇਸ ਬਿਮਾਰੀ ਦੇ ਹਮਲੇ ਨਾਲ ਤਣੇ ਤੇ ਪਾਣੀ ਭਿੱਜੇ ਨਿਸ਼ਾਨ ਪੈ ਜਾਂਦੇ ਹਨ ਅਤੇ ਹੌਲੀ-ਹੌਲੀ ਤਣੇ ਦਾ ਹੇਠਲਾ ਹਿੱਸਾ ਵੀ ਗਲਣਾ ਸ਼ੁਰੂ ਹੋ ਜਾਂਦਾ ਹੈ। ਤਣੇ ਦਾ ਗਲਣਾ ਬਹੁਤ ਤੇਜ਼ੀ ਨਾਲ ਵਧਦਾ ਹੋਇਆ ਕਾਫ਼ੀ ਹਿੱਸੇ ਤੱਕ ਫੈਲ ਜਾਂਦਾ ਹੈ। ਤਣੇ ਦੇ ਬਾਹਰੀ ਭਾਗ ਦਾ ਕੁਦਰਤੀ ਹਰਾਪਣ ਖਤਮ ਹੋ ਜਾਂਦਾ ਹੈ ਤੇ ਉਹ ਪਾਣੀ ਵਿੱਚ ਉਬਾਲਿਆ ਲੱਗਦਾ ਹੈ। ਗਲਿਆ ਹੋਇਆ ਤਣਾ ਬਦਬੂ ਮਾਰਦਾ ਹੈ ਤੇ ਮੁੱਢ ਤੋਂ ਦੂਜੀ ਜਾਂ ਤੀਜੀ ਗੰਢ ਦੇ ਵਿਚਕਾਰੋਂ ਟੁੱਟ ਵੀ ਸਕਦਾ ਹੈ। ਹਮਲੇ ਦੀ ਮਾਰ ਹੇਠ ਆਏ ਪੌਦੇ ਮੁਰਝਾਅ ਜਾਂਦੇ ਹਨ। ਇਸ ਬਿਮਾਰੀ ਤੋਂ ਬਚਾਅ ਲਈ ਖੇਤ ਵਿੱਚ ਪਾਣੀ ਦਾ ਨਿਕਾਸ ਠੀਕ ਰੱਖੋ ਅਤੇ ਸੁਧਰੀਆਂ ਕਿਸਮਾਂ ਬੀਜੋ।

ਪੱਤਾ ਝੁਲਸ ਰੋਗ: ਇਸ ਬਿਮਾਰੀ ਨਾਲ ਪੱਤਿਆਂ ਉੱਤੇ ਤੱਕਲਿਆਂ ਵਰਗੇ ਧੱਬੇ ਪੈ ਜਾਂਦੇ ਹਨ ਤੇ ਧੱਬਿਆਂ ਦੁਆਲੇ ਪੀਲੇ ਤੇ ਭੂਰੇ ਰੰਗ ਦੇ ਘੇਰੇ ਬਣ ਜਾਂਦੇ ਹਨ। ਇਹ ਘੇਰੇ ਵੱਡੇ ਹੋ ਕੇ ਇੱਕ ਦੂਜੇ ਨਾਲ ਮਿਲ ਕੇ ਬੇਢੱਬੀ ਜਿਹੀ ਸ਼ਕਲ ਬਣਾ ਲੈਂਦੇ ਹਨ। ਇਹ ਨਿਸ਼ਾਨੀਆਂ ਪੱਤੇ ਅਤੇ ਛੱਲੀਆਂ ਦੇ ਪਰਦਿਆਂ ਤੇ ਵੀ ਪੈ ਜਾਂਦੀਆਂ ਹਨ। ਪਿਛੇਤੀ ਬਿਜਾਈ, ਵਾਤਾਵਰਨ ਵਿੱਚ ਜ਼ਿਆਦਾ ਨਮੀ (80% ਤੋਂ ਜਿਆਦਾ) ਅਤੇ 25±2 ਸੈਂਟੀਗ੍ਰੇਡ ਤਾਪਮਾਨ ਬਿਮਾਰੀ ਦੇ ਵਾਧੇ ਲਈ ਅਨੁਕੂਲ ਹਨ।

ਪਛੇਤਾ ਮੁਰਝਾਉਣਾ: ਫੁੱਲ ਆਉਣ ਤੋਂ ਬਾਅਦ ਬੂਟੇ ਮੁਰਝਾਅ ਜਾਂਦੇ ਹਨ। ਟਾਂਡੇ ਦੀਆਂ ਹੇਠਲੀਆਂ ਪੋਰੀਆਂ ਦਾ ਰੰਗ ਬਦਲ ਜਾਂਦਾ ਹੈ। ਟਾਂਡੇ ਨੂੰ ਪਾੜਨ ਤੇ ਵਿਚਲੇ ਹਿੱਸੇ ਦਾ ਰੰਗ ਹੇਠੋਂ ਉੱਪਰ ਨੂੰ ਖਰਾਬ ਹੁੰਦਾ ਲੱਗਦਾ ਹੈ। ਇਸ ਬਿਮਾਰੀ ਦੀ ਰੋਕਥਾਮ ਲਈ ਸੁਧਰੀਆਂ ਕਿਸਮਾਂ ਬੀਜੋ।

**ਬੰਦ ਤਣੇ ਅਤੇ ਟਾਂਡੇ ਦੁਆਲੇ ਪੱਤੇ ਦਾ ਝੁਲਸ ਰੋਗ:** ਇਸ ਬਿਮਾਰੀ ਨਾਲ ਪੱਤੇ, ਤਣੇ ਦੁਆਲੇ ਪੱਤੇ, ਟਾਂਡੇ ਅਤੇ ਛੱਲੀਆਂ ਦੁਆਲੇ ਪੱਤਿਆਂ ਉੱਤੇ ਫਿੱਕੇ ਅਤੇ ਗੂੜੇ ਸਲੇਟੀ ਰੰਗ ਦੇ ਧੱਬੇ ਪੈ ਜਾਂਦੇ ਹਨ। ਬਾਅਦ ਵਿੱਚ ਇਹ ਧੱਬੇ ਇੱਕ ਦੂਜੇ ਨਾਲ ਮਿਲ ਕੇ ਕੌਡੀਆਂ ਵਰਗੇ ਨਜ਼ਰ ਆਂਉਦੇ ਹਨ। ਅਖੀਰ ਵਿੱਚ ਕਾਲੇ ਰੰਗ ਦੇ ਬੀਜਾਣੂੰ (ਸਕਲਰੋਸ਼ੀਆ) ਵੀ ਛੱਲੀਆਂ ਅਤੇ ਦਾਣਿਆਂ ਤੇ ਦਿਖਾਈ ਦਿੰਦੇ ਹਨ। ਗੰਭੀਰ ਹਾਲਤਾਂ ਵਿੱਚ ਹਮਲੇ ਹੇਠ ਆਈਆਂ ਛੱਲੀਆਂ ਦੇ ਦਾਣੇ ਸੁੱਕ ਜਾਂਦੇ ਹਨ।

### ਮੱਕੀ ਵਿੱਚ ਬਿਮਾਰੀਆਂ ਦਾ ਪ੍ਰਬੰਧ:

**ਕਾਸ਼ਤਕਾਰੀ ਉਪਰਾਲੇ:**

ਮੱਕੀ ਵਿੱਚ ਬਿਮਾਰੀਆਂ ਤੋਂ ਬਚਣ ਲਈ ਹਮੇਸ਼ਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਲੋਂ ਸਿਫਾਰਸ਼ ਕੀਤੀਆਂ ਕਿਸਮਾਂ ਦਾ ਸਿਹਤਮੰਦ ਬੀਜ ਬੀਜੋ। ਮੱਕੀ ਦੀ ਬਿਜਾਈ ਸਿਫਾਰਿਸ ਸਮੇਂ ਤੇ ਕਰੋ। ਬਿਮਾਰੀ ਦੇ ਵਾਧੇ ਅਤੇ ਫਲਾਅ ਦੀ ਸੰਭਾਵਨਾ ਨੂੰ ਘਟਾਉਣ ਲਈ ਬਿਮਾਰੀ ਨਾਲ ਬੂਟਿਆਂ ਦੀ ਰਹਿੰਦ-ਖੂੰਹਦ ਨੂੰ ਨਸ਼ਟ ਕਰੋ। ਖੇਤ ਦਾ ਲਗਾਤਾਰ ਸਰਵੇਖਣ ਕਰਨ ਦੀ ਲੋੜ ਹੈ। ਖੇਤ ਵਿੱਚ ਪਾਣੀ ਦੇ ਨਿਕਾਸ ਦਾ ਚੰਗਾ ਪ੍ਰਬੰਧ ਹੋਣਾ ਚਾਹੀਦਾ ਹੈ। ਰੋਗੀ, ਸੁੱਕੇ ਅਤੇ ਗਲੇ ਹੋਏ ਬਿਮਾਰੀ ਵਾਲੇ ਦਾਣੇ ਮਸ਼ੀਨੀ ਛਾਣਨੀ ਨਾਲ ਅਲੱਗ ਕਰਕੇ ਬਿਮਾਰੀ ਰਹਿਤ ਬੀਜ ਬੜੀ ਆਸਾਨੀ ਨਾਲ ਲੈ ਸਕਦੇ ਹਾਂ। ਜੇਕਰ ਪੁਰਾਣਾ ਬੀਜ ਵਰਤਣਾ ਹੋਵੇ ਤਾਂ ਉਸ ਨੂੰ ਘੱਟ ਤਾਪਮਾਨ ਅਤੇ ਘੱਟ ਨਮੀ ਦੀਆਂ ਹਾਲਤਾਂ ਵਿੱਚ ਰੱਖਣਾ ਚਾਹੀਦਾ ਹੈ। ਮੱਕੀ ਦੇ ਖੇਤਾਂ ਵਿੱਚੋ ਤੱਕੜੀ ਘਾਹ ਨੂੰ ਖਤਮ ਕਰੋ।

### ਉੱਲੀਨਾਸ਼ਕ ਦਵਾਈਆਂ ਨਾਲ ਰੋਕਥਾਮ

ਪੱਤਿਆਂ ਅਤੇ ਟਾਂਡੇ ਦਾ ਝੁਲਸ ਰੋਗ ਦੀ ਰੋਕਥਾਮ ਲਈ, ਜਿਉ ਹੀ ਬਿਮਾਰੀ ਦੀਆਂ ਨਿਸ਼ਾਨੀਆਂ ਨਜ਼ਰ ਆਉਣ ਤਾਂ 100 ਮਿਲੀਲਿਟਰ ਐਮੀਸਟਾਰ ਟੋਪ 325 ਐਸ ਸੀ (ਅਜ਼ੋਕਸੀਸਟਰੋਬਿਨ +ਡਾਈਫਿਨੋਕੋਨਾਜ਼ੋਲ) ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ। ਲੋੜ ਪੈਣ ਤੇ ਦੂਜਾ ਛਿੜਕਾਅ 15 ਦਿਨ ਦੇ ਵਕਫ਼ੇ ਤੇ ਕਰੋ। ਮੱਕੀ ਦੇ ਭੂਰੀ ਜਾਲੇਦਾਰ ਉੱਲੀ ਦੀ ਰੋਕਥਾਮ ਲਈ ਬਿਜਾਈ ਤੋਂ 15 ਦਿਨਾਂ ਬਾਅਦ 200 ਗ੍ਰਾਮ ਇੰਡੋਫਿਲ ਐਮ 45 ਨੂੰ 100 ਲੀਟਰ ਪਾਣੀ ਵਿੱਚ ਘੋਲ ਕੇ 10-10 ਦਿਨਾਂ ਦੀ ਵਿੱਥ ਤੇ ਤਿੰਨ ਛਿੜਕਾਅ ਕਰੋ।

## ਗਰਮੀਆਂ ਵਿੱਚ ਕਮਾਦ ਦੀ ਸਾਂਭ-ਸੰਭਾਲ



ਪ੍ਰਦੀਪ ਗੋਇਲ
ਜਸ਼ਨਜੋਤ ਕੌਰ
ਕੁਲਦੀਪ ਸਿੰਘ
95011-16278

ਕਮਾਦ ਪੰਜਾਬ ਦੀ ਬਹੁਤ ਹੀ ਮਹੱਤਵਪੂਰਨ ਫ਼ਸਲ ਹੈ। ਕਿਸਾਨ ਦੀ ਆਰਥਿਕਤਾ ਵਿੱਚ ਸੁਧਾਰ ਕਰਨ ਵਿੱਚ ਕਮਾਦ ਦੀ ਫ਼ਸਲ ਵੱਡਾ ਯੋਗਦਾਨ ਪਾਉਂਦੀ ਹੈ। ਕਮਾਦ ਨੂੰ ਮੁਨਾਫ਼ੇਯੋਗ ਬਣਾਉਣ ਲਈ ਇਸ ਦੀ ਵਿਗਿਆਨਕ ਖੇਤੀ ਦੀ ਬਹੁਤ ਮਹੱਤਤਾ ਹੈ। ਬਿਜਾਈ ਤੋਂ ਬਾਅਦ ਖਾਦ, ਨਦੀਨ ਅਤੇ ਪਾਣੀ ਪ੍ਰਬੰਧ ਵਧੀਆ ਤਰੀਕਿਆਂ ਨਾਲ ਕੀਤਾ ਜਾਵੇ ਤਾਂ ਇਸ ਦੇ ਝਾੜ ਵਿੱਚ ਚੋਖਾ ਵਾਧਾ ਕੀਤਾ ਜਾ ਸਕਦਾ ਹੈ।

ਖਾਦ ਪ੍ਰਬੰਧ: ਫਰਵਰੀ-ਮਾਰਚ ਵਿੱਚ ਬੀਜੇ ਕਮਾਦ ਨੂੰ ਅੱਧੀ ਯੂਰੀਆ ਖਾਦ ਪਹਿਲੇ ਪਾਣੀ ਨਾਲ ਪਾ ਦਿੱਤੀ ਜਾਵੇ ਅਤੇ ਬਾਕੀ ਰਹਿੰਦੀ ਅੱਧੀ 65 ਕਿਲੋ ਯੂਰੀਆ ਪ੍ਰਤੀ ਏਕੜ ਨੂੰ ਮਈ ਅਖੀਰ ਜਾਂ ਜੂਨ ਮਹੀਨੇ ਵਿੱਚ ਕਮਾਦ ਦੀਆਂ ਕਤਾਰਾਂ ਦੇ ਨਾਲ ਪਾਓ। ਮੂਢੀ ਫ਼ਸਲ ਨੂੰ ਤੀਜੀ ਅਤੇ ਆਖਰੀ ਕਿਸ਼ਤ 65 ਕਿਲੋ ਯੂਰੀਆ ਪ੍ਰਤੀ ਏਕੜ ਪਾਓ।

ਲੋਹੇ ਦੀ ਘਾਟ: ਰੇਤਲੀਆਂ ਜ਼ਮੀਨਾਂ ਵਿੱਚ ਲੋਹੇ ਦੀ ਘਾਟ ਆ ਜਾਂਦੀ ਹੈ ਜੋ ਕਿ ਪਹਿਲਾਂ ਨਵੇਂ ਪੱਤਿਆਂ ਵਿੱਚ ਹਰੀਆਂ ਨਾੜਾਂ ਵਿਚਕਾਰ ਪੀਲੀਆਂ ਧਾਰੀਆਂ ਦੇ ਰੂਪ ਵਿੱਚ ਆਉਂਦੀ ਹੈ। ਘਾਟ ਦੇ ਲੱਛਣ ਆਉਣ 'ਤੇ 2-3 ਛਿੜਕਾਅ 1 ਪ੍ਰਤੀਸ਼ਤ ਫੈਰੇਸ ਸਲਫੇਟ (1 ਕਿਲੋ ਫੈਰਸ ਸਲਫੇਟ 100 ਲਿਟਰ ਪਾਣੀ ਵਿੱਚ) ਦੇ ਹਫ਼ਤੇ-ਹਫ਼ਤੇ ਦੇ ਫ਼ਰਕ 'ਤੇ ਕਰੋ।

ਫ਼ਸਲਾਂ ਦੀ ਰਹਿੰਦ ਖੂੰਹਦ ਨਾਲ ਮਲਚਿੰਗ: ਕਮਾਦ ਵਿਚਲੀਆਂ ਕਤਾਰਾਂ ਨੂੰ ਝੋਨੇ ਦੀ ਪਰਾਲੀ ਜਾਂ ਧਾਨ ਦੇ ਛਿਲਕੇ ਜਾਂ ਕਮਾਦ ਦੀ ਖੋਰੀ ਨਾਲ ਢੱਕ ਦਿਓ। ਇਸ ਨਾਲ ਜਿੱਥੇ ਨਦੀਨ ਘੱਟ ਉੱਗਣਗੇ ਉੱਥੇ ਜ਼ਮੀਨ ਦੀ ਨਮੀ ਵੀ ਸਾਂਭੀ ਰਹਿੰਦੀ ਹੈ ਅਤੇ ਆਗ ਦਾ ਗੜੂੰਆ ਵੀ ਘੱਟ ਨੁਕਸਾਨ ਕਰਦਾ ਹੈ।

ਨਦੀਨਾਂ ਦਾ ਪ੍ਰਬੰਧ: ਜੇਕਰ ਖੇਤ ਵਿੱਚ ਘਾਹ ਫੂਸ ਜਾਂ ਪਰਾਲੀ ਦੀ ਮਲਚਿੰਗ ਨਹੀ ਕੀਤੀ ਹੈ ਤਾਂ 2-3 ਗੋਡੀਆਂ ਤ੍ਰਿਫਾਲੀ ਜਾਂ ਟਰੈਕਟਰ ਨਾਲ ਚੱਲਣ ਵਾਲੇ ਟਿੱਲਰ ਜਾਂ ਰੋਟਰੀ ਵੀਡਰ ਨਾਲ ਕਰੋ। ਕਾਸ਼ਤਕਾਰੀ ਢੰਗਾਂ ਤੋਂ ਇਲਾਵਾ ਰਸਾਇਣਾਂ ਨਾਲ ਵੀ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਕਮਾਦ ਵਿੱਚ ਮੌਸਮੀ ਘਾਹ, ਮੋਥੇ ਅਤੇ ਚੌੜੇ ਪੱਤਿਆਂ ਵਾਲੇ ਨਦੀਨਾਂ ਦੀ ਰੋਕਥਾਮ ਲਈ ਪ੍ਰਤੀ ਏਕੜ 1200 ਗ੍ਰਾਮ ਟ੍ਰਿਸਕੇਲ-ਤ੍ਰਿਸ਼ੂਕ (2,4 ਡੀ ਸੋਡੀਅਮ ਸਾਲਟ 44% + ਮੈਟ੍ਰੀਬਿਊਜ਼ਿਨ 35% + ਪਾਈਰਾਜ਼ੋਸਲਫਿਊਰਾਨ ਈਥਾਈਲ 1%) ਡਬਲਯੂ ਡੀ ਜੀ ਜਾਂ 1000 ਗ੍ਰਾਮ ਸਿੰਡਿਕਾ (2.4 ਡੀ ਸੋਡੀਅਮ ਸਾਲਟ 48% + ਮੈਟ੍ਰੀਬਿਊਜ਼ਿਨ 32% + ਕਲੋਰੀਮਿਊਰੋਨ ਈਥਾਈਲ 0 %) ਡਬਲਯੂ ਡੀ ਜੀ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ, ਜਦੋਂ ਨਦੀਨ 3-5 ਪੱਤਿਆਂ ਦੀ ਅਵਸਥਾ ਵਿੱਚ ਹੋਣ ਤਾਂ ਛਿੜਕਾਅ ਕਰੋ। ਡੀਲੇ ਦੀ ਰੋਕਥਾਮ ਲਈ ਖੜ੍ਹੀ ਫ਼ਸਲ ਵਿੱਚ 800 ਗ੍ਰਾਮ ਪ੍ਰਤੀ ਏਕੜ 2,4 ਡੀ ਸੋਡੀਅਮ ਸਾਲਟ 80 ਡਬਲਯੂ ਪੀ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕਰੋ। ਲਪੇਟਾ ਵੇਲ ਅਤੇ ਹੋਰ ਚੌੜੇ ਪੱਤੇ ਵਾਲੇ ਨਦੀਨਾਂ ਦੀ ਰੋਕਥਾਮ ਲਈ 800 ਗ੍ਰਾਮ 2,4 ਡੀ ਸੋਡੀਅਮ ਸਾਲਟ 80 ਡਬਲਯੂ ਪੀ ਜਾਂ 400 ਮਿਲੀਲੀਟਰ 2,4 ਡੀ ਅਮਾਈਨ ਸਾਲਟ 58 ਈ ਐੱਸ ਐੱਲ ਦਾ ਛਿੜਕਾਅ ਕਰੋ। ਜੇਕਰ ਕਮਾਦ ਵਿੱਚ ਕਿਸੇ ਵੀ ਅੰਤਰ ਫ਼ਸਲ ਦੀ ਕਾਸ਼ਤ ਕੀਤੀ ਗਈ ਹੈ ਤਾਂ ਉਪਰੋਕਤ ਨਦੀਨ ਨਾਸ਼ਕਾਂ ਦੀ ਵਰਤੋਂ ਨਾ ਕੀਤੀ ਜਾਵੇ। ਨਰਮੇ ਦੀ ਕਾਸ਼ਤ ਵਾਲੇ ਇਲਾਕਿਆਂ ਵਿੱਚ 2.4 ਡੀ ਦੀ ਵਰਤੋਂ ਤੋਂ ਗੁਰੇਜ਼ ਕੀਤਾ ਜਾਵੇ।

ਪਾਣੀ ਪ੍ਰਬੰਧ: ਜੂਨ ਵਿੱਚ ਮੌਸਮ ਗਰਮ ਅਤੇ ਖੁਸ਼ਕ ਹੋਣ ਕਾਰਨ 7-10 ਦਿਨਾਂ ਦੇ ਵਕਫ਼ੇ 'ਤੇ ਲੋੜ ਮੁਤਾਬਿਕ ਪਾਣੀ ਲਾਉਂਦੇ ਰਹੋ। ਬਾਰਸ਼ਾਂ ਦੇ ਦਿਨਾਂ ਵਿੱਚ ਲੋੜ ਅਨੁਸਾਰ ਹੀ ਸਿੰਚਾਈ ਕਰੋ। ਜੇ ਹੋ ਸਕੇ ਤਾਂ ਬਾਰਸ਼ਾਂ ਦੌਰਾਨ ਵਾਧੂ ਪਾਣੀ ਖੇਤ ਵਿੱਚੋ ਕੱਢ ਦਿੱਤਾ ਜਾਵੇ।

ਕਮਾਦ ਨੂੰ ਡਿੱਗਣ ਤੋਂ ਬਚਾਉਣ ਲਈ: ਕਮਾਦ ਨੂੰ ਮੌਨਸੂਨ ਸ਼ੁਰੂ ਹੋਣ ਤੋਂ ਪਹਿਲਾਂ ਮਿੱਟੀ ਚੜ੍ਹਾਓ। ਕਮਾਦ ਡਿੱਗਣ ਨਾਲ ਜਿੱਥੇ ਚੂਹੇ ਦਾ ਹਮਲਾ ਵਧ ਜਾਂਦਾ ਹੈ, ਉੱਥੇ ਝਾੜ ਅਤੇ ਖੰਡ ਦੀ ਰਿਕਵਰੀ ਵਿੱਚ ਵੀ ਕਾਫ਼ੀ ਗਿਰਾਵਟ ਆਉਂਦੀ ਹੈ। ਅਗਸਤ ਦੇ ਅਖੀਰ ਜਾਂ ਸਤੰਬਰ ਦੇ ਸ਼ੁਰੂ ਵਿੱਚ ਫ਼ਸਲ ਦੇ ਮੂਏ ਬੰਨ੍ਹ ਦਿਓ।

## ਝੋਨੇ ਅਤੇ ਬਾਸਮਤੀ ਵਿੱਚ ਜ਼ਿੰਕ ਦੀ ਘਾਟ



ਅਸ਼ੋਕ ਕੁਮਾਰ ਗਰਗ
ਗੁਰਪ੍ਰੀਤ ਸਿੰਘ
95018-55223

ਝੋਨਾ ਪੰਜਾਬ ਵਿੱਚ ਸਾਉਣੀ ਦੀਆਂ ਪ੍ਰਮੁੱਖ ਫ਼ਸਲਾਂ ਵਿੱਚੋਂ ਇੱਕ ਹੈ ਅਤੇ ਹਰ ਸਾਲ ਝੋਨੇ ਹੇਠ ਰਕਬਾ ਵਧਦਾ ਜਾ ਰਿਹਾ ਹੈ। ਸਾਲ 2023-2024 ਦੌਰਾਨ ਸੂਬੇ ਵਿੱਚ ਲਗਭਗ 79.48 ਲੱਖ ਏਕੜ ਰਕਬੇ 'ਤੇ ਝੋਨੇ ਦੀ ਕਾਸ਼ਤ ਕੀਤੀ ਗਈ। ਕਿਉਂਕਿ ਝੋਨਾ ਇੱਕ ਵੱਧ ਝਾੜ ਦੇਣ ਵਾਲੀ ਫ਼ਸਲ ਹੈ, ਇਸ ਕਰਕੇ ਇਹ ਜ਼ਮੀਨ 'ਚੋਂ ਖੁਰਾਕੀ ਤੱਤਾਂ ਦੀ ਵੱਡੀ ਮਾਤਰਾ ਕੱਢ ਲੈਂਦਾ ਹੈ। ਜੇਕਰ ਘਾਟ ਵਾਲੇ ਤੱਤਾਂ ਦੀ ਸਹੀ ਸਮੇਂ 'ਤੇ ਪੂਰਤੀ ਨਾ ਕੀਤੀ ਜਾਵੇ ਤਾਂ ਫ਼ਸਲ ਦਾ ਝਾੜ ਘੱਟ ਸਕਦਾ ਹੈ। ਝੋਨੇ ਦੀ ਕਾਸ਼ਤ ਵਿੱਚ ਯੂਰੀਏ ਤੋਂ ਇਲਾਵਾ ਜ਼ਿੰਕ ਇੱਕ ਅਹਿਮ ਖੁਰਾਕੀ ਤੱਤ ਹੈ। ਜ਼ਿੰਕ ਦੀ ਘਾਟ ਆਮ ਤੌਰ 'ਤੇ ਹੇਠ ਲਿਖੀਆਂ ਜ਼ਮੀਨਾਂ/ਸਥਿਤੀਆਂ ਵਿੱਚ ਪਾਈ ਜਾਂਦੀ ਹੈ:

ੳ) ਘੱਟ ਜੈਵਿਕ ਕਾਰਬਨ ਵਾਲੀਆਂ ਰੇਤਲੀਆਂ ਜ਼ਮੀਨਾਂ ਵਿੱਚ
ਅ) ਜ਼ਿਆਦਾ ਖਾਰੀ ਅੰਗ ਅਤੇ ਵੱਧ ਕੈਲਸ਼ੀਅਮ ਕਾਰਬੋਨੇਟ ਵਾਲੀਆਂ ਜ਼ਮੀਨਾਂ ਵਿੱਚ
ੲ) ਵੱਧ ਫਾਸਫੋਰਸ ਵਾਲੀਆਂ ਜ਼ਮੀਨਾਂ ਵਿੱਚ
ਸ) ਪਾਣੀ ਵਿੱਚ ਡੁੱਬੀਆਂ ਹੋਈਆਂ ਜ਼ਮੀਨਾਂ ਵਿੱਚ
ਹ) ਖਾਰੇ ਪਾਣੀ ਨਾਲ ਸਿੰਚਾਈ ਵਾਲੀਆਂ ਜ਼ਮੀਨਾਂ ਵਿੱਚ

ਜ਼ਿੰਕ ਦੀ ਘਾਟ ਨਾਲ ਨਜਿੱਠਣ ਵਿੱਚ ਲਾਪਰਵਾਹੀ ਜਾਂ ਅਣਗਹਿਲੀ ਨਾਲ ਫ਼ਸਲ ਦੇ ਝਾੜ ਦਾ ਕਾਫ਼ੀ ਨੁਕਸਾਨ ਹੋਣ ਦਾ ਡਰ ਹੁੰਦਾ ਹੈ। ਫ਼ਸਲ ਨੂੰ ਗੰਭੀਰ ਨੁਕਸਾਨ ਤੋਂ ਬਚਾਉਣ ਲਈ ਸਮੇਂ ਸਿਰ ਢੁੱਕਵੇਂ ਉਪਾਅ ਕਰਨ ਲਈ ਜ਼ਿੰਕ ਦੀ ਘਾਟ ਦੇ ਕਾਰਨ, ਲੱਛਣਾਂ ਅਤੇ ਇਲਾਜ ਦੇ ਢੰਗ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ।

### ਜ਼ਿੰਕ ਦੀ ਘਾਟ ਦੇ ਕਾਰਨ

ਆਮ ਤੌਰ 'ਤੇ ਮਿੱਟੀ ਵਿੱਚ ਜ਼ਿੰਕ ਦੀ ਘੱਟ ਮਾਤਰਾ ਜੇਕਰ 0.6 ਕਿੱਲੋ ਪ੍ਰਤੀ ਏਕੜ ਤੋਂ ਘੱਟ ਹੋਵੇ ਜਾਂ ਮਿੱਟੀ ਵਿੱਚ ਉਪਲੱਬਧ ਜ਼ਿੰਕ ਦੀ ਗ਼ੈਰ-ਉਪਲੱਬਧਤਾ ਜਾਂ ਅਘੁਲਣਸ਼ੀਲ ਰੂਪਾਂ ਵਿੱਚ ਬਦਲ ਜਾਣ ਤਾਂ ਇਹ ਇਸ ਦੀ ਘਾਟ ਲਈ ਜ਼ਿੰਮੇਵਾਰ ਹੁੰਦਾ ਹੈ। ਕਈ ਵਾਰ ਜ਼ਿੰਕ 'ਤੇ ਫਾਸਫੋਰਸ ਤੱਤ ਦੀ ਵੱਧ ਮਾਤਰਾ ਅਤੇ ਕਾਰਬੋਨੇਟਸ ਦਾ ਵਿਰੋਧੀ ਪ੍ਰਭਾਵ ਇਸ ਤੱਤ ਦੀ ਉਪਲੱਬਧਤਾ ਨੂੰ ਘਟਾ ਦਿੰਦਾ ਹੈ। ਇਸੇ ਕਰਕੇ ਕਿਸਾਨਾਂ ਨੂੰ ਡੀਏਪੀ ਅਤੇ ਜ਼ਿੰਕ ਵਾਲੀਆਂ ਖਾਦਾਂ ਨੂੰ ਨਾ ਰਲਾਉਣ ਦੀ ਸਲਾਹ ਦਿੱਤੀ ਜਾਂਦੀ ਹੈ।

### ਜ਼ਿੰਕ ਦੀ ਘਾਟ ਦਾ ਇਲਾਜ

ਜ਼ਿੰਕ ਦੀ ਘਾਟ ਪੂਰੀ ਕਰਨ ਲਈ ਕੱਦੂ ਕਰਨ ਸਮੇਂ 25 ਕਿੱਲੋ ਹੈਪਟਾਹਾਈਡ੍ਰੇਟ ਜ਼ਿੰਕ ਸਲਫੇਟ (21% ਜ਼ਿੰਕ) ਪ੍ਰਤੀ ਏਕੜ ਜਾਂ 16 ਕਿੱਲੋ ਮੋਨੋਹਾਈਡ੍ਰੇਟ ਜ਼ਿੰਕ ਸਲਫੇਟ (33% ਜ਼ਿੰਕ) ਪ੍ਰਤੀ ਏਕੜ ਦੇ ਹਿਸਾਬ ਨਾਲ ਖਿਲਾਰ ਦੇਣਾ ਚਾਹੀਦਾ ਹੈ। ਗੰਭੀਰ ਹਲਾਤਾਂ ਅਧੀਨ ਮਿੱਟੀ ਵਿੱਚ ਜ਼ਿੰਕ ਦੀ ਵਰਤੋਂ ਦੇ ਨਾਲ-ਨਾਲ ਹੈਪਟਾਹਾਈਡ੍ਰੇਟ ਜ਼ਿੰਕ ਸਲਫੇਟ ਦੇ 0.5% ਦਾ ਘੋਲ (500 ਗ੍ਰਾਮ/100 ਲਿਟਰ ਪਾਣੀ) ਜਾਂ 0.4% ਮੋਨੋਹਾਈਡ੍ਰੇਟ ਜ਼ਿੰਕ ਸਲਫੇਟ ਦੇ ਘੋਲ (400 ਗ੍ਰਾਮ/100 ਲਿਟਰ ਪਾਣੀ) ਬਣਾ ਕੇ ਛਿੜਕਾਅ ਵੀ ਕੀਤਾ ਜਾ ਸਕਦਾ ਹੈ। ਇਹ ਆਮ ਦੇਖਣ ਵਿੱਚ ਆਉਂਦਾ ਹੈ ਕਿ ਬਹੁਤੇ ਕਿਸਾਨ ਜ਼ਿੰਕ ਦੀ ਪੂਰੀ ਮਾਤਰਾ ਨਹੀ ਪਾਉਂਦੇ, ਉਹ ਕੇਵਲ 5-7 ਕਿੱਲੋ ਜ਼ਿੰਕ ਸਲਫੇਟ ਹੀ ਪ੍ਰਤੀ ਏਕੜ ਪਾਉਂਦੇ ਹਨ, ਜਿਸ ਕਰਕੇ ਜ਼ਿੰਕ ਦੀ ਘਾਟ ਪੂਰੀ ਨਹੀ ਹੁੰਦੀ। ਇਸ ਲਈ ਕਿਸਾਨਾਂ ਨੂੰ ਜ਼ਿੰਕ ਸਲਫੇਟ ਦੀ ਸਿਫ਼ਾਰਸ਼ ਕੀਤੀ ਪੂਰੀ ਮਾਤਰਾ ਹੀ ਪਾਉਣ ਦੀ ਸਲਾਹ ਦਿੱਤੀ ਜਾਂਦੀ ਹੈ। ਬਹੁਤੀਆਂ ਮਾੜੀਆਂ ਜ਼ਮੀਨਾਂ ਵਿੱਚ ਜੇਕਰ ਫਿਰ ਵੀ ਜ਼ਿੰਕ ਦੀ ਘਾਟ ਪੂਰੀ ਨਹੀ ਹੁੰਦੀ ਤਾਂ 10 ਕਿੱਲੋ ਹੈਪਟਾਹਾਈਡ੍ਰੇਟ ਜ਼ਿੰਕ ਸਲਫੇਟ ਜਾਂ 6.5 ਕਿੱਲੋ ਮੋਨੋਹਾਈਡ੍ਰੇਟ ਜ਼ਿੰਕ ਸਲਫੇਟ ਨੂੰ ਬਰਾਬਰ ਸੁੱਕੀ ਮਿੱਟੀ ਵਿੱਚ ਰਲਾ ਕੇ ਘਾਟ ਵਾਲੀਆਂ ਥਾਵਾਂ 'ਤੇ ਛੱਟਾ ਦਿੱਤਾ ਜਾ ਸਕਦਾ ਹੈ।

## ਝੰਡਾ ਰੋਗ ਦੀ ਸੁਚੱਜੀ ਰੋਕਥਾਮ ਲਈ ਬੀਜ ਅਤੇ ਪਨੀਰੀ ਨੂੰ ਸੋਧੋ



ਦਲਜੀਤ ਸਿੰਘ ਬੁੱਟਰ
ਅਮਰਜੀਤ ਸਿੰਘ
98729-25785

ਪੰਜਾਬ ਵਿੱਚ ਬਾਸਮਤੀ ਸਾਉਣੀ ਰੁੱਤ ਦੀ ਇੱਕ ਪ੍ਰਮੁੱਖ ਫ਼ਸਲ ਹੈ। ਇਸ ਦੇ ਨਿਰਯਾਤ ਦੀਆਂ ਨੀਤੀਆਂ ਵਧੀਆ ਹੋਣ ਕਰਕੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀ ਮੰਡੀ ਵਿੱਚ ਇਸ ਦਾ ਚੰਗਾ ਭਾਅ ਮਿਲਣ ਕਰਕੇ ਪਿਛਲੇ ਕਈ ਸਾਲਾਂ ਤੋਂ ਬਾਸਮਤੀ ਹੇਠ ਰਕਬਾ ਲਗਾਤਾਰ ਵਧ ਰਿਹਾ ਹੈ। ਸਾਲ 2024 ਦੌਰਾਨ ਪੰਜਾਬ ਵਿੱਚ ਬਾਸਮਤੀ ਹੇਠਾਂ 6.8 ਲੱਖ ਹੈਕਟੇਅਰ ਰਕਬਾ ਸੀ ਅਤੇ ਇਸ ਤੋਂ ਤਕਰੀਬਨ 33.32 ਲੱਖ ਟਨ ਪੈਦਾਵਾਰ ਮਿਲੀ। ਇਸ ਦੇ ਨਾਲ ਹੀ ਬਾਸਮਤੀ 'ਤੇ ਝੰਡਾ ਰੋਗ ਫੈਲਣ ਕਾਰਨ ਇਸ ਦਾ ਬਹੁਤ ਨੁਕਸਾਨ ਹੁੰਦਾ ਹੈ। ਜੇਕਰ ਇਸ ਦੀ ਸਮੇਂ ਸਿਰ ਰੋਕਥਾਮ ਨਾ ਕੀਤੀ ਜਾਵੇ ਤਾਂ ਇਹ ਕਿਸਾਨਾਂ ਦਾ ਬਹੁਤ ਆਰਥਿਕ ਨੁਕਸਾਨ ਕਰ ਸਕਦਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਨੇ ਬਾਸਮਤੀ ਦੇ ਝੰਡਾ ਰੋਗ ਦੀ ਰੋਕਥਾਮ ਲਈ ਇੱਕ ਬਾਇਓਕੰਟਰੋਲ ਏਜੰਟ (ਟ੍ਰਾਈਕੋਡਰਮਾ ਐਸਪੈਰੇਲਮ 2 ਪ੍ਰਤੀਸ਼ਤ ਡਬਲਯੂ ਪੀ) ਵਿਕਸਿਤ ਕੀਤਾ ਹੈ ਜਿਸ ਨੂੰ ਸੈਂਟਰਲ ਇਨਸੈਕਟੀਸਾਈਡ ਬੋਰਡ ਅਤੇ ਰਜਿਸਟ੍ਰੇਸ਼ਨ ਕਮੇਟੀ ਫਰੀਦਾਬਾਦ ਨੇ ਆਪਣੀ 31.05.2024 ਨੂੰ 9 (3 ਬੀ) ਐਕਟ ਅਧੀਨ ਦਰਜ ਕਰਵਾ ਲਿਆ ਹੈ ਅਤੇ ਹੁਣ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਿਤ ਟ੍ਰਾਈਕੋਡਰਮਾ ਐਸਪੈਰੇਲਮ 2 ਪ੍ਰਤੀਸ਼ਤ ਡਬਲਯੂ ਪੀ ਨੂੰ ਬਾਸਮਤੀ ਦੇ ਝੰਡਾ ਰੋਗ ਦੀ ਰੋਕਥਾਮ ਕਰਨ ਲਈ ਆਈਪੀਐੱਲ, ਗੁਰੂਗ੍ਰਾਮ ਕੰਪਨੀ ਮਾਰਕੀਟ ਵਿੱਚ ਵੇਚੇਗੀ। ਬਾਸਮਤੀ ਦੀ ਫ਼ਸਲ ਤੋਂ ਚੰਗਾ ਝਾੜ ਲੈਣ ਲਈ ਇਸ ਦੀਆਂ ਬਿਮਾਰੀਆਂ ਨੂੰ ਸਮੇਂ ਸਿਰ ਕਾਬੂ ਕਰਨਾ ਬਹੁਤ ਜ਼ਰੂਰੀ ਹੈ। ਇਸ ਦੀ ਸਫਲ ਕਾਸ਼ਤ ਕਰਨ ਵਿੱਚ ਬਾਸਮਤੀ ਦੇ ਪੈਰ ਗਲਣ ਦਾ ਰੋਗ ਜਾਂ ਝੰਡਾ ਰੋਗ ਬਹੁਤ ਵੱਡੀ ਸਮੱਸਿਆ ਹੈ। ਇਸ ਰੋਗ ਦਾ ਜ਼ਿਆਦਾ ਹਮਲਾ ਪੰਜਾਬ ਦੇ ਕੁਝ ਜ਼ਿਲ੍ਹਿਆਂ ਜਿਵੇਂ ਅੰਮ੍ਰਿਤਸਰ, ਗੁਰਦਾਸਪੁਰ, ਫਾਜ਼ਿਲਕਾ, ਤਰਨ ਤਾਰਨ ਅਤੇ ਕਪੂਰਥਲਾ ਦੇ ਕਈ ਪਿੰਡਾਂ ਵਿੱਚ ਦੇਖਿਆ ਗਿਆ ਜਿਸ ਦੀ ਤੀਬਰਤਾ 2-10 ਪ੍ਰਤੀਸ਼ਤ ਪਾਈ ਗਈ। ਪਿਛਲੇ ਸਾਲ ਝੰਡਾ ਰੋਗ ਦਾ ਪ੍ਰਕੋਪ ਬਾਸਮਤੀ ਝੋਨੇ ਦੀਆਂ ਕਿਸਮਾਂ ਜਿਵੇਂ ਪੂਸਾ ਬਾਸਮਤੀ 1121, ਪੂਸਾ ਬਾਸਮਤੀ 1847, ਪੂਸਾ ਬਾਸਮਤੀ 1845, ਪੂਸਾ ਬਾਸਮਤੀ 1692 ਅਤੇ ਪੂਸਾ ਬਾਸਮਤੀ 1509 ਵਿੱਚ ਦੇਖਿਆ ਗਿਆ ਸੀ। ਅਗੇਤੀ ਬਿਜਾਈ ਵਾਲੀ ਬਾਸਮਤੀ ਵਿੱਚ ਇਸ ਦਾ ਹਮਲਾ ਜ਼ਿਆਦਾ ਪਾਇਆ ਗਿਆ। ਇਹ ਰੋਗ ਬੀਜ ਰਾਹੀ ਆਉਂਦਾ ਹੈ। ਕਈ ਕਿਸਾਨ ਬੀਜ ਦੀ ਸੋਧ ਤਾਂ ਕਰ ਲੈਂਦੇ ਹਨ, ਪਰ ਪਨੀਰੀ ਦੀ ਸੋਧ ਨਹੀ ਕਰਦੇ। ਇਸ ਰੋਗ ਦੀ ਸੁਚੱਜੀ ਰੋਕਥਾਮ ਲਈ ਬੀਜ ਅਤੇ ਪਨੀਰੀ ਦੀ ਸੋਧ ਕਰਨੀ ਬੜੀ ਲਾਜ਼ਮੀ ਹੈ। ਪੈਰਾਂ ਦਾ ਗਲਣਾ ਜਾਂ ਝੰਡਾ ਰੋਗ ਇੱਕ ਉੱਲੀ ਰੋਗ ਹੈ ਜੋ ਬਾਸਮਤੀ ਝੋਨੇ ਦੀਆਂ ਸਾਰੀਆਂ ਹੀ ਕਿਸਮਾਂ 'ਤੇ ਪਾਇਆ ਜਾਂਦਾ ਹੈ। ਕੋਈ ਵੀ ਕਿਸਮ ਇਸ ਰੋਗ ਦਾ ਟਾਕਰਾ ਨਹੀ ਕਰਦੀ। ਬਿਮਾਰੀ ਵਾਲਾ ਬੀਜ ਇਸ ਰੋਗ ਦਾ ਮੁੱਖ ਕਾਰਨ ਹੁੰਦਾ ਹੈ। ਇਸ ਰੋਗ ਦੇ ਜੀਵਾਣੂੰ ਫ਼ਸਲ ਦਾ ਝਾੜ ਘਟਾਉਣ ਤੋਂ ਇਲਾਵਾ ਇੱਕ ਮਾਈਕੋਟੋਕਸਿਨ (ਜ਼ਹਿਰੀਲੀ ਵਸਤੂ) ਵੀ ਪੈਦਾ ਕਰਦੇ ਹਨ ਜੋ ਕਿ ਮਨੁੱਖ ਅਤੇ ਜਾਨਵਰਾਂ ਦੀ ਸਿਹਤ ਲਈ ਇੱਕ ਵੱਡਾ ਖ਼ਤਰਾ ਹੈ। ਇਸ ਰੋਗ ਦੀ ਉੱਲੀ ਦੇ ਕਣ ਮੁੱਖ ਤੌਰ 'ਤੇ ਬੀਜ ਅਤੇ ਮਿੱਟੀ ਰਾਹੀ ਫੈਲਦੇ ਹਨ ਜਿਹੜੇ ਕਿ ਪਨੀਰੀ ਲਾਉਣ ਵੇਲੇ ਬੀਜ ਦੇ ਪੁੰਗਰਨ ਸਮੇਂ ਜੜਾਂ ਜਾਂ ਧਰਤੀ ਨਾਲ ਲੱਗਦੇ ਤਣੇ ਦੇ ਹਿੱਸੇ ਰਾਹੀ ਸਾਰੇ ਪੌਦੇ 'ਤੇ ਹਮਲਾ ਕਰ ਦਿੰਦੇ ਹਨ। ਇਸ ਕਾਰਨ ਸ਼ੁਰੂ ਵਿੱਚ ਬੂਟੇ ਪੀਲੇ ਪੈ ਜਾਂਦੇ ਹਨ ਅਤੇ ਦੂਜੇ ਬੂਟਿਆਂ ਨਾਲੋਂ ਜ਼ਿਆਦਾ ਉੱਚੇ ਲੰਬੇ ਹੋ ਜਾਂਦੇ ਹਨ। ਬਾਅਦ ਵਿੱਚ ਇਹ ਬੂਟੇ ਥੱਲੇ ਤੋਂ ਉੱਪਰ ਵੱਲ ਮੁਰਝਾ ਕੇ ਸੁੱਕ ਜਾਂਦੇ ਹਨ। ਬਿਮਾਰੀ ਵਾਲੇ ਬੂਟੇ ਜ਼ਮੀਨ ਉੱਪਰਲੀਆਂ ਪੋਰੀਆਂ ਤੋਂ ਜੜ੍ਹਾਂ ਬਣਾ ਲੈਂਦੇ ਹਨ। ਰੋਗੀ ਪੌਦੇ ਦੇ ਤਣੇ 'ਤੇ ਗੁਲਾਬੀ ਰੰਗ ਦੀ ਉੱਲੀ ਵੀ ਵੇਖੀ ਜਾ ਸਕਦੀ ਹੈ। ਕਈ ਵਾਰੀ ਬਿਮਾਰੀ ਵਾਲੇ ਬੂਟੇ ਪਨੀਰੀ ਵਿੱਚ ਹੀ ਛੋਟੇ ਰਹਿ ਜਾਂਦੇ ਹਨ ਅਤੇ ਬਾਅਦ ਵਿੱਚ ਸੁੱਕ ਜਾਂਦੇ ਹਨ।

ਝੰਡਾ ਰੋਗ ਦੀ ਸੁਚੱਜੀ ਰੋਕਥਾਮ ਲਈ ਜ਼ਰੂਰੀ ਨੁਕਤੇ :

1.ਇਹ ਬਿਮਾਰੀ ਬੀਜ ਰਾਹੀ ਆਉਂਦੀ ਹੈ। ਇਸ ਲਈ ਹਮੇਸ਼ਾਂ ਰੋਗ ਰਹਿਤ ਬੀਜ ਦੀ ਵਰਤੋਂ ਕਰੋ।
2.ਅਗੇਤੀ ਬਿਜਾਈ ਵਾਲੀ ਫ਼ਸਲ 'ਤੇ ਇਸ ਰੋਗ ਦਾ ਹਮਲਾ ਜ਼ਿਆਦਾ ਵੇਖਣ ਨੂੰ ਮਿਲਦਾ ਹੈ, ਇਸ ਲਈ ਅਗੇਤੀ ਬਿਜਾਈ ਤੋਂ ਗੁਰੇਜ਼ ਕਰੋ।
3. ਰੋਗ ਰਹਿਤ ਪਨੀਰੀ ਤਿਆਰ ਕਰਨ ਲਈ ਪਹਿਲਾਂ ਬੀਜ ਨੂੰ 10 ਲਿਟਰ ਪਾਣੀ ਵਿੱਚ 12 ਘੰਟੇ ਲਈ ਡੁਬੋ ਲਓ। ਹਲਕਾ ਬੀਜ ਉੱਪਰ ਤਰ ਆਵੇਗਾ, ਉਸ ਨੂੰ ਨਿਤਾਰ ਕੇ ਬਾਹਰ ਕੱਢ ਦਿਓ ਅਤੇ 8 ਕਿਲੋ ਭਾਰਾ ਬੀਜ ਚੁਣ ਲਓ। ਬੀਜ ਨੂੰ ਬੀਜਣ ਤੋਂ ਪਹਿਲਾਂ 2% ਡਬਲਯੂ ਪੀ ਦੇ ਨਾਲ 15 ਗ੍ਰਾਮ ਪ੍ਰਤੀ ਕਿਲੋ ਬੀਜ ਦੇ ਹਿਸਾਬ ਸੋਧ ਕੇ ਪਨੀਰੀ ਦੀ ਬਿਜਾਈ ਕਰ ਲਓ। ਪਨੀਰੀ ਖੇਤ ਵਿੱਚ ਲਾਉਣ ਤੋਂ ਪਹਿਲਾਂ ਉਸ ਦੀਆਂ ਜੜ੍ਹਾਂ ਵੀ 2% ਡਬਲਯੂ ਪੀ (15 ਗ੍ਰਾਮ ਪ੍ਰਤੀ ਲਿਟਰ ਪਾਣੀ) ਦੇ ਘੋਲ ਵਿੱਚ 6 ਘੰਟੇ ਲਈ ਡੁਬੋ ਕੇ ਸੋਧਣਾ ਬੜਾ ਲਾਜ਼ਮੀ ਹੈ।
4.ਜੇਕਰ ਬਿਮਾਰੀ ਵਾਲੇ ਬੂਟੇ ਪਨੀਰੀ ਅਤੇ ਖੇਤ ਵਿੱਚ ਦਿਖਾਈ ਦੇਣ ਤਾਂ ਉਨ੍ਹਾਂ ਨੂੰ ਸਮੇਂ ਸਿਰ ਉਖਾੜ ਕੇ ਨਸ਼ਟ ਕਰ ਦਿਓ।

# ਸਿੱਖ ਪੰਥ, ਸਿਧਾਂਤਾਂ ਦੇ ਸਿਖਰ ਤੋਂ ਵਿਵਾਦਾਂ ਦੀ ਖੱਡ ਤੱਕ 'ਮਨ ਨੀਵਾਂ, ਮੱਤ ਉੱਚੀ'-ਇੱਕ ਵਿਸਰਿਆ ਹੋਇਆ ਆਦਰਸ਼



ਵਿੰਕਲਜੀਤ ਸਿੰਘ ਸਰਾ
9501477889

ਸਿੱਖ ਧਰਮ ਦਾ ਸ਼ਾਨਾਮੱਤਾ ਇਤਿਹਾਸ ਕੁਰਬਾਨੀਆਂ, ਬਹਾਦਰੀਆਂ, ਸਰਬੱਤ ਦੇ ਭਲੇ ਅਤੇ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦੇ ਇਨਕਲਾਬੀ ਸਿਧਾਂਤਾਂ ਨਾਲ ਸ਼ਿੰਗਾਰਿਆ ਹੋਇਆ ਹੈ। ਸ੍ਰੀ ਗੁਰੂ ਨਾਨਕ ਸਾਹਿਬ ਤੋਂ ਲੈ ਕੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ, ਦਸਾਂ ਪਾਤਸ਼ਾਹੀਆਂ ਨੇ ਇੱਕ ਅਜਿਹੇ ਸਮਾਜ ਦੀ ਨੀਂਹ ਰੱਖੀ, ਜੋ ਜਾਤ-ਪਾਤ, ਉੂਚ-ਨੀਚ ਅਤੇ ਵਹਿਮਾਂ-ਭਰਮਾਂ ਤੋਂ ਉੱਪਰ ਉੱਠ ਕੇ ਇੱਕ ਅਕਾਲ ਪੁਰਖ ਨਾਲ ਜੁੜਿਆ ਹੋਵੇ। ਹਰ ਸਿੱਖ ਆਪਣੀ ਅਰਦਾਸ ਵਿੱਚ ਰੋਜ਼ਾਨਾ ਅਕਾਲ ਪੁਰਖ ਅੱਗੇ ਝੋਲੀ ਅੱਡ ਕੇ ਮੰਗਦਾ ਹੈ, **'ਸਿੱਖਾਂ ਦਾ ਮਨ ਨੀਵਾਂ, ਮਤਿ ਉੱਚੀ, ਮਤਿ ਪਤਿ ਦਾ ਰਾਖਾ ਆਪਿ ਵਾਹਿਗੁਰੂ।'**

ਪਰ ਅੱਜ ਦੀ ਸਥਿਤੀ ਨੂੰ ਵੇਖ ਕੇ ਹਿਰਦਾ ਵਲੂੰਧਰਿਆ ਜਾਂਦਾ ਹੈ। ਅਜਿਹਾ ਪ੍ਰਤੀਤ ਹੁੰਦਾ ਹੈ ਕਿ ਅਸੀਂ ਇਸ ਅਰਦਾਸ ਦੇ ਸਿਧਾਂਤ ਤੋਂ ਉਲਟ ਦਿਸ਼ਾ ਵੱਲ ਚੱਲ ਪਏ ਹਾਂ। ਸਾਡਾ 'ਮਨ ਉੱਚਾ' ਹੋ ਗਿਆ ਹੈ, ਹਉਮੈ, ਧੜੇਬੰਦੀ ਅਤੇ ਸਿਆਸੀ ਲਾਲਸਾਵਾਂ ਕਾਰਨ ਅਸਮਾਨੀ ਚੜ੍ਹ ਗਿਆ ਹੈ ਅਤੇ ਸਾਡੀ 'ਮੱਤ ਨੀਵੀਂ' (ਬੁੱਧੀ) ਹੋ ਗਈ ਹੈ, ਪੰਥਕ ਮਸਲਿਆਂ ਨੂੰ ਸੁਲਝਾਉਣ ਦੀ ਬਜਾਏ, ਉਨ੍ਹਾਂ ਨੂੰ ਹੋਰ ਉਲਝਾਉਣ ਵਿੱਚ ਲੱਗੀ ਹੋਈ ਹੈ। ਜਿਸ ਕੌਮ ਨੇ ਸੰਸਾਰ ਨੂੰ ਅਧਿਆਤਮਕ ਅਤੇ ਸਮਾਜਿਕ ਰਾਹ ਦਿਖਾਉਣਾ ਸੀ, ਅੱਜ ਉਸਦੇ ਆਗੂ ਹੀ ਕੁਰਾਹੇ ਪਏ ਨਜ਼ਰ ਆਉਂਦੇ ਹਨ।

**1. ਮੁੱਢਲੀ ਭੁੱਲ: 'ਗੁਰੂ ਮਾਨਿਓ ਗ੍ਰੰਥ' ਦੇ ਹੁਕਮ ਦੀ ਅਵੱਗਿਆ** : ਸਿੱਖ ਪੰਥ ਦੇ ਨਿਘਾਰ ਦਾ ਸਭ ਤੋਂ ਬੁਨਿਆਦੀ ਕਾਰਨ ਦਸਮ ਪਾਤਸ਼ਾਹ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਪਹਿਲਾਂ ਦਿੱਤੇ ਗਏ ਹੁਕਮ ਨੂੰ ਨਜ਼ਰਅੰਦਾਜ਼ ਕਰਨਾ ਹੈ: **'ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥ ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ॥'** ਗੁਰੂ ਸਾਹਿਬ ਨੇ ਸ਼ਬਦ-ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਗੁਰੂ ਥਾਪਿਆ ਅਤੇ ਪੰਥ ਦੀ ਅਗਵਾਈ ਲਈ **'ਪੰਜ ਪਿਆਰਿਆਂ'** ਦੀ ਸਥਾਪਨਾ ਕੀਤੀ, ਜਿਸ ਵਿੱਚ ਗੁਰੂ ਨੇ ਖੁਦ ਵਰਤਣ ਦਾ ਵਚਨ ਦਿੱਤਾ।

**ਪਰ ਅੱਜ ਅਸੀਂ ਕਿੱਥੇ ਖੜ੍ਹੇ ਹਾਂ?** ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਮੱਥਾ ਤਾਂ ਟੇਕਦੇ ਹਾਂ, ਪਰ ਉਨ੍ਹਾਂ ਦੀ ਸਿੱਖਿਆ, ਉਪਦੇਸ਼ ਅਤੇ ਸਥਾਪਿਤ ਮਰਯਾਦਾ ਨੂੰ ਮੰਨਣ ਤੋਂ ਇਨਕਾਰੀ ਹਾਂ। ਪੰਜ ਪਿਆਰਿਆਂ ਦੁਆਰਾ ਲਏ ਗਏ ਫੈਸਲਿਆਂ ਨੂੰ ਵੀ ਸਿਆਸੀ ਐਨਕਾਂ ਨਾਲ ਦੇਖਿਆ ਜਾਂਦਾ ਹੈ ਅਤੇ ਉਨ੍ਹਾਂ ਨੂੰ ਸ਼ਰੇਆਮ ਚੁਣੌਤੀ ਦਿੱਤੀ ਜਾਂਦੀ ਹੈ। ਜਦੋਂ ਕੌਮ ਆਪਣੀ ਸਭ ਤੋਂ ਬੁਨਿਆਦੀ ਅਤੇ ਸਰਵਉੱਚ ਸੰਸਥਾ 'ਤੇ ਹੀ ਵਿਸ਼ਵਾਸ ਗੁਆ ਬੈਠੇ, ਤਾਂ ਟਕਰਾਅ, ਵਿਵਾਦ ਅਤੇ ਨਿਘਾਰ ਪੈਦਾ ਹੋਣਾ ਲਾਜ਼ਮੀ ਹੈ।

**2. ਜਥੇਦਾਰਾਂ ਦਾ ਟਕਰਾਅ, ਨਾ ਕਿ ਤਖ਼ਤਾਂ ਦਾ** : ਇੱਥੇ ਇਹ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਸਿਧਾਂਤਕ ਤੌਰ 'ਤੇ ਟਕਰਾਅ ਪਵਿੱਤਰ ਤਖ਼ਤਾਂ ਦਾ ਆਪਸ ਵਿੱਚ ਨਹੀਂ ਹੋ ਸਕਦਾ, ਕਿਉਂਕਿ ਉਹ ਸਾਰੇ ਇੱਕ ਹੀ ਗੁਰੂ-ਪੰਥ ਦੀ ਪ੍ਰਭੂਸੱਤਾ ਦੇ ਪ੍ਰਤੀਕ ਹਨ। ਅਸਲ ਟਕਰਾਅ ਤਖ਼ਤਾਂ 'ਤੇ ਬਿਰਾਜਮਾਨ ਜਥੇਦਾਰ ਸਾਹਿਬਾਨ ਦੀਆਂ ਨਿੱਜੀ ਵਿਚਾਰਧਾਰਾਵਾਂ, ਸਿਆਸੀ ਪ੍ਰਭਾਵਾਂ ਅਤੇ ਕਾਰਜਸ਼ੈਲੀਆਂ ਦਾ ਹੁੰਦਾ ਹੈ, ਜਿਸ ਨੂੰ 'ਤਖ਼ਤਾਂ ਦਾ ਟਕਰਾਅ' ਦਾ ਨਾਮ ਦੇ ਦਿੱਤਾ ਜਾਂਦਾ ਹੈ।

**ਨਾਨਕਸ਼ਾਹੀ ਕੈਲੰਡਰ ਦਾ ਵਿਵਾਦ**: ਇਹ ਮੁੱਦਾ ਜਥੇਦਾਰਾਂ ਦੇ ਟਕਰਾਅ ਦੀ ਸਭ ਤੋਂ ਵੱਡੀ ਉਦਾਹਰਣ ਹੈ। ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਭਾਵ ਹੇਠ ਸੋਧੇ ਹੋਏ ਕੈਲੰਡਰ ਨੂੰ ਲਾਗੂ ਕਰਨ ਦਾ ਹੁਕਮ ਦਿੱਤਾ, ਤਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਤਤਕਾਲੀ ਜਥੇਦਾਰ, ਗਿਆਨੀ ਬਲਵੰਤ ਸਿੰਘ ਨੰਦਗੜ੍ਹ ਨੇ ਇਸ ਦਾ ਤਿੱਖਾ ਵਿਰੋਧ ਕਰਦਿਆਂ ਮੂਲ ਨਾਨਕਸ਼ਾਹੀ ਕੈਲੰਡਰ 'ਤੇ ਪਹਿਰਾ ਦਿੱਤਾ। ਇਹ ਤਖ਼ਤਾਂ ਦਾ ਨਹੀਂ, ਸਗੋਂ ਦੋ ਵੱਖ-ਵੱਖ ਜਥੇਦਾਰਾਂ ਦੀ ਸੋਚ ਅਤੇ ਫੈਸਲਿਆਂ ਦਾ ਸਿੱਧਾ ਟਕਰਾਅ ਸੀ।

**ਜਥੇਦਾਰ ਬਨਾਮ ਪੰਜ ਪਿਆਰੇ**: ਸਾਲ 2015 ਵਿੱਚ ਇਹ ਸੰਕਟ ਸਿਖਰ 'ਤੇ ਪਹੁੰਚ ਗਿਆ, ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਡੇਰਾ ਸਿਰਸਾ ਮੁਖੀ ਨੂੰ ਮੁਆਫ਼ੀ ਦੇਣ ਦਾ ਵਿਵਾਦਗ੍ਰਸਤ ਫੈਸਲਾ ਸੁਣਾਇਆ। ਇਸ ਸਥਿਤੀ ਵਿੱਚ, ਇੱਕ ਇਤਿਹਾਸਕ ਕਦਮ ਚੁੱਕਦਿਆਂ, ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰਿਆਂ ਨੇ ਹੀ ਜਥੇਦਾਰ ਦੇ ਫੈਸਲੇ ਨੂੰ ਰੱਦ ਕਰਦਿਆਂ, ਉਨ੍ਹਾਂ ਨੂੰ ਸਪੱਸ਼ਟੀਕਰਨ ਲਈ ਤਲਬ ਕਰ ਲਿਆ। ਇਹ ਇੱਕੋ ਹੀ ਸਰਵਉੱਚ ਤਖ਼ਤ ਦੇ ਜਥੇਦਾਰ ਅਤੇ ਉਸੇ ਤਖ਼ਤ ਦੇ ਪੰਜ ਪਿਆਰਿਆਂ ਵਿਚਕਾਰ ਸਿਧਾਂਤਕ ਟਕਰਾਅ ਦੀ ਸਿਖਰ ਸੀ। ਇਹ ਘਟਨਾਵਾਂ ਦਰਸਾਉਂਦੀਆਂ ਹਨ ਕਿ ਸਮੱਸਿਆ ਸੰਸਥਾਵਾਂ ਵਿੱਚ ਨਹੀਂ, ਸਗੋਂ ਉਨ੍ਹਾਂ ਨੂੰ ਚਲਾਉਣ ਵਾਲੇ ਵਿਅਕਤੀਆਂ ਦੀ ਨੀਅਤ ਅਤੇ ਨੀਤੀ ਵਿੱਚ ਹਨ।

**3. ਇੱਕ ਕੌਮ, ਦੋ ਕੈਲੰਡਰ: ਵੰਡ ਦਾ ਪ੍ਰਤੀਕ** : ਨਾਨਕਸ਼ਾਹੀ ਕੈਲੰਡਰ ਦਾ ਵਿਵਾਦ ਸਿਰਫ਼ ਤਾਰੀਖਾਂ ਦਾ ਝਗੜਾ ਨਹੀਂ, ਸਗੋਂ ਪੰਥਕ ਏਕਤਾ 'ਤੇ ਇੱਕ ਡੂੰਘੀ ਸੱਟ ਹੈ। 1999 ਵਿੱਚ **'ਪੰਥ ਦੀ ਵਿਲੱਖਣ ਪਛਾਣ ਲਈ'** ਦਾ ਨਾਮ ਦੇ ਕੇ ਪਾਲ ਸਿੰਘ ਪੂਰੇਵਾਲ ਦੁਆਰਾ ਬਣਾਇਆ ਗਿਆ। ਇਹ ਸੂਰਜੀ ਕੈਲੰਡਰ ਜਿਸ ਨੂੰ ਬਹੁਤ ਮੁਸ਼ਕਲਾਂ ਨਾਲ ਲਾਗੂ ਕੀਤਾ ਗਿਆ ਸੀ। ਇਸ ਵਿਵਾਦ ਦੌਰਾਨ ਸਭ ਤੋਂ ਜ਼ਿਆਦਾ ਅਤੇ ਖੁੱਲ੍ਹਾ ਵਿਰੋਧ **ਗੁਰਬਾਣੀ (ਗੁਰਮਤਿ) ਸਿਧਾਂਤ ਪ੍ਰਚਾਰਕ ਸੰਤ ਸਮਾਜ (ਗੱੜ੍ਹਾ) ਜਲੰਧਰ ਦੇ ਪ੍ਰਧਾਨ ਸੰਤ ਬਾਬਾ ਕਸ਼ਮੀਰਾ ਸਿੰਘ ਜੀ ਅਤੇ ਉਹਨਾਂ ਦੀ ਅਗਵਾਈ ਵਾਲੇ ਸੰਤ ਸਮਾਜ** ਨੇ ਕੀਤਾ, ਕਿਉਂਕਿ ਨਾਨਕਸ਼ਾਹੀ ਕੈਲੰਡਰ ਵਿੱਚ ਤਰੁੱਟੀਆਂ ਬਹੁਤ ਜ਼ਿਆਦਾ ਸਨ। ਇੱਕ ਰੂਹਾਨੀ ਅਤੇ ਤਰਕਪੂਰਨ ਸਵਾਲ ਪੁੱਛਿਆ, 'ਕੀ ਤੁਹਾਡੇ ਵਿੱਚੋਂ ਕੋਈ ਆਪਣਾ ਜਨਮਦਿਨ ਅਸਲ ਤਰੀਕ ਛੱਡ ਕੇ ਕਿਸੇ ਹੋਰ ਦਿਨ ਮਨਾਉਂਦਾ ਹੈ? ਉਹਨਾਂ ਦੱਸਿਆ ਕਿ ਜਿਸ ਦਿਨ ਗੁਰੂ ਸਾਹਿਬਾਨ ਦੇ ਅਵਤਾਰ ਪੁਰਬ ਹੁੰਦੇ ਹਨ ਉਸ ਦਿਨ ਖਾਸ ਰਹਿਮਤਾਂ ਬਰਸ ਰਹੀਆਂ ਹੁੰਦੀਆਂ ਹਨ। ਉਹ ਭਾਗਾਂ ਵਾਲੇ ਦਿਨ ਨੂੰ ਛੱਡ ਕੇ ਕਿਸੇ ਹੋਰ ਦਿਨ ਗੁਰੂ ਸਾਹਿਬਾਨ ਦੇ ਅਵਤਾਰ ਪੁਰਬ ਕਿਵੇਂ ਮਨਾ ਸਕਦੇ ਹਾਂ? ਪੂਰੇਵਾਲ ਦਾ ਕਹਿਣਾ ਸੀ ਕਿ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ ਹਰ ਸਾਲ ਇੱਕੋ ਤਾਰੀਖ ਨੂੰ ਆਉਣ। ਪਰ ਹੋਇਆ ਉਲਟ ਸਾਰੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ ਕਈ ਤਾਂ ਇਕ ਸਾਲ 'ਚ ਦੋ ਵਾਰ ਆ ਗਏ ਅਤੇ ਦੂਸਰੇ ਸਾਲ 'ਚ ਇਕ ਵਾਰ ਵੀ ਨਹੀਂ ਆਏ। ਜਿਸ ਦਾ ਪ੍ਰਭਾਵ ਸਿਖ ਕੌਮ 'ਤੇ ਬਹੁਤ ਬੁਰਾ ਪਿਆ ਅਤ ਕੌਮ ਦੋ ਹਿੱਸਿਆਂ ਵਿੱਚ ਵੰਡੀ ਗਈ। ਪਰ 2010 ਵਿੱਚ ਇਸ 'ਚ ਹੋਰ ਸੋਧਾਂ ਕਰਕੇ ਇਸ ਨੂੰ ਮੁੜ ਬਿਕਰਮੀ ਕੈਲੰਡਰ ਵਰਗਾ ਬਣਾ ਦਿੱਤਾ ਗਿਆ। ਜਿਸਦਾ ਨਤੀਜਾ ਅੱਜ ਕੌਮ ਵੰਡ ਦੇ ਰੂਪ ਵਿੱਚ ਭੁਗਤ ਰਹੀ ਹੈ।

**4. ਕੁਰਸੀ ਅਤੇ ਜ਼ਮੀਰ ਦੀ ਆਵਾਜ਼: ਇੱਕ ਦੋਹਰਾ ਮਾਪਦੰਡ** : ਇਹ ਪੰਥ ਦੀ ਸਭ ਤੋਂ ਵੱਡੀ ਤ੍ਰਾਸਦੀ ਅਤੇ ਦੁੱਖਦਾਈ ਸੱਚਾਈ ਹੈ ਕਿ ਕਈ ਜਥੇਦਾਰਾਂ ਅਤੇ ਅਹੁਦੇਦਾਰਾਂ ਨੂੰ ਪੰਥਕ ਮੁੱਦੇ, ਸਿਧਾਂਤਕ ਸਪੱਸ਼ਟਤਾ ਅਤੇ ਕੌਮ ਦਾ ਦਰਦ ਉਦੋਂ ਹੀ ਯਾਦ ਆਉਂਦਾ ਹੈ, ਜਦੋਂ ਉਹਨਾਂ ਨੂੰ ਅਹੁਦੇ ਤੋਂ ਹਟਾ ਦਿੱਤਾ ਜਾਂਦਾ ਹੈ ਜਾਂ ਉਹ ਸੇਵਾ-ਮੁਕਤ ਹੋ ਜਾਂਦੇ ਹਨ। ਜਦੋਂ ਤੱਕ ਉਹ ਤਾਕਤਵਰ ਕੁਰਸੀ 'ਤੇ ਬਿਰਾਜਮਾਨ ਹੁੰਦੇ ਹਨ, ਉਦੋਂ ਤੱਕ ਉਹਨਾਂ ਦੀ ਆਵਾਜ਼ ਅਕਸਰ ਸਿਆਸੀ ਦਬਾਅ ਹੇਠ ਦੱਬੀ ਰਹਿੰਦੀ ਹੈ। ਅਹੁਦਾ ਗੁਆਉਣ ਤੋਂ ਬਾਅਦ, ਉਹੀ ਸ਼ਖ਼ਸੀਅਤਾਂ ਅਚਾਨਕ ਬੇਬਾਕ, ਸਿਧਾਂਤਕ ਅਤੇ ਕ੍ਰਾਂਤੀਕਾਰੀ ਬਣ ਜਾਂਦੀਆਂ ਹਨ। ਇਸ ਵਰਤਾਰੇ ਦੇ ਕੁਝ ਠੋਸ ਉਦਾਹਰਣ ਹਨ:

**ਗਿਆਨੀ ਗੁਰਬਚਨ ਸਿੰਘ**: ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਹੁੰਦਿਆਂ, ਉਹਨਾਂ ਨੇ 2015 ਵਿੱਚ ਡੇਰਾ ਸਿਰਸਾ ਮੁਖੀ ਨੂੰ ਮੁਆਫ਼ੀ ਦੇਣ ਦੇ ਵਿਵਾਦਗ੍ਰਸਤ ਫੈਸਲੇ ਦੀ ਪ੍ਰਧਾਨਗੀ ਕੀਤੀ, ਜਿਸ ਕਾਰਨ ਪੰਥ ਵਿੱਚ ਭਾਰੀ ਰੋਸ ਪੈਦਾ ਹੋਇਆ। ਉਸ ਸਮੇਂ ਉਹਨਾਂ ਨੇ ਇਸ ਫੈਸਲੇ ਨੂੰ ਸਹੀ ਠਹਿਰਾਉਣ ਦੀ ਕੋਸ਼ਿਸ਼ ਕੀਤੀ। ਪਰ ਅਹੁਦਾ ਛੱਡਣ ਤੋਂ ਬਾਅਦ, ਉਹਨਾਂ ਨੇ ਕਈ ਮੌਕਿਆਂ 'ਤੇ ਮੰਨਿਆ ਕਿ ਇਹ ਫੈਸਲਾ ਇੱਕ 'ਵੱਡੀ ਭੁੱਲ' ਸੀ ਅਤੇ ਇਸ ਪਿੱਛੇ ਸਿਆਸੀ ਦਬਾਅ ਸੀ। ਇਹ ਸਵਾਲ ਉੱਠਦਾ ਹੈ ਕਿ ਜੇ ਇਹ ਭੁੱਲ ਸੀ, ਤਾਂ ਇਸਦਾ ਅਹਿਸਾਸ ਕੁਰਸੀ 'ਤੇ ਹੁੰਦਿਆਂ ਕਿਉਂ ਨਹੀਂ ਹੋਇਆ?

**ਗਿਆਨੀ ਜੋਗਿੰਦਰ ਸਿੰਘ ਵੇਦਾਂਤੀ**: ਉਹਨਾਂ ਨੇ ਵੀ ਜਥੇਦਾਰ ਦੇ ਅਹੁਦੇ ਤੋਂ ਹਟਾਏ ਜਾਣ ਤੋਂ ਬਾਅਦ ਕਈ ਵਾਰ ਸ਼੍ਰੋਮਣੀ ਕਮੇਟੀ ਅਤੇ ਇਸ 'ਤੇ ਕਾਬਜ਼ ਸਿਆਸੀ ਧਿਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ। ਉਹਨਾਂ ਨੇ ਖੁਲਾਸਾ ਕੀਤਾ ਕਿ ਕਿਵੇਂ ਜਥੇਦਾਰਾਂ ਦੀ ਨਿਯੁਕਤੀ ਅਤੇ ਫੈਸਲਿਆਂ ਵਿੱਚ ਸਿਆਸੀ ਦਖ਼ਲਅੰਦਾਜ਼ੀ ਹੁੰਦੀ ਹੈ, ਪਰ ਇਹਨਾਂ ਗੱਲਾਂ 'ਤੇ ਉਹਨਾਂ ਨੇ ਅਹੁਦੇ 'ਤੇ ਰਹਿੰਦਿਆਂ ਖੁੱਲ੍ਹ ਕੇ ਪਹਿਰਾ ਨਹੀਂ ਦਿੱਤਾ।

**ਗਿਆਨੀ ਬਲਵੰਤ ਸਿੰਘ ਨੰਦਗੜ੍ਹ**: ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਹੁੰਦਿਆਂ ਉਹਨਾਂ ਨੇ ਮੂਲ ਨਾਨਕਸ਼ਾਹੀ ਕੈਲੰਡਰ ਦੇ ਮੁੱਦੇ 'ਤੇ ਇੱਕ ਮਜ਼ਬੂਤ ਸਟੈਂਡ ਲਿਆ, ਜਿਸ ਕਾਰਨ ਉਹਨਾਂ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ। ਪਰ ਹਟਾਏ ਜਾਣ ਤੋਂ ਬਾਅਦ, ਉਹਨਾਂ ਨੇ ਸਿਆਸੀ ਦਬਾਅ ਅਤੇ ਸ਼੍ਰੋਮਣੀ ਕਮੇਟੀ ਦੀਆਂ ਕਮਜ਼ੋਰੀਆਂ ਬਾਰੇ ਹੋਰ ਵੀ ਖੁੱਲ੍ਹ ਕੇ ਬੋਲਣਾ ਸ਼ੁਰੂ ਕਰ ਦਿੱਤਾ।

**ਗਿਆਨੀ ਹਰਪ੍ਰੀਤ ਸਿੰਘ**: ਕਾਰਜਕਾਰੀ ਜਥੇਦਾਰ ਹੁੰਦਿਆਂ ਉਹਨਾਂ ਨੇ ਕਈ ਮੁੱਦਿਆਂ 'ਤੇ ਸਖ਼ਤ ਬਿਆਨ ਦਿੱਤੇ, ਪਰ ਜਦੋਂ ਉਹਨਾਂ ਨੇ ਅਹੁਦਾ ਛੱਡਿਆ ਤਾਂ ਉਹਨਾਂ ਨੇ ਸਪੱਸ਼ਟ ਕਿਹਾ ਕਿ ਉਹਨਾਂ 'ਤੇ 'ਸਿਆਸੀ ਦਬਾਅ ਵੱਧ ਰਿਹਾ ਸੀ' ਅਤੇ ਉਹ ਦਬਾਅ ਵਿੱਚ ਸੇਵਾ ਨਹੀਂ ਕਰ ਸਕਦੇ ਸਨ। ਇਸ ਨਾਲ ਇਹ ਸਵਾਲ ਪੈਦਾ ਹੁੰਦਾ ਹੈ ਕਿ ਜਦੋਂ ਤੱਕ ਉਹ ਅਹੁਦੇ 'ਤੇ ਸਨ, ਉਸ ਦਬਾਅ ਦਾ ਸਰੂਪ ਕੀ ਸੀ ਅਤੇ ਉਸਦਾ ਫੈਸਲਿਆਂ 'ਤੇ ਕਿੰਨਾ ਅਸਰ ਪਿਆ?

ਇਹ ਵਰਤਾਰਾ ਸਪੱਸ਼ਟ ਕਰਦਾ ਹੈ ਕਿ ਸਮੱਸਿਆ ਸਿਰਫ਼ ਵਿਅਕਤੀਆਂ ਦੀ ਨਹੀਂ, ਸਗੋਂ ਉਸ ਸਿਸਟਮ ਦੀ ਹੈ, ਜਿਸ ਵਿੱਚ ਜਥੇਦਾਰਾਂ ਅਤੇ ਅਹੁਦੇਦਾਰਾਂ ਦੀ ਨਿਯੁਕਤੀ ਅਤੇ ਸੇਵਾ-ਮੁਕਤੀ ਸਿਆਸੀ ਵਫ਼ਾਦਾਰੀ 'ਤੇ ਨਿਰਭਰ ਕਰਦੀ ਹੈ। ਜਦੋਂ ਤੱਕ ਉਹ ਸਿਸਟਮ ਦਾ ਹਿੱਸਾ ਹੁੰਦੇ ਹਨ, ਉਹ ਇਸਦੇ ਲਾਭ ਅਤੇ ਸੁਰੱਖਿਆ ਦਾ ਆਨੰਦ ਮਾਣਦੇ ਹਨ, ਪਰ ਜਿਵੇਂ ਹੀ ਉਹ ਇਸ ਤੋਂ ਬਾਹਰ ਹੁੰਦੇ ਹਨ, ਉਹਨਾਂ ਨੂੰ ਇਸ ਦੀਆਂ ਖਾਮੀਆਂ ਨਜ਼ਰ ਆਉਣ ਲੱਗਦੀਆਂ ਹਨ। ਇਸ ਦੋਹਰੇ ਮਾਪਦੰਡ ਨੇ ਕੌਮ ਦਾ ਸੰਸਥਾਵਾਂ ਤੋਂ ਭਰੋਸਾ ਤੋੜਿਆ ਹੈ।

**5. ਝੰਜੋੜਨ ਵਾਲਾ ਸਫ਼ਰ: ਆਪਣੀ ਅਦਾਲਤ ਤੋਂ ਸਰਕਾਰੀ ਕਾਨੂੰਨਾਂ ਤੱਕ** : ਇਹ ਸਿੱਖ ਪੰਥ ਲਈ ਸਭ ਤੋਂ ਵੱਡੀ ਤ੍ਰਾਸਦੀ ਅਤੇ ਸਵੈ-ਪੜਚੋਲ ਦਾ ਵਿਸ਼ਾ ਹੈ। ਛੇਵੇਂ ਪਾਤਿਸ਼ਾਹ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਣਾ ਕਰਕੇ ਸਿੱਖਾਂ ਨੂੰ ਆਪਣੀ 'ਅਦਾਲਤ' ਦਿੱਤੀ ਸੀ, ਜੋ ਕਿਸੇ ਦੁਨਿਆਵੀ ਬਾਦਸ਼ਾਹ ਦੇ ਅਧੀਨ ਨਹੀਂ ਸੀ। ਪਰ ਅੱਜ ਸਾਡੀ ਸਭ ਤੋਂ ਵੱਡੀ ਸੰਸਥਾ, ਸ਼੍ਰੋਮਣੀ ਕਮੇਟੀ, ਅੰਗਰੇਜ਼ਾਂ ਦੁਆਰਾ ਬਣਾਏ 'ਸਿੱਖ ਗੁਰਦੁਆਰਾ ਐਕਟ 1925' ਦੇ ਤਹਿਤ ਚੱਲ ਰਹੀ ਹੈ।

ਆਪਸੀ ਫੁੱਟ ਅਤੇ 'ਛੋਟੀ ਸੋਚ' ਨੇ ਹੀ ਸਰਕਾਰਾਂ ਨੂੰ ਸਿਖ ਧਾਰਮਿਕ ਮਾਮਲਿਆਂ ਵਿੱਚ ਦਖਲ ਦੇਣ ਦਾ ਮੌਕਾ ਦਿੱਤਾ ਹੈ। ਜਦੋਂ ਪੰਥਕ ਆਗੂ ਆਪਣੀਆਂ ਸੰਸਥਾਵਾਂ ਨੂੰ ਸੁਧਾਰਨ ਵਿੱਚ ਅਸਫਲ ਰਹਿੰਦੇ ਹਨ, ਤਾਂ ਸਰਕਾਰਾਂ 'ਲੋਕ ਹਿੱਤ' ਦੇ ਨਾਮ 'ਤੇ ਦਖਲਅੰਦਾਜ਼ੀ ਕਰਦੀਆਂ ਹਨ। ਇਸ 'ਤੇ ਇਤਰਾਜ਼ ਕਰਨ ਵਾਲਿਆਂ ਦਾ ਡਰ ਜਾਇਜ਼ ਹੈ ਕਿ ਇਹ ਸਿੱਖ ਮਾਮਲਿਆਂ ਵਿੱਚ ਸਿੱਧੀ ਦਖਲਅੰਦਾਜ਼ੀ ਹੈ ਅਤੇ ਇਹ ਕੱਲ੍ਹ ਨੂੰ ਸਾਡੀਆਂ ਸੰਸਥਾਵਾਂ 'ਤੇ ਪੂਰਨ ਸਰਕਾਰੀ ਕਬਜ਼ੇ ਦਾ ਰਾਹ ਪੱਧਰਾ ਕਰ ਸਕਦੀ ਹੈ। ਜਿਸ ਕੌਮ ਨੇ ਦਿੱਲੀ ਦੇ ਤਖ਼ਤ ਨੂੰ ਚੁਣੌਤੀ ਦਿੱਤੀ ਸੀ, ਅੱਜ ਉਸਦੇ ਗੁਰਦੁਆਰਿਆਂ ਦਾ ਪ੍ਰਬੰਧ ਕਿਵੇਂ ਚੱਲੇਗਾ। ਇਸਦੇ ਕਾਨੂੰਨ ਦਿੱਲੀ ਅਤੇ ਚੰਡੀਗੜ੍ਹ ਵਿੱਚ ਬੈਠੀਆਂ ਸਰਕਾਰਾਂ ਤੈਅ ਕਰ ਰਹੀਆਂ ਹਨ। ਇਹ ਸਾਡੀ ਆਪਣੀ ਲੀਡਰਸ਼ਿਪ ਦੀ ਵੱਡੀ ਅਸਫਲਤਾ ਹੈ।

**ਅੱਗੇ ਦਾ ਰਾਹ** : ਸਮੱਸਿਆ ਗੁੰਝਲਦਾਰ ਹੈ। ਪਰ ਇਸਦਾ ਹੱਲ ਨਿਰਾਸ਼ਾ ਵਿੱਚ ਨਹੀਂ, ਸਗੋਂ ਗੁਰੂ ਦੇ ਸਿਧਾਂਤਾਂ ਵੱਲ ਮੁੜਨ ਵਿੱਚ ਹੈ:

1. **'ਗੁਰੂ ਮਾਨਿਓ ਗ੍ਰੰਥ' ਵੱਲ ਵਾਪਸੀ**: ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਿਰਫ਼ ਮੱਥਾ ਟੇਕਣ ਵਾਲਾ ਗ੍ਰੰਥ ਨਹੀਂ, ਸਗੋਂ ਉਹਨਾਂ ਤੋਂ ਸੇਧ ਲੈ ਕੇ ਉਹਨਾਂ ਦੀ ਬਖ਼ਸ਼ੇ ਮਾਰਗ ਅਤੇ ਹੁਕਮ ਮੰਨ ਕੇ ਸਿੱਖਿਆ ਨੂੰ ਜੀਵਨ ਵਿੱਚ ਕਮਾਉਣਾ ਪਵੇਗਾ।
2. **ਪੰਜ ਪਿਆਰਿਆਂ ਦੀ ਸਰਵਉੱਚਤਾ**: ਪੰਜ ਪਿਆਰਿਆਂ ਦੀ ਮੱਹਤਤਾ ਦੀ ਸਰਵਉੱਚਤਾ ਨੂੰ ਬਿਨਾਂ ਕਿਸੇ ਸ਼ੱਕ ਅਤੇ ਸਿਆਸੀ ਦਖਲ ਤੋਂ ਬਹਾਲ ਕਰਨਾ ਪਵੇਗਾ।
3. **ਸਿਆਸਤ ਨੂੰ ਧਰਮ ਤੋਂ ਵੱਖ ਕਰਨਾ**: ਧਰਮ ਨੂੰ ਸਿਆਸਤ ਦੀ ਅਗਵਾਈ ਕਰਨੀ ਚਾਹੀਦੀ ਹੈ, ਨਾ ਕਿ ਸਿਆਸਤ ਨੂੰ ਆਪਣੇ ਹਿੱਤਾਂ ਲਈ ਧਰਮ ਦੀ ਵਰਤੋਂ ਕਰਨੀ ਚਾਹੀਦੀ ਹੈ।
4. **ਯੋਗਤਾ 'ਤੇ ਅਧਾਰਿਤ ਅਗਵਾਈ**: ਜਥੇਦਾਰਾਂ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਉਨ੍ਹਾਂ ਦੀ ਯੋਗਤਾ, ਗੁਰਮਤਿ ਗਿਆਨ, ਨਿਰਪੱਖਤਾ ਅਤੇ ਕੁਰਬਾਨੀ ਦੀ ਭਾਵਨਾ 'ਤੇ ਹੋਣੀ ਚਾਹੀਦੀ ਹੈ, ਨਾ ਕਿ ਸਿਆਸੀ ਵਫ਼ਾਦਾਰੀ 'ਤੇ।
5. **ਸੰਵਾਦ ਦੀ ਸ਼ੁਰੂਆਤ**: ਆਗੂਆਂ ਨੂੰ ਹਉਮੈ ਤਿਆਗ ਕੇ, ਆਪਸੀ ਦੂਸ਼ਣਬਾਜ਼ੀ ਬੰਦ ਕਰਕੇ, ਪੰਥਕ ਮਸਲਿਆਂ 'ਤੇ ਇੱਕ ਸਾਂਝੇ ਮੰਚ 'ਤੇ ਵਿਚਾਰ-ਵਟਾਂਦਰਾ ਕਰਨ ਦੀ ਪਰੰਪਰਾ ਮੁੜ ਸੁਰਜੀਤ ਕਰਨੀ ਪਵੇਗੀ।

ਜੇਕਰ ਕੌਮ ਨੇ ਆਪਣੀ ਵਾਗਡੋਰ ਮੁੜ ਗੁਰੂ ਦੇ ਹੁਕਮ ਅਨੁਸਾਰ ਆਪਣੇ ਹੱਥਾਂ ਵਿੱਚ ਨਾ ਲਈ ਅਤੇ 'ਮਨੁ ਨੀਵਾਂ, ਮਤਿ ਉੱਚੀ' ਦੇ ਸਿਧਾਂਤ ਨੂੰ ਨਾ ਅਪਣਾਇਆ, ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡੀਆਂ ਮਹਾਨ ਸੰਸਥਾਵਾਂ ਸਿਰਫ਼ ਇਤਿਹਾਸ ਦਾ ਹਿੱਸਾ ਬਣ ਕੇ ਰਹਿ ਜਾਣਗੀਆਂ ਅਤੇ ਉਨ੍ਹਾਂ ਦੇ ਫੈਸਲੇ ਪੂਰੀ ਤਰ੍ਹਾਂ ਸਰਕਾਰੀ ਦਫ਼ਤਰਾਂ ਵਿੱਚ ਹੋਇਆ ਕਰਨਗੇ। ਇਹ ਲੇਖ ਕਿਸੇ ਦੀ ਨਿੱਜੀ ਆਲੋਚਨਾ ਲਈ ਨਹੀਂ, ਸਗੋਂ ਸਮੁੱਚੀ ਕੌਮ ਨੂੰ ਝੰਜੋੜਨ ਅਤੇ ਆਪਣੀ ਵਿਰਾਸਤ ਦੀ ਸੰਭਾਲ ਲਈ ਇੱਕ ਦਰਦ ਭਰੀ ਅਪੀਲ ਹੈ।

# ਗੁਰਪ੍ਰਤਾਪ ਸੂਰਜ ਗ੍ਰੰਥ ਦੇ ਰਚਨਾਕਾਰ-ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਯਾਦ ਕਰਦਿਆਂ



ਭਗਵਾਨ ਸਿੰਘ ਜੌਹਲ
ਮੋ. 98143-24040

ਸਮੁੱਚੇ ਸੰਸਾਰ ਵਿੱਚ ਸਥਾਪਤ ਗੁਰਦੁਆਰਾ ਸਾਹਿਬਾਨ ਵਿੱਚ ਸਿੱਖ ਇਤਿਹਾਸ ਦੀ ਕਥਾ ਰੋਜ਼ਾਨਾ ਕੀਤੀ ਜਾਂਦੀ ਹੈ। ਇਸ ਕਥਾ ਨੂੰ ਸੈਂਕੜੇ ਸਾਲਾਂ ਤੋਂ ਸਿੱਖ ਸੰਗਤ ਬੜੀ ਸ਼ਰਧਾ ਤੇ ਪ੍ਰੇਮ ਨਾਲ ਸਰਵਣ ਕਰਦੀ ਹੈ। ਇਸ ਗ੍ਰੰਥ ਦੇ ਰਚਨਹਾਰ ਮਹਾਂਕਵੀ ਭਾਈ ਸੰਤੋਖ ਸਿੰਘ ਵੱਲੋਂ ਅਨੇਕਾਂ ਹੋਰ ਗ੍ਰੰਥਾਂ ਵਿੱਚੋਂ ਹਵਾਲਿਆਂ ਸਹਿਤ ਆਪਣੇ ਵਿਚਾਰਾਂ ਨੂੰ ਵਿਸਥਾਰ ਦਿੱਤਾ ਹੈ। ਸਿੱਖ ਸੰਪਰਦਾਈ ਵਿਦਵਾਨ ਅਤੇ ਧਰਮ ਅਧਿਐਨ ਦੇ ਵਿੱਦਿਆਰਥੀ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਸਿੱਖ ਪੰਥ ਦੀ ਮਹਾਨ ਹਸਤੀ ਅਤੇ ਦੂਰਦਰਸ਼ੀ ਵਿਦਵਾਨ ਵਜੋਂ ਸਤਿਕਾਰ ਦਿੰਦੇ ਹਨ। ਇਨ੍ਹਾਂ ਦੇ ਪਿਤਾ ਜੀ ਭਾਈ ਦੇਵਾ ਸਿੰਘ ਨਿਰਮਲ ਸੰਪਰਦਾ ਦੇ ਸੰਤ ਮਹਾਂਪੁਰਸ਼ਾਂ ਦੀ ਸੰਗਤ ਕਰਦੇ ਸਨ। ਨਿਰਮਲੇ ਸੰਤਾਂ ਵਿੱਚ ਭਾਈ ਦੇਵਾ ਸਿੰਘ ਨੂੰ ਆਤਮ-ਰਸੀ ਮਹਾਂਪੁਰਸ਼ ਵਜੋਂ ਮਾਣ ਦਿੱਤਾ ਜਾਂਦਾ ਸੀ। ਭਾਈ ਸੰਤੋਖ ਸਿੰਘ ਦਾ ਜਨਮ ਉਸ ਸਮੇਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਨੂਰ ਦੀਨ ਦੀ ਸਰਾਂ (ਮੌਜੂਦਾ ਜ਼ਿਲ੍ਹਾ ਤਰਨਤਾਰਨ) ਵਿਖੇ 22 ਜੁਲਾਈ ਅਰਥਾਤ 7 ਸਾਵਣ ਨੂੰ 1787 ਈ: ਵਿੱਚ ਭਾਈ ਦੇਵਾ ਸਿੰਘ ਤੇ ਮਾਤਾ ਰਾਜ ਦੇਈ ਦੇ ਗ੍ਰਹਿ ਵਿਖੇ ਹੋਇਆ। ਧਾਰਮਿਕ ਸੰਸਕਾਰ ਤੇ ਵਿੱਦਿਆ ਭਾਈ ਸੰਤੋਖ ਸਿੰਘ ਨੂੰ ਵਿਰਾਸਤ ਵਿੱਚੋਂ ਹੀ ਮਿਲ ਗਈ ਸੀ। ਘਰ ਦਾ ਰਹਿਣ-ਸਹਿਣ ਤੇ ਸੰਸਕਾਰੀ ਜੀਵਨ ਵਿੱਚੋਂ ਸਿੱਖ ਇਤਿਹਾਸ ਨੂੰ ਜਾਣਨਾ, ਵਿਚਾਰਨਾਂ ਤੇ ਵਡੇਰਿਆਂ ਦੀ ਸੰਗਤ ਤੇ ਤੀਖਣ ਬੁੱਧੀ ਵਿੱਚ ਕਵਿਤਾ ਵਰਗੀ ਕੋਮਲ ਕਲਾ ਦਾ ਵਿਕਾਸ ਹੋਇਆ। ਪੰਜਾਬ ਵਿੱਚ ਮਿਸਲਾਂ ਦਾ ਬੋਲਬਾਲਾ ਸੀ, ਹਰ ਮਿਸਲ ਦਾ ਸਰਦਾਰ ਆਪਣੀ



ਮਿਸਲ ਦੇ ਵਾਧੇ ਲਈ ਜ਼ੋਰ-ਅਜ਼ਮਾਈ ਕਰਦਾ ਸੀ। ਪਿਤਾ ਜੀ ਭਾਈ ਦੇਵਾ ਸਿੰਘ ਦੀ ਨਿਗਰਾਨੀ ਵਿੱਚ ਬਚਪਨ ਤੋਂ ਜਵਾਨੀ ਦਾ ਸਫ਼ਰ ਤਹਿ ਕੀਤਾ। ਜਦੋਂ ਭਾਈ ਸਾਹਿਬ ਨੇ ਕਾਵਿ-ਰਚਨਾ ਸ਼ੁਰੂ ਕੀਤੀ, ਤਾਂ ਸਭ ਤੋਂ ਪਹਿਲਾਂ ਇਕ ਪੁਰਾਤਨ ਗ੍ਰੰਥ ਅਮਰ ਕੋਸ਼ ਦਾ ਅਨੁਵਾਦ ਨਾਮ ਕੋਸ਼ ਦੇ ਰੂਪ ਵਿੱਚ ਕਰਕੇ ਆਪਣੇ ਗਿਆਨ-ਭੰਡਾਰ ਵਿੱਚ ਵਾਧਾ ਕੀਤਾ। ਇਸ ਤੋਂ ਪਿੱਛੋਂ ਇਕ ਮਹਾਨ ਰਚਨਾ ਜੋ ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਸੀ, ਜੋ ਗੁਰੂ ਨਾਨਕ ਪ੍ਰਕਾਸ਼ ਦੇ ਨਾਂਅ ਨਾਲ ਜਾਣੀ ਜਾਂਦੀ ਹੈ, ਦੀ ਰਚਨਾ ਕੀਤੀ।

ਲੱਗਭੱਗ 36 ਸਾਲ ਦੀ ਆਯੂ ਵਿੱਚ ਮਹਾਂਕਵੀ ਭਾਈ ਸੰਤੋਖ ਸਿੰਘ ਜਗਾਧਰੀ ਨੇੜੇ ਬੂੜੀਆਂ ਰਿਆਸਤ ਵਿਖੇ ਚਲੇ ਗਏ। ਇਸ ਰਿਆਸਤ ਦੇ ਨਿਵਾਸ ਦੌਰਾਨ ਇਨ੍ਹਾਂ ਦੀ ਸ਼ਾਦੀ ਬੀਬੀ ਰਾਮ ਕੌਰ ਨਾਲ ਹੋਈ। ਇੱਥੇ ਰਹਿੰਦਿਆਂ ਹੀ ਤਿੰਨ-ਚਾਰ ਸਾਲਾਂ ਵਿੱਚ ਹੀ ਇਨ੍ਹਾਂ ਦੀ ਵਿਦਵਤਾ ਦੀ ਚਰਚਾ ਸਮੁੱਚੀਆਂ ਸੰਪਰਦਾਵਾਂ ਤੇ ਸਿੱਖ ਜਗਤ ਵਿੱਚ ਹੋਣ ਲੱਗੀ। ਇਨ੍ਹਾਂ ਦੇ ਪ੍ਰਮੁੱਖ ਵਿਦਵਾਨ ਕਵੀ ਵਜੋਂ ਮਾਣ-ਵੱਡਿਆਈ ਦਾ ਇਹ ਸਿਖਰ ਸੀ। ਪੰਜਾਬ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਖ਼ਾਲਸਾ ਸਰਕਾਰ ਹਕੂਮਤ ਕਰ ਰਹੀ ਸੀ। 1827 ਈ: ਵਿੱਚ ਕੈਥਲ ਰਿਆਸਤ ਨੇ ਭਾਈ ਸੰਤੋਖ ਸਿੰਘ ਮਹਾਂਕਵੀ ਨੂੰ ਆਪਣੇ ਰਾਜ ਦਾ ਰਾਜ ਕਵੀ ਬਣਾ ਲਿਆ। ਇਸੇ ਕਾਲ ਦੇ ਦੌਰਾਨ ਆਪ ਨੇ ਸਭ ਤੋਂ ਪਹਿਲਾਂ ਗਰਬ ਗੰਜਨੀ ਟੀਕਾ ਅਤੇ ਫਿਰ ਬਾਲਮੀਕੀ ਰਮਾਇਣ ਭਾਸ਼ਾ ਅਤੇ ਆਤਮ ਪੁਰਾਣ ਦੀ ਰਚਨਾ ਕੀਤੀ।

ਗੁਰ ਪ੍ਰਤਾਪ ਸੂਰਜ ਗ੍ਰੰਥ ਦੀ ਰਚਨਾ ਕਰਨ ਲਈ ਸੱਤ ਸਾਲ ਦਾ ਸਮਾਂ ਲੱਗਾ। ਇਹ ਮਹਾਨ ਗ੍ਰੰਥ 1843 ਈ: ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ 4 ਸਾਲ ਬਾਅਦ ਮੁਕੰਮਲ ਹੋਇਆ। ਮਹਾਂਕਵੀ ਭਾਈ ਸੰਤੋਖ ਸਿੰਘ ਨੇ ਭਾਰਤੀ ਦਰਸ਼ਨ ਸ਼ਾਸਤਰ, ਕਾਵਿ-ਸ਼ਾਸਤਰ ਤੇ ਧਰਮ ਸਾਧਨਾ ਦਾ ਅਧਿਐਨ ਇਕ ਨਿਸ਼ਠਾਵਾਨ ਵਿਦਵਾਨ ਵਜੋਂ ਕੀਤਾ। ਜਦੋਂ ਅਜੋਕੇ ਸਮੇਂ ਵਿੱਚ ਅਸੀਂ ਭਾਰਤੀ ਪੁਰਾਤਨ ਧਾਰਮਿਕ ਵਿੱਦਿਆ ਦੀ ਕੋਈ ਉਦਾਹਰਣ ਦਿੰਦੇ ਹਾਂ ਤਾਂ ਸਭ ਤੋਂ ਪਹਿਲਾਂ ਮਹਾਂਕਵੀ ਭਾਈ ਸੰਤੋਖ ਸਿੰਘ ਦਾ ਜ਼ਿਕਰ ਮਿਲਦਾ ਹੈ, ਜਿਸ ਨੇ ਭਾਰਤੀ ਸੰਸਕ੍ਰਿਤੀ ਅਤੇ ਧਰਮ-ਅਧਿਐਨ ਵਿੱਚ ਨਿਪੁੰਨਤਾ ਹਾਸਲ ਕੀਤੀ। ਇਸ ਤੋਂ ਇਲਾਵਾ ਸ਼ਸਤਰ ਅਤੇ ਯੁੱਧ ਕਲਾ ਦੀ ਵਿੱਦਿਆ ਵਿੱਚ ਵੀ ਭਾਈ ਸਾਹਿਬ ਨੂੰ ਸਤਿਕਾਰ ਵਜੋਂ ਯਾਦ ਕੀਤਾ ਜਾਂਦਾ ਹੈ। ਬਹੁ-ਭਾਸ਼ਾਵਾਂ ਦੇ ਗਿਆਤਾ ਵਜੋਂ ਅਜੋਕੇ ਵਿਦਵਾਨ ਆਪ ਜੀ ਨੂੰ ਕਦਰਦਾਨ ਵਾਲੀ ਨਜ਼ਰ ਨਾਲ ਵੇਖਦੇ ਹਨ। ਕਵਿਤਾ ਵਰਗੀ ਕੋਮਲ ਕਲਾ ਦਾ ਆਵੇਸ਼ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਆਪ-ਮੁਹਾਰੇ ਰੱਬੀ ਬਖ਼ਸ਼ਿਸ਼ ਨਾਲ ਹੁੰਦਾ ਸੀ। ਇੰਨੇ ਵੱਡੇ ਵਿਦਵਾਨ ਤੇ ਗਿਆਨਵਾਨ ਹੋਣ ਦੇ ਨਾਤੇ ਅਹੰਕਾਰ ਵਰਗਾ ਵੱਡਾ ਔਗੁਣ ਆਪ ਤੋਂ ਕੋਹਾਂ ਦੂਰ ਰਹਿੰਦਾ ਸੀ। ਆਪ ਨਿਮਰਤਾ, ਕੋਮਲਤਾ, ਨਿਰਮਾਣਤਾ ਅਤੇ ਉਦਾਰ ਚਿੱਤ ਸੁਭਾਅ ਦੇ ਮਾਲਕ, ਪੂਰਨ ਗੁਰਮੁੱਖ ਸਨ। ਤਿਆਗ ਤੇ ਵੈਰਾਗ ਆਪ ਦੇ ਜੀਵਨ ਦੇ ਵੱਡੇ ਗੁਣ ਸਨ।

ਗੁਰਪ੍ਰਤਾਪ ਸੂਰਜ ਗ੍ਰੰਥ ਦੀ ਮਹਾਨ ਰਚਨਾ ਤੋਂ ਪਿੱਛੋਂ ਆਪ ਤਿੰਨ ਕੁ ਮਹੀਨੇ ਹੀ ਸਰੀਰ ਕਰਕੇ ਇਸ ਨਾਸ਼ਵਾਨ ਸੰਸਾਰ ਵਿੱਚ ਰਹੇ। 56-57 ਸਾਲ ਦੀ ਅਰਜਾ ਭੋਗ ਕੇ ਆਪ ਆਪਣੇ ਲੱਖਾਂ ਸਨੇਹੀਆਂ ਨੂੰ ਅਛੋਪਲੇ ਜਿਹੇ ਅਲਵਿਦਾ ਆਖ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਸਮੁੱਚੇ ਸਿੱਖ ਜਗਤ ਵਿੱਚ ਆਪ ਜੀ ਦੀ ਯਾਦ ਸਦੀਵੀ ਬਣੀ ਰਹੇਗੀ।

# ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨਾ ਸਾਡੀ ਨੈਤਿਕ ਜ਼ਿੰਮੇਵਾਰੀ: ਡਾ. ਸੁੱਖੀ

ਬੰਗਾ, 21 ਜੁਲਾਈ (ਪ੍ਰਭਜੋਤ ਸਿੰਘ) : ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਨੂੰ ਨਿਰੰਤਰ ਜਾਰੀ ਰੱਖਦੇ ਹੋਏ ਅੱਜ 21 ਜੁਲਾਈ ਨੂੰ ਵਿਧਾਨ ਸਭਾ ਹਲਕਾ ਬੰਗਾ ਦੇ ਪਿੰਡ ਹੱਪੋਵਾਲ ਅਤੇ ਸੱਲ੍ਹਾ ਦੇ ਵਾਸੀਆਂ ਨੂੰ ਨਸ਼ਾ ਨਾ ਵਿਕਣ ਦੇਣ ਦੀ ਸਹੁੰ ਚੁਕਾਈ ਅਤੇ ਸਮੂਹ ਪੰਚਾਇਤਾਂ ਨੂੰ MLA ਸਾਬ ਡਾ. ਸੁਖਵਿੰਦਰ ਕੁਮਾਰ ਸੁੱਖੀ ਜੀ ਤੇ ਸੋਹਣ ਲਾਲ ਢੰਡਾ ਜੀ ਨੇ ਅਪੀਲ ਕਰਦੇ ਹੋਏ ਕਿਹਾ, ਕਿ ਉਹ ਵੀ ਨਸ਼ੇ ਖਿਲਾਫ਼ ਆਪਣੇ ਪੱਧਰ 'ਤੇ ਮਤੇ ਪਾਉਣ ਅਤੇ ਕਿਸੇ ਵੀ ਨਸ਼ਾ ਵਾਲੇ ਵਿਅਕਤੀ ਦੀ ਜ਼ਮਾਨਤ ਨਾ ਦੇਣ, ਤਾਂ ਜੋ (ਯੁੱਧ ਨਸ਼ਿਆਂ ਵਿਰੁੱਧ) ਮਹਿੰਮ ਨੂੰ ਆਪ ਸਭ ਦੇ ਸਹਿਯੋਗ ਨਾਲ ਲੋਕ ਲਹਿਰ ਬਣਾਇਆ ਜਾ ਸਕੇ ਅਤੇ ਪੰਜਾਬ ਨੂੰ ਮੁੜ ਕੁਸ਼ਤੀਆਂ, ਅਖਾੜਿਆਂ ਤੇ ਭੰਗੜੇ, ਗਿੱਧਿਆਂ ਵਾਲਾ ਪੰਜਾਬ ਬਣਾਈਏ। ਇਸ ਮੌਕੇ ਹਾਜ਼ਰ ਯੁੱਧ ਨਸ਼ਿਆ ਵਿਰੁੱਧ ਦੇ ਹਲਕਾ ਇੰਚਾਰਜ ਕਮਲਜੀਤ ਬਸਰਾ , ਰੂਬੀ ਉੱਪਲ , ਪ੍ਰਭਜੋਤ ਸਿੰਘ , ਐੱਸ ਐੱਚ ਓ ਸੁਖਪਾਲ ਸਿੰਘ,ਬੀ ਡੀ ਪੀ ਓ ਆਦੇਸ਼ ਕੁਮਾਰ ,ਐੱਸ ਐੱਮ ਓ ਡਾ ਚਰਨਜੀਤ,ਪਿੰਡਾਂ ਦੀਆਂ ਪੰਚਾਇਤਾਂ ਅਤੇ ਹੱਪੋਵਾਲ ਦੇ ਸਰਪੰਚ ਗੁਰਿੰਦਰ ਸਿੰਘ ਅਤੇ ਸੱਲ੍ਹਾਂ ਦੇ ਸਰਪੰਚ ਹਰਪ੍ਰੀਤ ਕੁਮਾਰ ਅਤੇ ਪਿੰਡ ਦੇ ਪਤਵੰਤੇ ਸਾਥੀ ਹਾਜ਼ਰ ਸਨ।

## ਦਫ਼ਤਰ ਸਿਵਲ ਜੱਜ (ਸੀਨੀਅਰ ਡਵੀਜ਼ਨ), ਬਠਿੰਡਾ

### ਨਿਲਾਮੀ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੂਡੀਸ਼ੀਅਲ ਕੋਰਟ ਕੰਪਲੈਕਸ, ਬਠਿੰਡਾ, ਤਲਵੰਡੀ ਸਾਬੋ ਅਤੇ ਫੂਲ ਵਿਖੇ, ਕੰਟੀਨ, ਪਾਰਕਿੰਗ, ਕੋਰਟ ਕੰਪਲੈਕਸ ਦੀ ਬਿਲਡਿੰਗ ਵਿੱਚ ਦੁਕਾਨਾਂ (ਵੇਰਵਾ ਹੇਠ ਦਿੱਤੇ ਅਨੁਸਾਰ) ਦਾ ਠੇਕਾ ਸਾਲ 2025-26 ਮਿਤੀ 01.08.2025 ਤੋਂ ਮਿਤੀ 31.03.2026 ਤੱਕ ਲਈ ਨਿਲਾਮੀ ਖੁੱਲ੍ਹੀ ਬੋਲੀ ਰਾਹੀਂ ਮਿਤੀ 31.07.2025 ਨੂੰ ਦੁਪਹਿਰ 1 ਵਜੇ ਏ.ਡੀ.ਆਰ. ਸੈਂਟਰ, ਕੋਰਟ ਕੰਪਲੈਕਸ, ਬਠਿੰਡਾ ਵਿਖੇ ਕੀਤੀ ਜਾਵੇਗੀ। ਫੂਲ ਅਤੇ ਤਲਵੰਡੀ ਸਾਬੋ ਡਵੀਜ਼ਨਾਂ ਦੇ ਸਥਾਨ ਦੀ ਨਿਲਾਮੀ ਮਿਤੀ 31.07.2025 ਨੂੰ ਸ਼ਾਮ 4 ਵਜੇ ਸਬੰਧਤ ਸਬ ਡਵੀਜ਼ਨਾਂ ਦੇ ਕੋਰਟ ਕੰਪਲੈਕਸ ਵਿਖੇ ਹੋਵੇਗੀ। ਬੋਲੀ ਮਨਜ਼ੂਰ ਹੋਣ ਵਾਲੇ ਵਿਅਕਤੀ ਨੂੰ ਬੋਲੀ ਦਾ 1/4 ਹਿੱਸਾ ਮੌਕੇ ਤੇ ਜਮ੍ਹਾਂ ਕਰਵਾਉਣਾ ਹੋਵੇਗਾ ਅਤੇ ਬਾਕੀ ਰਹਿੰਦੀ ਰਕਮ ਦਾ 1/4 ਹਿੱਸਾ ਮਿਤੀ 01.12.2025 ਤੱਕ ਜਮ੍ਹਾਂ ਕਰਵਾਉਣਾ ਹੋਵੇਗਾ, 1/4 ਹਿੱਸਾ ਮਿਤੀ 01.01.2026 ਤੱਕ ਜਮ੍ਹਾਂ ਕਰਵਾਉਣਾ ਹੋਵੇਗਾ ਅਤੇ ਰਹਿੰਦੀ ਰਕਮ ਮਿਤੀ 01.02.2026 ਤੱਕ ਜਮ੍ਹਾਂ ਕਰਵਾਉਣੀ ਹੋਵੇਗੀ। ਬੋਲੀ ਦੀਆਂ ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ। ਸਾਈਟਾਂ ਦੀ ਜਗ੍ਹਾ ਦਾ ਮੁਆਇਨਾ ਬੋਲੀ ਸ਼ੁਰੂ ਹੋਣ ਤੋਂ 2 ਘੰਟੇ ਪਹਿਲਾਂ ਕਰਵਾ ਦਿੱਤਾ ਜਾਵੇਗਾ। ਕਿਸੇ ਵੀ ਸਾਬਕਾ ਠੇਕੇਦਾਰ, ਜਿਸ ਵੱਲ ਸਰਕਾਰੀ ਬਕਾਇਆ ਹੋਵੇਗਾ, ਉਸ ਨੂੰ ਬੋਲੀ ਦੇਣ ਦਾ ਹੱਕ ਨਹੀਂ ਹੈ। ਉਕਤ ਦਿੱਤੇ ਹੋਏ ਸਮੇਂ ਤੇ ਜੋ ਕਿਸ਼ਤ ਜਮ੍ਹਾਂ ਨਹੀਂ ਕਰਵਾਏਗਾ, ਉਸ ਦਾ ਠੇਕਾ ਕੈਂਸਲ ਕਰ ਦਿੱਤਾ ਜਾਵੇਗਾ। ਵਧੇਰੇ ਜਾਣਕਾਰੀ ਲਈ ਨਿਮਨ-ਹਸਤਾਖ਼ਰ ਦੇ ਦਫ਼ਤਰ ਵਿੱਚ ਸੰਪਰਕ ਕਰ ਸਕਦੇ ਹੋ। ਠੇਕੇ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :

| ਲੜੀ ਨੰਬਰ | ਬੋਲੀ ਦਾ ਸਥਾਨ | ਜਿਸ ਦਾ ਠੇਕਾ ਮੰਗਿਆ ਗਿਆ ਹੈ | ਰਿਜ਼ਰਵ ਕੀਮਤ (ਮਿਤੀ 01.08.2025 ਤੋਂ ਮਿਤੀ 31.03.2026) |
|---|---|---|---|
| 1 | ਜੂਡੀਸ਼ੀਅਲ ਕੋਰਟ ਕੰਪਲੈਕਸ, ਬਠਿੰਡਾ | ਪਾਰਕਿੰਗ | 2,70,000/- ਰੁਪਏ |
| 2 | ਦੁਕਾਨ ਨੰਬਰ 2 | ਪਟੀਸ਼ਨ ਰਾਈਟਰ/ਕੰਪਿਊਟਰ ਰਾਈਟਰ/ਸਟੇਸ਼ਨਰੀ/ਸਟੈਂਪ ਵੈਂਡਰ | 24,000/- ਰੁਪਏ |
| 3 | ਦੁਕਾਨ ਨੰਬਰ 3 | ਸਟੇਸ਼ਨਰੀ/ਸਟੈਂਪ ਵੈਂਡਰ | 25,200/- ਰੁਪਏ |

| ਲੜੀ ਨੰਬਰ | ਬੋਲੀ ਦਾ ਸਥਾਨ | ਜਿਸ ਦਾ ਠੇਕਾ ਮੰਗਿਆ ਗਿਆ ਹੈ | ਰਿਜ਼ਰਵ ਕੀਮਤ |
|---|---|---|---|
| 1 | ਦੁਕਾਨ ਨੰਬਰ 1 | ਫੋਟੋ ਸਟੇਟ ਸਰਵਿਸ | ਤਲਵੰਡੀ ਸਾਬੋ:/ਫੂਲ 9000/- ਰੁਪਏ |
| 2 | ਦੁਕਾਨ ਨੰਬਰ 2 | ਪਟੀਸ਼ਨ ਰਾਈਟਰ/ਕੰਪਿਊਟਰ ਰਾਈਟਰ | ਤਲਵੰਡੀ ਸਾਬੋ:/ਫੂਲ 9000/- ਰੁਪਏ |
| 3 | ਦੁਕਾਨ ਨੰਬਰ 3 | ਸਟੇਸ਼ਨਰੀ/ਸਟੈਂਪ ਵੈਂਡਰ | ਤਲਵੰਡੀ ਸਾਬੋ:/ਫੂਲ 9000/- ਰੁਪਏ |

ਸਹੀ/- ਸਿਵਲ ਜੱਜ (ਸੀਨੀਅਰ ਡਵੀਜ਼ਨ) ਬਠਿੰਡਾ।

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਅਜੇ ਸਿੰਘ ਸਪੁੱਤਰ ਸ੍ਰੀ ਕੇਵਲ ਸਿੰਘ** ਦੇ ਨਾਮ ਤੋਂ **ਸ੍ਰੀ ਦੀਪਕ ਕੁਮਾਰ ਸਪੁੱਤਰ ਸ੍ਰੀ ਦਿਆਲ ਚੰਦ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਮਾਡਰਨ ਹਾਊਸਿੰਗ ਕੰਪਲੈਕਸ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-4 ਦੀ ਰਿਹਾਇਸ਼ੀ ਇਕਾਈ ਨੰ. 5389 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਮਾਡਰਨ ਹਾਊਸਿੰਗ ਕੰਪਲੈਕਸ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-4 ਦੀ ਰਿਹਾਇਸ਼ੀ ਇਕਾਈ ਨੰ. 5389 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀ ਅਜੇ ਸਿੰਘ ਸਪੁੱਤਰ ਸ੍ਰੀ ਕੇਵਲ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀ ਅਜੇ ਸਿੰਘ ਸਪੁੱਤਰ ਸ੍ਰੀ ਕੇਵਲ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 25.06.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਦੀਪਕ ਕੁਮਾਰ ਸਪੁੱਤਰ ਸ੍ਰੀ ਦਿਆਲ ਚੰਦ** ਨੂੰ ਵੇਚ ਦਿੱਤੀ ਹੈ। **ਸ੍ਰੀ ਦੀਪਕ ਕੁਮਾਰ ਸਪੁੱਤਰ ਸ੍ਰੀ ਦਿਆਲ ਚੰਦ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
0172-2511141

## ਜਨਤਕ ਸੂਚਨਾ

ਆਮ ਜਨਤਾ ਲਈ ਇਥੇ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਲਿਖਤ ਵਿਅਕਤੀ (ਆਂ) ਨੇ ਚੰਡੀਗੜ੍ਹ ਹਾਊਸਿੰਗ ਬੋਰਡ (ਮਕਾਨਾਂ ਦੀ ਅਲਾਟਮੈਂਟ, ਪ੍ਰਬੰਧ ਅਤੇ ਵਿਕਰੀ) ਨਿਯਮਾਂਵਲੀ 1979 ਦੇ ਨਿਯਮ ਅਧੀਨ ਆਪਣੇ ਨਾਂਵਾਂ 'ਤੇ ਰਿਹਾਇਸ਼ੀ ਇਕਾਈ ਦੀ ਉਪਹਾਰ/ਵੇਚ/ਖਰੀਦ ਦੇ ਲਈ ਪ੍ਰਵਾਨਗੀ ਹਿੱਤ ਬਿਨੈ ਕੀਤਾ ਹੈ :-

| ਲ. ਨ. | ਖਰੀਦਦਾਰ ਦਾ ਨਾਮ | ਵਿਕਰੀਕਾਰ ਦਾ ਨਾਮ | ਡੀ ਯੂ ਨੰ. | ਵਰਗ | ਸੈਕਟਰ |
|---|---|---|---|---|---|
| 1. | ਸ੍ਰੀ ਮੁਕੇਸ਼ ਕੁਮਾਰ ਸਪੁੱਤਰ ਸ੍ਰੀ ਰਾਮ ਰਤਨ | ਸ੍ਰੀ ਮਨਿੰਦਰ ਗਰਗ ਸਪੁੱਤਰ ਸ੍ਰੀ ਕਾਹਨ ਚੰਦ ਗੁਪਤਾ | 241-2 | II | 55, ਪਲਸੋਰਾ, ਚੰਡੀਗੜ੍ਹ |
| 2. | ਸ੍ਰੀ ਦੀਪਾਂਕਰ ਸੇਨਾਪਤੀ ਸਪੁੱਤਰ ਸ੍ਰੀ ਕਾਲੀ ਪਾਡਾ ਸੇਨਾਪਤੀ | (1) ਸ੍ਰੀ ਲਲਿਤ ਚੋਪੜਾ ਸਪੁੱਤਰ ਸ੍ਰੀ ਜਗਦੀਸ਼ ਚੋਪੜਾ ਅਤੇ (2) ਸ੍ਰੀਮਤੀ ਸੁਨੀਤਾ ਚੋਪੜਾ ਸੁਪਤਨੀ ਸ੍ਰੀ ਲਲਿਤ ਚੋਪੜਾ | 3286-2 | LIG | 45-ਡੀ, ਚੰਡੀਗੜ੍ਹ |

ਉਕਤ ਦਰਸਾਈਆਂ ਰਿਹਾਇਸ਼ੀ ਇਕਾਈਆਂ ਦੇ ਸਬੰਧ ਵਿਚ ਵਿਕਰੀ/ਖਰੀਦ ਦੇ ਲਈ ਕਿਸੇ ਨੂੰ ਵੀ ਕੋਈ ਇਤਰਾਜ਼ ਹੋਣ ਦੀ ਸੂਰਤ ਵਿਚ ਉਹ ਆਪਣਾ ਇਤਰਾਜ਼, ਜੇਕਰ ਕੋਈ ਹੋਵੇ, ਦਸਤਾਵੇਜ਼ੀ ਸਬੂਤ, ਜੇਕਰ ਕੋਈ ਹੋਵੇ, ਸਮੇਤ ਨਿਮਨ ਹਸਤਾਖ਼ਰੀ ਕੋਲ ਇਸ ਸੂਚਨਾ ਦੇ ਪ੍ਰਕਾਸ਼ਨ ਦੇ 21 ਦਿਨਾਂ ਦੇ ਅੰਦਰ ਲਿਖਤ ਵਿਚ ਜਮ੍ਹਾਂ ਕਰ ਸਕਦਾ/ਸਕਦੀ ਹੈ।

**ਸਕੱਤਰ,**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

# ਯੂਕੋ ਬੈਂਕ ਨੇ 30 ਜੂਨ, 2025 ਨੂੰ ਸਮਾਪਤ ਤਿਮਾਹੀ ਦੇ ਵਿੱਤੀ ਨਤੀਜੇ ਐਲਾਨੇ

ਨਵੀਂ ਦਿੱਲੀ, 21 ਜੁਲਾਈ (ਚ.ਨ.ਸ.) : ਯੂਕੋ ਬੈਂਕ ਵੱਲੋਂ 30 ਜੂਨ ਨੂੰ ਸਮਾਪਤ ਹੋਈ ਤਿਮਾਹੀ ਲਈ ਵਿੱਤੀ ਨਤੀਜੇ ਜਾਰੀ ਕੀਤੇ ਗਏ। ਬੈਂਕ ਵੱਲੋਂ ਜਾਰੀ ਰਿਪੋਰਟ ਅਨੁਸਾਰ ਬੈਂਕ ਦਾ ਕੁੱਲ ਕਾਰੋਬਾਰ ਸਾਲ ਦਰ ਸਾਲ ਵਾਧਾ ਦਰਜ ਕਰਦੇ ਹੋਏ5,23,736 ਕਰੋੜ ਹੋ ਗਿਆ ਹੈ। ਜਿਸ ਨਾਲ ਬੈਂਕ ਨੇ 16.48% ਦਾ ਵਾਧਾ ਦਰਜ ਕਰਦੇ ਹੋਏ 2,98,636 ਕਰੋੜ ਹੋ ਗਿਆ ਹੈ। 30 ਜੂਨ 2025 ਨੂੰ ਸਮਾਪਤ ਤਿਮਾਹੀ ਦੇ ਲਈ ਚਾਲੂ ਲਾਭ 1562 ਕਰੋੜ ਰਿਹਾ, ਜੋ ਕਿ ਪਿਛਲੇ ਸਾਲ 1321 ਕਰੋੜ ਹੋ ਗਿਆ ਸੀ। ਜਿਸ ਵਿੱਚ ਸਾਲ ਦਰ ਸਾਲ 18.24% ਦਾ ਵਾਧਾ ਦਰਜ ਕੀਤਾ ਗਿਆ। 30 ਜੂਨ 2025 ਨੂੰ ਸਮਾਪਤ ਤਿਮਾਹੀ ਦੇ ਲਈ ਨਿਵਲ ਲਾਭ 607 ਕਰੋੜ ਰਿਹਾ ਜੋ ਕਿ ਪਿਛਲੇ ਸਾਲ 551 ਕਰੋੜ 30.06.2025 ਨੂੰ ਕੁੱਲ ਐਨਪੀਏ 69 ਬੇਸਿਸ ਪੁਆਇੰਟ ਸਾਲ-ਦਰ-ਸਾਲ ਘਟ ਕੇ 2.63% ਹੋ ਗਿਆ, ਜਦੋਂ ਕਿ 30.06.2025 ਨੂੰ ਨੈੱਟ ਐਨਪੀਏ 33 ਬੇਸਿਸ ਪੁਆਇੰਟ ਸਾਲ-ਦਰ-ਸਾਲ ਘਟ ਕੇ 0.45% ਹੋ ਗਿਆ।

**ਪੂੰਜੀ ਅਨੁਕੂਲਤਾ ਅਨੁਪਾਤ**: 30.06.2025 ਨੂੰ ਬੈਂਕ ਦਾ ਪੂੰਜੀ ਸੰਪੂਰਨਤਾ ਅਨੁਪਾਤ 18.39% ਸੀ ਜਿਸ ਵਿੱਚ ਟੀਅਰ-1 ਪੂੰਜੀ ਅਨੁਪਾਤ 16.36% ਸੀ।

31 ਜੂਨ, 2025 ਨੂੰ ਖਤਮ ਹੋਈ ਤਿਮਾਹੀ ਦੇ ਵਿੱਤੀ ਨਤੀਜੇ ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ - ਵਿੱਤੀ ਨਤੀਜਿਆਂ ਦੀਆਂ ਮੁੱਖ ਗੱਲਾਂ

**ਕਾਰੋਬਾਰੀ ਵਾਧਾ**: 30.06.2025 ਨੂੰ ਬੈਂਕ ਦੇ ਕੁੱਲ ਕਾਰੋਬਾਰ ਵਿੱਚ ਸਾਲ-ਦਰ-ਸਾਲ 13.51% ਦਾ ਵਾਧਾ ਦਰਜ ਕੀਤਾ ਗਿਆ, ਜੋ ਕਿ 5,23,736 ਕਰੋੜ ਰੁਪਏ ਹੋ ਗਿਆ, ਜਿਸ ਵਿੱਚ ਕੁੱਲ ਪੇਸ਼ਗੀਆਂ 16.48% ਸਾਲ-ਦਰ-ਸਾਲ 2,25,101 ਕਰੋੜ ਰੁਪਏ ਅਤੇ ਕੁੱਲ ਜਮ੍ਹਾਂ ਰਾਸ਼ੀਆਂ 11.37% ਸਾਲ-ਦਰ-ਸਾਲ 2,98,635 ਕਰੋੜ ਰੁਪਏ ਵਧੀਆਂ।

**ਮੁਨਾਫ਼ਾ ਅਤੇ ਰਿਟਰਨ** : 30.06.2025 ਨੂੰ ਖਤਮ ਹੋਈ ਤਿਮਾਹੀ ਲਈ ਸ਼ੁੱਧ ਲਾਭ 607 ਕਰੋੜ ਰਿਹਾ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ_ 551 ਕਰੋੜ ਰੁਪਏ ਸੀ, ਜੋ ਕਿ ਸਾਲ-ਦਰ-ਸਾਲ 10.16% ਦਾ ਵਾਧਾ ਦਰਸਾਉਂਦਾ ਹੈ। 30.06.2025 ਨੂੰ ਖਤਮ ਹੋਈ ਤਿਮਾਹੀ ਲਈ ਸੰਚਾਲਨ ਲਾਭ_ 1,562 ਕਰੋੜ ਰਿਹਾ ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ_ 1,321 ਕਰੋੜ ਸੀ, ਜੋ ਕਿ ਸਾਲ-ਦਰ-ਸਾਲ ਆਧਾਰ ਤੇ 18.24% ਦਾ ਵਾਧਾ ਦਰਸਾਉਂਦਾ ਹੈ।

**ਪੁਰਸਕਾਰ**: ਸੁਧਾਰ ਸੂਚਕਾਂਕ ਦੀ ਚੋਟੀ ਦੇ ਸੁਧਾਰ ਸ਼੍ਰੇਣੀ ਵਿੱਚ UCO ਬੈਂਕ ਨੂੰ ਦੂਜਾ ਸਥਾਨ ਦਿੱਤਾ ਗਿਆ।ਵਿੱਤੀ ਸਾਲ 2022-23 ਲਈ ਡਿਜੀਟਲ ਭੁਗਤਾਨਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ UCO ਬੈਂਕ ਨੂੰ ਦੂਜਾ ਸਥਾਨ ਦਿੱਤਾ ਗਿਆ। ਯੂਕੋ ਬੈਂਕ ਨੂੰ ਵਿੱਤੀ ਸਾਲ 2024-25 ਲਈ ਡਿਜੀਟਲ ਭੁਗਤਾਨਾਂ ਵਿੱਚ ਉੱਤਮਤਾ ਲਈ ਤੀਜਾ ਸਥਾਨ ਦਿੱਤਾ ਗਿਆ ਹੈ। ਯੂਕੋ ਬੈਂਕ ਨੂੰ ਵਿੱਤੀ ਸਾਲ 2024-25 ਵਿੱਚ ਸਰਕਾਰੀ ਭਾਸ਼ਾ ਨੀਤੀ ਦੇ ਸਭ ਤੋਂ ਵਧੀਆ ਲਾਗੂਕਰਨ ਲਈ ਵਿੱਤੀ ਸੇਵਾਵਾਂ ਵਿਭਾਗ ਦੁਆਰਾ ਦੂਜਾ ਪੁਰਸਕਾਰ ਦਿੱਤਾ ਗਿਆ ਹੈ।

**ਸ਼ਾਖਾ ਨੈੱਟਵਰਕ**: 30.06.2025 ਤੱਕ ਬੈਂਕ ਕੋਲ ਹਾਂਗਕਾਂਗ ਅਤੇ ਸਿੰਗਾਪੁਰ ਕੇਂਦਰ ਵਿੱਚ 3305 ਘਰੇਲੂ ਸ਼ਾਖਾਵਾਂ ਅਤੇ 2 ਵਿਦੇਸ਼ੀ ਸ਼ਾਖਾਵਾਂ ਅਤੇ ਈਰਾਨ ਵਿੱਚ 1 ਪ੍ਰਤੀਨਿਧੀ ਦਫਤਰ ਦਾ ਨੈੱਟਵਰਕ ਹੈ। ਕੁੱਲ ਸ਼ਾਖਾਵਾਂ ਵਿੱਚੋਂ, ਬੈਂਕ ਦੀਆਂ 2033 (61%) ਸ਼ਾਖਾਵਾਂ ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਹਨ। 30.06.2025 ਤੱਕ ਬੈਂਕ ਕੋਲ 2575 ਏਟੀਐਮ ਅਤੇ 10926 ਬੀਸੀ ਪੁਆਇੰਟ ਹਨ, ਜੋ ਕੁੱਲ ਸੰਪਰਕ ਬਿੰਦੂਆਂ ਦੀ ਗਿਣਤੀ 16803 ਤੱਕ ਲੈ ਜਾਂਦੇ ਹਨ।

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਸ੍ਰੀਮਤੀ ਪ੍ਰੀਤਮ ਕੌਰ ਸੁਪਤਨੀ ਸਵਰਗੀ ਸ੍ਰੀ ਗੁਰਬਚਨ ਸਿੰਘ**, ਵਾਸੀ ਚੱਪੜ ਚਿੜੀ, ਜ਼ਿਲ੍ਹਾ ਮੋਹਾਲੀ ਨੇ ਦਸਤਾਵੇਜ਼ ਦੇ ਗੁੰਮ ਹੋਣ ਕਾਰਨ ਰਿਹਾਇਸ਼ੀ ਇਕਾਈ ਨੰਬਰ 299-ਬੀ, ਸੈਕਟਰ 51-ਏ, ਚੰਡੀਗੜ੍ਹ ਦੇ ਸਬੰਧ ਵਿਚ ਅਲਾਟਮੈਂਟ ਪੱਤਰ, ਕਬਜ਼ਾ ਪੱਤਰ ਦਾ ਦੂਪਰਤੀ ਉਤਾਰਾ ਜਾਰੀ ਕਰਨ ਲਈ ਚੰਡੀਗੜ੍ਹ ਹਾਊਸਿੰਗ ਬੋਰਡ ਕੋਲ ਪਹੁੰਚ ਕੀਤੀ ਹੈ। ਉਕਤ ਦਰਸਾਏ ਦਸਤਾਵੇਜ਼ ਦੇ ਗੁੰਮ ਹੋਣ ਸਬੰਧੀ ਮਿਤੀ 16.07.2025 ਨੂੰ ਲੜੀ ਨੰ. 214690 ਐਲਏਆਰ ਨੰਬਰ 2025/022598 ਦੇ ਅਧੀਨ ਗੁੰਮ ਵਸਤੂ ਦੀ ਸੂਚਨਾ ਰਿਪੋਰਟ ਚੰਡੀਗੜ੍ਹ ਪੁਲਿਸ (ਪੀਐਸ 17) ਵਿਖੇ ਆਨਲਾਈਨ ਸ਼ਿਕਾਇਤ ਦਰਜ ਕਰਵਾਈ ਹੈ। ਕੋਈ ਵੀ ਵਿਅਕਤੀ ਜਿਸ ਨੂੰ ਅਲਾਟਮੈਂਟ ਪੱਤਰ, ਕਬਜ਼ਾ ਪੱਤਰ ਦਾ ਦੂਪਰਤੀ ਉਤਾਰੇ ਦਾ ਦੂਪਰਤੀ ਉਤਾਰਾ ਜਾਰੀ ਕਰਨ ਦੇ ਖਿਲਾਫ਼ ਕੋਈ ਵੀ ਇਤਰਾਜ਼ ਹੋਵੇ, ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 15 ਦਿਨਾਂ ਦੇ ਅੰਦਰ ਲਿਖਤ ਵਿਚ ਨਿਮਨ ਹਸਤਾਖ਼ਰੀ ਕੋਲ ਇਤਰਾਜ਼ ਦਰਜ ਕਰ ਸਕਦਾ/ਸਕਦੀ ਹੈ, ਜਿਸ ਤੋਂ ਅਸਫ਼ਲ ਰਹਿਣ 'ਤੇ ਦਸਤਾਵੇਜ਼ ਜਾਰੀ ਕਰ ਦਿੱਤੇ ਜਾਣਗੇ। ਇਸ ਤੋਂ ਬਾਅਦ, ਕਿਸੇ ਵੀ ਵਿਅਕਤੀ ਨੂੰ ਉਕਤ ਦਰਸਾਏ ਮੂਲ ਦਸਤਾਵੇਜ਼ ਲੱਭ ਜਾਣ ਦੀ ਸੂਰਤ ਵਿਚ, ਇਨ੍ਹਾਂ ਨੂੰ ਉਕਤ ਦਰਸਾਏ ਪੁਲਿਸ ਸਟੇਸ਼ਨ ਕੋਲ ਜਾਂ ਨਿਮਨ ਹਸਤਾਖ਼ਰੀ ਦੇ ਦਫ਼ਤਰ ਵਿਚ ਜਮ੍ਹਾਂ ਕਰਵਾ ਦਿੱਤਾ ਜਾਵੇ।

**ਸਕੱਤਰ**
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਨਰਦੇਵ ਕੁਮਾਰ ਸਪੁੱਤਰ ਸ੍ਰੀ ਵਿਦਿਆ ਰਾਮ** ਦੇ ਨਾਮ ਤੋਂ **ਮਿਸ ਸ਼ੈਲਜਾ ਮੋਦਗਿਲ ਸਪੁੱਤਰੀ ਸ੍ਰੀ ਨਰਦੇਵ ਕੁਮਾਰ ਸ਼ਰਮਾ** ਦੇ ਨਾਮ 'ਤੇ **ਤਬਾਦਲਾ ਡੀਡ** ਦੇ ਆਧਾਰ 'ਤੇ **ਸੈਕਟਰ 45-ਡੀ, ਚੰਡੀਗੜ੍ਹ ਵਿਚ ਐਲਆਈਜੀ (ਐਫ) ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 3113/1 (ਪਹਿਲੀ ਮੰਜ਼ਿਲ)** ਦੇ ਸਬੰਧ ਵਿਚ ਤਬਾਦਲਾ/ਪਰਿਵਰਤਨ।

**(ਪਿਤਾ ਤੋਂ ਸਪੁੱਤਰੀ ਨੂੰ)**

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 45-ਡੀ, ਚੰਡੀਗੜ੍ਹ ਵਿਚ ਐਲਆਈਜੀ (ਐਫ) ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 3113/1 (ਪਹਿਲੀ ਮੰਜ਼ਿਲ) ਸ੍ਰੀ ਨਰਦੇਵ ਕੁਮਾਰ ਸਪੁੱਤਰ ਸ੍ਰੀ ਵਿਦਿਆ ਰਾਮ** ਦੇ ਨਾਮ 'ਤੇ ਦਰਜ ਹੈ। **ਮਿਸ ਸ਼ੈਲਜਾ ਮੋਦਗਿਲ ਸਪੁੱਤਰੀ ਸ੍ਰੀ ਨਰਦੇਵ ਕੁਮਾਰ ਸ਼ਰਮਾ** ਵੱਲੋਂ ਸੂਚਨਾ ਦਿੱਤੀ ਗਈ ਹੈ, ਜਿਨ੍ਹਾਂ ਨੇ 09.07.2025 ਨੂੰ ਸਬ ਰਜਿਸਟਰਾਰ, ਚੰਡੀਗੜ੍ਹ ਦੇ ਦਫ਼ਤਰ ਵਿਚ ਉਨ੍ਹਾਂ ਦੇ ਨਾਮ 'ਤੇ ਕਾਰਜਰੂਪ ਅਤੇ ਪੰਜੀਕ੍ਰਿਤ ਤਬਾਦਲਾ ਡੀਡ ਦੇ ਆਧਾਰ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੇ ਸਬੰਧ ਵਿਚ ਮਾਲਕੀ ਅਧਿਕਾਰ ਦੇ ਤਬਾਦਲੇ ਬਿਨੈ ਕੀਤਾ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਸਬੰਧੀ ਕੋਈ ਵੀ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਕੋਲ ਲਿਖਤ ਵਿਚ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਵਿਦਿਆ ਦੇਵੀ ਸੁਪਤਨੀ ਸ੍ਰੀ ਜਿੰਦੂ ਰਾਮ** ਦੇ ਨਾਮ ਤੋਂ **ਸ੍ਰੀ ਅਮਿਤ ਕੁਮਾਰ ਸਪੁੱਤਰ ਸ੍ਰੀ ਰਮੇਸ਼ ਚੰਦ ਸ੍ਰੀਵਾਸਤਵ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 52, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 3076 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 52, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 3076 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਵਿਦਿਆ ਦੇਵੀ ਸੁਪਤਨੀ ਸ੍ਰੀ ਜਿੰਦੂ ਰਾਮ**ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਵਿਦਿਆ ਦੇਵੀ ਸੁਪਤਨੀ ਸ੍ਰੀ ਜਿੰਦੂ ਰਾਮ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 21.10.2024 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਅਮਿਤ ਕੁਮਾਰ ਸਪੁੱਤਰ ਸ੍ਰੀ ਰਮੇਸ਼ ਚੰਦ ਸ੍ਰੀਵਾਸਤਵ** ਨੂੰ ਵੇਚ ਦਿੱਤੀ ਹੈ। **ਸ੍ਰੀ ਅਮਿਤ ਕੁਮਾਰ ਸਪੁੱਤਰ ਸ੍ਰੀ ਰਮੇਸ਼ ਚੰਦ ਸ੍ਰੀਵਾਸਤਵ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਜਸਬੀਰ ਕੌਰ ਸੈਣੀ ਸੁਪਤਨੀ ਸ੍ਰੀ ਤੇਜ ਰੱਤਤ ਬੀਰ ਸਿੰਘ** ਦੇ ਨਾਮ ਤੋਂ **ਸ੍ਰੀਮਤੀ ਕਮਲੇਸ਼ ਕੌਰ ਸੁਪਤਨੀ ਸ੍ਰੀ ਕੁਲਭੂਸ਼ਣ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਮਾਡਰਨ ਹਾਊਸਿੰਗ ਕੰਪਲੈਕਸ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-4 ਦੀ ਰਿਹਾਇਸ਼ੀ ਇਕਾਈ ਨੰ. 5271-3 (ਤੀਜੀ ਮੰਜ਼ਿਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਮਾਡਰਨ ਹਾਊਸਿੰਗ ਕੰਪਲੈਕਸ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-4 ਦੀ ਰਿਹਾਇਸ਼ੀ ਇਕਾਈ ਨੰ. 5271-3 (ਤੀਜੀ ਮੰਜ਼ਿਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਜਸਬੀਰ ਕੌਰ ਸੈਣੀ ਸੁਪਤਨੀ ਸ੍ਰੀ ਤੇਜ ਰੱਤਤ ਬੀਰ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਜਸਬੀਰ ਕੌਰ ਸੈਣੀ ਸੁਪਤਨੀ ਸ੍ਰੀ ਤੇਜ ਰੱਤਤ ਬੀਰ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 22.04.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀਮਤੀ ਕਮਲੇਸ਼ ਕੌਰ ਸੁਪਤਨੀ ਸ੍ਰੀ ਕੁਲਭੂਸ਼ਣ** ਨੂੰ ਵੇਚ ਦਿੱਤੀ ਹੈ। **ਸ੍ਰੀਮਤੀ ਕਮਲੇਸ਼ ਕੌਰ ਸੁਪਤਨੀ ਸ੍ਰੀ ਕੁਲਭੂਸ਼ਣ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

# ਭਿਖਾਰੀਆਂ ਦੇ ਨਾਲ-ਨਾਲ ਕਿੰਨਰਾਂ ਦੇ ਗੋਰਖ ਧੰਦੇ ਨੂੰ ਲਗਾਮ ਲਾਉਣੀ ਵੀ ਲਾਜ਼ਮੀ

ਅਜੀਤ ਖੰਨਾ
76967-54669

ਹਾਲ ਹੀ ਚ ਅੰਮ੍ਰਿਤਸਰ ਪੁਲਿਸ ਵੱਲੋਂ ਭਿਖਾਰੀਆਂ ਖਿਲਾਫ ਸਖ਼ਤੀ ਅਪਣਾਉਂਦਿਆਂ ਬਹੁਤ ਸਾਰੇ ਭਿਖਾਰੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਨਾਲ ਹੀ ਸੂਬਾ ਸਰਕਾਰ ਵੱਲੋਂ ਭਿਖਾਰੀਆਂ ਦਾ ਡੋਪ ਟੈਸਟ ਕੀਤੇ ਜਾਣ ਦਾ ਨਿਰਣਾ ਵੀ ਲਿਆ ਗਿਆ ਹੈ। ਜੋ ਇਕ ਚੰਗਾ ਕਦਮ ਹੈ।ਸਰਕਾਰ ਨੂੰ ਭਿਖਾਰੀਆਂ ਦੇ ਨਾਲ ਨਾਲ ਕਿੰਨਰਾਂ ਖਿਲਾਫ ਵੀ ਕਦਮ ਪੁੱਟਣ ਦੀ ਜ਼ਰੂਰਤ ਹੈ। ਕਿਉਂਕਿ ਅੱਜ ਦੇਸ਼ ਤੇ ਖ਼ਾਸ ਕਰ ਪੰਜਾਬ ਅੰਦਰ ਕਿੰਨਰ ਤੇ ਭਿਖਾਰੀਆਂ ਤੇ ਕਿੰਨਰਾਂ ਵੱਲੋਂ ਮੰਗਣ ਦੀ ਪ੍ਰਥਾ ਇਕ ਗੋਰਖ ਧੰਦਾ ਬਣ ਗਈ ਹੈ ।ਤੇਜੀ ਨਾਲ ਪਨਪ ਰਿਹਾ ਇਹ ਗੋਰਖ ਧੰਦਾ ਸਮਾਜ ਲਈ ਇਕ ਵੱਡੀ ਚਨੌਤੀ ਬਣਦਾ ਜਾ ਰਿਹਾ ।ਜਿਸ ਨੂੰ ਲੈ ਕੇ ਆਮ ਲੋਕ ਡਾਢੇ ਦੁਖੀ ਹਨ।ਕਿਉਂਕਿ ਜਿਆਦਤਰ ਆਮ ਲੋਕਾਂ ਨੂੰ ਹੀ ਇੰਨਾ ਭਿਖਾਰੀਆਂ ਤੇ ਕਿੰਨਰਾਂ ਦਾ ਸਾਹਮਣਾ ਕਰਨਾ ਪੈਂ ਰਿਹਾ ਹੈ ।

ਕੋਈ ਸਮਾ ਸੀ ਜਦੋ ਵਿਆਹ ਸ਼ਾਦੀ ਅਤੇ ਮੁੰਡਾ ਹੋਣ ਤੇ ਲੋਕ ਖੁਸ਼ੀ ਨਾਲ ਕਿੰਨਰਾਂ (ਹੀਜੜੇ) ਨੂੰ ਆਪਣੇ ਘਰ ਬੁਲਾਉਂਦੇ ਕਿਉਂਕੇ ਇਨਾ ਕਿੰਨਰਾਂ ਨੂੰ ਘਰ ਬੁਲਾਉਣਾ ਚੰਗਾ ਸਮਝਿਆ ਜਾਂਦਾ ਹੈ । ਪਹਿਲੇ ਵਕਤਾਂ ਚ ਕਿੰਨਰਾਂ ਨੂੰ 1100/- ਰੁਪਿਆ ਤੇ ਕੁਝ ਕੱਪੜੇ ਆਦਿ ਸ਼ਗਨ ਵਜੋਂ ਦਿੱਤੇ ਜਾਂਦੇ ਪਰ ਹੋਲੀ ਹੋਲੀ ਇਹ ਕਿੰਨਰ ਦਿਤੀ ਜਾਣ ਵਾਲੀ ਰਕਮ ਚ ਵਾਧਾ ਕਰਦੇ ਗਏ ।।ਜੋ ਗਿਆਰਾਂ ਸੌ ਤੋ ਬਾਅਦ 3100 ਤੇ ਉਸ ਮਗਰੋਂ 5100/- ਰੁਪਿਆ ਇੰਨਾ ਨੂੰ ਸ਼ਗਨ ਵਜੋਂ ਲੈਣ ਲੱਗ ਪਏ ।ਕਈ ਸਰਦੇ ਪੁਜਦੇ ਘਰਾਂ ਚੋ ਇਹ ਕਿੰਨਰ ਤਹਿ ਰਿਵਾਜ਼ ਤੋ ਵਧ ਪੈਸੇ ਵੀ ਲੈ ਜਾਂਦੇ ਹਨ ।ਜਦ ਕੇ ਪੈਸੇ ਦੇ ਬਦਲੇ ਉਹਨਾਂ ਦਿਨਾ ਚ ਇਹ ਕਿੰਨਰ ਜਾ ਹੀਜੜੇ ਘਰ ਆ ਕੇ ਰੰਗਾ ਰੰਗ ਗਾਉਣ ਪਾਣੀ ਭਾਵ ਬੋਲੀਆਂ ਵੀ ਗਾ ਕੇ ਜਾਇਆ ਕਰਦੇ ਸਨ।ਲੋਕ ਖੁਸ਼ੀ ਖੁਸ਼ੀ ਏਨਾ ਨੂੰ ਘਰ ਬਲਾਉਂਦੇ ਸਨ।ਪਰ ਅੱਜ ਹਾਲਾਤ ਬਿਲਕੁਲ ਬਦਲ ਗਏ ਹਨ ।ਜਿੱਥੇ ਇੰਨਾ ਕਿਨਰਾਂ ਨੇ ਘਰ ਬੁਲਾਏ ਜਾਣ ਉੱਤੇ ਰਕਮ ਚ ਅਥਾਹ ਵਾਧਾ ਕਰਦਿਆਂ ਆਪਣੀ ਫੀਸ ਘੱਟੋ ਘਟ 51000 ਕਰ ਦਿਤੀ ਹੈ। ਜਦ ਕੇ ਮਾਣਯੋਗ ਸਰਵਉੱਚ ਅਦਾਲਤ ਦੀ ਇਕ ਜੁਜਮੈਂਟ ਮੁਤਾਬਕ ਹੁਣ ਕਿੰਨਰ ਕਿਸੇ ਵੀ ਘਰ ਤੋਂ ਵਿਆਹ ਸਮੇਂ 1100 ਰੁਪਏ ਤੇ ਬੇਟਾ ਹੋਣ ਤੇ 500 ਰੁਪਇਆ ਹੀ ਲੈ ਸਕਦੇ ਹਨ। ਪਰ ਇਸ ਦੇ ਬਾਵਜੂਦ ਇਹ ਕਿੰਨਰ ਫਿਰ ਵੀ ਘਰਾਂ ਚੋਣ ਵੱਧ ਪੈਸਿਆਂ ਦੀ ਮੰਗ ਕਰਦੇ ਹਨ ।ਉਥੇ ਦੂਜੇ ਪਾਸੇ ਇਹ ਕਿੰਨਰ ਤੁਹਾਨੂੰ ਰੇਲ ਗਡੀਆਂ ਤੇ ਬੱਸਾ ਚ ਵੱਡੀ ਤਾਦਾਦ ਚ ਮਿਲਣਗੇ ।ਸਫ਼ਰ ਦੌਰਾਨ ਇਕ ਪਾਸੇ ਇਹ ਕਿੰਨਰ ਤੇ ਦੁਜੇ ਪਾਸੇ ਭਿਖਾਰੀ ਤੁਹਾਨੂੰ ਚੌਰਾਹਿਆਂ ਉੱਤੇ ਅਕਸਰ ਮਿਲਣਗੇ ।ਇੰਨਾ ਕਿੰਨਰਾਂ ਤੇ ਭਿਖਾਰੀਆਂ ਚ ਛੋਟੇ ਛੋਟੇ ਮੁੰਡੇ ਕੁੜੀਆਂ ਵੀ ਕਾਫੀ ਗਿਣਤੀ ਚ ਵੇਖਣ ਨੂੰ ਮਿਲਦੇ ਹਨ ।ਇਨਾ ਛੋਟੇ ਛੋਟੇ ਬੱਚਿਆਂ ਨੂੰ ਨਸ਼ਾ ਵਗੈਰਾ ਦੇ ਕੇ ਭੀਖ ਮੰਗਣ ਉੱਤੇ ਲਾਇਆ ਜਾਂਦਾ ਹੈ। ਇਹ ਬੱਚੇ ਓਹਨਾ ਦੇ ਆਪਣੇ ਨਹੀਂ ਹੁੰਦੇ ਸਗੋਂ ਵਧੇਰੇ ਬੱਚੇ ਬਾਹਰਲੇ ਰਾਜਾਂ ਤੋ ਅਗਵਾਹ ਕਰਕੇ ਲਿਆਂਦੇ ਹੋਏ ਹੁੰਦੇ ਹਨ ਜਾ ਫਿਰ ਖਰੀਦ ਕੇ ਲਿਆਂਦੇ ਜਾਂਦੇ ਹਨ ਤੇ ਫਿਰ ਉਹਨਾਂ ਤੋਂ ਭੀਖ ਮੰਗਣ ਦਾ ਕਾਰੋਬਾਰ ਕਰਵਾਇਆ ਜਾਂਦਾ ਹੈ। ਇਨਾ ਬੱਚਿਆਂ ਦੇ ਕਰਤਾ ਧਰਤਾ ਇਨਾਂ ਬੱਚਿਆਂ ਨੂੰ ਮਹਿਜ਼ ਸਿਰਫ਼ ਤੇ ਸਿਰਫ ਖਾਣ ਲਈ ਦੋ ਡੰਗ ਦੀ ਰੋਟੀ ਤੋ ਇਲਾਵਾ ਹੋਰ ਕੁਝ ਨਹੀਂ ਦਿੰਦੇ ।ਜਦ ਕੇ ਇਨਾ ਬੱਚਿਆ ਤੋਂ ਭੀਖ ਮੰਗਣ ਧੰਦੇ ਤੋਂ ਉਹ ਖੁਦ ਕਰੋੜਾਂ ਰੁਪਏ ਕਮਾ ਰਹੇ ਹਨ।ਪਿਛਲੇ ਦਿਨੀ ਮੈਨੂੰ ਰੇਲ ਤੇ ਬੱਸ ਚ ਸਫ਼ਰ ਕਰਨ ਦਾ ਮੌਕਾ ਲਗਾ ।ਸਫ਼ਰ ਦੌਰਾਨ ਮੈਂ ਵੇਖਿਆ ਕੇ ਰੇਲ ਤੇ ਬਸ ਚ ਇੰਨਾ ਕਿੰਨਰਾਂ ਤੇ ਭਿਖਾਰੀਆਂ ਵਲੋਂ ਸ਼ਰੇਅਮ ਪੈਸੇ ਮੰਗੇ ਜਾ ਰਹੇ ਸਨ।ਕੁਝ ਲੋਕ ਤਾ ਆਪਣੇ ਆਪ ਪੈਸੇ ਦੇ ਦਿੰਦੇ ਹਨ ।ਪਰ ਜਿਆਦਤਰ ਲੋਕ ਮਜਬੂਰੀਵਸ ਇੰਨਾ ਨੂੰ ਪੈਸੇ ਦਿੰਦੇ ਹਨ।ਕਿਉਂਕੇ ਇਹ ਸਫ਼ਰ ਕਰ ਰਹੇ ਯਾਤਰੀਆਂ ਨੂੰ ਤੰਗ ਤੇ ਬੇਸ਼ਰਮ ਹੀ ਏਨਾ ਕਰਦੇ ਹਨ ਕੇ ਉਹਨਾਂ ਨੂੰ ਮਜਬੂਰਨ 10-20 ਰੁਪੇ ਦੇਣੇ ਪੈਂਦੇ ਹਨ ।ਇਸੇ ਤਰਾ ਮੇਰੇ ਆਪਣੇ ਸ਼ਹਿਰ ਚ ਇਕ ਔਰਤ ਹੈ ।ਜੋ ਪਹਿਲਾਂ ਸਵੇਰੇ ਸਵੇਰੇ ਕੋਰਟ ਚ ਭੀਖ ਮੰਗਦੀ ਹੈ ਤੇ ਉਸ ਮਗਰੋਂ ਕੋਰਟ ਦੇ ਕੋਲ ਹੀ ਇਕ ਡਾਕਟਰ ਦਾ ਹਸਪਤਾਲ ਹੈ ।ਜਿੱਥੇ ਕਾਫੀ ਮਰੀਜ਼ ਆਉਂਦੇ ਹਨ ।ਉਹ ਔਰਤ ਹਸਪਤਾਲ ਆਉਣ ਵਾਲੇ ਹਰ ਬੰਦੇ ਤੋ ਪੈਸੇ ਮੰਗਦੀਂ ਹੈ । ਸੁਣਨ ਚ ਆਇਆ ਹੈ ਕੇ ਉਹ ਹਰ ਰੋਜ਼ 2000/-ਦੇ ਕਰੀਬ ਇਕੱਠਾ ਕਰ ਲੈਂਦੀ ਹੈ।ਜਦੋ ਕੇ ਉਥੇ ਉਹ ਆਪਣਿਆ ਪੋਤੀਆਂ ਨੂੰ ਵੀ ਅਲੱਗ ਤੋ ਭੀਖ ਵਾਸਤੇ ਭੇਜਦੀ ਹੈ ।ਅਸਲ ਚ ਅੱਜ ਕਿੰਨਰ ਤੇ ਭੀਖਰੀਪੁਣਾ ਇਕ ਗੋਰਖ ਧੰਦਾ ਬਣ ਚੁੱਕਾ ਹੈ।ਆਪਾ ਸਾਰਿਆਂ ਨੇ ਕਈ ਵਾਰ ਮੀਡੀਆ ਚ ਪੜਿਆ ਸੁਣਿਆ ਹੋਵੇਗਾ ਕੇ ਫਲਾਣਾ ਭਿਖਾਰੀ ਕਰੋੜਾਂ ਰੁਪਿਆ ਦਾ ਮਾਲਕ ਹੈ ।ਪਹਿਲਾਂ ਪਹਿਲ ਅਜਿਹੀਆਂ ਗਲਾਂ ਸੁਣ ਕੇ ਹੈਰਾਨੀ ਹੁੰਦੀ ਸੀ ।ਪਰ ਹੁਣ ਨਹੀਂ ।ਕਿਉਂਕਿ ਹੁਣ ਇਹ ਧੰਦਾ ਕਾਫੀ ਫੈਲ ਚੁਕਿਆ ਹੈ ।ਇਥੋਂ ਤਕ ਕੇ ਇਹ ਭਿਖਾਰੀ ਤੁਹਾਨੂੰ ਹਰ ਗਲੀ ਮੁਹੱਲੇ ,ਬਜ਼ਾਰ ਤੇ ਪਬਲਿਕ ਥਾਂਵਾਂ ਜਿਵੇਂ ਬਸ ਅੱਡੇ , ਰੇਲ ਵੇ ਸਟੇਸ਼ਨ,ਹਸਪਤਾਲ,ਪਾਰਕ,ਮਾਲਜ਼ ਵਗੈਰਾ ਆਦਿ ਜਗ੍ਹਾ ਤੇ ਭੀਖ ਮੰਗਦੇ ਆਮ ਮਿਲ ਜਾਣਗੇ।ਇੰਨਾ ਕਿੰਨਰਾਂ ਤੇ ਭਿਖਾਰੀਆਂ ਤੋ ਲੋਕ ਬੇਹੱਦ ਦੁਖੀ ਹਨ।ਮੈਂ ਖੁਦ ਕਈ ਵਾਰ ਇੰਨਾ ਭਿਖਾਰੀਆਂ ਤੋ ਤੰਗ ਆ ਜਾਣਦਾ ਹਾਂ।ਕਈ ਵਾਰ ਤਾ ਇਹ ਭਿਖਾਰੀ ਤਿੱਖੜ ਦੁਪਹਿਰ ਆ ਕੇ ਘਰ ਦੀ ਬੈੱਲ ਵਜਾ ਦਿੰਦੇ ਹਨ ।ਜਦੋ ਘਰ ਵਾਲਾ ਆਪਣਾ ਕੰਮ ਜੋ ਉਹ ਕਰ ਰਿਹਾ ਹੁੰਦਾ ,ਛੱਡ ਕੇ ਗੇਟ ਤੇ ਪਉਂਚਦਾ ਹੈ ਤਾ ਅਗੋ ਇੰਨਾ ਭਿਖਾਰੀਆਂ ਨੂੰ ਵੇਖ ਕੇ ਕਲਪ ਜਾਂਦਾ ਹੈ ।ਇੰਨਾ ਕੋਈ ਟਾਈਮ ਨੀ ਵੇਖਣਾ ਕੇ ਬੰਦਾ ਆਰਾਮ ਕਰਦਾ ਹੋਵੇਗਾ ਜਾ ਫਿਰ ਤਿਆਰ ਹੋ ਕੇ ਉਸ ਨੇ ਡਿਊਟੀ ਤੇ ਵੀ ਜਾਣਾ ਹੋ ਸਕਦਾ ਹੈ ।ਫਿਰ ਮੰਗਣਗੇ ਵੀ ਪੂਰੇ ਰੋਅਬ ਨਾਲ ।ਜਿਵੇਂ ਤੁਸੀਂ ਉਹਨਾਂ ਨੂੰ ਦਾਨ ਨਹੀਂ ਬਲਕੇ ਉਹਨਾਂ ਦਾ ਕਰਜ਼ਾ ਦੇਣਾ ਹੋਵੇ ।ਇਕ ਦੋ ਰੁਪਿਆ ਤਾ ਇਹ ਫੜਦੇ ਨਹੀਂ ।ਤੇ ਮੰਗ ਵੀ 10 ਤੋ ਘਟ ਨੀ ਕਰਦੇ।ਪਹਿਲਾ ਕੋਈ ਸਮਾ ਹੁੰਦਾ ਸੀ ।ਲੋਕ ਘਰ ਆਏ ਮੰਗਤੇ ਨੂੰ ਆਟਾ ਵਗੈਰਾ ਪਾ ਦਿਆ ਕਰਦੇ ਸਨ ।ਉਹ ਚੁੱਪ ਚਾਪ ਲੈ ਕੇ ਚਲਾ ਜਾਂਦਾ ਸੀ।ਪਰ ਅੱਜ ਕੱਲ ਦੇ ਮੰਗਤੇ ਜਾ ਭਿਖਾਰੀ ਤਾ ਤੋਬਾ ਤੋਬਾ ।ਘਟ ਪੈਸੇ ਦੇਣ ਤੇ ਬੜੇ ਰੋਅਬ ਨਾਲ ਕਹਿਣਗੇ ਸਰਦਾਰ ਜੀ ,ਇਸ ਸੇ ਕਿਆ ਬਣੇਗਾ ?ਥੋੜੇ ਔਰ ਤੋ ਦੇ ਦੋ ਨਾ। ਇੰਨਾ ਵਿਚੋਂ ਬਹੁਤ ਸਾਰੇ ਭਿਖਾਰੀ ਅਜਿਹੇ ਹੁੰਦੇ ਹਨ ।ਜੋ ਸਿਹਤ ਪੱਖੋਂ ਚੰਗੇ ਹੱਟੇ ਕੱਟੇ ਹੁੰਦੇ ਹਨ ।ਜੋ ਚੰਗਾ ਭਲਾ ਕੰਮ ਕਰ ਸਕਦੇ ਹਨ ।ਪਰ ਵੇਖੋ ਵੇਖੀ ਇਹ ਲੋਕ ਭੀਖ ਮੰਗਣ ਲੱਗ ਜਾਂਦੇ ਹਨ ।ਜੋ ਇਕ ਲਾਹਨਤ ਹੈ ।

ਕਿੰਨਰ ਤੇ ਭਿਖਾਰੀਆਂ ਦੀ ਵਧ ਰਹੀ ਤਾਦਾਦ ਸਾਡੇ ਲਈ ਇਕ ਚਨੌਤੀ ਹਨ । ਸਰਕਾਰ ਨੂੰ ਇਸ ਪ੍ਰਤੀ ਕੋਈ ਨਾ ਕੋਈ ਸਖ਼ਤ ਕਾਨੂੰਨ ਜਰੂਰ ਬਣਾਉਣਾ ਚਸ਼ੀਦਾ ਹੈ ।ਤਾ ਜੋ ਭਿਖਾਰੀਆਂ ਤੇ ਕਿੰਨਰਾਂ ਦੀ ਵੇਲ ਵਾਂਗ ਵਧ ਰਹੀ ਬੀਮਾਰੀ ਨੂੰ ਰੋਕਿਆ ਜਾ ਸਕੇ ।ਕਿਉਂਕਿ ਇਹ ਕਿੰਨਰ ਤੇ ਭਿਖਾਰੀ ਲੋਕਾਂ ਲਈ ਇਕ ਵੱਡੀ ਮੁਸ਼ਕਿਲ ਤੋ ਘਟ ਨਹੀਂ ਹਨ।ਕਈ ਵਾਰ ਤਾ ਇਹ ਭਿਖਾਰੀ ਮੰਗਣ ਵੇਲੇ ਬੰਦੇ ਨੂੰ ਇੰਨਾ ਜਲੀਲ ਕਰਦੇ ਹਨ ਕੇ ਬੰਦਾ ਦੁਖੀ ਆ ਜਾਂਦਾ ਹੈ ।ਇੰਨਾ ਭੀਖ ਮੰਗਾਂ ਵਾਲਿਆਂ ਚ ਬਹੁਤੀ ਵਾਰ ਵੇਖਿਆ ਗਿਆ ਹੈ ਕੇ ਛੋਟੇ ਛੋਟੇ ਬੱਚੇ ਸ਼ਾਮਿਲ ਹੁੰਦੇ ਹਨ।।ਬੰਦਾ ਕੋਈ ਸਾਮਾਨ ਲੈ ਰਿਹਾ ਹੁੰਦਾ ਹੈ ਜਾ ਕੁਝ ਖਾ ਰਿਹਾ ਹੁੰਦਾ ।ਇਹ ਛੋਟੇ ਛੋਟੇ ਬੱਚੇ ਉਸਦੇ ਕੱਪੜੇ ਖਿੱਚੀ ਜਾਣਗੇ।ਬੰਦਾ ਖ਼ਫ਼ਾ ਹੋ ਜਾਂਦਾ ਹੈ ।ਇੰਨਾ ਬਚਿਆਂ ਵਿਚੋਂ ਕਈ ਤਾ ਸਕੂਲਾਂ ਚ ਪੜਦੇ ਹਨ ਤੇ ਮੰਗਣ ਦੇ ਲਾਲਚ ਸਕੂਲ ਵੀ ਜਾਂਦੇ ਨਹੀਂ । ਇਹ ਵੀ ਵੇਖਿਆ ਗਿਆ ਹੈ ਕੇ ਕਈ ਵਾਰ 10-10-12-12 ਸਾਲ ਦੀਆਂ ਕੁੜੀਆਂ ਭੀਖ ਮੰਗ ਰਹੀਆਂ ਹੁੰਦੀਆਂ ਹਨ ।ਜਿਸ ਨਾਲ ਕਈ ਵਾਰ ਤਾ ਇਲਜ਼ਾਮ ਲਗਨ ਦੇ ਡਰ ਤੋ ਹੀ ਬੰਦਾ ਭੀਖ ਦੇ ਦਿੰਦਾ ਹੈ ।ਕਿਉਂਕਿ ਮੰਗਣ ਦੀ ਵਜ੍ਹਾ ਕਰਕੇ ਗਲਤ ਘਟਨਾਵਾਂ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ ।ਜੋ ਸਾਡੇ ਸਮਾਜ ਵਾਸਤੇ ਚੌਣੋਤੀ ਹੈ ।ਇਸ ਤੋ ਬਿਨਾ ਇਸ ਨਾਲ ਚੋਰੀ ਤੇ ਲੁੱਟ ਖੋਹ ਦੀਆਂ ਘਟਨਾਵਾਂ ਚ ਵੀ ਵਾਧਾ ਹੋ ਰਿਹਾ ਹੈ।ਜੋ ਪ੍ਰਸ਼ਾਸਨ ਵਾਸਤੇ ਤੇ ਆਮ ਲੋਕਾਂ ਲਈ ਇਕ ਚਨੌਤੀ ਤੇ ਮੁਸ਼ਕਲ ਤੋ ਘਟ ਨਹੀਂ ਹੈ ।ਸੋ ਸਰਕਾਰ ਨੂੰ ਕਿੰਨਰ ਤੇ ਭੀਖੀਪੁਣੇ ਦੀ ਵਧ ਰਹੀ ਸਮੱਸਿਆ ਨੂੰ ਲਗਾਮ ਪਾਉਣ ਵਾਸਤੇ ਸਖ਼ਤ ਕਦਮ ਪੁੱਟਣ ਦੀ ਲੋੜ ਹੈ ।ਕਾਨੂੰਨ ਬਣਾਏ ਜਾਣ ਵੀ ਜਰੂਰਤ ਹੈ।ਤਾਂ ਜੋ ਲੋਕਾਂ ਨੂੰ ਇਸ ਪਨਪ ਰਹੇ ਗੋਰਖ ਧੰਦੇ ਤੋ ਨਜਾਤ ਮਿਲ ਸਕੇ ।ਕਿਉਂਕੇ ਮੰਗਣਾ ਇਕ ਸਮਾਜਿਕ ਬੁਰਾਈ ਹੈ ।ਇਕ ਲਾਹਨਤ ਹੈ ।ਜਿਸ ਨੂੰ ਰੋਕਿਆ ਜਾਣਾ ਚਾਹੀਦਾ ਹੈ ।ਜਿਸ ਲਈ ਸਰਕਾਰ ਤੇ ਲੋਕਾਂ ਨੂੰ ਮਿਲਕੇ ਹੰਭਲਾ ਮਾਰਨਾ ਪਵੇਗਾ । ਪਿਛਲੇ ਹਫ਼ਤੇ ਤੋਂ ਸਰਕਾਰ ਵੱਲੋਂ ਭਿਖਾਰੀਆਂ ਪ੍ਰਤੀ ਸਖ਼ਤੀ ਵਾਲੇ ਕਦਮ ਚੁੱਕੇ ਜਾਣ ਦੇ ਫ਼ੈਸਲੇ ਦੀ ਜਿੱਥੇ ਅਸੀ ਸਰਾਹਨਾ ਕਰਦੇ ਹਾਂ ਉੱਥੇ ਨਾਲ ਹੀ ਮਾਨ ਸਰਕਾਰ ਨੂੰ ਕਿੰਨਰਾਂ ਖ਼ਿਲਾਫ਼ ਕਾਰਵਾਈ ਕਰਨ ਦੀ ਅਪੀਲ ਵੀ ਕਰਦੇ ਹਾਂ। ਤਾਂ ਜੋ ਉਕਤ ਦੋਵੇ ਗੋਰਖ ਧੰਦਿਆਂ ਨੂੰ ਬੇਨਕਾਬ ਕਰਕੇ ਲੋਕਾਂ ਨੂੰ ਇਨਾਂ ਤੋਂ ਨਿਜ਼ਾਤ ਦਿਵਾਈ ਜਾ ਸਕੇ ।

*****

## **ਭਿਖਾਰੀਆਂ ਦੀ ਲੇਰ**

ਬਣਾਇਆ ਇੱਕ ਕਾਨੂੰਨ ਭਿਖਾਰੀਆਂ 'ਤੇ,
ਸੱਚੀਂ ਨਿੱਕਲੀ ਭਿਖਾਰੀਆਂ ਦੀ ਲੇਰ 'ਪੱਤੋ'।

ਤੰਗ ਕਰਦੇ ਸੀ ਰਾਹ ਜਾਂਦਿਆਂ ਨੂੰ,
ਹੋਏ ਫਿਰਦੇ ਸੀ ਕਿੰਨੇ ਦਲੇਰ 'ਪੱਤੋ'।

ਜੇ ਕੋਈ ਕੁਝ ਨਾ ਦੇਵੇ ਮੰਗਤਿਆਂ ਨੂੰ,
ਲਾ ਦਿੰਦੇ ਨੇ ਗਾਲਾਂ ਦੇ ਢੇਰ 'ਪੱਤੋ'।

ਚੰਗਾ ਕਸਿਆ ਸ਼ਿਕੰਜਾ ਸਰਕਾਰ ਨੇ ਹੈ,
ਕਰੋ ਡੋਪ ਟੈਸਟ ,ਕਹੋ ਨਾ ਫੇਰ 'ਪੱਤੋ'।

ਭਵਿੱਖ ਬਚ ਜਾਣਾਂ ਛੋਟੇ ਬੱਚਿਆਂ ਦਾ,
ਜਿਹੜੇ ਡੁੱਬੇ ਸੀ ਵਿੱਚ ਹਨੇਰ 'ਪੱਤੋ'।

ਚੰਗਾ ਹੁੰਦਾ ਇਹ ਕੰਮ ਪਹਿਲਾਂ ਹੋ ਜਾਂਦਾ,
ਚੱਲੋ ਸ਼ੁਕਰ!ਦਰੁਸਤ,ਆਏ ਦੇਰ 'ਪੱਤੋ'।

ਮੰਗਤੇ ਹੋਰ ਵੀ ਮੁੱਕਣ ਪੰਜਾਬ ਵਿੱਚੋਂ,
ਚੜ੍ਹ ਜਾਣੀ ਫਿਰ ਨਵੀਂ ਸਵੇਰ 'ਪੱਤੋ'।

ਜੇ ਮੰਗਣਾਂ ਹੈ ,ਮੰਗੋ ਉਸ ਰੱਬ ਕੋਲੋਂ ,
ਦਿੰਦੀ ਮਿਹਨਤ ਹੈ ਰੰਗ ਬਿਖੇਰ 'ਪੱਤੋ'।

ਹਰਪ੍ਰੀਤ ਪੱਤੋ
94658-21417







# ਰੋਮਾਂਟਿਕ ਤੇ ਦਰਦ ਭਰੀ ਆਵਾਜ਼ ਦਾ ਸਦਾਬਹਾਰ ਗਾਇਕ ਮੁਕੇਸ਼

ਬਲਦੇਵ ਸਿੰਘ ਬੇਦੀ
9041925181

ਹਿੰਦੀ ਸਿਨੇਮਾ ਦੀ ਦੁਨੀਆਂ ਵਿੱਚ ਕੁਝ ਅਵਾਜ਼ਾਂ ਅਜਿਹੀਆਂ ਵੀ ਰਹੀਆਂ ਹਨ, ਜੋ ਸਿਰਫ਼ ਕੰਨਾਂ ਤਕ ਹੀ ਨਹੀਂ, ਸਗੋਂ ਦਿਲਾਂ ਦੀ ਗਹਿਰਾਈ ਤਕ ਪਹੁੰਚਦੀਆਂ ਹਨ। ਇਹ ਅਵਾਜ਼ਾਂ ਸਿਰਫ਼ ਗੀਤਾਂ ਦੀ ਰੂਹ ਨਹੀਂ ਬਣੀਆਂ, ਬਲਕਿ ਦਰਸ਼ਕਾਂ ਦੇ ਹਿਰਦੇ 'ਚ ਅਮਿੱਟ ਛਾਪ ਛੱਡ ਗਈਆਂ। ਅਜਿਹੀ ਹੀ ਇਕ ਅਵਾਜ਼ ਸੀ ਮੁਕੇਸ਼ ਦੀ, ਜੋ ਨਰਮ, ਮਿੱਠੀ ਤੇ ਭਾਵਨਾਵਾਂ ਨਾਲ ਭਰੀ ਹੋਈ ਸੀ। ਜਿਸ ਦੀ ਆਵਾਜ਼ ਵਿੱਚ ਦਰਦ ਅਤੇ ਪ੍ਰੇਮ ਦੀ ਇੱਕ ਅਜਿਹੀ ਸਚਾਈ ਸੀ ਜੋ ਸੁਣਨ ਵਾਲੇ ਦੇ ਦਿਲ ਨੂੰ ਜਕੜ ਲੈਂਦੀ ਸੀ।

22 ਜੁਲਾਈ 1923 ਨੂੰ ਦਿੱਲੀ ਦੇ ਇੱਕ ਸਧਾਰਣ ਪਰਿਵਾਰ ਵਿੱਚ ਇਸ ਮਹਾਨ ਫ਼ਨਕਾਰ ਦਾ ਜਨਮ ਹੋਇਆ। ਜਿੰਨ੍ਹਾਂ ਦਾ ਪੂਰਾ ਨਾਮ ਮੁਕੇਸ਼ ਚੰਦ ਮਾਥੁਰ ਸੀ। ਪਰਿਵਾਰ ਵਿੱਚ ਕਿਸੇ ਨੇ ਵੀ ਕਦੇ ਨਹੀਂ ਸੋਚਿਆ ਸੀ ਕਿ ਇਹ ਨੌਜਵਾਨ ਇੱਕ ਦਿਨ ਸੰਗੀਤਕ ਦੁਨੀਆ ਦੇ ਅਸਮਾਨ 'ਚ ਚਮਕਦਾ ਤਾਰਾ ਬਣੂਗਾ। ਛੋਟੀ ਉਮਰ ਤੋਂ ਹੀ ਮੁਕੇਸ਼ ਨੂੰ ਗੀਤ ਗਾਉਣ ਦਾ ਬਹੁਤ ਸ਼ੌਂਕ ਸੀ। ਉਹ ਅਕਸਰ ਕੇ.ਐਲ. ਸਹਿਗਲ ਦੇ ਗੀਤਾਂ ਨੂੰ ਆਪਣੇ ਦੋਸਤਾਂ ਅਤੇ ਸਕੂਲ ਦੇ ਪ੍ਰੋਗਰਾਮਾ ਵਿੱਚ ਸੁਣਾਉਂਦੇ ਰਹਿੰਦੇ ਸਨ। ਨੌਜਵਾਨੀ ਵਿੱਚ ਉਨ੍ਹਾਂ ਨੇ ਇੱਕ ਵਿਆਹ ਸਮਾਰੋਹ ਵਿੱਚ ਗੀਤ ਗਾਇਆ, ਜਿੱਥੇ ਹਿੰਦੀ ਫਿਲਮਾਂ ਨਾਲ ਜੁੜੇ ਲੋਕ ਮੌਜੂਦ ਸਨ। ਉਨ੍ਹਾਂ ਦੀ ਆਵਾਜ਼ ਨੇ ਸਭਨਾਂ ਦੇ ਦਿਲਾਂ ਨੂੰ ਮੋਹ ਲਿਆ ਅਤੇ ਇਸ ਮੋੜ ਨੇ ਉਨ੍ਹਾਂ ਦੀ ਜ਼ਿੰਦਗੀ ਦੀ ਜਿਵੇਂ ਦਿਸ਼ਾ ਹੀ ਬਦਲ ਦਿੱਤੀ ਹੋਵੇ। ਮਸ਼ਹੂਰ ਅਦਾਕਾਰ ਮੋਤੀਲਾਲ (ਜੋ ਉਨ੍ਹਾਂ ਦੇ ਰਿਸ਼ਤੇਦਾਰ ਵੀ ਸਨ) ਨੇ ਉਨ੍ਹਾਂ ਦੀ ਗਾਇਕੀ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੂੰ ਬਾਲੀਵੁੱਡ ਲੈ ਜਾਣ ਦਾ ਫੈਸਲਾ ਲਿਆ।

ਮੁਕੇਸ਼ ਨੇ ਮੁੰਬਈ ਪਹੁੰਚ ਕੇ ਸੰਗੀਤ ਸਿੱਖਣ ਤੋਂ ਬਾਅਦ ਆਪਣਾ ਪਹਿਲਾ ਗੀਤ 1941 ਦੀ ਫ਼ਿਲਮ 'ਨਿਰਦੋਸ਼' ਲਈ "ਦਿਲ ਹੀ ਬੂਝਾ ਰਹਾ ਹੋ ਤੋ" ਰਿਕਾਰਡ ਕਰਵਾਇਆ। ਪਰ ਉਨ੍ਹਾਂ ਨੂੰ ਅਸਲ ਪਛਾਣ 1945 ਦੀ ਫਿਲਮ 'ਪਹਿਲੀ ਨਜ਼ਰ' ਦੇ ਗੀਤ "ਦਿਲ ਜਲਤਾ ਹੈ ਤੋ ਜਲਨੇ ਦੋ" ਨਾਲ ਮਿਲੀ। ਇਹ ਗੀਤ ਉਨ੍ਹਾਂ ਦੀ ਆਵਾਜ਼ ਦੀ ਅਜਿਹੀ ਪਛਾਣ ਬਣ ਗਿਆ ਕਿ ਲੋਕਾਂ ਨੇ ਸੋਚਿਆ ਇਹ ਕੇ. ਐਲ. ਸਹਿਗਲ ਨੇ ਗਾਇਆ ਹੈ, ਪਰ ਜਦੋਂ ਪਤਾ ਲੱਗਿਆ ਕਿ ਇਹ ਇਕ ਨਵੇਂ ਗਾਇਕ ਮੁਕੇਸ਼ ਦੀ ਆਵਾਜ਼ ਹੈ, ਤਾਂ ਲੋਕ ਹੈਰਾਨ ਹੀ ਰਹਿ ਗਏ। ਇਸ ਤੋਂ ਬਾਅਦ ਮੁਕੇਸ਼ ਨੇ ਪਿੱਛੇ ਮੁੜ ਕੇ ਨਹੀਂ ਦੇਖਿਆ। ਰਾਜ ਕਪੂਰ ਦੇ ਰੂਪ ਵਿੱਚ ਉਨ੍ਹਾਂ ਨੂੰ ਇੱਕ ਅਜਿਹਾ ਚਿਹਰਾ ਮਿਲ ਗਿਆ ਜਿਸ ਲਈ ਉਨ੍ਹਾਂ ਦੀ ਆਵਾਜ਼ ਬਿਲਕੁਲ ਫਿਟ ਬੈਠਦੀ ਸੀ। ਰਾਜ ਕਪੂਰ ਤੇ ਮੁਕੇਸ਼ ਦੀ ਜੋੜੀ ਨੇ ਬੇਹਦ ਮਸ਼ਹੂਰ ਗੀਤ ਦਿੱਤੇ ਜਿਵੇਂ:-

"ਸੁਹਾਨਾ ਸਫਰ ਔਰ ਯੇ ਮੌਸਮ ਹਸੀਨ"
"ਦੋਸਤ ਦੋਸਤ ਨਾ ਰਿਹਾ"
"ਜਾਨੇ ਕਹਾਂ ਗਏ ਵੋ ਦਿਨ"
"ਮੇਰਾ ਜੂਤਾ ਹੈ ਜਾਪਾਨੀ"
"ਸਜਨ ਰੇ ਝੂਠ ਮਤ ਬੋਲੋ"
"ਏ ਭਾਈ ਜ਼ਰਾ ਦੇਖ ਕੇ ਚਲੋ"
"ਕੋਈ ਜਬ ਤੁਮਾਰ੍ਹਾ ਹਿਰਦੇ ਤੋੜ ਦੇ"

ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਗੀਤ ਜੋ ਅੱਜ ਵੀ ਲੋਕਾਂ ਦੀ ਜ਼ੁਬਾਂ ਤੇ ਹਨ। ਮੁਕੇਸ਼ ਦੀ ਆਵਾਜ਼ ਵਿਚ ਇੱਕ ਆਤਮਿਕ ਸੁਰ ਸਨ। ਉਹ ਨਾ ਤੇ ਢੋਲ-ਧਮਾਕਿਆਂ ਵਾਲਾ ਗਾਇਕ ਸੀ ਅਤੇ ਨਾ ਹੀ ਰੌਲੇ-ਰੱਪੇ ਵਾਲਾ। ਉਹ ਇੱਕ ਅਜਿਹਾ ਫਨਕਾਰ ਸੀ ਜੋ ਜ਼ਿੰਦਗੀ ਦੇ ਦਰਦ ਨੂੰ ਸੁਰੀਲੇ ਰੂਪ ਵਿੱਚ ਪੇਸ਼ ਕਰਦਾ ਸੀ, ਜਿਸ ਦੀ ਆਵਾਜ਼ ਵਿੱਚ ਵਿਅਕਤੀਗਤ ਦਰਦ ਅਤੇ ਸਧਾਰਨ-ਪਣ ਦੀ ਮਿੱਠੀ ਖੁਸ਼ਬੂ ਸੀ। ਇਹੀ ਕਾਰਨ ਸੀ ਕਿ ਉਹਨਾਂ ਦੇ ਗੀਤ ਹਰ ਆਦਮੀ ਦੀ ਆਵਾਜ਼ ਬਣੇ। ਬਹੁਤੇ ਲੋਕ ਸ਼ਾਇਦ ਇਹ ਗੱਲ ਘੱਟ ਹੀ ਜਾਣਦੇ ਹੋਣਗੇ ਕਿ ਮੁਕੇਸ਼ ਨੇ ਦਸ ਤੋਂ ਵੱਧ ਫਿਲਮਾਂ ਵਿੱਚ ਅਦਾਕਾਰੀ ਵੀ ਕੀਤੀ ਸੀ। ਹਾਲਾਂਕਿ ਉਨ੍ਹਾਂ ਨੂੰ ਵਧੇਰੇ ਮਾਣ ਉਨ੍ਹਾਂ ਦੀ ਗਾਇਕੀ ਨੇ ਦਿੱਤਾ, ਪਰ ਉਨ੍ਹਾਂ ਦੀ ਸਧਾਰਨਤਾ ਅਤੇ ਦਿਲੀ ਭਾਵਨਾ ਉਨ੍ਹਾਂ ਦੇ ਅਦਾਕਾਰੀ ਪਾਤਰਾਂ ਵਿੱਚ ਵੀ ਦਿਖੀ ਸੀ।

27 ਅਗਸਤ 1976 ਨੂੰ ਅਮਰੀਕਾ ਵਿਖੇ ਇਕ ਸੰਗੀਤ ਸਮਾਗਮ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ 53 ਸਾਲਾਂ ਮੁਕੇਸ਼ ਇਸ ਫ਼ਾਨੀ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਏ।ਹਾਲਾਂਕਿ ਉਨ੍ਹਾਂ ਦੀ ਜ਼ਿੰਦਗੀ ਅਚਾਨਕ ਖਤਮ ਹੋ ਗਈ, ਪਰ ਉਨ੍ਹਾਂ ਦੀ ਆਵਾਜ਼ ਅੱਜ ਵੀ ਸਾਂਝੀ ਧਰੋਹਰ ਵਜੋਂ ਜਿਉਂਦੀ ਹੈ। ਮੁਕੇਸ਼ ਦੀ ਆਵਾਜ਼ ਨੇ ਹਿੰਦੀ ਫਿਲਮ ਸੰਗੀਤ ਨੂੰ ਇੱਕ ਨਵੀਂ ਦਿਸ਼ਾ ਦਿੱਤੀ। ਉਨ੍ਹਾਂ ਦੇ ਪੁੱਤਰ ਨਿਤਿਨ ਮੁਕੇਸ਼ ਨੇ ਆਪਣੇ ਪਿਓ ਤੋਂ ਸੰਗੀਤ ਦੀ ਗੁੜ੍ਹਤੀ ਲੇ ਗੀਤਾਂ ਦੇ ਸਫ਼ਰ ਨੂੰ ਜਾਰੀ ਰਖਿਆ। ਪੋਤਰਾ ਨੀਲ ਨਿਤਿਨ ਮੁਕੇਸ਼ ਵੀ ਸਿਨੇਮਾ ਦੀ ਦੁਨੀਆ 'ਚ ਆਪਣਾ ਯੋਗਦਾਨ ਦੇ ਰਿਹਾ ਹੈ।

ਤਿੰਨ ਦਹਾਕਿਆਂ 'ਚ ਤਕਰੀਬਨ 500 ਫ਼ਿਲਮਾਂ ਵਿਚ ਲਗਭਗ 1000 ਤੋਂ ਵੱਧ ਉਨ੍ਹਾਂ ਦੇ ਗਾਏ ਗੀਤ ਅੱਜ ਵੀ ਰੇਡੀਓ, ਯੂਟਿਊਬ, ਅਤੇ ਸਟੇਜ 'ਤੇ ਵੱਜਦੇ ਹਨ। ਜਦੋਂ ਵੀ ਕਿਸੇ ਮਨੁੱਖ ਦੇ ਦਿਲ ਵਿੱਚ ਦਰਦ ਜਾਂ ਪਿਆਰ ਉੱਭਰਦਾ ਹੈ ਤਾਂ ਮੁਕੇਸ਼ ਦੀ ਆਵਾਜ਼ ਗੀਤਾਂ ਰਾਹੀਂ ਉਸਦੀ ਸਾਥੀ ਬਣ ਜਾਂਦੀ ਹੈ।



**ਤਿੰਨ ਦਹਾਕਿਆਂ 'ਚ ਤਕਰੀਬਨ 500 ਫ਼ਿਲਮਾਂ ਵਿਚ ਲਗਭਗ 1000 ਤੋਂ ਵੱਧ ਉਨ੍ਹਾਂ ਦੇ ਗਾਏ ਗੀਤ ਅੱਜ ਵੀ ਰੇਡੀਓ, ਯੂਟਿਊਬ, ਅਤੇ ਸਟੇਜ 'ਤੇ ਵੱਜਦੇ ਹਨ। ਜਦੋਂ ਵੀ ਕਿਸੇ ਮਨੁੱਖ ਦੇ ਦਿਲ ਵਿੱਚ ਦਰਦ ਜਾਂ ਪਿਆਰ ਉੱਭਰਦਾ ਹੈ ਤਾਂ ਮੁਕੇਸ਼ ਦੀ ਆਵਾਜ਼ ਗੀਤਾਂ ਰਾਹੀਂ ਉਸਦੀ ਸਾਥੀ ਬਣ ਜਾਂਦੀ ਹੈ।**

# ਸਮੇਂ ਦੀ ਲੋੜ ਬਣਿਆ 'ਡਿਜੀਟਲ ਡੀਟੌਕਸ'

ਜਗਜੀਤ ਸਿੰਘ ਗਣੇਸ਼ਪੁਰ




ਮੌਜੂਦਾ ਸਮੇਂ ਸੂਚਨਾ ਤਕਨੀਕੀ ਸਾਧਨਾਂ ਨੇ ਜਿੱਥੇ ਸਾਡੇ ਲਈ ਗਿਆਨ ਅਤੇ ਸੰਚਾਰ ਦੇ ਨਵੇਂ ਰਾਹ ਖੋਲ੍ਹੇ ਹਨ, ਉੱਥੇ ਹੀ ਇਸ ਦੀ ਹੱਦ ਤੋਂ ਵੱਧ ਵਰਤੋਂ ਪੂਰੀ ਦੁਨੀਆ ਵਿੱਚ ਇੱਕ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਇਸ ਹੀ ਸੰਦਰਭ ਵਿੱਚ 'ਡਿਜੀਟਲ ਡੀਟੌਕਸ' ਸ਼ਬਦ ਵਰਤਮਾਨ ਸਮੇਂ ਬਹੁਤ ਚਰਚਾ ਵਿੱਚ ਬਣਿਆ ਹੋਇਆ ਹੈ। ਜੇਕਰ ਇਸ ਟਰਮ ਦੇ ਅਰਥਾਂ ਬਾਰੇ ਗੱਲ ਕਰੀਏ ਤਾਂ ਇਸ ਤੋਂ ਭਾਵ ਉਸ ਸਮੇਂ ਦੇ ਅੰਤਰਾਲ ਤੋਂ ਲਿਆ ਜਾਂਦਾ ਹੈ, ਜਦੋਂ ਕੋਈ ਵਿਅਕਤੀ ਜਾਣ-ਬੁੱਝ ਕੇ ਡਿਜੀਟਲ ਉਪਕਰਨਾਂ ਅਤੇ ਆਨਲਾਈਨ ਮੰਚਾਂ ਦੀ ਵਰਤੋਂ ਨੂੰ ਘਟਾਉਂਦਾ ਜਾਂ ਖ਼ਤਮ ਕਰਦਾ ਹੈ, ਤਾਂ ਜੋ ਮਨ ਅਤੇ ਸਰੀਰ ਨੂੰ ਤਕਨੀਕ ਦੀ ਨਿਰੰਤਰ ਉਤੇਜਨਾ ਤੋਂ ਨਿਜਾਤ ਮਿਲ ਸਕੇ। ਇਸ ਵਿੱਚ ਸੋਸ਼ਲ ਮੀਡੀਆ, ਈਮੇਲ, ਸਮਾਰਟ ਫੋਨ, ਕੰਪਿਊਟਰ ਅਤੇ ਇੱਥੋਂ ਤੱਕ ਕਿ ਆਮ ਤੌਰ 'ਤੇ ਇੰਟਰਨੈੱਟ ਤੋਂ ਵੀ ਬਰੇਕ ਲੈਣਾ ਸ਼ਾਮਲ ਹੋ ਸਕਦਾ ਹੈ। ਇਸ ਦਾ ਸਮਾਂ ਹਫ਼ਤੇ ਵਿੱਚ ਇੱਕ ਦਿਨ, ਮਹੀਨੇ ਵਿੱਚ ਇੱਕ ਹਫ਼ਤਾ, ਕਿਸੇ ਵੇਲੇ ਪੂਰਾ ਮਹੀਨਾ ਜਾਂ ਇਸ ਤੋਂ ਵੀ ਵੱਧ ਹੋ ਸਕਦਾ ਹੈ।

ਡਿਜੀਟਲ ਦੁਨੀਆ ਤੋਂ ਭਾਵ ਉਨ੍ਹਾਂ ਸਾਧਨਾਂ ਜਾਂ ਉਪਕਰਨਾਂ ਤੋਂ ਹੈ ਜਿਨ੍ਹਾਂ ਜ਼ਰੀਏ ਅਸੀਂ ਇੰਟਰਨੈੱਟ/ਨੈੱਟਵਰਕ ਉੱਪਰ ਸੰਚਾਰ/ਕੰਮਕਾਜ ਕਰਦੇ ਹਾਂ। ਹੁਣ ਤੁਹਾਡੇ ਮਨ ਅੰਦਰ ਇਹ ਸਵਾਲ ਜ਼ਰੂਰ ਉੱਠਦੇ ਹੋਣਗੇ ਕਿ ਅਜਿਹਾ ਕੀ ਹੋ ਗਿਆ ਕਿ ਸਾਨੂੰ ਇਨ੍ਹਾਂ ਉਪਕਰਨਾਂ/ਸਾਧਨਾਂ ਤੋਂ ਬਗੈਰ ਸਮਾਂ ਬਿਤਾਉਣ ਦੀ ਲੋੜ ਮਹਿਸੂਸ ਹੋ ਰਹੀ ਹੈ? ਇਸ ਦੇ ਉੱਤਰ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਮੌਜੂਦਾ ਸਮੇਂ ਦੁਨੀਆ ਦੇ ਬਹੁਤ ਸਾਰੇ ਅਧਿਐਨਾਂ ਵਿੱਚ ਇਹ ਗੱਲ ਉੱਭਰ ਕੇ ਸਾਹਮਣੇ ਆ ਰਹੀ ਹੈ ਕਿ ਦੁਨੀਆ ਦੀ ਇੱਕ ਵੱਡੀ ਗਿਣਤੀ ਇਨ੍ਹਾਂ ਉਪਕਰਨਾਂ ਖ਼ਾਸ ਤੌਰ 'ਤੇ ਸਮਾਰਟ ਫੋਨ, ਸੋਸ਼ਲ ਮੀਡੀਆ ਦੀ ਲਤ ਦਾ ਸ਼ਿਕਾਰ ਹੋ ਗਈ ਹੈ। ਸਵੇਰੇ ਸ਼ਾਮ ਫੋਨ 'ਤੇ ਸੋਸ਼ਲ ਮੀਡੀਆ ਉੱਪਰ ਸਮਾਂ ਬਿਤਾਉਣਾ ਇੱਕ ਆਮ ਵਰਤਾਰਾ ਬਣ ਗਿਆ ਹੈ। ਹੁਣ ਸਾਡੀ ਸਵੇਰ ਸੋਸ਼ਲ ਮੀਡੀਆ ਉੱਪਰ ਉਂਗਲਾਂ ਦੇ ਟੱਚ ਨਾਲ ਹੀ ਸ਼ੁਰੂ ਹੁੰਦੀ ਹੈ ਅਤੇ ਅੱਖਾਂ ਵਿੱਚ ਰਾਤ ਨੂੰ ਨੀਂਦ ਆਉਣ ਤੱਕ ਇਹ ਉਂਗਲਾਂ ਸਮਾਰਟ ਫੋਨ ਉੱਪਰ ਹੀ ਹੁੰਦੀਆਂ ਹਨ, ਜਿਸ ਨਾਲ ਸਾਡੇ ਸਰੀਰ ਅਤੇ ਦਿਮਾਗ਼ ਉੱਪਰ ਕਈ ਨਕਾਰਾਤਮਕ ਪ੍ਰਭਾਵ ਪੈ ਰਹੇ ਹਨ ਜਿਵੇਂ ਤਣਾਅ, ਉਦਾਸੀ, ਚਿੰਤਾ, ਇਕੱਲਾਪਣ, ਨੀਂਦ ਵਿੱਚ ਵਿਘਨ, ਖਾਣ-ਪੀਣ ਦੀਆਂ ਆਦਤਾਂ ਵਿੱਚ ਵਿਗਾੜ, ਆਪਣੇ ਆਲੇ-ਦੁਆਲੇ ਲੋਕਾਂ ਨਾਲ ਘੱਟ ਗੱਲਬਾਤ, ਪੜ੍ਹਾਈ ਅਤੇ ਕੰਮਕਾਜ ਵਿੱਚ ਨੁਕਸਾਨ ਆਦਿ।

ਕਰੋਨਾ ਕਾਲ ਦੌਰਾਨ ਤਾਂ ਇਸ ਦੀ ਵਰਤੋਂ ਹੋਰ ਵੀ ਵਧ ਗਈ ਹੈ। ਜਿਵੇਂ ਕਿਸੇ ਇਨਸਾਨ ਨੂੰ ਨਸ਼ੇ ਦੀ ਲਤ ਲੱਗ ਜਾਂਦੀ ਹੈ ਉਵੇਂ ਹੀ ਅੱਜ ਦੇ ਸਮੇਂ ਬੱਚੇ/ਨੌਜਵਾਨ ਇਨ੍ਹਾਂ ਸਾਧਨਾਂ ਦੀ ਹੱਦ ਤੋਂ ਵੱਧ ਵਰਤੋਂ ਦੀ ਲਤ ਦੇ ਸ਼ਿਕਾਰ ਹੋ ਰਹੇ ਹਨ। ਇਨ੍ਹਾਂ ਹੀ ਰੁਝਾਨਾਂ ਨੂੰ ਧਿਆਨ ਵਿੱਚ ਰੱਖਦੇ ਹੋਏ 'ਡਿਜੀਟਲ ਡੀਟੌਕਸ' ਦਾ ਅਭਿਆਸ ਅੱਜ-ਕੱਲ੍ਹ ਦੁਨੀਆ ਦੇ ਕਈ ਦੇਸ਼ਾਂ ਵਿੱਚ ਹੋ ਰਿਹਾ ਹੈ ਤਾਂ ਕਿ ਇਨ੍ਹਾਂ ਡਿਜੀਟਲ ਸਾਧਨਾਂ ਦੀ ਵਰਤੋਂ ਵਿੱਚ ਸੰਤੁਲਨ ਬਣਾ ਕੇ ਰੱਖਿਆ ਜਾ ਸਕੇ। ਪਿਛਲੇ ਸਮੇਂ ਦੌਰਾਨ ਦੁਨੀਆ ਦੇ ਬਹੁਤ ਸਾਰੇ ਸਕੂਲਾਂ ਵਿੱਚ ਇਹ ਪ੍ਰਯੋਗ ਵੱਡੇ ਪੱਧਰ ਉੱਪਰ ਹੋਏ ਹਨ। ਅਸੀਂ ਅਜਿਹਾ ਵੀ ਕਹਿ ਸਕਦੇ ਹਾਂ ਕਿ ਡਿਜੀਟਲ ਡੀਟੌਕਸ ਆਪਣੇ ਤੋਂ ਦੂਰ ਹੁੰਦੇ ਲੋਕਾਂ/ਰਿਸ਼ਤਿਆਂ/ਸ਼ੌਕਾਂ/ਦਿਲਚਸਪੀਆਂ/ਕੁਦਰਤ ਨਾਲ ਦੁਬਾਰਾ ਇਕਮਿਕ ਹੋਣ ਦਾ ਇੱਕ ਸਾਰਥਕ ਉਪਰਾਲਾ ਹੈ। ਡੀਟੌਕਸ ਤੁਹਾਨੂੰ ਆਫਲਾਈਨ ਸ਼ੌਕਾਂ ਨੂੰ ਦੁਬਾਰਾ ਖੋਜਣ, ਕੁਦਰਤ ਵਿੱਚ ਵਧੇਰੇ ਸਮਾਂ ਬਿਤਾਉਣ, ਕਿਤਾਬਾਂ ਪੜ੍ਹਨ, ਕਸਰਤ ਕਰਨ ਜਾਂ ਦੋਸਤਾਂ ਅਤੇ ਪਰਿਵਾਰ ਨਾਲ ਆਹਮੋ-ਸਾਹਮਣੇ ਗੱਲਬਾਤ ਵਿੱਚ ਸ਼ਾਮਲ ਹੋਣ ਵਿੱਚ ਮਦਦ ਕਰ ਸਕਦਾ ਹੈ। ਇੱਕ ਰਿਪੋਰਟ ਅਨੁਸਾਰ ਔਸਤਨ ਬਾਲਗ ਹੁਣ ਤੋਂ ਦੋ ਦਹਾਕੇ ਪਹਿਲਾਂ ਦੇ ਮੁਕਾਬਲੇ ਆਪਣੇ ਦੋਸਤਾਂ ਨਾਲ 70 ਫ਼ੀਸਦੀ ਘੱਟ ਸਮਾਂ ਬਿਤਾਉਂਦਾ ਹੈ। ਡਿਜੀਟਲ ਉਪਕਰਨ ਸੰਪਰਕ ਜ਼ਰੂਰ ਪ੍ਰਦਾਨ ਕਰਦੇ ਹਨ, ਪਰ ਇਸ ਵਿੱਚ ਅਨੁਭਵ ਦੇ ਕੁਝ ਹਿੱਸੇ ਗਾਇਬ ਹੁੰਦੇ ਹਨ, ਜਿਵੇਂ ਕਿ ਵਿਅਕਤੀਗਤ ਸੰਪਰਕ ਦੀ ਖ਼ੁਸ਼ੀ ਅਤੇ ਦੂਜਿਆਂ ਵਿੱਚ ਵਿਸ਼ਵਾਸ ਜੋ ਆਨਲਾਈਨ ਪ੍ਰਾਪਤ ਕਰਨਾ ਮੁਸ਼ਕਲ ਹੁੰਦਾ ਹੈ।

'ਨਿਊ ਯਾਰਕ ਟਾਈਮਜ਼' ਵਿੱਚ ਛਪੇ ਇੱਕ ਲੇਖ ਵਿੱਚ 'ਸੇਨ ਡਿਏਗੋ ਯੂਨੀਵਰਸਿਟੀ' ਦੇ ਮਨੋਵਿਗਿਆਨ ਦੇ ਪ੍ਰੋਫੈਸਰ ਅਤੇ 'ਆਈ-ਜੇਨ' (I-Gen) ਕਿਤਾਬ (ਜਿਹੜੀ ਕਿ ਸਮਾਰਟ ਫੋਨ ਯੁੱਗ ਵਿੱਚ ਵੱਡੀ ਹੋ ਰਹੀ ਨਵੀਂ ਪੀੜ੍ਹੀ ਬਾਰੇ ਹੈ) ਦੇ ਲੇਖਕ ਜੀਨ ਟਵਾਂਗੇ ਆਪਣੀ ਸਲਾਹ ਦਿੰਦੇ ਹੋਏ, ਇਸ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਬਾਲਗਾਂ ਅਤੇ ਕਿਸ਼ੋਰਾਂ ਨੂੰ ਆਪਣਾ ਸਮਾਰਟ ਫੋਨ ਰਾਤ ਨੂੰ ਸੌਣ ਵਾਲੇ ਕਮਰੇ ਵਿੱਚ ਨਹੀਂ ਰੱਖਣਾ ਚਾਹੀਦਾ। ਜੇ ਹੋ ਸਕੇ ਤਾਂ ਚਾਰਜਿੰਗ ਸੁਵਿਧਾ ਵੀ ਕਮਰੇ ਤੋਂ ਬਾਹਰ ਹੀ ਹੋਵੇ। ਇਸ ਪ੍ਰਕਾਰ ਅਸੀਂ ਇਹ ਆਖ ਸਕਦੇ ਹਾਂ ਕਿ ਸੂਚਨਾ ਤਕਨੀਕ ਸਾਧਨ ਮੌਜੂਦਾ ਸਮੇਂ ਸਾਡੀ ਲੋੜ ਬਣ ਚੁੱਕੇ ਹਨ, ਪ੍ਰੰਤੂ ਅਜਿਹਾ ਵੀ ਨਹੀਂ ਹੋਣਾ ਚਾਹੀਦਾ ਕਿ ਅਸੀਂ ਇਨ੍ਹਾਂ ਦੀ ਵਰਤੋਂ ਸਾਰਾ-ਸਾਰਾ ਦਿਨ ਕਰਦੇ ਹੋਏ ਇਨ੍ਹਾਂ ਵਿੱਚ ਹੀ ਗਵਾਚੇ ਰਹੀਏ ਤੇ ਅਸਲ ਦੁਨੀਆ ਨਾਲੋਂ ਟੁੱਟ ਕੇ ਅਜਿਹੇ ਮੁਕਾਮ ਉੱਪਰ ਪਹੁੰਚ ਜਾਈਏ ਜਿੱਥੇ ਸਾਡੇ ਆਪਣੇ, ਕੁਦਰਤ, ਸਾਡੀ ਦਿਲਚਸਪੀਆਂ ਸਾਥੋਂ ਦੂਰ ਹੋ ਜਾਣ ਅਤੇ ਅਸੀਂ ਇਨ੍ਹਾਂ ਦੀ ਸੰਗਤ ਦਾ ਰੰਗ ਹੀ ਨਾ ਮਾਣ ਸਕੀਏ, ਨਤੀਜੇ ਵਜੋਂ ਤਣਾਅ ਕਾਰਨ ਸਾਡੀ ਸਿਹਤ ਉੱਪਰ ਬਹੁਤ ਬੁਰਾ ਅਸਰ ਪੈ ਰਿਹਾ ਹੈ, ਸੋ ਸਾਨੂੰ ਇਨ੍ਹਾਂ ਸਾਧਨਾਂ ਦੀ ਸੰਜਮ ਨਾਲ ਸੁਚੱਜੀ ਵਰਤੋਂ ਕਰਨ 'ਤੇ ਜ਼ੋਰ ਦੇਣਾ ਚਾਹੀਦਾ ਹੈ। ਇਸ ਹੀ ਲੜੀ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਅੱਜ ਦੀ ਦੋੜ-ਭੱਜ ਅਤੇ ਡਿਜੀਟਲ ਦੁਨੀਆ ਤੋਂ ਅੰਤਰਾਲ ਲੈਣ ਲਈ ਡਿਜੀਟਲ ਡੀਟੌਕਸ ਵਿਧੀ ਇੱਕ ਵਧੀਆ ਚੋਣ ਹੋ ਸਕਦੀ ਹੈ।

ਡਿਜੀਟਲ ਡੀਟੌਕਸ ਕਿਵੇਂ ਕਰੀਏ:

ਸੀਮਾਵਾਂ ਨਿਰਧਾਰਤ ਕਰੋ: ਆਪਣੇ ਡੀਟੌਕਸ ਦੀ ਲੰਬਾਈ ਚੁਣੋ (ਜਿਵੇਂ ਕਿ ਕੁਝ ਘੰਟੇ, ਇੱਕ ਪੂਰਾ ਦਿਨ ਜਾਂ ਇੱਕ ਹਫ਼ਤਾ ਵੀ)। ਇਸ ਬਾਰੇ ਸਪੱਸ਼ਟ ਸੀਮਾਵਾਂ ਨਿਰਧਾਰਤ ਕਰੋ ਕਿ ਤੁਸੀਂ ਕਿਹੜੇ ਡਿਵਾਈਸਾਂ ਅਤੇ ਪਲੈਟਫਾਰਮਾਂ ਤੋਂ ਪਰਹੇਜ਼ ਕਰੋਗੇ। ਉਦਾਹਰਨ ਵਜੋਂ ਤੁਸੀਂ ਸੋਸ਼ਲ ਮੀਡੀਆ ਦੀ ਵਰਤੋਂ ਨੂੰ ਸੀਮਤ ਕਰਨ ਦਾ ਫ਼ੈਸਲਾ ਕਰ ਸਕਦੇ ਹੋ, ਪਰ ਫਿਰ ਵੀ ਕੰਮ ਲਈ ਕੰਪਿਊਟਰ ਦੀ ਵਰਤੋਂ ਕਰ ਸਕਦੇ ਹੋ।

ਨੋਟੀਫਿਕੇਸ਼ਨ ਬੰਦ ਕਰੋ: ਆਪਣੇ ਫੋਨ, ਈਮੇਲ ਅਤੇ ਐਪਸ 'ਤੇ ਸਾਰੀਆਂ ਗ਼ੈਰ-ਜ਼ਰੂਰੀ ਸੂਚਨਾਵਾਂ ਨੂੰ ਅਯੋਗ ਕਰੋ। ਇਹ ਤੁਹਾਡੀ ਡਿਵਾਈਸ ਨੂੰ ਲਗਾਤਾਰ ਚੈੱਕ ਕਰਨ ਦੇ ਲਾਲਚ ਨੂੰ ਘਟਾ ਦੇਵੇਗਾ।

ਤਕਨਾਲੋਜੀ ਦੀ ਧਿਆਨ ਨਾਲ ਵਰਤੋਂ ਕਰੋ: ਜੇਕਰ ਤੁਸੀਂ ਕੰਮ ਜਾਂ ਨਿੱਜੀ ਕਾਰਨਾਂ ਕਰਕੇ ਡਿਵਾਈਸਾਂ ਤੋਂ ਪੂਰੀ ਤਰ੍ਹਾਂ ਡਿਸਕਨੈਕਟ ਨਹੀਂ ਕਰ ਸਕਦੇ ਤਾਂ ਉਨ੍ਹਾਂ ਸਾਧਨਾਂ ਦੀ ਵਰਤੋਂ ਕਰੋ ਜੋ ਤੁਹਾਡੀ ਵਰਤੋਂ ਨੂੰ ਟਰੈਕ ਕਰਦੇ ਹਨ ਜਾਂ ਤੁਹਾਡੇ ਫੋਨ ਜਾਂ ਈਮੇਲ ਦੀ ਜਾਂਚ ਕਰਨ ਲਈ ਖ਼ਾਸ ਸਮਾਂ ਨਿਰਧਾਰਤ ਕਰਦੇ ਹਨ।

ਆਫਲਾਈਨ ਗਤੀਵਿਧੀਆਂ ਵਿੱਚ ਸ਼ਾਮਲ ਹੋਵੋ: ਉਹ ਸਮਾਂ ਜੋ ਤੁਸੀਂ ਆਮ ਤੌਰ 'ਤੇ ਆਨਲਾਈਨ ਬਿਤਾਉਂਦੇ ਹੋ, ਉਨ੍ਹਾਂ ਗਤੀਵਿਧੀਆਂ ਨਾਲ ਭਰੋ ਜਿਨ੍ਹਾਂ ਵਿੱਚ ਸਕਰੀਨ ਸ਼ਾਮਲ ਨਹੀਂ ਹੁੰਦੀ ਜਿਵੇਂ ਕਿ ਪੜ੍ਹਨਾ, ਖਾਣਾ ਪਕਾਉਣਾ, ਕਸਰਤ ਕਰਨਾ, ਧਿਆਨ ਕਰਨਾ ਜਾਂ ਅਜ਼ੀਜ਼ਾਂ ਨਾਲ ਸਮਾਂ ਬਿਤਾਉਣਾ।

ਡਿਵਾਈਸ-ਫ੍ਰੀ ਜ਼ੋਨ ਸੈੱਟ ਕਰੋ: ਆਪਣੇ ਘਰ ਵਿੱਚ ਖ਼ਾਸ ਖੇਤਰ ਬਣਾਓ ਜਿੱਥੇ ਡਿਜੀਟਲ ਡਿਵਾਈਸਾਂ ਦੀ ਇਜਾਜ਼ਤ ਨਹੀਂ ਹੈ, ਜਿਵੇਂ ਕਿ ਡਾਇਨਿੰਗ ਟੇਬਲ ਜਾਂ ਬੈੱਡਰੂਮ। ਇਹ ਤੁਹਾਡੇ ਫੋਨ ਜਾਂ ਲੈਪਟਾਪ ਦੀ ਵਰਤੋਂ ਕਰਨ ਦੇ ਲਾਲਚ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ ਜਦੋਂ ਤੁਹਾਨੂੰ ਆਰਾਮ ਕਰਨਾ ਚਾਹੀਦਾ ਹੈ।

ਹੌਲੀ-ਹੌਲੀ ਡੀਟੌਕਸ: ਜੇਕਰ ਇੱਕ ਪੂਰਾ ਡੀਟੌਕਸ ਬਹੁਤ ਜ਼ਿਆਦਾ ਮਹਿਸੂਸ ਹੁੰਦਾ ਹੈ ਤਾਂ ਇਸ ਦੀ ਸ਼ੁਰੂਆਤ ਥੋੜ੍ਹੇ ਸਮੇਂ ਨਾਲ ਕਰੋ। ਉਦਾਹਰਨ ਵਜੋਂ ਦਿਨ ਵਿੱਚ ਇੱਕ ਘੰਟੇ ਲਈ ਆਪਣੇ ਸੋਸ਼ਲ ਮੀਡੀਆ ਦੀ ਵਰਤੋਂ ਨੂੰ ਸੀਮਤ ਕਰਕੇ ਸ਼ੁਰੂ ਕਰੋ ਤੇ ਫਿਰ ਇਸ ਸਮੇਂ ਨੂੰ ਵਧਾਉਣ ਦੀ ਕੋਸ਼ਿਸ਼ ਕਰੋ।

ਤਕਨਾਲੋਜੀ ਨਾਲ ਆਪਣੇ ਰਿਸ਼ਤੇ ਦਾ ਮੁੜ ਮੁਲਾਂਕਣ ਕਰੋ: ਆਪਣੇ ਡੀਟੌਕਸ ਦੌਰਾਨ ਇਸ ਗੱਲ 'ਤੇ ਵਿਚਾਰ ਕਰਨ ਦਾ ਮੌਕਾ ਲਓ ਕਿ ਤੁਸੀਂ ਡਿਵਾਈਸਾਂ 'ਤੇ ਕਿੰਨਾ ਸਮਾਂ ਬਿਤਾਉਂਦੇ ਹੋ ਅਤੇ ਕੀ ਇਹ ਸਿਹਤਮੰਦ ਜਾਂ ਸੰਤੁਲਿਤ ਹੈ। ਇਹ ਤੁਹਾਨੂੰ ਤਕਨਾਲੋਜੀ ਦੀ ਵਰਤੋਂ ਕਰਨ ਦੇ ਤਰੀਕੇ ਵਿੱਚ ਲੰਬੇ ਸਮੇਂ ਦੇ ਬਦਲਾਅ ਕਰਨ ਲਈ ਅਗਵਾਈ ਕਰ ਸਕਦਾ ਹੈ।

ਜੇਕਰ ਤੁਹਾਨੂੰ ਡਿਸਕਨੈਕਟ ਕਰਨਾ ਮੁਸ਼ਕਲ ਲੱਗਦਾ ਹੈ, ਤਾਂ ਇਸ ਨੂੰ ਕਿਸੇ ਦੋਸਤ ਜਾਂ ਪਰਿਵਾਰਕ ਮੈਂਬਰ ਨਾਲ ਕਰਨ ਦੀ ਕੋਸ਼ਿਸ਼ ਕਰੋ। ਖ਼ਾਸ ਟੀਚੇ ਨਿਰਧਾਰਤ ਕਰੋ: "ਮੈਂ ਸਕਰੀਨਾਂ ਤੋਂ ਬਚਾਂਗਾ" ਕਹਿਣ ਦੀ ਬਜਾਏ, "ਮੈਂ 24 ਘੰਟੇ ਸੋਸ਼ਲ ਮੀਡੀਆ ਦੀ ਵਰਤੋਂ ਨਹੀਂ ਕਰਾਂਗਾ' ਜਾਂ 'ਮੈਂ ਸੌਣ ਤੋਂ ਇੱਕ ਘੰਟਾ ਪਹਿਲਾਂ ਆਪਣੇ ਫੋਨ ਦੀ ਵਰਤੋਂ ਬੰਦ ਕਰ ਦਿਆਂਗਾ' ਵਰਗੇ ਖ਼ਾਸ ਟੀਚੇ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰੋ। ਜੇਕਰ ਤੁਸੀਂ ਡੀਟੌਕਸ ਦੀ ਯੋਜਨਾ ਬਣਾ ਰਹੇ ਹੋ ਤਾਂ ਦੋਸਤਾਂ ਅਤੇ ਪਰਿਵਾਰ ਨੂੰ ਪਹਿਲਾਂ ਹੀ ਦੱਸੋ, ਖ਼ਾਸ ਕਰਕੇ ਜੇ ਤੁਸੀਂ ਕੁਝ ਸਮੇਂ ਲਈ ਪਹੁੰਚ ਤੋਂ ਬਾਹਰ ਹੋਣ ਦੀ ਉਮੀਦ ਕਰਦੇ ਹੋ।

ਡਿਜੀਟਲ ਡੀਟੌਕਸ ਤੁਹਾਡੇ ਦਿਮਾਗ਼ ਨੂੰ ਆਰਾਮ ਕਰਨ ਅਤੇ ਰੀਚਾਰਜ ਕਰਨ ਦਾ ਮੌਕਾ ਦਿੰਦਾ ਹੈ, ਬਰੇਕ ਤੋਂ ਬਾਅਦ ਤੁਹਾਡੇ ਅੰਦਰਲੇ ਰਚਨਾਤਮਕ ਪੱਖ ਨੂੰ ਬਾਹਰ ਲਿਆਉਣ ਵਿੱਚ ਸਹਾਇਤਾ ਕਰਦਾ ਹੈ। ਇਸ ਦੇ ਹੋਰ ਵੀ ਫਾਇਦੇ ਹਨ ਜਿਵੇਂ;

ਬਿਹਤਰ ਮਾਨਸਿਕ ਸਿਹਤ: ਚਿੰਤਾ, ਤਣਾਅ ਅਤੇ ਉਦਾਸੀ ਦੀਆਂ ਭਾਵਨਾਵਾਂ ਨੂੰ ਘਟਾਉਂਦਾ ਹੈ। ਸੋਸ਼ਲ ਮੀਡੀਆ 'ਤੇ ਤੁਲਨਾ ਅਤੇ FOMO (ਗੁੰਮ ਜਾਣ ਦਾ ਡਰ) ਦੇ ਚੱਕਰ ਨੂੰ ਤੋੜਦਾ ਹੈ।

ਨੀਂਦ ਦੀ ਗੁਣਵੱਤਾ ਵਿੱਚ ਸੁਧਾਰ: ਨੀਲੀ ਰੋਸ਼ਨੀ ਦੇ ਸੰਪਰਕ ਨੂੰ ਘਟਾਉਂਦਾ ਹੈ, ਜਿਸ ਨਾਲ ਤੁਹਾਨੂੰ ਜਲਦੀ ਸੌਣ ਵਿੱਚ ਮਦਦ ਮਿਲਦੀ ਹੈ। ਡੂੰਘੀ, ਵਧੇਰੇ ਆਰਾਮਦਾਇਕ ਨੀਂਦ ਨੂੰ ਉਤਸ਼ਾਹਿਤ ਕਰਦਾ ਹੈ।

ਮਜ਼ਬੂਤ ਰਿਸ਼ਤੇ: ਅਸਲ ਆਹਮੋ-ਸਾਹਮਣੇ ਗੱਲਬਾਤ ਨੂੰ ਉਤਸ਼ਾਹਿਤ ਕਰਦਾ ਹੈ। ਪਰਿਵਾਰ ਅਤੇ ਦੋਸਤਾਂ ਨਾਲ ਗੁਣਵੱਤਾ ਵਾਲਾ ਸਮਾਂ ਵਧਾਉਂਦਾ ਹੈ।

ਉਤਪਾਦਕਤਾ: ਭਟਕਣਾਵਾਂ ਨੂੰ ਘੱਟ ਕਰਦਾ ਹੈ। ਤੁਹਾਨੂੰ ਕੰਮਾਂ ਜਾਂ ਪੜ੍ਹਾਈ 'ਤੇ ਬਿਹਤਰ ਢੰਗ ਨਾਲ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰਦਾ ਹੈ।

ਰਚਨਾਤਮਕਤਾ ਅਤੇ ਮਾਨਸਿਕਤਾ ਵਿੱਚ ਵਾਧਾ: ਤੁਹਾਡੇ ਦਿਮਾਗ਼ ਨੂੰ ਸੁਤੰਤਰ ਅਤੇ ਰਚਨਾਤਮਕ ਢੰਗ ਨਾਲ ਸੋਚਣ ਲਈ ਜਗ੍ਹਾ ਦਿੰਦਾ ਹੈ। ਵਰਤਮਾਨ ਪਲ ਵਿੱਚ ਜਿਊਣ ਲਈ ਉਤਸ਼ਾਹਿਤ ਕਰਦਾ ਹੈ।

ਬਿਹਤਰ ਸਰੀਰਕ ਸਿਹਤ: ਸਕਰੀਨ ਸਮੇਂ ਤੋਂ ਅੱਖਾਂ ਦੇ ਦਬਾਅ ਅਤੇ ਗਰਦਨ/ਪਿੱਠ ਦੇ ਦਰਦ ਨੂੰ ਘਟਾਉਂਦਾ ਹੈ। ਸਰੀਰਕ ਗਤੀਵਿਧੀ ਅਤੇ ਬਾਹਰੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਦਾ ਹੈ।

ਅੱਜ ਦੇ ਸੰਸਾਰ ਵਿੱਚ ਸੰਤੁਲਿਤ ਅਤੇ ਸੰਪੂਰਨ ਜੀਵਨ ਬਣਾਈ ਰੱਖਣ ਲਈ ਸਕਰੀਨਾਂ ਅਤੇ ਡਿਜੀਟਲ ਉਪਕਰਨਾਂ ਤੋਂ ਸਮਾਂ ਕੱਢਣਾ ਜ਼ਰੂਰੀ ਹੈ। ਭਾਵੇਂ ਇਹ ਕੁਝ ਘੰਟਿਆਂ ਲਈ ਹੋਵੇ ਜਾਂ ਲੰਬੇ ਸਮੇਂ ਲਈ ਡਿਜੀਟਲ ਭਟਕਣਾਵਾਂ ਤੋਂ ਡਿਸਕਨੈਕਟ ਕਰਨਾ ਤੁਹਾਨੂੰ ਅਸਲ ਦੁਨੀਆ ਨਾਲ ਦੁਬਾਰਾ ਜੁੜਨ, ਉਤਪਾਦਕਤਾ ਅਤੇ ਮਾਨਸਿਕਤਾ ਨੂੰ ਬਹਾਲ ਕਰਨ ਵਿੱਚ ਸਹਾਇਤਾ ਕਰ ਸਕਦਾ ਹੈ। ਸੋ, ਸਕਰੀਨ ਤੋਂ ਦੂਰ ਰਹਿਣ ਦੀਆਂ ਖ਼ੁਸ਼ੀਆਂ ਨੂੰ ਮਾਣਨ ਲਈ ਸਾਨੂੰ ਸਾਰਿਆਂ ਨੂੰ ਹੀ ਡਿਜੀਟਲ ਡੀਟੌਕਸ ਹਫ਼ਤੇ ਵਿੱਚ ਇੱਕ ਦਿਨ ਜ਼ਰੂਰ ਅਜ਼ਮਾਉਣਾ ਚਾਹੀਦਾ ਹੈ।

## ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਨਸ਼ਾ ਪੀੜਤਾਂ ਨੂੰ ਇਲਾਜ ਕਰਵਾਉਣ ਲਈ ਪ੍ਰੇਰਿਆ



ਬਸੀ ਪਠਾਣਾ, 21 ਜੁਲਾਈ: (ਹਰਪ੍ਰੀਤ ਕੌਰ ਟਿਵਾਣਾ)ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬਸੀ ਪਠਾਣਾ ਦੇ ਪਿੰਡਾਂ ਵਿੱਚ ਵਿਧਾਇਕ ਰੁਪਿੰਦਰ ਸਿੰਘ ਹੈਪੀ ਲਗਾਤਾਰ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਸਰਗਰਮ ਹਨ। ਅੱਜ ਵੱਖ—ਵੱਖ ਪਿੰਡਾਂ ਫਤਿਹਪੁਰ ਅਰਾਈਆਂ, ਰਾਏਪੁਰ ਗੁੱਜਰਾਂ, ਮਹਿਮੂਦਪੁਰ ਸੋਢੀਆਂ, ਰੈਲੀ ਅਤੇ ਘੁਮੰਡਗੜ੍ਹ ਵਿਖੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਜਨ ਸਭਾਵਾਂ ਨੂੰ ਜਾਗਰੂਕ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤੀ ਯਾਤਰਾ ਤਹਿਤ ਹੁਣ ਤੱਕ ਕੀਤੇ ਗਏ ਮਹੱਤਵਪੂਰਨ ਕਾਰਜਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ।ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਨਸ਼ਿਆਂ ਖਿਲਾਫ਼ ਇਹ ਜਨ ਅੰਦੋਲਨ ਹੈ ਜਿਸ ਨੂੰ ਸਭ ਦੀ ਭਾਗੀਦਾਰੀ ਨਾਲ ਸਫਲ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਪਿੰਡ ਵਿੱਚ ਕੋਈ ਵਿਅਕਤੀ ਨਸ਼ਿਆਂ ਤੋਂ ਪੀੜਤ ਹੋਵੇ ਤਾਂ ਉਸਨੂੰ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਸਰਕਾਰ ਦੁਆਰਾ ਹਰੇਕ ਨਸ਼ਾ ਪੀੜਤ ਦਾ ਮੁਫ਼ਤ ਇਲਾਜ ਕਰਨ ਦੀ ਸੁਵਿਧਾ ਪ੍ਰਦਾਨ ਕੀਤੀ ਗਈ ਹੈ ਜਿਸ ਤਹਿਤ ਨਸ਼ਾ ਮੁਕਤੀ ਕੇਂਦਰਾਂ ਵਿੱਚ ਇਲਾਜ ਕਰਵਾਉਣ ਦੇ ਨਾਲ ਨਾਲ ਕਿੱਤਾਮੁਖੀ ਸਿਖਲਾਈ ਦੀ ਵੀ ਵਿਵਸਥਾ ਹੈ ਤਾਂ ਜੋ ਅਜਿਹੇ ਵਿਅਕਤੀ ਸਿਹਤਯਾਬ ਹੋਣ ਮਗਰੋਂ ਸਵੈ ਰੁਜ਼ਗਾਰ ਦੇ ਸਮਰੱਥ ਬਣ ਕੇ ਆਪਣੀ ਆਜੀਵਿਕਾ ਨੂੰ ਬਾਖੂਬੀ ਚਲਾ ਸਕਣ।ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਦੱਸਿਆ ਕਿ ਅਜਿਹਾ ਪਹਿਲੀ ਵਾਰ ਸੰਭਵ ਹੋਇਆ ਹੈ ਜਦੋਂ ਵੱਡੇ ਨਸ਼ਾ ਤਸਰਾਂ ਖਿਲਾਫ਼ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੋਵੇ ਜਿਸ ਨਾਲ ਲੋਕਾਂ ਦੇ ਮਨਾਂ ਵਿੱਚ ਸਰਕਾਰ ਪ੍ਰਤੀ ਵਿਸ਼ਵਾਸ ਹੋਰ ਪਰਪੱਕ ਹੋਇਆ ਹੈ ਅਤੇ ਲੋਕ ਵੀ ਹੁਣ ਖੁੱਲ੍ਹ ਕੇ ਨਸ਼ਾ ਤਸਕਰਾਂ ਖਿਲਾਫ਼ ਸਾਹਮਣੇ ਆਉਣ ਲੱਗ ਪਏ ਹਨ। ਇਸ ਮੌਕੇ ਬੀਡੀਪੀਓ ਗੁਰਮਿੰਦਰ ਸਿੰਘ ਅਤੇ ਐਡੀਸ਼ਨਲ ਥਾਣਾ ਮੁਖੀ ਸਤਨਾਮ ਸਿੰਘ ਸਮੇਤ ਸਿਹਤ ਵਿਭਾਗ, ਪੰਚਾਇਤ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ ਵੱਲੋਂ ਏ.ਆਈ ਤੇ ਮਸ਼ੀਨ ਲਰਨਿੰਗ ਵਿੱਚ ਉੱਭਰ ਰਹੇ ਰੁਝਾਨਾਂ ਵਿਸ਼ੇ ਤੇ ਪੰਜ ਦਿਨਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ




ਫਤਿਹਗੜ੍ਹ ਸਾਹਿਬ, 21 ਜੁਲਾਈ (ਹਰਪ੍ਰੀਤ ਕੌਰ ਟਿਵਾਣਾ)ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਿਹਗੜ੍ਹ ਸਾਹਿਬ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਇੱਕ ਹਫ਼ਤੇ ਦਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ (ਐਫ. ਡੀ. ਪੀ.) "ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਵਿੱਚ ਉੱਭਰ ਰਹੇ ਰੁਝਾਨ"ਵਿਸ਼ੇ ਤੇ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਐਫ. ਡੀ. ਪੀ. ਦਾ ਮਕਸਦ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਨੂੰ ਨਵੀਨਤਮ ਏ. ਆਈ. ਅਤੇ ਐਮ. ਐਲ .ਟੈਕਨਾਲੋਜੀਆਂ, ਟੂਲਸ ਅਤੇ ਰਿਸਰਚ ਪ੍ਰਵਿਰਤੀਆਂ ਨਾਲ ਜਾਣੂ ਕਰਵਾਉਣਾ ਹੈ। ਵਿਦਵਾਨ ਅਤੇ ਉਦਯੋਗਕ ਵਿਸ਼ੇਸ਼ਗਿਆਨੀਆਂ ਦੁਆਰਾ ਸੈਸ਼ਨਾਂ ਵਿੱਚ ਥਿਊਰੀ ਅਤੇ ਪ੍ਰਯੋਗਾਤਮਕ ਸਿੱਖਿਆ ਦਿੱਤੀ ਜਾ ਰਹੀ ਹੈ।ਡਾ. ਨਵਦੀਪ ਕੌਰ, ਪ੍ਰੋਫੈਸਰ ਅਤੇ ਮੁਖੀ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ, ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਨੇ ਮੁੱਖ ਮਹਿਮਾਨ ਵਜੋਂ ਸਮਾਰੋਹ ਦੀ ਸ਼ੋਭਾ ਵਧਾਈ। ਉਨ੍ਹਾਂ ਨੇ ਅਧਿਆਪਕਾਂ ਨੂੰ ਏ. ਆਈ. ਟੂਲਸ ਦੀ ਵਰਤੋਂ, ਨਿਰੰਤਰ ਅਧਿਐਨ, ਰਿਸਰਚ ਪ੍ਰਕਾਸ਼ਨ ਅਤੇ ਵਿਦਿਆਰਥੀਆਂ ਨੂੰ ਨਵੀਆਂ ਏ ਆਈ ਪਲੇਟਫਾਰਮਾਂ ਨੂੰ ਵਰਤਣ ਲਈ ਪ੍ਰੇਰਿਤ ਕੀਤਾ।ਅਸੀਂ ਜੇ ਭਵਿੱਖ ਦੇ ਵਿਦਿਆਰਥੀਆਂ ਨੂੰ ਤਿਆਰ ਕਰਨਾ ਹੈ ਤਾਂ ਸਾਨੂੰ ਆਪਣੇ ਆਪ ਨੂੰ ਏ .ਆਈ . ਦੇ ਨਾਲ ਅਪਡੇਟ ਕਰਨਾ ਹੋਵੇਗਾ,"ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ।ਡਾ. ਲਖਵੀਰ ਸਿੰਘ, ਪ੍ਰਿੰਸੀਪਲ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਨੇ ਸਮਾਰੋਹ ਦੀ ਅਗਵਾਈ ਕੀਤੀ ਅਤੇ ਇਸ ਐਫ. ਡੀ. ਪੀ. ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਕਾਰਗੁਜ਼ਾਰੀਆਂ ਅਕਾਦਮਿਕ ਅਤੇ ਉਦਯੋਗਕ ਦੁਨੀਆਂ ਵਿਚਕਾਰ ਦੇ ਅੰਤਰ ਨੂੰ ਘਟਾਉਣ ਵਿੱਚ ਸਹਾਇਕ ਸਾਬਤ ਹੁੰਦੀਆਂ ਹਨ।ਡਾ. ਜਤਿੰਦਰ ਸਿੰਘ ਸੈਣੀ, ਮੁਖੀ, ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਨੇ ਸਾਰੇ ਅਧਿਆਪਕਾਂ ਦਾ ਸਵਾਗਤ ਕੀਤਾ ਅਤੇ 64♦ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਨੇ ਦੱਸਿਆ ਕਿ ਇਹ ਪ੍ਰੋਗਰਾਮ ਅਧਿਆਪਕਾਂ ਦੀ ਅਧਿਆਪਨ ਯੋਗਤਾ ਅਤੇ ਰਿਸਰਚ ਸਮਰੱਥਾ ਵਿੱਚ ਨਿਖਾਰ ਲਿਆਉਣ ਵਾਸਤੇ ਡਿਜ਼ਾਇਨ ਕੀਤਾ ਗਿਆ ਹੈ।ਅੱਜ ਦੇ ਬੁਲਾਰੇ ਇੰਜੀ. ਲਕਸ਼ਮਣ, ਅੰਸ਼ ਇਨਫੋਟੈਕ ਅਤੇ ਇੰਜੀ. ਸਾਹਿਬਗੁਣ ਸਿੰਘ, ਐਂਡ ਗਲੋਬਲ 360 ਇੰਡੀਆ ਪ੍ਰਾਈਵੇਟ ਲਿਮਟਿਡ ਸਨ।ਇਸ ਐਫ. ਡੀ. ਪੀ. ਵਿਚ ਸਹਾਇਕ ਪ੍ਰੋਫੈਸਰ ਇੰਜੀ.. ਰਮਨਦੀਪ ਕੌਰ ਅਤੇ ਇੰਜੀ. ਸ਼ਬਦ ਕੌਰ ਬਤੌਰ ਕੋਆਰਡੀਨੇਟਰ ਵਜੋਂ ਕੰਮ ਕਰ ਰਹੀਆਂ ਹਨ। ਇੰਜੀ. ਰਮਨਦੀਪ ਕੌਰ ਨੇ ਸਮਾਰੋਹ ਦੇ ਅੰਤ ਵਿੱਚ ਧੰਨਵਾਦ ਦਾ ਮਤਾ ਪੇਸ਼ ਕੀਤਾ।

## ਸਪੈਸ਼ਲ ਨਾਕਾਬੰਦੀ ਦੌਰਾਨ ਆਵਾਜਾਈ ਨਿਯਮ ਦੀ ਉਲੰਘਣਾ ਕਰਨ ਵਾਲੇ ਵਾਹਨ-ਚਾਲਕਾਂ ਦੇ ਕੱਟੇ ਚਲਾਨ

ਧਾਰੀਵਾਲ, 21 ਜੁਲਾਈ ( ਅਸ਼ੋਕ ਕੁਮਾਰ ) - ਐਸ.ਐਸ.ਪੀ. ਗੁਰਦਾਸਪੁਰ ਸ੍ਰੀ ਅਦਿਤਿਆ ਕੁਮਾਰ ਦੇ ਦਿਸ਼ਾ -ਨਿਰਦੇਸ਼ਾਂ ਤਹਿਤ ਡੀ.ਐਸ.ਪੀ. ਕੁਲਵੰਤ ਸਿੰਘ ਮਾਨ ਅਤੇ ਐਸ.ਐਚ.ਓ. ਇੰਸਪਕੈਟਰ ਹਰਪਾਲ ਸਿੰਘ ਵੱਲੋਂ ਭਾਰੀ ਪੁਲਿਸ ਫੋਰਸ ਸਮੇਤ ਕਲਿਆਣਪੁਰ ਮੋੜ ਧਾਰੀਵਾਲ ਵਿਖੇ ਸਪੈਸ਼ਲ ਨਾਕਾ ਲਗਾਇਆ ਗਿਆ । ਜਿਸ ਦੌਰਾਨ ਅਧੂਰੇ ਦਸਤਾਵੇਜ ਰੱਖਣ ਵਾਲੇ ਵਾਹਨਾਂ , ਬਿਨ੍ਹਾਂ ਨੰਬਰੀ ਵਾਹਨਾਂ ਅਤੇ ਆਵਾਜਾਈ ਦੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ ਅਤੇ ਕਈਆਂ ਸ਼ੱਕੀ ਵਾਹਨਾਂ ਨੂੰ ਬਾਉਡ ਕੀਤਾ ਗਿਆ । ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੀ.ਐਸ.ਪੀ. ਕੁਲਵੰਤ ਸਿੰਘ ਮਾਨ ਨੇ ਦੱਸਿਆ ਕਿ ਪੁਲਿਸ ਪ੍ਰਸ਼ਾਸ਼ਨ ਵੱਲੋਂ ਸਪੈਸ਼ਲ ਨਾਕੇ ਲਗਾ ਕੇ ਸ਼ੱਕੀ ਅਤੇ ਮਾੜੇ ਅਨਸ਼ਰਾਂ ਤੇ ਤਿੱਖੀ ਨਜਰ ਰੱਖੀ ਜਾ ਰਹੀ ਹੈ ਜਦਕਿ ਮੋਟਰ ਸਾਇਕਲ ਤੇ ਪੈਸ਼ਰ ਹਾਰਨ ਲਗਾਉਣ ਤੇ ਬੁਲਟ ਮੋਟਰਸਾਇਕਲ ਤੇ ਪਟਾਕੇ ਪਾਉਣ ਵਾਲੇ ਹੁੱਲੜਬਾਜਾਂ ਦੇ ਮੋਟਰਸਾਇਕਲ ਤੋਂ ਪੈਸ਼ਰ ਹਾਰਨ ਉਤਾਰੇ ਗਏ । ਡੀ.ਐਸ.ਪੀ. ਕੁਲਵੰਤ ਸਿੰਘ ਮਾਨ ਨੇ ਵਾਹਨ ਚਾਲਕਾਂ ਨੂੰ ਸਖਤ ਚੇਤਾਵਨੀ ਦਿੱਤੀ ਕਿ ਉਹ ਆਪਣੇ ਵਾਹਨਾਂ ਦੇ ਦਸਤਾਵੇਜ ਪੂਰੇ ਰੱਖਣ ਅਤੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਨਾ ਚਲਾਉਣ ਲਈ ਪ੍ਰੇਰਿਤ ਕਰਨ । ਕਿਉਕਿ ਵਾਹਨ ਚਲਾਉਣ ਵਾਲੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਸਮੇਤ ਮਾਪਿਆਂ ਵਿਰੁੱਧ ਵੀ ਕਾਰਵਾਈ ਕੀਤੀ ਜਾ ਸਕਦੀ ਹੈ । ਡੀ.ਐਸ.ਪੀ. ਕੁਲਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆ ਵਿਰੁੱਧ ਵਿੱਢੀ ਮੁਹਿੰਮ ਤਹਿਤ ਪੁਲਿਸ ਪ੍ਰਸਾਸ਼ਨ ਵੱਲੋਂ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਜਾਰੀ ਹੈ ਅਤੇ ਕੋਈ ਵੀ ਨਸ਼ਾ ਤਸਕਰ ਪੁਲਿਸ ਤੋ ਬਚ ਨਹੀ ਸਕਦਾ ।

## ਵਿਧਾਇਕ ਲਖਬੀਰ ਸਿੰਘ ਰਾਏ ਨੇ ਬਹਿਲੋਲਪੁਰ ਵਿਖੇ 9 ਲੱਖ ਦੀ ਲਾਗਤ ਨਾਲ ਬਣੇ ਆਂਗਣਵਾੜੀ ਸੈਂਟਰ ਦਾ ਉਦਘਾਟਨ ਕੀਤਾ



ਫਤਿਹਗੜ੍ਹ ਸਾਹਿਬ, 21 ਜੁਲਾਈ :(ਹਰਪ੍ਰੀਤ ਕੌਰ ਟਿਵਾਣਾ) ਪੰਜਾਬ ਸਰਕਾਰ ਆਪਣੀਆਂ ਨੇਕ ਨੀਤੀਆਂ ਕਾਰਨ ਅਤੇ ਲੋਕਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਵੱਲ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਪਿੰਡ ਬਹਿਲੋਲਪੁਰ ਕਰੀਬ 09 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਆਂਗਣਵਾੜੀ ਸੈਂਟਰ ਦਾ ਉਦਘਾਟਨ ਕਰਨ ਮੌਕੇ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਵਿਕਾਸ ਦੀ ਇਸੇ ਲੜੀ ਤਹਿਤ ਬਲਾਕ ਸਰਹਿੰਦ ਦੇ ਹੋਰ ਆਂਗਨਵਾੜੀ ਸੈਂਟਰਾਂ ਦਾ ਵੀ ਨਿਰਮਾਣ ਕੀਤਾ ਜਾਵੇਗਾ ਅਤੇ ਹਲਕਾ ਫਤਿਹਗੜ੍ਹ ਸਾਹਿਬ ਦੇ ਸਮੂਹ ਆਂਗਣਵਾੜੀ ਸੈਂਟਰਾਂ ਦੀ ਨੁਹਾਰ ਬਦਲੀ ਜਾਏਗੀ। ਇਸ ਤੋਂ ਪਹਿਲਾਂ ਪਿੰਡ ਸਿੱਧੂਪੁਰ ਅਤੇ ਹੁਸੈਨਪੁਰਾ ਵਿਖੇ ਨਵੇਂ ਆਂਗਨਵਾੜੀ ਸੈਂਟਰਾਂ ਨੂੰ ਵਿਭਾਗ ਨੂੰ ਸੌਂਪਿਆ ਜਾ ਚੁੱਕਿਆ ਹੈ। ਇਸ ਮੌਕੇ ਤੇ ਪਿੰਡ ਬਹਿਲੋਲਪੁਰ ਦੇ ਸਰਪੰਚ ਲਖਬੀਰ ਸਿੰਘ ਰਾਜ ਦੀ ਅਗਵਾਈ ਵਿੱਚ ਨਗਰ ਦਾ ਪੂਰਾ ਵਿਕਾਸ ਕਰਵਾਇਆ ਜਾ ਰਿਹਾ ਅਤੇ ਪਿੰਡ ਨਿਵਾਸੀਆਂ ਨੂੰ ਸਾਰੀਆਂ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਸੀਡੀਪੀਓ ਸਰਹਿੰਦ ਵੱਲੋਂ ਐਮਐਲਏ ਫਤਿਹਗੜ੍ਹ ਸਾਹਿਬ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਬੀਡੀਪੀਓ ਸਰਹਿੰਦ ਅਤੇ ਪਿੰਡ ਦੀ ਪੰਚਾਇਤ ਦਾ ਧੰਨਵਾਦ ਕੀਤਾ ਗਿਆ, ਜਿਨਾਂ ਦੇ ਸਾਂਝੇ ਯਤਨਾਂ ਦੇ ਨਾਲ ਇਸ ਆਂਗਣਵਾੜੀ ਸੈਂਟਰ ਦਾ ਨਿਰਮਾਣ ਹੋਇਆ ਹੈ। ਇਸ ਮੌਕੇ ਤੇ ਸੀਡੀਪੀਓ ਸਰਹਿੰਦ ਕੋਮਲਪ੍ਰੀਤ ਕੌਰ, ਬੀਡੀਪੀਓ ਦਫਤਰ ਦੇ ਕਰਮਚਾਰੀ, ਸੁਪਰਵਾਈਜ਼ਰ ਬਲਰਾਜ ਕੌਰ, ਪਿੰਡ ਬਹਿਲੋਲਪੁਰ ਦੇ ਸਰਪੰਚ ਸਿਕੰਦਰ ਸਿੰਘ, ਪੰਚਾਇਤ ਮੈਂਬਰ, ਨੇੜਲੇ ਪਿੰਡਾਂ ਤੋਂ ਹੋਰ ਸਰਪੰਚ ਸਾਹਿਬਾਨ, ਆਂਗਨਵਾੜੀ ਵਰਕਰ ਅਤੇ ਸਕੂਲ ਅਧਿਆਪਕ ਵੀ ਹਾਜਰ ਸਨ।

## ਪੰਜਾਬ ਸਰਕਾਰ ਲੋਕਾਂ ਦੀ ਸਹੂਲਤ ਲਈ 44 ਹੋਰ ਸੇਵਾ ਕੇਂਦਰ ਖੋਲ੍ਹੇਗੀ : ਰਮਨ ਬਹਿਲ

ਗੁਰਦਾਸਪੁਰ, 21 ਜੁਲਾਈ (ਜਗੀਰ ਸਿੰਘ ਮੰਡ/ ਜਗਮੋਹਨ ਸਿੰਘ ਬਾਗੋਂਵਾਣੀ ) - ਬਿਹਤਰ ਸ਼ਾਸਨ ਅਤੇ ਕੁਸ਼ਲ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਕੇ ਨਾਗਰਿਕਾਂ ਨੂੰ ਹੋਰ ਬਿਹਤਰ ਅਨੁਭਵ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਸੂਬੇ ਭਰ ਵਿੱਚ ਹੋਰ 44 ਸੇਵਾ ਕੇਂਦਰ ਕਾਰਜਸ਼ੀਲ ਕਰਕੇ ਪ੍ਰਸ਼ਾਸਨਿਕ ਸੇਵਾਵਾਂ ਨੈੱਟਵਰਕ ਦਾ ਵਿਸਥਾਰ ਕਰਨ ਜਾ ਰਹੀ ਹੈ। ਇਸ ਵਿਸਥਾਰ ਤਹਿਤ 16 ਨਵੇਂ ਸੇਵਾ ਕੇਂਦਰਾਂ ਖੋਲ੍ਹੇ ਜਾਣਗੇ ਅਤੇ ਬੰਦ ਪਏ 28 ਕੇਂਦਰਾਂ ਨੂੰ ਮੁੜ ਕਾਰਜਸ਼ੀਲ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਸੂਬੇ ਵਿੱਚ ਛੇ ਸੇਵਾ ਕੇਂਦਰਾਂ ਦੇ ਕਾਊਂਟਰਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਦੇ ਇਸ ਉਪਰਾਲੇ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਲਗਭਗ 4.10 ਕਰੋੜ ਰੁਪਏ ਦੀ ਲਾਗਤ ਨਾਲ 16 ਨਵੇਂ ਸੇਵਾ ਕੇਂਦਰਾਂ ਦਾ ਨਿਰਮਾਣ ਕੀਤਾ ਜਾਵੇਗਾ

## ਜੋਨ ਪੱਧਰੀ ਖੋ- ਖੋ ਟੂਰਨਾਮੈਂਟ ਵਿੱਚ ਸਰਕਾਰੀ ਸੀਨੀ. ਸੈਕੰਡਰੀ ਸਕੂਲ ਨੈਨੇਕੋਟ ਦੀ ਝੰਡੀ



ਕਾਹਨੂੰਵਾਨ 21 ਜੁਲਾਈ ਕੁਲਜੀਤ ਸਿੰਘ ਖੋਖਰ: ਜੋਨ ਪੱਧਰੀ ਖੋ-ਖੋ ਟੂਰਨਾਮੈਂਟ ਜੋਨ ਤਿੱਬੜ ਦਾ ਆਯੋਜਨ ਪ੍ਰਿੰਸੀਪਲ ਗੱਜਣ ਸਿੰਘ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਣੋਕੋਟ ਵਿਖੇ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਤਿੱਬੜ ਜੋਨ ਦੇ ਵੱਖ ਵੱਖ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵੱਲੋਂ ਭਾਗ ਲਿਆ ਗਿਆ। ਜਿਸ ਵਿੱਚ ਅੰਡਰ 14 (ਲੜਕੇ) ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਣੇਕੋਟ ,ਦੂਸਰਾ ਸਥਾਨ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ, ਅੰਡਰ 14 ( ਲੜਕੀਆਂ )ਪਹਿਲਾ ਸਥਾਨ ਸ ਸ ਸ ਸ. ਨੈਨੋਕੋਟ ਦੂਸਰਾ ਸਥਾਨ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ, ਅੰਡਰ 17( ਲੜਕੇ ) ਪਹਿਲਾ ਸਥਾਨ ਸਸਸਸ ਨੈਨੇਕੋਟ, ਦੂਸਰਾ ਸਥਾਨ ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਦਾਰਾਪੁਰ, ਅੰਡਰ 17 (ਲੜਕੀਆਂ) ਪਹਿਲਾਂ ਸਥਾਨ ਸਸਸਸ. ਸੈਦੋਵਾਲ ਖੁਰਦ ਦੂਸਰਾ ਸਥਾਨ ਸਸਸਸ. ਸਿੱਧਵਾਂ, ਅੰਡਰ 19 (ਲੜਕੇ) ਪਹਿਲਾ ਸਥਾਨ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ, ਅੰਡਰ 19 (ਲੜਕੀਆਂ) ਪਹਿਲਾ ਸਥਾਨ ਸਸਸਸ. ਨੈਨੇਕੋਟ ਅਤੇ ਦੂਸਰਾ ਸਥਾਨ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸਾਲਾ ਨੇ ਪ੍ਰਾਪਤ ਕੀਤਾ। ਇਸ ਜੋਨ ਪੱਧਰੀ ਟੂਰਨਾਮੈਂਟ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਦੀਆਂ ਕੁਲ ਚਾਰ ਟੀਮਾਂ ਨੇ ਭਾਗ ਲਿਆ ਅਤੇ ਚਾਰੇ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਆਲ ਓਵਰ ਟਰਾਫੀ ਪ੍ਰਾਪਤ ਕਰਕੇ ਇਲਾਕੇ ਭਰ ਵਿੱਚ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਜਿਸ ਦਾ ਸਿਹਰਾ ਪ੍ਰਿੰਸੀਪਲ ਗੱਜਣ ਸਿੰਘ, ਲੈਕਚਰਾਰ ਕਵਲਜੀਤ ਕੌਰ ਡੀਪੀ ਆਈ ਸ੍ਰੀ ਰਜੇਸ਼ ਕੁਮਾਰ ਅਤੇ ਸਮੂਹ ਸਟਾਫ ਨੂੰ ਜਾਂਦਾ ਹੈ ।

## ਪ੍ਰਿੰਸੀਪਲ ਐਸੋਸੀਏਸ਼ਨ ਦਾ ਹੋਇਆ ਗਠਨ



ਸ੍ਰੀ ਆਨੰਦਪੁਰ ਸਾਹਿਬ, 21 ਜੁਲਾਈ (ਤਰਲੋਚਨ ਸਿੰਘ)ਪ੍ਰਿੰਸੀਪਲਜ਼ ਐਸੋਸੀਏਸ਼ਨ ਆਫ਼ ਗਵਰਨਮੈਂਟ ਏਡਿਡ ਐਂਡ ਐਫੀਲੀਏਟਿਡ ਕਾਲਜਸ (ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ) ਦੀ ਅਹੁਦੇਦਾਰਾਂ ਦੀ ਇਕ ਮੀਟਿੰਗ ਗੁਰੂ ਨਾਨਕ ਕਾਲਜ, ਸੁਖਚੈਨਆਣਾ ਸਾਹਿਬ, ਫਗਵਾੜਾ ਵਿਖੇ ਹੋਈ। ਇਸ ਦੌਰਾਨ ਪੰਜਾਬ ਪੱਧਰ ਦੇ ਅਹੁਦੇਦਾਰਾਂ ਦੀ ਸਰਬ-ਸੰਮਤੀ ਨਾਲ ਚੋਣ ਕੀਤੀ ਗਈ। ਇਸ ਵਿੱਚ ਡਾ. ਗੁਰਦੇਵ ਸਿੰਘ ਰੰਧਾਵਾ, ਪ੍ਰਿੰਸੀਪਲ - ਗੁਰੂ ਨਾਨਕ ਕਾਲਜ, ਸੁਖਚੈਨਆਣਾ ਸਾਹਿਬ, ਫਗਵਾੜਾ ਨੂੰ ਪ੍ਰਧਾਨ, ਡਾ. ਜਸਵੀਰ ਸਿੰਘ, ਪ੍ਰਿੰਸੀਪਲ - ਐਸ.ਜੀ.ਟੀ.ਬੀ. ਖਾਲਸਾ ਕਾਲਜ ਅਨੰਦਪੁਰ ਸਾਹਿਬ ਨੂੰ ਜਨਰਲ ਸੈਕਟਰੀ, ਡਾ. ਪਰਵਿੰਦਰ ਸਿੰਘ, ਪ੍ਰਿੰਸੀਪਲ - ਐਸ.ਜੀ.ਜੀ.ਐਸ. ਖਾਲਸਾ ਕਾਲਜ ਮਾਹਿਲਪੁਰ ਨੂੰ ਸੀਨੀਅਰ ਮੀਤ ਪ੍ਰਧਾਨ, ਡਾ. ਤਰਸੇਮ ਸਿੰਘ ਭਿੰਡਰ, ਪ੍ਰਿੰਸੀਪਲ - ਐਸ. ਐਨ. ਕਾਲਜ, ਬੰਗਾ ਨੂੰ ਸਕੱਤਰ, ਡਾ. ਅਨੂਪ ਕੁਮਾਰ, ਪ੍ਰਿੰਸੀਪਲ ਡੀ.ਏ.ਵੀ. ਕਾਲਜ ਨਕੋਦਰ ਨੂੰ ਮੀਡੀਆ ਸੈਕਟਰੀ, ਡਾ. ਪ੍ਰਦੀਪ ਭੰਡਾਰੀ, ਪ੍ਰਿੰਸੀਪਲ - ਦੋਆਬਾ ਕਾਲਜ ਜਲੰਧਰ ਨੂੰ ਵਿੱਤ ਸਕੱਤਰ, ਡਾ. ਵਿਨੈ ਕੁਮਾਰ, ਪ੍ਰਿੰਸੀਪਲ - ਡੀ.ਏ.ਵੀ. ਕਾਲਜ ਹੁਸ਼ਿਆਰਪੁਰ ਨੂੰ ਜੁਆਇੰਟ ਸਕੱਤਰ, ਡਾ. ਗੁਰਨਾਮ ਸਿੰਘ, ਪ੍ਰਿੰਸੀਪਲ - ਖਾਲਸਾ ਕਾਲਜ ਡੁਮੇਲੀ ਨੂੰ ਜੁਆਇੰਟ ਸਕੱਤਰ, ਡਾ. ਪੁਸ਼ਪਿੰਦਰ ਕੌਰ, ਪ੍ਰਿੰਸੀਪਲ - ਖਾਲਸਾ ਕਾਲਜ, ਮੋਰਿੰਡਾ ਨੂੰ ਜੁਆਇੰਟ ਸਕੱਤਰ, ਡਾ. ਅਮਨਦੀਪ ਹੀਰਾ, ਪ੍ਰਿੰਸੀਪਲ - ਖਾਲਸਾ ਕਾਲਜ ਗੜ੍ਹਸ਼ੰਕਰ ਨੂੰ ਜੁਆਇੰਟ ਵਿੱਤ ਸਕੱਤਰ ਅਤੇ ਡਾ. ਅਜੇ ਸਰੀਨ, ਪ੍ਰਿੰਸੀਪਲ - ਐਚ.ਐਮ.ਵੀ. ਕਾਲਜ ਜਲੰਧਰ ਨੂੰ ਇਸ ਐਸੋਸੀਏਸ਼ਨ ਦਾ ਪੈਟਰਨ ਚੁਣਿਆ ਗਿਆ। ਇਸ ਮੌਕੇ 'ਤੇ 21 ਮੈਂਬਰੀ ਐਗਜ਼ੈਕਟਿਵ ਦੀ ਵੀ ਚੋਣ ਕੀਤੀ ਗਈ।ਐਸੋਸੀਏਸ਼ਨ ਦੇ ਪ੍ਰਧਾਨ ਡਾ. ਗੁਰਦੇਵ ਸਿੰਘ ਰੰਧਾਵਾ ਨੇ ਇਸ ਮੌਕੇ ਸਮੁੱਚੇ ਪੰਜਾਬ ਦੇ ਪ੍ਰਿੰਸੀਪਲ ਸਾਹਿਬਾਨ ਤੋਂ ਕਸੌਟੀ ਭਰੇ ਇਸ ਸਮੇਂ ਦੌਰਾਨ ਉੱਚ ਸਿੱਖਿਆ ਨੂੰ ਸੰਭਾਲਣ ਦੇ ਨਾਲ-ਨਾਲ ਇਸ ਦੇ ਮਿਆਰੀ ਪਸਾਰ ਲਈ ਸਹਿਯੋਗ ਮਿਲਣ ਆਸ ਪ੍ਰਗਟਾਈ।

## ਪਿੰਡ-ਪਿੰਡ ਪਹੁੰਚ ਰਿਹਾ ਹੈ ਨਸ਼ਾ ਮੁਕਤੀ ਯਾਤਰਾ ਦਾ ਸੁਨੇਹਾ: ਐਡਵੋਕੇਟ ਕਿਸ਼ਨਕੋਟ



ਸ੍ਰੀ ਹਰਗੋਬਿੰਦਪੁਰ ਸਾਹਿਬ , 21 ਜੁਲਾਈ (ਜਗੀਰ ਸਿੰਘ ਮੰਡ / ਡਾਕਟਰ ਨਰਿੰਦਰ ਸਿੰਘ ਘੁਮਾਣ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਵੱਲੋਂ ਹਲਕੇ ਦੇ ਪਿੰਡ ਸੰਗਤਪੁਰਾ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਜਨ ਸਭਾ ਵਿੱਚ ਸ਼ਿਰਕਤ ਕਰ ਕੇ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਗਿਆ ਅਤੇ ਨਸ਼ਿਆਂ ਖਿਲਾਫ ਪੰਜਾਬ ਸਰਕਾਰ ਦੀ ਇਸ ਜੰਗ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ। ਉਨਾਂ ਕਿਹਾ ਕਿ ਹਲਕੇ ਦੇ ਪਿੰਡ-ਪਿੰਡ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਨੂੰ ਖਤਮ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਪੰਜਾਬ ਸਰਕਾਰ ਨਸ਼ੇ ਨਾਲ ਪੀੜਤ ਵਿਅਕਤੀਆਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖ ਰਹੀ ਹੈ ਤੇ ਨਸ਼ਾ ਤਸਕਰਾਂ ਖਿਲਾਫ ਸਖਤੀ ਨਾਲ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਕਰਨ ਵਾਲਿਆਂ ਦਾ ਇਲਾਜ ਨਸ਼ਾ ਛਡਾਊ ਕੇਂਦਰਾਂ ਵਿੱਚ ਬਿਲਕੁਲ ਮੁਫਤ ਕਰਵਾਇਆ ਜਾ ਰਿਹਾ ਹੈ ਤੇ ਉਥੇ ਉਨਾਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖਿਆ ਜਾ ਰਿਹਾ ਹੈ ਅਤੇ ਹਰ ਤਰ੍ਹਾਂ ਦੀ ਸਿਹਤ ਪੱਖੋਂ ਸਹੂਲਤ ਵੀ ਦਿੱਤੀ ਜਾ ਰਹੀ ਹੈ।ਉਹਨਾਂ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਜੇਲਾਂ ਵਿੱਚ ਬੰਦ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਦੇ ਘਰਾਂ ਤੇ ਵੀ ਪੀਲਾ ਪੰਜਾ ਚਲਾਇਆ ਜਾ ਰਿਹਾ। ਉਹਨਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਡੇ ਪਿੰਡ ਵੀ ਕੋਈ ਨਸ਼ੇ ਦਾ ਕਾਰੋਬਾਰ ਕਰਨ ਵਾਲਾ ਹੈ ਤਾਂ ਪਿੰਡ ਵਾਸੀ ਬੇਝਿਜਕ ਹੋ ਕੇ ਉਹਨਾਂ ਨੂੰ ਜਾਂ ਫਿਰ ਪੁਲਿਸ ਪ੍ਰਸ਼ਾਸਨ ਨੂੰ ਸੂਚਨਾ ਦੇਵੇ ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਤੁਹਾਡੇ ਆਸ ਪਾਸ, ਗੁਆਂਢ ਜਾਂ ਰਿਸ਼ਤੇਦਾਰ ਵਿੱਚ ਕੋਈ ਵੀ ਨੌਜਵਾਨ ਜਾਂ ਵਿਅਕਤੀ ਨਸ਼ਾ ਕਰਦਾ ਹੈ ਤਾਂ ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾਇਆ ਜਾਵੇ ਤਾਂ ਜੋ ਉਹ ਨਸ਼ਾ ਛੱਡ ਕੇ ਆਪਣੀ ਬਾਕੀ ਦੀ ਜ਼ਿੰਦਗੀ ਤੰਦਰੁਸਤੀ ਅਤੇ ਮਾਣ ਸਨਮਾਨ ਵਾਲੀ ਬਤੀਤ ਕਰ ਸਕੇ ਉਹਨਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਤੁਹਾਡੇ ਸਾਰੇ ਪਿੰਡ ਵਾਸੀਆਂ ਦੇ ਸਹਿਯੋਗ ਦੀ ਲੋੜ ਹੈ ਤਾਂ ਹੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਜੰਗ ਨੂੰ ਸਫਲ ਕੀਤਾ ਜਾ ਸਕਦਾ ਹੈ।

## ਸ਼੍ਰੋਮਣੀ ਅਕਾਲੀ ਦਲ ਦੀ ਹੋਈ ਰਿਕਾਰਡਤੋੜ ਰੈਲੀ ਨੇ ਵਿਰੋਧੀਆਂ ਦੇ ਸਾਹ ਸੂਤੇ - ਅਕਾਲੀ ਆਗੂ



ਭਿੱਖੀਵਿੰਡ 21 ਜੁਲਾਈ ( ਸਵਿੰਦਰ ਬਲੇਹਰ ) ਹਲਕਾ ਤਰਨਤਾਰਨ ਵਿਖੇ ਜ਼ਿਮਨੀ ਚੋਣ ਨੂੰ ਲੈ ਕੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਇਸੇ ਲੜੀ ਤਹਿਤ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਪਹਿਲਕਦਮੀ ਕਰਦਿਆਂ ਕਸਬਾ ਝਬਾਲ ਵਿਖੇ ਰਿਕਾਰਡਤੋੜ ਰੈਲੀ ਕਰਕੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਆਪਣਾ ਉਮੀਦਵਾਰ ਐਲਾਨ ਦਿੱਤਾ। ਇਸ ਮੌਕੇ ਯੂਥ ਅਕਾਲੀ ਆਗੂ ਰਾਜਾ ਚੂੰਘ, ਮਨਪ੍ਰੀਤ ਸਿੰਘ ਸਿੱਧਵਾਂ, ਗੁਰਜੰਟ ਸਿੰਘ ਰਾਜੋਕੇ, ਸਿਮਰਨਜੀਤ ਸਿੰਘ ਮਨਾਵਾਂ, ਕੁਲਦੀਪ ਸਿੰਘ ਖਾਲਸਾ,ਨਿਰਧੜਤ ਸਿੰਘ,ਬੰਟੀ ਕਾਲੇ ਆਦਿ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਰੈਲੀ ਨੇ 2027 ਦੀ ਨੀਂਹ ਰੱਖ ਦਿੱਤੀ ਹੈ ਅਤੇ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੋਵੇਗੀ। ਉਹਨਾ ਕਿਹਾ ਕਿ ਪੰਜਾਬ ਵਾਸੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਦੁੱਖੀ ਹੋ ਚੁੱਕੇ ਹਨ ਅਤੇ ਅਕਾਲੀ ਦਲ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ । ਉਹਨਾਂ ਕਿਹਾ ਕਿ ਜੋ ਸੁੱਖ ਸਹੂਲਤਾਂ ਅਕਾਲੀ ਸਰਕਾਰ ਵਕਤ ਲੋਕਾਂ ਨੂੰ ਮਿਲਦੀਆਂ ਸਨ ਉਹ ਇਹਨਾਂ ਸਰਕਾਰਾ ਨੇ ਬੰਦ ਕਰ ਦਿੱਤੀਆਂ ਹਨ, ਇਸੇ ਕਰਕੇ ਹੀ ਲੋਕ ਧੜਾਧੜ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ ਜਿਸ ਦੀ ਤਾਜਾ ਮਿਸਾਲ ਕਸਬਾ ਝਬਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਈ ਗਈ ਰਿਕਾਰਡਤੋੜ ਰੈਲੀ ਤੋਂ ਮਿਲਦੀ ਹੈ।ਸ ਦੀ ਤਾਜਾ ਮਿਸਾਲ ਕਸਬਾ ਝਬਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਈ ਗਈ ਰਿਕਾਰਡਤੋੜ ਰੈਲੀ ਤੋਂ ਮਿਲਦੀ ਹੈ।

## ਐਚ.ਆਰ.ਏ ਇੰਟਰਨੈਸ਼ਨਲ ਸਕੂਲ ਵਿਖੇ ਹੈਪੀ ਪੇਰੈਂਟਸ ਡੇ ਮਨਾਇਆ




ਗੁਰਦਾਸਪੁਰ 21 ਜੁਲਾਈ ( ਜਸਵਿੰਦਰ ਸਿੰਘ ) ਇਸ ਪ੍ਰੋਗਰਾਮ ਵਿੱਚ ਸਕੂਲ ਦੇ ਡਾਇਰੈਕਟਰ ਸ੍ਰੀਮਾਨ ਸੱਤਿਆ ਸੇਨ ਅਗਰਵਾਲ ਜੀ, ਮੈਡਮ ਆਂਚਲ ਅਗਰਵਾਲ ਜੀ,ਮੈਡਮ ਨੀਲੋਫਰਜੀ, ਪ੍ਰਿੰਸੀਪਲ ਡਿੰਪਲ ਸ਼ਰਮਾ ਜੀ ਅਤੇ ਮੈਡਮ ਨਵਦੀਪ ਕੌਰ ਜੀ ਵਿਸ਼ੇਸ਼ ਤੌਰ ਤੇ ਸ਼ਾਮਲਹੋਏ ਪ੍ਰੋਗਰਾਮ ਦੀ ਸ਼ੁਰੂਆਤ ਆਏ ਹੋਏ ਮਹਿਮਾਨਾਂ ਵੱਲੋਂ ਜਯੋਤੀ ਜਗਾ ਕੇ ਕੀਤੀ ਗਈਸਕੂਲ ਕੰਪਲੈਕਸ 'ਚ ਹੋਏ ਪ੍ਰਭਾਵਸ਼ਾਲੀ ਪ੍ਰੋਗਰਾਮ ਦੌਰਾਨ ਜਿੱਥੇ ਐਲ.ਕੇ. ਜੀ. ਜਮਾਤ ਦੇਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਡਾਂਸ ਪ੍ਰੋਗਰਾਮ ਪੇਸ਼ ਕਰਕੇ ਆਪਣੇ ਮਾਤਾ-ਪਿਤਾਪ੍ਰਤੀ ਆਪਣੇ ਪਿਆਰ ਨੂੰ ਦਰਸਾਉਣ ਦੀ ਕੋਸ਼ਿਸ਼ ਕੀਤੀ ਉੱਥੇ ਹੀ ਬੱਚਿਆਂ ਦੇ ਨਾਲ - ਨਾਲ ਉਨ੍ਹਾਂ ਦੀਆਂ ਮਾਵਾਂ ਨੇ ਵੀ ਇਸ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਤੇ ਉਨ੍ਹਾਂ ਨੂੰ ਕਈਤਰ੍ਹਾਂ ਦੀਆਂ ਗੇਮਾਂ ਵੀ ਖਿਡਾਈਆਂ ਗਈਆਂ। ਪ੍ਰੋਗਰਾਮ ਦੇ ਅੰਤ ਵਿਚ ਪ੍ਰਿੰਸੀਪਲ ਮੈਡਮਡਿੰਪਲ ਸ਼ਰਮਾ ਜੀ ਨੇ ਵਿਦਿਆਰਥੀਆਂ ਨੂੰ ਉਹਨਾਂ ਦੇ ਵਧੀਆਭਵਿੱਖ ਦੀਆਂ ਸ਼ੁੱਭਕਾਮਨਾਵਾਂਦਿੰਦੇ ਹੋਏ ਕਿਹਾ ਕਿ ਬੱਚਿਆਂ ਨੂੰ ਆਪਣੇ ਮਾਤਾ ਪਿਤਾ ਦਾ ਸਤਿਕਾਰ ਕਰਨਾ ਚਾਹੀਦਾ ਹੈ ਇਸ ਮੌਕੇ ਉੱਤੇ ਸਕੂਲ ਦੇ ਕਿੰਡਰ ਗਾਰਟਨ ਦੇ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇਅਧਿਆਪਕ ਵੀ ਮੌਜੂਦ ਸਨ।

## ਹਜੂਰ ਸਾਹਿਬ ਦੀ ਯਾਤਰਾ ਵੇਲੇ ਸੱਚਖੰਡ ਟਰੇਨ ਵਿੱਚ ਸੰਗਤਾਂ ਹੋ ਰਹੀਆਂ ਪਰੇਸ਼ਾਨ

ਭੋਗਪੁਰ 21 (ਜੁਲਾਈ ਅਮਰਜੀਤ ਸਿੰਘ ਸੈਣੀ ) ਪੰਜਾਬ ਵਿੱਚ ਸਰਕਾਰ ਕੋਈ ਵੀ ਬਣ ਜਾਵੇ ਹਰ ਸਰਕਾਰ ਦੀ ਇਹੀ ਕੋਸ਼ਿਸ਼ ਹੁੰਦੀ ਹੈ ਕਿ ਆਪਣੇ ਸੂਬੇ ਦੇ ਲੋਕਾਂ ਨੂੰ ਖੁਸ਼ ਰੱਖਿਆ ਜਾਵੇ !ਅਕਾਲੀ ਭਾਜਪਾ ਗੱਠ ਜੋੜ ਦੀ ਸਰਕਾਰ ਨੇ 15 ਸਾਲ ਪੰਜਾਬ ਵਿੱਚ ਰਾਜ ਕੀਤਾ ਤੇ ਅਕਾਲੀ ਸਰਕਾਰ ਵੇਲੇ ਵੀ ਸੰਗਤਾਂ ਨੂੰ ਟਰੇਨਾਂ ਰਾਹੀਂ ਹਜੂਰ ਸਾਹਿਬ ਦੀ ਫ$ਰੀ ਯਾਤਰਾ ਕਰਵਾਈ ਜਾਂਦੀ ਰਹੀ ਸੀ! ਸੰਗਤਾਂ ਦਾ ਪੂਰਾ ਖਿਆਲ ਰੱਖਿਆ ਜਾਂਦਾ ਰਿਹਾ ਤੇ ਸੰਗਤਾਂ ਦੀ ਸੇਵਾ ਲਈ ਖਰਚੇ ਵੀ ਖੂਬ ਕੀਤੇ ਜਾਂਦੇ ਰਹੇ ਸਨ !ਹਜੂਰ ਸਾਹਿਬ ਨੂੰ ਸਪੈਸ਼ਲ ਟ$ਰੇਨ ਸੱਚਖੰਡ ਨਾਮ ਤੇ ਸ਼ੁਰੂ ਕੀਤੀ ਗਈ ਪਰ ਅੱਜ ਸੱਚਖੰਡ ਟਰੇਨ ਸਿਰਫ ਨਾਮ ਦੀ ਸੱਚਖੰਡ ਰਹਿ ਚੁੱਕੀ ਹੈ! ਹਜੂਰ ਸਾਹਿਬ ਦੀ ਯਾਤਰਾ ਕਰਦੇ ਸਮੇਂ ਅਮਰਜੀਤ ਸਿੰਘ, ਸੁਖਵਿੰਦਰ, ਸਾਬੀ, ਗੁਲਸ਼ਨ, ਪਰਮਜੀਤ ਆਦੀ ਨੇ ਦੱਸਿਆ ਕਿ ਸੱਚਖੰਡ ਟਰੇਨ ਦੇ ਸਹੀ ਅਸੂਲ ਹੋਣ ਕਰਕੇ ਹਜੂਰ ਸਾਹਿਬ ਜਾਣ ਵਾਲੀਆਂ ਸੰਗਤਾਂ ਖੱਜਲ ਖਬਾਰ ਹੋ ਰਹੀਆਂ ਹਨ। ਕਿਉਂਕਿ ਲੰਬੇ ਸਫਰ ਵਾਲੀ ਸੱਚਖੰਡ ਟਰੇਨ ਹਰ ਨਿੱਕੇ ਮੋਟੇ ਸਟੇਸ਼ਨਾਂ ਤੇ ਰੋਕੀ ਜਾ ਰਹੀ ਹੈ! ਅਤੇ ਲੋਕਲ ਲੋਕ ਪੰਜਾਬ ਦੀਆਂ ਸੰਗਤਾਂ ਨੂੰ ਪਰੇਸ਼ਾਨ ਕਰਦੇ ਹਨ! ਸੰਗਤਾਂ ਦੀ ਮੰਗ ਹੈ ਕੇ ਹਜੂਰ ਸਾਹਿਬ ਤੋਂ ਚੱਲਣ ਵਾਲੀ ਸੱਚਖੰਡ ਟਰੇਨ ਸਿਰਫ ਖਾਸ ਸਟੇਸ਼ਨਾ ਤੇ ਹੀ ਰੋਕੀ ਜਾਵੇ! ਅਤੇ ਜਿੰਮੇਵਾਰ ਅਧਿਕਾਰੀ ਅਤੇ ਕੌਮ ਦੇ ਜਥੇਦਾਰ ਸੰਗਤਾਂ ਵੱਲ ਧਿਆਨ ਦੇਣ! ਕਿਉਂਕਿ ਪੰਜਾਬ ਦੀਆਂ ਸੰਗਤਾਂ ਸੱਚਖੰਡ ਟਰੇਨ ਵਿੱਚ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰ ਰਹੀਆਂ ਹਨ! ਟਰੇਨ ਵਿੱਚ ਮੰਗਣ ਵਾਲੇ ਭਿਖਾਰੀ ਅਤੇ ਸਮਾਨ ਵੇਚਣ ਵਾਲੇ ਮੁਲਾਜ਼ਮ ਵੀ 24 ਘੰਟੇ ਪੂਰੇ ਜੋਰ ਨਾਲ ਆਵਾਜ਼ਾਂ ਲਗਾਤਾਰ ਦੇ ਦੇ ਕੇ ਸੰਗਤਾਂ ਨੂੰ ਪਰੇਸ਼ਾਨ ਕਰਦੇ ਹਨ !ਹਾਲਾਂ ਕਿ ਏ.ਸੀ ਡੱਬੇ ਸਪੈਸ਼ਲ ਹੁੰਦੇ ਹਨ ਅਤੇ ਸਪੈਸ਼ਲ ਡੱਬਿਆਂ ਵਿੱਚ ਪੜਦੇ ਲਗਾ ਕੇ ਵਧੀਆ ਰਿਹਾਇਸ਼ ਕੀਤੀ ਹੁੰਦੀ ਹੈ! ਪਰ ਸੱਚਖੰਡ ਟਰੇਨ ਵਿੱਚ ਏ.ਸੀ ਡੱਬੇ ਵੀ ਜਨਰਲ ਡੱਬਿਆ ਵਾਂਗ ਹੀ ਦੇਖੇ ਗਏ ਹਨ!

## ਭ੍ਰਿਸ਼ਟ ਅਫਸਰਾਂ ਦੀ ਕਿਸੇ ਵਿਭਾਗ ਵਿੱਚ ਕੋਈ ਥਾਂ ਨਹੀਂ ਬਣਦੀ :ਦਲਜੀਤ ਲੱਕੀ,ਚੇਅਰਮੈਨ ਸ਼ਰਮਾ

ਬਟਾਲਾ,21 ਜੁਲਾਈ (ਸੁਖਦੇਵ ਸਿੰਘ ਰੰਧਾਵਾ ਬਲਵੀਰ ਸੋਹਲ)- ਪੰਜਾਬ ਸਰਕਾਰ ਜਦੋਂ ਦੀ ਹੋਂਦ ਵਿੱਚ ਆਈ ਹੈ ਉਸ ਦਿਨ ਤੋਂ ਹੀ ਭਰਿਸ਼ਟਾਚਾਰ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾ ਰਹੇ ਹਰ ਵਿਭਾਗ ਵਿੱਚ ਕੁਝ ਕਾਲੀਆਂ ਭੇਡਾਂ ਨਜ਼ਰ ਆ ਰਹੀਆਂ ਸਨ ਜਿੰਨਾਂ ਤੇ ਕਾਰਵਾਈ ਕਰਦਿਆਂ ਜਾਂ ਤਾਂ ਸਸਪੈਂਡ ਕਰ ਦਿੱਤਾ ਗਿਆ ਹੈ ਜਾਂ ਉਹਨਾਂ ਤੇ ਵਿਭਾਗੀ ਕਾਰਵਾਈ ਕੀਤੀ ਜਾ ਰਹੀ ਇਹਨਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਸਗੰਠਨ ਦਲਜੀਤ ਸਿੰਘ ਲੱਕੀ,ਚੇਅਰਮੈਨ ਰਾਜੀਵ ਸ਼ਰਮਾ ਤੇ ਸਾਥੀਆਂ ਵੱਲੋਂ ਇਹਨਾਂ ਗੱਲਾਂ ਦਾ ਪ੍ਰਗਟਾਵਾ ਕੀਤਾ ਗਿਆ । ਉਹਨਾਂ ਕਿਹਾ ਕਿ ਇਸੇ ਤਹਿਤ ਤਹਸੀਲ ਦਫਤਰ ਫਤਿਹਗੜ੍ਹ ਚੂੜੀਆਂ ਵਿਖੇ ਆਮ ਲੋਕਾਂ ਵੱਲੋਂ ਧਰਨਾ ਲਗਾਇਆ ਗਿਆ ਸੀ ਕਿ ਤਹਿਸੀਲ ਕਲਰਕ ਰਿਸ਼ਵਤ ਤੋਂ ਬਿਨਾਂ ਕਿਸੇ ਦਾ ਕੰਮ ਨਹੀਂ ਕਰਦੀ ਇਸੇ ਤਹਿਤ ਪੰਜਾਬ ਸਰਕਾਰ ਵੱਲੋਂ ਇਸ ਮਸਲੇ ਦਾ ਗੰਭੀਰ ਨੋਟਿਸ ਲੈਂਦਿਆਂ ਕਲਰਕ ਨੂੰ ਸਸਪੈਂਡ ਕਰ ਦਿੱਤਾ ਗਿਆ ਸੀ। ਉਹਨਾਂ ਅੱਗੇ ਦੱਸਿਆ ਕਿ ਬੀਤੇ ਦਿਨੀ ਨਾਇਬ ਤਹਿਸੀਲਦਾਰ ਮੈਡਮ ਅਤੇ ਪਟਵਾਰੀ ਵੱਲੋਂ ਪੈਸੇ ਦਾ ਲੈਣ ਦੇਣ ਕਰਦਿਆ ਦੀ ਸੋਸ਼ਲ ਮੀਡੀਆ ਤੇ ਇੱਕ ਵੀਡੀਓ ਵਾਇਰਲ ਹੋ ਗਈ ਤੇ ਕਸਬੇ ਦੇ ਲੋਕਾਂ ਵੱਲੋਂ ਭਰਿਸ਼ਟ ਅਫਸਰਾਂ ਦੇ ਖਿਲਾਫ ਰਵੀਦਾਸ ਚੌਂਕ ਵਿੱਚ ਧਰਨਾ ਲਗਾ ਦਿੱਤਾ, ਇਸ ਹੋਈ ਵੀਡੀਓ ਵਾਇਰਲ ਤੇ ਪੰਜਾਬ ਸਰਕਾਰ ਵੱਲੋਂ ਨੋਟਿਸ ਲੈਂਦਿਆਂ ਤਹਿਸੀਲਦਾਰ ਮੈਡਮ ਅਤੇ ਪਟਵਾਰੀ ਨੂੰ ਤੁਰੰਤ ਸਸਪੈਂਡ ਕਰ ਦਿੱਤਾ।ਉਹਨਾਂ ਕਿਹਾ ਕਿ ਇਸ ਮਾਮਲੇ ਵਿੱਚ ਹੋਈ ਕਾਰਵਾਈ ਤੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਤੇ ਪੰਜਾਬ ਸਰਕਾਰ ਵੱਲੋਂ ਇਸ ਤੁਰੰਤ ਚੁੱਕੇ ਗਏ ਕਦਮ ਲਈ ਸਰਕਾਰ ਦਾ ਧੰਨਵਾਦ ਕਰਦੇ ਹਾਂ ।ਉਹਨਾਂ ਅੱਗੇ ਕਿਹਾ ਕਿ ਇਹ ਅਫਸਰ ਜਨਤਾ ਦੀ ਸਹੂਲਤ ਅਤੇ ਲੋਕ ਸੇਵਾ ਵਾਸਤੇ ਹੁੰਦੇ ਹਨ ਤੇ ਇਹੋ ਜਿਹੇ ਹੀ ਭਰਿਸਟ ਅਫਸਰ ਲੋਕਾਂ ਦੀਆਂ ਜੇਬਾਂ ਕੱਟਣ ਤਾਂ ਉਨਾਂ ਨੂੰ ਵਿਭਾਗ ਵਿੱਚ ਰਹਿਣ ਦਾ ਕੋਈ ਅਧਿਕਾਰ ਨਹੀਂ ।

## ਨਸ਼ਿਆ ਨੂੰ ਜੜ ਤੋ ਖ਼ਤਮ ਕਰਨਾ ਸਾਡੀ ਨੈਤਿਕ ਜੁੰਮੇਵਾਰੀ - ਡਾ ਸੁੱਖੀ




ਬੰਗਾ -21 ਜੁਲਾਈ (ਪ੍ਰਭਜੋਤ ਸਿੰਘ ) 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 'ਨਸ਼ਾ ਮੁਕਤੀ ਯਾਤਰਾ' ਨੂੰ ਨਿਰੰਤਰ ਜਾਰੀ ਰੱਖਦੇ ਹੋਏ ਅੱਜ 21 ਜੁਲਾਈ ਨੂੰ ਵਿਧਾਨ ਸਭਾ ਹਲਕਾ ਬੰਗਾ ਦੇ ਪਿੰਡ ਹੱਪੋਵਾਲ ਅਤੇ ਸੱਲ੍ਹਾ ਦੇ ਵਾਸੀਆਂ ਨੂੰ ਨਸ਼ਾ ਨਾ ਵਿਕਣ ਦੇਣ ਦੀ ਸਹੁੰ ਚੁਕਾਈ ਅਤੇ ਸਮੂਹ ਪੰਚਾਇਤਾਂ ਨੂੰ $*1 ਸਾਬ ਡਾ ਸੁਖਵਿੰਦਰ ਕੁਮਾਰ ਸੁੱਖੀ ਜੀ ਤੇ ਸੋਹਣ ਲਾਲ ਢੰਡਾ ਜੀ ਨੇ ਅਪੀਲ ਕਰਦੇ ਹੋਏ ਕਿਹਾ ਕਿ ਉਹ ਵੀ ਨਸ਼ੇ ਖਿਲਾਫ਼ ਆਪਣੇ ਪੱਧਰ ਤੇ ਮਤੇ ਪਾਉਣ ਅਤੇ ਕਿਸੇ ਵੀ ਨਸ਼ਾ ਵਾਲੇ ਵਿਅਕਤੀ ਦੀ ਜਮਾਨਤ ਨਾ ਦੇਣ ਤਾਂ ਜੋ (ਯੁੱਧ ਨਸ਼ਿਆਂ ਵਿਰੁੱਧ) ਮਹਿੰਮ ਨੂੰ ਆਪ ਸਭ ਦੇ ਸਹਿਯੋਗ ਨਾਲ ਲੋਕ ਲਹਿਰ ਬਣਾਇਆ ਜਾ ਸਕੇ ਅਤੇ ਪੰਜਾਬ ਨੂੰ ਮੁੜ ਕੁਸ਼ਤੀਆਂ, ਅਖਾੜਿਆਂ ਤੇ ਭੰਗੜੇ, ਗਿੱਧਿਆਂ ਵਾਲਾ ਪੰਜਾਬ ਬਣਾਈਏ। ਇਸ ਮੌਕੇ ਹਾਜ਼ਰ ਯੁੱਧ ਨਸ਼ਿਆ ਵਿਰੁੱਧ ਦੇ ਹਲਕਾ ਇੰਚਾਰਜ ਕਮਲਜੀਤ ਬਸਰਾ , ਰੂਬੀ ਉੱਪਲ , ਪ੍ਰਭਜੋਤ ਸਿੰਘ , ਐਸ ਐਚ ਓ ਸੁਖਪਾਲ ਸਿੰਘ,ਬੀ ਡੀ ਪੀ ਓ ਆਦੇਸ਼ ਕੁਮਾਰ ,ਐਸ ਐਮ ਓ ਡਾ ਚਰਨਜੀਤ,ਪਿੰਡਾਂ ਦੀਆ ਪੰਚਾਇਤਾ ਅਤੇ ਹੱਪੋਵਾਲ ਦੇ ਸਰਪੰਚ ਗੁਰਿੰਦਰ ਸਿੰਘ ਅਤੇ ਸੱਲ੍ਹਾਂ ਦੇ ਸਰਪੰਚ ਹਰਪ੍ਰੀਤ ਕੁਮਾਰ ਅਤੇ ਪਿੰਡ ਦੇ ਪਤਵੰਤੇ ਸਾਥੀ ਹਾਜ਼ਰ ਸਨ।

## ਸੇਵਾ ਕੇਂਦਰ ਸਵੇਰੇ 8:00 ਵਜੇ ਤੋਂ ਸ਼ਾਮ 08:00 ਵਜੇ ਤੱਕ ਖੁੱਲਾ ਰਹੇਗਾ : ਡਿਪਟੀ ਕਮਿਸ਼ਨਰ

### ਟਰਾਂਸਪੋਰਟ ਵਿਭਾਗ ਦੀਆਂ 27 ਅਤੇ ਮਾਲ ਵਿਭਾਗ ਦੀਆਂ 5 ਹੋਰ ਸੇਵਾਵਾਂ ਸੇਵਾ ਕੇਂਦਰ ਤੋਂ ਮਿਲਣਗੀਆਂ

ਸ਼ਹੀਦ ਭਗਤ ਸਿੰਘ ਨਗਰ, 21 ਜੁਲਾਈ : ਸੁਖਦੇਵ ਸਿੰਘ ਉੜਾਪੜ :ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਅੱਜ ਦੱਸਿਆ ਕਿ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਖੇ ਸੇਵਾ ਕੇਂਦਰ ਸਵੇਰੇ 8:00 ਵਜੇ ਤੋਂ ਸ਼ਾਮ 08:00 ਵਜੇ ਤੱਕ ਖੁੱਲਾ ਰਹੇਗਾ ਜਿੱਥੇ ਲੋਕ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 450 ਦੇ ਕਰੀਬ ਸੇਵਾਵਾਂ ਦਾ ਲਾਭ ਲੈ ਸਕਦੇ ਹਨ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਸੋਮਵਾਰ ਤੋਂ ਸ਼ਨੀਵਾਰ ਤੱਕ ਇਹ ਸੇਵਾ ਕੇਂਦਰ ਸਵੇਰੇ 8:00 ਵਜੇ ਤੋਂ ਸ਼ਾਮ 08:00 ਵਜੇ ਤੱਕ ਖੁੱਲਾ ਰਹੇਗਾ ਜਦਕਿ ਐਤਵਾਰ ਨੂੰ ਇਸ ਦਾ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਟਰਾਂਸਪੋਰਟ ਵਿਭਾਗ ਦੀਆਂ 27 ਅਤੇ ਮਾਲ ਵਿਭਾਗ ਦੀਆਂ 5 ਨਵੀਆਂ ਸੇਵਾਵਾਂ ਸੇਵਾ ਕੇਂਦਰਾਂ ਰਾਹੀਂ ਸ਼ੁਰੂ ਕੀਤੀਆਂ ਗਈਆਂ ਹਨ ਜਿਸ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ।ਉਨ੍ਹਾਂ ਕਿਹਾ ਕਿ ਇਹ ਸੇਵਾਵਾਂ ਲੋਕਾਂ ਵੱਲੋਂ ਹੈਲਪਲਾਈਨ ਨੰਬਰ 1076 'ਤੇ ਕਾਲ ਕਰਕੇ ਘਰ ਬੈਠੇ ਹੀ ਹਾਸਲ ਕੀਤੀਆਂ ਜਾ ਸਕਦੀਆਂ ਹਨ।ਜਿਕਰਯੋਗ ਹੈ ਕਿ ਹੁਣ ਟਰਾਂਸਪੋਰਟ ਵਿਭਾਗ ਦੀਆਂ ਸਾਰਥੀ ਪੋਰਟਲ ਨਾਲ ਸਬੰਧਤ ਲਰਨਰ ਲਾਇਸੈਂਸ ਦੀ ਅਰਜੀ, ਲਰਨਰ ਲਾਇਸੈਂਸ 'ਤੇ ਪਤੇ ਜਾਂ ਨਾਮ ਵਿੱਚ ਸੋਧ, ਡੁਪਲੀਕੇਟ ਲਰਨਰ ਲਾਇਸੈਂਸ ਨੂੰ ਜਾਰੀ ਕਰਵਾਉਣਾ, ਡੁਪਲੀਕੇਟ ਡਰਾਈਵਿੰਗ ਲਾਇਸੈਂਸ ਨੂੰ ਜਾਰੀ ਕਰਵਾਉਣਾ, ਜਿਹੜੇ ਲਾਇਸੈਂਸ ਲਈ ਡਰਾਈਵਿੰਗ ਟੈਸਟ ਲੋੜੀਂਦਾ ਨਹੀਂ ਹੈ ਨੂੰ ਨਵਿਆਉਣਾ, ਡਰਾਈਵਿੰਗ ਲਾਇਸੈਂਸ ਨੂੰ ਬਦਲਣਾ, ਡਰਾਈਵਿੰਗ ਲਾਇਸੈਂਸ 'ਤੇ ਪਤੇ, ਨਾਮ ਜਾਂ ਜਨਮ ਮਿਤੀ ਵਿੱਚ ਸੋਧ, ਡਰਾਈਵਿੰਗ ਲਾਇਸੈਂਸ ਦੇ ਐਕਸਟ$ਰੈਕਟ ਲੈਣੇ, ਲਾਇਸੈਂਸ 'ਤੇ ਵ$ਹੀਕਲ ਨੂੰ ਸਰੰਡਰ ਕਰਨਾ, ਡਰਾਇਵਰ ਲਈ ਜਨਤਕ ਸੇਵਾ ਵ$ਹੀਕਲ(ਪੀ.ਐਸ.ਵੀ) ਬੈਚ ਜਾਰੀ ਕਰਵਾਉਣ, ਕੰਡਕਟਰ ਦਾ ਲਾਇਸੈਂਸ ਜਾਰੀ ਨਵਿਆਉਣਾ ਅਤੇ ਲਰਨਰ ਲਾਇਸੈਂਸ ਦੀ ਮਿਆਦ ਵਿੱਚ ਵਾਧੇ ਦੀਆਂ ਸੇਵਾਵਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ ਇਸੇ ਤਰ੍ਹਾਂ ਵਾਹਨ ਪੋਰਟਲ ਨਾਲ ਸਬੰਧਤ ਸੇਵਾਵਾਂ ਵਿੱਚ ਕਮਰਸ਼ੀਅਲ ਵਾਹਨਾਂ (ਹੈਵੀ ਮੋਟਰ ਵ$ਹੀਕਲ, ਮੈਨੂਅਲ/ਆਟੋਮੈਟਿਡ) ਲਈ ਫਿਟਨਸ ਸਰਟੀਫਿਕੇਟ ਜਾਰੀ ਕਰਵਾਉਣਾ, ਕਮਰਸ਼ੀਅਲ ਵਾਹਨਾਂ (ਮੀਡੀਅਮ ਮੋਟਰ ਵ$ਹੀਕਲ, ਮੈਨੂਅਲ/ਆਟੋਮੈਟਿਡ) ਲਈ ਫਿਟਨਸ ਸਰਟੀਫਿਕੇਟ ਜਾਰੀ ਕਰਵਾਉਣਾ, ਕਮਰਸ਼ੀਅਲ ਵਾਹਨਾਂ (ਤਿੰਨ ਪਹੀਆ ਜਾਂ ਚਾਰ ਪਹੀਆ ਜਾਂ ਐਲ.ਐਮ.ਵੀ. ) ਲਈ ਫਿਟਨਸ ਸਰਟੀਫਿਕੇਟ ਜਾਰੀ ਕਰਵਾਉਣਾ, ਲਾਈਫ ਟਾਈਮ ਟੈਕਸ ਦੀ ਅਦਾਇਗੀ, ਆਰ.ਸੀ. ਦੇ ਵੇਰਵੇ ਦੇਖਣੇ, ਰਜਿਸਟ$ਰੇਸ਼ਨ ਸਰਟੀਫਿਕੇਟ ਲਈ ਐਨ.ਓ.ਸੀ. , ਟਰਾਂਸਪੋਰਟ ਸੇਵਾਵਾਂ ਦੇ ਰਿਕਾਰਡ ਲਈ ਮੋਬਾਇਲ ਨੰ. ਅਪਡੇਟ ਕਰਨਾ ਅਤੇ ਰਜਿਸਟ$ਰੇਸ਼ਨ ਸਰਟੀਫਿਕੇਟ ਵਿੱਚ ਦਿੱਤੇ ਪਤੇ ਦੀ ਸੋਧ ਕਰਵਾਉਣਾ ਸ਼ਾਮਲ ਹੈ। ਮਾਲ ਵਿਭਾਗ ਨਾਲ ਸਬੰਧਤ 5 ਸੇਵਾਵਾਂ ਵਿੱਚ ਡੀਡ ਰਜਿਸਟ$ਰੇਸ਼ਨ, ਡੀਡ ਲਿਖਵਾਉਣਾ, ਡੀਡ ਦੀ ਅਗਾਊਂ ਪੜਤਾਲ, ਡੀਡ ਜਮ$ਹਾਂ ਕਰਵਾਉਣ ਲਈ ਸਮਾਂ ਲੈਣਾ, ਸਟੈਂਪ ਡਿਊਟੀ ਦੀ ਅਦਾਇਗੀ ਜਾਂ ਹੋਰਨਾਂ ਅਦਾਇਗੀਆਂ ਨਾਲ ਸਬੰਧਤ ਨਾਗਰਿਕ ਸੇਵਾਵਾਂ, ਇੰਤਕਾਲ(ਵਿਰਾਸਤੀ ਜਾਂ ਰਜਿਸਟਰਡ ਡੀਡ ਵਾਲੇ) ਲਈ ਅਰਜੀ ਦੇਣਾ, ਰਪਟ(ਅਦਾਲਤੀ ਹੁਕਮਾਂ ਨਾਲ ਸਬੰਧਤ, ਬੈਂਕ ਕਰਜਿਆਂ/ਕਿਸ਼ਤਾਂ ਜਾਂ ਬੈਂਕ ਕਰਜਿਆਂ ਦੀ ਮੁਆਫੀ) ਦੀ ਐਂਟਰੀ ਲਈ ਅਰਜੀ, ਫਰਦ ਬਦਰ (ਸੋਧ ਜਾਂ ਰਿਕਾਰਡ) ਦੀ ਅਰਜੀ ਅਤੇ ਡਿਜੀਟਲ ਹਸਤਾਖਰਾਂ ਵਾਲੀ ਫਰਦ ਵਾਲੀਆਂ ਨਾਗਰਿਕ ਸੇਵਾਵਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ

## ਬਾਬਾ ਸੰਤੋਖ ਦਾਸ ਦਾ ਸਾਲਾਨਾ ਜੋੜ ਮੇਲਾ ਤੇ ਕਬੱਡੀ ਟੂਰਨਾਮੈਂਟ ਕਰਵਾਇਆ



ਚੋਗਵਾਂ , 21 ਜੁਲਾਈ (ਸੁਬੇਗ ਸਿੰਘ ਸੋਨਾ) -ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜਿਲਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਪਿੰਡ ਰਾਣੀਆਂ ਵਿਖੇ ਧੰਨ-ਧੰਨ ਬ੍ਰਹਮ ਗਿਆਨੀ ਬਾਬਾ ਸੰਤੋਖ ਦਾਸ ਜੀ ਦੀ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਤੇ ਕਬੱਡੀ ਟੂਰਨਾਮੈਂਟ ਐਨ ਆਰ ਆਈ ਵੀਰਾਂ, ਬਾਬਾ ਜੀ ਦੇ ਚਰਨ ਸੇਵਕ ਸੁਖਦੇਵ ਸਿੰਘ, ਮੁੱਖ ਸੇਵਾਦਾਰ ਬਾਬਾ ਸੁਰਜੀਤ ਸਿੰਘ ਸਮੇਤ ਸਮੂਹ ਪਿੰਡ ਵਾਸੀਆਂ ਵਲੋਂ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਸਜੇ ਖੁੱਲੇ ਪੰਡਾਲ ਵਿੱਚ ਗਿਆਨੀ ਲਖਵਿੰਦਰ ਸਿੰਘ ਰਾਏ ਦਾ ਕਵੀਸ਼ਰੀ ਜਥਾ, ਭਾਈ ਦੀਦਾਰ ਸਿੰਘ ਪੰਜੂਰਾਏ ਦਾ ਕਵੀਸ਼ਰੀ ਜਥਾ, ਭਾਈ ਪਲਵਿੰਦਰ ਸਿੰਘ ਖਾਲਸਾ ਦਾ ਕਵੀਸ਼ਰੀ ਜਥਾ, ਭਾਈ ਨਿਰਮਲ ਸਿੰਘ ਪੰਜਰਾਏ ਦਾ ਕਵੀਸ਼ਰੀ ਜਥੇ ਨੇ ਆਇਆ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸ਼ਾਮ ਨੂੰ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ।ਜਿਸ ਵਿੱਚ ਗੋਪੀ ਫਰੰਦੀਪੁਰੀਆ ਸਪੋਰਟਸ ਕਲੱਬ ਅਤੇ ਮੋਗਾ ਸਪੋਰਟਸ ਕਬੱਡੀ ਕਲੱਬ ਦੀਆਂ ਟੀਮਾਂ ਵਿਚਕਾਰ ਸਖਤ ਮੁਕਾਬਲੇ ਹੋਏ। ਪ੍ਰਬੰਧਕਾਂ ਵੱਲੋਂ ਜੇਤੂ ਟੀਮਾਂ ਨੂੰ ਨਕਦ ਰਾਸ਼ੀ ਤੇ ਕਬੱਡੀ ਕੱਪ ਦੇ ਕੇ ਸਨਮਾਨਿਤ ਕੀਤਾ ਗਿਆ। ਨਿਹੰਗ ਸਿੰਘਾਂ ਦੀਆਂ ਲਾਡਲੀਆਂ ਫੌਜਾਂ ਵੱਲੋਂ ਗਤਕੇ ਦੇ ਜੌਹਰ ਵਿਖਾਏ ਗਏ। ਇਸ ਮੌਕੇ ਕਾਬਲ ਸਿੰਘ, ਐਨ. ਆਰ. ਆਈ. ਪਵਨ ਸਰਕਾਰੀਆ, ਪ੍ਰਧਾਨ ਜਸਮੀਤ ਸਿੰਘ ਰਾਣੀਆਂ, ਹਰਪਾਲ ਸਿੰਘ ਸਰਕਾਰੀਆ, ਦਿਲਬਾਗ ਸਿੰਘ ਸਰਕਾਰੀਆ, ਪ੍ਰਗਟ ਸਿੰਘ ਗਿੱਲ,ਲਛਮਣ ਗਿੱਲ, ਮਹਿਲ ਸਿੰਘ, ਮਨਬੀਰ ਰਾਣੀਆਂ, ਨਿੰਦਰਬੀਰ ਸਿੰਘ, ਹਰਭੇਜ ਸਿੰਘ ਆਦਿ ਸਮੇਤ ਪਿੰਡ ਵਾਸੀ ਹਾਜ਼ਰ ਸਨ।

# ਪ੍ਰਜੈਕਟ ਜੀਵਨਜੋਤ ਤਹਿਤ ਭੀਖ ਮੰਗਦੇ 07 ਬੱਚਿਆਂ ਨੂੰ ਕੀਤਾ ਰੈਸਕਿਊ: ਕੈਬਨਿਟ ਮੰਤਰੀ ਡਾ. ਬਲਜੀਤ ਕੌਰ

ਮਲੋਟ 21 ਜੁਲਾਈ ( ਅਮਨਦੀਪ ਸਿੰਘ ਮਹਿਰਾ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਭੀਖ ਮੁਕਤ ਬਣਾਉਣ ਲਈ ਜੰਗੀ ਪੱਧਰ 'ਤੇ ਅਭਿਆਨ ਚਲਾਇਆ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪ੍ਰਜੈਕਟ ਜੀਵਨਜੋਤ 2.0 ਦੇ ਤਹਿਤ ਬਲਾਕ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ 'ਚੋਂ ਭੀਖ ਮੰਗਦੇ ਕੁੱਲ 7 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ ਹੈ। ਬਲਜੀਤ ਕੌਰ ਵੱਲੋਂ ਬੱਚਿਆਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਬੱਚਿਆਂ ਨੂੰ ਸਕੂਲ ਵਿੱਚ ਪੜ੍ਹਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਉਹਨਾਂ ਦੇ ਬੱਚੇ ਪੜ੍ਹ ਲਿਖ ਕੇ ਉੱਚੇ ਅਹੁਦਿਆਂ 'ਤੇ ਪਹੁੰਚ ਸਕਣ ਅਤੇ ਦੇਸ਼ ਦੇ ਚੰਗੇ ਨਾਗਰਿਕ ਬਣ ਸਕਣ। ਉਹਨਾਂ ਨੂੰ ਅਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖ਼ਲ ਕਰਵਾਉਣ ਲਈ ਕਿਹਾ ਗਿਆ ਅਤੇ ਇਸ ਦੇ ਨਾਲ ਹੀ ਉਹਨਾਂ ਨੂੰ ਕਿਹਾ ਕਿ ਜੇਕਰ ਬੱਚੇ ਭੀਖ ਮੰਗਦੇ ਪਾਏ ਗਏ ਤਾਂ ਉਹਨਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਇਹ ਵੀ ਦੱਸਿਆ ਕਿ ਜੇਕਰ ਕਿਸੇ ਬੱਚੇ ਦੇ ਮਾਤਾ-ਪਿਤਾ ਨਾ ਹੋਣ ਬਾਰੇ ਸ਼ੱਕ ਹੋਇਆ ਤਾਂ ਬਾਲ ਭਲਾਈ ਕਮੇਟੀ ਵਲੋਂ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਧੀਨ ਡੀ.ਐਨ.ਏ ਜਾਂਚ ਵੀ ਕਰਵਾਈ ਜਾ ਸਕਦੀ ਹੈ ਤਾਂ ਜੋ ਬੱਚਿਆਂ ਦੀ ਹਕੀਕਤੀ ਪਛਾਣ ਦਾ ਪਤਾ ਲੱਗ ਸਕੇ।ਕੈਬਨਿਟ ਮੰਤਰੀ ਡਾ.



ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਦੀ ਜ਼ਿਲ੍ਹਾ ਬਾਲ ਸੁਰੱਖਿਆ ਟੀਮ ਵਲੋਂ ਮਲੋਟ ਦੇ ਬੱਸ ਅੱਡਾ, ਰੇਲਵੇ ਸਟੇਸ਼ਨ ਅਤੇ ਹੋਰ ਵੱਖ- ਵੱਖ ਥਾਂਵਾ ਤੇ ਵਿਸ਼ੇਸ਼ ਛਾਪੇਮਾਰੀ ਕਰਕੇ ਇਨ੍ਹਾਂ ਬੱਚਿਆਂ ਨੂੰ ਬਚਾਇਆ ਗਿਆ। ਇਨ੍ਹਾਂ ਬੱਚਿਆਂ ਨੂੰ ਬਾਲ ਭਲਾਈ ਕਮੇਟੀ, ਸ੍ਰੀ ਮੁਕਤਸਰ ਸਾਹਿਬ ਅੱਗੇ ਪੇਸ਼ ਕੀਤਾ ਗਿਆ। ਇਨ੍ਹਾਂ ਬੱਚਿਆਂ ਵਿੱਚੋਂ ਇੱਕ ਬੱਚਾ ਦੂਸਰੇ ਜ਼ਿਲ੍ਹੇ ਨਾਲ ਸਬੰਧਿਤ ਸੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਸਿੱਧਾ ਉਦੇਸ਼ ਹੈ ਕਿ ਹਰ ਬੱਚੇ ਨੂੰ ਸੁਰੱਖਿਅਤ ਅਤੇ ਚੰਗੇ ਭਵਿੱਖ ਵਾਲਾ ਜੀਵਨ ਮਿਲੇ। ਪ੍ਰਜੈਕਟ ਜੀਵਨਜੋਤ 2.0 ਦੇ ਤਹਿਤ ਵਿਭਾਗ ਦੀਆਂ ਜ਼ਿਲ੍ਹਾ ਟੀਮਾਂ ਵੱਲੋਂ ਲਗਾਤਾਰ ਵੱਖ-ਵੱਖ ਥਾਂਵਾਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਸੂਬਾ ਸਰਕਾਰ ਦੀ ਜਾਗਰੂਕਤਾ ਮੁਹਿੰਮ ਸਦਕਾ ਪੰਜਾਬ ਸੂਬੇ ਨੂੰ ਬਾਲ ਭਿੱਖਿਆ ਮੁਕਤ ਬਣਾਇਆ ਜਾ ਰਿਹਾ ਹੈ. ਬਲਜੀਤ ਕੌਰ ਵੱਲੋ ਆਮ ਪਬਲਿਕ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਛੋਟੇ ਬੱਚਿਆਂ ਨੂੰ ਭੀਖ ਨਾ ਦੇਣ ਅਤੇ ਜੇਕਰ ਕੋਈ ਬੱਚੇ ਨੂੰ ਭੀਖ ਮੰਗਦੇ ਦੇਖਦਾ ਹੈ ਤਾਂ ਉਹਨਾਂ ਵੱਲੋਂ ਇਸ ਸਬੰਧੀ ਜਾਣਕਾਰੀ 1098 ਤੇ ਦਿੱਤੀ ਜਾਵੇ । ਇਸ ਮੌਕੇ ਡਾ. ਸ਼ਿਵਾਨੀ ਨਾਗਪਾਲ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀ ਮੁਕਤਸਰ ਸਾਹਿਬ, ਜ਼ਿਲ੍ਹਾ ਸਿੱਖਿਆ ਵਿਭਾਗ ਤੋਂ ਰਾਕੇਸ਼ ਕੁਮਾਰ ਸੀ ਐੱਚ .ਟੀ.ਸ੍ਰੀ ਮੁਕਤਸਰ ਸਾਹਿਬ, ਸੌਹਲਪ੍ਰੀਤ ਕੌਰ ਬਾਲ ਸੁਰੱਖਿਆ ਅਫਸਰ (ਆਈ.ਸੀ.), ਅਮਨਪ੍ਰੀਤ ਕੌਰ ਡਾਟਾ ਐਂਟਰੀ ਓਪਰੇਟਰ ਸ੍ਰੀ ਮੁਕਤਸਰ ਸਾਹਿਬ, ਗੁਰਜੌਤ ਸਿੰਘ ਸੁਪਰਵਾਇਜ਼ਰ (ਚਾਇਲਡ ਹੈਲਪ ਲਾਇਨ) ਸ੍ਰੀ ਮੁਕਤਸਰ ਸਾਹਿਬ, ਵਿਕਾਸ ਕੁਮਾਰ ਸੁਪਰਵਾਇਜ਼ਰ (ਚਾਇਲਡ ਹੈਲਪ ਲਾਇਨ) ਸ੍ਰੀ ਮੁਕਤਸਰ ਸਾਹਿਬ, ਪਰਮਜੀਤ ਕੌਰ ਕੇਸ ਵਰਕਰ(ਚਾਇਲਡ ਹੈਲਪ ਲਾਇਨ) ਸ੍ਰੀ ਮੁਕਤਸਰ ਸਾਹਿਬ ਹਾਜ਼ਰ ਸਨ।

# ਗੁਰਪ੍ਰੀਤ ਮਲੂਕਾ ਨੇ ਵਾਤਾਵਰਨ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਾਉਣ ਦਾ ਦਿੱਤਾ



ਭਗਤਾ ਭਾਈ ਕਾ 21 ਜੁਲਾਈ (ਸਵਰਨ ਸਿੰਘ ਭਗਤਾ)ਜੇ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ ਸੁਥਰਾ ਤੇ ਸਾਹ ਲੈਣ ਯੋਗ ਵਾਤਾਵਰਨ ਵਿਰਾਸਤ 'ਚ ਦੇਣਾ ਚਾਹੁੰਦੇ ਹਾਂ ਤਾਂ ਉਸ ਲਈ ਸਾਨੂੰ ਅੱਜ ਹੀ ਉਪਰਾਲੇ ਕਰਨੇ ਪੈਣਗੇ ਇੰਨਾ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਸਾਬਕਾ ਚੇਅਰਮੈਨ ਗੁਰਪ੍ਰੀਤ ਸਿੰਘ ਮਲੂਕਾ ਨੇ ਮਲੂਕਾ 'ਚ ਰੁੱਖ ਲਾਉਣ ਦੀ ਮੁਹਿੰਮ ਦੌਰਾਨ ਕੀਤਾ।ਮਲੂਕਾ ਨੇ ਕਿਹਾ ਰੁੱਖ ਸਾਡੇ ਜੀਵਨ ਦਾ ਸਭ ਤੋਂ ਵੱਧ ਮਹੱਤਵ ਪੂਰਨ ਹਿੱਸਾ ਹਨ ਰੁੱਖਾਂ ਤੀਂ ਬਗੈਰ ਅਸੀਂ ਧਰਤੀ ਤੇ ਜੀਵਨ ਦੀ ਕਲਪਨਾ ਵੀ ਨਹੀਂ ਕਰ ਸਕਦੇ ਕੁੱਝ ਦਹਾਕਿਆ ਤੋਂ ਵਿਕਾਸ ਦੇ ਨਾਮ ਤੇ ਮਨੁੱਖ ਨੇ ਜੰਗਲਾਂ ਦਾ ਉਜਾੜਾ ਕਰ ਦਿੱਤਾ।ਸ਼ਹਿਰੀ ਕਰਨ ਦੇ ਨਾਮ ਤੇ ਅਸੀਂ ਕੰਕਰੀਟ ਦੀ ਵੱਖਰੀ ਦੁਨੀਆ ਵਸਾ ਦਿੱਤੀ।ਇਸ ਤੋਂ ਇਲਾਵਾ ਵੱਧ ਰਹੀਆਂ ਗੱਡੀਆਂ ਤੇ ਕਾਰਖਾਨਿਆ ਨੇ ਸਾਰਾ ਸੰਤੁਲਨ ਵਿਗਾੜ ਦਿੱਤਾ ਅਤੇ ਵਧ ਰਹੇ ਪ੍ਰਦੂਸ਼ਣ ਨਾਲ ਦਿਨੋਂ ਦਿਨ ਬਿਮਾਰੀਆਂ ਚ ਵਾਧਾ ਹੋ ਰਿਹਾ ਹੈ ਜੇਕਰ ਵਾਤਾਵਰਨ ਦੀ ਸੰਭਾਲ ਲਈ ਲੋੜੀਂਦੇ ਉਪਰਾਲੇ ਨਾ ਕੀਤੇ ਤਾਂ ਭਿਆਨਕ ਸਥਿਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਜਿਸ ਦਾ ਇੱਕੋ ਇੱਕ ਹੱਲ ਰੁੱਖ ਹੀ ਹਨ ਵਾਤਾਵਰਨ ਦੀ ਸੰਭਾਲ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ ਸੁਥਰਾ ਵਾਤਾਵਰਨ ਦੇਣ ਲਈ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।

# ਐੱਸ.ਐੱਸ.ਡੀ ਕਾਲਜ ਦੇ ਦੋ ਵਿਦਿਆਰਥੀਆਂ ਨੇ ਕੌਮੀ ਪੱਧਰੀ ਕਿੱਕ ਬਾਕਸਿੰਗ ਮੁਕਾਬਲਿਆਂ 'ਚੋਂ ਦੋ ਗੋਲਡ ਮੈਡਲ ਜਿੱਤੇ

ਬਰਨਾਲਾ, 21 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ)- ਐੱਸ ਐੱਸ ਡੀ ਕਾਲਜ ਬਰਨਾਲਾ ਦੇ ਵਿਦਿਆਰਥੀਆਂ ਨੇ ਕਿੱਕ ਬਾਕਸਿੰਗ ਦੇ ਨੈਸ਼ਨਲ ਮੁਕਾਬਲਿਆਂ ਵਿਚੋਂ ਦੋ ਗੋਲਡ ਮੈਡਲ ਜਿੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ: ਰਾਕੇਸ਼ ਜਿੰਦਲ ਨੇ ਦੱਸਿਆ ਹੈ ਕਿ ਛਤੀਸ਼ਗੜ੍ਹ ਦੇ ਰਾਏਪੁਰ ਵਿਖੇ




ਬਲਵੀਰ ਸਿੰਘ ਸਟੇਡੀਅਮ ਵਿੱਚ ਹੋਈ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ 2025 ਵਿੱਚ ਐੱਸ.ਐੱਸ.ਡੀ ਕਾਲਜ ਦੇ ਬੀ ਸੀ ਏ ਭਾਗ ਤੀਜਾ ਦੇ ਵਿਦਿਆਰਥੀ ਆਕਾਸ਼ਦੀਪ ਸਿੰਘ ਨੇ ਸੀਨੀਅਰ ਕਿੱਕ ਬਾਕਸਿੰਗ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਸੋਨੇ ਦਾ ਤਮਗਾ ਜਿੱਤਿਆ ਹੈ। ਇਸੇ ਤਰਾਂ ਐਮ ਏ ਭਾਗ ਦੂਜਾ ਦੇ ਵਿਦਿਆਰਥੀ ਸ਼ਨੀ ਕੁਮਾਰ ਨੇ 91 ਕਿਲੋ ਵਰਗ ਦੇ ਕਿੱਕ ਬਾਕਸਿੰਗ ਮੁਕਾਬਲਿਆਂ ਵਿਚੋਂ ਪਹਿਲਾ ਸਥਾਨ ਹਾਸਲ ਕਰਦਿਆਂ ਸੋਨੇ ਦਾ ਤਮਗਾ ਜਿੱਤਿਆ ਹੈ। ਐੱਸ.ਡੀ ਸਭਾ (ਰਜਿ:) ਬਰਨਾਲਾ ਦੇ ਚੇਅਰਮੈਨ ਸ਼ਿਵਦਰਸ਼ਨ ਕੁਮਾਰ ਸ਼ਰਮਾ ਨੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਹੈ ਕਿ ਇਨ੍ਹਾਂ ਹੋਨਹਾਰ ਬੱਚਿਆਂ ਨੇ ਕੌਮੀ ਪੱਧਰ 'ਤੇ ਐੱਸ.ਐੱਸ.ਡੀ ਕਾਲਜ, ਆਪਣੇ ਮਾਤਾ ਪਿਤਾ, ਆਪਣੇ ਸ਼ਹਿਰ ਬਰਨਾਲਾ ਅਤੇ ਪੰਜਾਬ ਦਾ ਨਾਮ ਉਚਾ ਕੀਤਾ ਹੈ।ਐੱਸ.ਡੀ ਸਭਾ (ਰਜਿ:) ਬਰਨਾਲਾ ਦੇ ਜਨਰਲ ਸਕੱਤਰ ਸ਼ਿਵ ਸਿੰਗਲਾ ਨੇ ਗੋਲਡ ਮੈਡਲ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦੇਣ ਦੇ ਨਾਲ ਨਾਲ ਫਿਜ਼ੀਕਲ ਵਿਭਾਗ ਦੀ ਇੰਚਾਰਜ ਪ੍ਰੋਫ਼ੈਸਰ ਪਰਵਿੰਦਰ ਕੌਰ ਦੀ ਸ਼ਲਾਘਾ ਕੀਤੀ।

# ਬਠਿੰਡਾ ਦੇ ਰਜਿੰਦਰ ਗੁਪਤਾ ਨੇ 6 ਲੱਖ 45 ਹਜ਼ਾਰ ਕਿਲੋਮੀਟਰ ਸਾਈਕਲ ਤੇ ਧਾਰਮਿਕ ਅਸਥਾਨਾਂ ਦੀ ਕੀਤੀ ਯਾਤਰਾ, ਝਾਰਖੰਡ ਦੇ ਮੁੱਖ ਮੰਤਰੀ ਨੇ ਕੀਤਾ ਸਨਮਾਨ



ਤਪਾ ਮੰਡੀ 21 ਜੁਲਾਈ (ਭੂਸ਼ਨ ਘੜੈਲਾ)- ਜਦੋਂ ਇਨਸਾਨ ਆਪਣੇ ਮਨ ਵਿੱਚ ਕਿਸੇ ਵੀ ਗੱਲ ਨੂੰ ਠਾਣ ਲਵੇ ਤਾਂ ਉਹ ਪੂਰੀ ਕਰਕੇ ਰਹਿੰਦਾ ਹੈ ਜਿਸ ਦਾ ਪ੍ਰਮਾਤਮਾ ਵੀ ਸਾਥ ਦਿੰਦਾ ਹੈ। ਗੱਲ ਕਰਦੇ ਹਾਂ ਬਠਿੰਡਾ ਦੇ ਰਜਿੰਦਰ ਕੁਮਾਰ ਗੁਪਤਾ ਦੀ ਜਿਨਾਂ ਨੇ 36 ਸਾਲ ਲਗਾਤਾਰ ਸਾਈਕਲ ਤੇ 6 ਲੱਖ 45 ਹਜ਼ਾਰ ਕਿਲੋਮੀਟਰ ਵੱਖ ਵੱਖ ਧਾਰਮਿਕ ਅਸਥਾਨਾਂ ਦੀ ਯਾਤਰਾ ਕੀਤੀ ਉਹ ਅੱਜ ਬਠਿੰਡਾ ਚੰਡੀਗੜ੍ਹ ਤੇ ਸਥਿਤ ਬਾਬਾ ਸੁੱਖਾਨੰਦ ਸਿਵਰ ਸੇਵਾ ਸੰਘ ਵਿਖੇ ਪਹੁੰਚੇ । ਜਿੰਨਾ ਦਾ ਸੰਘ ਵੱਲੋਂ ਮਾਨ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਗੁਪਤਾ ਨੇ ਦੱਸਿਆ ਕਿ 20ਵੀਂ ਅਮਰਨਾਥ ਦੀ ਯਾਤਰਾ ਸਾਈਕਲ ਤੇ ਜਦੋਂ ਗਏ ਤਾਂ ਜੰਮੂ ਕਸ਼ਮੀਰ ਦੇ ਰਾਜਪਾਲ ਵੱਲੋਂ ਉਹਨਾਂ ਨੂੰ ਫੌਜ ਦੇ ਹੈਲੀਕਾਪਟਰ ਤੇ ਬਾਬਾ ਬਰਫਾਨੀ ਦੀ ਗੁਫ਼ਾ ਦੇ ਦਰਸ਼ਨ ਕਰਵਾਏ ਅਤੇ ਬਹੁਤ ਹੀ ਮਾਣ ਸਨਮਾਨ ਮਿਲਿਆ। ਇਸ ਤੋਂ ਇਲਾਵਾ 151 ਵਾਰ ਮਾਤਾ ਵੈਸ਼ਨੋ ਦੇਵੀ ਦੀ ਯਾਤਰਾ ਕੀਤੀ ਜਿਸ ਵਿੱਚ ਮਾਂ ਨੈਣਾ ਦੇਵੀ, ਚਿੰਤਪੁਰਨੀ, ਚਾਮੁੰਡਾ ਜੀ ,ਕਾਂਗੜਾ ਮਾਤਾ, ਜਵਾਲਾ ਜੀ ਤੇ ਵੈਸ਼ਨੋ ਦੇਵੀ ਆਦਿ ਮਾਤਾ ਦੇ ਦਰਸ਼ਨ ਕੀਤੇ। ਉਹਨਾਂ ਦੱਸਿਆ ਕਿ ਉਹ 72 ਵਾਰ ਸਾਈਕਲ ਤੇ ਕਾਬੜ ਲੈ ਕੇ ਆਏ ਹਨ ਜਿਸ ਦੌਰਾਨ ਉਹ ਅੱਜ ਗਊਮੁੱਖ ਤੋਂ ਕਾਵੜ ਲੈ ਕੇ ਸਾਈਕਲ ਰਾਹੀਂ ਬਠਿੰਡਾ ਜਾ ਰਹੇ ਹਨ ਅਤੇ ਤਪਾ ਦੇ ਕਾਵੜੀਆਂ ਲਈ ਲੱਗੇ ਸਿਵਰ ਵਿੱਚ ਰੁਕੇ ਹਨ। ਉਹਨਾਂ ਦੱਸਿਆ ਕਿ ਸਾਈਕਲ ਤੇ ਉਜੈਨ ਮੰਦਿਰ,ਸੋਮਨਾਥ ਮੰਦਿਰ,12 ਜੋਤੀ ਲਿੰਗ ,ਦੁਆਰਕਾ ਆਦਿ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਉਹਨਾਂ ਇੱਕ ਵਿਸ਼ੇਸ਼ ਗੱਲ ਦੱਸੀ ਇਹ ਸਾਈਕਲ ਤੇ ਯਾਤਰਾ ਕਰਨ ਦੇ ਨਾਲ ਮੇਰੀ ਨਜ਼ਰ ਕਾਫੀ ਘੱਟ ਗਈ ਸੀ ਜੋ ਬਾਬਾ ਭੋਲੇ ਦੀ ਕਿਰਪਾ ਦੇ ਨਾਲ ਮੇਰੀ ਨਜ਼ਰ ਹੁਣ ਬਿਲਕੁਲ ਠੀਕ ਹੈ ਅਤੇ ਪਰਮਾਤਮਾ ਦਾ ਅਸ਼ੀਰਵਾਦ ਹਮੇਸ਼ਾ ਮੇਰੇ ਨਾਲ ਹੈ ਉਹਨਾਂ ਦੱਸਿਆ ਕਿ 72 ਵਾਰ ਦੀ ਯਾਤਰਾ ਦੌਰਾਨ ਮੈਂ 72 ਸਾਈਕਲ ਬਦਲ ਚੁੱਕਿਆ ਹਾਂ। 65 ਸਾਲ ਦੇ ਰਜਿੰਦਰ ਗੁਪਤਾ ਨੇ ਦੱਸਿਆ ਕਿ ਮੇਰਾ ਇੱਕੋ ਹੀ ਟੀਚਾ ਹੈ ਕਿ ਮੈਂ ਦੇਸ਼ ਦੇ ਜਿੰਨੇ ਵੀ ਧਾਰਮਿਕ ਅਸਥਾਨ ਮੰਦਿਰ ਹਨ ਉਹਨਾਂ ਦੇ ਦਰਸ਼ਨ ਸਾਈਕਲ ਤੇ ਕਰ ਚੁੱਕਾ ਹਾਂ ਜਿਸ ਕਰਕੇ ਉਹਨਾਂ ਨੇ ਆਪਣਾ ਵਿਆਹ ਵੀ ਨਹੀਂ ਕਰਵਾਇਆ। ਉਨਾਂ ਨੂੰ ਝਾਰਖੰਡ ਦੇ ਮੁੱਖ ਮੰਤਰੀ ਵੱਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ।ਅੰਤ ਵਿੱਚ ਉਹਨਾਂ ਕਿਹਾ ਕਿ ਭਾਰਤ ਵਿੱਚ ਜੋ ਵੀ ਇਤਿਹਾਸਿਕ ਮੰਦਰਾਂ ਦੇ ਦਰਸ਼ਨ ਰਹਿ ਗਏ ਹਨ ਉਹਨਾਂ ਨੂੰ ਵੀ ਜਲਦੀ ਪੂਰਾ ਕਰ ਲਿਆ ਜਾਵੇਗਾ। ਇਸ ਮੌਕੇ ਮਨੀਸ਼ ਤਾਜੋਕੇ , ਦੀਪਕ ਕੁਮਾਰ ,ਕਰਨ ਟੈਂਟ ਵਾਲਾ ,ਡਿੰਪੀ ਪੰਡਿਤ ,ਸਾਹਿਲ ਸ਼ਰਮਾ ਆਦਿ ਹਾਜ਼ਰ ਸਨ।

# ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਸਪੈਲ ਬੀ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀ ਸਨਾਮਾਨਿਤ



ਬਰਨਾਲਾ, 21 ਜੁਲਾਈ (ਅਮਨਦੀਪ ਸਿੰਘ)- ਸੰਤ ਬਾਬਾ ਚਰਨਪੁਰੀ ਜੀ ਅਤੇ ਐੱਮ.ਡੀ. ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਚੱਲ ਰਹੀ ਪ੍ਰਸਿੱਧ ਸੰਸਥਾ ਵਿਖੇ ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਸਪੈਲ ਬੀ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਾਮਾਨਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸੀਨੀਅਰ ਕੈਟਾਗਿਰੀ ਵਿੱਚ ਅਤੁਲ ਹਾਊਸ ਵਿੱਚੋਂ ਵਿਨੈ ਗਰਗ ਅਤੇ ਦੀਪਜਿੰਦ ਕੌਰ ਅੱਠਵੀਂ ਕਲਾਸ, ਲਵਪ੍ਰੀਤ ਸਿੰਘ ਸੱਤਵੀਂ ਕਲਾਸ, ਪਰਮਜੀਤ ਕੌਰ ਛੇਵੀਂ ਕਲਾਸ ਅਤੇ ਜੂਨੀਅਰ ਕੈਟਾਗਿਰੀ ਵਿੱਚ ਅਕਾਲ ਹਾਊਸ ਵਿੱਚੋਂ ਜਪਗੁਣ ਕੌਰ ਅਤੇ ਦਿਲਬਰਜੋਤ ਕੌਰ ਪੰਜਵੀਂ ਕਲਾਸ, ਹਰਸੀਰਤ ਕੌਰ ਤੀਜੀ ਕਲਾਸ ਦੇ ਵਿਦਿਆਰਥੀਆਂ ਨੇ ਪੁਜੀਸ਼ਨਾਂ ਹਾਸਿਲ ਕੀਤੀਆਂ । ਇਸ ਸਮੇਂ ਸੰਸਥਾ ਦੇ ਪ੍ਰਿੰਸ਼ੀਪਲ ਸੁਮਨ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਵਾਦ ਦਿੱਤੀ ਅਤੇ ਕੋਆਰਡੀਨੇਟਰ ਮੈਡਮ ਨਰਿੰਦਰ ਕੌਰ ਨੇ ਬੱਚਿਆ ਨੂੰ ਜੀਵਨ ਵਿੱਚ ਮੁਕਾਬਲੇ ਦੀ ਮਹੱਤਤਾ ਦੱਸੀ ਅਤੇ ਪੜਾਈ ਦੇ ਨਾਲ-ਨਾਲ ਬੱਚਿਆ ਨੂੰ ਸਕੂਲ ਵਿੱਚ ਹੋਣ ਵਾਲੀਆ ਹੋਰ ਸਹਾਇਕ ਗਤੀਵਿਧੀਆ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# 36 ਮੈਂਬਰੀ ਸ਼ਿਵ ਭਗਤਾਂ ਦਾ ਜੱਥਾ ਹਰਿਦੁਆਰ ਤੋਂ ਗੰਗਾ ਜਲ ਲਿਆਉਣ ਲਈ ਰਵਾਨਾ



ਤਪਾ ਮੰਡੀ 21 ਜੁਲਾਈ (ਭੂਸ਼ਨ ਘੜੈਲਾ)-ਸਿਵਰਾਤਰੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਬੀਤੀ ਸ਼ਾਮ ਇਥੋਂ ਦੇ 36 ਮੈਂਬਰੀ ਸਿਵ ਭਗਤਾਂ ਦਾ ਇੱਕ ਜੱਥਾ ਸ੍ਰੀ ਹਰਿਦੁਆਰ ਤੋਂ ਪਵਿੱਤਰ ਗੰਗਾਜਲ ਲਿਆਉਣ ਲਈ ਰਵਾਨਾ ਹੋਇਆ। ਇਸ ਤੋਂ ਪਹਿਲਾਂ ਉਹ ਪ੍ਰਾਚੀਨ ਸਰਾਂ ਮੰਦਿਰ 'ਚ ਨਤਮਸਤਕ ਹੋਏ ਅਤੇ ਲੱਡੂਆਂ ਦੇ ਭੋਗ ਵੰਡਣ ਉਪਰੰਤ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਹੋਏ। ਉਹ ਸ਼ਿਵਰਾਤਰੀ ਵਾਲੇ ਦਿਨ ਪਵਿੱਤਰ ਗੰਗਾਜਲ ਲਿਆਕੇ ਵੱਖ-ਵੱਖ ਮੰਦਿਰਾਂ 'ਚ ਮੰਦਿਰਾਂ 'ਚ ਚੜ੍ਹਾਕੇ ਪੂਜਾ ਕਰਨਗੇ। ਇਸ ਮੌਕੇ ਕਾਕਾ ਰਾਮ,ਲਾਡੀ ਰਾਮ,ਅੰਮੂ,ਅਜੈ ਕੁਮਾਰ,ਮੋਹਿਤ ਕੁਮਾਰ,ਪੱਪੀ ਰਾਮ,ਰਿਸ਼ਵ ਗੋਇਲ,ਸਾਹਿਲ ਭੁੱਚੋ,ਸਾਹਿਤ ਕੁਮਾਰ,ਸੇਵਕ ਰਾਮ,ਸਿਵਮ ਕੁਮਾਰ,ਵਰੁਣ ਕੁਮਾਰ,ਵਿਜੇ ਕੁਮਾਰ ਕੁੱਕੂ,ਵਿਸ਼ਨੂੰ,ਲੱਕੀ ਮਾਰਵਾੜੀਐ,ਹਿੰਮਾਸੂ ਜਿੰਦਲ,ਅਰਸ ਕੁਮਾਰ,ਨਿਕਿਲ ਕੁਮਾਰ ਹੈਪੀ ਕੁਮਾਰ,ਗੁਰਪ੍ਰੀਤ,ਡੋਗਰ,ਰਾਮ ਕੁਮਾਰ,ਆਕਾਸਦੀਪ,ਲਵੀ,ਨੀਰਜ ਕੁਮਾਰ,ਬਲਕਰਨ ,ਰਾਘਵ ਆਦਿ ਹਾਜ਼ਰ ਸਨ।

# ਬੀ.ਵੀ.ਐੱਮ ਇੰਟਰਨੈਸ਼ਨਲ ਸਕੂਲ ਵਿੱਚ ਸੀ.ਆਈ.ਐੱਸ.ਸੀ.ਈ. ਕਲਾਸ 10ਵੀਂ ਅਤੇ 12ਵੀਂ ਦੇ ਵਿਦਿਆਰਥੀਆਂ ਦਾ ਸਨਮਾਨ




ਬਰਨਾਲਾ, 21 ਜੁਲਾਈ (ਹਿਮਾਂਸ਼ੂ ਗਰਗ)- ਬੀ ਵੀ ਐੱਮ ਇੰਟਰਨੈਸ਼ਨਲ ਸਕੂਲ, ਬਰਨਾਲਾ ਵਿੱਚ ਕਾਉਂਸਲ ਫਾਰ ਦਿ ਇੰਡਿਅਨ ਸਕੂਲ ਸਰਟੀਫਿਕੇਟ ਏਗਜ਼ਾਮਿਨੇਸ਼ਨ (ਸੀ ਆਈ ਐੱਸ ਸੀ ਈ) ਵੱਲੋਂ ਕਰਵਾਈ ਗਈ 10ਵੀਂ ਅਤੇ 12ਵੀਂ ਦੀ ਪਰੀਖਿਆ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਸਟਿੰਗਵਿਸਡ ਅਚੀਵਰਜ਼ ਟਰੌਫੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਲਏ ਪ੍ਰਬੰਧਨ ਨੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਦੀ ਸਰਾਹਣਾ ਕੀਤੀ।ਨਮਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਕਲਾਸ 12ਵੀਂ ਤੋਂ ਕਰਨਵੀਰ ਸਿੰਘ, ਕ੍ਰਿਤੀ ਸਿੰਗਲਾ, ਅਨਮੋਲਪ੍ਰੀਤ ਸਿੰਘ, ਸਿਮਰਨ ਪਾਧੇ, ਅਨੀਸ਼ਕਾ ਜੈਨ, ਸੁਖਮਨਦੀਪ ਕੌਰ, ਰੂਹਾਨੀ, ਅਰਸ਼ਪ੍ਰੀਤ ਕੌਰ ਅਤੇ ਰਮਨੀਤ ਕੌਰ ਸ਼ਾਮਲ ਸਨ। ਕਲਾਸ 10ਵੀਂ ਤੋਂ ਸਾਹਿਲ ਵਰਮਾ, ਜਸ਼ਨਪ੍ਰੀਤ ਕੌਰ, ਯਸ਼ਪ੍ਰੀਤ ਸਿੰਘ, ਉਰਮਨਜੋਤ ਕੌਰ ਅਤੇ ਉਪਿੰਦਰਜੋਤ ਕੌਰ ਸ਼ਾਮਲ ਸਨ।ਸਕੂਲ ਦੇ ਚੇਅਰਮੈਨ ਪ੍ਰਮੋਦ ਅਰੋੜਾ ਨੇ ਦੱਸਿਆ ਕਿ ਸਾਡੇ ਵਿਦਿਆਰਥੀਆਂ ਨੇ ਇਸ ਸਾਲ ਵੀ ਮਹਿਨਤ, ਲਗਨ ਅਤੇ ਸੰਕਲਪ ਦਾ ਬੇਹਤਰੀਨ ਉਦਾਹਰਨ ਪੇਸ਼ ਕੀਤੀ ਹੈ। ਸਕੂਲ ਦੀ ਡਾਇਰੈਕਟਰ ਗੀਤਾ ਅਰੋੜਾ, ਨਿੱਖਿਲ ਅਰੋੜਾ, ਨੇਹੁਲ ਅਰੋੜਾ ਅਤੇ ਪ੍ਰਿੰਸੀਪਲ ਮਨਿੰਦਰਜੀਤ ਕੌਰ ਧਾਲੀਵਾਲ ਨੇ ਬੱਚਿਆਂ ਦੀ ਸਰਾਹਣਾ ਕਰਦਿਆਂ ਕਿਹਾ ਕਿ ਬੀ ਵੀ ਐੱਮ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਖੇਤਰ ਵਿੱਚ ਹੀ ਨਹੀਂ, ਬਲਕਿ ਚਰਿਤ੍ਰ ਨਿਰਮਾਣ ਅਤੇ ਨੈਤਿਕ ਮੁੱਲਾਂ ਵਿੱਚ ਵੀ ਮਜ਼ਬੂਤ ਬਣਾਉਂਦਾ ਹੈ।

# ਨਗਰ ਕੌਂਸਲ ਧਨੌਲਾ ਵੱਲੋਂ ਕੂੜੇ ਦੇ ਢੇਰ ਹਟਾਏ, ਲੋਕਾਂ ਨੂੰ ਕੂੜਾ ਕੂੜੇਦਾਨ ਵਿਚ ਪਾਉਣ ਦੀ ਕੀਤੀ ਅਪੀਲ



ਧਨੌਲਾ, 17 ਜੁਲਾਈ (ਚਮਕੌਰ ਸਿੰਘ ਗੱਗੀ)- ਨਗਰ ਕੌਂਸਲ ਧਨੌਲਾ ਵੱਲੋਂ ਜਗ੍ਹਾ ਜਗ੍ਹਾ ਬਣੇ ਕੂੜੇ ਦੇ ਢੇਰਾਂ ਨੂੰ ਚੁੱਕ ਕੇ ਸਫਾਈ ਕੀਤੀ ਅਤੇ ਲੋਕਾਂ ਨੂੰ ਕੂੜਾ ਕੂੜੇਦਾਨ ਵਿੱਚ ਪਾਉਣ ਦੀ ਅਪੀਲ ਕੀਤੀ, ਸਫਾਈ ਕਰਵਾ ਰਹੇ ਨਗਰ ਕੌਂਸਲ ਧਨੌਲਾ ਦੇ ਪ੍ਰਧਾਨ ਸਾਹਿਬ ਸਿੰਘ ਸੋਢੀ ਨੇ ਗੱਲਬਾਤ ਕਰਦਿਆ ਕਿਹਾ ਕਿ ਬੰਗੇਹਰ ਪੱਤੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਧਨੌਲਾ ਦੀ ਕੰਧ ਨਾਲ ਵੱਡੀ ਮਾਤਰਾ ਪਿਆ ਕੂੜਾ ਜੇ ਸੀ ਬੀ ਦੀ ਮਦੱਦ ਨਾਲ ਹਟਾਇਆ ਗਿਆ, ਓਹਨਾ ਨਗਰ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕੂੜਾ ਕੂੜੇਦਾਨ ਵਿੱਚ ਹੀ ਪਾਇਆ ਜਾਵੇ, ਜਿਸ ਨੂੰ ਨਗਰ ਕੌਂਸਲ ਧਨੌਲਾ ਦੇ ਸਫਾਈ ਸੇਵਕ ਰੋਜ਼ਾਨਾ ਰੇਹੜੀਆਂ ਨਾਲ ਹਰੇਕ ਗਲੀ ਗਲੀ ਵਿੱਚ ਕੂੜਾ ਚੁੱਕਣ ਆਉਂਦੇ ਹਨ, ਓਹਨਾ ਨੂੰ ਪਾਇਆ ਜਾਵੇ, ਤਾਂ ਜੋ ਜਗ੍ਹਾ ਜਗ੍ਹਾ ਕੂੜੇ ਦੇ ਢੇਰ ਨਾ ਲੱਗਣ, ਅਤੇ ਸ਼ਹਿਰ ਸਾਫ ਸੁਥਰਾ ਰਹੇ, ਓਹਨਾ ਖੁੱਲ੍ਹੇਆਮ ਜਗ੍ਹਾ ਜਗ੍ਹਾ ਕੂੜਾ ਸੁੱਟਣ ਵਾਲਿਆਂ ਨੂੰ ਚਿਤਾਵਨੀ ਵੀ ਦਿੱਤੀ ਹੈ ਕਿ ਜੇਕਰ ਕੋਈ ਜਨਤਕ ਥਾਵਾਂ 'ਤੇ ਕੂੜਾ ਸੁੱਟਦਾ ਫ਼ੜਿਆ ਗਿਆ ਤਾਂ ਉਸ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

# ਜੈ ਵਾਟਿਕਾ ਪਬਲਿਕ ਸਕੂਲ ਦੇ ਕਿੰਡਰਗਾਰਟਨ ਦੇ ਛੋਟੇ ਬੱਚਿਆਂ ਨੇ ਡੀ-ਮਾਰਟ ਦਾ ਦੌਰਾ ਕੀਤਾ

ਬਰਨਾਲਾ, 21 ਜੁਲਾਈ (ਅਮਨਦੀਪ ਸਿੰਘ)- ਜੈ ਵਾਟਿਕਾ ਪਬਲਿਕ ਸਕੂਲ ਦੇ ਕਿੰਡਰਗਾਰਟਨ ਦੇ ਛੋਟੇ ਬੱਚਿਆਂ ਨੇ ਹਾਲ ਹੀ ਵਿੱਚ ਇੱਕ ਵਿਦਿਅਕ ਅਤੇ ਮਜ਼ੇਦਾਰ ਯਾਤਰਾ ਦੇ ਹਿੱਸੇ ਵਜੋਂ ਡੀ-ਮਾਰਟ ਦਾ ਦੌਰਾ ਕੀਤਾ। ਇਹ ਯਾਤਰਾ ਬੱਚਿਆਂ ਲਈ ਬਹੁਤ ਹੀ ਮਜ਼ੇਦਾਰ ਅਤੇ ਜਾਣਕਾਰੀ ਭਰਪੂਰ ਸੀ। ਇਸ ਫੇਰੀ ਦਾ ਉਦੇਸ਼ ਬੱਚਿਆਂ ਨੂੰ ਸਮਾਰਟ ਸ਼ਾਪਿੰਗ, ਖਪਤਕਾਰਾਂ ਦੀਆਂ ਚੋਣਾਂ ਅਤੇ ਰੋਜ਼ਾਨਾ ਜੀਵਨ ਲਈ ਮਹੱਤਵਪੂਰਨ ਹੁਨਰਾਂ ਬਾਰੇ ਜਾਗਰੂਕ ਕਰਨਾ ਸੀ। ਬੱਚਿਆਂ ਨੇ ਸਟੋਰ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ ਅਤੇ ਖੰਡ, ਚੌਲ, ਦਾਲਾਂ, ਤੇਲ, ਸਾਬਣ, ਸ਼ੈਂਪੂ, ਟੂੱਥਪੇਸਟ, ਪਰਫਿਊਮ ਆਦਿ ਵਰਗੇ ਵੱਖ-ਵੱਖ ਉਤਪਾਦਾਂ ਨੂੰ ਨੇੜਿਓਂ ਦੇਖਿਆ।ਬੱਚਿਆਂ ਲਈ ਸਭ ਤੋਂ ਦਿਲਚਸਪ ਹਿੱਸਾ ਬਿਲਿੰਗ ਕਾਊਂਟਰ ਸੀ। ਬੱਚਿਆਂ ਨੇ ਚੀਜ਼ਾਂ ਨੂੰ ਸਕੈਨ ਹੁੰਦੇ, ਕੁੱਲ ਕੀਮਤ ਜੋੜਦੇ ਅਤੇ ਭੁਗਤਾਨ ਹੁੰਦੇ ਦੇਖਿਆ। ਉਨ੍ਹਾਂ ਨੇ ਲਾਈਨ ਵਿੱਚ ਖੜ੍ਹੇ ਹੋਣ, ਛੋਟੇ ਲੈਣ-ਦੇਣ ਕਰਨ ਅਤੇ ਅਨੁਸ਼ਾਸਿਤ ਢੰਗ ਨਾਲ ਖਰੀਦਦਾਰੀ ਕਰਨ ਦੀ ਪ੍ਰਕਿਰਿਆ ਨੂੰ ਸਮਝਿਆ ਅਤੇ ਇਹ ਸਭ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਕੀਤਾ। ਇਸ ਅਨੁਭਵ ਰਾਹੀਂ, ਬੱਚਿਆਂ ਨੇ ਨਾ ਸਿਰਫ਼ ਰੋਜ਼ਾਨਾ ਜੀਵਨ ਨਾਲ ਸਬੰਧਤ ਚੀਜ਼ਾਂ ਸਿੱਖੀਆਂ, ਸਗੋਂ ਸਮਾਜਿਕ ਵਿਵਹਾਰ ਅਤੇ ਅਨੁਸ਼ਾਸਨ ਦੀ ਮਹੱਤਤਾ ਨੂੰ ਵੀ ਸਮਝਿਆ। ਕਿੰਡਰਗਾਰਟਨ ਕੋਆਰਡੀਨੇਟਰ ਮਿਸ ਤਨਵਿੰਦਰ ਕੌਰ ਨੇ ਡੀ-ਮਾਰਟ ਸਟਾਫ ਦਾ ਉਨ੍ਹਾਂ ਦੇ ਨਿੱਘੇ ਸਵਾਗਤ ਅਤੇ ਸਮਰਥਨ ਲਈ ਧੰਨਵਾਦ ਕੀਤਾ।ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਜੀ ਨੇ ਬੱਚਿਆਂ ਨੂੰ ਅਜਿਹੇ ਤਜ਼ਰਬਿਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਅਤੇ ਕਿਹਾ, ਬੱਚਿਆਂ ਨੂੰ ਵਿਹਾਰਕ ਅਨੁਭਵ ਦੇਣਾ ਉਨ੍ਹਾਂ ਨੂੰ ਜ਼ਿੰਦਗੀ ਲਈ ਤਿਆਰ ਕਰਦਾ ਹੈ। ਅਜਿਹੀਆਂ ਯਾਤਰਾਵਾਂ ਨਾ ਸਿਰਫ਼ ਗਿਆਨ ਵਿੱਚ ਵਾਧਾ ਕਰਦੀਆਂ ਹਨ ਬਲਕਿ ਆਤਮ-ਵਿਸ਼ਵਾਸ ਵੀ ਪੈਦਾ ਕਰਦੀਆਂ ਹਨ।



# ਸਰਕਾਰਾਂ ਦੇ ਖ਼ਿਲਾਫ਼ ਲੜਾਈ ਲੜਨ ਲਈ ਜਥੇਬੰਦ ਹੋਣਾ ਪੈਣਾ: ਕਿਸਾਨ ਆਗੂ



ਦਿੜ੍ਹਬਾ ਮੰਡੀ 21 ਜੁਲਾਈ (ਸੁਖਵਿੰਦਰ ਸਿੰਘ ਵਿਰਕ )ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਅਤੇ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ ਦੀ ਅਗਵਾਈ ਹੇਠ ਛਾਹੜ,ਧਰਮਗੜ੍ਹ ਛੰਨਾਂ ਅਤੇ ਸ਼ਾਦੀ ਹਰੀ ਦੀਆਂ ਨਵੀਆਂ ਪਿੰਡ ਇਕਾਈਆਂ ਦੀ ਚੋਣ ਕੀਤੀ ਗਈ।ਇਸ ਮੌਕੇ ਬਲਾਕ ਦਿੜ੍ਹਬਾ ਦੇ ਸੀਨੀਅਰ ਮੀਤ ਪ੍ਰਧਾਨ ਹਰਬੰਸ ਸਿੰਘ ਦਿੜ੍ਹਬਾ,ਅਮਨਦੀਪ ਸਿੰਘ ਮਹਿਲਾਂ,ਮਿਸ਼ਰਾ ਸਿੰਘ ਨਿਹਾਲਗੜ੍ਹ ਅਤੇ ਬਲਾਕ ਪ੍ਰੈਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਆਗੂਆਂ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਨਾਲ ਮਿਲਕੇ ਕਿਸਾਨਾਂ ਮਜ਼ਦੂਰਾਂ ਦੀ ਕਿਰਤ 'ਤੇ ਹਮਲੇ ਕਰ ਰਹੀਆਂ ਹਨ ਤੇ ਜ਼ਮੀਨਾਂ ਦੇ ਉੱਪਰ ਬੁਰੀ ਨਜ਼ਰ ਰੱਖੀ ਹੋਈ ਹੈ, ਲਈ ਲੋਕਾਂ ਨੂੰ ਇੱਕਜੁੱਟ ਹੋਣ ਲਈ ਸੱਦਾ ਦਿੱਤਾ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਲਈ ਆਪਾਂ ਨੂੰ ਇਕੱਠੇ ਹੋਕੇ ਸਰਕਾਰਾਂ ਦੇ ਖ਼ਿਲਾਫ਼ ਲੜਾਈ ਲੜਨ ਲਈ ਜਥੇਬੰਦ ਹੋਣਾ ਪੈਣਾ ਹੈ। ਜਿਸ ਲਈ ਅੱਜ ਪਿੰਡ ਇਕਾਈ ਛਾਹੜ ਵਿਖੇ ਜਥੇਬੰਦੀ ਦੇ ਵਿਧਾਨ ਸੰਵਿਧਾਨ ਮੁਤਾਬਕ ਪਿੰਡ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਉਸੇ ਹਿਸਾਬ ਪਿੰਡ ਦੇ ਵਿੱਚੋਂ ਸਾਂਝਾ ਇਜਲਾਸ ਬੁਲਾਕੇ ਲੋਕਾਂ ਦੀ ਸਰਬ ਸੰਮਤੀ ਨਾਲ ਪਿੰਡ ਇਕਾਈ ਛਾਹੜ ਵਿਖੇ ਜਥੇਬੰਦੀ ਦੀ ਨਵੀਂ ਇਕਾਈ ਦੀ ਚੋਣ ਦੁਬਾਰਾ ਤੋਂ ਕੀਤੀ ਗਈ,ਜਿਸ ਦੇ ਪ੍ਰਧਾਨ ਅਮਰਜੀਤ ਸਿੰਘ ਨੂੰ ਚੁਣਿਆ ਗਿਆ ਹੈ, ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ,ਜਨਰਲ ਸਕੱਤਰ ਬਲਦੇਵ ਸਿੰਘ ਸਿੰਘ,ਖਜ਼ਾਨਚੀ ਹੇਮਰਾਜ,ਸਹਾਇਕ ਖਜ਼ਾਨਚੀ ਮਾਸਟਰ ਰਜਿੰਦਰ ਸਿੰਘ,ਪ੍ਰੈਸ ਸਕੱਤਰ ਸੱਤਪਾਲ ਚੀਮਾ,ਪ੍ਰਚਾਰ ਸਕੱਤਰ ਪਰਮਜੀਤ ਸਿੰਘ ਸਮੇਤ 27 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ । ਇਸੇ ਤਰ੍ਹਾਂ ਇਸਤਰੀ ਵਿੰਗ ਦਾ ਗਠਨ ਕੀਤਾ ਗਿਆ ਪਿੰਡ ਇਕਾਈ ਪ੍ਰਧਾਨ ਬਲਜੀਤ ਕੌਰ,ਮੀਤ ਪ੍ਰਧਾਨ ਸੁਖਵਿੰਦਰ ਕੌਰ,ਜਨਰਲ ਸਕੱਤਰ ਅਮਰਪਾਲ ਕੌਰ,ਖਜ਼ਾਨਚੀ ਬਲਦੇਵ ਕੌਰ (ਬੇਬੋ),ਪ੍ਰੈਸ ਸਕੱਤਰ ਕਰਮਜੀਤ ਕੌਰ,ਪ੍ਰਚਾਰ ਸਕੱਤਰ ਬਲਵੀਰ ਕੌਰ,ਸੰਗਠਨ ਸਕੱਤਰ ਸ਼ਿੰਦਰਪਾਲ ਕੌਰ ਸਮੇਤ 17 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ ।ਇਸੇ ਤਰ੍ਹਾਂ ਪਿੰਡ ਇਕਾਈ ਧਰਮਗੜ੍ਹ ਛੰਨਾਂ ਦੇ ਪਿੰਡ ਇਕਾਈ ਪ੍ਰਧਾਨ ਹਰਮੇਲ ਸਿੰਘ,ਮੀਤ ਪ੍ਰਧਾਨ ਛੱਜੂ ਸਿੰਘ,ਜਨਰਲ ਸਕੱਤਰ ਹਰਬੰਸ ਸਿੰਘ,ਖਜ਼ਾਨਚੀ ਕਰਨੈਲ ਸਿੰਘ,ਪ੍ਰੈਸ ਸਕੱਤਰ ਕੁਲਦੀਪ ਸਿੰਘ,ਪ੍ਰਚਾਰ ਸਕੱਤਰ ਦਰਸ਼ਨ ਸਿੰਘ,ਸੰਗਠਨ ਸਕੱਤਰ ਦਰਸ਼ਨ ਸਿੰਘ ਲਾਭ ਕਾ ਸਮੇਤ 15 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ, ਇਸਤਰੀ ਵਿੰਗ ਦੇ ਪ੍ਰਧਾਨ ਚਰਨਜੀਤ ਕੌਰ,ਮੀਤ ਪ੍ਰਧਾਨ ਬਲਜੀਤ ਕੌਰ,ਜਨਰਲ ਸਕੱਤਰ ਸੁਰਜੀਤ ਕੌਰ,ਖਜ਼ਾਨਚੀ ਜਸਮੇਲ ਕੌਰ,ਪ੍ਰੈਸ ਸਕੱਤਰ ਹਰਮੇਲ ਕੌਰ,ਪ੍ਰਚਾਰ ਸਕੱਤਰ ਕਰਮਜੀਤ ਕੌਰ,ਸੰਗਠਨ ਸਕੱਤਰ ਮਨਜੀਤ ਕੌਰ ਸਮੇਤ 17 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ। ਪਿੰਡ ਸ਼ਾਦੀ ਹਰੀ ਦੀ ਪਿੰਡ ਇਕਾਈ ਦੀ ਚੋਣ ਵੀ ਕੀਤੀ ਗਈ, ਪਿੰਡ ਇਕਾਈ ਪ੍ਰਧਾਨ ਗੋਰਾ ਸਿੰਘ,ਜਨਰਲ ਸਕੱਤਰ, ਸ਼ੇਰ ਸਿੰਘ, ਖਜ਼ਾਨਚੀ ਬੰਤ ਸਿੰਘ, ਪ੍ਰੈਸ ਸਕੱਤਰ ਭੋਲਾ ਸਿੰਘ,ਸੰਗਠਨ ਸਕੱਤਰ ਠੰਡੂ ਰਾਮ ਸਮੇਤ 19' ਪਹਿਰਾ ਦੇਵਾਂਗੇ ਅਤੇ ਜੱਥੇਬੰਦੀ ਦੇ ਹਰ ਇੱਕ ਪ੍ਰੋਗਰਾਮ ਦੇ ਵਿੱਚ ਪੂਰੀ ਤਨਦੇਹੀ ਨਾਲ ਪਿੰਡ ਦੇ ਕਿਸਾਨਾਂ ਮਜ਼ਦੂਰਾਂ ਨੂੰ ਨਾਲ ਲੈਕੇ ਚੱਲਾਂਗੇ।

# ਬੀਕੇਯੂ ਉਗਰਾਹਾਂ ਨੇ ਰੈਲੀ ਸਬੰਧੀ ਲੋਕਾਂ ਨੂੰ ਲਾਮਬੰਦ ਕੀਤਾ

ਧਨੌਲਾ, 21 ਜੁਲਾਈ (ਚਮਕੌਰ ਸਿੰਘ ਗੱਗੀ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਰਨਾਲਾ ਵੱਲੋਂ ਵਧਦੀ ਮੀਟਿੰਗ ਪਿੰਡ ਫਤਿਹਗੜ੍ਹ ਛੰਨਾ ਵਿਖੇ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਝੰਡਾ ਸਿੰਘ ਜੇਠੂਕੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ 'ਤੇ ਅਣਐਲਾਨੀ ਐਮਰਜੈਂਸੀ ਮੜ੍ਹਨ ਵਿਰੁੱਧ ਜ਼ਿਲ੍ਹਾ ਭਰ ਦੇ ਕਿਸਾਨ,ਮਜ਼ਦੂਰ,ਨੌਜਵਾਨ ਅਤੇ ਔਰਤਾਂ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਵਿੱਚ ਸ਼ਾਮਲ ਹੋਣਾ ਲਈ ਜੋ ਪੰਜਾਬ ਸਰਕਾਰ ਨੇ ਫੈਸਲਾ ਕੀਤਾ ਗਿਆ ਹੈ ਕਿ ਲੈਂਡ ਪੁਲਿੰਗ ਨਾਂਵ ਹੇਠ ਜ਼ਮੀਨ ਅਕਵਾਇਰ ਕਰਨ ਸਬੰਧੀ 30 ਮਈ ਨੂੰ ਲੁਧਿਆਣਾ ਦੇ ਪ੍ਰੋਗਰਾਮ 8 ਅਗਸਤ ਨੂੰ ਆਦਿਵਾਸੀ ਕਿਸਾਨਾਂ ਤੇ ਲੱਗਭਗ 25 ਸਾਲਾਂ ਤੋਂ ਢਾਹੇ ਜਾ ਰਹੇ ਅਤਿਆਚਾਰ ਦੇ ਵਿਰੁੱਧ ਮੋਗਾ ਦਾਣਾ ਮੰਡੀ ਵਿਖੇ ਪ੍ਰੋਗਰਾਮ ਨੂੰ 13 ਅਗਸਤ ਨੂੰ ਜੋ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਸਮਝੌਤਿਆਂ ਸਬੰਧੀ ਉਸ ਦੇ ਵਿਰੋਧ ਵਿੱਚ ਡੀਸੀ ਦਫ਼ਤਰ ਅੱਗੇ ਮੋਦੀ ਤੇ ਟਰੰਪ ਦੇ ਪੁਤਲੇ ਪੁਤਲੇ ਫੂਕਣ ਸਬੰਧੀ 24 ਅਗਸਤ ਨੂੰ ਮੂਲਾਂ ਪੁਰ ਇਕੱਠੇ ਹੋਣ ਸਬੰਧੀ ਇਨ੍ਹਾਂ ਸਾਰੇ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਜਾਗਰੂਕ ਕੀਤਾ ਗਿਆ ਹੈ। ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ। ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ,ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ ਚ ਕਰਾਉਣ, ਕਰਜ਼ਾ ਮੁਆਫ਼ ਕੀਤਾ ਜਾਵੇ ਆਗੂਆਂ ਨੇ ਦੋਸ਼ ਲਾਇਆ ਭਗਵੰਤ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਉਹਨਾਂ ਦੋਸ਼ ਲਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ ਉਥੇ ਭਗਵੰਤ ਮਾਨ ਸਰਕਾਰ ਵੱਲੋਂ ਵੀ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾਕੇ ਮਜ਼ਦੂਰਾਂ ਨਾਲ ਧ੍ਰੋਹ ਕਮਾਇਆ ਗਿਆ। ਉਹਨਾਂ ਦੋਸ਼ ਲਾਇਆ ਕਿ ਆਪ ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ ਕਿਸਾਨਾਂ 'ਤੇ ਪੁਲਿਸ ਜਬਰ ਤੇਜ਼ ਕਰਨ ਰਾਹੀਂ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਕਿ ਵੀ ਕਿਸਾਨ ਦੀ ਧੱਕੇ ਨਾਲ ਜ਼ਮੀਨ ਅਕਵਾਇਰ ਨਹੀਂ ਕਰਨ ਦਿਆਂਗੇ ਭਾਵੇਂ ਕੋਈ ਵੀ ਕੁਰਬਾਨੀ ਪਵੇ ।ਜ਼ਿਲ੍ਹਾ ਜਰਨਲ ਸਕੱਤਰ ਜਰਨੈਲ ਸਿੰਘ ਬਦਰ ਸੀਨੀ, ਮੀਤ ਪ੍ਰਧਾਨ ਦਰਸ਼ਨ ਸਿੰਘ ਭੈਣੀ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ ਖਜ਼ਾਨਚੀ ਭਗਤ ਸਿੰਘ ਕ੍ਰਿਸ਼ਨ ਸਿੰਘ ਬਲੌਰ ਸਿੰਘ ਛੰਨਾ ਜਰਨੈਲ ਸਿੰਘ ਜਵੰਦਾ ਨਰਿੰਪਜੀਤ ਸਿੰਘ ਸਹਿਣਾ ਬਲਾਕ ਦੇ ਕਨਵੀਨਰ ਗੁਰਚਰਨ ਸਿੰਘ ਭਦੌੜ ਦਰਸ਼ਨ ਸਿੰਘ ਚੀਮਾ ਜਗਤਾਰ ਸਿੰਘ ਢਿਲਵਾਂ ਮਲਕੀਤ ਸਿੰਘ ਹੇੜੀਕੇ ਨਾਜ਼ਰ ਸਿੰਘ ਠੁੱਲੀਵਾਲ ਬੂਟਾ ਸਿੰਘ ਗੰਡੇਵਾਲ ਜੱਜ ਸਿੰਘ ਗਹਿਲਆਦਿ ਆਗੂ ਹਾਜ਼ਰ ਸਨ।



# ਸਾਬਕਾ ਮੁੱਖ ਨਿਆਂਮੂਰਤੀ ਵੱਲੋਂ ਵੇਦਾਂਤਾ 'ਤੇ ਆਈ ਵਾਇਸਰੌਏ ਰਿਪੋਰਟ ਦੀ ਸਖ਼ਤ ਨਿੰਦਿਆ

ਸਰਦੂਲਗੜ੍ਹ, 21 ਜੁਲਾਈ ( ਲਛਮਣ ਸਿੱਧੂ )ਭਾਰਤ ਦੇ ਸਾਬਕਾ ਮੁੱਖ ਨਿਆਂਧੀਸ਼ ਡਾ. ਡੀ.ਵਾਈ. ਚੰਦ੍ਰਚੂੜ ਵਲੋਂ ਵੇਦਾਂਤਾ ਲਿਮਟਿਡ ਨੂੰ ਦਿੱਤੀ ਕਾਨੂੰਨੀ ਰਾਏ ਅਨੁਸਾਰ, ਕੰਪਨੀ ਵੱਲੋਂ ਕੋਈ ਗਲਤ ਜਾਂ ਅਨੈਤਿਕ ਕੰਮ ਨਹੀਂ ਹੋਇਆ ਅਤੇ ਵਾਇਸਰੌਏ ਰਿਪੋਰਟ ਦੀ ਭਰੋਸੇਯੋਗਤਾ 'ਤੇ ਡੂੰਘੇ ਸਵਾਲ ਖੜ੍ਹੇ ਕੀਤੇ ਗਏ ਹਨ। ਕੰਪਨੀ ਨੇ ਚੰਦਰਚੂੜ ਦੀ ਇਹ ਕਾਨੂੰਨੀ ਰਾਏ ਸ਼ੇਅਰ ਬਾਜ਼ਾਰਾਂ ਵਿੱਚ ਵੀ ਪੇਸ਼ ਕੀਤੀ ਹੈ।20 ਸਫਿਆਂ ਦੀ ਇਸ ਰਾਏ ਵਿੱਚ ਕਿਹਾ ਗਿਆ ਹੈ ਕਿ ਅਮਰੀਕੀ ਸ਼ਾਰਟ ਸੈਲਰ ਵਾਇਸਰੌਏ ਰਿਸਰਚ ਗਰੁੱਪ ਦੀ ਹਾਲੀਆ ਰਿਪੋਰਟ ਨਿੰਦਣਯੋਗ ਹੈ, ਇਸ ਵਿੱਚ ਭਰੋਸੇਯੋਗਤਾ ਦੀ ਘਾਟ ਹੈ ਅਤੇ ਇਹ ਨਾਜਾਇਜ਼ ਵਿੱਤੀ ਫ਼ਾਇਦੇ ਲਈ ਬਾਜ਼ਾਰ ਨੂੰ ਹਿਲਾਉਣ ਲਈ ਬਣਾਈ ਗਈ ਹੈ। ਇਹ ਰਿਪੋਰਟ ਭਾਰਤੀ ਕਾਨੂੰਨ ਅਧੀਨ ਕਿਸੇ ਵੀ ਕਾਨੂੰਨੀ ਜਾਂਚ ਵਿੱਚ ਖਰੀ ਨਹੀਂ ਉਤਰਦੀ। ਰਾਏ ਵਿੱਚ ਅੱਗੇ ਕਿਹਾ ਗਿਆ ਹੈ ਕਿ ਵੇਦਾਂਤਾ ਭਾਰਤੀ ਅਦਾਲਤਾਂ ਵਿੱਚ ਮਾਣਹਾਨੀ ਦੇ ਮਾਮਲੇ ਵਿੱਚ ਇਨਸਾਫ਼ ਅਤੇ ਸੁਰੱਖਿਆ ਦੀ ਮੰਗ ਕਰਨ ਦੀ ਮਜ਼ਬੂਤ ਸਥਿਤੀ ਵਿੱਚ ਹੋਵੇਗੀ।ਡਾ. ਚੰਦ੍ਰਚੂੜ ਨੇ ਰਿਪੋਰਟ ਦੇ ਖੋਜਕਰਤਿਆਂ ਅਤੇ ਉਨ੍ਹਾਂ ਦੀ ਭਰੋਸੇਯੋਗਤਾ ਦੇ ਨਾਲ-ਨਾਲ, ਰਿਪੋਰਟ ਦੇ ਛਪਣ ਦੇ ਸਮੇਂ ਨੂੰ ਲੈ ਕੇ ਵੀ ਡੂੰਘੇ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਖੋਜਕਰਤਿਆਂ ਦੇ ਸ਼ੱਕੀ ਪਿਛੋਕੜ ਰਿਪੋਰਟ ਦੀ ਵੈਧਤਾ 'ਤੇ ਪਹਿਲਾਂ ਹੀ ਸ਼ੰਕੇ ਪੈਦਾ ਕਰਦੀ ਹੈ। ਉਨ੍ਹਾਂ ਇਹ ਵੀ ਦਰਸਾਇਆ ਕਿ ਵਾਇਸਰੌਏ ਵਲੋਂ ਹੋਰ ਕੰਪਨੀਆਂ ਖ਼ਿਲਾਫ਼ ਪ੍ਰਕਾਸ਼ਿਤ ਕੀਤੀਆਂ ਹੋਈਆਂ ਐਸੀ ਹੀ ਰਿਪੋਰਟਾਂ ਖ਼ਿਲਾਫ਼ ਭਾਰਤ ਅਤੇ ਵਿਸ਼ਵ ਪੱਧਰ 'ਤੇ ਕਈ ਕੇਸ ਚੱਲ ਰਹੇ ਹਨ। ਡਾ. ਚੰਦ੍ਰਚੂੜ ਨੇ ਕਿਹਾ ਕਿ ਰਿਪੋਰਟ ਦੇ ਛਪਣ ਦਾ ਸਮਾਂ ਯੋਜਨਾਬੱਧ ਲੱਗਦਾ ਹੈ ਅਤੇ ਇਹ ਵੇਦਾਂਤਾ ਗਰੁੱਪ ਦੀ ਹਾਂ-ਪੱਖੀ ਕਰੈਡਿਟ ਗਤਿ ਅਤੇ ਮੁੜ-ਵਿੱਤਯੋਜਨਾ ਦੀ ਸਫਲਤਾ ਨਾਲ ਜੁੜਿਆ ਹੋਇਆ ਹੈ। ਰਾਏ ਅਨੁਸਾਰ, ਰਿਪੋਰਟ ਨੂੰ ਵੇਦਾਂਤਾ ਦੇ ਡੀ-ਮਰਜਰ ਉੱਤੇ ਅਸਰ ਪਾਉਣ ਵਾਸਤੇ ਯੋਜਨਾਬੱਧ ਢੰਗ ਨਾਲ ਪ੍ਰਕਾਸ਼ਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸਦਾ ਸਮਾਂ ਖਾਸ ਤੌਰ 'ਤੇ ਵੇਦਾਂਤਾ ਗਰੁੱਪ ਦੀਆਂ ਕੁਝ ਯੋਜਿਤ ਡੀ-ਮਰਜਰ ਕਾਰਵਾਈਆਂ ਨਾਲ ਮੇਲ ਖਾਂਦਾ ਹੈ।

ਰਾਏ ਵਿੱਚ ਕਿਹਾ ਗਿਆ ਹੈ ਕਿ ਵਾਇਸਰੌਏ ਭੜਕਾਊ ਅਤੇ ਮਾਣ ਨੂੰ ਠੇਸ ਪਹੁੰਚਾਉਣ ਵਾਲੀ ਭਾਸ਼ਾ ਵਰਤਦਾ ਹੈ। ਇਸ ਰਿਪੋਰਟ ਵਿੱਚ ਬਿਨਾਂ ਕਿਸੇ ਪੁਸ਼ਟੀ ਦੇ ਗੈਰ-ਜ਼ਿੰਮੇਵਾਰਨਾ ਹਵਾਲੇ ਅਤੇ ਇਸ਼ਾਰੇ ਹਨ। ਸਾਬਕਾ ਮੁੱਖ ਨਿਆਂਧੀਸ਼ ਨੇ ਸਪੱਸ਼ਟ ਕੀਤਾ ਕਿ ਇਹੋ ਜਿਹੀ ਭਾਸ਼ਾ ਦਾ ਟੀਚਾ ਸਿਰਫ਼ ਹਲਚਲ ਪੈਦਾ ਕਰਨਾ ਹੁੰਦਾ ਹੈ, ਨਾ ਕਿ ਨਿਰਪੱਖ ਜਾਂ ਵਾਜਿਬ ਸੋਚ ਦੇਣਾ।

# ਜ਼ਿਲ੍ਹਾ ਮਾਲ ਵਿਭਾਗ ਬਰਨਾਲਾ ਨੂੰ ਡਿਜੀਟਲ ਕ੍ਰਾਪ ਸਰਵੇ ਲਈ 150 ਸਰਵੇਅਰਾਂ ਦੀ ਲੋੜ

ਬਰਨਾਲਾ, 21 ਜੁਲਾਈ (ਕਪਿਲ)- ਜ਼ਿਲ੍ਹਾ ਰੋਜ਼ਗਾਰ ਤੇ ਉਤਪਤੀ ਅਫ਼ਸਰ ਬਰਨਾਲਾ ਨਵਜੋਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਮਾਲ ਵਿਭਾਗ ਵਲੋਂ ਡਿਜੀਟਲ ਕ੍ਰਾਪ ਸਰਵੇ ਲਈ 150 ਪ੍ਰਾਈਵੇਟ ਸਰਵੇਅਰ 45 ਦਿਨ ਲਈ ਆਰਜ਼ੀ ਤੌਰ 'ਤੇ ਰੱਖੇ ਜਾਣੇ ਹਨ।ਪ੍ਰਾਈਵੇਟ ਸਰਵੇਅਰਾਂ ਨੂੰ 10 ਰੁਪਏ ਪ੍ਰਤੀ ਅਪਰੂਵਡ ਸਰਵੇ ਮਿਲਣਗੇ ।ਇਹ ਸਰਵੇ ਮਿਤੀ 1 ਅਗਸਤ 2025 ਤੋਂ ਸ਼ੁਰੂ ਕੀਤਾ ਜਾਣਾ ਹੈ। ਹਰੇਕ ਸਰਰ ਨੂੰ ਪ੍ਰਤੀ ਦਿਨ ਘੱਟੋ-ਘੱਟ 70 ਖਸਰਾ ਨੰਬਰਾਂ ਦਾ ਸਰਵੇ ਕਰਨਾ ਲਾਜ਼ਮੀ ਹੋਵੇਗਾ। ਇਸ ਸਬੰਧੀ ਕੋਈ ਵੀ ਟੀਏ ਜਾਂ ਡੀਏ ਮਿਲਣਯੋਗ ਨਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਪ੍ਰਾਈਵੇਟ ਸਰਵੇਅਰਾਂ ਦੀਆਂ 150 ਅਸਾਮੀਆਂ ਲਈ ਬਾਰ੍ਹਵੀਂ ਪਾਸ ਕੇਵਲ ਪੁਰਸ਼ ਉਮੀਦਵਾਰ ਜਿਨ੍ਹਾਂ ਕੋਲ ਆਪਣਾ ਐਂਡਰਾਇਡ ਫੋਨ ਹੋਵੇ ਅਪਲਾਈ ਕਰ ਸਕਦੇ ਹਨ। ਇਨ੍ਹਾਂ ਪ੍ਰਾਈਵੇਟ ਸਰਵੇਅਰਾਂ ਦੀ ਅਸਾਮੀ ਲਈ ਗੂਗਲ ਲਿੰਕ 'ਤੇ ਭਲਕੇ ਮਿਤੀ 22 ਜੁਲਾਈ ਸ਼ਾਮ 5 ਵਜੇ ਤਕ ਅਪਲਾਈ ਕੀਤਾ ਜਾ ਸਕਦਾ ਹੈ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਦੇ ਸੰਪਰਕ ਨੰਬਰ 94170-39072 'ਤੇ ਰਾਬਤਾ ਕੀਤਾ ਜਾ ਸਕਦਾ ਹੈ ।ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਦੇ ਸੰਪਰਕ ਨੰਬਰ 94170-39072 'ਤੇ ਰਾਬਤਾ ਕੀਤਾ ਜਾ ਸਕਦਾ ਹੈ।

# ਕ੍ਰਿਸ਼ਨਾ ਕਾਲਜ ਰੱਲੀ ਦਾ ਐੱਮ ਏ ਹਿਸਟਰੀ ਦਾ ਨਤੀਜਾ ਰਿਹਾ ਸ਼ਾਨਦਾਰ




ਬੁੱਢਲਾਡਾ, 21 ਜੁਲਾਈ (ਚ.ਨ.ਸ.): ਕ੍ਰਿਸ਼ਨਾ ਕਾਲਜ ਰੱਲੀ ਦਾ ਐੱਮ ਏ ਹਿਸਟਰੀ ਦਾ ਨਤੀਜਾ ਰਿਹਾ ਸ਼ਾਨਦਾਰ। ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ ਰੱਲੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜਾ ਹਾਸਿਲ ਕਰਦਿਆਂ ਆਪਣਾ ਹੀ ਨਹੀਂ ਬਲਕਿ ਆਪਣੇ ਕਾਲਜ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ । ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਐਮ.ਏ ਹਿਸਟਰੀ ਸਮੈਸਟਰ ਤੀਜਾ ਦੇ ਨਤੀਜਿਆਂ ਵਿੱਚ ਵਿਦਿਆਰਥਣ ਦੀਪਅਮਨਪ੍ਰੀਤ ਕੌਰ ਨੇ ਨਾਲ ਪਹਿਲਾ ਅਤੇ ਅਮਰਜੀਤ ਕੌਰ , ਸਤਨਾਮ ਸਿੰਘ , ਗੁਰਤਾਜ ਸਿੰਘ ਨੇ ਦੂਜਾ ਸਥਾਨ ਅਤੇ ਅੱਠ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਸ਼ਾਨਦਾਰ ਨਤੀਜੇ ਤੇ ਪ੍ਰਿੰਸੀਪਲ ਡਾ. ਪ੍ਰਕਾਸ਼ ਕੌਰ ਢਿੱਲੋਂ ਨੇ ਵਿਦਿਆਰਥੀਆਂ ਦਾ ਸਨਮਾਨੁ ਕਰਦਿਆਂ ਵਿਭਾਗ ਦੇ ਅਧਿਆਪਕਾਂ ਨੂੰ ਜਿੱਥੇ ਵਧਾਈਆਂ ਦਿਤੀਆਂ ਉੱਥੇ ਹੀ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਬਹੁਤ ਮਾਣ ਮਹਿਸੂਸ ਕਰ ਰਹੇ ਹਾਂ ਕਿ ਇਸ ਸੰਸਥਾ ਦੇ ਵਿਦਿਆਰਥੀਆਂ ਨੇ ਜੋ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕੀਤੀ ਹੈ ਦੇ ਨਤੀਜੇ ਕਾਰਨ ਹੀ ਅੱਜ ਇਹ ਸੰਸਥਾ ਇਲਾਕੇ ਵਿੱਚ ਆਪਣਾ ਇੱਕ ਉੱਚਾ ਸਥਾਨ ਬਣਾ ਚੁੱਕੀ ਹੈ ।ਹਿਸਟਰੀ ਵਿਭਾਗ ਦੇ ਮੁਖੀ ਪ੍ਰੋਫੈਸਰ ਸਾਹਿਬਾਨ ਪ੍ਰੋ. ਸੁਨੈਨਾ, ਪ੍ਰੋ. ਪ੍ਰਕਾਸ਼ ਸਿੰਘ, ਪ੍ਰੋ. ਰਾਜਨਦੀਪ ਕੌਰ ਅਤੇ ਪ੍ਰੋ. ਮਨਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਅਤੇ ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਮਿ. ਕਮਲ ਸਿੰਗਲਾ ,ਚੇਅਰਮੈਨ ਸ੍ਰੀ ਸੁਖਵਿੰਦਰ ਸਿੰਘ ਚਹਿਲ , ਸਕੱਤਰ ਸ੍ਰੀ ਸਤਪਾਲ ਸਿੰਘ ਚਹਿਲ ਅਤੇ ਪ੍ਰਧਾਨ ਡਾ. ਵਿਜੈ ਸਿੰਗਲਾ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਮੁਬਾਰਕਾਂ ਦਿੱਤੀਆਂ ।

# ਸੇਂਟ ਜੇਵਿਅਰਜ਼ ਸਕੂਲ ਕਿੰਡਰਗਾਰਟਨ ਫੂਲ ਵਿੱਚ ਮਦਰਜ਼ ਡੇ ਸਮਾਰੋਹ




ਬਠਿੰਡਾ, 21ਜੁਲਾਈ, ( ਇੰਦਰਪਾਲ ਬਾਂਸਲ): ਸੇਂਟ ਜੇਵਿਅਰਜ਼ ਸਕੂਲ, ਰਾਮਪੁਰਾ ਫੂਲ ਨੇ 2025 ਦਾ ਮਦਰਜ਼ ਡੇ ਸਮਾਰੋਹ ਬੇਹੱਦ ਭਾਵਨਾਤਮਕ ਅਤੇ ਇਤਿਹਾਸਕ ਢੰਗ ਨਾਲ ਦੋ ਵਿਸ਼ੇਸ਼ ਦਿਨਾਂ - 12 ਜੁਲਾਈ (ਇਨਡੋਰ ਗਤੀਵਿਧੀਆਂ) ਅਤੇ 16 ਜੁਲਾਈ (ਸ਼ੈੱਡ ਏਰੀਆ ਵਿੱਚ ਸੱਭਿਆਚਾਰਕ ਪ੍ਰਦਰਸ਼ਨ) ਵਿੱਚ ਮਨਾਇਆ। ਇਹ ਪਹਿਲੀ ਵਾਰ ਸੀ ਜਦੋਂ ਜੇਵਿਅਰਜ਼ ਦੇ ਇਤਿਹਾਸ ਵਿੱਚ ਮਦਰਜ਼ ਡੇ ਇੰਨੀ ਸ਼ਾਨ, ਰਚਨਾਤਮਕਤਾ ਅਤੇ ਭਾਵਪੂਰਨਤਾ ਨਾਲ ਮਨਾਇਆ ਗਿਆ।"ਮਾਂ ਦੇ ਪਿਆਰ ਦੀ ਵਿਰਾਸਤ" ਥੀਮ ਉੱਤੇ ਆਧਾਰਿਤ ਇਸ ਸਮਾਰੋਹ ਨੇ ਮਾਂ ਤੇ ਬੱਚੇ ਦੇ ਅਟੁੱਟ ਬੰਧਨ ਨੂੰ ਬਾਖੂਬੀ ਦਰਸਾਇਆ। ਮੁੱਖ ਮਹਿਮਾਨ ਸਿਸਟਰ ਗਰੇਸ ਮਾਰੀਆ (ਮੈਨੇਜਰ, ਸੈਂਟ ਜੋਸਫ ਕਾਨਵੈਂਟ ਸਕੂਲ, ਬਠਿੰਡਾ) ਨੇ ਆਪਣੀ ਹਾਜ਼ਰੀ ਨਾਲ ਪ੍ਰੋਗਰਾਮ ਦੀ ਸ਼ੋਭਾ ਵਧਾਈ। ਉਨ੍ਹਾਂ ਦਾ ਗੁਲਦਸਤੇ ਅਤੇ ਧੰਨਵਾਦੀ ਸ਼ਬਦਾਂ ਨਾਲ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਮੈਨੇਜਰ ਰੇਵ. ਫਾਦਰ ਆਂਦਰੇ ਫਰਨਾਂਡਿਸ, ਪ੍ਰਿੰਸੀਪਲ ਰੇਵ. ਫਾਦਰ ਯੂਲਾਲਿਓ ਫਰਨਾਂਡਿਸ, ਕੋਆਰਡੀਨੇਟਰ ਮਿਸਿਜ਼ ਪ੍ਰੇਮ ਲਤਾ ਅਤੇ ਮਿਸ ਅੰਜੂ ਬਾਲਾ, ਸਾਰਾ ਸਟਾਫ ਅਤੇ ਜੇਵਿਅਰਜ਼ ਦੇ ਬੱਚਿਆਂ ਦੀਆਂ ਮਾਵਾਂ ਮੌਜੂਦ ਸਨ। ਮਾਵਾਂ ਦਾ ਹੱਥੋਂ ਬਣੇ ਕਾਰਡਾਂ ਨਾਲ ਸਤਿਕਾਰ ਤੇ ਸਵਾਗਤ ਕੀਤਾ ਗਿਆ, ਜੋ ਪਿਆਰ ਅਤੇ ਕ੍ਰਿਤਜਤਾ ਦੇ ਪ੍ਰਤੀਕ ਸਨ। ਸਮਾਰੋਹ ਦਾ ਮਾਹੌਲ ਆਭਾਰ, ਖੁਸ਼ੀ ਅਤੇ ਮਾਣ ਨਾਲ ਭਰਿਆ ਹੋਇਆ ਸੀ। ਮਾਵਾਂ ਲਈ ਵੱਖ-ਵੱਖ ਕਲਾਤਮਕ ਅਤੇ ਰਚਨਾਤਮਕ ਇਨਡੋਰ ਮੁਕਾਬਲੇ ਕਰਵਾਏ ਗਏ, ਜਿਵੇਂ ਕਿ - ਪ੍ਰਿਟੀ ਪੌਟ/ਬੋਤਲ ਸਜਾਵਟ, ਮਹਿੰਦੀ ਆਰਟ, ਪੇਂਟਿੰਗ ਫਨ, ਕ੍ਰੀਏਟਿਵਿਟੀ ਕ੍ਰਾਊਨ, ਬੈਸਟ ਆਉਟ ਆਫ ਵੇਸਟ, ਮੈਜਿਕ ਗ੍ਰੀਟਿੰਗ ਕਾਰਡ ਮੇਕਿੰਗ। ਮਾਵਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਛੁਪੀ ਹੋਈ ਪ੍ਰਤਿਭਾ ਤੇ ਕਲਾਤਮਕਤਾ ਨੂੰ ਦਰਸਾਇਆ। ਸਕੂਲ ਦਾ ਸ਼ੈੱਡ ਏਰੀਆ ਉਰਜਾ, ਭਾਵਨਾਵਾਂ ਅਤੇ ਖੁਸ਼ਹਾਲ ਅਭਿਵਿਅਕਤੀਆਂ ਨਾਲ ਰੌਸ਼ਨ ਹੋ ਗਿਆ। ਯੂਕੇਜੀ ਬੱਚਿਆਂ ਵੱਲੋਂ ਰੂਹਾਨੀ ਪ੍ਰਾਰਥਨਾ ਨ੍ਰਿਤ ਪੇਸ਼ ਕੀਤਾ ਗਿਆ।ਪ੍ਰਿੰਸੀਪਲ ਰੇਵ. ਫਾਦਰ ਯੂਲਾਲਿਓ ਫਰਨਾਂਡਿਸ ਨੇ ਪ੍ਰੇਰਨਾਦਾਇਕ ਸ਼ਬਦਾਂ ਨਾਲ ਸਾਰੇ ਦਰਸ਼ਕਾਂ ਦਾ ਹੌਸਲਾ ਵਧਾਇਆ।ਯੂਕੇਜੀ ਅਤੇ ਕਲਾਸ 1 ਦੇ ਬੱਚਿਆਂ ਦੇ ਜੋਸ਼ੀਲੇ ਪ੍ਰਦਰਸ਼ਨ ਨੇ ਸਭ ਦਾ ਦਿਲ ਜਿੱਤ ਲਿਆ।ਨਰਸਰੀ ਅਤੇ ਐਲਕੇਜੀ ਦੇ ਬੱਚਿਆਂ ਨੇ ਵੀਡੀਓ ਤੇ ਵੋਇਸ ਸੰਦੇਸ਼ਾਂ ਰਾਹੀਂ ਆਪਣੀਆਂ ਮਾਵਾਂ ਲਈ ਭਾਵਨਾਤਮਕ ਸਨਮਾਨ ਭੇਟ ਕੀਤੀ।ਨਰਸਰੀ, ਐਲਕੇਜੀ ਅਤੇ ਯੂਕੇਜੀ ਦੀਆਂ ਮਾਵਾਂ ਨੇ ਆਤਮਵਿਸ਼ਵਾਸ ਨਾਲ ਸਟੇਜ 'ਤੇ ਪ੍ਰਦਰਸ਼ਨ ਕੀਤਾ।ਉਨ੍ਹਾਂ ਦਾ ਗਿੱਧਾ ਪ੍ਰਦਰਸ਼ਨ ਸਮਾਰੋਹ ਦੀ ਰੌਣਕ ਬਣਿਆ।ਮਾਵਾਂ ਲਈ ਮਜ਼ੇਦਾਰ ਖੇਡਾਂ ਕਰਵਾਈਆਂ ਗਈਆਂ, ਜਿਸ ਨਾਲ ਸਮਾਰੋਹ ਦਾ ਰੌਂਗਟੇ ਖੜ੍ਹਾ ਕਰਨ ਵਾਲਾ ਉਤਸ਼ਾਹ ਵਧ ਗਿਆ।12 ਅਤੇ 16 ਜੁਲਾਈ ਦੇ ਜੇਤੂਆਂ ਨੂੰ ਮੁੱਖ ਮਹਿਮਾਨ, ਰੇਵ. ਫਾਦਰਾਂ ਅਤੇ ਕੋਆਰਡੀਨੇਟਰਾਂ ਵੱਲੋਂ ਸਨਮਾਨਿਤ ਕੀਤਾ ਗਿਆ।ਸਾਰੀ ਜੇਵਿਅਰਜ਼ ਪਰਿਵਾਰ ਨੇ ਮੈਨੇਜਰ ਰੇਵ. ਫਾਦਰ ਆਂਦਰੇ ਫਰਨਾਂਡਿਸ ਅਤੇ ਪ੍ਰਿੰਸੀਪਲ ਰੇਵ. ਫਾਦਰ ਯੂਲਾਲਿਓ ਫਰਨਾਂਡਿਸ ਦਾ ਹਾਰਦਿਕ ਧੰਨਵਾਦ ਕੀਤਾ, ਜਿਨ੍ਹਾਂ ਦੇ ਅਟੱਲ ਸਹਿਯੋਗ ਤੇ ਵਿਸ਼ਵਾਸ ਨਾਲ ਇਹ ਸਮਾਰੋਹ ਸੰਭਵ ਹੋਇਆ।ਕੋਆਰਡੀਨੇਟਰ ਮਿਸਿਜ਼ ਪ੍ਰੇਮ ਲਤਾ ਅਤੇ ਮਿਸ ਅੰਜੂ ਬਾਲਾ ਦੀ ਦੂਰਦਰਸ਼ੀ ਅਗਵਾਈ ਅਤੇ ਸਕੂਲ ਪ੍ਰਬੰਧਨ ਦੇ ਭਰੋਸੇ ਨਾਲ ਇਹ ਸਮਾਰੋਹ ਸ਼ਾਨਦਾਰ ਸਫਲਤਾ ਵਿੱਚ ਬਦਲਿਆ। ਕੋਆਰਡੀਨੇਟਰ ਮਿਸ ਅੰਜੂ ਬਾਲਾ ਦੀ ਸਮਰਪਣ ਭਾਵਨਾ, ਸੁਚਾਰੂ ਯੋਜਨਾ ਅਤੇ ਕਿੰਡਰਗਾਰਟਨ ਅਧਿਆਪਕਾਂ ਦੇ ਦਿਲੋਂ ਕੀਤੇ ਯਤਨਾਂ ਨੇ ਇਸ ਸਮਾਰੋਹ ਨੂੰ ਹਰ ਮਾਂ ਲਈ ਜ਼ਿੰਦਗੀ ਭਰ ਦੀ ਯਾਦਗਾਰ ਬਣਾ ਦਿੱਤਾ।

# ਸੱਸ ਅਤੇ ਪਤੀ ਨੇ ਪੈਟਰੋਲ ਛਿੜਕ ਕੇ ਔਰਤ ਨੂੰ ਲਗਾਈ ਅੱਗ, ਮਾਮਲਾ ਦਰਜ

ਬਠਿੰਡਾ, 21 ਜੁਲਾਈ (ਦੀਪਕ ਸ਼ਰਮਾ) ਸ਼ਹਿਰ ਦੇ ਊਧਮ ਸਿੰਘ ਨਗਰ ਵਿਚ ਇੱਕ ਵਿਅਕਤੀ ਵੱਲੋਂ ਆਪਣੀ ਮਾਂ ਅਤੇ ਇੱਕ ਦੋਸਤ ਨਾਲ ਮਿਲ ਕੇ ਆਪਣੀ ਪਤਨੀ ਤੇ ਪੈਟਰੋਲ ਛਿੜਕ ਕੇ ਅੱਗ ਲਗਾਉਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਹਸਪਤਾਲ ਵਿੱਚ ਜੇਰੇ ਇਲਾਜ ਪੀੜਤਾ ਦੀ ਸ਼ਿਕਾਇਤ ਤੇ ਕਥਿਤ ਦੋਸ਼ੀਆਂ ਖਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਿਕਰਯੋਗ ਹੈ ਕਿ ਸ਼ਹਿਰ ਦੀ ਸਮਾਜ ਸੇਵੀ ਸੰਸਥਾ ਸਹਾਰਾ ਦੇ ਵਰਕਰਾਂ ਵੱਲੋਂ ਗੰਭੀਰ ਹਾਲਤ 'ਚ ਉਕਤ ਔਰਤ ਨੂੰ ਪਹਿਲਾਂ ਬਠਿੰਡਾ ਦੇ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਫਰੀਦਕੋਟ ਮੈਡੀਕਲ ਕਾਲਜ ਇਲਾਜ ਲਈ ਭੇਜ ਦਿੱਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਾਜਲ 52 ਸਾਲ ਵਾਸੀ ਊਧਮ ਸਿੰਘ ਨਗਰ ਬਠਿੰਡਾ ਨੇ ਦੱਸਿਆ ਕਿ 19 ਜੁਲਾਈ ਨੂੰ ਉਸ ਦੀ ਸੱਸ ਅਤੇ ਪਤੀ ਮਨਜੀਤ ਸਿੰਘ ਨੇ ਆਪਣੇ ਇਕ ਸਾਥੀ ਗੱਗੂ ਸਿੰਘ ਨਾਲ ਮਿਲ ਕੇ ਉਸ ਉੱਪਰ ਪੈਟਰੋਲ ਛਿੜਕ ਦਿੱਤਾ ਤੇ ਅੱਗ ਲਗਾ ਦਿੱਤੀ, ਜਿਸ ਕਾਰਨ ਉਹ ਪੂਰੀ ਤਰ੍ਹਾਂ ਝੁਲਸ ਗਈ। ਅੱਗ ਲਗਾਉਣ ਦਾ ਕਾਰਨ ਘਰੇਲੂ ਝਗੜਾ ਦੱਸਿਆ ਜਾ ਰਿਹਾ ਹੈ। ਥਾਣਾ ਸਿਵਲ ਲਾਈਨ ਦੇ ਸਹਾਇਕ ਥਾਣੇਦਾਰ ਕੌਰ ਸਿੰਘ ਨੇ ਦੱਸਿਆ ਕਿ ਤਿੰਨੋ ਮੁਲਜਮਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਜਦੋਂ ਕਿ ਅਜੇ ਤਕ ਕਿਸੇ ਦੀ ਗ੍ਰਿਫਤਾਰੀ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਅੱਗ ਨਾਲ ਝੁਲਸੀ ਕਾਜਲ ਫਰੀਦਕੋਟ ਮੈਡੀਕਲ ਕਾਲਜ ਵਿਖੇ ਇਲਾਜ ਅਧੀਨ ਹੈ।

# ਥੰਮਣਗੜ੍ਹ ਦੀ ਪੰਚਾਇਤ 'ਆਪ 'ਚ ਸ਼ਾਮਲ



ਮੌੜ ਮੰਡੀ, 21 ਜੁਲਾਈ (ਭੋਲਾ ਸਿੰਘ ਮਾਨ) :ਅੱਜ ਵਿਧਾਨ ਸਭਾ ਹਲਕਾ ਮੌੜ ਅੰਦਰ ਆਮ ਆਦਮੀ ਪਾਰਟੀ ਨੂੰ ਉਸ ਵਕਤ ਭਾਰੀ ਬਲ ਮਿਲਿਆ ਜਦੋਂ ਹਲਕਾ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਦੀ ਅਗਵਾਈ ਹੇਠ ਬਲਾਕ ਮੌੜ ਦੇ ਪਿੰਡ ਥੰਮਣਗੜ੍ਹ ਦੇ ਸਰਪੰਚ ਇੰਦਰਜੀਤ ਕੌਰ ਅਤੇ ਪੰਚਾਇਤ ਮੈਂਬਰ ਰੂਪ ਸਿੰਘ, ਜਸਪਾਲ ਕੌਰ , ਗੋਰਾ ਸਿੰਘ, ਗਗਨਦੀਪ ਸਿੰਘ, ਨਿਰਮਲ ਸਿੰਘ ਅਤੇ ਸਤਬੀਰ ਕੌਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਆਮ ਆਦਮੀ ਪਾਰਟੀ ਵਿਚ ਸ਼ਮੂਲੀਅਤ ਕਰ ਲਈ ਹੈ। ਇਸ ਮੌਕੇ ਸੁਖਵੀਰ ਸਿੰਘ ਮਾਈਸਰਖਾਨਾ ਨੇ ਸਰਪੰਚ ਇੰਦਰਜੀਤ ਕੌਰ ਤੇ ਗ੍ਰਾਮ ਪੰਚਾਇਤ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਅੰਦਰ ਉਹਨਾਂ ਦਾ ਪੂਰਾ ਮਾਣ ਸਤਿਕਾਰ ਹੋਵੇਗਾ। ਇਸ ਮੌਕੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਨੇ ਪਿੰਡ ਥੰਮਣਗੜ੍ਹ ਦੇ ਵਿਕਾਸ ਕਾਰਜਾਂ, ਖੇਡ ਗਰਾਉਂਡ, ਪਿੰਡ ਦੇ ਪਾਣੀ ਦੀ ਨਿਕਾਸੀ ਦੀ ਪਾਈਪ ਲਾਈਨ, ਮੇਨ ਗਲੀਆਂ ਅਤੇ ਹੋਰ ਵਿਕਾਸ ਕਾਰਜਾਂ ਲਈ 57 ਲੱਖ 61 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ। ਇਸ ਮੌਕੇ ਵਿਧਾਇਕ ਨੇ ਬੋਲਦੇ ਹੋਏ ਕਿਹਾ ਹਲਕਾ ਮੌੜ ਦੇ ਪਿੰਡਾਂ ਦੀ ਤਰੱਕੀ ਅਤੇ ਨੁਹਾਰ ਬਦਲਣ ਲਈ ਪੈਸੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ,ਉਨ੍ਹਾਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਜੋ ਵੀ ਵਿਕਾਸ ਦੇ ਕੰਮ ਪਿੰਡਾਂ ਅੰਦਰ ਲੋੜੀਂਦੇ ਹਨ, ਉਹ ਕੰਮ ਉਨ੍ਹਾਂ ਦੇ ਧਿਆਨ ਵਿਚ ਲਿਆਉਣ ਤਾਂ ਜੋ ਵਿਕਾਸ ਕਾਰਜਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਿਆ ਜਾ ਸਕੇ। ਇਸ ਮੌਕੇ ਹਿੰਮਤ ਸਿੰਘ ਖਾਲਸਾ ਕੁੱਤੀਵਾਲ ਖੁਰਦ, ਬਲਕਾਰ ਸਿੰਘ, ਸੁਰਜੀਤ ਸਿੰਘ, ਰਾਮ ਸਿੰਘ ਸਾਬਕਾ ਸਰਪੰਚ, ਬੇਅੰਤ ਸਿੰਘ, ਮੱਖਣ ਸਿੰਘ, ਨਿਰਮਲ ਸਿੰਘ , ਜੱਗਾ ਸਿੰਘ, ਗੁਰਦੇਵ ਸਿੰਘ, ਸੂਰਜ ਸਿੰਘ, ਹਰਨੇਕ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

# ਸੱਤਪਾਲ ਗਰਗ ਨੂੰ ਸਮਰਪਿਤ ਜੀ ਪੀ ਐਫ ਲਹਿਰਾਗਾਗਾ ਵਿਖੇ ਲਗਾਇਆ ਡਾਕਟਰੀ ਕੈਂਪ



ਲਹਿਰਾਗਾਗਾ, 21 ਜੁਲਾਈ (ਗੁਰਦੀਪ ਸਿੰਘ): ਇਲਾਕੇ ਦੀ ਸਮਾਜ ਸੇਵੀ ਸੰਸਥਾ ਵਿਸ਼ਾਲ ਦੁਰਗਾ ਸੰਕੀਰਤਨ ਮੰਡਲ (ਰਜਿ.) ਵੱਲੋਂ ਸਥਾਨਕ ਜੀ.ਪੀ.ਐਫ ਕੰਪਲੈਕਸ ਵਿਖੇ ਹਫਤਾਵਾਰੀ ਮੈਡੀਕਲ ਚੈੱਕਅਪ ਕੈਂਪ ਸਵ.ਸਤਪਾਲ ਗਰਗ ਦੀ ਪਹਿਲੀ ਬਰਸੀ ਨੂੰ ਸਮਰਪਿਤ (ਅਰਿੰਹਤ ਜਿਊਲਰ) ਦੇ ਸਹਿਯੋਗ ਨਾਲ ਲਾਇਆ ਗਿਆ। ਇਸ ਕੈਂਪ ਦਾ ਉਦਘਾਟਨ ਉਨ੍ਹਾਂ ਦੇ ਭਰਾ ਬਦਰੀਨਾਥ ਗਰਗ, ਪੁੱਤਰ ਪੁਨੀਤ ਜੈਨ, ਮੁਨੀਸ਼ ਜੈਨ ਤੇ ਗਰਗ ਪਰਿਵਾਰ ਦੇ ਮੈਂਬਰਾਂ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ । ਇਸ ਮੌਕੇ ਗਰਗ ਪਰਿਵਾਰ ਨੇ ਕਿਹਾ ਸੰਸਥਾ ਜੋ ਤਿੰਨ ਸਾਲ ਤੋਂ ਮੈਡੀਕਲ ਚੈੱਕਅਪ ਕੈਂਪ ਲਾ ਕੇ ਲੋੜਵੰਦਾਂ ਦੀ ਮਦਦ ਕਰ ਰਹੀ ਹੈ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਨੇ ਕਿਹਾ ਮਨੁੱਖਤਾ ਦੀ ਸੇਵਾ ਸਭ ਤੋ ਵੱਡੀ ਸੇਵਾ ਹੈ, ਇਸ ਮੌਕੇ ਸੰਸਥਾ ਦੇ ਸੰਸਥਾਪਕ ਜਸ਼ ਪੇਂਟਰ , ਪ੍ਰਧਾਨ ਸੁਰਿੰਦਰ ਗਰਗ, ਚੇਅਰਮੈਨ ਲੱਭੂ ਰਾਮ ਗੋਇਲ, ਖ਼ਜ਼ਾਨਚੀ ਵਿੱਕੀ ਸਿੰਗਲਾ, ਓਮ ਪ੍ਰਕਾਸ਼ (ਮੋੜਾਂ ਵਾਲੇ), ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਸੁਰੇਸ਼ ਸਿੰਗਲਾ , ਸੁਰੇਸ਼ ਕੁਮਾਰ (ਭੱਪਾ), ਕ੍ਰਿਸ਼ਨ ਸਿੰਗਲਾ,ਰਾਮੇਸ਼ ਕੁਮਾਰ (ਕੱਪੜੇ ਵਾਲੇ) ਰਾਕੇਸ਼ ਬਾਂਸਲ , ਜਗਸੀਰ ਸਿੰਘ (ਜਵਾਹਰਵਾਲਾ) ਨੇ ਦੱਸਿਆ ਸੰਸਥਾਂ ਵੱਲੋਂ ਹਫਤਾਵਾਰੀ ਮੈਡੀਕਲ ਚੈੱਕਅਪ ਲੋਕਾਂ ਦੇ ਮਿਲ ਰਹੇ ਭਰਵੇਂ ਸਹਿਯੋਗ ਨਾਲ ਹੀ ਲਾਏ ਜਾ ਰਹੇ ਹਨ । ਸੰਸਥਾ ਵੱਲੋਂ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਕੈਂਪ 'ਵਿੱਚ ਡਾ.ਪ੍ਰਤੀਕ ਗਰਗ (ਐਮ.ਬੀ.ਬੀ.ਐਸ )ਐਮ.ਡੀ (ਮੈਡੀਸਨ), ਡਾ.ਪਾਹੂਲਪ੍ਰੀਤ ਕੌਰ (ਚਮੜੀ ਰੋਗਾਂ ਦੇ ਮਾਹਿਰ ) ਵਲੋਂ 50ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ।

# ਨੀਟ ਪ੍ਰੀਖਿਆ ਵਿੱਚ 171ਵਾਂ ਰੈਂਕ ਹਾਸਲ ਕਰਨ ਵਾਲੇ ਜਤਿਨ ਦੀ ਡਿਪਟੀ ਕਮਿਸ਼ਨਰ ਨੇ ਕੀਤੀ ਹੌਸਲਾ ਅਫਜ਼ਾਈ




ਸ੍ਰੀ ਮੁਕਤਸਰ ਸਾਹਿਬ, 21 ਜੁਲਾਈ: ( ਐਚ ਐਸ ਕਪੂਰ ):ਪ੍ਰਧਾਨ-ਕਮ-ਡਿਪਟੀ ਕਮਿਸ਼ਨਰ ਰੈਡ ਕਰਾਸ ਸੋਸਾਇਟੀ ਸ੍ਰੀ ਮੁਕਤਸਰ ਸਾਹਿਬ ਅਭਿਜੀਤ ਕਪਲਿਸ਼ ਨੇ ਸਖ਼ਤ ਮੁਕਾਬਲੇ ਵਾਲੀ ਰਾਸ਼ਟਰੀ ਯੋਗਤਾ ਕਮ ਦਾਖ਼ਲਾ ਪ੍ਰੀਖਿਆ (ਨੀਟ) ਵਿੱਚ ਐਸ.ਸੀ. ਕੈਟੇਗਿਰੀ ਵਿੱਚੋਂ ਪੂਰੇ ਦੇਸ਼ ਵਿੱਚੋਂ 171ਵਾਂ ਰੈਂਕ ਹਾਸਲ ਕਰਨ ਵਾਲੇ ਵਾਰਡ ਨੰਬਰ 19, ਗੁਰੂ ਰਵਿਦਾਸ ਨਗਰ ਮਲੋਟ ਦੇ ਨੌਜਵਾਨ ਜਤਿਨ ਨੂੰ ਅੱਜ ਆਪਣੀ ਰਿਹਾਇਸ਼ 'ਤੇ ਮਿਲ ਕੇ ਉਸਦੀ ਹੌਸਲਾ ਅਫ਼ਜਾਈ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਜਤਿਨ ਨੂੰ ਇੱਕ ਲੈਪਟੋਪ ਭੇਂਟ ਕੀਤਾ ਗਿਆ। ਉਨ੍ਹਾਂ ਜਤਿਨ ਦਾ ਹੌਂਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਇਸ ਦੀ ਪੰਜ ਸਾਲ ਦੀ ਪੜਾਈ ਤੇ ਹੋਸਟਲ ਦਾ ਸਾਰਾ ਖਰਚਾ ਰੈਡ ਕਰਾਸ ਸੋਸਾਇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਜਤਿਨ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਦੋਂ ਤੁਸੀਂ ਪੜ੍ਹ ਲਿਖ ਕੇ ਕਿਸੇ ਵੱਡੇ ਮੁਕਾਮ 'ਤੇ ਪਹੁੰਚ ਗਏ ਤਾਂ ਤੁਸੀਂ ਵੀ ਇਸ ਤਰ੍ਹਾਂ ਇੱਕ ਜ਼ਰੂਰਤਮੰਦ ਬੱਚੇ ਦੀ ਪੜ੍ਹਾਈ ਲਈ ਮਦਦ ਕਰੋਗੇ। ਸਕੱਤਰ ਰੈਡ ਕਰਾਸ ਸੋਸਾਇਟੀ-ਕਮ-ਜ਼ਿਲ੍ਹਾ ਭਲਾਈ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਜਗਮੋਹਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸੇ ਤਰਜ 'ਤੇ ਇੱਕ ਭਲਾਈ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ 10 ਜ਼ਰੂਰਤਮੰਦ ਅਤੇ ਹੋਣਹਾਰ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਰੈਡ ਕਰਾਸ ਸੋਸਾਇਟੀ ਵੱਲੋਂ ਦਿੱਤਾ ਜਾਵੇਗਾ

# ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੇ ਹੁਨਰ ਦਾ ਵਿਕਾਸ ਕਰਨ :ਬਣਾਂਵਾਲੀ

ਮਨਸਾ, 21 ਜੁਲਾਈ: (ਵਿਰੋਦਰਪਾਲ ਮੰਤਰੋ): ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਲੋਕਾਂ ਨੂੰ ਲਾਮਬੰਦ ਕਰਨ ਲਈ ਚਲਾਈ ਨਸ਼ਾ ਮੁਕਤੀ ਯਾਤਰਾ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਨਸ਼ਾ ਮੁਕਤ ਸਮਾਜ ਲਈ ਜਨਤਕ ਭਾਗੀਦਾਰੀ ਦੀ ਅਹਿਮ ਲੋੜ ਹੁੰਦੀ ਹੈ। ਹਰ ਨਾਗਰਿਕ ਨੂੰ ਨਸ਼ੇ ਦੇ ਖਾਤਮੇ ਲਈ ਇਕਜੁੱਟ ਹੋਣ ਦੀ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਸਰਦੂਲਗੜ੍ਹ ਸ੍ਰ. ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਹਲਕੇ ਦੇ ਪੰਜ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਦੌਰਾਨ ਕੀਤਾ। ਇਸ ਦੌਰਾਨ ਵਿਧਾਇਕ ਨੇ ਹਲਕਾ ਸਰਦੂਲਗੜ੍ਹ ਦੇ ਪਿੰਡ ਜਗਤਗੜ੍ਹ ਬਾਂਦਰਾਂ, ਕੁਸਲਾ, ਕੋਠੇ, ਜਟਾਣਾ ਕਲਾਂ ਅਤੇ ਕੋਟੜਾ ਵਾਸੀਆਂ ਨੂੰ ਇਲਾਕੇ ਵਿਚ ਨਸ਼ਾ ਨਾ ਵਿਕਣ ਦੇਣ ਅਤੇ ਨਸ਼ਾ ਨਾ ਕਰਨ ਦੀ ਸਹੁੰ ਚੁਕਾਈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆ ਤੋਂ ਦੂਰ ਰਹਿ ਕੇ ਖੇਡਾਂ ਵਿਚ ਆਪਣੀ ਰੁਚੀ ਵਧਾਉਣ ਅਤੇ ਆਪਣੇ ਹੁਨਰ ਦਾ ਵਿਕਾਸ ਕਰਨ।

# ਮਲਟੀਪਰਪਜ ਕੇਡਰ ਵੱਲੋਂ 24 ਨੂੰ ਡਾਇਰੈਕਟਰ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ



ਧਰਮਗੜ੍ਹ, 21 ਜੁਲਾਈ( ਗੁਰਪ੍ਰੀਤ ਸਿੰਘ ਲਿੱਟ): ਸਿਹਤ ਵਿਭਾਗ ਦੇ ਮਲਟੀਪਰਪਜ ਕੇਡਰ ਵੱਲੋਂ 25 ਜੂਨ ਦੀ ਪੈਨਲ ਮੀਟਿੰਗ ਜਿਸ ਦੀ ਅਗਵਾਈ ਸਿਹਤ ਮੰਤਰੀ ਡਾ.ਬਲਬੀਰ ਸਿੰਘ ਨੇ ਕੀਤੀ ਸੀ ਉਸ ਮੀਟਿੰਗ ਵਿੱਚ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਸਿਹਤ ਵਿਭਾਗ ਦੇ ਦੋਵੇ ਡਾਇਰੈਕਟਰ ਸਹਿਬਾਨ ਵੱਲੋਂ ਕੀਤੀ ਜਾ ਰਹੀ ਅਣਦੇਖੀ ਦੇ ਰੋਸ਼ ਵਜੋਂ ਇੰਨ੍ਹਾਂ ਮੁਲਾਜ਼ਮਾਂ ਦੀ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ ਮੇਲ ਅਤੇ ਫੀਮੇਲ ਯੂਨੀਅਨ ਪੰਜਾਬ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਅਵਤਾਰ ਸਿੰਘ ਗੰਢੂਆ, ਬਰਨਾਲਾ ਦੇ ਪ੍ਰਧਾਨ ਹਰਜਿੰਦਰ ਸਿੰਘ ਕੱਟੂ, ਮਲੇਰਕੋਟਲਾ ਦੇ ਪ੍ਰਧਾਨ ਨਿਗਾਹੀ ਰਾਮ, ਸੁਬਾਈ ਆਗੂ ਬਲਜਿੰਦਰ ਸਿੰਘ ਬਰਨਾਲਾ, ਦਲਜੀਤ ਢਿਲੋਂ, ਗੁਰਪ੍ਰੀਤ ਕਿਲਾ, ਕੁਲਵਿੰਦਰ ਸਿੱਧੂ, ਰਵਿੰਦਰ ਸਰਮਾ ਅਤੇ ਹੋਰ ਆਗੂਆ ਦੀ ਅਗਵਾਈ ਹੇਠ ਤਿੰਨੇ ਜ਼ਿਲਿਆਂ ਦੀ ਸਰਗਰਮ ਲੀਡਰਸ਼ਿਪ ਨੇ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸੁਬਾਈ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਇਸ ਮੌਕੇ ਜਥੇਬੰਦੀ ਵੱਲੋਂ 24 ਜੁਲਾਈ ਨੂੰ ਨੁਮਾਇੰਦਾ ਰੋਸ ਮੁਜਾਹਰਾ ਜੋ ਕਿ ਸਿਹਤ ਵਿਭਾਗ ਦੇ ਮੁੱਖ ਦਫ਼ਤਰ, ਸੈਕਟਰ 34-ਏ ਚੰਡੀਗੜ੍ਹ ਵਿਖੇ ਲਗਾਇਆ ਜਾ ਰਿਹਾ ਉਸ ਨੂੰ ਕਾਮਜਾਬ ਕਰਨ ਲਈ ਵਿਸ਼ੇਸ਼ ਡਿਉਟੀਆਂ ਲਗਾਈਆਂ ਗਈਆਂ। ਇਸ ਮੌਕੇ ਆਗੂਆਂ ਨੇ ਕਿਹਾ ਕਿ ਮੰਤਰੀ ਵੱਲੋਂ ਮੰਨੀਆਂ ਮੰਗਾਂ ਦੀ ਪਰਸੀਡਗ ਜਾਰੀ ਕਰਨ ਤੋਂ ਇਲਾਵਾ ਡਾਇਰੈਕਟਰ ਦਫ਼ਤਰ ਵਿਖੇ ਜਥੇਬੰਦੀ ਦੇ ਕੁਝ ਕੰਮ ਪਦਉਨਤੀ ਦੀਆਂ ਸੋਧਾਂ ਸਮੇਤ ਕੁਝ ਫੁੱਟਕਲ ਕੰਮ ਦੋਵੇਂ ਡਾਇਰੈਕਟਰ ਸਾਹਿਬਾਨ ਨੇਂ ਰੋਕ ਰੱਖੇ ਹਨ। ਇਸ ਕਾਰਨ ਮੁਲਾਜ਼ਮਾਂ ਵਿੱਚ ਵਿਆਪਕ ਰੋਸ਼ ਹੈ ਆਗੂਆਂ ਨੇ ਕਿਹਾ ਇਸ ਨੁਮਾਇੰਦਾ ਰੋਸ਼ ਮੁਜ਼ਾਹਰੇ ਲਈ ਸਮੂਹ ਜ਼ਿਲਿਆਂ ਦੇ ਆਗੂ ਹੁਮ ਹਾਮਾ ਕਿ ਪਹੁੰਚਣਗੇ ਇਸ ਮੌਕੇ ਜਥੇਬੰਦੀਆਂ ਆਗੂ ਅਮਿਤਪਾਲ ਧੂਰੀ,ਦਰਸਪ੍ਰੀਤ ਸਿੰਘ, ਕਰਮਵੀਰ ਸਿੰਘ, ਰਮਨਦੀਪ ਸਿੰਘ, ਪ੍ਰਦੀਪ ਸਿੰਘ, ਦਵਿੰਦਰ ਸਿੰਘ, ਗੁਰਧਿਆਨ ਸਿੰਘ,ਜਸਵਿੰਦਰ ਸਿੰਘ, ਰਾਮ ਸਿੰਘ,ਬਾਲ ਕ੍ਰਿਸ਼ਨ, ਕਮਲ ਕੁਮਾਰ, ਰਕੇਸ਼ ਕੁਮਾਰ, ਗੁਰਧਿਆਨ ਸਿੰਘ,ਜਸਵਿੰਦਰ ਸਿੰਘ, ਰਾਮ ਸਿੰਘ,ਬਾਲ ਕ੍ਰਿਸ਼ਨ, ਕਮਲ ਕੁਮਾਰ ਸਮੇਤ ਹੋਰ ਆਗੂ ਹਾਜ਼ਰ ਸਨ।

# ਸਰਕਾਰਾਂ ਖ਼ਿਲਾਫ਼ ਲੜਾਈ ਲਈ ਜਥੇਬੰਦ ਹੋਣਾ ਪੈਣਾ: ਕਿਸਾਨ ਆਗੂ



ਦਿੜ੍ਹਬਾ ਮੰਡੀ, 21 ਜੁਲਾਈ (ਸੁਖਵਿੰਦਰ ਸਿੰਘ ਵਿਰਕ ):ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਅਤੇ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ ਦੀ ਅਗਵਾਈ ਹੇਠ ਛਾਹੜ,ਧਰਮਗੜ੍ਹ ਛੰਨਾਂ ਅਤੇ ਸ਼ਾਦੀ ਹਰੀ ਦੀਆਂ ਨਵੀਆਂ ਪਿੰਡ ਇਕਾਈਆਂ ਦੀ ਚੋਣ ਕੀਤੀ ਗਈ। ਇਸ ਮੌਕੇ ਬਲਾਕ ਦਿੜ੍ਹਬਾ ਦੇ ਸੀਨੀਅਰ ਮੀਤ ਪ੍ਰਧਾਨ ਹਰਬੰਸ ਸਿੰਘ ਦਿੜ੍ਹਬਾ,ਅਮਨਦੀਪ ਸਿੰਘ ਮਹਿਲਾਂ,ਮਿਸ਼ਰਾ ਸਿੰਘ ਨਿਹਾਲਗੜ੍ਹ ਅਤੇ ਬਲਾਕ ਪ੍ਰੈਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ,ਇਸ ਮੌਕੇ ਆਗੂਆਂ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਨਾਲ ਮਿਲਕੇ ਕਿਸਾਨਾਂ ਮਜ਼ਦੂਰਾਂ ਦੀ ਕਿਰਤ ਤੇ ਹਮਲੇ ਕਰ ਰਹੀਆਂ ਹਨ ਤੇ ਜ਼ਮੀਨਾਂ ਦੇ ਉੱਪਰ ਬੁਰੀ ਨਜ਼ਰ ਰੱਖੀ ਹੋਈ ਹੈ,ਲਈ ਲੋਕਾਂ ਨੂੰ ਇੱਕਜੁੱਟ ਹੋਣ ਲਈ ਸੱਦਾ ਦਿੱਤਾ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਲਈ ਆਪਾਂ ਨੂੰ ਇਕੱਠੇ ਹੋਕੇ ਸਰਕਾਰਾਂ ਦੇ ਖਿਲਾਫ ਲੜਾਈ ਲੜਨ ਲਈ ਜਥੇਬੰਦ ਹੋਣਾ ਪੈਣਾ ਹੈ,ਜਿਸ ਲਈ ਅੱਜ ਪਿੰਡ ਇਕਾਈ ਛਾਹੜ ਵਿਖੇ ਜਥੇਬੰਦੀ ਦੇ ਵਿਧਾਨ ਸੰਵਿਧਾਨ ਮੁਤਾਬਕ ਪਿੰਡ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ,ਉਸੇ ਹਿਸਾਬ ਪਿੰਡ ਦੇ ਵਿੱਚੋਂ ਸਾਂਝਾ ਇਜਲਾਸ ਬੁਲਾਕੇ ਲੋਕਾਂ ਦੀ ਸਰਬ ਸੰਮਤੀ ਨਾਲ ਪਿੰਡ ਇਕਾਈ ਛਾਹੜ ਵਿਖੇ ਜਥੇਬੰਦੀ ਦੀ ਨਵੀਂ ਇਕਾਈ ਦੀ ਚੋਣ ਦੁਬਾਰਾ ਤੋਂ ਕੀਤੀ ਗਈ,ਜਿਸ ਦੇ ਪ੍ਰਧਾਨ ਅਮਰਜੀਤ ਸਿੰਘ ਨੂੰ ਚੁਣਿਆ ਗਿਆ ਹੈ,ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ,ਜਨਰਲ ਸਕੱਤਰ ਬਲਦੇਵ ਸਿੰਘ ਸਿੰਘ,ਖਜ਼ਾਨਚੀ ਹੇਮਰਾਜ,ਸਹਾਇਕ ਖਜ਼ਾਨਚੀ ਮਾਸਟਰ ਰਜਿੰਦਰ ਸਿੰਘ,ਪ੍ਰੈਸ ਸਕੱਤਰ ਸੱਤਪਾਲ ਚੀਮਾ,ਪ੍ਰਚਾਰ ਸਕੱਤਰ ਪਰਮਜੀਤ ਸਿੰਘ ਸਮੇਤ 27 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ, ਇਸੇ ਤਰ੍ਹਾਂ ਇਸਤਰੀ ਵਿੰਗ ਦਾ ਗਠਨ ਕੀਤਾ ਗਿਆ ਪਿੰਡ ਇਕਾਈ ਪ੍ਰਧਾਨ ਬਲਜੀਤ ਕੌਰ,ਮੀਤ ਪ੍ਰਧਾਨ ਸੁਖਵਿੰਦਰ ਕੌਰ,ਜਨਰਲ ਸਕੱਤਰ ਅਮਰਪਾਲ ਕੌਰ,ਖਜ਼ਾਨਚੀ ਬਲਦੇਵ ਕੌਰ (ਬੇਬੋ),ਪ੍ਰੈਸ ਸਕੱਤਰ ਕਰਮਜੀਤ ਕੌਰ,ਪ੍ਰਚਾਰ ਸਕੱਤਰ ਬਲਵੀਰ ਕੌਰ,ਸੰਗਠਨ ਸਕੱਤਰ ਸ਼ਿੰਦਰਪਾਲ ਕੌਰ ਸਮੇਤ 17 ਮੈਂਬਰੀ ਕਮੇਟੀ ਨੂੰਚੁਣਿਆ ਗਿਆ,ਇਸੇ ਤਰ੍ਹਾਂ ਪਿੰਡ ਇਕਾਈ ਧਰਮਗੜ੍ਹ ਛੰਨਾਂ ਦੇ ਪਿੰਡ ਇਕਾਈ ਪ੍ਰਧਾਨ ਹਰਮੇਲ ਸਿੰਘ,ਮੀਤ ਪ੍ਰਧਾਨ ਛੱਜੂ ਸਿੰਘ,ਜਨਰਲ ਸਕੱਤਰ ਹਰਬੰਸ ਸਿੰਘ,ਖਜ਼ਾਨਚੀ ਕਰਨੈਲ ਸਿੰਘ,ਪ੍ਰੈਸ ਸਕੱਤਰ ਕੁਲਦੀਪ ਸਿੰਘ,ਪ੍ਰਚਾਰ ਸਕੱਤਰ ਦਰਸ਼ਨ ਸਿੰਘ,ਸੰਗਠਨ ਸਕੱਤਰ ਦਰਸ਼ਨ ਸਿੰਘ ਲਾਭ ਕਾ ਸਮੇਤ 15 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ, ਇਸਤਰੀ ਵਿੰਗ ਦੇ ਪ੍ਰਧਾਨ ਚਰਨਜੀਤ ਕੌਰ,ਮੀਤ ਪ੍ਰਧਾਨ ਬਲਜੀਤ ਕੌਰ,ਜਨਰਲ ਸਕੱਤਰ ਸੁਰਜੀਤ ਕੌਰ,ਖਜ਼ਾਨਚੀ ਜਸਮੇਲ ਕੌਰ,ਪ੍ਰੈਸ ਸਕੱਤਰ ਹਰਮੇਲ ਕੌਰ,ਪ੍ਰਚਾਰ ਸਕੱਤਰ ਕਰਮਜੀਤ ਕੌਰ,ਸੰਗਠਨ ਸਕੱਤਰ ਮਨਜੀਤ ਕੌਰ ਸਮੇਤ 17 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ

# ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਤਿੱਤਰਸਰ ਸਾਹਿਬ ਲਈ ਕੀਰਤਨੀ ਸਾਜ਼ ਭੇਟ



ਮੌੜ ਮੰਡੀ, 21 ਜੁਲਾਈ (ਸ਼ਾਮ ਲਾਲ ਜੋਧਪੁਰੀਆ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਮਾਲਵੇ ਦੇ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਸ਼ਬਦ ਕੀਰਤਨ ਸਮੇਂ ਲੋੜੀਂਦੇ ਸਾਜ਼ ਮੁਹੱਈਆ ਕਰਵਾਉਣ ਦੀ ਲੜੀ ਚ ਅੱਜ ਧਰਮਪ੍ਰਚਾਰ ਉੱਪ ਦਫਤਰ ਦਮਦਮਾ ਸਾਹਿਬ ਵੱਲੋਂ ਇਲਾਕੇ ਦੇ ਪ੍ਰਸਿੱਧ ਗੁਰਦੁਆਰਾ ਤਿੱਤਰਸਰ ਸਾਹਿਬ ਲਈ ਕੀਰਤਨੀ ਸਾਜ਼ ਭੇਟ ਕੀਤੇ ਗਏ। ਕੀਰਤਨੀ ਸਾਜ਼ ਭੇਟ ਕਰਨ ਪੁੱਜੇ ਧਰਮ ਪ੍ਰਚਾਰ ਉੱਪ ਦਫਤਰ ਇੰਚਾਰਜ ਭਾਈ ਭੋਲਾ ਸਿੰਘ ਨੇ ਇੱਥੇ ਦੱਸਿਆ ਕਿ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਦੇ ਯਤਨਾਂ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਵਨ ਅਸਥਾਨ ਗੁ: ਤਿੱਤਰਸਰ ਸਾਹਿਬ ਲਈ ਕੀਰਤਨੀ ਸਾਜ਼ ਜਿਨ੍ਹਾਂ ਵਿੱਚ ਹਰਮੋਨੀਅਮ ਅਤੇ ਤਬਲਾ ਸ਼ਾਮਿਲ ਹਨ ਦੇਣ ਦੀ ਮੰਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮਾਂ ਸਮੇਂ ਮਰਿਯਾਦਾ ਤਹਿਤ ਸ਼ਬਦ ਕੀਰਤਨ ਦਾ ਗਾਇਨ ਜ਼ਰੂਰ ਹੋਵੇ ਇਸਲਈ ਇਹ ਕੀਰਤਨੀ ਸਾਜ਼ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ। ਉੱਧਰ ਗੁ:ਤਿੱਤਰਸਰ ਸਾਹਿਬ ਨੂੰ ਕੀਰਤਨੀ ਸਾਜ਼ ਦੇਣ ਤੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਚਲਾ ਰਹੇ ਬੁੰਗਾ ਮਸਤੂਆਣਾ ਦਮਦਮਾ ਸਾਹਿਬ ਦੇ ਮੁਖੀ ਬਾਬਾ ਕਾਕਾ ਸਿੰਘ ਅਤੇ ਸੇਵਾਦਾਰ ਬਾਬਾ ਹਰਦੀਪ ਸਿੰਘ ਰਿਮੀ ਨੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਇੰਸਪੈਕਟਰ ਗੁਰਤੇਜ ਸਿੰਘ ਅਤੇ ਬਾਬਾ ਹਰਵਿੰਦਰ ਸਿੰਘ ਵੀ ਮੌਜੂਦ ਸਨ।

# ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਗੌਰਵ ਗੋਇਲ



ਲਹਿਰਾਗਾਗਾ, 21 ਜੁਲਾਈ (ਗੁਰਦੀਪ ਸਿੰਘ): ਹਲਕਾ ਲਹਿਰਾਗਾਗਾ ਦੇ ਪਿੰਡਾਂ ਦੇ ਵਿਕਾਸ ਲਈ ਗਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ,ਕਿਉਂਕਿ ਪਿੰਡਾਂ ਦਾ ਵਿਕਾਸ ਕਰਨਾ 'ਆਪ' ਸਰਕਾਰ ਦਾ ਮੁੱਖ ਨਿਸ਼ਾਨਾ ਹੈ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਸਪੁੱਤਰ ਐਡਵੋਕੇਟ ਗੌਰਵ ਗੋਇਲ ਨੇ ਪਿੰਡ ਲੇਹਲ ਖੁਰਦ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ, ਉਹਨਾਂ ਕਿਹਾ ਕਿ ਕਿਸਾਨਾਂ ਦੇ ਖੇਤਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਹਰ ਖੇਤ ਨੂੰ ਪਹੁੰਚਾਉਣ ਲਈ ਉਥੇ ਪਾਈਪ ਲਾਈਨ ਪਾ ਕੇ ਦੇਣਾ ਅਤੇ ਪੱਕੇ ਖਾਲਾਂ ਦਾ ਪ੍ਰਬੰਧ ਕਰਨਾ ਅਸੀਂ ਆਪਣਾਂ ਮੁਢਲਾ ਫਰਜ਼ ਸਮਝਦੇ ਹਾਂ, ਇਹ ਫਰਜ ਪੂਰਾ ਕਰਕੇ ਦਿਖਾਉਣ ਦਾ ਅਸੀਂ ਯਤਨ ਕਰ ਰਹੇ ਹਾਂ, ਇਸ ਤੋਂ ਇਲਾਵਾ ਹਰ ਪਿੰਡ ਨੂੰ ਪੀਣ ਵਾਲਾ ਸਾਫ ਸੁਥਰਾ ਪਾਣੀ ਦੇਣਾ ਪਹਿਲ ਦੇ ਅਧਾਰ ਤੇ ਅਸੀਂ ਟੀਚਾ ਮਿਥਿਆ ਹੋਇਆ ਹੈ, ਉਹਨਾਂ ਅੱਗੇ ਕਿਹਾ ਕਿ ਪਿੰਡ ਲੇਹਲ ਖੁਰਦ ਦੇ ਸਰਪੰਚ ਜੀਵਨ ਸਿੰਘ ਸਾਰੀ ਪੰਚਾਇਤ ਦੇ ਸਹਿਯੋਗ ਨਾਲ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ,ਇਨ੍ਹਾਂ ਸਾਰਿਆਂ ਵਿੱਚ ਕੰਮ ਕਰਨ ਦਾ ਜਜ਼ਬਾ ਹੈ, ਇਹਨਾਂ ਦਾ ਇਹੀ ਜਜ਼ਬਾ ਪਿੰਡ ਨੂੰ ਵਿਕਾਸ ਦੀਆਂ ਲੀਹਾਂ ਤੇ ਲੈ ਕੇ ਜਾਵੇਗਾ।, ਉਹਨਾਂ ਭਰੋਸਾ ਦਵਾਉਦੇ ਹੋਏ ਕਿਹਾ ਕਿ ਪੰਚਾਇਤ ਨੂੰ ਪਿੰਡ ਦਾ ਵਿਕਾਸ ਕਰਨ ਲਈ ਗਰਾਂਟਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ, ਸ੍ਰੀ ਗੌਰਵ ਗੋਇਲ ਨੇ ਪਿੰਡ ਲੇਹਲ ਖੁਰਦ ਵਿਖੇ ਗ੍ਰਾਮ ਪੰਚਾਇਤ ਵੱਲੋਂ ਚਲਾਈ ਹੋਈ ਸਫਾਈ ਮੁਹਿੰਮ ਸਬੰਧੀ ਸਰਪੰਚ ਨੂੰ ਥਾਪੜਾ ਦਿੰਦੇ ਹੋਏ ਕਿਹਾ ਕਿ ਸਰਪੰਚ ਜੀਵਨ ਸਿੰਘ ਸਾਰੀ ਪੰਚਾਇਤ ਦੇ ਸਹਿਯੋਗ ਨਾਲ ਇੱਕ ਮੁੱਠ ਹੋ ਕੇ ਕੰਮ ਕਰ ਰਹੇ ਹਨ,ਜੋ ਇਕ ਮਿਸਾਲ ਹੈ।

# ਭਾਰਤ ਮਾਤਾ ਨੂੰ ਲੁੱਟ ਲਿਆ ਜਾਤਾਂ ਅਤੇ ਧਰਮ ਦੇ ਠੇਕੇਦਾਰਾਂ ਨੇ : ਪ੍ਰੋਫੈਸਰ (ਡਾ.) ਬਲਜੀਤ ਸਿੰਘ ਗਿੱਲ



ਮਲੋਟ 21 ਜੁਲਾਈ ( ਅਮਨਦੀਪ ਸਿੰਘ ਮਹਿਰਾ )ਭਾਰਤ ਵਿੱਚ ਅਗਲੇ ਵਰੇ ਅਪ੍ਰੈਲ 2026 ਵਿੱਚ 16ਵੀਂ ਮਰਦਮਸ਼ੁਮਾਰੀ ਕਰਵਾਈ ਜਾ ਰਹੀ ਹੈ। ਜਿਸ ਵਿੱਚ ਜਾਤ ਤੇ ਅਧਾਰਤ ਵੀ ਇੱਕ ਕਾਲਮ ਹੋਵੇਗਾ ਕਿ ਵਿਅਕਤੀ ਕਿਹੜੀ ਜਾਤ ਨਾਲ ਸਬੰਧਤ ਹੈ। ਪ੍ਰੋਫੈਸਰ ਗਿੱਲ ਨੇ ਆਪਣੀ ਇਸ ਮਰਦਮਸ਼ੁਮਾਰੀ ਤੇ ਟਿੱਪਣੀ ਦਿੰਦੇ ਹੋਏ ਕਿਹਾ ਹੈ ਕਿ ਪਿਛਲੀ ਮਰਦਮ ਸ਼ੁਮਾਰੀ (2011) ਵਿੱਚ ਭਾਰਤ ਦੇਸ਼ ਵਿੱਚ 46 ਲੱਖ ਜਾਤਾਂ ਦੇ ਲੋਕ ਰਹਿੰਦੇ ਸਨ। 2026 ਵਾਲੀ ਮਰਦਮ ਸ਼ੁਮਾਰੀ ਵਿੱਚ ਇਸ ਤੋਂ ਜਿਆਦਾ ਹੋਰ ਉਪ-ਜਾਤਾਂ ਹੋ ਗਈਆਂ ਹੋਣਗੀਆਂ। ਰਾਜਨੀਤਿਕ ਪਾਰਟੀਆਂ ਆਪਣਾ ਲਾਹਾ ਲੈਣ ਲਈ ਵਖਰੇਵੇਂ ਅਤੇ ਪਾੜੇ ਖੜੇ ਕਰਨਗੀਆਂ। ਅੰਗਰੇਜ਼ ਹਕੂਮਤ ਵੇਲੇ ਵੀ ਮਰਦਮ- ਸ਼ੁਮਾਰੀ 1881 ਤੋਂ 1931 ਤੱਕ ਜਾਤ ਅਧਾਰਤ ਕਰਵਾਈ ਜਾਂਦੀ ਰਹੀ । ਉਸੇ ਤਰ੍ਹਾਂ ਦੀ ਨੀਤੀ 'ਵੰਡੋ ਤੇ ਰਾਜ ਕਰੋ' ਅੱਜ ਹੋ ਰਹੀ ਹੈ। ਅਜੋਕੇ ਸੰਵਿਧਾਨ ਵਿੱਚ ਹਰ ਪ੍ਰਾਣੀ ਨੂੰ ਬਰਾਬਰ ਦਾ ਦਰਜਾ ਦਿੱਤਾ ਗਿਆ ਹੈ ਪਰ ਫਿਰ ਵੀ ਮਰਦਮਸ਼ੁਮਾਰੀ ਜਾਤ ਦੇ ਆਧਾਰ ਤੇ ਕਰਵਾਉਣ ਦੇ ਯਤਨ ਹੋ ਰਹੇ ਹਨ। ਬੇਸ਼ੱਕ ਮਰਦਮਸ਼ੁਮਾਰੀ ਦਾ ਕੰਮ ਸੰਵਿਧਾਨ ਦੇ ਆਰਟੀਕਲ 246 ਮੁਤਾਬਕ ਕੇਂਦਰ ਸਰਕਾਰ ਨਾਲ ਸੰਬੰਧਿਤ ਹੈ ਜਿਹੜਾ ਕਿ ਯੂਨੀਅਨ ਲਿਸਟ ਦੇ ਸੱਤਵੇਂ ਸ਼ਡਿਊਲ ਵਿੱਚ 69 ਨੰਬਰ ਤੇ ਦਰਜ ਹੈ। ਰਾਜਨੀਤਿਕ ਪਾਰਟੀਆਂ ਮਰਦ ਸ਼ੁਮਾਰੀ ਦੇ ਹੋਏ ਅੰਕੜਿਆਂ ਤੋਂ ਹਿਸਾਬ ਲਾਉਣਗੀਆਂ ਕਿ ਕਿਹੜੇ ਹਲਕੇ ਵਿੱਚ ਕਿਸ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇ ਤਾਂ ਕਿ ਉਹ ਜਿੱਤ ਜਾਵੇ ਰਿਜਰਵੇਸ਼ਨ ਕੋਟਾ ਵੀ ਜਾਤ ਨੂੰ ਵੇਖ ਕੇ ਨਿਰਧਾਰਤ ਕੀਤਾ ਜਾਵੇ। ਇਸ ਮਰਦਮ ਸ਼ੁਮਾਰੀ ਵਿੱਚ ਲਗਭਗ 33 ਲੱਖ ਗਿਣਤੀਕਾਰ ਤੇ ਨਿਰੀਖਕ ਕੰਮ ਕਰਨਗੇ। ਇਸ ਤੋਂ ਇਲਾਵਾ 32000 ਹਜਾਰ ਜਨਗਣਨਾ ਅਧਿਕਾਰੀ ਵੀ ਕੰਮ ਕਰਨਗੇ। ਇੱਕ ਲੱਖ 31 ਹਜਾਰ ਉਪਕਰਨ ਵਰਤੇ ਜਾਣਗੇ ਜਿਹੜੇ ਕਿ ਡਿਜੀਟਲ ਹੋਣਗੇ। ਕੁੱਲ 15 ਹਜਾਰ ਕਰੋੜ ਇਸ ਤੇ ਖਰਚਾ ਆਉਣ ਦੀ ਸੰਭਾਵਨਾ ਹੈ। ਪ੍ਰੋਫੈਸਰ ਗਿੱਲ ਨੇ ਕਿਹਾ ਕਿ ਮੱਧਕਾਲ ਭਾਰਤ ਵਿੱਚ ਗੁਰੂਆਂ, ਭਗਤਾਂ ਤੇ ਧਾਰਮਿਕ ਆਗੂਆਂ ਨੇ ਜਾਤ-ਪਾਤ ਦਾ ਖੰਡਨ ਕਰਦੇ ਹੋਏ ਮਾਨਸ ਦੀ ਇੱਕੋ ਜਾਤ ਦਾ ਪ੍ਰਚਾਰ ਕੀਤਾ ਸੀ

# ਮੌੜ ਮੰਡੀ ਕਤਲ ਕੇਸ 'ਚ ਨਵਾਂ ਮੋੜ: ਸਿੱਟ ਨੇ ਸੁਲਝਾਈ ਅਣਸੁਲਝੀ ਗੁੱਥੀ

## ਕਾਤਲ ਨਿਕਲਿਆ ਦੋਸਤ, ਪੂਰੇ ਪਰਿਵਾਰ 'ਤੇ ਕਸਿਆ ਗਿਆ ਸ਼ਿਕੰਜਾ

ਬਠਿੰਡਾ, 21 ਜੁਲਾਈ (ਦੀਪਕ ਸ਼ਰਮਾ):ਮੌੜ ਮੰਡੀ ਦੀ 19 ਸਾਲਾ ਲੜਕੀ ਦੀ ਭੇਤਭਰੀ ਮੌਤ ਨੇ ਪੂਰੇ ਪੰਜਾਬ ਨੂੰ ਹਿਲਾ ਕੇ ਰੱਖ ਦਿੱਤਾ ਸੀ। ਲੜਕੀ ਦੇ ਗੁੰਮ ਹੋਣ ਤੋਂ ਬਾਅਦ ਮੌੜ ਮੰਡੀ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਸੀ। ਲੋਕਾਂ ਵੱਲੋਂ ਪੁਲਿਸ ਦੇ ਖਿਲਾਫ ਰੋਸ ਪ੍ਰਦਰਸ਼ਨ ਵੀ ਕੀਤਾ ਗਿਆ। ਦੱਸ ਦਈਏ ਕਿ ਇਸ ਮਾਮਲੇ ਵਿੱਚ ਸ਼ੁਰੂਆਤੀ ਤੌਰ 'ਤੇ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਹੋਈ ਸੀ, ਪਰ 12 ਮਾਰਚ ਨੂੰ ਕੋਟਲਾ ਸ਼ਾਖਾ ਨਹਿਰ 'ਚੋਂ ਮਿਲੀ ਲੜਕੀ ਦੀ ਲਾਸ਼ ਨੇ ਕਈ ਸਵਾਲ ਖੜ੍ਹੇ ਕਰ ਦਿੱਤੇ ਕਿ ਚੈਰੀ ਦਾ ਕਤਲ ਕੀਤਾ ਗਿਆ ਸੀ ਜਾਂ ਉਹ ਕਿਸੇ ਹਾਦਸੇ ਦਾ ਸ਼ਿਕਾਰ ਹੋ ਕੇ ਨਹਿਰ ਵਿੱਚ ਡਿੱਗੀ ਸੀ। ਇਸ ਗੁੱਥੀ ਨੂੰ ਸੁਲਝਾਉਣ ਲਈ ਪੁਲਿਸ ਵੱਲੋਂ ਇੱਕ ਜਾਂਚ ਟੀਮ ਦਾ ਗਠਨ ਕੀਤਾ ਗਿਆ ਸੀ। ਹੁਣ ਉਕਤ ਜਾਂਚ ਟੀਮ ਦੀ ਰਿਪੋਰਟ ਆਉਣ ਤੋਂ ਬਾਅਦ, ਇਸ ਸਨਸਨੀਖੇਜ਼ ਮਾਮਲੇ ਵਿੱਚ ਵੱਡਾ ਖੁਲਾਸਾ ਹੋਇਆ ਹੈ। ਜ਼ਿਲ੍ਹਾ ਪੁਲਿਸ ਦੁਆਰਾ ਗਠਿਤ ਵਿਸ਼ੇਸ਼ ਜਾਂਚ ਟੀਮ ਨੇ ਪਰਿਵਾਰਕ ਮੈਂਬਰਾਂ ਦੀਆਂ ਸ਼ਿਕਾਇਤਾਂ ਦੇ ਅਧਾਰ 'ਤੇ ਜਾਂਚ ਕੀਤੀ ਅਤੇ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਆਏ ਹਨ। ਟੀਮ ਦੀ ਜਾਂਚ ਮੁਤਾਬਕ, ਇਹ ਇੱਕ ਸੋਚੀ-ਸਮਝੀ ਸਾਜ਼ਿਸ਼ ਤਹਿਤ ਕੀਤਾ ਗਿਆ ਕਤਲ ਸੀ, ਜਿਸ ਦਾ ਮੁੱਖ ਸਾਜ਼ਿਸ਼ ਕਰਤਾ ਲੜਕੀ ਦਾ ਹੀ ਦੋਸਤ ਮੁਕੁਲ ਹੈ। ਇਸ ਮਾਮਲੇ 'ਚ ਮੁਕੁਲ ਸਮੇਤ ਛੇ ਹੋਰ ਲੋਕਾਂ 'ਤੇ ਵੀ ਮਾਮਲਾ ਦਰਜ ਕੀਤਾ ਗਿਆ ਹੈ। ਦੱਸਣਾ ਬਣਦਾ ਹੈ ਕਿ ਮ੍ਰਿਤਕਾ ਚੰਡੀਗੜ੍ਹ ਦੇ ਇੱਕ ਕਾਲਜ ਦੀ ਵਿਦਿਆਰਥਣ ਸੀ। ਲੰਘੀ 9 ਮਾਰਚ ਨੂੰ ਉਹ ਆਪਣੇ ਘਰ ਮੌੜ ਮੰਡੀ ਪਹੁੰਚਣ ਤੋਂ ਬਾਅਦ ਭੇਦਭਰੇ ਹਾਲਾਤਾਂ 'ਚ ਲਾਪਤਾ ਹੋ ਗਈ ਸੀ ਅਤੇ ਚੰਡੀਗੜ੍ਹ ਵਿਖੇ ਸਥਿਤ ਆਪਣੇ ਹੋਸਟਲ ਵਾਪਸ ਨਹੀਂ ਪਰਤੀ ਸੀ। ਦੂਜੇ ਪਾਸੇ ਪੁਲਿਸ ਵੱਲੋਂ ਲਗਾਤਾਰ ਲੜਕੀ ਦੀ ਭਾਲ ਕੀਤੀ ਜਾ ਰਹੀ ਸੀ, ਜਿਸ ਦੇ ਨਤੀਜੇ ਵਜੋਂ ਤਿੰਨ ਦਿਨ ਬਾਅਦ, ਐਨਡੀਆਰਐਫ ਦੀ ਟੀਮ ਨੇ ਉਸਦੀ ਲਾਸ਼ ਨਹਿਰ ਵਿੱਚੋਂ ਬਰਾਮਦ ਕੀਤੀ, ਜਿਸ ਤੋਂ ਬਾਅਦ ਲੋਕਾਂ ਵਿੱਚ ਭਾਰੀ ਰੋਸ ਫੈਲ ਗਿਆ ਅਤੇ ਪੁਲਿਸ ਦੇ ਉੱਚ ਅਧਿਕਾਰੀਆਂ ਨੇ ਤੁਰੰਤ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ। ਐਸਪੀ ਸਿਟੀ ਨਰਿੰਦਰ ਸਿੰਘ ਦੀ ਅਗਵਾਈ ਹੇਠ ਗਠਿਤ ਵਿਸ਼ੇਸ਼ ਜਾਂਚ ਟੀਮ ਨੇ ਮੌਕੇ ਦੇ ਸਬੂਤਾਂ ਅਤੇ ਬਿਆਨਾਂ ਦੇ ਆਧਾਰ 'ਤੇ ਜਾਂਚ ਸ਼ੁਰੂ ਕੀਤੀ। ਜਾਂਚ ਦੌਰਾਨ ਸਾਹਮਣੇ ਆਇਆ ਕਿ ਮੁਕੁਲ ਅਤੇ ਚੈਰੀ ਕਥਿਤ ਤੌਰ 'ਤੇ ਦੋਸਤ ਸਨ ਅਤੇ 8 ਮਾਰਚ ਤੋਂ 10 ਮਾਰਚ ਦਰਮਿਆਨ ਉਨ੍ਹਾਂ ਵਿਚਾਲੇ 49 ਵਾਰ ਫੋਨ 'ਤੇ ਗੱਲਬਾਤ ਹੋਈ ਸੀ। ਰਿਪੋਰਟ ਅਨੁਸਾਰ, ਦੋਵੇਂ 9 ਮਾਰਚ ਦੀ ਸ਼ਾਮ ਨੂੰ ਮਿਲੇ ਸਨ ਅਤੇ 10 ਮਾਰਚ ਦੀ ਸਵੇਰ ਤੱਕ ਨਾਲ ਰਹੇ। ਉਹ ਇੱਕ ਮੰਦਰ ਵਿੱਚ ਵੀ ਗਏ ਸਨ। ਇਸ ਤੋਂ ਬਾਅਦ ਦੋਵੇਂ ਇੱਕ ਐਸਯੂਵੀ ਵਿੱਚ ਬਰਨਾਲਾ ਗਏ, ਫਿਰ ਮੌੜ ਮੰਡੀ ਵਾਪਸ ਆ ਗਏ ਅਤੇ ਮੋਟਰਸਾਈਕਲ 'ਤੇ ਸ਼ਹਿਰ ਵਿੱਚ ਘੁੰਮੇ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮੁਕੁਲ ਦੇ ਉੱਚ ਸਿੱਖਿਆ ਲਈ ਪੁਣੇ ਜਾਣ ਦੀ ਯੋਜਨਾ ਨੂੰ ਲੈ ਕੇ ਦੋਵਾਂ ਵਿਚਾਲੇ ਤਿੱਖੀ ਬਹਿਸ ਹੋਈ, ਜਿਸ ਤੋਂ ਬਾਅਦ ਉਸਨੇ ਕਥਿਤ ਤੌਰ 'ਤੇ ਲੜਕੀ ਨੂੰ ਨਹਿਰ ਵਿੱਚ ਧੱਕ ਦਿੱਤਾ ਸੀ,ਹਾਲਾਂਕਿ ਇਸ ਘਟਨਾ ਦਾ ਕੋਈ ਪ੍ਰਤੱਖਦਰਸ਼ੀ ਜਾਂ ਵੀਡੀਓ ਫੁਟੇਜ ਮੌਜੂਦ ਨਹੀਂ ਹੈ, ਪਰ ਪੁਲਿਸ ਨੇ ਘਟਨਾ ਤੋਂ ਬਾਅਦ ਮੁਕੁਲ ਦੇ ਰਵੱਈਏ ਅਤੇ ਦੋਸਤਾਂ ਤੇ ਰਿਸ਼ਤੇਦਾਰਾਂ ਨੂੰ ਕਈ ਵਾਰ ਫੋਨ ਕਰਨ ਨੂੰ ਸਥਿਤੀਗਤ ਸਬੂਤ ਦਾ ਹਿੱਸਾ ਦੱਸਿਆ ਹੈ। ਮੁਕੁਲ ਅਤੇ ਉਸਦੇ ਚਾਚਾ ਰਾਜ ਕੁਮਾਰ 'ਤੇ ਪੀੜਤਾ ਦਾ ਮੋਬਾਈਲ ਫੋਨ, ਕੱਪੜੇ ਅਤੇ ਸਾਮਾਨ ਛੁਪਾ ਕੇ ਸਬੂਤ ਨਸ਼ਟ ਕਰਨ ਦੀ ਕੋਸ਼ਿਸ਼ ਕਰਨ ਦਾ ਵੀ ਦੋਸ਼ ਲਗਾਇਆ ਗਿਆ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮੁਕੁਲ ਦੇ ਮਾਤਾ-ਪਿਤਾ, ਰਵੀ ਕੁਮਾਰ ਅਤੇ ਡਿੰਪਲ ਰਾਣੀ ਨੇ ਕਥਿਤ ਤੌਰ 'ਤੇ ਆਪਣੇ ਘਰ ਦੇ ਸੀਸੀਟੀਵੀ ਫੁਟੇਜ ਅਤੇ ਡੀਵੀਆਰ ਸਿਸਟਮ ਨਾਲ ਛੇੜਛਾੜ ਕੀਤੀ। ਉਨ੍ਹਾਂ 'ਤੇ ਰਾਜਕੁਮਾਰ ਅਤੇ ਮੁਕੁਲ ਦੇ ਤਿੰਨ ਦੋਸਤਾਂ ਰਾਘਵ ਸਿੰਗਲਾ, ਕਰਨ ਬੰਸਲ ਅਤੇ ਇੱਕ ਨਾਬਾਲਿਗ ਨੂੰ ਵੀ ਸਾਥ ਦੇਣ ਦਾ ਦੋਸ਼ ਲਗਾਇਆ ਗਿਆ ਹੈ। ਫੋਰੈਂਸਿਕ ਰਿਪੋਰਟ ਨੇ ਮੌਤ ਦਾ ਕਾਰਨ ਡੁੱਬਣ ਨਾਲ ਹੋਣ ਦੀ ਪੁਸ਼ਟੀ ਕੀਤੀ ਹੈ, ਜੋ ਜਾਂਚ ਟੀਮ ਨੂੰ ਇਹ ਸਾਬਤ ਕਰਨ ਵਿੱਚ ਮਦਦ ਕਰਦਾ ਹੈ ਕਿ ਪੀੜਤਾ ਨਹਿਰ ਵਿੱਚ ਡੁੱਬਣ ਦੇ ਸਮੇਂ ਜੀਵਤ ਸੀ।

ਪੁਲਿਸ ਦੀ ਜਾਂਚ ਜਾਰੀ ਹੈ ਇਸ ਕਤਲ ਕਾਂਡ ਵਿੱਚ ਹੋਰ ਕਈ ਗੰਭੀਰ ਖਲਾਸੇ ਹੋਣ ਦੀ ਸੰਭਾਵਨਾ ਹੈ।

# ਬੀਕੇਯੂ ਏਕਤਾ ਉਗਰਾਹਾਂ ਇਕਾਈ ਖਨੌਰੀ ਦੇ ਅਹੁਦੇਦਾਰਾਂ ਦੀ ਚੋਣ




ਖਨੌਰੀ, 21 ਜੁਲਾਈ (ਓਮਪ੍ਰਕਾਸ਼ ਮੁਆਲ): ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੂਣਕ ਦੇ ਪ੍ਰਧਾਨ ਸੁਖਦੇਵ ਸਿੰਘ ਕੜੈਲ ਜਰਨਲ ਸਕੱਤਰ ਰਿੰਕੂ ਮੂਣਕ, ਰੋਸ਼ਨ ਮੂਣਕ ਅਤੇ ਬੰਟੀ ਢੀਂਡਸਾ ਦੀ ਅਗਵਾਈ ਹੇਠ ਪਿੰਡ ਖਨੌਰੀ ਵਿਖੇ ਨਵੇਂ ਸਿਰੇ ਤੋਂ ਪਿੰਡ ਇਕਾਈ ਦੀ ਚੋਣ ਪਿੰਡ ਦੇ ਕਿਸਾਨਾਂ ਦੀ ਹਾਜ਼ਰੀ ਵਿੱਚ ਸਰਬਸੰਮਤੀ ਨਾਲ ਕੀਤੀ ਗਈ। ਜਿਸ ਵਿੱਚ ਜਗਪਾਲ ਸਿੰਘ ਕਾਲਾ ਨੂੰ ਇਕਾਈ ਪ੍ਰਧਾਨ, ਗੁਰਪ੍ਰੀਤ ਸਿੰਘ ਨੂੰ ਜਰਨਲ ਸਕੱਤਰ, ਨਛੱਤਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਹਰਦੀਪ ਡਾਕਟਰ ਨੂੰ ਮੀਤ ਪ੍ਰਧਾਨ, ਬਿੰਦਰ ਸਿੰਘ ਨੂੰ ਖਜ਼ਾਨਚੀ , ਗੁਰਬੀਰ ਸਿੰਘ ਨੂੰ ਸਹਾਇਕ ਖਜ਼ਾਨਚੀ, ਜਸਪ੍ਰੀਤ ਸਿੰਘ ਬਿੱਟੂ ਨੂੰ ਪ੍ਰੈਸ ਸਕੱਤਰ ਅਤੇ ਇਸ ਤੋਂ ਇਲਾਵਾ 31 ਮੈਂਬਰੀ ਕਮੇਟੀ ਮੈਂਬਰ ਚੁਣੇ ਗਏ ਹਨ । ਬਲਾਕ ਪ੍ਰਧਾਨ ਅਤੇ ਜਰਨਲ ਸਕੱਤਰ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਜਥੇਬੰਦੀ ਵੱਲੋਂ ਪਹਿਲਾਂ ਦੀ ਤਰ੍ਹਾਂ ਇਸ ਵਾਰ ਵੀ ਨਵੇਂ ਸਿਰੇ ਤੋਂ ਇਜਲਾਸ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪਹਿਲਾਂ ਸਾਰੇ ਪੰਜਾਬ ਵਿੱਚ ਪਿੰਡਾਂ ਦੀਆਂ ਇਕਾਈਆਂ ਦੀ ਚੋਣ ਕਰਵਾਈ ਜਾਵੇਗੀ । ਇਸੇ ਤਹਿਤ ਹੀ ਬਲਾਕ, ਜ਼ਿਲ੍ਹਾ ਤੇ ਪੰਜਾਬ ਦੇ ਆਗੂਆਂ ਦੀ ਚੋਣ ਕੀਤੀ ਜਾਵੇਗੀ ਨਾਲ ਹੀ ਕਿਸਾਨ ਆਗੂਆਂ ਵੱਲੋਂ ਲੋਕਾਂ ਨੂੰ ਸੱਦਾ ਦਿੱਤਾ ਹੈ ,ਕਿ ਇਸ ਸਮੇਂ ਪੰਜਾਬ ਸਰਕਾਰ ਵੱਲੋਂ ਪੁਲਿਸ ਨੂੰ ਜਨਤਕ ਜਥੇਬੰਦੀਆਂ ਦੇ ਆਗੂਆਂ ਤੇ ਜਬਰ ਕਰਨ ਦੀ ਦਿੱਤੀ ਖੁੱਲ੍ਹ ਛੋਟ ਦੇ ਵਿਰੁੱਧ ਵਿੱਚ 25 ਜੁਲਾਈ ਨੂੰ ਸੰਗਰੂਰ ਵਿਖੇ ਸਾਰੀਆਂ ਜਨਤਕ ਜਥੇਬੰਦੀਆਂ ਵੱਲੋਂ ਹਜ਼ਾਰਾਂ ਦਾ ਇਕੱਠ ਕਰਕੇ ਸਰਕਾਰ ਖ਼ਲਾਫ਼ ਰੋਸ ਮਾਰਚ ਕੀਤਾ ਜਾਵੇਗਾ, ਜਿਸ ਵਿੱਚ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।



# ਪਟਿਆਲਾ-ਆਸ/ਪਾਸ



## ਮੰਗਾਂ ਸਬੰਧੀ ਚੌਥਾ ਦਰਜਾ ਮੁਲਾਜ਼ਮਾਂ ਨੇ ਵਿਸ਼ਾਲ ਰੈਲੀ ਕਰਕੇ ਕੀਤਾ ਰੋਸ ਮਾਰਚ



ਪਟਿਆਲਾ, 21 ਜੁਲਾਈ (ਰੁਪਾਣਾ/ਵਿਨੋਦ ਸ਼ਰਮਾ) : ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜਮਾਂ ਨੇ ਮਰਹੂਮ ਕਾਮਰੇਡ ਰਣਬੀਰ ਢਿੱਲੋਂ ਦੀ ਯਾਦ ਵਿੱਚ ਇੱਕ ਵਿਸ਼ਾਲ ਰੈਲੀ ਅਤੇ ਮਾਰਚ ਕੀਤਾ। ਇਹ ਰੈਲੀ ਜਲ ਸਰੋਤ ਵਿਭਾਗ ਦੇ ਭਾਖੜਾ ਮੇਨ ਸਰਕਲ ਦੇ ਮੁੱਖ ਗੇਟ ਅੱਗੇ ਕੀਤੀ ਗਈ। ਜਿੱਥੇ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਚੌਥਾ ਦਰਜਾ ਮੁਲਾਜ਼ਮ (ਬੇਲਦਾਰ) ਦੀਆਂ ਬਦਲੀਆਂ ਪੰਜਾਬ ਸਰਕਾਰ ਦੇ ਦੂਰ ਦੁਰਾਡੇ ਕਰ ਦਿੱਤੀਆਂ ਹਨ। ਇਹਨਾਂ ਬਦਲੀਆਂ ਨੂੰ ਵਾਪਸ ਕਰਵਾਉਣ, ਇਹ ਰੈਲੀ ਕੀਤੀ ਗਈ, ਇਸ ਮੌਕੇ 'ਤੇ ਮੁਲਾਜ਼ਮ ਆਗੂਆਂ ਦਰਸ਼ਨ ਸਿੰਘ ਲੁਬਾਣਾ, ਜਗਮੋਹਨ ਨੋਲੱਖਾ, ਸੂਰਜ ਪਾਲ ਯਾਦਵ, ਨਾਰੰਗ ਸਿੰਘ, ਪ੍ਰੀਤਮ ਚੰਦ ਠਾਕੁਰ ਤੇ ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਜਲ ਸਰੋਤ ਵਿਚਲਿਆ ਬਦਲੀਆਂ ਵਾਪਸ ਕਰਵਾਉਣ, ਲਬਿੰਤ ਮੰਗਾਂ ਸਬੰਧੀ ਮਿਤੀ 07 ਅਗਸਤ ਨੂੰ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਗੋਇਲ ਦੇ ਵਿਧਾਨ ਸਭਾ ਹਲਕਾ ਲਹਿਰਾਗਾਗਾ ਵਿਖੇ ਰੈਲੀ ਕਰਕੇ ਸ਼ਹਿਰ ਵਿੱਚ ਝੰਡਾ ਮਾਰਚ ਕੀਤਾ ਜਾਵੇਗਾ। ਜਲ ਸਰੋਤ ਦਫਤਰ ਤੋਂ ਇੱਕ ਵਿਸ਼ਾਲ ਰੋਸ ਮਾਰਚ ਵਣ ਵਿਭਾਗ ਦੇ ਦਫਤਰ ਤੱਕ ਕੀਤਾ ਗਿਆ ਕਿ ਵਣ ਵਿਭਾਗਾਂ ਦੇ ਦਿਹਾੜੀਦਾਰ ਕਰਮੀਆਂ ਨੂੰ ਰੈਗੂਲਰ ਕਰਨ ਵਿੱਚ ਵਿਭਾਗ ਨੇ ਸੀਨੀਅਰ ਕਾਮਿਆ ਨੂੰ ਅੱਖੋਂ ਔਹਲੇ ਕੀਤਾ ਗਿਆ ਹੈ ਤੇ ਇਸ ਵਿੱਚ ਭਾਈ ਭਤੀਜਾਵਾਦ ਨੂੰ ਪਹਿਲ ਦਿੱਤੀ ਗਈ ਹੈ। ਇਸ ਵਿਰੁੱਧ ਜਥੇਬੰਦੀ ਸਾਰੇ ਤੱਥ ਇਕੱਤਰ ਕਰਕੇ ਵਣ ਭਵਨ ਮੁਹਾਲੀ ਵਿਖੇ ਆਪਣੀ ਮੁਲਤਵੀ ਕੀਤਾ ਸੰਘਰਸ਼ ਮੁੜ ਸ਼ੁਰੂ ਕਰੇਗੀ। ਅੱਜ ਦੇ ਇਕੱਠ ਨੇ ਮੁਲਾਜ਼ਮ ਅੰਦੋਲਨਾਂ ਦੇ ਬਾਨੀ ਕਾ. ਮਰਹੂਮ ਰਣਬੀਰ ਸਿੰਘ ਢਿੱਲੋਂ ਦੀ ਪਹਿਲੀ ਬਰਸੀ 'ਤੇ ਸ਼ਰਧਾਂਜਲੀ ਅਰਪਿਤ ਕੀਤੀ। ਇਸ ਮੌਕੇ ਤੇ ਆਗੂਆਂ ਨੇ ਐਲਾਨ ਕੀਤਾ ਕਿ ਉਹ ਮੁਲਾਜ਼ਮਾਂ—ਪੈਨਸ਼ਨਰਾਂ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਲਈ ਆਪਣਾ ਰਵਾਇਤ ਐਕਸ਼ਨ 15 ਅਗਸਤ ਨੂੰ ਜ਼ਿਲ੍ਹਾ ਸਦਰ ਮੁਕਾਮਾਂ 'ਤੇ ਭੁੱਖ ਹੜਤਾਲ ਕਰਨ ਉਪਰੰਤ ਝੰਡਾ ਮਾਰਚ ਕਰੇਗੀ ਤੇ ਮੰਗਾਂ ਦਾ ਯਾਦ ਪੱਤਰ ਮੁੱਖ ਮੰਤਰੀ, ਵਿੱਤ ਮੰਤਰੀ, ਮੁੱਖ ਸਕੱਤਰ ਨੂੰ ਭਿਜਵਾਇਆ ਜਾਵੇਗਾ। ਇਸ ਮੌਕੇ ਤੇ ਹੋਰ ਵੀ ਆਗੂ ਹਾਜਰ ਸਨ। ਉਹਨਾਂ ਵਿੱਚ ਕੁਲਦੀਪ ਸਕਰਾਲੀ, ਹਰੀ ਰਾਮ ਨਿੱਕਾ, ਕਾਕਾ ਸਿੰਘ, ਤਰਲੋਚਨ ਮਾਡੂ, ਕੁਲਦੀਪ ਸਿੰਘ ਰਾਇਵਾਲ, ਤਰਲੋਚਨ ਮੰਡੋਲੀ, ਦਰਸ਼ਨ ਮੱਲੋਵਾਲ, ਗੁਰਮੇਲ ਸਿੰਘ, ਬੀਰ ਸਿੰਘ, ਅਮਰਨਾਥ ਨਰੜੂ, ਮੰਗਤ ਰਾਮ, ਅਮਰੀਕ ਸਿੰਘ, ਦਲਜੀਤ ਸਿੰਘ, ਹਾਕਮ ਸਿੰਘ, ਨਛੱਤਰ ਸਿੰਘ, ਸਵਰਾਜ ਸਿੰਘ, ਗੁਰਮੇਲ ਸਿੰਘ, ਹਰਮੇਲ ਸਿੰਘ, ਚੰਦਰ ਭਾਨ, ਕਾਕਾ ਸਿੰਘ, ਬਲਜੀਤ ਸਿੰਘ, ਹਾਕਮ ਸਿੰਘ, ਨਛੱਤਰ ਸਿੰਘ, ਸੁਰਜ ਦੀਨ, ਹਰਮੇਲ ਸਿੰਘ, ਗੁਰਮੇਲ ਸਿੰਘ, ਨਛੱਤਰ ਸਿੰਘ, ਨਿਰਮਲ ਸਿੰਘ, ਦੀਪਕ, ਬੱਬੂ, ਗੁਰਮੇਲ ਸਮਾਣਾ, ਆਦਿ ਹਾਜਰ ਸਨ।

## ਪਟਿਆਲਾ 'ਚੋਂ ਭੀਖ ਮੰਗਦੇ 19 ਬੱਚੇ ਬਚਾਏ, ਜ਼ਿਲ੍ਹੇ ਭਰ 'ਚ ਹੋਵੇਗੀ ਛਾਪਾਮਾਰੀ : ਡਾ. ਪ੍ਰੀਤੀ ਯਾਦਵ

### ਬਾਲਾਂ ਨੂੰ ਭੀਖ ਮੰਗਣ ਲਈ ਮਜਬੂਰ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ : ਡੀ.ਸੀ.



ਪਟਿਆਲਾ, 21 ਜੁਲਾਈ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਦੀ ਰਾਜ ਨੂੰ ਭੀਖ ਮੁਕਤ ਕਰਨ ਲਈ ਚਲਾਈ ਮੁਹਿੰਮ ਤਹਿਤ ਅੱਜ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਤੇ ਟਾਸਕ ਫੋਰਸ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚੋਂ ਵੱਖ-ਵੱਖ ਥਾਵਾਂ 'ਤੇ ਭੀਖ ਮੰਗਦੇ 19 ਬੱਚੇ ਬਚਾਏ ਗਏ ਹਨ। ਉਨ੍ਹਾਂ ਦੱਸਿਆ ਕਿ ਬਾਲ ਭਿੱਖਿਆ ਦੀ ਭਿਆਨਕ ਸਮੱਸਿਆ ਦੇ ਖਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਦ੍ਰਿੜ ਸੰਕਲਪ ਹੈ, ਜਿਸ ਲਈ ਲਗਾਏ ਗਏ ਨੋਡਲ ਅਫ਼ਸਰਾਂ ਦੀ ਦੇਖ-ਰੇਖ ਹੇਠ ਜ਼ਿਲ੍ਹੇ ਭਰ 'ਚ ਛਾਪਾਮਾਰੀ ਕੀਤੀ ਜਾਵੇਗੀ। ਡਾ. ਪ੍ਰੀਤੀ ਯਾਦਵ ਨੇ ਪ੍ਰਾਜੈਕਟ ਜੀਵਨਜੋਤ 2.0 ਨੂੰ ਲਾਗੂ ਕਰਨ ਸਮੇਤ ਜ਼ਿਲ੍ਹੇ ਨੂੰ ਭੀਖ ਮੁਕਤ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਜ਼ਿਲ੍ਹੇ ਅੰਦਰ ਬੱਚਿਆਂ ਦੀ ਤਸਕਰੀ ਨੂੰ ਰੋਕਣ ਲਈ ਭੀਖ ਮੰਗਦੇ ਫੜੇ ਗਏ ਸ਼ੱਕੀ ਬੱਚਿਆਂ ਦੇ ਡੀ.ਐਨ.ਏ. ਟੈਸਟ ਕਰਵਾਉਣ ਸਮੇਤ ਬਾਲ ਮਜ਼ਦੂਰੀ ਰੋਕਣ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਵੱਖ-ਵੱਖ ਚੌਂਕਾਂ ਸਮੇਤ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਸਮੇਤ ਹੋਰ ਬਾਜ਼ਾਰਾਂ ਤੇ ਸੰਭਾਵਤ ਥਾਵਾਂ 'ਤੇ ਵਿਸ਼ੇਸ਼ ਚੈਕਿੰਗ ਕੀਤੀ ਜਾਵੇ ਅਤੇ ਬਾਲ ਭਿਖਿਆ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਨੂੰ ਬਾਲ ਭਿਖਿਆ ਤੋਂ ਮੁਕਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ, ਇਸ ਲਈ ਸਭ ਨੂੰ ਵੀ ਅਪੀਲ ਹੈ ਕਿ ਉਹ ਕਿਸੇ ਵੀ ਬੱਚੇ ਨੂੰ ਭੀਖ ਨਾ ਦੇਣ ਸਗੋਂ ਜੇਕਰ ਕਿਤੇ ਅਜਿਹੇ ਬੱਚੇ ਭੀਖ ਮੰਗਦੇ ਨਜ਼ਰ ਆਉਣ ਤਾਂ ਚਾਈਲਡ ਹੈਲਪ ਲਾਈਨ 1098 'ਤੇ ਸੂਚਨਾ ਦਿੱਤੀ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੱਚੇ ਤਸਕਰੀ ਦਾ ਸੌਖਾ ਨਿਸ਼ਾਨਾ ਹੁੰਦੇ ਹਨ, ਇਸ ਲਈ ਬਾਲ ਤਸਕਰੀ ਦੇ ਨੈਟਵਰਕ ਨੂੰ ਤੋੜਨ ਲਈ ਬਾਲ ਭਿਖਿਆ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਦੱਸਿਆ ਕਿ ਅਜਿਹਾ ਕਰਨਾ ਬਾਲ ਅਧਿਕਾਰਾਂ ਦੇ ਵੀ ਖ਼ਿਲਾਫ਼ ਹੈ, ਜਿਸ ਲਈ ਭੀਖ ਮੰਗਦੇ ਬੱਚਿਆਂ ਦੇ ਅਸਲ ਮਾਪਿਆਂ ਦੀ ਪਛਾਣ ਕਰਨ ਲਈ ਇਨ੍ਹਾਂ ਬੱਚਿਆਂ ਤੇ ਇਨ੍ਹਾਂ ਦੇ ਨਾਲ ਵਾਲੇ ਵਿਅਕਤੀ ਦਾ ਡੀ.ਐਨ.ਏ. ਟੈਸਟ ਲਈ ਏ.ਡੀ.ਸੀ. (ਜ) ਨੂੰ ਨੋਡਲ ਅਫ਼ਸਰ ਲਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ ਅਤੇ ਅਜਿਹੇ ਅਨਸਰਾਂ ਵਿਰੁੱਧ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਾ. ਪ੍ਰੀਤੀ ਯਾਦਵ ਨੇ ਅੱਗੇ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਦੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸੀ.ਡੀ.ਪੀ.ਓਜ ਤੇ ਬਾਲ ਸੁਰੱਖਿਆ ਅਫ਼ਸਰਾਂ 'ਤੇ ਅਧਾਰਤ ਟਾਸਕ ਫੋਰਸ ਵੱਲੋਂ ਇਨ੍ਹਾਂ ਬੱਚਿਆਂ ਨੂੰ ਬਚਾਅ ਕੇ ਬਾਲ ਭਲਾਈ ਕਮੇਟੀ ਦੇ ਸਨਮੁੱਖ ਪੇਸ਼ ਕਰਕੇ ਸਿਵਲ ਸਰਜਨ ਦਫ਼ਤਰ ਰਾਹੀਂ ਇਹ ਟੈਸਟ ਕਰਵਾਏ ਜਾਣਗੇ। ਜਦਕਿ ਬਚਾਏ ਗਏ ਇਨ੍ਹਾਂ ਬੱਚਿਆਂ ਨੂੰ ਬਾਲ ਘਰ ਤੇ ਐਸ.ਓ.ਐਸ. ਵਿਲੇਜ ਰਾਜਪੁਰਾ ਰੱਖਿਆ ਜਾਵੇਗਾ ਤੇ ਉਨ੍ਹਾਂ ਦੇ ਪੁਨਰ ਵਸੇਬੇ ਲਈ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਜ਼ਿਲ੍ਹੇ ਭਰ ਲਈ ਨੋਡਲ ਅਫ਼ਸਰ ਤਾਇਨਾਤ ਕੀਤੇ, ਇਨ੍ਹਾਂ ਵਿੱਚ ਏ.ਡੀ.ਸੀ ਇਸ਼ਾ ਸਿੰਗਲ ਤੇ ਨਵਰੀਤ ਕੌਰ ਸੇਖੋਂ, ਸਹਾਇਕ ਕਮਿਸ਼ਨਰ (ਜ) ਰਿਚਾ ਗੋਇਲ, ਪਟਿਆਲਾ ਦੇ ਐਸ.ਡੀ.ਐਮ ਮੇਜਰ ਹਰਜੋਤ ਕੌਰ ਸਮੇਤ ਬਾਕੀ ਐਸ.ਡੀ.ਐਮਜ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਚੀਮਾ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ, ਬਾਲ ਸੁਰੱਖਿਆ ਅਫ਼ਸਰ ਰੁਪਵੰਤ ਕੌਰ ਸ਼ਾਮਲ ਹਨ। ਮੀਟਿੰਗ ਮੌਕੇ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਤੇ ਸਹਾਇਕ ਸਿਵਲ ਸਰਜਨ ਡਾ. ਰਚਨਾ, ਸਹਾਇਕ ਲੇਬਰ ਕਮਿਸ਼ਨਰ ਜਸਵੀਰ ਸਿੰਘ ਖਰੌੜ, ਐਸ.ਐਸ.ਪੀ ਦਫ਼ਤਰ ਤੋਂ ਇੰਸਪੈਕਟਰ ਰਾਜਨਦੀਪ ਕੌਰ ਵੀ ਮੌਜੂਦ ਸਨ।

## ਲੈਂਡ ਪੂਲਿੰਗ ਪਾਲਿਸੀ ਪੰਜਾਬ 'ਚ ਕਦੇ ਵੀ ਲਾਗੂ ਨਹੀਂ ਹੋਣ ਦਿੱਤੀ ਜਾਵੇਗੀ : ਸ਼ਾਦੀਪੁਰ



ਦੇਵੀਗੜ੍ਹ, 21 ਜੁਲਾਈ (ਗੁਰਜੀਤ ਸਿੰਘ ਢੱਟ): ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੀ ਮੀਟਿੰਗ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਵਿਖੇ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਸ਼ੰਕਰਪੁਰ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਕੇਂਦਰ ਸਰਕਾਰ ਵੱਲੋਂ ਲਿਆਂਦੀ ਗਈ ਲੈਂਡ ਪੂਲਿੰਗ ਪਾਲਿਸੀ ਦੇ ਖਿਲਾਫ ਵਰਕਰਾਂ ਨੂੰ ਲਾਮਬੰਦ ਕੀਤਾ ਗਿਆ ਤੇ ਵਰਕਰਾਂ ਦੀਆਂ ਡਿਊਟੀਆਂ ਲਾਈਆਂ ਕਿ ਪਿੰਡ ਪਿੰਡ ਜਾ ਕੇ ਹਰ ਘਰ ਤੱਕ ਪਹੁੰਚ ਕਰਕੇ ਇਸ ਪੋਲਸੀ ਦੇ ਬਾਰੇ ਲੋਕਾਂ ਨੂੰ ਸਮਝਾਇਆ ਜਾਵੇ, ਕਿਉਂਕਿ ਪੰਜਾਬ ਸਰਕਾਰ ਆਪਣੇ ਪ੍ਰਚਾਰ ਰਾਹੀਂ ਲੋਕਾਂ ਨੂੰ ਗਲਤ ਤਰੀਕੇ ਨਾਲ ਗਾਈਡ ਕਰਕੇ ਇਸ ਲੈਂਡ ਪੂਲਿੰਗ ਪੋਲਸੀ ਦੇ ਬਾਰੇ 'ਚ ਸਹੀ ਠਹਿਰਾ ਰਹੀ ਹੈ ਕਿ ਕਿਸਾਨਾਂ ਦਾ ਬਹੁਤ ਵੱਡਾ ਫਾਇਦਾ ਹੋਊਗਾ, ਜਦੋਂਕਿ ਇਹ ਤਿੰਨ ਕਾਲੇ ਕਾਨੂੰਨ ਜੋ ਦਿੱਲੀ ਤੋਂ ਵਾਪਸ ਕਰਾਏ ਸੀ ਉਹਨਾਂ ਤੋਂ ਵੀ ਵੱਧ ਖਤਰਨਾਕ ਸਾਬਤ ਹੋਣਗੇ ਤੇ ਸ਼ਾਦੀਪੁਰ ਨੇ ਕਿਹਾ ਜਿਹੜੇ 18 ਤਰੀਕ ਨੂੰ ਚਾਰ ਮਤੇ ਸਰਬ ਪਾਰਟੀ ਮੀਟਿੰਗ ਦੇ ਵਿੱਚ ਪਾਸ ਕੀਤੇ ਸੀ। ਉਹ ਕੱਲੇ ਕੱਲੇ ਨੂੰ ਮੀਟਿੰਗ ਬਾਰੇ ਸਾਰੇ ਸਾਥੀਆਂ ਨੂੰ ਜਿਵੇਂ ਗਿਆ ਕਿ ਪਿੰਡਾਂ ਵਿੱਚ ਜਾ ਕੇ ਸਾਰੇ ਕਿਸਾਨਾਂ ਨੂੰ ਮਜ਼ਦੂਰਾਂ ਨੂੰ ਚਾਹੇ ਛੋਟੇ ਦੁਕਾਨਦਾਰ ਨੇ ਹਰ ਘਰ ਤੱਕ ਇਹ ਆਵਾਜ਼ ਪਹੁੰਚਾਈ ਜਾਵੇ ਕੀ ਜੇਕਰ ਲੈਂਡ ਪੂਲਿੰਗ ਪੋਲਿਸੀ ਇਨਬਿਨ ਲਾਗੂ ਹੁੰਦੀ ਹੈ ਇਹਦੇ ਨਾਲ ਸਾਰੇ ਵਰਗਾਂ ਦਾ ਹੀ ਬਹੁਤ ਵੱਡੇ ਪੱਧਰ ਤੇ ਨੁਕਸਾਨ ਹੋਊਗਾ ਅਤੇ ਯੂਨੀਅਨ ਵੱਲੋਂ ਜੋਰ ਦੇ ਕੇ ਗੱਲ ਕਹੀ ਗਈ ਲੈਂਡ ਪੂਲਿੰਗ ਪੋਲਿਸੀ ਬਿਲਕੁਲ ਵੀ ਲਾਗੂ ਨਹੀਂ ਹੋਣ ਦਿੱਤੀ ਜਾਏਗੀ ਜੇ ਮਜਬੀ ਕਰਨਾ ਪਵੇ, ਸਾਰੀਆਂ ਕਿਸਾਨ ਜਥੇਬੰਦੀਆਂ ਇੱਕ ਮੰਚ 'ਤੇ ਇਕੱਠੀਆਂ ਹੋਣ। ਇਸ ਮੌਕੇ ਤੇ ਹਰਬੰਸ ਸਿੰਘ ਦਦਹੇੜਾ, ਭੁਪਿੰਦਰ ਸਿੰਘ ਸ਼ੰਕਰਪੁਰ, ਹਾਕਮ ਸਿੰਘ, ਜਰਨੈਲ ਸਿੰਘ, ਭਗਵੰਤ ਸਿੰਘ, ਰਣਜੀਤ ਸਿੰਘ, ਕੁਲਵਿੰਦਰ ਸ਼ੰਕਰਪੁਰ, ਲੱਖਾ ਸਿੰਘ ਸੰਧੂ, ਸੰਸਾਰ ਸੰਧੂ, ਪਾਲਾ ਸਿੰਘ ਸਨੌਰ, ਜਸਪਾਲ ਸਿੰਘ, ਲਖਵਿੰਦਰ ਸਿੰਘ ਗੜੋਆ, ਗੁਰਬੀਰ ਅਸਰਪੁਰ, ਅੰਕਿਤ ਤੇ ਹੋਰ ਸੀਨੀਅਰ ਆਗੂ ਆਗੂ ਮੌਜੂਦ ਸਨ।

## ਸੈਂਕੜੇ ਸ਼ਰਧਾਲੂਆਂ ਦਾ ਜੱਥਾ ਮਾਤਾ ਸ੍ਰੀ ਨੈਣਾ ਦੇਵੀ ਲਈ ਰਵਾਨਾ



ਨਾਭਾ, 21 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ): ਸ੍ਰੀ ਦੁਰਗਾ ਸੇਵਾ ਮੰਡਲ (ਰਜਿ.) ਨਵੀਂ ਅਨਾਜ ਮੰਡੀ, ਨਾਭਾ ਵੱਲੋਂ ਪ੍ਰਧਾਨ ਕ੍ਰਿਸ਼ਨ ਕੁਮਾਰ ਮੰਗਲਾ ਕੁਕੀ ਅਗਵਾਈ ਹੇਠ ਸੈਂਕੜੇ ਸ਼ਰਧਾਲੂਆਂ ਦਾ ਜੱਥਾ ਨਾਭਾ ਤੋਂ ਮਾਤਾ ਸ਼੍ਰੀ ਨੈਣਾ ਦੇਵੀ ਜੀ (ਬਿਲਾਸਪੁਰ ਹਿਮਾਚਲ ਪ੍ਰਦੇਸ਼) ਲਈ 46ਵੀਂ ਪੈਦਲ ਯਾਤਰਾ ਚੌਂਕ ਦੇਵੀ ਮੰਦਿਰ, ਤੋਂ ਰਵਾਨਾ ਹੋਈ। ਇਸ ਮੌਕੇ ਹਲਕਾ ਨਾਭਾ ਤੋਂ 'ਆਪ' ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਝੰਡੀ ਦੇ ਕੇ ਸ਼ਰਧਾਲੂਆਂ ਦੇ ਜੱਥੇ ਨੂੰ ਰਵਾਨਾ ਕਰਦਿਆਂ ਕਿਹਾ ਕਿ ਜਿਹੜੇ ਸ਼ਰਧਾਲੂ ਸਾਵਣ ਦੇ ਮਹੀਨੇ ਵਿੱਚ ਮਾਤਾ ਸ਼੍ਰੀ ਨੈਣਾ ਦੇਵੀ ਜੀ ਲਈ ਪੈਦਲ ਜਾਂਦੇ ਹਨ, ਉਹ ਬੜੇ ਭਾਗਾਂ ਵਾਲੇ ਹੁੰਦੇ ਹਨ। ਉਹਨਾਂ 'ਤੇ ਮਾਤਾ ਰਾਣੀ ਜੀ ਕਿਰਪਾ ਹਮੇਸ਼ਾ ਰਹਿੰਦੀ ਹੈ। ਇਸ ਮੌਕੇ ਪ੍ਰਧਾਨ ਕਰਮਜੀਤ ਸਿੰਘ ਭੋਲੀ, ਹਰੀ ਕ੍ਰਿਸ਼ਨ ਸੇਠ, ਸੁਰਿੰਦਰ ਗੁਪਤਾ, ਸੁਰਿੰਦਰ ਸਿੰਗਲਾ, ਵਿਜ, ਰਵਨੀਸ਼ ਗੋਇਲ, ਅਸ਼ੋਕ ਬੱਬੀ, ਪ੍ਰਮੋਦ ਜਿੰਦਲ, ਤੇਜਿੰਦਰ ਖਹਿਰਾ, ਜਸਵੀਰ ਸਿੰਘ, ਸੰਦੀਪ ਗਰਗ, ਬੱਬੀ ਮੋਦਗਿਲ, ਸ਼ਸ਼ੀ ਜਿੰਦਲ, ਭੁਵੇਸ਼ ਬਾਂਸਲ, ਭੁਪਿੰਦਰ ਸਿੰਘ ਕਲਰਮਜਰੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਾਤਾ ਰਾਣੀ ਦੇ ਭਗਤ ਹਾਜ਼ਰ ਸਨ।

## ਝੂਲੇਲਾਲ ਪਾਰਕ 'ਚ 'ਤੀਆਂ ਤੀਜ ਦੀਆਂ' ਤਿਉਹਾਰ ਮਨਾਇਆ



ਪਟਿਆਲਾ, 21 ਜੁਲਾਈ (ਚ.ਨ.ਸ.): ਝੂਲੇਲਾਲ ਪਾਰਕ (ਗੁਰੂ ਨਾਨਕ ਨਗਰ) ਤ੍ਰਿਪੜੀ ਪਟਿਆਲਾ ਵਿਖੇ ਯੋਗਾ ਪਰਿਵਾਰ ਵੱਲੋਂ 'ਤੀਆਂ ਤੀਜ ਦੀਆਂ' ਦਾ ਸਭਿਆਚਾਰਕ ਤਿਉਹਾਰ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਤੇ ਯੋਗਾ ਇੰਸਟਰਕਟਰ ਗੁਰਦੀਪ ਕੌਰ ਖੱਟੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਭੁਪਿੰਦਰ ਕੌਰ ਨੇ ਮੁੱਖ ਮਹਿਮਾਨ ਅਤੇ ਤੀਜ ਮੈਂਬਰਾਂ ਦਾ ਨਿੱਘਾ ਸੁਆਗਤ ਕੀਤਾ। ਮੰਚ ਦਾ ਸੰਚਾਲਨ ਮੈਡਮ ਪੂਨਮ ਨੇ ਬੜੇ ਸੁੱਚਜੇ ਢੰਗ ਨਾਲ ਕੀਤਾ। ਪ੍ਰੋਗਰਾਮ ਦੇ ਆਰੰਭ ਵਿੱਚ 'ਮਿਸੀਜ਼ ਤੀਜ' ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਜੱਜ ਦੀ ਭੂਮਿਕਾ ਡਾ. ਭੁਪਿੰਦਰ ਕੌਰ, ਸ੍ਰੀਮਤੀ ਜਗਪ੍ਰੀਤ ਕੌਰ , ਸ੍ਰੀਮਤੀ ਓਮ ਪ੍ਰਭਾ ਅਤੇ ਸ੍ਰੀਮਤੀ ਆਰਤੀ ਨੇ ਨਿਭਾਈ। ਜਿਊਰੀ ਮੈਂਬਰਾਂ ਵਿੱਚ ਮਿਸ ਗੁਰਦੀਪ ਕੌਰ ਖੱਟੜਾ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਨੂਰਦੀਪ ਕੌਰ ਅਤੇ ਜਸਪਾਲ ਕੌਰ ਵੱਲੋ ਪੰਜਾਬੀ ਡਾਂਸ ਪੇਸ਼ ਕੀਤਾ ਗਿਆ, ਜਿਸਦਾ ਦਰਸ਼ਕਾ ਨੇ ਵਿਸ਼ੇਸ਼ ਤੌਰ 'ਤੇ ਆਨੰਦ ਮਾਣਿਆ। ਸਾਵਣ ਦੀ ਮਹੀਨੇ ਨੂੰ ਮੁੱਖ ਰੱਖ ਕੇ ਮਿਸ ਸਿਮਰਨ ਵੱਲੋਂ ਕਵਿਤਾ ਦਾ ਉਚਾਰਨ ਕੀਤਾ ਗਿਆ ਅਤੇ ਪੂਨਮ ਜੀ ਵੱਲੋਂ ਪੰਜਾਬੀ ਡਾਂਸ ਪੇਸ਼ ਕਰਕੇ ਦਰਸ਼ਕਾ ਨੂੰ ਕੀਲ ਲਿਆ। ਪ੍ਰੋਗਰਾਮ ਦੇ ਅੰਤ ਵਿੱਚ ਮੈਡਮ ਜਸਪਾਲ ਜੀ ਵਲੋਂ ਤਿਆਰ ਕੀਤਾ ਪੰਜਾਬ ਦਾ ਲੋਕ ਨਾਚ ਗਿੱਧਾ ਪੇਸ਼ ਕੀਤਾ ਗਿਆ ਜਿਸ ਵਿੱਚ ਸਾਰੇ ਹੀ ਤੀਜ਼ ਮੈਂਬਰ ਅਤੇ ਮੁੱਖ ਮਹਿਮਾਨ ਨੇ ਖੂਬ ਆਨੰਦ ਮਾਣਿਆ। ਪ੍ਰੋਗਰਾਮ ਦੇ ਅੰਤ ਵਿੱਚ ਜੱਜ ਸਾਹਿਬਾਨ ਵੱਲੋਂ 'ਮਿਸੀਜ਼ ਤੀਜ' ਮੁਕਾਬਲੇ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਗੁਰਦੀਪ ਕੌਰ ਖੱਟੜਾ ਨੇ ਸ੍ਰੀਮਤੀ ਸੁਖਜਿੰਦਰ ਕੌਰ ਅਤੇ ਸ੍ਰੀਮਤੀ ਆਰਤੀ ਦਾ ਵਿਸ਼ੇਸ਼ ਤੌਰ 'ਤੇ ਪਾਰਕ ਦੀ ਦੇਖ ਰੇਖ ਅਤੇ ਸਮੂਹਿਕ ਸਹਿਯੋਗ ਯੋਗਾ ਮੈਂਬਰਾਂ ਦਾ ਧੰਨਵਾਦ ਕੀਤਾ।

## ਚੰਦਰੇਸ਼ਵਰ ਸਿੰਘ ਮੋਹੀ ਨੇ ਪੈਦਲ ਮਾਤਾ ਨੈਣਾ ਦੇਵੀ ਦੀ ਯਾਤਰਾ 'ਚ ਹਾਜ਼ਰੀ ਲਗਵਾਈ



ਨਾਭਾ, 21 ਜੁਲਾਈ (ਬਲਜਿੰਦਰ ਮਾਨ): ਮਾਤਾ ਨੈਣਾ ਦੇਵੀ ਲਈ 21ਵਾਂ ਪੈਦਲ ਯਾਤਰਾ ਸਾਵਣ ਦੇ ਮਹੀਨੇ ਐਡਵੋਕੇਟ ਸੁਖਦੇਵ ਸਿੰਘ ਨੌਕਵਾਲ ਦੀ ਅਗਵਾਈ ਵਿੱਚ ਰਵਾਨਾ ਹੋਇਆ। ਯਾਤਰਾ ਵੱਲੋਂ, ਸਭ ਤੋਂ ਪਹਿਲਾਂ ਉਨ੍ਹਾਂ ਨੇ ਚੌਕ ਦੇਵੀ ਦਿਆਲਾ ਵਿਖੇ ਸਥਿਤ ਮਾਤਾ ਰਾਜਰਾਜੇਸ਼ਵਰੀ ਜੀ ਅਤੇ ਮਾਤਾ ਬਾਲਸੁੰਦਰੀ ਜੀ ਦੇ ਮੰਦਰ ਵਿੱਚ ਮੱਥਾ ਟੇਕਿਆ ਅਤੇ ਫਿਰ ਯਾਤਰਾ ਨੂੰ ਰਵਾਨਾ ਕੀਤਾ। ਇਸ ਮੌਕੇ ਸਾਬਕਾ ਐਸ.ਸੀ. ਕਮਿਸ਼ਨ ਚੇਅਰਮੈਨ ਚੰਦਰੇਸ਼ਵਰ ਸਿੰਘ ਮੋਹੀ ਕਾਂਗਰਸੀ ਆਗੂ ਨੇ ਯਾਤਰਾ ਵਿੱਚ ਪਹੁੰਚ ਕੇ ਮੱਥਾ ਟੇਕਿਆ ਤੇ ਮਾਤਾ ਜੀ ਦਾ ਆਸ਼ੀਰਵਾਦ ਲਿਆ। ਉਨ੍ਹਾਂ ਐਡਵੋਕੇਟ ਸੁਖਦੇਵ ਸਿੰਘ ਨੌਕਵਾਲ ਅਤੇ ਉਨ੍ਹਾਂ ਦੀ ਪੂਰੀ ਟੀਮ ਦੀ ਪਿਛਲੇ 21 ਸਾਲਾਂ ਤੋਂ ਇਸ ਯਾਤਰਾ ਨੂੰ ਨਿਰੰਤਰ ਚਲਾਉਣ ਲਈ ਪ੍ਰਸ਼ੰਸਾ ਵੀ ਕੀਤੀ। ਇਸ ਮੌਕੇ ਗੋਪਾਲ ਚੰਦ ਗਰਗ, ਸ਼ਿਵਮ ਗਰਗ, ਜਵਾਲਾ, ਹਰਸ਼ ਸ਼ਰਮਾ, ਪ੍ਰਭ ਧਾਲੀਵਾਲ, ਮਹਿੰਦਰ ਗਰਗ, ਮਨੋਜ ਬਾਤਿਸ਼, ਜਸਕਰਨ ਬਾਵਾ, ਪਾਸ਼ੀ ਨੌਕਵਾਲ, ਕਾਕੂ ਸ਼ਰਮਾ, ਸੰਜੀਵ ਮਿੱਤਲ, ਸ਼ਿਲਪਾ ਆਦਿ ਹਾਜ਼ਰ ਸਨ।

## ਡੀ. ਏ.ਵੀ. ਪਬਲਿਕ ਸਕੂਲ 'ਚ ਅਧਿਆਪਕ ਸਰੋਤ ਕੇਂਦਰ ਦਾ ਉਦਘਾਟਨ



ਪਟਿਆਲਾ, 21 ਜੁਲਾਈ (ਵਿਨੋਦ ਸ਼ਰਮਾ) : ਡੀਏਵੀ ਪਬਲਿਕ ਸਕੂਲ ਪਟਿਆਲਾ ਨੇ ਸਕੂਲ ਲਾਇਬ੍ਰੇਰੀ ਵਿੱਚ ਆਪਣੇ ਅਧਿਆਪਕ ਸਰੋਤ ਕੇਂਦਰ ਦਾ ਮਾਣ ਨਾਲ ਉਦਘਾਟਨ ਕੀਤਾ, ਜਿਸਦਾ ਉਦੇਸ਼ ਐਨ.ਈ.ਪੀ. ਲਈ ਸੀ.ਬੀ.ਐਸ.ਈ. ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਮਾਤੀ ਸਿੱਖਿਆ ਨੂੰ ਵਧਾਉਣ ਲਈ ਨਵੀਨਤਮ ਅਧਿਆਪਨ ਸਾਧਨਾਂ, ਸੰਦਰਭ ਸਮੱਗਰੀ ਅਤੇ ਡਿਜੀਟਲ ਸਰੋਤਾਂ ਨਾਲ ਅਧਿਆਪਕਾਂ ਨੂੰ ਸਸ਼ਕਤ ਬਣਾਉਣਾ ਹੈ। ਉਦਘਾਟਨ ਸਮਾਰੋਹ ਪ੍ਰਿੰਸੀਪਲ ਵਿਵੇਕ ਤਿਵਾਰੀ ਦੁਆਰਾ ਆਯੋਜਿਤ ਕੀਤਾ ਗਿਆ ਸੀ ਜਿਨ੍ਹਾਂ ਨੇ ਅਧਿਆਪਕਾਂ ਲਈ ਨਿਰੰਤਰ ਪੇਸ਼ੇਵਰ ਵਿਕਾਸ ਪ੍ਰਤੀ ਸਕੂਲ ਦੇ ਅਗਾਂਹਵਧੂ ਸੋਚ ਵਾਲੇ ਦ੍ਰਿਸ਼ਟੀਕੋਣ ਦੀ ਸ਼ਲਾਘਾ ਕੀਤੀ। ਅਧਿਆਪਕ ਸਰੋਤ ਕੇਂਦਰ ਸਹਿਯੋਗੀ ਜਗ੍ਹਾ ਵਜੋਂ ਤਿਆਰ ਕੀਤਾ ਗਿਆ ਹੈ ਜਿੱਥੇ ਅਧਿਆਪਕ ਪਾਠਾਂ ਦੀ ਯੋਜਨਾ ਬਣਾ ਸਕਦੇ ਹਨ, ਖੋਜ ਕਰ ਸਕਦੇ ਹਨ ਅਤੇ ਸਹਿਪਾਠੀ ਸਿੱਖਣ ਵਿੱਚ ਸ਼ਾਮਲ ਹੋ ਸਕਦੇ ਹਨ। ਇਸ ਮੌਕੇ 'ਤੇ ਬੋਲਦੇ ਹੋਏ, ਪ੍ਰਿੰਸੀਪਲ ਵਿਵੇਕ ਤਿਵਾਰੀ ਕਿਹਾ ਕਿ ਇਹ ਕੇਂਦਰ ਅਧਿਆਪਨ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਕਦਮ ਹੈ। ਆਧੁਨਿਕ ਅਧਿਆਪਨ ਸਹਾਇਤਾ, ਵਿਸ਼ਾ-ਵਿਸ਼ੇਸ਼ ਸੰਦਰਭ ਕਿਤਾਬਾਂ, ਡਿਜੀਟਲ ਸਮੱਗਰੀ, ਇੰਟਰਐਕਟਿਵ ਸਮੱਗਰੀ ਅਤੇ ਇੰਟਰਨੈਟ-ਸਮਰਥਿਤ ਪ੍ਰਣਾਲੀਆਂ ਨਾਲ ਲੈਸ ਹੈ, ਜੋ ਨਵੀਨਤਾਕਾਰੀ ਅਧਿਆਪਨ ਅਭਿਆਸਾਂ ਦਾ ਸਮਰਥਨ ਕਰਦਾ ਹੈ। ਇਹ ਡੀ ਏ ਵੀ., ਸੀ.ਐਮ ਸੀ ਅਤੇ ਸਕੂਲ ਅਧਿਕਾਰੀਆਂ ਦੁਆਰਾ ਇੱਕ ਚੰਗੀ ਪਹਿਲਕਦਮੀ ਹੈ। ਇਸਨੂੰ ਇੱਕ ਇੱਕ ਚੰਗੀ ਤਰ੍ਹਾਂ ਲੈਸ ਅਤੇ ਸਾਧਨ ਭਰਪੂਰ ਅਧਿਆਪਕ ਸੱਚਮੁੱਚ ਵਿਦਿਆਰਥੀਆਂ ਲਈ ਸਿੱਖਣ ਦੇ ਅਨੁਭਵ ਨੂੰ ਬਦਲ ਸਕਦਾ ਹੈ। ਸਕੂਲ ਇਸ ਕੇਂਦਰ ਨੂੰ ਨਿਯਮਤ ਵਰਕਸ਼ਾਪਾਂ, ਸਿਖਲਾਈ ਸੈਸ਼ਨਾਂ ਅਤੇ ਗਿਆਨ-ਸਾਂਝਾਕਰਨ ਗਤੀਵਿਧੀਆਂ ਲਈ ਇੱਕ ਪਲੇਟਫਾਰਮ ਵਜੋਂ ਵਰਤਣ ਦੀ ਉਮੀਦ ਕਰਦਾ ਹੈ।

## ਮੇਜਰ ਹਰਜੋਤ ਕੌਰ ਨੇ ਪਟਿਆਲਾ ਦੇ ਐਸ.ਡੀ.ਐਮ. ਦਾ ਅਹੁਦਾ ਸੰਭਾਲਿਆ



ਪਟਿਆਲਾ, 21 ਜੁਲਾਈ (ਰੁਪਾਣਾ/ਵਿਨੋਦ ਸ਼ਰਮਾ): 2022 ਬੈਚ ਦੇ ਪੀ.ਸੀ.ਐਸ. ਅਧਿਕਾਰੀ ਮੇਜਰ ਹਰਜੋਤ ਕੌਰ ਨੇ ਪਟਿਆਲਾ ਦੇ ਐਸ.ਡੀ.ਐਮ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। 10 ਸਾਲ ਭਾਰਤੀ ਫ਼ੌਜ ਵਿੱਚ ਦੇਸ਼ ਭਰ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਮੇਜਰ ਹਰਜੋਤ ਕੌਰ ਦੀਆਂ ਤਿੰਨ ਪੀੜ੍ਹੀਆਂ ਨੇ ਭਾਰਤੀ ਫ਼ੌਜ ਵਿੱਚ ਦੇਸ਼ ਦੀਆਂ ਸਰਹੱਦਾਂ 'ਤੇ ਸੇਵਾ ਕੀਤੀ ਹੈ। ਮੇਜਰ (ਸੇਵਾ ਮੁਕਤ) ਹਰਜੋਤ ਕੌਰ ਨੇ ਆਪਣਾ ਅਹੁਦਾ ਸੰਭਾਲਣ ਉਪਰੰਤ ਆਖਿਆ ਕਿ ਉਹ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਪਟਿਆਲਾ ਦੇ ਵਸਨੀਕਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੀਆਂ ਸਰਕਾਰੀ ਸੇਵਾਵਾਂ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪਹਿਲ ਦੇ ਅਧਾਰ 'ਤੇ ਮੁਹੱਈਆ ਕਰਵਾਉਣਾ ਯਕੀਨੀ ਬਣਾਉਣਗੇ। ਮੇਜਰ ਹਰਜੋਤ ਕੌਰ ਨੇ ਕਿਹਾ ਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਸਮੇਂ ਕੋਈ ਸੱਮਸਿਆ ਨਾ ਆਉਣ ਦੇਣਾ ਵੀ ਉਨ੍ਹਾਂ ਦੀ ਤਰਜ਼ੀਹ ਹੋਵੇਗੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਜਿਸ ਤਰ੍ਹਾਂ ਸੌਖੀ ਰਜਿਸਟਰੀ ਤੇ ਸਰਕਾਰੀ ਸੇਵਾਵਾਂ ਲੋਕਾਂ ਦੇ ਘਰਾਂ ਵਿਖੇ ਹੀ ਪ੍ਰਦਾਨ ਕਰਨ ਦੀ ਪਹਿਲਕਦਮੀ ਕੀਤੀ ਗਈ ਹੈ, ਇਹ ਸੇਵਾਵਾਂ ਸੁਖਾਲੇ ਢੰਗ ਨਾਲ ਲੋਕਾਂ ਨੂੰ ਪ੍ਰਦਾਨ ਕਰਵਾਉਣਾ ਵੀ ਉਨ੍ਹਾਂ ਦੀ ਤਰਜੀਹਾਂ 'ਚ ਸ਼ਾਮਲ ਹੈ।

## ਉਪ-ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਕੀਤੀ ਮੁਲਾਕਾਤ



ਘਨੌਰ, 21 ਜੁਲਾਈ (ਮਦਨ ਲਾਲ) : ਪੰਜਾਬ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਦੇ ਪ੍ਰਧਾਨ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਵੱਲੋਂ ਬੀਤੇ ਦਿਨੀਂ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਨਾਲ ਮੁਲਾਕਾਤ ਕੀਤੀ। ਇਸ ਮੌਕੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਹੋਇਆਂ ਉੱਪ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਕਿਹਾ ਉਹਨਾਂ ਦੀ ਟੀਮ ਵੱਲੋਂ ਅੱਜ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਨਾਲ ਮੁਲਾਕਾਤ ਦੌਰਾਨ ਹਲਕਾ ਘਨੌਰ ਦੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਉਹਨਾਂ ਕਿਹਾ ਕਿ ਸੂਬੇ ਦੇ ਵਿੱਚ ਆਮ ਆਦਮੀ ਪਾਰਟੀ ਦੇ ਵੱਲੋਂ ਜੋ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚ, ਘਰ ਘਰ ਰੁਜ਼ਗਾਰ ਤਹਿਤ 54 ਹਜ਼ਾਰ ਤੋਂ ਵੱਧ ਨੌਕਰੀਆਂ, ਕਿਸਾਨ ਭਰਾਵਾਂ ਲਈ ਖੇਤਾਂ ਤੱਕ ਪਾਣੀ ਪਹੁੰਚਾਣਾ, ਖੇਤਾਂ ਦੇ ਲਈ ਮੁਫਤ ਬਿਜਲੀ, ਹਰ ਪਰਿਵਾਰ ਨੂੰ 600 ਯੂਨਿਟ ਮੁਫਤ ਬਿਜਲੀ, ਮਹਿਲਾਵਾਂ ਲਈ ਮੁਫਤ ਬੱਸ ਸਫਰ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਵੀਆਂ ਐਂਬੂਲੈਂਸ, ਹਸਪਤਾਲ ਅਪਗ੍ਰੇਡ, ਐਸਐਸਐਫ ਪੁਲਿਸ ਦਾ ਗਠਨ ਕਰਨਾ ਸਮੇਤ ਵੱਖ-ਵੱਖ ਲੋਕ ਭਲਾਈ ਦੀਆਂ ਸਕੀਮਾਂ ਸੂਬਾ ਸਰਕਾਰ ਦੇ ਵੱਲੋਂ ਚਲਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਦੇ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸੂਬਾ ਸਰਕਾਰ ਦੇ ਵੱਲੋਂ ਪੰਜਾਬ ਨੂੰ ਨੰਬਰ ਵਨ ਬਣਾਉਣ ਦੇ ਲਈ ਇੰਟਸਟਰੀਅਲ ਪਾਰਕ ਜਿਨ੍ਹਾਂ ਵਿੱਚ ਅੰਤਰਰਾਸ਼ਟਰੀ ਪੱਧਰ ਦੀਆਂ ਇੰਡਸਟਰੀ ਪੰਜਾਬ ਦੇ ਵਿੱਚ ਆਵੇਗੀ, ਜਿਸ ਨਾਲ ਪੰਜਾਬ ਦੇ ਵਿੱਚ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਹੋਣਗੇ। ਇਸ ਮੌਕੇ ਉਹਨਾਂ ਨਾਲ ਜਿਲਾ ਬੁੱਧੀਜੀਵੀ ਵਿੰਗ ਦੇ ਜੂਆਇਟ ਸਕੱਤਰ ਅਮਰ ਸਿੰਘ ਸੈਣੀ, ਗੁਲਜ਼ਾਰ ਸਿੰਘ ਬਲਾਕ ਪ੍ਰਧਾਨ ਘਨੌਰ, ਗੁਰਮੇਲ ਸਿੰਘ ਹਰਪਾਲਪੁਰ, ਜੱਗੀ ਭੰਗੂ ਹਰਪਾਲਪੁਰ ਆਦਿ ਹਾਜ਼ਰ ਸਨ।

## ਤੀਆਂ ਦਾ ਤਿਉਹਾਰ ਮਨਾਇਆ, ਅਧਿਆਪਕਾਂ ਤੇ ਐਨ.ਸੀ.ਸੀ. ਕੈਡਰਾਂ ਦਾ ਸਨਮਾਨ




ਪਟਿਆਲਾ, 21 ਜੁਲਾਈ (ਚ.ਨ.ਸ.): ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ ਹਮੇਸ਼ਾਂ ਹੀ ਚੰਗੇ ਕਾਰਜਾਂ ਨੂੰ ਤਰਜੀਹ ਦਿੰਦੇ ਹੈ। ਸਾਵਣ ਦੇ ਮਹੀਨੇ ਵਿੱਚ ਤੀਆਂ ਦਾ ਤਿਉਹਾਰ ਮਨਾਇਆ ਜਾਂਦਾ ਹੈ ਜੋ ਵਿਵਾਹ ਤੋਂ ਬਾਅਦ ਲੜਕੀਆਂ ਧੂਮ-ਧਾਮ ਨਾਲ ਮਨਾਉਂਦੀ ਹੈ। ਬਰਸਾਤਾਂ ਦੀ ਮਸਤੀ ਵੀ ਹੁੰਦੀ ਹੈ। ਅੱਜ ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ ਵੱਲੋਂ ਅਗਰਵਾਲ ਚੇਤਨਾ ਸਭਾ ਅਤੇ ਸਟੇਟ ਕਾਲਜ ਆਫ ਐਜੂਕੇਸ਼ਨ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਅਧਿਆਪਕਾਂ ਅਤੇ ਐਨ.ਸੀ.ਸੀ. ਦੇ ਕੈਡਰਾ ਦਾ ਸਨਮਾਨ ਕੀਤਾ ਗਿਆ। ਵਿਸ਼ੇਸ਼ ਤੌਰ 'ਤੇ ਮੁਲਤਾਨੀ ਮਲ ਮੋਦੀ ਕਾਲਜ ਦੇ ਪ੍ਰਿੰਸੀਪਲ ਨੀਰਜ ਗੋਇਲ ਅਤੇ 20 ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਇਸ ਤਰ੍ਹਾਂ 20 ਐਨ.ਸੀ.ਸੀ. ਦੇ ਬੱਚਿਆਂ ਦਾ ਸਨਮਾਨ ਕਰਨਾ ਸ਼ਲਾਘਾਯੋਗ ਕਦਮ ਹੈ। ਇਹ ਵਿਚਾਰ ਸ੍ਰ. ਮਨਜੀਤ ਸਿੰਘ ਨਾਰੰਗ ਆਈ.ਏ. ਐਸ. ਰਿਟਾਇਰਡ ਨੇ ਇਨਾਮ ਵੰਡਦੇ ਹੋਏ ਕਹੇ। ਉਹਨਾਂ ਨੇ ਪ੍ਰਧਾਨ ਵਿਜੈ ਕੁਮਾਰ ਗੋਇਲ ਅਤੇ ਉਹਨਾਂ ਦੇ ਮੈਂਬਰਾਂ ਦੀ ਚੰਗੇ ਕਾਰਜਾਂ ਲਈ ਪ੍ਰਸ਼ੰਸਾ ਕੀਤੀ। ਇਸ ਅਵਸਰ 'ਤੇ ਉਜਾਗਰ ਸਿੰਘ ਸਾਬਕਾ ਡੀ.ਪੀ.ਆਰ.ਓ. ਪੈਟਰਨ ਸੁਸਾਇਟੀ, ਡਾ. ਜੈਕਿਸ਼ਨ, ਡਾ. ਪਰਮਿੰਦਰ ਸਿੰਘ ਸਾਬਕਾ ਪ੍ਰਿੰਸੀਪਲ ਅਤੇ ਡਾ. ਪ੍ਰਸ਼ੋਤਮ ਗੋਇਲ ਨੇ ਆਪਣੇ—ਆਪਣੇ ਵਿਚਾਰ ਰੱਖੇ। ਸ੍ਰੀ ਵਿਜੇਂਦਰ ਠਾਕੁਰ ਅਤੇ ਸਾਗਰ ਸੂਦ ਨੇ ਆਪਣੀ ਰਚਨਾਵਾਂ ਨਾਲ ਸਭ ਦਾ ਮਨ ਮੋਹ ਲਿਆ। ਜਨਮਦਿਨ ਅਤੇ ਸਾਲਗਿਰਾਹ ਵੀ ਮਨਾਏ ਗਏ। ਤੀਆਂ ਮਨਾਉਂਦੇ ਹੋਏ ਖੀਰ -ਪੂੜੇ ਅਤੇ ਪਕੌੜੇ ਦਾ ਆਨੰਦ ਮਾਣਿਆ ਗਿਆ। ਅਜੀਤ ਸਿੰਘ ਭੱਟੀ ਵਾਇਸ ਪ੍ਰਧਾਨ ਅਸ਼ੋਕ ਗਰਗ ਵਾਇਸ ਪ੍ਰਧਾਨ, ਸੁਰਿੰਦਰ ਕੁਮਾਰ ਗੁਪਤਾ, ਐਸ.ਕੇ. ਖੋਸਲਾ ਰਿਟਾਇਰਡ ਪ੍ਰਿੰਸੀਪਲ, ਰਾਜਿੰਦਰ ਅਗਰਵਾਲ, ਸੁਸ਼ੀਲ ਕੁਮਾਰ, ਪ੍ਰੋ. ਸੰਦੀਪ ਗਰਗ, ਰੁਪਿੰਦਰ ਸਿੰਘ, ਪ੍ਰੋ. ਸੰਦੀਪ ਜਿੰਦਲ ਲਾਇਬ੍ਰੇਰੀਅਨ, ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਗਿਆਨਦੀਪ ਮੰਚ ਵੱਲੋਂ ਕਵੀ ਦਰਬਾਰ




ਪਟਿਆਲਾ, 21 ਜੁਲਾਈ (ਚ.ਨ.ਸ.) : ਗਿਆਨਦੀਪ ਸਾਹਿਤ ਸਾਧਨਾ ਮੰਚ (ਰਜਿ.) ਪਟਿਆਲਾ ਵੱਲੋਂ ਭਾਸ਼ਾ ਵਿਭਾਗ ਦੇ ਸੈਮੀਨਾਰ ਹਾਲ ਵਿੱਚ ਇੱਕ ਸਾਹਿਤਕ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਮੰਚ ਦੇ ਪ੍ਰਧਾਨ ਡਾ ਜੀ ਐੱਸ ਆਨੰਦ ਨੇ ਕੀਤੀ ਅਤੇ ਮੁੱਖ ਮਹਿਮਾਨ ਵਜੋਂ ਡਾ ਗੁਰਸੇਵਕ ਲੰਬੀ ਐਸੋ. ਪ੍ਰੋਫ਼ੈ. ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸ਼ਿਰਕਤ ਕੀਤੀ। ਉਹਨਾਂ ਦੇ ਨਾਲ ਪ੍ਰਧਾਨਗੀ ਮੰਡਲ ਵਿੱਚ ਸੁਖਮਿੰਦਰ ਸੇਖੋਂ, ਲਾਲ ਮਿਸਤਰੀ, ਕੁਲਵੰਤ ਸਿੰਘ ਨਾਰੀਕੇ, ਡਾ ਸੰਤੋਖ ਸੁੱਖੀ ਅਤੇ ਰਾਜਬੀਰ ਸਿੰਘ ਮੱਲ੍ਹੀ ਵੀ ਸ਼ਾਮਲ ਹੋਏ। ਸਮਾਗਮ ਸੰਬੰਧੀ ਬੋਲਦਿਆਂ ਡਾ ਗੁਰਸੇਵਕ ਲੰਬੀ ਨੇ ਕਿਹਾ ਕਿ ਜੇਕਰ ਕਵੀ ਨੇ ਸ਼ਬਦ ਦੀ ਧੁਨੀ ਨੂੰ ਸਮਝਣਾ ਹੈ ਤਾਂ ਉਸ ਨੂੰ ਸਿਰਜਣਾ ਦੇ ਨਾਲ ਨਾਲ ਗੰਭੀਰ ਪਾਠਕ ਵੀ ਬਣਨਾ ਪਵੇਗਾ। ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ.ਜੀ ਐਸ ਆਨੰਦ ਦਾ ਕਹਿਣਾ ਸੀ ਕਿ ਅੱਜ ਦੇ ਮਨੁੱਖ ਨੂੰ ਮਾਨਵਤਾ ਦੇ ਭਲੇ ਲਈ ਜੰਗਾਂ ਦੀ ਤਬਾਹੀ ਵਾਲੀ ਮਾਨਸਿਕਤਾ ਵਿੱਚੋਂ ਬਾਹਰ ਨਿਕਲਣਾ ਪਵੇਗਾ। ਸਮਾਗਮ ਦਾ ਮੰਚ ਸੰਚਾਲਨ ਕਰਦਿਆਂ ਬਲਬੀਰ ਜਲਾਲਾਬਾਦੀ ਨੇ ਕਵੀਆਂ ਨੂੰ ਕਵਿਤਾ ਪਾਠ ਦਾ ਸੱਦਾ ਦਿੱਤਾ। ਸਮਕਾਲੀ ਅਦਬ ਦੇ ਨਾਮਵਰ ਕਵੀਆਂ ਵਿੱਚੋਂ ਪਰਵਿੰਦਰ ਸ਼ੋਖ਼ ਗੁਰਚਰਨ ਪੱਬਾਰਾਲੀ, ਕੁਲਵੰਤ ਸੈਦੋਕੇ, ਬਚਨ ਸਿੰਘ ਗੁਰਮ, ਗੁਰਚਰਨ ਸਿੰਘ ਚੰਨ ਪਟਿਆਲਵੀ, ਤਰਲੋਚਨ ਮੀਰ, ਗੁਰਦਰਸ਼ਨ ਸਿੰਘ ਗੁਸੀਲ, ਡਾ ਗੁਰਵਿੰਦਰ ਅਮਨ, ਅਵਤਾਰਜੀਤ ਅਟਵਾਲ, ਦਰਸ਼ਨ ਸਿੰਘ ਦਰਸ਼ ਪਸਿਆਣਾ, ਨਵਦੀਪ ਮੁੰਡੀ, ਵਿਜੈ ਕੁਮਾਰ, ਕੁਲਦੀਪ ਕੌਰ ਧੰਜੂ, ਸਤਨਾਮ ਕੌਰ ਚੌਹਾਨ, ਜਸਵਿੰਦਰ ਕੌਰ, ਸੁਖਵਿੰਦਰ ਚਹਿਲ, ਸੁਖਵਿੰਦਰ ਕਾਫ਼ਰ, ਤ੍ਰਿਲੋਕ ਢਿੱਲੋਂ, ਕੁਲਵਿੰਦਰ ਬਹਾਦਰਗੜ੍ਹ, ਬਲਬੀਰ ਸਿੰਘ ਦਿਲਦਾਰ, ਕਿਰਪਾਲ ਮੂਣਕ, ਇੰਜ ਸਤਨਾਮ ਸਿੰਘ ਮੱਟੂ, ਬਲਵੰਤ ਬੱਲੀ, ਜੱਗਾ ਰੰਗੂਵਾਲ, ਸਰੂਪ ਸਿੰਘ ਚੌਧਰੀ ਮਾਜਰਾ, ਕੁਲਦੀਪ ਜੋਧਪੁਰੀ, ਹਰੀ ਸਿੰਘ ਚਮਕ, ਇੰਦਰ ਪਾਲ ਸਿੰਘ, ਕ੍ਰਿਸ਼ਨ ਧਿਮਾਨ, ਇੰਜ ਗੁਰਮੇਲ ਸਿੰਘ, ਜੋਗਾ ਸਿੰਘ ਧਨੌਲਾ, ਹਰੀਸ਼ ਪਟਿਆਲਵੀ, ਮਨਮੋਹਣ ਸਿੰਘ ਨਾਭਾ, ਰਘਬੀਰ ਮਹਿਮੀ, ਧੰਨਾ ਸਿੰਘ ਖਰੌੜ, ਜੋਗਾ ਸਿੰਘ , ਗੁਰਮੁਖ ਸਿੰਘ ਜਾਗੀ, ਤੋਂ ਇਲਾਵਾ ਰਾਜੇਸ਼ਵਰ ਕੁਮਾਰ, ਹਰਦੀਪ ਸਿੰਘ, ਚਰਨਜੀਤ ਕੌਰ, ਚਮਕੌਰ ਸਿੰਘ, ਅਮਰਜੀਤ ਸਿੰਘ, ਚਰਨ ਸਿੰਘ, ਤੇ ਮੁਕੇਸ਼ ਨੇ ਵੀ ਹਾਜ਼ਰ ਭਰੀਆਂ। ਫੋਟੋਗ੍ਰਾਫੀ ਦੇ ਫਰਜ਼ ਗੁਰਪ੍ਰੀਤ ਜਖਵਾਲੀ ਵੱਲੋਂ ਬਾਖੂਬੀ ਨਿਭਾਏ ਗਏ।

## ਤਿੰਨ ਦਿਨਾਂ ਸਾਧਨਾ ਕੈਂਪ ਲਗਾਇਆ



ਪਟਿਆਲਾ, 21 ਜੁਲਾਈ (ਚ.ਨ.ਸ.) : ਆਨੰਦ ਮਾਰਗ ਪ੍ਰਚਾਰਕ ਸੰਘ ਦੀ ਪਟਿਆਲਾ ਸ਼ਾਖਾ ਨੇ ਆਨੰਦ ਮਾਰਗ ਕੰਪਲੈਕਸ, ਗੁਰਬਖਸ਼ ਕਲੋਨੀ ਮਾਤਾ ਸ੍ਰੀ ਵੈਸ਼ਨੋ ਦੇਵੀ ਮੰਦਰ ਦੇ ਸਾਹਮਣੇ ਪਟਿਆਲਾ ਵਿਖੇ ਤਿੰਨ ਦਿਨਾਂ ਸਾਧਨਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ, ਸਮੂਹ ਧਿਆਨ, ਯੋਗ ਅਭਿਆਸ, ਪ੍ਰਵਚਨ, ਕੀਰਤਨ, ਸੇਵਾ ਕਾਰਜ ਅਤੇ ਨੌਜਵਾਨਾਂ ਲਈ ਪ੍ਰੇਰਣਾਦਾਇਕ ਸੰਵਾਦ ਆਯੋਜਿਤ ਕੀਤੇ ਜਾਣਗੇ। ਇਸ ਸੈਮੀਨਾਰ ਵਿੱਚ ਸੰਸਥਾ ਦੇ ਸੀਨੀਅਰ ਆਚਾਰੀਆ ਵਦਾਨੰਦ ਅਵਧੂਤ, ਆਚਾਰੀਆ ਸ਼ੁਭਮਿੱਤਰਾਨੰਦ ਅਵਧੂਤ, ਆਚਾਰੀਆ ਤੀਰਥਵੇਦਾਨੰਦ ਅਵਧੂਤ, ਅਵਧੂਤਿਕਾ ਆਨੰਦਵਿਸੁਧਾ ਆਚਾਰੀਆ ਅਵਧੂਤਿਕਾ ਆਨੰਦ ਕੀਰਤੀ ਲੇਖਾ ਆਚਾਰੀਆ, ਆਚਾਰੀਆ ਦੇਵ ਨਿਤਰਾਨੰਦ ਅਵਧੂਤ ਅਤੇ ਪੰਜਾਬ ਦੇ ਸਾਧਕ ਹਿੱਸਾ ਲੈ ਰਹੇ ਹਨ। ਸੰਸਥਾ ਦੇ ਸੀਨੀਅਰ ਅਵਧੂਤ ਅਤੇ ਅਵਧੂਤਿਕਾ ਅਤੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਦੇ 200 ਤੋਂ ਵੱਧ ਸਾਧਕਾਂ ਨੇ ਇਸ ਸੈਮੀਨਾਰ ਵਿੱਚ ਹਿੱਸਾ ਲਿਆ। ਇਸ ਪ੍ਰੋਗਰਾਮ ਨੂੰ ਸਫਲਤਾਪੂਰਵਕ ਹੋਣ ਤੇ ਐਨ.ਕੇ.ਜੌਲੀ, ਡਾ. ਸੁਰਜੀਤ ਵਰਮਾ, ਰਵਿੰਦਰ ਠਾਕੁਰ, ਜੈ ਚੰਦ ਸੈਣੀ, ਚੰਚਲ, ਧਰਮਵੀਰ ਸ਼ਰਮਾ, ਰਜਨੀਸ਼ ਵਰਮਾ ਪ੍ਰਧਾਨ ਵਲੋਂ ਆਏ ਸਾਰੇ ਲੋਕਾਂ ਦਾ ਧੰਨਵਾਦ ਕੀਤਾ।

## ਬੁੱਢਾ ਦਲ ਸਕੂਲ ਵਿਖੇ ਫਾਇਰ ਤੇ ਸਾਈਬਰ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ

ਪਟਿਆਲਾ, 21 ਜੁਲਾਈ (ਚ.ਨ.ਸ.): ਆਪਣੇ ਵਿਦਿਆਰਥੀਆਂ ਸਟਾਫ ਮੈਂਬਰਾਂ ਦੀ ਸੁਰੱਖਿਆ, ਸਿਹਤ, ਤੰਦਰੁਸਤੀ ਅਤੇ ਐਮਰਜੈਂਸੀ ਦੌਰਾਨ ਬਚਾਉ ਮਦਦ ਦਾ ਗਿਆਨ, ਹਰ ਸਾਲ ਦੇਣ ਵਾਲੇ ਬੁੱਢਾ ਦਲ ਪਬਲਿਕ ਸਕੂਲ ਪਟਿਆਲਾ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਦਰਜਾ ਚਾਰ ਮੁਲਾਜ਼ਮਾਂ ਨੂੰ ਘਰਾਂ, ਗੱਡੀਆਂ, ਮੱਹਲਿਆ ਵਿਖੇ ਗੈਸਾਂ ਲੀਕ ਹੋਣ, ਬਿਜਲੀ ਸ਼ਾਟ ਸਰਕਟ, ਪੈਟਰੋਲੀਅਮ ਪਦਾਰਥਾਂ ਨੂੰ ਅੱਗਾਂ ਲਗਣ ਤੋਂ ਬਚਾਉਣ ਲਈ ਵਿਸ਼ੇਸ਼ ਪ੍ਰੋਗਰਾਮ ਪ੍ਰਿੰਸੀਪਲ ਹਰਪ੍ਰੀਤ ਕੌਰ ਦੀ ਅਗਵਾਈ ਹੇਠ ਕਰਵਾਏ। ਪ੍ਰਿੰਸੀਪਲ ਨੇ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਵਲੋਂ ਸਮੇਂ ਸਮੇਂ ਸਕੂਲ ਵਿਖੇ ਆਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਭਾਰਤ ਸਰਕਾਰ ਦੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਅੱਗਾਂ ਲਗਣ ਦਾ ਮੁੱਖ ਕਾਰਨ ਅਣਗਹਿਲੀ, ਲਾਪਰਵਾਹੀ, ਟ੍ਰੇਨਿੰਗ ਦੀ ਕਮੀਂ ਕਾਹਲੀ ਤੇਜ਼ੀ ਦਸਿਆ। ਉਨ੍ਹਾਂ ਨੇ ਅੱਗਾਂ ਦੀ ਪੰਜ ਕਿਸਮਾਂ ਅਤੇ ਅੱਗਾਂ ਬਝਾਉਣ ਲਈ ਪਾਣੀ, ਗਮਲਿਆਂ ਦੀ ਮਿੱਟੀ, ਸਟਾਰਬੇਸਨ ਅਤੇ ਸਿਲੰਡਰਾਂ ਦੀ ਠੀਕ ਵਰਤੋਂ ਬਾਰੇ ਟ੍ਰੇਨਿੰਗ ਦਿੱਤੀ। ਪ੍ਰੋਗਰਾਮ ਕੋਆਰਡੀਨੇਟਰ ਸੰਦੀਪ ਸਿੰਘ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਮੈਡਮ ਅਤੇ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਆਪਣੇ ਘਰ ਪਰਿਵਾਰਾਂ, ਮਹੱਲਿਆ, ਕਾਲੋਨੀਆਂ ਦੀ ਸੁਰੱਖਿਆ ਅਤੇ ਮੋਬਾਈਲ ਦੀ ਠੀਕ ਵਰਤੋਂ ਬਾਰੇ ਭਰਪੂਰ ਜਾਣਕਾਰੀ ਮਿਲੀ ਹੈ। ਸਕੂਲ ਵਲੋਂ ਆਏ ਵਿਸ਼ਾ ਮਾਹਿਰਾਂ ਨੂੰ ਫੁੱਲਦਾਰ ਪੌਦੇ ਦੇ ਗਮਲੇ ਦੇਕੇ ਸਨਮਾਨਿਤ ਕੀਤਾ ਗਿਆ।



# ਪਟਿਆਲਾ-ਆਸ/ਪਾਸ



## ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਪ੍ਰੋ. ਬਡੂੰਗਰ ਨੇ ਆਪਣੀਆਂ ਪੁਸਤਕਾਂ ਦਾ ਸੈੱਟ ਕੀਤਾ ਭੇਟ



ਪਟਿਆਲਾ , 21 ਜੁਲਾਈ (ਰੁਪਾਣਾ/ਅਮਰਜੀਤ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਵੱਲੋਂ ਆਪਣੀਆਂ ਲਿਖਤ 'ਸਿੱਖ ਜਰਨੈਲ ਸਾਡੇ ਕੌਮੀ ਹੀਰੇ ਅਤੇ ਭਾਰਤ ਦੀ ਆਜ਼ਾਦੀ ਵਿੱਚ ਸਿੱਖਾਂ ਦਾ ਯੋਗਦਾਨ' ਪੁਸਤਕਾਂ ਦਾ ਸੈਟ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਭੇਟ ਕੀਤਾ। ਇਸ ਮੌਕੇ ਬੋਲਦਿਆਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪ੍ਰੋ. ਕਿਰਪਾਲ ਸਿੰਘ ਬਡੂੰਗਰ ਇਕੋ ਇਕ ਅਜਿਹੇ ਅਕਾਲੀ ਨੇਤਾ ਹਨ, ਜਿਨ੍ਹਾਂ ਨੇ ਧਾਰਮਿਕ ਅਤੇ ਰਾਜਨੀਤਿਕ ਖੇਤਰ ਵਿੱਚ ਲੰਮਾ ਸਮਾਂ ਸਫਲਤਾ ਪੂਰਵਕ ਕਾਰਜਸ਼ੀਲ ਰਹਿੰਦਿਆਂ ਹੋਇਆਂ ਗੁਰਮਤਿ ਸਾਹਿਤ ਅਤੇ ਸਿੱਖ ਇਤਿਹਾਸ ਨੂੰ ਕਲਮ ਬੰਦ ਕਰਦਿਆਂ ਹੋਇਆਂ 9 ਪੁਸਤਕਾਂ ਪਾਠਕਾਂ ਦੀ ਝੋਲੀ ਪਾ ਕੇ ਆਪਣਾ ਵੱਡਾ ਯੋਗਦਾਨ ਪਾਇਆ ਹੈ । ਸਿੰਘ ਸਾਹਿਬ ਜਥੇਦਾਰ ਗੜਗੱਜ ਨੇ ਕਿਹਾ ਕਿ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਵੱਲੋਂ ਆਪਣੇ ਬਤੌਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨਗੀ ਕਾਰਜਕਾਲ ਦੌਰਾਨ ਅਜਿਹੇ ਮਿਸਾਲੀ ਇਤਿਹਾਸਿਕ ਫੈਸਲੇ ਲਏ ਹਨ, ਜਿਨ੍ਹਾਂ 'ਤੇ ਸਿੱਖ ਕੌਮ ਨੂੰ ਹਮੇਸ਼ਾ ਮਾਣ ਰਹੇਗਾ । ਉਹਨਾਂ ਕਿਹਾ ਕਿ ਵੱਡੀ ਗੱਲ ਇਹ ਦੇਖਣ ਨੂੰ ਮਿਲੀ ਹੈ ਕਿ ਆਪਣੀ ਵਡੇਰੀ ਉਮਰ ਵਿੱਚ ਹੀ ਸਿੱਖੀ ਪ੍ਰਤੀ ਲਗਲ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਪ੍ਰੋਫੈਸਰ ਬਡੂੰਗਰ ਵੱਲੋਂ ਹਰੇਕ ਸਮੇਂ ਤਤਪਰ ਰਹਿਣਾ ਵੀ ਆਪਣੇ ਆਪ ਵਿੱਚ ਇੱਕ ਵੱਡੀ ਮਿਸਾਲ ਹੈ, ਜਿਸ ਤੋਂ ਹੋਰ ਵੀ ਸ਼੍ਰੋਮਣੀ ਕਮੇਟੀ ਮੈਂਬਰ ਸੇਧ ਲੈ ਕੇ ਪੰਥ ਦੀ ਸੇਵਾ ਕਰ ਰਹੇ ਹਨ। ਪ੍ਰੋ. ਬਡੂੰਗਰ ਨੂੰ ਹਾਰਦਿਕ ਵਧਾਈ ਦਿੰਦਿਆਂ ਹੋਇਆਂ ਸਿੰਘ ਸਾਹਿਬ ਨੇ ਇਹਨਾਂ ਦੀ ਚੰਗੀ ਸਿਹਤ ਤੇ ਲੰਬੀ ਉਮਰ ਦੀ ਕਾਮਨਾ ਵੀ ਕੀਤੀ ਸਿੰਘ । ਇਸ ਮੌਕੇ 'ਤੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸ਼ਮਸ਼ੇਰ ਸਿੰਘ ਬਡੂੰਗਰ ਅਤੇ ਹੋਰ ਆਗੂ ਵੀ ਹਾਜ਼ਰ ਸਨ।

## 'ਰੰਗਲਾ ਪੰਜਾਬ' ਤਹਿਤ ਸਰਕਾਰ ਵੱਲੋਂ ਪਟਿਆਲਾ ਨੂੰ ਮਿਲਣਗੇ 5 ਕਰੋੜ : ਅਜੀਤਪਾਲ ਸਿੰਘ ਕੋਹਲੀ

➢ਹਰ ਵਾਰਡ ਦੇ ਕੰਮ ਦੀ ਰਿਪੋਰਟ ਲੈਣ ਲਈ ਵਿਧਾਇਕ ਵੱਲੋਂ ਸਮੁੱਚੇ ਕੌਂਸਲਰਾਂ ਨਾਲ ਮੀਟਿੰਗ

ਪਟਿਆਲਾ, 21 ਜੁਲਾਈ (ਗੁਰਮੁੱਖ ਰੁਪਾਣਾ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਮਕਸਦ ਨਾਲ ਸੂਬੇ ਭਰ ਦੇ ਸਮੁੱਚੇ ਵਿਧਾਨ ਸਭਾ ਹਲਕਿਆਂ ਵਿੱਚ ਹਰ ਇੱਕ ਹਲਕੇ ਨੂੰ ਪੰਜ ਕਰੋੜ ਰੁਪਏ ਵਿਕਾਸ ਕਾਰਜਾਂ ਪੱਖੋਂ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਹ 5 ਕਰੋੜ ਰੁਪਏ ਸਬੰਧਤ ਕੌਂਸਲਰਾਂ ਨਾਲ ਤਾਲਮੇਲ ਕਰਕੇ ਵਿਧਾਇਕ ਵੱਲੋਂ ਲੋਕਾਂ ਦੀ ਸਲਾਹ ਅਤੇ ਆਪਣੇ ਮੁਤਾਬਕ ਲਗਾ ਸਕੇਗਾ। ਇਸੇ ਤਹਿਤ ਵਿਧਾਨ ਸਭਾ ਹਲਕਾ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਜ਼ਿਲ੍ਹਾ ਪ੍ਰਧਾਨ ਪਟਿਆਲਾ ਤੇਜਿੰਦਰ ਮਹਿਤਾ ਨੇ ਸਮੁੱਚੇ ਕੌਂਸਲਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਸਮੁੱਚੇ ਕੌਂਸਲਰਾਂ ਨੂੰ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਕਿਹਾ ਗਿਆ ਕਿ ਉਹ ਆਪੋ ਆਪਣੇ ਵਾਰਡਾਂ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਦੇ ਅਸਟੀਮੇਟ ਤਿਆਰ ਕਰਨ ਤਾਂ ਕਿ ਹਰ ਵਾਰਡ ਦੇ ਵਿੱਚ ਵਿਕਾਸ ਕਾਰਜ ਕਰਵਾਏ ਜਾ ਸਕਣ। ਵਿਧਾਇਕ



ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਲਈ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਹ ਫੈਸਲਾ ਲਿਆ ਗਿਆ ਹੈ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਸ ਤਰ੍ਹਾਂ ਕੌਂਸਲਰਾਂ ਨਾਲ ਮੀਟਿੰਗ ਕਰਕੇ ਜਾਂ ਉਹਨਾਂ ਦੇ ਹਿਸਾਬ ਦੇ ਨਾਲ ਕਦੇ ਵੀ ਵਿਕਾਸ ਕਾਰਜ ਨਹੀਂ ਕੀਤੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਕੌਂਸਲਰਾਂ ਜਾਂ ਆਮ ਲੋਕਾਂ ਤੋਂ ਇਹ ਵੀ ਨਹੀਂ ਪੁੱਛਿਆ ਹੋਵੇਗਾ ਕਿ ਇਸ ਇਲਾਕੇ ਵਿੱਚ ਕਿਹੜਾ ਕੰਮ ਹੋਣ ਵਾਲਾ ਹੈ, ਇਸ ਲਈ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਲੋਕਾਂ ਦੇ ਮੁਤਾਬਕ ਵਿਕਾਸ ਕਾਰਜ ਕਰੇਗੀ, ਸੋ ਇਸ ਲਈ ਸਮੁੱਚੇ ਕੌਂਸਲਰ ਸਭ ਤੋਂ ਪਹਿਲਾਂ ਆਪਣੇ ਐਸਟੀਮੇਟ ਆਪਣੇ ਇਲਾਕੇ ਦੇ ਹਿਸਾਬ ਨਾਲ ਲੋਕਾਂ ਨੂੰ ਪੁੱਛ ਕੇ ਤਿਆਰ ਕਰਨਗੇ ਅਤੇ ਫਿਰ ਸਰਕਾਰ ਉਹ ਵਿਕਾਸ ਕਾਰਜ ਨੇਪਰੇ ਚੜ੍ਹਾਏਗੀ। ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਦੇ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਪੰਜਾਬ ਮੁੜ ਵਿਕਾਸ ਦੀਆਂ ਲੀਹਾਂ 'ਤੇ ਚੱਲ ਰਿਹਾ ਹੈ ਅਤੇ ਪੰਜਾਬ ਦੇ ਵਿੱਚ ਹਰ ਸ਼ਹਿਰ ਅਤੇ ਹਰ ਪਿੰਡ ਦੇ ਵਿਚ ਵਿਕਾਸ ਕਾਰਜ ਚਲਾਏ ਜਾ ਰਹੇ ਹਨ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਲੋਕਾਂ ਨੂੰ ਸਰਕਾਰ ਵੱਲੋਂ ਵੱਡੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਟਿਆਲਾ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆ ਕੇ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ। ਪਟਿਆਲਾ ਦੀ ਤਰੱਕੀ ਅਤੇ ਖੁਸ਼ਹਾਲੀ ਵਾਸਤੇ ਸਾਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਪੰਜਾਬ ਦਾ ਵਿਕਾਸ ਕਰਨਾ ਹੈ, ਜਿਸ ਲਈ ਕਾਰਜ ਕੀਤੇ ਜਾ ਰਹੇ ਹਨ। ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਮਿਸਾਲੀ ਕੰਮ ਕੀਤੇ ਗਏ ਹਨ। 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਤੋਂ 50 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਵਿਧਾਇਕ ਨੇ ਕਿਹਾ ਕਿ ਸ਼ਹਿਰ ਦੀਆਂ ਉਹ ਗਲੀਆਂ ਅਤੇ ਸੜਕਾਂ ਜਿਹੜੀਆਂ ਕਈ ਸਾਲਾਂ ਤੋਂ ਅਧੂਰੀਆਂ ਪਈਆਂ ਹਨ। ਉਨ੍ਹਾਂ ਨੂੰ ਬਣਾਉਣ ਲਈ ਕੰਮ ਸ਼ੁਰੂ ਕੀਤੇ ਜਾ ਚੁੱਕੇ ਹਨ। ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਚ ਕੀਤੇ ਜਾ ਰਹੇ ਕੰਮਾਂ ਸਦਕਾ ਜਿਮਨੀ ਚੋਣਾਂ 'ਚ ਪਾਰਟੀ ਉਮੀਦਵਾਰਾਂ ਨੇ ਜਿੱਤ ਪ੍ਰਾਪਤ ਕੀਤੀ ਹੈ।

## ਜੌੜਾਮਾਜਰਾ ਵੱਲੋਂ ਪ੍ਰਿੰਸ ਲਾਂਬਾ ਤੇ ਗੱਜਣ ਸਿੰਘ ਦਾ ਸਨਮਾਨ



ਸਮਾਣਾ, 21 ਜੁਲਾਈ (ਜਵੰਦਾ/ ਸੁਖਜਿੰਦਰ/ਅਮਿਤ) : ਅੱਜ ਵਿਧਾਇਕ ਸਮਾਣਾ ਚੇਤਨ ਸਿੰਘ ਜੌੜਮਾਜਰਾ ਨੇ ਆਪਣੇ ਦਫਤਰ ਵਿਖੇ ਨਵ-ਨਿਯੁਕਤ ਜ਼ਿਲ੍ਹਾ ਮੀਡੀਆ ਇੰਚਾਰਜ ਰਵਿੰਦਰ ਪਾਲ ਸਿੰਘ ਪ੍ਰਿੰਸ ਲਾਂਬਾ ਅਤੇ ਗੱਜਣ ਸਿੰਘ ਜ਼ਿਲ੍ਹਾ ਮੀਡੀਆ ਸਕੱਤਰ ਦਾ ਸਨਮਾਨ ਕੀਤਾ। ਇਸ ਮੌਕੇ ਉਹਨਾਂ ਨੇ ਆਮ ਆਦਮੀ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪਾਰਟੀ ਪੁਰਾਣੇ ਅਹੁਦੇਦਾਰਾਂ ਨੂੰ ਉਤਸ਼ਾਹਿਤ ਕਰਦੇ ਹੋਏ ਉਹਨਾਂ ਦੇ ਤਜਰਬੇ ਮੁਤਾਬਕ ਅਹੁਦੇ ਦੇ ਰਹੀ ਹੈ।

## ਰਜਿੰਦਰਾ ਹਸਪਤਾਲ ਦੇ ਨਾਲ ਬਡੂੰਗਰ ਰੋਡ 'ਤੇ ਨਗਰ ਨਿਗਮ ਦੀ ਕਾਰਵਾਈ, ਦੁਕਾਨਾਂ ਦੇ ਕਾਊਂਟਰ ਅੰਦਰ ਕਰਵਾਏ

ਪਟਿਆਲਾ, 21 ਜੁਲਾਈ (ਰੁਪਾਣਾ) : ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਪਰਮਵੀਰ ਸਿੰਘ ਦੀ ਅਗਵਾਈ ਵਿੱਚ ਪਟਿਆਲਾ ਨੂੰ ਕਬਜ਼ਾ ਮੁਕਤ ਬਣਾਉਣ ਲਈ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਤਹਿਤ ਪਟਿਆਲਾ ਨਗਰ ਨਿਗਮ ਵੱਲੋਂ ਅੱਜ ਰਜਿੰਦਰਾ ਹਸਪਤਾਲ ਦੇ ਨਾਲ ਬਡੂੰਗਰ ਰੋਡ 'ਤੇ ਫੁੱਟਪਾਥ 'ਤੇ ਕਬਜ਼ਾ ਕਰਕੇ ਬੈਠੇ ਦੁਕਾਨਦਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਸਮਾਨ ਜ਼ਬਤ ਕੀਤਾ। ਨਿਗਮ ਦੀ ਟੀਮ ਨੇ ਸੜਕ 'ਤੇ ਰੱਖੇ ਹੋਏ ਕਾਊਂਟਰ,ਫੱਟੇ, ਕੁਰਸੀਆਂ ਤੇ ਹੋਰ ਸਮਾਨ ਨੂੰ ਹਟਾਉਂਦਿਆਂ ਦੁਕਾਨਦਾਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਸਮੇਂ 'ਚ ਜੇਕਰ ਇਹ ਕਬਜ਼ੇ ਮੁੜ ਮਿਲੇ ਤਾਂ ਹੋਰ ਵੱਡੀ ਕਾਰਵਾਈ ਕੀਤੀ ਜਾਵੇਗੀ। ਇਹ ਕਾਰਵਾਈ ਸੜਕ 'ਤੇ ਆਉਣ-ਜਾਣ ਵਾਲੀਆਂ ਐਂਬੂਲੈਂਸਾਂ




ਅਤੇ ਮਰੀਜ਼ਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਕੀਤੀ ਗਈ। ਨਗਰ ਨਿਗਮ ਦੇ ਅਧਿਕਾਰੀਆਂ ਅਨੁਸਾਰ, ਹਸਪਤਾਲ ਦੇ ਬਾਹਰ ਲਗਾਤਾਰ ਆ ਰਹੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਇਹ ਮੁਹਿੰਮ ਚਲਾਈ ਗਈ। ਨਿਗਮ ਅਧਿਕਾਰੀ ਨੇ ਦੱਸਿਆ ਕਿ ਇਸ ਇਲਾਕੇ ਵਿੱਚ ਸਫਾਈ ਅਤੇ ਆਵਾਜਾਈ ਦੇ ਨਿਯਮਾਂ ਦੀ ਉਲੰਘਣਾ ਕਰ ਰਹੇ ਕਈ ਦੁਕਾਨਦਾਰ ਸੜਕ ਉੱਤੇ ਸਮਾਨ ਰੱਖ ਕੇ ਪੈਦਲ ਰਾਹੀਆਂ ਅਤੇ ਟ੍ਰੈਫਿਕ ਲਈ ਰੁਕਾਵਟ ਪੈਦਾ ਕਰ ਰਹੇ ਸਨ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਗਮ ਦੇ ਨਿਯਮਾਂ ਦੀ ਪਾਲਣਾ ਕਰਨ ਅਤੇ ਸੜਕਾਂ ਨੂੰ ਖੁੱਲ੍ਹਾ ਰੱਖਣ ਵਿਚ ਸਹਿਯੋਗ ਦੇਣ। ਇਸ ਕਾਰਵਾਈ ਦੌਰਾਨ ਮੌਕੇ 'ਤੇ ਨਿਗਮ ਦੇ ਸਖ਼ਤ ਰਵੱਈਏ ਕਰਕੇ ਕਈ ਦੁਕਾਨਦਾਰਾਂ ਵਿੱਚ ਬੇਚੈਨੀ ਵੇਖਣ ਨੂੰ ਮਿਲੀ ਪਰ ਆਖ਼ਰਕਾਰ ਉਨ੍ਹਾਂ ਨੇ ਆਪਣਾ ਸਮਾਨ ਅੰਦਰ ਕਰ ਲਿਆ। ਨਗਰ ਨਿਗਮ ਵੱਲੋਂ ਇਹ ਵੀ ਇਸ਼ਾਰਾ ਦਿੱਤਾ ਗਿਆ ਕਿ ਅਗਲੇ ਦਿਨਾਂ ਵਿੱਚ ਸ਼ਹਿਰ ਦੇ ਹੋਰ ਇਲਾਕਿਆਂ ਵਿੱਚ ਵੀ ਅਜਿਹੀਆਂ ਮੁਹਿੰਮਾਂ ਚਲਾਈਆਂ ਜਾਣਗੀਆਂ।

## ਲੈਂਡ ਪੂਲਿੰਗ ਸਕੀਮ ਰਾਹੀਂ ਕਿਸਾਨਾਂ ਦਾ ਉਜਾੜਾ ਨਹੀਂ ਹੋਣ ਦਿੱਤਾ ਜਾਵੇਗਾ: ਬੀਕੇਯੂ ਰਾਜੇਵਾਲ

ਨਾਭਾ, 21 ਜੁਲਾਈ (ਬਲਜਿੰਦਰ ਮਾਨ) : ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਨਾਭਾ ਦੀ ਮੀਟਿੰਗ ਗੁਰਦੁਆਰਾ ਭਗਤ ਧੰਨਾ ਜੀ ਨਵੀਂ ਅਨਾਜ ਮੰਡੀ ਨਾਭਾ ਦੇ ਵਿੱਚ ਬਲਾਕ ਦੇ ਪ੍ਰਧਾਨ ਅੱਛਰ ਸਿੰਘ ਭੋਜੋ ਮਾਜਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਇਕ ਸੁਰ ਹੋ ਕੇ ਕਿਹਾ ਕਿ ਲੈਂਡ ਪੂਲਿੰਗ ਸਕੀਮ ਅਧੀਨ ਕਿਸਾਨਾਂ ਦੀ ਜ਼ਮੀਨ 'ਤੇ ਸਰਕਾਰੀ ਮਾਫੀਏ ਦਾ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ। ਕਿਸਾਨ, ਸਰਕਾਰ ਦੀ ਚਾਲ ਨੂੰ ਸਮਝ ਚੁੱਕੇ ਹਨ ਇਸ ਸਕੀਮ ਰਾਹੀਂ ਕਿਸਾਨਾਂ ਨੂੰ ਜੋ ਸਬਜ਼ਬਾਗ ਦਿਖਾਏ ਜਾ ਰਹੇ ਹਨ ਉਹ ਸਰਾਸਰ ਝੂਠ ਹਨ।ਬੁਲਾਰਿਆਂ ਨੇ ਕਿਹਾ ਕਿ ਸਰਕਾਰ ਇਹ ਤਾਂ ਦੱਸੇ ਕਿ ਇਹਨਾਂ ਬਣ ਰਹੀਆਂ ਨਵੀਆਂ ਕਲੋਨੀਆਂ ਵਿੱਚ ਵਸਾਏਗੀ ਕਿਸ ਨੂੰ , ਪੰਜਾਬ ਤਾਂ ਪਹਿਲਾਂ ਹੀ ਖਾਲੀ ਹੋ ਰਿਹਾ ਹੈ। ਐਸ. ਕੇ ਐਮ ਵੱਲੋਂ ਉਲੀਕੇ ਪ੍ਰੋਗਰਾਮ ਮੁਤਾਬਕ 24 ਅਗਸਤ ਨੂੰ ਮੁੱਲਾਂਪੁਰ ਦਾਖਾਂ ਦਾਣਾ ਮੰਡੀ ਵਿੱਚ ਵੱਡੀ ਮਹਾਂ ਰੈਲੀ ਕਰਕੇ ਅਗਲੇ ਸੰਘਰਸ਼ ਦਾ ਬਿਗਲ ਵਜਾਇਆ ਜਾਵੇਗਾ।ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਨੇਕ ਸਿੰਘ ਖੋਖ, ਘੁੰਮਣ ਸਿੰਘ ਰਾਜਗੜ੍ਹ, ਹਰਦੀਪ ਸਿੰਘ ਘਨੁੜਕੀ, ਲਾਭ ਸਿੰਘ ਦਿੱਤੂਪੁਰ, ਜਰਨੈਲ ਸਿੰਘ ਗੁਣੀਕੇ, ਹਰਿੰਦਰਜੀਤ ਸਿੰਘ ਲੁਬਾਣਾ, ਪਰਮਿੰਦਰ ਸਿੰਘ ਬਨੇਰਾ ਅਤੇ ਨਿਰਭੈ ਸਿੰਘ ਬਿਰਧਨੋ ਦੇ ਨਾਮ ਜ਼ਿਕਰਯੋਗ ਹਨ।

## ਗੁਰਦੁਆਰਾ ਬਾਉਲੀ ਸਾਹਿਬ ਰਾਮਗੜ੍ਹ ਵਿਖੇ ਬੂਟੇ ਲਗਾਏ



ਨਾਭਾ, 21 ਜੁਲਾਈ (ਬਲਜਿੰਦਰ ਮਾਨ) : ਅੱਜ ਮੱਖਣ ਸਿੰਘ ਲਾਲਕਾ ਹਲਕਾਂ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਨਾਭਾ ਨੇ ਸਾਥੀਆਂ ਸਮੇਤ ਗੁਰਦੁਆਰਾ ਬਉਲੀ ਸਾਹਿਬ ਰਾਮਗੜ੍ਹ ਵਿਖੇ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹਰਿਆ ਭਰਿਆ ਪੰਜਾਬ ਦੇ ਤਹਿਤ ਬੂਟੇ ਲਗਵਾਏ ਗਏ । ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਇਹ ਆਦੇਸ਼ ਹੈ ਕਿ ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਏ ਜਾਣ। ਇਸ ਮੌਕੇ ਭਾਈ ਦਵਿੰਦਰ ਸਿੰਘ , ਭਾਈ ਸੰਦੀਪ ਸਿੰਘ , ਭਾਈ ਗੁਰਬਖਸ਼ ਸਿੰਘ ,ਭਾਈ ਅਜੈਬ ਸਿੰਘ , ਜਥੇਦਾਰ ਭਾਈ ਮੋਹਨ ਸਿੰਘ ਰਾਮਗੜ੍ਹ, ਭਾਈ ਕਰਨੈਲ ਸਿੰਘ, ਯੂਥ ਆਗੂ ਪ੍ਰਿੰਸ ਤੁੰਗ, ਪੰਕ ਜਿੰਦਲ, ਬਹਾਦਰ ਸਿੰਘ, ਅਪਰਪਾਰ ਸਿੰਘ, ਮਾਸਟਰ ਸੁਖਦੇਵ ਸਿੰਘ ਸੋਹਨ ਸਿੰਘ, ਨਛੱਤਰ ਸਿੰਘ, ਬਲਦੇਵ ਸਿੰਘ,ਪਵਿੱਤਰ ਸਿੰਘ ਬੌੜਾ ਕਲਾਂ, ਮਨਪ੍ਰੀਤ ਸਿੰਘ, ਮਲਕੀਤ ਸਿੰਘ, ਪ੍ਰਗਟ ਸਿੰਘ,ਗੁਰਜੰਟ ਸਿੰਘ,ਲਖਵੀਰ ਸਿੰਘ ਸਾਬਕਾ ਚੇਅਰਮੈਨ ਰਾਮਗੜ੍ਹ,ਪਰਮਵੀਰ ਸਿੰਘ ਪੰਮਾ ਅਤੇ ਗੁਰਦੁਆਰਾ ਸਾਹਿਬ ਦਾ ਸਮੂਹ ਸਟਾਫ ਅਤੇ ਨਗਰ ਨਿਵਾਸੀ ਹਾਜ਼ਰ ਸਨ।

## 'ਨਟਾਸ' ਭਵਨ ਵਿਖੇ ਪੰਜਾਬ-ਹਰਿਆਣਾ ਪਿਆਰ ਮਿਲਨ ਸਨਮਾਨ ਸਮਾਰੋਹ

ਮਲੇਰਕੋਟਲਾ, 21 ਜੁਲਾਈ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੁਸਾਇਟੀ (ਨਟਾਸ) ਅਤੇ ਸੰਸਕਾਰ ਭਾਰਤੀ ਕੁਰੂਕਸ਼ੇਤਰ (ਹਰਿਆਣਾ) ਵੱਲੋਂ ਨਟਾਸ ਭਵਨ ਪਟਿਆਲਾ ਵਿਖੇ ਇਕੱਤਰ ਮਾਨਵਤਾ ਅਤੇ ਕਲਾ ਪ੍ਰੇਮੀਆਂ ਨੇ ਭਾਰਤੀ ਸੰਸਕ੍ਰਿਤੀ, ਪੂਰਬੀ ਵਿਚਾਰਧਾਰਾ ਅਤੇ ਭਾਰਤੀਅਤਾ ਦੇ ਵਿਕਾਸ, ਪ੍ਰਚਾਰ ਅਤੇ ਫੈਲਾਓ ਬਾਰੇ ਵਿਚਾਰ ਵਟਾਂਦਰਾ ਕੀਤਾ। ਇਸ ਸਾਦਾ ਪਰ ਸਨੇਹ ਭਰਪੂਰ ਪੰਜਾਬ-ਹਰਿਆਣਾ ਪਿਆਰ ਮਿਲਨ ਸਨਮਾਨ ਸਮਾਰੋਹ 'ਚ ਸੰਸਕਾਰ ਭਾਰਤੀ ਕੁਰੂਕਸ਼ੇਤਰ ਦੇ ਪ੍ਰਧਾਨ ਸ਼੍ਰੀ ਆਸੀਸ ਸੱਭਰਵਾਲ ਅਤੇ ਉਹਨਾਂ ਦੇ ਨਾਲ ਪਧਾਰੇ 6 ਸਾਥੀਆਂ ਅਤੇ ਨਟਾਸ ਮੈਂਬਰਾਂ, ਕਲਾਕਾਰਾਂ ਨੇ ਭਾਰਤੀ ਅਤੇ ਖੇਤਰੀ ਰੰਗਮੰਚ, ਭਰਤਮੁਨੀ



ਰਚਿਤ ਨਾਟਯ ਸ਼ਾਸ਼ਤਰ ਬਾਰੇ ਵਿਚਾਰ ਵਟਾਂਦਰਾ ਕੀਤਾ। ਸ੍ਰੀ ਆਸ਼ੀਸ਼ ਨੇ ਦੱਸਿਆ ਕਿ ਕੁਰੂਕਸ਼ੇਤਰ ਵਿਖੇ ਭਰਤ ਮੁਨੀ ਜੀ ਦੇ ਨਾਮ 'ਤੇ ਸਥਾਪਿਤ ਸਥਾਨ ਤੇ ਨਾਟਕਾਂ ਦਾ ਮੰਚਨ ਅਤੇ ਸੈਮੀਨਾਰ ਆਯੋਜਿਤ ਕੀਤੇ ਜਾਂਦੇ ਹਨ। ਸਮਾਗਮ ਵਿਚ ਸ਼ਾਮਲ ਸੰਸਕਾਰ ਉਪਰੋਕਤ ਸ਼ਖਸੀਅਤਾਂ ਤੋਂ ਬਿਨਾਂ ਦੰਪਤੀ ਸੁਨੀਤਾ ਸੱਭਰਵਾਲ - ਪਦਮਸ਼੍ਰੀ ਪ੍ਰਾਣ ਸੱਭਰਵਾਲ, ਏ.ਆਈ.ਜੀ. ਪੁਲਿਸ ਵਿਕਾਸ ਸੱਭਰਵਾਲ ਨੂੰ ਦੋਵੇਂ ਧਿਰਾਂ ਵੱਲੋਂ ਸਨਮਾਨਿਤ ਕੀਤਾ ਗਿਆ।

## ਵਿਧਾਇਕ ਦੇਵ ਮਾਨ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਕੀਤੀ ਮੁਲਾਕਾਤ



ਨਾਭਾ,21 ਜੁਲਾਈ (ਬਲਜਿੰਦਰ ਮਾਨ) : ਆਮ ਆਦਮੀ ਪਾਰਟੀ ਦੇ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪੰਜਾਬ ਪਬਲਿਕ ਸਕੂਲ (ਪੀਪੀਐਸ), ਨਾਭਾ, ਜੋ ਕਿ ਚੋਟੀ ਦੇ ਸਕੂਲਾਂ ਵਿੱਚੋਂ ਇੱਕ ਹੈ, ਦੇ ਸਬੰਧ ਵਿੱਚ ਗਵਰਨਰ ਹਾਊਸ, ਚੰਡੀਗੜ੍ਹ ਵਿਖੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਸੋਮਵਾਰ ਨੂੰ ਮੇਰੀ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਪੀਪੀਐਸ ਸਕੂਲ ਦੀ ਇਮਾਰਤ ਦੀ ਖਸਤਾ ਹਾਲਤ ਅਤੇ ਸਕੂਲ ਦੇ ਵਿਕਾਸ ਅਤੇ ਹੋਰ ਕੰਮਾਂ ਸਬੰਧੀ ਵਿਸ਼ੇਸ਼ ਮੀਟਿੰਗ ਹੋਈ, ਜਿਸ 'ਤੇ ਰਾਜਪਾਲ ਨੇ ਮੇਰੀ ਗੱਲ ਸੁਣੀ ਅਤੇ ਕਿਹਾ ਕਿ ਉਹ ਜਲਦੀ ਹੀ ਇਸ 'ਤੇ ਗੌਰ ਕਰਨਗੇ । ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਸਕੂਲ ਦੇ ਹਿੱਤ ਵਿੱਚ ਇੱਕ ਮੰਗ ਸਬੰਧੀ ਰਾਜਪਾਲ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ।

## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 21 ਜੁਲਾਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਪਦਮ ਪੁੱਤਰ ਸ਼ਸੀ ਵਾਸੀ ਕਿਰਾਏਦਾਰ ਅਜੀਤ ਨਗਰ ਪਟਿਆਲਾ ਨੇ 3/4 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਡਾਂਸ ਟੀਚਰ ਹੈ ਤੇ ਉਸ ਦਾ ਜਨਮ ਦਿਨ ਸੀ, ਉਸ ਦੀ ਰਿਸ਼ਤੇਦਾਰ ਰੁਸ਼ਮਾ ਵਾਸੀ ਖਾਲਸਾ ਮੁਹੱਲਾ ਜੋ ਉਸ ਦੀ ਸਟੂਡੈਂਟ ਵੀ ਹੈ ਤੇ ਉਹ ਰੁਸ਼ਮਾ ਦੇ ਘਰੋਂ ਕੇਕ ਕੱਟ ਕੇ ਆਪਣੀ ਐਕਟਿਵਾ 'ਤੇ ਸਵਾਰ ਹੋ ਕੇ ਜਾਣ ਲੱਗਾ ਤਾਂ ਉਕਤ ਕਥਿਤ ਦੋਸ਼ੀਆਂ ਵੱਲੋਂ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2), 126(2), 191(3), 190, 324(4) ਬੀ. ਐਨ. ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪੰਜਾਬ ਦੀ ਨੌਜਵਾਨੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵੱਲ ਵੱਡਾ ਕਦਮ: ਵਿਧਾਇਕ ਮਲੇਰਕੋਟਲਾ



ਮਲੇਰਕੋਟਲਾ, 21 ਜੁਲਾਈ (ਚ.ਨ.ਸ.) : ਪੰਜਾਬ ਦੀ ਮਾਨ ਸਰਕਾਰ ਨੇ ਨੌਜਵਾਨੀ ਨੂੰ ਨਸ਼ਿਆਂ ਦੀ ਲਤ ਤੋਂ ਬਚਾਉਣ ਅਤੇ ਰਾਜ ਦੀ ਸੱਭਿਆਚਾਰਕ ਹੋਂਦ ਨੂੰ ਕਾਇਮ ਰੱਖਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਨਵੇਂ ਦੌਰ ਦੀ ਸ਼ੁਰੂਆਤ ਕੀਤੀ ਹੈ। ਇਹ ਪ੍ਰਗਟਾਵਾਂ ਵਿਧਾਇਕ ਡਾ ਜਮੀਲ ਉਰ ਰਹਿਮਾਨ ਨੇ ਸਥਾਨਕ ਬਾਲੂਕੇ ਬਸਤੀ ਦੇ ਕਮਿਊਨਿਟੀ ਹਾਲ ਅਤੇ ਮਦੀਨਾ ਬਸਤੀ ਦੇ ਕਮਿਊਨਿਟੀ ਹਾਲ ਵਿਖੇ ਵੱਖ ਵੱਖ ਭਰਵੀਆਂ ਜਨ ਸਭਾਵਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਪੰਜਾਬੀ ਨੌਜਵਾਨੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵੱਲ ਇੱਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਚੁੱਕੇ ਠੋਸ ਕਦਮ ਨੂੰ ਸੂਬੇ ਭਰ ਚੋ ਵੱਡਾ ਸਹਿਯੋਗ ਮਿਲਿਆ ਹੈ। ਆਪਣੇ ਸੰਬੋਧਨ ਦੌਰਾਨ ਵਿਧਾਇਕ ਨੇ ਕਿਹਾ ਕਿ ਇਸ ਮੁਹਿੰਮ ਤੋਂ ਪ੍ਰਭਾਵਿਤ ਹੋ ਕੇ ਰਾਜ ਦੇ ਅਨੇਕ ਨੌਜਵਾਨ ਨਸ਼ਾ ਛੱਡਣ ਲਈ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵੱਲ ਰੁਖ ਕੀਤਾ ਹੈ ?। ਇਨ੍ਹਾਂ ਕੇਂਦਰਾਂ ਵਿੱਚ ਸੂਬਾ ਸਰਕਾਰ ਵੱਲੋਂ ਉਨ੍ਹਾਂ ਨੂੰ ਮੁਫ਼ਤ ਇਲਾਜ ਅਤੇ ਪੁਨਰਵਾਸ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਵਾਸੀਆਂ ਨੂੰ ਬਿਨਾਂ ਸਿਫ਼ਾਰਸ਼ ਹਜ਼ਾਰਾਂ ਨੌਕਰੀਆਂ,600 ਬਿਜਲੀ ਦੇ ਯੂਨਿਟ ਬਿਨਾ ਭੇਦ ਭਾਵ ਮੁਆਫੀ, ਉਦਯੋਗਾਂ ਨੂੰ ਵੱਡੀ ਰਾਹਤ, ਐਮੀਨੈਂਸ ਸਕੂਲ, ਮੁਫ਼ਤ ਪੜ੍ਹਾਈ, ਮੁਹੱਲਾ ਕਲੀਨਿਕ ਸਮੇਤ ਹੋਰ ਰਿਆਇਤਾਂ ਦੇ ਕੇ ਸੂਬਾ ਵਾਸੀਆਂ ਦੇ ਮਨਾਂ'ਚ ਵਿਸ਼ੇਸ਼ ਜਗ੍ਹਾ ਬਣਾਈ ਹੈ। ਉਨ੍ਹਾਂ ਕਿਹਾ ਕਿ ਜੋ ਕੰਮ ਆਮ ਆਦਮੀ ਪਾਰਟੀ ਨੇ ਕੀਤੇ ਹਨ, ਉਹ ਪਿਛਲੇ ਸਮੇਂ ਦੌਰਾਨ ਕਸੇ ਸਰਕਾਰ ਨੇ ਨਹੀਂ ਕੀਤੇ। ਇਸ ਸਰਕਾਰ ਨੇ ਲੋਕਾਂ ਦੇ ਮਨਾਂ ਵਿੱਚ ਆਪਣੀ ਜਗ੍ਹਾਂ ਬਣਾਈ ਹੈ। ਉਨ੍ਹਾਂ ਵਾਰਡਾਂ ਦੀਆਂ ਡਿਫੈਂਸ ਕਮੇਟੀਆਂ ਅਤੇ ਸਥਾਨਕ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਵਿਰੋਧੀ ਉਪਰਾਲਿਆਂ ਵਿੱਚ ਭਰਪੂਰ ਸਹਿਯੋਗ ਦੇਣ । ਉਹਨਾਂ ਨਸ਼ੇ ਦੀ ਲਤ @ਚ ਫਸੇ ਵਿਅਕਤੀਆਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ 'ਚ ਲਿਜਾਣ ਦੀ ਅਪੀਲ ਕੀਤੀ , ਜਿੱਥੇ ਉਹਨਾਂ ਦਾ ਮੁਫ਼ਤ ਇਲਾਜ ਕਰਵਾਇਆ ਜਾਂਦਾ ਹੈ ਅਤੇ ਨਾਲ ਹੀ ਉਹਨਾਂ ਨੂੰ ਸਵੈ-ਰੋਜ਼ਗਾਰ ਵੀ ਬਣਾਇਆ ਜਾਂਦਾ ਹੈ

## ਨਵੀਂ ਗਊਸ਼ਾਲਾ ਸਮੱਸਿਆ ਦਾ ਪੱਕਾ ਹੱਲ ਸਾਬਤ ਹੋਵੇਗੀ : ਮੇਅਰ ਕੁੰਦਨ ਗੋਗੀਆ



ਪਟਿਆਲਾ, 21 ਜੁਲਾਈ (ਰੁਪਾਣਾ) : ਸ਼ਹਿਰ ਵਿੱਚ ਬੇਸਹਾਰਾ ਪਸ਼ੂਆਂ ਦੀ ਸੰਭਾਲ ਲਈ ਨਵੀਂ ਗਊਸ਼ਾਲਾ ਬਣਾਉਣ ਦੇ ਮਾਮਲੇ 'ਚ ਨਗਰ ਨਿਗਮ ਵੱਲੋਂ ਅਹਿਮ ਪਹਿਲ ਕੀਤੀ ਜਾ ਰਹੀ ਹੈ। ਇਸ ਸੰਦਰਭ ਵਿੱਚ ਅੱਜ ਮੇਅਰ ਕੁੰਦਨ ਗੋਗੀਆ ਨੇ ਪਟਿਆਲਾ ਵਿਖੇ ਵੱਖ-ਵੱਖ ਗੌਸੇਵਾ ਸੰਸਥਾਵਾਂ ਦੇ ਪ੍ਰਧਾਨਾਂ ਅਤੇ ਇਲਾਕੇ ਦੇ ਜ਼ਿੰਮੇਵਾਰ ਨਿਵਾਸੀਆਂ ਨਾਲ ਸਲਾਹ- ਮਸ਼ਵਰਾ ਕਰਦੇ ਹੋਏ ਇੱਕ ਮੁਲਾਕਾਤ ਰੱਖੀ। ਮੁਲਾਕਾਤ ਦੌਰਾਨ ਮੇਅਰ ਨੇ ਕਿਹਾ ਕਿ ਬੇਸਹਾਰਾ ਗਊਆਂ ਦੀ ਸੰਭਾਲ ਸ਼ਹਿਰ ਦੀ ਇਕ ਜ਼ਿੰਮੇਵਾਰੀ ਹੈ ਅਤੇ ਨਵੀਂ ਗੌਸ਼ਾਲਾ ਇਸ ਸਮੱਸਿਆ ਦਾ ਇਕ ਪੱਕਾ ਹੱਲ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਕੰਮ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੋਵੇਗਾ, ਇਸ ਲਈ ਹਰ ਇੱਕ ਨਾਗਰਿਕ ਅੱਗੇ ਆ ਕੇ ਆਪਣਾ ਯੋਗਦਾਨ ਦੇਵੇ। ਉਨ੍ਹਾਂ ਇਹ ਵੀ ਦੱਸਿਆ ਕਿ ਜਥੇਬੰਦੀਆਂ ਦੀ ਮਦਦ ਨਾਲ ਗਊਆਂ ਦੀ ਸੰਭਾਲ, ਇਲਾਜ ਅਤੇ ਖੁਰਾਕ ਲਈ ਵਾਧੂ ਵਸੀਲੇ ਇਕੱਠੇ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਭਵਨੇਸ਼ ਕੁਮਾਰ ਭੋਲਾ, ਗੋਪਾਲ ਅਰੋੜਾ, ਵਰਿੰਦਰ ਗਰਗ, ਹਰਬੰਸ ਸਿੰਘ, ਉਪਿੰਦਰ ਸ਼ਰਮਾ, ਸੁਧੀਰ ਖੰਨਾ, ਅਨਿਲ ਕੁਮਾਰ, ਵਿਕਾਸ ਕਪੂਰ, ਵਿਕਾਸ ਕੰਬੋਜ, ਮਨੀਸ਼ ਗਰਗ ਸੈਕਟਰੀ ਸੋਸ਼ਲ ਮੀਡੀਆ, ਰਾਜਿੰਦਰ ਮੋਹਨ, ਲੱਕੀ ਗੌਸੇਵਾ ਸੰਸਥਾਵਾਂ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

## ਰਿਸ਼ੂ ਸਿੰਗਲਾ ਕਾਂਗਰਸ ਬਲਾਕ ਸਮਾਣਾ ਦੇ ਪ੍ਰਧਾਨ ਬਣੇ

### ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਸੌਂਪਿਆ ਨਿਯੁਕਤੀ ਪੱਤਰ



ਸਮਾਣਾ, 21 ਜੁਲਾਈ (ਜਵੰਦਾ) : ਸਮਾਣਾ ਤੋਂ ਕਾਂਗਰਸ ਪਾਰਟੀ ਦੇ ਬਹੁਤ ਹੀ ਮਿਹਨਤੀ ਅਤੇ ਜੁਝਾਰੂ ਆਗੂ ਰਿਸ਼ੂ ਸਿੰਗਲਾ ਕਰਹਾਲੀ ਨੂੰ ਕਾਂਗਰਸ ਹਾਈਕਮਾਂਡ ਵੱਲੋਂ ਬਲਾਕ ਕਾਂਗਰਸ ਸਮਾਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸਾਬਕਾ ਵਿਧਾਇਕ ਰਜਿੰਦਰ ਸਿੰਘ ਵੱਲੋਂ ਰਿਸ਼ੂ ਸਿੰਗਲਾ ਨੂੰ ਇਹ ਨਿਯੁਕਤੀ ਪੱਤਰ ਸੌਂਪਿਆ ਗਿਆ ਅਤੇ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਗਈ ਅਤੇ ਉਮੀਦ ਜਤਾਈ ਕਿ ਰਿਸ਼ੂ ਸਿੰਗਲਾ ਨੌਜਵਾਨਾਂ ਦੀ ਆਵਾਜ਼ ਨੂੰ ਅੱਗੇ ਲੈ ਕੇ ਜਾਣਗੇ ਤੇ ਸਮਾਣਾ ਖੇਤਰ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ। ਇਸ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਰਿਸ਼ੂ ਸਿੰਗਲਾ ਨੇ ਸ ਰਜਿੰਦਰ ਸਿੰਘ, ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਆਦਿ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਆਪਣੀ ਪੂਰੀ ਮਿਹਨਤ ਅਤੇ ਤਨਦੇਹੀ ਨਾਲ ਪਾਰਟੀ ਦੀ ਸੇਵਾ ਕਰਨਗੇ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਹਾਜ਼ਰ ਰਹਿਣਗੇ। ਇਸ ਮੌਕੇ ਸ਼ਿਵ ਕੁਮਾਰ ਘੱਗਾ,ਯਤਿਨ ਵਰਮਾ ਕੌਂਸਲਰ, ਸੁਮਿਤ ਸੈਂਟੀ, ਦਰਸ਼ਨ ਮਿੱਤਲ ਕੌਂਸਲਰ, ਸੈਲ ਸੰਦੜ, ਰਜਿੰਦਰ ਬੱਲੀ, ਵਿਸ਼ਾਲ ਵਰਮਾ, ਜੱਸ ਬੱਬੂ ਕੌਂਸਲਰ, ਜੀਵਨ ਗਰਗ, ਅਸ਼ਵਨੀ ਦਿਆਲਗੜੀਆ, ਕੁਲਦੀਪ ਦੀਪਾ, ਅਭਿਸ਼ੇਕ ਮਿੱਤਲ, ਪਵਨ ਖੁਰਾਨਾ, ਮਦਨ, ਹਰੀਚੰਦ ਵਰਮਾ, ਭਗਵਾਨ ਦਾਸ, ਗਗਨ ਸਿੰਗਲਾ, ਹਨੀ ਕਾਂਸਲ, ਦੀਪਕ ਅਨੇਜਾ ਅਤੇ ਨੋਨੂ ਸ਼ਰਮਾ ਆਦਿ ਵੀ ਮੌਜੂਦ ਰਹੇ।

## ਸ੍ਰੀ ਨੈਣਾਂ ਦੇਵੀ ਪੈਦਲ ਯਾਤਰਾ ਦਲ ਸਮਾਣਾ ਵੱਲੋਂ ਮਾਤਾ ਨੈਣਾਂ ਦੇਵੀ ਦੇ ਦਰਸ਼ਨਾਂ ਲਈ ਪੈਦਲ ਯਾਤਰਾ ਰਵਾਨਾ

☛ਵਿਧਾਇਕ ਜੌੜਾਮਾਜਰਾ, ਗੁਰਸ਼ਰਨ ਕੌਰ ਰੰਧਾਵਾ, ਰਵਿੰਦਰ ਕੌਰ, ਰਮੇਸ਼ ਗਰਗ ਤੇ ਸੰਦੀਪ ਸਿੰਗਲਾ ਨੇ ਭਰੀ ਹਾਜ਼ਰੀ

ਸਮਾਣਾ, 21 ਜੁਲਾਈ (ਜਵੰਦਾ) : ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਵੱਲੋਂ ਸੰਸਥਾ ਦੇ ਪ੍ਰਧਾਨ ਵਿਜੇ ਮਿੱਤਲ ਬੰਟੀ ਦੀ ਅਗਵਾਈ 'ਚ 200 ਵਿਅਕਤੀਆਂ ਦਾ ਦਲ ਸ੍ਰੀ ਨੈਣਾ ਦੇਵੀ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਇਹ ਯਾਤਰਾ ਸਰਾਂ ਪੱਤੀ ਚੌਕ ਤੋਂ ਮਾਤਾ ਰਾਣੀ ਦੇ ਸਰੂਪ ਨੂੰ ਹਿੰਡੋਲੇ ਵਿਚ ਸਜਾ ਕੇ ਜੋਤ ਜਗਾ ਕੇ ਸ਼ੁਰੂ ਕੀਤੀ ਇਹ ਚਾਰ ਦਿਨਾਂ ਵਿਚ ਪਹੁੰਚਣ ਵਾਲੀ ਇਹ ਦਲ ਦੀ 37ਵੀਂ ਯਾਤਰਾ ਹੈ। ਬੀਤੀ ਰਾਤ ਮਾਤਾ ਨੈਣਾਂ ਆਰੀਆ ਧਰਮਸ਼ਾਲਾ ਵਿਚ ਮਹਾਂਮਾਈ ਦੀ ਮਹਿਮਾ ਦਾ ਵਿਸ਼ਾਲ ਗੁਣ ਗਾਇਨ ਸਮਾਗਮ ਕੀਤਾ ਗਿਆ ਜਿਸ ਵਿਚ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੇ ਪ੍ਰਧਾਨ ਬੀਬਾ ਗੁਰਸ਼ਰਨ ਕੌਰ ਰੰਧਾਵਾ, ਸਾਬਕਾ ਵਿਧਾਇਕ ਰਜਿੰਦਰ ਸਿੰਘ ਦੀ ਧਰਮਪਤਨੀ ਬੀਬੀ ਰਵਿੰਦਰ ਕੌਰ, ਕਾਂਗਰਸੀ ਆਗੂ ਸੰਦੀਪ ਸਿੰਗਲਾ, ਰਛਪਾਲ ਸਿੰਘ ਜੌੜਾਮਾਜਰਾ,



ਉਦਯੋਗਪਤੀ ਰਮੇਸ਼ ਗਰਗ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਠੇਕੇਦਾਰ ਪ੍ਰਮੋਦ ਸਿੰਗਲਾ, ਪ੍ਰਧਾਨ ਜੀਵਨ ਗਰਗ, ਟੋਨੀ ਆਲਮਪੁਰ, ਡਾ. ਧਰਮਪਾਲ ਗਰਗ, ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਕਿੱਟੀ ਗਰਗ, ਸਚਿਨ ਕੰਬੋਜ, ਗੋਪਾਲ ਕ੍ਰਿਸ਼ਨ ਗਰਗ ਅਤੇ ਸਨੈਣਾ ਮਾਤਾ ਨੈਣਾ ਆਰੀਆ ਧਰਮਸ਼ਾਲਾ ਸਮਾਣਾ ਵਿਖੇ ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਦੇ ਪ੍ਰਧਾਨ ਵਿਜੇ ਮਿੱਤਲ ਬੰਟੀ ਸਣੇ ਦਲ ਦੇ ਅਹੁਦੇਦਾਰ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦਾ ਸਨਮਾਨ ਕਰਦੇ ਹੋਏ। ਮਿੱਤਲ ਸਮੇਤ ਸ਼ਹਿਰ ਦੀਆਂ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ। ਮਹਿਮਾਨਾਂ ਦਾ ਪ੍ਰਧਾਨ ਵਿਜੇ ਮਿੱਤਲ ਬੰਟੀ, ਪ੍ਰੈੱਸ ਸਕੱਤਰ ਵਿਜੇ ਗਰਗ, ਨਿਸ਼ਾਂਤ ਸਿੰਗਲਾ, ਸੰਜੀਵ ਸੰਜੂ, ਰਜਿੰਦਰ ਕੁਮਾਰ, ਟੀਨੂ ਜੈਨ, ਹੇਮੰਤ ਮੰਨ, ਗੁਰਪ੍ਰੀਤ ਵਿੱਕੀ ਅਤੇ ਗਗਨਦੀਪ ਸਿੰਘ ਨਾਗੀ ਨੇ ਸਨਮਾਨ ਕੀਤਾ। ਇਸ ਮੌਕੇ ਜਰਨਲਿਸਟ ਪ੍ਰੈਸ ਕੱਲਬ ਦੇ ਪ੍ਰਧਾਨ ਪ੍ਰੀਤਮ ਸਿੰਘ ਨਾਗੀ, ਜਰਨਲ ਸਕੱਤਰ ਇਕਬਾਲ ਸਿੰਘ, ਹਰਜਿੰਦਰ ਸਿੰਘ ਜਵੰਧਾ,ਦੀਵਾਨ ਥਰੇਜਾ, ਰਜਿੰਦਰ ਸਿੰਘ ਫਤਿਹਪੁਰ, ਹਰਵਿੰਦਰ ਸਿੰਘ ਟੋਨੀ ਨਾਗੀ, ਸਮੇਤ ਇਕ ਦਰਜਨ ਪੱਤਰਕਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਿਧਾਇਕ ਜੌੜਾਮਾਜਰਾ ਨੇ ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਵੀ-ਦੇਵਤੇ ਪੂਜਣਯੋਗ ਹਨ ਜਿਨ੍ਹਾਂ ਨੇ ਮਨੁੱਖਤਾ ਨੂੰ ਸਾਰਥਿਕ ਜ਼ਿੰਦਗੀ ਦਾ ਰਾਹ ਵਿਖਾਇਆ ਹੈ।

## ਮਨੁੱਖੀ ਅਧਿਕਾਰ ਸੁਰੱਖਿਆ ਦਲ ਦਾ 19ਵਾਂ ਸਥਾਪਨਾ ਦਿਵਸ ਅਤੇ ਹਰਮੋਹਨ ਸਿੰਘ ਸਕਰਾਲੀ ਦੀ ਯਾਦ ਨੂੰ ਸਮਰਪਿਤ ਸਮਾਰੋਹ ਕਰਵਾਇਆ

ਭਾਦਸੋਂ, 21 ਜੁਲਾਈ (ਭਰਪੂਰ ਸਿੰਘ ਮੱਟਰਾਂ) : ਮਨੁੱਖੀ ਅਧਿਕਾਰ ਸੁਰੱਖਿਆ ਦਲ ਪੰਜਾਬ ਵੱਲੋਂ ਆਪਣਾ 19ਵਾਂ ਸਥਾਪਨਾ ਦਿਵਸ ਅਤੇ ਸੰਸਥਾ ਦੇ ਸੰਸਥਾਪਕ ਸਵ: ਹਰਮੋਹਨ ਸਿੰਘ ਸਕਰਾਲੀ ਐਡਵੋਕੇਟ ਦੀ ਨਿੱਘੀ ਯਾਦ ਨੂੰ ਸਮਰਪਿਤ ਸਮਾਰੋਹ ਦਾ ਆਯੋਜਨ ਭਾਸ਼ਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਪ ਸਿੰਘ ਸਕਰਾਲੀ ਦੀ ਅਗਵਾਈ ਵਿੱਚ ਕਰਵਾਇਆ ਗਿਆ। ਜਿਸ ਵਿੱਚ ਪ੍ਰਸਿੱਧ ਬੁੱਧੀਜੀਵੀ ਪ੍ਰੋ. ਹਰਨੇਕ ਸਿੰਘ ਵੱਲੋਂ ਮੁੱਖ ਮਹਿਮਾਨ ਵਜੋਂ ਅਤੇ ਇੰਦਰਜੀਤ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ ਵਿਸ਼ੇਸ਼ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਪ੍ਰੋ. ਹਰਨੇਕ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਵਰਗੀ ਹਰਮੋਹਨ ਸਿੰਘ ਸਕਰਾਲੀ ਐਡਵੋਕੇਟ ਨੇ ਕਾਲਜ ਦੀ ਪੜ੍ਹਾਈ ਦੌਰਾਨ ਹੀ ਅਨੇਕਾਂ



ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਹਲ ਕਰਵਾਉਣ ਵਿੱਚ ਮੋਹਰੀ ਭੂਮਿਕਾ ਅਦਾ ਕੀਤੀ ਅਤੇ ਉਹਨਾਂ ਦੇ ਅਧਿਕਾਰਾਂ ਸਬੰਧੀ ਆਵਾਜ ਬੁਲੰਦ ਕੀਤੀ। ਆਪਣੇ ਵਕਾਲਤ ਪੇਸ਼ੇ ਦੌਰਾਨ ਉਨ੍ਹਾਂ ਮਨੁੱਖੀ ਅਧਿਕਾਰ ਸੁਰੱਖਿਆ ਦਲ ਪੰਜਾਬ ਦੇ ਪ੍ਰਧਾਨ ਵਜੋਂ ਪਾਰਦਰਸ਼ੀ ਨਿਰਪੱਖ ਅਗਵਾਈ ਕਰਦਿਆਂ ਲੋਕਾਂ ਨੂੰ ਮੌਲਿਕ ਅਧਿਕਾਰਾਂ ਦੀ ਪ੍ਰਾਪਤੀ ਕਰਵਾਉਣ ਅਤੇ ਨਿਆ ਦੀ ਪ੍ਰਾਪਤੀ ਕਰਵਾਉਣ ਸਬੰਧੀ ਵੀ ਅਣਥਕ ਸੰਘਰਸ਼ ਕੀਤਾ। ਹਰਮੋਹਨ ਸਿੰਘ ਸਕਰਾਲੀ ਵੱਲੋਂ ਸਮਾਜ ਹਿੱਤ ਵਿੱਚ ਕੀਤੇ ਗਏ ਕਾਰਜਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਮੌਜੂਦਾ ਪ੍ਰਧਾਨ ਜਗਦੀਪ ਸਿੰਘ ਸਕਰਾਲੀ ਨੇ ਕਿਹਾ ਕਿ ਸਵਰਗੀ ਹਰਮੋਹਨ ਸਿੰਘ ਸਰਕਾਲੀ ਦੀ ਸੋਚ 'ਤੇ ਪਹਿਰਾ ਦਿੰਦਿਆਂ ਸੰਸਥਾ ਦੇ ਉਦੇਸ਼ਾਂ ਦੀ ਪੂਰਤੀ ਲਈ ਸਮਾਜ ਹਿਤਕਾਰੀ ਕਾਰਜਾਂ ਦੀ ਗੱਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਭ੍ਰਿਸ਼ਟਾਚਾਰ, ਨਸ਼ਾਖੋਰੀ, ਬੇਰੋਜ਼ਗਾਰੀ, ਬੰਧੂਆ ਮਜ਼ਦੂਰੀ, ਮਹਿਲਾਵਾਂ 'ਤੇ ਅਤਿਆਚਾਰ ਵਿਰੁੱਧ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣ ਦਾ ਸੰਸਥਾ ਦੇ ਅਹੁਦੇਦਾਰਾਂ, ਮੈਂਬਰਾਂ ਨੂੰ ਸੰਕਲਪ ਦੁਆਇਆ। ਇਸ ਮੌਕੇ 'ਤੇ ਸੰਸਥਾ ਦੇ ਅਹੁਦੇਦਾਰ ਰਣਜੀਤ ਸਿੰਘ ਚੀਮਾ, ਪ੍ਰਿੰਸੀਪਲ ਚੰਨਣ ਸਿੰਘ, ਮੇਘਾ ਸਿੰਘ ਮਾਨਸਾ, ਬਲਜੀਤ ਕੌਰ ਰੰਧਾਵਾ, ਗੁਰਮੀਤ ਕੌਰ ਨਾਹਰ, ਨਿਰਮਲ ਕੌਰ, ਗਿਆਨ ਕੌਰ, ਰਾਜਿੰਦਰ ਸਿੰਘ ਸੋਹਲ, ਨੇਤਰ ਸਿੰਘ, ਮਨਜੀਤ ਸਿੰਘ, ਕੁਲਵੰਤ ਸਿੰਘ, ਪ੍ਰੋ. ਹਰਬੰਸ ਸਿੰਘ, ਗੁਰਬਾਜ ਸਿੰਘ ਸੱਗੂ, ਨਿਰਮਲ ਕੌਰ, ਅਵਤਾਰਜੀਤ ਸਿੰਘ, ਅਮਰੀਕ ਸਿੰਘ ਨੱਫਰੀ, ਦਵਿੰਦਰਪਾਲ ਸਿੰਘ ਐਡਵੋਕੇਟ, ਹਰਮਨਵੀਰ ਸਿੰਘ, ਹਰਪਾਲ ਮਾਨ, ਹਰਬੰਸ ਸਿੰਘ, ਬਲਜਿੰਦਰ ਕੌਰ, ਜਸਵਿੰਦਰ ਜੱਸੀ, ਹਰਮੇਸ਼ ਸਿੰਘ ਹਿਆਣਾ ਅਤੇ ਝਾਰਖੰਡ ਵਾਸੀ ਗੀਤਾ ਰਾਣੀ ਸਮਾਰੋਹ ਵਿੱਚ ਹਾਜ਼ਰ ਸਨ।